ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 57
ਅੰਕ ਨੰਬਰ (Volume No.) 242
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ

***

DAILY CHARHDIKALA, PATIALA


ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Tuesday, 2 September, 2025) ਮੰਗਲਵਾਰ, 2 ਸਤੰਬਰ, 2025, 18 ਭਾਦੋਂ (ਦਸਮੀ), ਨਾਨਕਸ਼ਾਹੀ ਸੰਮਤ 557, ਬਿਕ੍ਰਮੀ 2082/ PRGI (RNI) Regd. No. 22972/1972/ ਮੁੱਲ: 2 ਰੁਪਏ

## ਹੇਮਕੁੰਟ ਸਾਹਿਬ ਯਾਤਰਾ ’ਤੇ 5 ਤੱਕ ਰੋਕ

ਦੇਹਰਾਦੂਨ, 1 ਸਤੰਬਰ (ਚੜ੍ਹਦੀਕਲਾ ਬਿਊਰੋ) : ਜ਼ਿਲ੍ਹਾ ਮੈਜਿਸਟਰੇਟ ਚਮੋਲੀ ਨੇ ਉਤਰਾਖੰਡ ਦੇ ਮੁੱਖ ਮੌਸਮ ਵਿਗਿਆਨ ਕੇਂਦਰ ਦੇਹਰਾਦੂਨ ਵੱਲੋਂ 1 ਸਤੰਬਰ ਨੂੰ ਸਵੇਰੇ 9 ਵਜੇ ਜਾਰੀ ਕੀਤੀ ਗਈ ਸੂਚਨਾ ਕਿ 1 ਤੋਂ 5 ਸਤੰਬਰ ਤੱਕ ਰਾਜ ਦੇ ਹੋਰ ਜ਼ਿਲ੍ਹਿਆਂ ਦੇ ਨਾਲ-ਨਾਲ ਚਮੋਲੀ ਜ਼ਿਲ੍ਹੇ ਵਿੱਚ ਭਾਰੀ ਤੋਂ ਬਹੁਤ ਭਾਰੀ ਬਾਰਿਸ਼ ਹੋਣ ਦੀ ਸੰਭਾਵਨਾ ਹੈ। ਜ਼ਿਲ੍ਹੇ ਦੇ ਅਧੀਨ ਕਾਮੇਡਾ, ਨੰਦਪ੍ਰਯਾਗ, ਬਾਜਪੁਰ ਅਤੇ ਭਾਨੇਰਪਾਨੀ ਵਿੱਚ ਸੜਕ ਸਮੇਂ-ਸਮੇਂ ’ਤੇ ਬੰਦ ਹੋਣ ਕਾਰਨ ਆਮ ਜਨਤਾ ਦੀ ਸੁਰੱਖਿਆ ਨੂੰ ਧਿਆਨ ’ਚ ਰੱਖਦੇ ਹੋਏ ਸ੍ਰੀ ਬਦਰੀਨਾਥ ਅਤੇ ਸ੍ਰੀ ਹੇਮਕੁੰਟ ਸਾਹਿਬ ਦੀ ਯਾਤਰਾ ’ਤੇ 1 ਸਤੰਬਰ ਤੋਂ 5 ਸਤੰਬਰ ਤੱਕ ਤੁਰੰਤ ਪ੍ਰਭਾਵ ਨਾਲ ਰੋਕ ਲਗਾਈ ਗਈ ਹੈ।

## ਸ਼ੰਘਾਈ ਸਹਿਯੋਗ ਸੰਗਠਨ ਵੱਲੋਂ ਪਹਿਲਗਾਮ ਹਮਲੇ ਤੇ ਅੱਤਵਾਦ ਖ਼ਿਲਾਫ਼ ਲੜਾਈ ’ਚ ਦੋਹਰੇ ਮਾਪਦੰਡਾਂ ਦੀ ਨਿਖੇਧੀ



ਚੜ੍ਹਦੀਕਲਾ ਬਿਊਰੋ
================

ਤਿਆਨਜਿਨ, 1 ਸਤੰਬਰ: ਸ਼ੰਘਾਈ ਸਹਿਯੋਗ ਸੰਗਠਨ (ਐਸ.ਸੀ.ਓ.) ਨੇ ਸੋਮਵਾਰ ਨੂੰ ਪਹਿਲਗਾਮ ਦਹਿਸ਼ਤੀ ਹਮਲੇ ਦੀ ਸਖ਼ਤ ਨਿੰਦਾ ਕੀਤੀ ਅਤੇ ਭਾਰਤ ਦੇ ਇਸ ਸਟੈਂਡ ਨਾਲ ਸਹਿਮਤੀ ਪ੍ਰਗਟਾਈ ਕਿ ਅੱਤਵਾਦ ਵਿਰੁੱਧ ਲੜਾਈ ਵਿੱਚ ‘ਦੋਹਰੇ ਮਾਪਦੰਡ’ ਸਵੀਕਾਰਯੋਗ ਨਹੀਂ ਹਨ। ਇਸ ਪ੍ਰਭਾਵਸ਼ਾਲੀ ਸਮੂਹ ਨੇ ਸਾਂਝੇ ਐਲਾਨਨਾਮੇ ਵਿੱਚ ਅਤਿਵਾਦ ਨਾਲ ਲੜਨ ਲਈ ਆਪਣੇ ਮਜ਼ਬੂਤ ਇਰਾਦੇ ਨੂੰ ਸੂਚੀਬੱਧ ਕੀਤਾ। ਇਹ ਸਾਂਝਾ ਐਲਾਨਨਾਮਾ ਚੀਨੀ ਬੰਦਰਗਾਹੀ ਸ਼ਹਿਰ ਵਿੱਚ ਦੋ-ਰੋਜ਼ਾ ਐੱਸਸੀਓ ਸਿਖਰ ਸੰਮੇਲਨ ਦੇ ਅੰਤ ਵਿੱਚ ਜਾਰੀ ਕੀਤਾ ਗਿਆ। ਸੰਮੇਲਨ ਵਿਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਚੀਨੀ ਰਾਸ਼ਟਰਪਤੀ ਸ਼ੀ ਜਿਨਪਿੰਗ, ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਅਤੇ ਕਈ ਹੋਰ ਆਲਮੀ ਆਗੂ ਸ਼ਾਮਲ ਹੋਏ ਸਨ।

ਐੱਸਸੀਓ ਮੈਂਬਰ ਮੁਲਕਾਂ ਨੇ ਗਾਜ਼ਾ ਵਿੱਚ ਇਜ਼ਰਾਈਲ ਵੱਲੋਂ ਕੀਤੇ ਗਏ ਫੌਜੀ ਹਮਲਿਆਂ ਦੀ ਵੀ ਨਿੰਦਾ ਕੀਤੀ ਕਿਉਂਕਿ ਇਸ ਨਾਲ ਨਾਗਰਿਕ ਆਬਾਦੀ ਵਾਲੇ ਇਲਾਕਿਆਂ ਵਿੱਚ ਜਾਨੀ ਨੁਕਸਾਨ ਹੋਇਆ ਹੈ ਅਤੇ ਖਿੱਤੇ ਵਿੱਚ ਵਿਨਾਸ਼ਕਾਰੀ ਮਾਨਵਤਾਵਾਦੀ ਸਥਿਤੀ ਪੈਦਾ ਹੋਈ ਹੈ।

ਐਲਾਨਨਾਮੇ ਵਿੱਚ ਖੇਤਰੀ ਸੁਰੱਖਿਆ ਨੂੰ ਵਧਾਉਣ ਦੇ ਤਰੀਕਿਆਂ ਦਾ ਜ਼ਿਕਰ ਕੀਤਾ ਗਿਆ ਹੈ ਅਤੇ ਅੱਤਵਾਦ ਨਾਲ ਲੜਨ ਨੂੰ ਇੱਕ ਵੱਡੀ ਚੁਣੌਤੀ ਵਜੋਂ ਪਛਾਣਿਆ ਗਿਆ ਹੈ। ਇਸ ਵਿਚ ਕਿਹਾ ਗਿਆ, “ਮੈਂਬਰ ਦੇਸ਼ਾਂ ਨੇ 22 ਅਪਰੈਲ ਨੂੰ ਪਹਿਲਗਾਮ ਵਿੱਚ ਹੋਏ ਅਤਿਵਾਦੀ ਹਮਲੇ ਦੀ ਸਖ਼ਤ ਨਿੰਦਾ ਕੀਤੀ।”

ਐਸਸੀਓ ਮੈਂਬਰ ਮੁਲਕਾਂ ਨੇ ਪਾਕਿਸਤਾਨ ਦੇ ਬਲੋਚਿਸਤਾਨ ਸੂਬੇ ਵਿੱਚ ਖੁਜ਼ਦਾਰ ਅਤੇ ਜਾਫਰ ਐਕਸਪ੍ਰੈਸ ’ਤੇ ਹੋਏ ਦਹਿਸ਼ਤੀ ਹਮਲਿਆਂ ਦੀ ਵੀ ਨਿੰਦਾ ਕੀਤੀ।

ਐਲਾਨਨਾਮੇ ਮੁਤਾਬਕ ਉਨ੍ਹਾਂ ਅੱਗੇ ਕਿਹਾ ਕਿ ਅਜਿਹੇ ਹਮਲਿਆਂ ਦੇ ਦੋਸ਼ੀਆਂ, ਪ੍ਰਬੰਧਕਾਂ ਅਤੇ ਸਰਪ੍ਰਸਤਾਂ ਨੂੰ ਨਿਆਂ ਦੇ ਕਟਹਿਰੇ ਵਿੱਚ ਲਿਆਂਦਾ ਜਾਣਾ ਚਾਹੀਦਾ ਹੈ। ਇਸ ਵਿੱਚ ਕਿਹਾ ਗਿਆ ਹੈ ਕਿ (ਬਾਕੀ ਸਫਾ 2 ’ਤੇ)

### ਮੋਦੀ ਨੇ ਪੁਤਿਨ ਨਾਲ ਮੁਲਾਕਾਤ ਕਰਕੇ ਯੂਕ੍ਰੇਨ ਸੰਘਰਸ਼ ਜਲਦ ਖ਼ਤਮ ਕਰਨ ਦੀ ਕੀਤੀ ਅਪੀਲ

ਤਿਆਨਜਿਨ (ਚੀਨ), 1 ਸਤੰਬਰ (ਚੜ੍ਹਦੀਕਲਾ ਬਿਊਰੋ) : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੋਮਵਾਰ ਨੂੰ ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨਾਲ ਗੱਲਬਾਤ ਦੌਰਾਨ ਕਿਹਾ ਕਿ ਯੂਕਰੇਨ ਸੰਘਰਸ਼ ਨੂੰ ਜਿੰਨੀ ਜਲਦੀ ਹੋ ਸਕੇ ਖ਼ਤਮ ਕਰਨਾ ਮਨੁੱਖਤਾ ਦਾ ਸੱਦਾ ਹੈ।

ਮੋਦੀ ਅਤੇ ਪੁਤਿਨ ਨੇ ਚੀਨ ਦੇ ਬੰਦਰਗਾਹ ਸ਼ਹਿਰ ਵਿੱਚ ਸ਼ੰਘਾਈ ਸਹਿਯੋਗ ਸੰਗਠਨ (ਐਸ.ਸੀ.ਓ.) ਦੇ ਸਾਲਾਨਾ ਸੰਮੇਲਨ ਦੇ ਨਾਲ-ਨਾਲ ਗੱਲਬਾਤ ਕੀਤੀ। ਟੀਵੀ ’ਤੇ ਪ੍ਰਸਾਰਿਤ ਸ਼ੁਰੂਆਤੀ ਟਿੱਪਣੀਆਂ ਵਿੱਚ ਮੋਦੀ ਨੇ ਕਿਹਾ, “ਅਸੀਂ ਯੂਕਰੇਨ ਵਿੱਚ ਸ਼ਾਂਤੀ ਲਿਆਉਣ ਲਈ ਸਾਰੇ ਹਾਲੀਆ ਯਤਨਾਂ ਦਾ ਸਵਾਗਤ ਕਰਦੇ ਹਾਂ ਅਤੇ ਉਮੀਦ ਕਰਦੇ ਹਾਂ ਕਿ ਸਾਰੀਆਂ ਸਬੰਧਤ ਧਿਰਾਂ (ਬਾਕੀ ਸਫਾ 2 ’ਤੇ)

### ਕੇਂਦਰੀ ਗ੍ਰਹਿ ਮੰਤਰੀ ਨੇ ਪੰਜਾਬ ਦੇ ਰਾਜਪਾਲ ਤੇ ਮੁੱਖ ਮੰਤਰੀ ਨਾਲ ਫੋਨ ’ਤੇ ਗੱਲਬਾਤ ਕਰਕੇ ਹੜ੍ਹਾਂ ਦੀ ਸਥਿਤੀ ਦਾ ਲਿਆ ਜਾਇਜ਼ਾ

# ਸ਼ਾਹ ਵੱਲੋਂ ਹਰ ਸੰਭਵ ਮਦਦ ਦਾ ਭਰੋਸਾ

**ਪੰਜਾਬ ’ਚ ਹੜ੍ਹਾਂ ਕਾਰਨ 12 ਜ਼ਿਲ੍ਹੇ ਪ੍ਰਭਾਵਿਤ; ਹੁਣ ਤੱਕ 29 ਮੌਤਾਂ ਅਤੇ 15,688 ਸੁਰੱਖਿਅਤ ਕੱਢੇ**

ਚੜ੍ਹਦੀਕਲਾ ਬਿਊਰੋ
================

ਨਵੀਂ ਦਿੱਲੀ, 1 ਸਤੰਬਰ: ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਸੋਮਵਾਰ ਨੂੰ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਗੱਲਬਾਤ ਕੀਤੀ ਅਤੇ ਸੂਬੇ ਵਿੱਚ ਹੜ੍ਹਾਂ ਦੀ ਸਥਿਤੀ ਦਾ ਜਾਇਜ਼ਾ ਲਿਆ। ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ। ਟੈਲੀਫੋਨ ’ਤੇ ਹੋਈ ਗੱਲਬਾਤ ਦੌਰਾਨ ਰਾਜਪਾਲ ਅਤੇ ਮੁੱਖ ਮੰਤਰੀ ਨੇ ਗ੍ਰਹਿ ਮੰਤਰੀ ਨੂੰ ਮੌਜੂਦਾ ਸਥਿਤੀ ਅਤੇ ਪ੍ਰਭਾਵਿਤ ਲੋਕਾਂ ਦੇ ਬਚਾਅ ਅਤੇ ਰਾਹਤ ਲਈ ਪ੍ਰਸ਼ਾਸਨ ਵੱਲੋਂ ਚੁੱਕੇ ਗਏ ਕਦਮਾਂ ਬਾਰੇ ਜਾਣਕਾਰੀ ਦਿੱਤੀ।



ਅਧਿਕਾਰੀਆਂ ਨੇ ਕਿਹਾ ਕਿ ਸ਼ਾਹ ਨੇ ਦੋਵਾਂ ਨੂੰ ਹੜ੍ਹਾਂ ਨਾਲ ਨਜਿੱਠਣ ਲਈ ਹਰ ਸੰਭਵ ਮਦਦ ਦਾ ਭਰੋਸਾ ਦਿੱਤਾ। ਲਗਾਤਾਰ ਮੀਂਹ ਕਾਰਨ ਪੰਜਾਬ ਦੇ ਕਈ ਜ਼ਿਲ੍ਹੇ ਹੜ੍ਹਾਂ ਦੀ ਲਪੇਟ ਵਿੱਚ ਹਨ। ਰਾਜ ਸਰਕਾਰ ਨੇ ਐਤਵਾਰ ਨੂੰ ਸਕੂਲਾਂ ਵਿਚ ਛੁੱਟੀਆਂ 3 ਸਤੰਬਰ ਤੱਕ ਵਧਾ ਦਿੱਤੀਆਂ ਸਨ। ਅਧਿਕਾਰੀਆਂ ਅਨੁਸਾਰ ਪੰਜਾਬ ਵਿੱਚ ਅਗਸਤ ਵਿੱਚ 253.7 ਮਿਲੀਮੀਟਰ ਮੀਂਹ ਪਿਆ, ਜੋ ਕਿ ਆਮ ਨਾਲੋਂ 74 ਪ੍ਰਤੀਸ਼ਤ ਵੱਧ ਹੈ ਅਤੇ 25 ਸਾਲਾਂ ਵਿੱਚ ਸੂਬੇ ਵਿੱਚ ਸਭ ਤੋਂ ਵੱਧ ਹੈ। (ਬਾਕੀ ਸਫਾ 2 ’ਤੇ)

### ਪੰਜਾਬ ਦੇ ਉਚੇਰੀ ਸਿੱਖਿਆ ਸੰਸਥਾਨ 3 ਸਤੰਬਰ ਤੱਕ ਬੰਦ ਰਹਿਣਗੇ

ਚੰਡੀਗੜ੍ਹ, 1 ਸਤੰਬਰ (ਚੜ੍ਹਦੀਕਲਾ ਬਿਊਰੋ) : ਪੰਜਾਬ ਦੇ ਉਚੇਰੀ ਅਤੇ ਤਕਨੀਕੀ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਭਾਰੀ ਮੀਂਹ ਅਤੇ ਹੜ੍ਹਾਂ ਦੀ ਸਥਿਤੀ ਨੂੰ ਦੇਖਦਿਆਂ ਸੂਬੇ ਦੇ ਸਾਰੇ ਉਚੇਰੀ ਸਿੱਖਿਆ ਸੰਸਥਾਨ, ਜਿਨ੍ਹਾਂ ਵਿੱਚ ਕਾਲਜ, ਯੂਨੀਵਰਸਿਟੀਆਂ ਅਤੇ ਪੌਲੀਟੈਕਨਿਕ ਇੰਸਟੀਚਿਊਟ ਸ਼ਾਮਲ ਹਨ, 3 ਸਤੰਬਰ, 2025 ਤੱਕ ਬੰਦ ਰਹਿਣਗੇ।

ਸ. ਬੈਂਸ ਨੇ ਕਿਹਾ ਕਿ ਇਹ ਫੈਸਲਾ ਵਿਦਿਆਰਥੀਆਂ ਅਤੇ ਸਟਾਫ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਹੋਸਟਲਾਂ ਵਿੱਚ ਰਹਿਣ ਵਾਲੇ ਵਿਦਿਆਰਥੀਆਂ ਦੀ ਦੇਖਭਾਲ ਅਤੇ ਸੁਰੱਖਿਆ ਦੀ ਜ਼ਿੰਮੇਵਾਰੀ ਸਬੰਧਤ ਵਿਦਿਅਕ ਸੰਸਥਾ ਦੀ ਹੈ। ਉਹ ਇਸ ਚੁਣੌਤੀਪੂਰਨ (ਬਾਕੀ ਸਫਾ 2 ’ਤੇ)

## ‘ਵੋਟ ਚੋਰੀ’ ਦੇ ‘ਐਟਮ ਬੰਬ’ ਮਗਰੋਂ ਆਉਣ ਵਾਲਾ ਹੈ ‘ਹਾਈਡ੍ਰੋਜਨ ਬੰਬ’: ਰਾਹੁਲ

ਚੜ੍ਹਦੀਕਲਾ ਬਿਊਰੋ
================



ਨਵੀਂ ਦਿੱਲੀ, 1 ਸਤੰਬਰ: ਕਾਂਗਰਸ ਦੇ ਸਾਬਕਾ ਪ੍ਰਧਾਨ ਰਾਹੁਲ ਗਾਂਧੀ ਨੇ ਕਥਿਤ ‘ਵੋਟ ਚੋਰੀ’ ਨਾਲ ਜੁੜੇ ਆਪਣੇ ਖੁਲਾਸਿਆਂ ਦਾ ਹਵਾਲਾ ਦਿੰਦਿਆਂ ਸੋਮਵਾਰ ਨੂੰ ਕਿਹਾ ਕਿ ‘ਐਟਮ ਬੰਬ’ ਤੋਂ ਬਾਅਦ ਹੁਣ ‘ਹਾਈਡ੍ਰੋਜਨ ਬੰਬ’ ਆਉਣ ਵਾਲਾ ਹੈ। ਉਨ੍ਹਾਂ ‘ਵੋਟਰ ਅਧਿਕਾਰ ਯਾਤਰਾ’ ਦੀ ਸਮਾਪਤੀ ਮੌਕੇ ਇਹ ਦਾਅਵਾ ਵੀ ਕੀਤਾ ਕਿ ਵੋਟ ਚੋਰੀ ਦਾ ‘ਹਾਈਡ੍ਰੋਜਨ ਬੰਬ’ ਆਉਣ ਮਗਰੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਲੋਕਾਂ ਨੂੰ ਆਪਣਾ ਚਿਹਰਾ ਨਹੀਂ ਦਿਖਾ ਸਕਣਗੇ।

ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਨੇ ਕਿਹਾ ਕਿ ‘ਵੋਟ ਚੋਰੀ’ ਦਾ ਅਰਥ ਹੈ ਅਧਿਕਾਰਾਂ, ਰਾਖਵੇਂਕਰਨ, ਰੁਜ਼ਗਾਰ, ਸਿੱਖਿਆ ਅਤੇ ਨੌਜਵਾਨਾਂ ਦੇ ਭਵਿੱਖ ਦੀ ਚੋਰੀ। ਰਾਹੁਲ ਗਾਂਧੀ ਨੇ ਦਾਅਵਾ ਕੀਤਾ ਕਿ ਵੋਟ ਚੋਰੀ ਤੋਂ ਬਾਅਦ ਲੋਕਾਂ ਦੇ ਰਾਸ਼ਨ ਕਾਰਡ ਅਤੇ ਜ਼ਮੀਨ ਖੋਹ ਲਈ ਜਾਵੇਗੀ। ਉਨ੍ਹਾਂ ਕਿਹਾ, “ਅਸੀਂ ਉਨ੍ਹਾਂ (ਭਾਜਪਾ) ਨੂੰ ਸੰਵਿਧਾਨ ਖ਼ਤਮ ਨਹੀਂ ਕਰਨ ਦੇਵਾਂਗੇ।” ਕਾਂਗਰਸ ਆਗੂ ਨੇ ਮੁੜ ਦਾਅਵਾ ਕੀਤਾ ਕਿ ਪਿਛਲੇ ਸਾਲ ਮਹਾਰਾਸ਼ਟਰ ਵਿਧਾਨ ਸਭਾ ਚੋਣਾਂ ਚੋਰੀ ਕੀਤੀਆਂ ਗਈਆਂ ਸਨ। ਉਨ੍ਹਾਂ ਕਿਹਾ, “ਭਾਜਪਾ ਦੇ ਲੋਕੋ, ਤਿਆਰ ਹੋ ਜਾਓ, ਹਾਈਡ੍ਰੋਜਨ ਬੰਬ ਆ ਰਿਹਾ ਹੈ। (ਬਾਕੀ ਸਫਾ 2 ’ਤੇ)

### ਕੇਂਦਰੀ ਖੇਤੀਬਾੜੀ ਮੰਤਰੀ ਪੰਜਾਬ ਦਾ ਕਰਨਗੇ ਦੌਰਾ

## ਦੁੱਖ ਦੀ ਘੜੀ ਵਿੱਚ ਕੇਂਦਰ ਸਰਕਾਰ ਕਿਸਾਨਾਂ ਨਾਲ ਹੈ: ਸ਼ਿਵਰਾਜ ਸਿੰਘ ਚੌਹਾਨ

ਚੜ੍ਹਦੀਕਲਾ ਬਿਊਰੋ
================

ਨਵੀਂ ਦਿੱਲੀ, 1 ਸਤੰਬਰ: ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਅਤੇ ਪੇਂਡੂ ਵਿਕਾਸ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਸੋਮਵਾਰ ਨੂੰ ਦਿੱਲੀ ਵਿੱਚ ਇੱਕ ਉੱਚ ਪੱਧਰੀ ਮੀਟਿੰਗ ਬੁਲਾਈ। ਮੀਟਿੰਗ ਵਿੱਚ ਉਨ੍ਹਾਂ ਨੇ ਦੇਸ਼ ਭਰ ਵਿੱਚ ਹੋ ਰਹੀ ਬਾਰਿਸ਼ ਅਤੇ ਇਸ ਦੇ ਪ੍ਰਭਾਵ ਦਾ ਜਾਇਜ਼ਾ ਲਿਆ।

ਸ਼ਿਵਰਾਜ ਸਿੰਘ ਚੌਹਾਨ ਨੇ ਵਿਸ਼ੇਸ਼ ਤੌਰ ’ਤੇ ਪੰਜਾਬ ਦੀ ਸਥਿਤੀ ’ਤੇ ਚਰਚਾ ਕਰਦੇ ਹੋਏ ਕਿਹਾ ਕਿ ਰਾਜ ਦੇ ਕੁਝ ਹਿੱਸਿਆਂ ਵਿੱਚ ਹੜ੍ਹਾਂ ਕਾਰਨ ਫਸਲਾਂ ਨੂੰ ਨੁਕਸਾਨ ਪਹੁੰਚਿਆ ਹੈ। ਉਨ੍ਹਾਂ ਨੇ ਸੀਨੀਅਰ ਅਧਿਕਾਰੀਆਂ ਤੋਂ ਵਿਸਥਾਰਪੂਰਵਕ ਜਾਣਕਾਰੀ ਲਈ ਅਤੇ ਕਿਸਾਨਾਂ ਦੀ ਹਾਲਤ ’ਤੇ ਚਿੰਤਾ ਪ੍ਰਗਟ ਕੀਤੀ।



ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ - ‘ਪੰਜਾਬ ਦੇ ਸਾਡੇ ਕਿਸਾਨ ਭਰਾਵਾਂ ਅਤੇ ਭੈਣਾਂ ਨੂੰ ਬਿਲਕੁਲ ਵੀ ਚਿੰਤਾ ਨਹੀਂ ਕਰਨੀ ਚਾਹੀਦੀ। ਕੇਂਦਰ ਸਰਕਾਰ ਪੂਰੀ ਤਰ੍ਹਾਂ ਪ੍ਰਭਾਵਿਤ ਕਿਸਾਨਾਂ ਦੇ ਨਾਲ ਖੜ੍ਹੀ ਹੈ।’

ਸ਼ਿਵਰਾਜ ਸਿੰਘ ਚੌਹਾਨ ਨੇ ਇਹ ਵੀ ਐਲਾਨ ਕੀਤਾ ਕਿ ਉਹ ਜਲਦੀ ਹੀ ਪੰਜਾਬ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰਨਗੇ ਅਤੇ ਕਿਸਾਨਾਂ ਨੂੰ ਮੌਕੇ ’ਤੇ ਮਿਲ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਜਾਣਨਗੇ। ਕੇਂਦਰੀ ਖੇਤੀਬਾੜੀ ਮੰਤਰੀ ਨੇ ਅਧਿਕਾਰੀਆਂ ਨੂੰ ਪ੍ਰਭਾਵਿਤ ਇਲਾਕਿਆਂ ਵਿੱਚ ਰਾਹਤ ਅਤੇ ਸਹਾਇਤਾ ਦੇ ਕੰਮ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ ਤਾਂ ਜੋ ਕਿਸਾਨਾਂ ਨੂੰ ਤੁਰੰਤ ਸਹਾਇਤਾ ਮਿਲ ਸਕੇ।

### ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ’ਚ 24 ਘਟਿਆਂ ਦੌਰਾਨ ਭਾਰੀ ਮੀਂਹ ਦੀ ਚੇਤਾਵਨੀ

ਚੰਡੀਗੜ੍ਹ, 1 ਸਤੰਬਰ (ਚੜ੍ਹਦੀਕਲਾ ਬਿਊਰੋ) : ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਪਿਛਲੇ 24 ਘੰਟਿਆਂ ਤੋਂ ਰੁਕ-ਰੁਕ ਕੇ ਮੀਂਹ ਪੈਣਾ ਜਾਰੀ ਹੈ, ਜਿਸ ਨੇ ਪੰਜਾਬ ਵਿੱਚ ਹੜ੍ਹਾਂ ਦੇ ਹਾਲਾਤ ਨੂੰ ਹੋਰ ਗੰਭੀਰ ਬਣਾ ਦਿੱਤਾ ਹੈ। ਇਸ ਦੇ ਨਾਲ ਹੀ ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਅਗਲੇ 24 ਘੰਟੇ ਭਾਰੀ ਮੀਂਹ ਪੈਣ ਦੀ ਚੇਤਾਵਨੀ ਜਾਰੀ ਕੀਤੀ ਹੈ।

ਮੌਸਮ ਵਿਭਾਗ ਨੇ ਹੁਸ਼ਿਆਰਪੁਰ, ਨਵਾਂ ਸ਼ਹਿਰ, ਗੜ੍ਹਸ਼ੰਕਰ, ਰੋਪੜ ਅਤੇ ਪਟਿਆਲਾ ਸਣੇ ਆਲੇ-ਦੁਆਲੇ ਦੇ ਇਲਾਕੇ ਵਿੱਚ ਭਾਰੀ ਮੀਂਹ ਪੈਣ ਲਈ ‘ਰੈੱਡ ਅਲਰਟ’ ਵੀ ਜਾਰੀ ਕਰ ਦਿੱਤਾ ਹੈ। ਇਸ ਤੋਂ ਇਲਾਵਾ ਮੌਸਮ ਵਿਭਾਗ ਨੇ ਕੁਝ ਜ਼ਿਲ੍ਹਿਆਂ ਵਿੱਚ ਮੱਧਮ ਮੀਂਹ ਪੈਣ ਲਈ ‘ਔਰੇਂਜ ਅਲਰਟ’ ਵੀ ਜਾਰੀ ਕੀਤਾ ਹੈ।

### ਮੁੱਖ ਮੰਤਰੀ ਵੱਲੋਂ ਹੁਸ਼ਿਆਰਪੁਰ ਜ਼ਿਲ੍ਹੇ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਜਾਇਜ਼ਾ

## ਹੜ੍ਹਾਂ ਨਾਲ ਹੋਏ ਨੁਕਸਾਨ ਦੇ ਇੱਕ-ਇੱਕ ਪੈਸੇ ਦੀ ਭਰਪਾਈ ਕਰੇਗੀ ਪੰਜਾਬ ਸਰਕਾਰ: ਮਾਨ



ਚੜ੍ਹਦੀਕਲਾ ਬਿਊਰੋ
================

ਟਾਂਡਾ (ਹੁਸ਼ਿਆਰਪੁਰ), 1 ਸਤੰਬਰ: ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਪੰਜਾਬ ਹੁਣ ਤੱਕ ਦੇ ਸਭ ਤੋਂ ਭਿਆਨਕ ਹੜ੍ਹਾਂ ਦਾ ਸਾਹਮਣਾ ਕਰ ਰਿਹਾ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਲੋਕਾਂ ਨੂੰ ਭਰੋਸਾ ਦਿੱਤਾ ਕਿ ਸੰਕਟ ਦੀ ਇਸ ਘੜੀ ਵਿੱਚ ਸੂਬਾ ਸਰਕਾਰ ਉਨ੍ਹਾਂ ਦੇ ਨਾਲ ਡਟ ਕੇ ਖੜ੍ਹੀ ਹੈ ਅਤੇ ਇਸ ਸੰਕਟ ਵਿੱਚੋਂ ਕੱਢਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਮੁੱਖ ਮੰਤਰੀ ਨੇ ਅੱਜ ਹੁਸ਼ਿਆਰਪੁਰ ਜ਼ਿਲ੍ਹੇ ਵਿੱਚ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਮਿਆਣੀ ਦੇ ਰਾਹਤ ਕੈਂਪ ਵਿਖੇ ਰਹਿ ਰਹੇ ਹੜ੍ਹ ਪੀੜਤ ਪਰਿਵਾਰਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਦੁੱਖ-ਤਕਲੀਫਾਂ ਸੁਣੀਆਂ। ਇਸ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਕੁਦਰਤੀ ਆਫਤ ਨਾਲ ਸੂਬੇ ਦਾ ਵੱਡਾ ਨੁਕਸਾਨ ਹੋਇਆ ਹੈ ਪਰ ਸੂਬਾ ਸਰਕਾਰ ਨੇ ਪ੍ਰਭਾਵਿਤ ਲੋਕਾਂ ਦੇ ਬਚਾਅ ਅਤੇ ਰਾਹਤ ਲਈ ਜੰਗੀ ਪੱਧਰ ਕਾਰਜ ਵਿੱਢਿਆ ਹੋਇਆ ਹੈ। (ਬਾਕੀ ਸਫਾ 2 ’ਤੇ)

## ਉੱਤਰਾਖੰਡ ’ਚ ਢਿੱਗਾਂ ਡਿੱਗਣ ਕਾਰਨ ਦੋ ਸ਼ਰਧਾਲੂਆਂ ਦੀ ਮੌਤ, ਕੇਦਾਰਨਾਥ ਯਾਤਰਾ 3 ਤੱਕ ਮੁਲਤਵੀ



ਚੜ੍ਹਦੀਕਲਾ ਬਿਊਰੋ
================

ਦੇਹਰਾਦੂਨ, 1 ਸਤੰਬਰ: ਕੇਦਾਰਨਾਥ ਮਾਰਗ ’ਤੇ ਅੱਜ ਸਵੇਰੇ ਜ਼ਮੀਨ ਖਿਸਕਣ ਕਾਰਨ ਦੋ ਸ਼ਰਧਾਲੂਆਂ ਦੀ ਮੌਤ ਹੋ ਗਈ ਅਤੇ ਛੇ ਜ਼ਖਮੀ ਹੋ ਗਏ, ਜਿਸ ਕਾਰਨ ਕੇਦਾਰਨਾਥ ਮੰਦਰ ਦੀ ਯਾਤਰਾ 3 ਸਤੰਬਰ ਤੱਕ ਅਸਥਾਈ ਤੌਰ ’ਤੇ ਮੁਲਤਵੀ ਕਰ ਦਿੱਤੀ ਗਈ ਹੈ। ਕੇਦਾਰਨਾਥ ਮਾਰਗ ’ਤੇ ਸੋਨਪ੍ਰਯਾਗ ਅਤੇ ਗੌਰੀਕੁੰਡ ਵਿਚਕਾਰ ਮੁਨਕਟੀਆ ਨੇੜੇ ਸਵੇਰੇ 7.34 ਵਜੇ ਜ਼ਮੀਨ ਖਿਸਕ ਗਈ। ਰੁਦਰਪ੍ਰਯਾਗ ਜ਼ਿਲ੍ਹਾ ਆਫ਼ਤ ਪ੍ਰਬੰਧਨ ਅਧਿਕਾਰੀ ਨੰਦਨ ਸਿੰਘ ਰਾਜਵਰ ਨੇ ਕਿਹਾ ਕਿ ਮੁਨਕਟੀਆ ਵਿਖੇ ਪਹਾੜੀ ਤੋਂ ਚੱਟਾਨਾਂ ਅਤੇ ਪੱਥਰਾਂ ਨਾਲ ਭਰਿਆ (ਬਾਕੀ ਸਫਾ 2 ’ਤੇ)

### ਸਾਂਸਦ ਅੰਮ੍ਰਿਤਪਾਲ ਸਿੰਘ ਉਪ-ਰਾਸ਼ਟਰਪਤੀ ਦੀ ਚੋਣ ਦੌਰਾਨ ਜੇਲ੍ਹ ’ਚ ਪਾਉਣਗੇ ਵੋਟ

ਚੰਡੀਗੜ੍ਹ, 1 ਸਤੰਬਰ (ਚੜ੍ਹਦੀਕਲਾ ਬਿਊਰੋ) : ਦਫ਼ਤਰ ਮੁੱਖ ਚੋਣ ਅਫ਼ਸਰ, ਪੰਜਾਬ ਨੇ ਦੱਸਿਆ ਹੈ ਕਿ ਭਾਰਤੀ ਚੋਣ ਕਮਿਸ਼ਨ ਨੇ ਖਡੂਰ ਸਾਹਿਬ-03 ਸੰਸਦੀ ਹਲਕਾ, ਪੰਜਾਬ ਤੋਂ ਲੋਕ ਸਭਾ ਮੈਂਬਰ ਅੰਮ੍ਰਿਤਪਾਲ ਸਿੰਘ, ਜੋ ਕਿ ਉਪ-ਰਾਸ਼ਟਰਪਤੀ ਚੋਣ, 2025 ਲਈ ਵੋਟਰ (ਇਲੈਕਟੋਰਲ ਕਾਲਜ ਦੇ ਮੈਂਬਰ) ਵੀ ਹਨ, ਨੂੰ ਵੋਟ ਪਾਉਣ ਦੀ ਸਹੂਲਤ ਦੇਣ ਸਬੰਧੀ ਜ਼ਰੂਰੀ ਨਿਰਦੇਸ਼ ਜਾਰੀ ਕੀਤੇ ਹਨ।

ਦੱਸਣਯੋਗ ਹੈ ਕਿ ਅੰਮ੍ਰਿਤਪਾਲ ਸਿੰਘ ਇਸ ਸਮੇਂ ਅਸਾਮ ਦੀ ਡਿਬਰੂਗੜ੍ਹ ਸਥਿਤ ਕੇਂਦਰੀ ਜੇਲ੍ਹ ਵਿੱਚ ਕੌਮੀ ਸੁਰੱਖਿਆ ਐਕਟ, 1980 ਤਹਿਤ ਨਜ਼ਰਬੰਦ ਹਨ। ਰਾਸ਼ਟਰਪਤੀ ਅਤੇ ਉਪ-ਰਾਸ਼ਟਰਪਤੀ ਚੋਣ ਨਿਯਮਾਂ, 1974 ਦੇ ਨਿਯਮ 26 ਦੇ ਉਪਬੰਧਾਂ ਅਨੁਸਾਰ ਕਮਿਸ਼ਨ ਨੇ ਨਿਰਦੇਸ਼ ਦਿੱਤਾ ਹੈ ਕਿ ਉਨ੍ਹਾਂ ਨੂੰ ਵੋਟ ਪਾਉਣ ਦੀ ਸਹੂਲਤ ਦੇਣ ਲਈ ਇੱਕ (ਬਾਕੀ ਸਫਾ 2 ’ਤੇ)

## ਭਾਸ਼ਾ ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਸ੍ਰੀ ਅਕਾਲ ਤਖ਼ਤ ਵਿਖੇ ਪੇਸ਼



ਬਬਲੂ ਮਹਾਜਨ
================

ਅੰਮ੍ਰਿਤਸਰ, 1 ਸਤੰਬਰ: ਭਾਸ਼ਾ ਵਿਭਾਗ ਪੰਜਾਬ ਦੇ ਡਾਇਰੈਕਟਰ ਜਸਵੰਤ ਸਿੰਘ ਨੇ ਅੱਜ ਸ੍ਰੀ ਅਕਾਲ ਤਖ਼ਤ ਵਿਖੇ ਪੁੱਜ ਕੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਕੋਲ ਆਪਣਾ ਪੱਖ ਰੱਖਿਆ ਹੈ। ਕਾਬਿਲੇਗੌਰ ਹੈ ਕਿ ਪੰਜਾਬ ਸਰਕਾਰ ਵੱਲੋਂ ਬੀਤੇ ਦਿਨੀਂ ਸ੍ਰੀਨਗਰ ਵਿਚ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350ਵੀਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸਮਾਗਮ ਕਰਵਾਇਆ ਗਿਆ ਸੀ, ਜਿਸ ਵਿੱਚ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮਾਗਮ ਵਿੱਚ ਨਾਚ ਗਾਣ ਆਦਿ ਦਿਖਾਇਆ ਗਿਆ ਸੀ, ਜਿਸ ਨਾਲ ਸਿੱਖ ਭਾਵਨਾਵਾਂ ਨੂੰ ਸੱਟ ਵੱਜੀ ਸੀ।

ਇਸ ਸਬੰਧ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੁੱਜੀਆਂ ਸ਼ਿਕਾਇਤਾਂ ਉਪਰੰਤ ਭਾਸ਼ਾ ਵਿਭਾਗ ਪੰਜਾਬ ਦੇ (ਬਾਕੀ ਸਫਾ 2 ’ਤੇ)

### ਕੇਂਦਰ ’ਤੇ ਫ਼ੌਜ ਦੇ ਸਿਆਸੀਕਰਨ ਦਾ ਲਾਇਆ ਦੋਸ਼

## ਟੀ.ਐਮ.ਸੀ. ਦੀ ਸਟੇਜ ਹਟਾਉਣ ਲਈ ਫ਼ੌਜ ਦੀ ਦੁਰਵਰਤੋਂ ਕੀਤੀ: ਮਮਤਾ



ਚੜ੍ਹਦੀਕਲਾ ਬਿਊਰੋ
================

ਕੋਲਕਾਤਾ, 1 ਸਤੰਬਰ: ਪੱਛਮੀ ਬੰਗਾਲ ਦੀ ਮੁੱਖ ਮੰਤਰੀ ਤੇ ਤ੍ਰਿਣਮੂਲ ਕਾਂਗਰਸ (ਟੀ.ਐੱਮ.ਸੀ.) ਮੁਖੀ ਮਮਤਾ ਬੈਨਰਜੀ ਨੇ ਸੋਮਵਾਰ ਨੂੰ ਕੇਂਦਰ ਸਰਕਾਰ ’ਤੇ ਭਾਜਪਾ ਸ਼ਾਸਿਤ ਸੂਬਿਆਂ ਵਿੱਚ ਬੰਗਾਲੀ ਭਾਸ਼ੀ ਪਰਵਾਸੀ ਮਜ਼ਦੂਰਾਂ ’ਤੇ ਹੋਏ ਕਥਿਤ ਅੱਤਿਆਚਾਰਾਂ ਖ਼ਿਲਾਫ਼ ਇੱਥੇ ਬਣਾਈ ਸਟੇਜ ਨੂੰ ਹਟਾਉਣ ਲਈ ਫੌਜ ਦੀ ‘ਦੁਰਵਰਤੋਂ’ ਕਰਨ ਦਾ ਦੋਸ਼ ਲਗਾਇਆ। ਫੌਜ ਨੇ ਕੇਂਦਰੀ ਕੋਲਕਾਤਾ ਦੇ ਮੈਦਾਨ ਖੇਤਰ ਵਿੱਚ ਗਾਂਧੀ ਦੇ ਬੁੱਤ ਨੇੜੇ ਬਣਾਏ ਤ੍ਰਿਣਮੂਲ ਕਾਂਗਰਸ ਦੀ ਸਟੇਜ ਨੂੰ ਹਟਾਉਣ ਦਾ ਕੰਮ ਸ਼ੁਰੂ ਕਰ ਦਿੱਤਾ ਹੈ। ਮੌਕੇ ’ਤੇ ਪੁੱਜੀ ਮਮਤਾ ਬੈਨਰਜੀ ਨੇ ਪੱਤਰਕਾਰਾਂ ਨੂੰ ਕਿਹਾ, “ਮੈਂ ਫੌਜ ਨੂੰ ਦੋਸ਼ ਨਹੀਂ ਦਿੰਦੀ, ਪਰ ਇਸ ਪਿੱਛੇ ਭਾਜਪਾ ਦੀ ਬਦਲੇ ਦੀ ਸਿਆਸਤ ਹੈ। ਭਾਜਪਾ ਦੀ ਡਬਲ-ਇੰਜਣ ਸਰਕਾਰ ਦੋਸ਼ੀ ਹੈ। ਉਹ ਫੌਜ ਦੀ ਦੁਰਵਰਤੋਂ (ਬਾਕੀ ਸਫਾ 2 ’ਤੇ)

## ਅਫ਼ਗਾਨਿਸਤਾਨ ’ਚ ਜ਼ਬਰਦਸਤ ਭੂਚਾਲ ਕਾਰਨ 800 ਤੋਂ ਵੱਧ ਲੋਕਾਂ ਦੀ ਮੌਤ, 2500 ਜ਼ਖ਼ਮੀ

ਚੜ੍ਹਦੀਕਲਾ ਬਿਊਰੋ
================

**ਬਚਾਅ ਕਾਰਜ ਜਾਰੀ, ਸੈਂਕੜੇ ਘਰ ਢਹਿ-ਢੇਰੀ**



ਨਵੀਂ ਦਿੱਲੀ, 1 ਸਤੰਬਰ: ਇਕ ਪਾਸੇ ਜਿੱਥੇ ਭਾਰਤ ਤੇ ਪਾਕਿਸਤਾਨ ’ਚ ਭਾਰੀ ਬਾਰਿਸ਼ ਨੇ ਤਬਾਹੀ ਮਚਾਈ ਹੋਈ ਹੈ, ਉੱਥੇ ਹੀ ਬੀਤੀ ਰਾਤ ਅਫ਼ਗਾਨਿਸਤਾਨ ’ਚ ਆਏ 6.3 ਤੀਬਰਤਾ ਦੇ ਭੂਚਾਲ ਨੇ ਕਹਿਰ ਵਰ੍ਹਾਇਆ ਹੈ। ਐਤਵਾਰ-ਸੋਮਵਾਰ ਦੀ ਦਰਮਿਆਨੀ ਰਾਤ ਕਰੀਬ 12.47 ਵਜੇ ਆਏ ਇਸ ਭੂਚਾਲ ਕਾਰਨ ਹੁਣ ਤੱਕ 800 ਤੋਂ ਵੱਧ ਲੋਕਾਂ ਦੀ ਜਾਨ ਚਲੀ ਗਈ ਹੈ, ਜਦਕਿ 2500 ਤੋਂ ਵੱਧ ਹੋਰ ਜ਼ਖ਼ਮੀ ਹੋਏ ਹਨ। ਦੇਸ਼ ਦੇ ਗ੍ਰਹਿ ਮੰਤਰਾਲੇ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੂਰਬੀ ਅਫਗਾਨਿਸਤਾਨ ਦੇ ਕੁਨਾਰ ਅਤੇ ਨੰਗਰਹਾਰ ਪ੍ਰਾਂਤਾਂ ਵਿੱਚ ਆਏ ਭੂਚਾਲ ਕਾਰਨ ਮਰਨ ਵਾਲਿਆਂ ਦੀ ਗਿਣਤੀ 810 ਹੋ ਗਈ ਹੈ, ਜਦੋਂ ਕਿ 2500 ਦੇ ਕਰੀਬ ਹੋਰ ਜ਼ਖਮੀ ਹੋਏ ਹਨ। ਬਿਆਨ ਅਨੁਸਾਰ ਕੁਨਾਰ ’ਚ 610 ਲੋਕਾਂ ਦੀ ਮੌਤ ਹੋ ਗਈ ਹੈ ਤੇ 1,300 ਲੋਕ ਜ਼ਖਮੀ ਹੋਏ ਹਨ, ਜਦਕਿ ਨੰਗਰਹਾਰ ’ਚ 12 ਲੋਕ ਮਾਰੇ ਗਏ ਹਨ ਤੇ 255 ਹੋਰ ਜ਼ਖ਼ਮੀ ਹੋ ਗਏ ਹਨ। ਇਸ ਜ਼ਬਰਦਸਤ ਭੂਚਾਲ ਕਾਰਨ ਕਈ ਘਰ ਤਬਾਹ (ਬਾਕੀ ਸਫਾ 2 ’ਤੇ)

### ਬਿਹਾਰ ਐਸ.ਆਈ.ਆਰ.

## ਦਾਅਵੇ-ਇਤਰਾਜ਼ ਸਮਾਂ ਸੀਮਾ ਤੋਂ ਬਾਅਦ ਵੀ ਕੀਤੇ ਜਾ ਸਕਦੇ ਨੇ ਦਾਇਰ: ਚੋਣ ਕਮਿਸ਼ਨ

ਚੜ੍ਹਦੀਕਲਾ ਬਿਊਰੋ
================

ਨਵੀਂ ਦਿੱਲੀ, 1 ਸਤੰਬਰ: ਭਾਰਤੀ ਚੋਣ ਕਮਿਸ਼ਨ ਨੇ ਸੋਮਵਾਰ ਨੂੰ ਕਿਹਾ ਕਿ ਬਿਹਾਰ ਵਿੱਚ ਐੱਸ.ਆਈ.ਆਰ. ਅਭਿਆਸ ਵਿੱਚ ਤਿਆਰ ਕੀਤੀ ਗਈ ਵੋਟਰ ਸੂਚੀ ਦੇ ਖਰੜੇ ਵਿੱਚ ਦਾਅਵੇ, ਇਤਰਾਜ਼ ਅਤੇ ਸੁਧਾਰ 1 ਸਤੰਬਰ ਤੋਂ ਬਾਅਦ ਵੀ ਦਾਇਰ ਕੀਤੇ ਜਾ ਸਕਦੇ ਹਨ, ਪਰ ਇਨ੍ਹਾਂ ’ਤੇ ਅੰਤਿਮ ਵੋਟਰ ਸੂਚੀ ਤਿਆਰ ਹੋਣ ਤੋਂ ਬਾਅਦ ਹੀ ਵਿਚਾਰ ਕੀਤਾ ਜਾਵੇਗਾ। ਜਸਟਿਸ ਸੂਰਿਆ ਕਾਂਤ ਅਤੇ ਜਸਟਿਸ ਜੋਏਮਾਲਿਆ ਬਾਗਚੀ ਦੇ ਬੈਂਚ ਨੇ ਚੋਣ ਕਮਿਸ਼ਨ ਦੀ ਇਸ ਪੇਸ਼ਕਸ਼ ਨੂੰ ਨੋਟ ਕੀਤਾ, ਜਿਸ ਵਿੱਚ ਕਿਹਾ ਗਿਆ ਸੀ ਕਿ ਦਾਅਵੇ ਅਤੇ ਇਤਰਾਜ਼ ਹਰੇਕ ਵਿਧਾਨ ਸਭਾ ਹਲਕੇ ਵਿੱਚ ਨਾਮਜ਼ਦਗੀ ਫਾਰਮਾਂ ਦੀ ਆਖ਼ਰੀ ਮਿਤੀ ਤੱਕ ਦਾਇਰ ਕੀਤੇ ਜਾ ਸਕਦੇ ਹਨ। ਸੁਪਰੀਮ ਕੋਰਟ ਨੇ ਬਿਹਾਰ ਐੱਸ.ਆਈ.ਆਰ. ਬਾਰੇ ਉਲਝਣ ਨੂੰ ’ਵੱਡੇ ਪੱਧਰ ’ਤੇ ਭਰੋਸੇ ਦਾ ਮੁੱਦਾ’ ਦੱਸਦਿਆਂ, ਰਾਜ ਕਾਨੂੰਨੀ ਸੇਵਾ ਅਥਾਰਟੀ ਨੂੰ ਨਿਰਦੇਸ਼ ਦਿੱਤਾ ਕਿ ਉਹ ਨਿੱਜੀ ਵੋਟਰ ਅਤੇ ਸਿਆਸੀ ਪਾਰਟੀਆਂ ਦੇ 1 ਅਗਸਤ ਨੂੰ ਪ੍ਰਕਾਸ਼ਿਤ ਹੋਏ ਖਰੜੇ ਵਿੱਚ ਦਾਅਵੇ ਅਤੇ ਇਤਰਾਜ਼ ਦਾਖਲ ਕਰਨ ਵਿੱਚ ਸਹਾਇਤਾ ਲਈ ਪੈਰਾਲੀਗਲ (ਬਾਕੀ ਸਫਾ 2 ’ਤੇ)




### ਐਸ.ਆਈ.ਆਰ. ਮਗਰੋਂ ਨਵੇਂ ਵੋਟਰ ਪਛਾਣ ਪੱਤਰ ਜਾਰੀ ਕਰੇਗਾ ਚੋਣ ਕਮਿਸ਼ਨ

ਨਵੀਂ ਦਿੱਲੀ, 1 ਸਤੰਬਰ (ਚੜ੍ਹਦੀਕਲਾ ਬਿਊਰੋ) : ਚੋਣ ਕਮਿਸ਼ਨ ਬਿਹਾਰ ’ਚ ਵੋਟਰ ਸੂਚੀ ਦੀ ਜਾਰੀ ਵਿਸ਼ੇਸ਼ ਮੁੜ ਸੁਧਾਈ (ਐੱਸ.ਆਈ.ਆਰ.) ਦਾ ਕੰਮ ਪੂਰਾ ਹੋਣ ਤੋਂ ਬਾਅਦ ਸੂਬੇ ਦੇ ਸਾਰੇ ਵੋਟਰਾਂ ਨੂੰ ਨਵੇਂ ਵੋਟਰ ਪਛਾਣ ਪੱਤਰ ਜਾਰੀ ਕਰਨ ਦੀ ਯੋਜਨਾ ਬਣਾ ਰਿਹਾ ਹੈ। ਅਧਿਕਾਰੀਆਂ ਨੇ ਅੱਜ ਇਹ ਜਾਣਕਾਰੀ ਦਿੱਤੀ। ਅਧਿਕਾਰੀਆਂ ਨੇ ਕਿਹਾ ਕਿ ਨਵੇਂ ਵੋਟਰ ਪਛਾਣ ਪੱਤਰ ਕਦੋਂ ਜਾਰੀ ਕੀਤੇ ਜਾਣਗੇ, ਇਸ ਬਾਰੇ ਚੋਣ ਅਥਾਰਿਟੀ ਨੇ ਅਜੇ ਆਖਰੀ ਫ਼ੈਸਲਾ ਲੈਣਾ ਹੈ। ਅਧਿਕਾਰੀਆਂ ਨੇ ਕਿਹਾ ਕਿ ਬਿਹਾਰ ਦੇ ਹਰ ਵੋਟਰ ਨੂੰ ਇੱਕ ਨਵਾਂ ਵੋਟਰ ਪਛਾਣ ਪੱਤਰ ਜਾਰੀ ਕਰਨ ਦੀ ਯੋਜਨਾ ਹੈ ਪਰ ਇਹ ਪ੍ਰਕਿਰਿਆ ਕਦੋਂ ਤੇ ਕਿਸ ਤਰ੍ਹਾਂ ਪੂਰੀ ਕੀਤੀ ਜਾਵੇਗੀ, ਇਸ ’ਤੇ ਅਜੇ ਆਖਰੀ ਫ਼ੈਸਲਾ ਲਿਆ ਜਾਣਾ ਬਾਕੀ ਹੈ। (ਬਾਕੀ ਸਫਾ 2 ’ਤੇ)

# ਵਿੱਤ ਮੰਤਰੀ ਚੀਮਾ ਨੇ ਹੜ੍ਹ ਪ੍ਰਭਾਵਿਤ ਪੰਜਾਬ ਦੀ ਅਣਦੇਖੀ ਲਈ ਪ੍ਰਧਾਨ ਮੰਤਰੀ ਦੀ ਆਲੋਚਨਾ ਕਰਦਿਆਂ ਭਾਜਪਾ ਦੀ ਉਦਾਸੀਨਤਾ ਨੂੰ ਕੀਤਾ ਉਜਾਗਰ

## 60,000 ਕਰੋੜ ਰੁਪਏ ਦੇ ਬਕਾਇਆ ਫੰਡਾਂ ਜਾਂ ਰਾਹਤ ਪੈਕੇਜ ਜਾਰੀ ਕਰਨ ਸਬੰਧੀ ਕੋਈ ਭਰੋਸਾ ਨਾ ਦੇਣ 'ਤੇ ਕੇਂਦਰੀ ਗ੍ਰਹਿ ਮੰਤਰੀ ਦੀ ਨਿਖੇਧੀ

ਚੰਡੀਗੜ੍ਹ, 1 ਸਤੰਬਰ (ਚ.ਨ.ਸ.) : ਪੰਜਾਬ ਦੇ ਵਿੱਤ, ਯੋਜਨਾਬੰਦੀ, ਆਬਕਾਰੀ ਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇਥੇ ਕਿਹਾ ਕਿ ਇਹ ਬਹੁਤ ਹੀ ਮੰਦਭਾਗਾ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਪੰਜਾਬ, ਇੱਕ ਅਜਿਹਾ ਸੂਬਾ ਜਿਸ ਨੇ ਹਮੇਸ਼ਾ ਦੇਸ਼ ਦੀਆਂ ਚੁਣੌਤੀਆਂ ਦਾ ਮੋਹਰੀ ਹੋ ਕੇ ਸਾਹਮਣਾ ਕੀਤਾ ਹੈ, ਵਿੱਚ ਹੜ੍ਹਾਂ ਕਾਰਨ ਹੋਈ ਤਬਾਹੀ ਨੂੰ ਪੂਰੀ ਤਰ੍ਹਾਂ ਨਜ਼ਰਅੰਦਾਜ਼ ਕਰ ਰਹੇ ਹਨ। ਵਿੱਤ ਮੰਤਰੀ ਚੀਮਾ ਨੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਵੀ ਨਿਖੇਧੀ ਕੀਤੀ ਕਿ ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਚਿੱਠੀ, ਜਿਸ ਵਿੱਚ ਬਣਦੇ ਫੰਡ ਜਾਰੀ ਕਰਨ ਦੀ ਅਪੀਲ ਕੀਤੀ ਗਈ ਸੀ, ਦੇ ਜਵਾਬ ਵਿੱਚ 60,000 ਕਰੋੜ ਰੁਪਏ ਦੇ ਬਕਾਇਆ ਫੰਡਾਂ ਜਾਂ ਰਾਹਤ ਪੈਕੇਜ ਨੂੰ ਜਾਰੀ ਕਰਨ ਦਾ ਕੋਈ ਭਰੋਸਾ ਨਹੀਂ ਦਿੱਤਾ।

ਵਿੱਤ ਮੰਤਰੀ ਚੀਮਾ ਨੇ ਕਿਹਾ, "ਇਸ ਤੋਂ ਵੀ ਵੱਧ ਮੰਦਭਾਗਾ ਇਹ ਹੈ ਕਿ ਪੰਜਾਬ ਭਾਜਪਾ ਆਪਣੀ ਕੇਂਦਰੀ ਸਰਕਾਰ 'ਤੇ ਸੂਬੇ ਨੂੰ ਸਹਾਇਤਾ ਪ੍ਰਦਾਨ ਕਰਨ ਲਈ ਦਬਾਅ ਬਣਾਉਣ ਦੀ ਬਜਾਏ ਸਿਆਸੀ ਰੈਲੀਆਂ ਕਰਨ ਵਿੱਚ ਰੁੱਝੀ ਹੋਈ ਹੈ।

ਇੱਥੇ ਪੰਜਾਬ ਭਵਨ ਵਿੱਚ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਹੜ੍ਹ ਪੀੜਤਾਂ ਦੀ ਮੱਦਦ ਲਈ ਮੁੱਖ ਮੰਤਰੀ ਰਾਹਤ ਫੰਡ ਵਾਸਤੇ ਸੂਬੇ ਦੇ ਆਬਕਾਰੀ ਤੇ ਕਰ ਵਿਭਾਗ ਵੱਲੋਂ ਜਾਰੀ ਕੀਤਾ 50 ਲੱਖ ਰੁਪਏ ਦਾ ਚੈੱਕ ਦਿਖਾਉਂਦਿਆਂ ਕਿਹਾ ਕਿ ਜਦੋਂ ਪੰਜਾਬ ਸਰਕਾਰ, ਇਸ ਦੇ ਵਿਭਾਗ ਅਤੇ ਸੂਬੇ ਦੇ ਲੋਕ ਸਮੂਹਿਕ ਤੌਰ 'ਤੇ ਇਸ ਕੁਦਰਤੀ ਆਫ਼ਤ ਨਾਲ ਨਜਿੱਠ ਰਹੇ ਹਨ, ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਸੂਬੇ ਨੂੰ ਪੂਰੀ ਤਰ੍ਹਾਂ ਨਜ਼ਰਅੰਦਾਜ਼ ਕਰ ਰਹੀ ਹੈ। ਉਨ੍ਹਾਂ ਨੇ ਇਸ ਗੱਲ 'ਤੇ ਨਿਰਾਸ਼ਾ ਜ਼ਾਹਰ ਕੀਤੀ ਕਿ ਪ੍ਰਧਾਨ ਮੰਤਰੀ, ਜੋ ਜਨਮਦਿਨ ਦੀਆਂ ਸ਼ੁਭਕਾਮਨਾਵਾਂ ਵੀ ਟਵੀਟ ਕਰਦੇ ਹਨ, ਨੇ ਪੰਜਾਬ ਨੂੰ ਪ੍ਰਭਾਵਿਤ ਕਰਨ ਵਾਲੀ ਕੁਦਰਤੀ ਆਫ਼ਤ ਬਾਰੇ ਇੱਕ ਵੀ ਸ਼ਬਦ ਨਹੀਂ



ਕਿਹਾ। ਉਨ੍ਹਾਂ ਪੰਜਾਬ ਭਾਜਪਾ ਦੇ ਆਗੂਆਂ, ਜਿਨ੍ਹਾਂ ਵਿੱਚ ਸੂਬਾ ਪ੍ਰਧਾਨ ਸੁਨੀਲ ਜਾਖੜ, ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਅਤੇ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਸ਼ਾਮਲ ਹਨ, 'ਤੇ ਵੀ ਨਿਸ਼ਾਨਾ ਸਾਧਿਆ ਕਿ ਉਹ ਆਪਣੀ ਕੇਂਦਰੀ ਲੀਡਰਸ਼ਿਪ ਨੂੰ ਕਾਰਵਾਈ ਕਰਨ ਦੀ ਅਪੀਲ ਕਰਨ ਦੀ ਬਜਾਏ ਸਮਰਾਲਾ ਵਿੱਚ ਸਿਆਸੀ ਰੈਲੀਆਂ ਵਿੱਚ ਰੁੱਝੇ ਹੋਏ ਹਨ। ਉਨ੍ਹਾਂ ਕਿਹਾ, ਪੰਜਾਬ ਭਾਜਪਾ ਦੇ ਆਗੂਆਂ ਨੂੰ ਇਸ ਰਵੱਈਏ 'ਤੇ ਸ਼ਰਮ ਆਉਣੀ ਚਾਹੀਦੀ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪ੍ਰਧਾਨ ਮੰਤਰੀ ਨੂੰ ਲਿਖੀ ਚਿੱਠੀ ਦਿਖਾਉਂਦਿਆਂ ਵਿੱਤ ਮੰਤਰੀ ਚੀਮਾ ਨੇ ਦੱਸਿਆ ਕਿ ਇਸ ਵਿੱਚ ਜੀਐਸਟੀ ਮੁਆਵਜ਼ੇ, ਆਰਡੀਐਫ ਅਤੇ ਐਮਡੀਐਫ, ਅਤੇ ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾ ਤਹਿਤ ਸੂਬੇ ਦੇ ਬਕਾਇਆ 60,000 ਕਰੋੜ ਰੁਪਏ ਤੋਂ ਵੱਧ ਫੰਡਾਂ ਦਾ ਵੇਰਵਾ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਨੇ ਹੜ੍ਹ ਪੀੜਤਾਂ ਨੂੰ ਢੁਕਵਾਂ ਮੁਆਵਜ਼ਾ ਯਕੀਨੀ ਬਣਾਉਣ ਲਈ ਸੂਬਾ ਆਫ਼ਤ ਪ੍ਰਤੀਕਿਰਿਆ ਫੰਡ (ਐਸਡੀਆਰਐਫ) ਅਤੇ ਰਾਸ਼ਟਰੀ ਆਫ਼ਤ ਪ੍ਰਤੀਕਿਰਿਆ ਫੰਡ (ਐਨਡੀਆਰਐਫ) ਤਹਿਤ ਸਹਾਇਤਾ ਪ੍ਰਦਾਨ ਕਰਨ ਦੇ ਨਿਯਮਾਂ ਵਿੱਚ ਸੋਧਾਂ ਲਈ ਵੀ ਅਪੀਲ ਕੀਤੀ ਸੀ। ਉਨ੍ਹਾਂ ਕਿਹਾ ਕਿ ਜਦੋਂ ਕਿ ਗ੍ਰਹਿ ਮੰਤਰੀ ਨੇ ਮੁੱਖ ਮੰਤਰੀ ਨਾਲ ਫ਼ੋਨ 'ਤੇ ਗੱਲ ਤਾਂ ਕੀਤੀ, ਪਰ ਬਕਾਇਆ ਫੰਡ ਜਾਰੀ ਕਰਨ ਜਾਂ ਹੜ੍ਹ ਪੀੜਤਾਂ ਨੂੰ ਸਹਾਇਤਾ ਪ੍ਰਦਾਨ ਕਰਨ ਬਾਰੇ ਕੋਈ ਭਰੋਸਾ ਨਹੀਂ ਦਿੱਤਾ।

1962, 1965, 1971 ਅਤੇ ਹਾਲ ਹੀ ਵਿੱਚ 2025 ਵਿੱਚ ਹੋਈਆਂ ਜੰਗਾਂ ਦੌਰਾਨ ਪੰਜਾਬੀਆਂ ਦੀ ਬਹਾਦਰੀ ਨੂੰ ਯਾਦ ਕਰਦਿਆਂ ਵਿੱਤ ਮੰਤਰੀ ਚੀਮਾ ਨੇ ਜ਼ੋਰ ਦੇ ਕੇ ਕਿਹਾ ਕਿ ਪਾਕਿਸਤਾਨ ਨਾਲ ਹੋਏ ਟਕਰਾਅ ਦੌਰਾਨ ਸੂਬੇ ਦੇ ਸਰਹੱਦੀ ਖੇਤਰਾਂ ਨੇ ਹਮਲਿਆਂ ਦਾ ਸੱਭ ਤੋਂ ਵੱਧ ਸਾਹਮਣਾ ਕੀਤਾ, ਪਰ ਪੰਜਾਬੀਆਂ ਨੇ ਅਟੁੱਟ ਹੌਸਲੇ ਨਾਲ ਜਵਾਬ ਦਿੱਤਾ। ਉਨ੍ਹਾਂ ਨੇ ਇਸ ਗੱਲ 'ਤੇ ਡੂੰਘੀ ਨਿਰਾਸ਼ਾ ਜ਼ਾਹਰ ਕੀਤੀ ਕਿ ਹੁਣ ਕੇਂਦਰ ਸਰਕਾਰ ਪੰਜਾਬ ਦੇ ਦੁੱਖਾਂ ਪ੍ਰਤੀ ਅੱਖਾਂ ਮੀਚ ਰਹੀ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਲਗਭਗ ਚਾਰ ਦਹਾਕਿਆਂ ਵਿੱਚ ਆਏ ਸਭ ਤੋਂ ਵੱਡੇ ਹੜ੍ਹਾਂ ਨੇ ਸੂਬੇ ਦੇ ਵੱਡੇ ਹਿੱਸਿਆਂ, ਜਿਸ ਵਿੱਚ ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਤਰਨ ਤਾਰਨ, ਕਪੂਰਥਲਾ ਅਤੇ ਜਲੰਧਰ ਸ਼ਾਮਲ ਹਨ, ਵਿੱਚ ਤਬਾਹੀ ਮਚਾਈ ਹੈ। ਉਨ੍ਹਾਂ ਕਿਹਾ ਕਿ ਇਸ ਦੌਰਾਨ ਪੰਜਾਬ ਸਰਕਾਰ ਅਤੇ ਸਾਰੀ ਪੰਜਾਬ ਕੈਬਨਿਟ ਰਾਹਤ ਅਤੇ ਮੁੜ ਵਸੇਬੇ ਲਈ ਅਣਥੱਕ ਕੰਮ ਕਰ ਰਹੀ ਹੈ।

ਵਿੱਤ ਮੰਤਰੀ ਚੀਮਾ ਨੇ ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਦੀਆਂ ਕੋਸ਼ਿਸ਼ਾਂ ਨੂੰ ਵੀ ਸਰਾਹਿਆ, ਜਿਨ੍ਹਾਂ ਨੇ ਪ੍ਰਭਾਵਿਤ ਲੋਕਾਂ ਦੀ ਹਰ ਸੰਭਵ ਮਦਦ ਕਰਨ ਲਈ ਪਾਰਟੀ ਆਗੂਆਂ ਨੂੰ ਲਾਮਬੰਦ ਕੀਤਾ ਹੈ। ਮੀਡੀਆ ਦੇ ਸਵਾਲਾਂ ਦਾ ਜਵਾਬ ਦਿੰਦਿਆਂ ਉਨ੍ਹਾਂ ਨੇ ਪੁਸ਼ਟੀ ਕੀਤੀ ਕਿ ਹੁਣ ਤੱਕ 29 ਜਾਨਾਂ ਜਾ ਚੁੱਕੀਆਂ ਹਨ ਅਤੇ ਡਿਪਟੀ ਕਮਿਸ਼ਨਰ ਨੁਕਸਾਨ ਦਾ ਸਰਵੇਖਣ ਕਰਨ ਵਿੱਚ ਸਰਗਰਮੀ ਨਾਲ ਲੱਗੇ ਹੋਏ ਹਨ। ਹਾਲਾਂਕਿ, ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਤੁਰੰਤ ਤਰਜੀਹ ਰਾਹਤ ਸਮੱਗਰੀ ਪਹੁੰਚਾਉਣ ਅਤੇ ਬਚਾਅ ਕਾਰਜਾਂ ਨੂੰ ਜਾਰੀ ਰੱਖਣ ਦੀ ਹੈ। ਆਪਣੇ ਸੰਬੋਧਨ ਨੂੰ ਸਮਾਪਤ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਹੜ੍ਹਾਂ ਕਾਰਨ ਨਾਗਰਿਕਾਂ ਦੇ ਨੁਕਸਾਨ ਦੀ ਭਰਪਾਈ ਕਰਨ ਲਈ ਪੰਜਾਬ ਸਰਕਾਰ ਦੀ ਅਟੁੱਟ ਵਚਨਬੱਧਤਾ ਨੂੰ ਮੁੜ ਦੁਹਰਾਇਆ ਅਤੇ ਕੇਂਦਰ ਸਰਕਾਰ ਨੂੰ ਪੰਜਾਬ ਦੇ ਲੋਕਾਂ ਪ੍ਰਤੀ ਆਪਣੀ ਸੰਵਿਧਾਨਕ ਅਤੇ ਨੈਤਿਕ ਜ਼ਿੰਮੇਵਾਰੀ ਨਿਭਾਉਣ ਦਾ ਸੱਦਾ ਦਿੱਤਾ।

# ਹੜ੍ਹ ਪ੍ਰਭਾਵਿਤ ਜ਼ਿਲ੍ਹਿਆਂ 'ਚ 138 ਨਵੇਂ ਮੈਡੀਕਲ ਅਫ਼ਸਰ ਤਾਇਨਾਤ

ਚੰਡੀਗੜ੍ਹ, 1 ਸਤੰਬਰ (ਚ.ਨ.ਸ.) : ਪੰਜਾਬ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਨੇ ਹੜ੍ਹਾਂ ਤੋਂ ਪੈਦਾ ਹੋਣ ਵਾਲੀ ਕਿਸੇ ਵੀ ਸਿਹਤ ਸਬੰਧੀ ਐਮਰਜੈਂਸੀ ਨਾਲ ਨਜਿੱਠਣ ਲਈ ਇੱਕ ਫੈਸਲਾਕੁੰਨ ਕਦਮ ਚੁੱਕਿਆ ਹੈ, ਜਿਸ ਤਹਿਤ 138 ਨਵੇਂ ਭਰਤੀ ਕੀਤੇ ਮੈਡੀਕਲ ਅਫ਼ਸਰਾਂ ਨੂੰ ਸੱਤ ਸਭ ਤੋਂ ਵੱਧ ਹੜ੍ਹ ਪ੍ਰਭਾਵਿਤ ਜ਼ਿਲ੍ਹਿਆਂ ਵਿੱਚ ਤੁਰੰਤ ਪ੍ਰਭਾਵ ਨਾਲ ਤਾਇਨਾਤ ਕੀਤਾ ਗਿਆ ਹੈ। ਫਰੰਟਲਾਈਨ ਮੈਡੀਕਲ ਮੈਨਪਾਵਰ ਦੀ ਇਹ ਰਣਨੀਤਕ ਭਰਤੀ ਲੋਕਾਂ ਦੀ ਸੁਰੱਖਿਆ ਅਤੇ ਦੇਖਭਾਲ ਨੂੰ ਯਕੀਨੀ ਬਣਾਉਣ ਦੇ ਮੱਦੇਨਜ਼ਰ ਕੀਤੀ ਗਈ ਹੈ।

ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਨਵੇਂ ਅਧਿਕਾਰੀਆਂ ਨੂੰ ਉਨ੍ਹਾਂ ਦੇ ਨਿਰਧਾਰਤ ਜ਼ਿਲ੍ਹਿਆਂ ਦੇ ਸਿਵਲ ਸਰਜਨਾਂ ਨੂੰ ਤੁਰੰਤ ਰਿਪੋਰਟ ਕਰਨ ਦੇ ਨਿਰਦੇਸ਼ ਦਿੰਦੇ ਹੋਏ ਕਿਹਾ ਕਿ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਸਾਡੇ ਨਾਗਰਿਕਾਂ ਦੀ ਸਿਹਤ ਸਾਡੀ ਸਭ ਤੋਂ ਵੱਡੀ ਤੇ ਅਹਿਮ ਤਰਜੀਹ ਹੈ। ਇਸ ਔਖੀ ਘੜੀ ਵਿੱਚ ਸਾਡੀ ਸਿਹਤ ਸੰਭਾਲ ਪ੍ਰਣਾਲੀ ਨੂੰ ਮਜ਼ਬੂਤ ਕਰਨ ਅਤੇ ਮੈਡੀਕਲ ਚੁਣੌਤੀਆਂ ਨਾਲ ਨਜਿੱਠਣ ਲਈ ਜ਼ਮੀਨੀ ਪੱਧਰ 'ਤੇ ਇਨ੍ਹਾਂ 138 ਡਾਕਟਰਾਂ ਦੀ ਮੌਜੂਦਗੀ ਬਹੁਤ ਅਹਿਮ ਹੈ।

ਸਥਿਤੀ ਦੀ ਗੰਭੀਰਤਾ 'ਤੇ ਜ਼ੋਰ ਦਿੰਦੇ ਹੋਏ, ਡਾ. ਬਲਬੀਰ ਸਿੰਘ ਨੇ ਕਿਹਾ ਕਿ 1000 ਮੈਡੀਕਲ ਅਫਸਰਾਂ ਦੀ ਕੁੱਲ ਭਰਤੀ ਦੇ ਪਹਿਲੇ ਪੜਾਅ ਵਿੱਚ ਕੁੱਲ 322 ਮੈਡੀਕਲ ਅਫਸਰਾਂ ਨੂੰ ਨਿਯੁਕਤੀ ਪੱਤਰ ਦਿੱਤੇ ਗਏ ਹਨ। ਹੜ੍ਹਾਂ ਦੇ ਮੱਦੇਨਜ਼ਰ ਐਮਰਜੈਂਸੀ ਸਥਿਤੀ ਨੂੰ ਧਿਆਨ ਵਿੱਚ ਰੱਖਦੇ ਹੋਏ, 138 ਮੈਡੀਕਲ ਅਫਸਰਾਂ ਨੂੰ ਤੁਰੰਤ ਪ੍ਰਭਾਵ ਨਾਲ ਹੜ੍ਹ ਪ੍ਰਭਾਵਿਤ ਜ਼ਿਲ੍ਹੇ ਦੇ ਸਿਵਲ ਸਰਜਨ ਨੂੰ ਮਹੱਤਵਪੂਰਨ ਡਾਕਟਰੀ ਸੇਵਾਵਾਂ ਨਿਭਾਉਣ ਲਈ ਰਿਪੋਰਟ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਇਨ੍ਹਾਂ ਚੁਣੌਤੀਪੂਰਨ ਸਮਿਆਂ ਵਿੱਚ ਸਾਡੀ ਸਿਹਤ ਸੰਭਾਲ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ ਜ਼ਮੀਨੀ ਪੱਧਰ 'ਤੇ ਇਨ੍ਹਾਂ ਡਾਕਟਰਾਂ ਦੀ ਮੌਜੂਦਗੀ ਬਹੁਤ ਵੱਡੇ ਅਰਥ ਰੱਖਦੀ ਹੈ। ਉਨ੍ਹਾਂ ਦੱਸਿਆ ਕਿ ਸੂਬੇ ਵੱਲੋਂ ਕੀਤੇ ਜਾ ਰਹੇ ਰਾਹਤ ਯਤਨਾਂ ਵਿੱਚ ਇੰਡੀਅਨ ਮੈਡੀਕਲ ਐਸੋਸੀਏਸ਼ਨ (ਆਈ.ਐਮ.ਏ.) ਪੰਜਾਬ, ਨਰਸਿੰਗ ਕਾਲਜਾਂ, ਨਿੱਜੀ ਹਸਪਤਾਲਾਂ ਅਤੇ ਸਰਕਾਰੀ ਅਤੇ ਨਿੱਜੀ ਮੈਡੀਕਲ ਕਾਲਜਾਂ ਦੇ ਸਮਰਥਨ ਲਈ ਅੱਗੇ ਆਉਣ ਨਾਲ, ਇਸ ਵੱਡੇ ਮਨੁੱਖੀ ਕਾਰਜ ਬਲ ਨੂੰ ਹੋਰ ਭਰਵਾਂ ਹੁੰਗਾਰਾ ਮਿਲਿਆ ਹੈ ।

ਡਾ. ਬਲਬੀਰ ਸਿੰਘ ਨੇ ਖੁਲਾਸਾ ਕੀਤਾ ਕਿ ਸਿਹਤ ਵਿਭਾਗ ਨੇ 818 ਰੈਪਿਡ ਰਿਸਪਾਂਸ ਅਤੇ ਮੋਬਾਈਲ ਮੈਡੀਕਲ ਟੀਮਾਂ ਦਾ ਵਿਸ਼ਾਲ ਬੁਨਿਆਦੀ ਢਾਂਚਾ ਤਾਇਨਾਤ ਕੀਤਾ ਹੈ ,ਜੋ ਪ੍ਰਭਾਵਿਤ ਪਿੰਡਾਂ ਅਤੇ ਆਸਰਾ ਘਰਾਂ ਵਿੱਚ ਰੋਜ਼ਾਨਾ ਮੈਡੀਕਲ ਕੈਂਪ ਲਗਾ ਰਹੀਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਪਾਣੀ ਤੋਂ ਪੈਦਾ ਹੋਣ ਵਾਲੀਆਂ ਬਿਮਾਰੀਆਂ ਨਾਲ ਨਜਿੱਠਣ ਲਈ ਟੀਮਾਂ ਵੱਲੋਂ ਵੱਡੇ ਪੱਧਰ 'ਤੇ ਘਰ-ਘਰ ਜਾ ਕੇ ਕਲੋਰੀਨ ਦੀਆਂ ਗੋਲੀਆਂ ਵੰਡੀਆਂ ਜਾ ਰਹੀਆਂ ਹਨ। ਇਸ ਤੋਂ ਇਲਾਵਾ, ਪਾਣੀ ਭਰੇ ਖੇਤਰਾਂ ਵਿੱਚ ਵੈਕਟਰ -ਬੋਰਨ ਬਿਮਾਰੀਆਂ ਨੂੰ ਰੋਕਣ ਲਈ ਵਿਆਪਕ ਛਿੜਕਾਅ ਅਤੇ ਫੌਗਿੰਗ ਕੀਤੀ ਜਾ ਰਹੀ ਹੈ। ਫੌਰੀ ਡਾਕਟਰੀ ਸਹਾਇਤਾ ਨੂੰ ਯਕੀਨੀ ਬਣਾਉਣ ਸਬੰਧੀ ਡਾ. ਬਲਬੀਰ ਸਿੰਘ ਨੇ ਕਿਹਾ ਕਿ 424 ਐਂਬੂਲੈਂਸਾਂ ਦਾ ਇੱਕ ਬੇੜਾ, ਜਿਸ ਵਿੱਚ 170 ਵਿਭਾਗ ਵੱਲੋਂ ਅਤੇ 254 ਆਈ.ਐਮ.ਏ. ਅਤੇ ਗੈਰ-ਸਰਕਾਰੀ ਸੰਗਠਨਾਂ ਦੇ ਸਹਿਯੋਗ ਨਾਲ ਉਪਲਬਧ ਕਰਵਾਈਆਂ ਗਈਆਂ ਹਨ, ਹੁਣ ਪ੍ਰਭਾਵਿਤ ਜ਼ਿਲ੍ਹਿਆਂ ਵਿੱਚ ਕਾਰਜਸ਼ੀਲ ਹਨ।

# ਪਹਿਲੇ ਸਫ਼ੇ ਦੀ ਬਾਕੀ

### ਸ਼ੰਘਾਈ ਸਹਿਯੋਗ ਸੰਗਠਨ ਵੱਲੋਂ

ਐਸਸੀਓ ਅੱਤਵਾਦ, ਵੱਖਵਾਦ ਅਤੇ ਕੱਟੜਵਾਦ ਵਿਰੁੱਧ ਲੜਾਈ ਪ੍ਰਤੀ ਆਪਣੀ ਦ੍ਰਿੜ ਵਚਨਬੱਧਤਾ ਦੀ ਪੁਸ਼ਟੀ ਕਰਦੇ ਹੋਏ, ਅੱਤਵਾਦੀ, ਵੱਖਵਾਦੀ ਅਤੇ ਕੱਟੜਪੰਥੀ ਸਮੂਹਾਂ ਨੂੰ 'ਭਾੜੇ ਦੇ ਉਦੇਸ਼ਾਂ' ਲਈ ਵਰਤਣ ਦੀਆਂ ਕੋਸ਼ਿਸ਼ਾਂ ਨੂੰ ਅਸਵੀਕਾਰ ਕੀਤੇ ਜਾਣ 'ਤੇ ਜ਼ੋਰ ਦਿੰਦਾ ਹੈ।

ਐੱਸਸੀਓ ਨੇ ਕਿਹਾ ਕਿ ਉਹ ਅੱਤਵਾਦੀ ਅਤੇ ਕੱਟੜਪੰਥੀ ਖਤਰਿਆਂ ਦਾ ਮੁਕਾਬਲਾ ਕਰਨ ਵਿੱਚ ਪ੍ਰਭੂਸੱਤਾ ਸੰਪੰਨ ਰਾਜਾਂ ਅਤੇ ਉਨ੍ਹਾਂ ਦੇ ਸਮਰੱਥ ਅਧਿਕਾਰੀਆਂ ਦੀ ਮੋਹਰੀ ਭੂਮਿਕਾ ਨੂੰ ਮਾਨਤਾ ਦਿੰਦਾ ਹੈ। ਐਲਾਨਨਾਮੇ ਵਿਚ ਕਿਹਾ ਗਿਆ, "ਮੈਂਬਰ ਮੁਲਕ ਅੱਤਵਾਦ ਦੀ ਇਸ ਦੇ ਸਾਰੇ ਰੂਪਾਂ ਅਤੇ ਪ੍ਰਗਟਾਵਿਆਂ ਵਿੱਚ ਸਖ਼ਤ ਨਿੰਦਾ ਕਰਦੇ ਹਨ ਅਤੇ ਇਸ ਗੱਲ 'ਤੇ ਜ਼ੋਰ ਦਿੰਦੇ ਹਨ ਕਿ ਅਤਿਵਾਦ ਵਿਰੁੱਧ ਲੜਾਈ ਵਿੱਚ ਦੋਹਰੇ ਮਾਪਦੰਡ ਅਸਵੀਕਾਰਯੋਗ ਹਨ, ਅਤੇ ਕੌਮਾਂਤਰੀ ਭਾਈਚਾਰੇ ਨੂੰ ਅਤਿਵਾਦ ਦਾ ਮੁਕਾਬਲਾ ਕਰਨ ਦਾ ਸੱਦਾ ਦਿੰਦੇ ਹਨ, ਜਿਸ ਵਿੱਚ ਅਤਿਵਾਦੀਆਂ ਦੀ ਸਰਹੱਦ ਪਾਰੋਂ ਸਰਗਰਮੀਆਂ ਵੀ ਸ਼ਾਮਲ ਹਨ।"

ਐੱਸਸੀਓ ਨੇ ਕਿਹਾ ਕਿ ਸੰਯੁਕਤ ਰਾਸ਼ਟਰ ਦੀ ਕੇਂਦਰੀ ਭੂਮਿਕਾ ਹੈ ਕਿ ਉਹ ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਦੇ ਪ੍ਰਸਤਾਵ ਅਤੇ ਸੰਯੁਕਤ ਰਾਸ਼ਟਰ ਦੀ ਗਲੋਬਲ ਅਤਿਵਾਦ ਵਿਰੋਧੀ ਰਣਨੀਤੀ ਨੂੰ ਯੂਐੱਨ ਚਾਰਟਰ ਅਤੇ ਅੰਤਰਰਾਸ਼ਟਰੀ ਕਾਨੂੰਨ ਦੇ ਸਿਧਾਂਤਾਂ ਅਨੁਸਾਰ ਪੂਰੀ ਤਰ੍ਹਾਂ ਲਾਗੂ ਕਰੇ, ਤਾਂ ਜੋ ਸਾਰੇ ਅਤਿਵਾਦੀ ਸਮੂਹਾਂ ਦਾ ਸਾਂਝੇ ਤੌਰ 'ਤੇ ਮੁਕਾਬਲਾ ਕੀਤਾ ਜਾ ਸਕੇ।

### ਮੋਦੀ ਨੇ ਪੁਤਿਨ ਨਾਲ ਮੁਲਾਕਾਤ ਕਰਕੇ

'ਰਚਨਾਤਮਕ' ਢੰਗ ਨਾਲ ਅੱਗੇ ਵਧਣਗੀਆਂ।"

ਉਨ੍ਹਾਂ ਕਿਹਾ ਕਿ ਮਨੁੱਖਤਾ ਦਾ ਸੱਦਾ ਹੈ ਕਿ ਇਸ ਸੰਘਰਸ਼ ਨੂੰ ਜਲਦੀ ਤੋਂ ਜਲਦੀ ਖ਼ਤਮ ਕੀਤਾ ਜਾਵੇ ਅਤੇ ਖੇਤਰ ਵਿੱਚ ਸਥਾਈ ਸ਼ਾਂਤੀ ਲਿਆਉਣ ਦੇ ਤਰੀਕੇ ਲੱਭੇ ਜਾਣ।

ਮੋਦੀ ਨੇ ਇਹ ਵੀ ਕਿਹਾ ਕਿ ਭਾਰਤ ਰੂਸੀ ਆਗੂ ਦੀ ਉਡੀਕ ਕਰ ਰਿਹਾ ਹੈ। ਪੁਤਿਨ ਦਸੰਬਰ ਵਿੱਚ ਮੋਦੀ ਨਾਲ ਸਿਖਰ ਸੰਮੇਲਨ ਦੀ ਗੱਲਬਾਤ ਲਈ ਭਾਰਤ ਦਾ ਦੌਰਾ ਕਰਨ ਵਾਲੇ ਹਨ। ਮੋਦੀ ਨੇ ਕਿਹਾ ਕਿ ਭਾਰਤ ਅਤੇ ਰੂਸ ਮੁਸ਼ਕਲ ਸਮਿਆਂ ਵਿੱਚ ਵੀ ਹਮੇਸ਼ਾ ਮੋਢੇ ਨਾਲ ਮੋਢਾ ਜੋੜ ਕੇ ਅੱਗੇ ਵਧੇ ਹਨ। ਉਨ੍ਹਾਂ ਕਿਹਾ ਕਿ ਭਾਰਤ ਅਤੇ ਰੂਸ ਵਿਚਾਲੇ ਨੇੜਲੇ ਸਬੰਧ ਵਿਸ਼ਵ ਸ਼ਾਂਤੀ, ਸਥਿਰਤਾ ਅਤੇ ਖੁਸ਼ਹਾਲੀ ਲਈ ਮਹੱਤਵਪੂਰਨ ਹਨ।

### ਸ਼ਾਹ ਵੱਲੋਂ ਹਰ ਸੰਭਵ ਮੱਦਦ

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਲਿਖੇ ਇੱਕ ਪੱਤਰ ਵਿੱਚ ਮਾਨ ਨੇ ਕਿਹਾ ਕਿ ਪੰਜਾਬ ਇਸ ਸਮੇਂ ਦਹਾਕਿਆਂ ਵਿੱਚ ਸਭ ਤੋਂ ਭਿਆਨਕ ਹੜ੍ਹ ਆਫ਼ਤ ਦਾ ਸਾਹਮਣਾ ਕਰ ਰਿਹਾ ਹੈ, ਜਿਸ ਨਾਲ ਕਰੀਬ 1,000 ਪਿੰਡ ਅਤੇ ਲੱਖਾਂ ਲੋਕ ਪ੍ਰਭਾਵਿਤ ਹੋਏ ਹਨ।

ਜੰਮੂ-ਕਸ਼ਮੀਰ ਅਤੇ ਹਿਮਾਚਲ ਪ੍ਰਦੇਸ਼ ਦੇ ਨਾਲ-ਨਾਲ ਪੰਜਾਬ ਵਿੱਚ ਪਿਛਲੇ ਦਿਨਾਂ ਤੋਂ ਪੈ ਰਹੇ ਭਾਰੀ ਮੀਂਹ ਕਰਕੇ ਹੜ੍ਹਾਂ ਨੇ ਤਬਾਹੀ ਮਚਾਈ ਹੋਈ ਹੈ। ਇਸ ਦੌਰਾਨ ਪੰਜਾਬ ਦੇ ਰਾਵੀ, ਬਿਆਸ ਅਤੇ ਸਤਲੁਜ ਦਰਿਆ ਚੜ੍ਹੇ ਹੋਏ ਹਨ। ਇਸ ਦੇ ਨਾਲ ਹੀ ਘੱਗਰ ਨਦੀ ਵਿੱਚ ਵੀ ਪਾਣੀ ਦਾ ਪੱਧਰ ਵੱਧ ਗਿਆ ਹੈ। ਹੁਣ ਤੱਕ ਪੰਜਾਬ ਦੇ 12 ਜ਼ਿਲ੍ਹੇ ਹੜ੍ਹਾਂ ਕਰਕੇ ਪ੍ਰਭਾਵਿਤ ਹੋ ਚੁੱਕੇ ਹਨ।

ਇਨ੍ਹਾਂ ਵਿੱਚ ਅੰਮ੍ਰਿਤਸਰ, ਬਰਨਾਲਾ, ਫਾਜ਼ਿਲਕਾ, ਫਿਰੋਜ਼ਪੁਰ, ਗੁਰਦਾਸਪੁਰ, ਹੁਸ਼ਿਆਰਪੁਰ, ਜਲੰਧਰ, ਕਪੂਰਥਲਾ, ਮਾਨਸਾ, ਮੋਗਾ, ਪਠਾਨਕੋਟ ਅਤੇ ਮੁਹਾਲੀ ਦੇ ਕੁਝ ਇਲਾਕੇ ਸ਼ਾਮਲ ਹਨ, ਜਿਸ ਦੇ 1300 ਤੋਂ ਵੱਧ ਪਿੰਡ ਪ੍ਰਭਾਵਿਤ ਹੋ ਚੁੱਕੇ ਹਨ। ਹੜ੍ਹਾਂ ਕਰਕੇ ਪੰਜਾਬ ਵਿੱਚ ਲੱਖਾਂ ਲੋਕ ਬੇਘਰ ਹੋ ਚੁੱਕੇ ਹਨ। ਹੁਣ ਤੱਕ ਪੰਜਾਬ ਵਿੱਚ ਹੜ੍ਹਾਂ ਕਰਕੇ 29 ਵਿਅਕਤੀਆਂ ਦੀ ਮੌਤ ਹੋ ਚੁੱਕੀ ਹੈ ਅਤੇ 15688 ਲੋਕਾਂ ਨੂੰ ਸੁਰੱਖਿਅਤ ਬਾਹਰ ਕੱਢਿਆ ਗਿਆ ਹੈ।

ਪ੍ਰਾਪਤ ਜਾਣਕਾਰੀ ਅਨੁਸਾਰ ਪਠਾਨਕੋਟ ਵਿੱਚ 6, ਅੰਮ੍ਰਿਤਸਰ, ਬਰਨਾਲਾ, ਹੁਸ਼ਿਆਰਪੁਰ, ਲੁਧਿਆਣਾ, ਮਾਨਸਾ ਅਤੇ ਰੋਪੜ ਵਿੱਚ 3-3 ਅਤੇ ਬਠਿੰਡਾ, ਗੁਰਦਾਸਪੁਰ, ਪਟਿਆਲਾ, ਮੁਹਾਲੀ ਤੇ ਸੰਗਰੂਰ ਵਿੱਚ ਇਕ-ਇਕ ਵਿਅਕਤੀ ਦੀ ਮੌਤ ਹੋ ਚੁੱਕੀ ਹੈ। ਇਸ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਸ਼ੂਆਂ ਦਾ ਨੁਕਸਾਨ ਹੋ ਗਿਆ ਹੈ। ਸੂਬਾ ਸਰਕਾਰ ਵੱਲੋਂ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ 129 ਰਾਹਤ ਕੈਂਪ ਚਲਾਏ ਗਏ ਹਨ, ਜਿੱਥੇ 7144 ਲੋਕਾਂ ਨੂੰ ਸੁਰੱਖਿਅਤ ਰੱਖਿਆ ਗਿਆ ਹੈ।

### ਪੰਜਾਬ ਦੇ ਉਚੇਰੀ ਸਿੱਖਿਆ ਸੰਸਥਾਨ 3 ਸਤੰਬਰ ਤੱਕ

ਸਮੇਂ ਦੌਰਾਨ ਪੈਦਾ ਹੋਣ ਵਾਲੀ ਕਿਸੇ ਵੀ ਸਥਿਤੀ ਲਈ ਜ਼ਰੂਰੀ ਉਪਾਅ ਕਰਨਗੇ ਅਤੇ ਜ਼ਰੂਰੀ ਸੇਵਾਵਾਂ ਪ੍ਰਦਾਨ ਕਰਨਗੇ।

ਸ. ਹਰਜੋਤ ਸਿੰਘ ਬੈਂਸ ਨੇ ਸਾਰੇ ਲੋਕਾਂ ਨੂੰ ਜ਼ਿਲ੍ਹਾ ਪ੍ਰਸ਼ਾਸਨ ਅਤੇ ਰਾਜ ਸਰਕਾਰ ਦੁਆਰਾ ਜਾਰੀ ਕੀਤੇ ਜਾਂਦੇ ਦਿਸ਼ਾ-ਨਿਰਦੇਸ਼ਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਆਪਣੇ ਨਾਗਰਿਕਾਂ, ਖਾਸ ਕਰਕੇ ਵਿਦਿਆਰਥੀਆਂ ਦੀ ਭਲਾਈ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ ਅਤੇ ਸਥਿਤੀ ਉੱਤੇ ਲਗਾਤਾਰ ਨੇੜਿਓਂ ਨਜ਼ਰ ਰੱਖੀ ਜਾ ਰਹੀ ਹੈ।

### 'ਵੋਟ ਚੋਰੀ' ਦੇ 'ਐਟਮ ਬੰਬ' ਮਗਰੋਂ ਆਉਣ

ਤੁਹਾਡੀ ਵੋਟ ਚੋਰੀ ਪੂਰੇ ਦੇਸ਼ ਸਾਹਮਣੇ ਬੇਨਕਾਬ ਹੋਣ ਜਾ ਰਹੀ ਹੈ।"

ਇਸ ਤੋਂ ਪਹਿਲਾਂ ਸਾਬਕਾ ਕਾਂਗਰਸ ਪ੍ਰਧਾਨ ਰਾਹੁਲ ਗਾਂਧੀ, ਰਾਸ਼ਟਰੀ ਜਨਤਾ ਦਲ (ਆਰਜੇਡੀ) ਆਗੂ ਤੇਜਸਵੀ ਯਾਦਵ ਅਤੇ ਵਿਰੋਧੀ ਗੱਠਜੋੜ 'ਇੰਡੀਆ' ਦੇ ਕਈ ਹੋਰ ਆਗੂਆਂ ਨੇ ਗਾਂਧੀ ਮੈਦਾਨ ਤੋਂ ਡਾਕ ਬੰਗਲਾ ਚੌਕ ਤੱਕ ਖੁੱਲ੍ਹੇ ਵਾਹਨ ਵਿੱਚ ਸਵਾਰ ਹੋ ਕੇ ਮਾਰਚ ਕੱਢਿਆ। 'ਵੋਟਰ ਅਧਿਕਾਰ ਯਾਤਰਾ' 25 ਜ਼ਿਲ੍ਹਿਆਂ ਦੇ 110 ਤੋਂ ਵੱਧ ਵਿਧਾਨ ਸਭਾ ਹਲਕਿਆਂ ਵਿੱਚੋਂ ਲੰਘੀ ਅਤੇ ਇਸ ਦੌਰਾਨ 1300 ਕਿਲੋਮੀਟਰ ਤੋਂ ਵੱਧ ਦੀ ਦੂਰੀ ਤੈਅ ਕੀਤੀ ਗਈ।

ਸਮਾਜਵਾਦੀ ਪਾਰਟੀ ਦੇ ਪ੍ਰਧਾਨ ਅਖਿਲੇਸ਼ ਯਾਦਵ, ਡੀ ਐੱਮ ਕੇ ਆਗੂ ਅਤੇ ਤਾਮਿਲ ਨਾਡੂ ਦੇ ਮੁੱਖ ਮੰਤਰੀ ਐੱਮ ਕੇ ਸਟਾਲਿਨ ਅਤੇ ਕਾਂਗਰਸ ਸ਼ਾਸਿਤ ਸੂਬਿਆਂ ਦੇ ਮੁੱਖ ਮੰਤਰੀਆਂ ਅਤੇ ਪਾਰਟੀ ਦੇ ਕਈ ਸੀਨੀਅਰ ਆਗੂਆਂ ਨੇ ਇਸ ਯਾਤਰਾ ਵਿੱਚ ਹਿੱਸਾ ਲਿਆ। ਸਾਸਾਰਾਮ ਤੋਂ 17 ਅਗਸਤ ਨੂੰ ਸ਼ੁਰੂ ਹੋਈ ਇਸ ਯਾਤਰਾ ਨੂੰ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਮਹਾਗੱਠਜੋੜ ਦੀ ਵਿਆਪਕ ਚੋਣ ਮੁਹਿੰਮ ਵਜੋਂ ਦੇਖਿਆ ਜਾ ਰਿਹਾ ਹੈ।

ਬਿਹਾਰ ਵਿੱਚ ਇਸ ਸਾਲ ਦੇ ਅਖ਼ੀਰ ਵਿੱਚ ਵਿਧਾਨ ਸਭਾ ਚੋਣਾਂ ਹੋਣੀਆਂ ਹਨ। ਇਹ ਯਾਤਰਾ ਰੋਹਤਾਸ, ਔਰੰਗਾਬਾਦ, ਗਯਾਜੀ, ਨਵਾਦਾ, ਸ਼ੇਖਪੁਰਾ, ਨਾਲੰਦਾ, ਲਖੀਸਰਾਏ, ਮੁੰਗੇਰ, ਕਟਿਹਾਰ, ਪੂਰਨੀਆ, ਸੁਪੌਲ, ਮਧੂਬਨੀ, ਦਰਭੰਗਾ, ਮੁਜ਼ੱਫਰਪੁਰ, ਸੀਤਾਮੜ੍ਹੀ, ਪੂਰਬੀ ਚੰਪਾਰਨ, ਪੱਛਮੀ ਚੰਪਾਰਨ, ਗੋਪਾਲਗੰਜ, ਸੀਵਾਨ, ਸਾਰਨ, ਭੋਜਪੁਰ ਅਤੇ ਕੁਝ ਹੋਰ ਇਲਾਕਿਆਂ ਵਿੱਚੋਂ ਲੰਘੀ।

### ਹੜ੍ਹਾਂ ਨਾਲ ਹੋਏ ਨੁਕਸਾਨ ਦੇ ਇੱਕ-ਇੱਕ ਪੈਸੇ ਦੀ

ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਨੇ ਇਸ ਚੁਣੌਤੀਪੂਰਨ ਸਮੇਂ ਵਿੱਚ ਰਾਹਤ ਕਾਰਜਾਂ ਲਈ ਪਹਿਲਾਂ ਹੀ ਵਿਆਪਕ ਪੱਧਰ 'ਤੇ ਕਦਮ ਚੁੱਕੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਹੜ੍ਹ ਪ੍ਰਭਾਵਿਤ ਜ਼ਿਲ੍ਹਿਆਂ ਵਿੱਚ ਲੋਕਾਂ ਨੂੰ ਸੰਕਟ ਵਿੱਚੋਂ ਕੱਢਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਨੀਵੇਂ ਇਲਾਕਿਆਂ ਵਿੱਚੋਂ ਲੋਕਾਂ ਨੂੰ ਕੱਢਣ ਅਤੇ ਉਨ੍ਹਾਂ ਨੂੰ ਤੁਰੰਤ ਰਾਹਤ ਦੇਣ ਲਈ ਪਹਿਲਾਂ ਹੀ ਪ੍ਰਸ਼ਾਸਨ ਨੂੰ ਹੁਕਮ ਜਾਰੀ ਕੀਤੇ ਜਾ ਚੁੱਕੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜ਼ਿਲ੍ਹਿਆਂ ਦੇ ਸਾਰੇ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਇਕਜੁਟ ਹੋ ਕੇ ਬਚਾਅ ਤੇ ਰਾਹਤ ਕਾਰਜ ਕਰਨ ਲਈ ਆਖਿਆ ਗਿਆ ਹੈ ਤਾਂ ਲੋਕਾਂ ਦੀ ਵੱਧ ਤੋਂ ਵੱਧ ਮਦਦ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਲੋਕਾਂ ਨੂੰ ਹੋਏ ਨੁਕਸਾਨ ਦੇ ਇਕ-ਇਕ ਪੈਸੇ ਦੀ ਭਰਪਾਈ ਕਰੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕੁਦਰਤੀ ਆਫਤ ਨਾਲ ਪੈਦਾ ਹੋਈ ਸਥਿਤੀ 'ਤੇ ਉਹ ਨਿਰੰਤਰ ਨਜ਼ਰ ਰੱਖ ਰਹੇ ਹਨ।

ਮੁੱਖ ਮੰਤਰੀ ਨੇ ਰਾੜਾ ਪੁਲ ਤੇ ਹੋਰ ਥਾਂਵਾਂ ਦਾ ਦੌਰਾ ਕਰਕੇ ਹੜ੍ਹਾਂ ਤੋਂ ਪ੍ਰਭਾਵਿਤ ਇਲਾਕਿਆਂ ਵਿੱਚ ਜ਼ਮੀਨੀ ਪੱਧਰ 'ਤੇ ਸਥਿਤੀ ਦਾ ਜਾਇਜ਼ਾ ਲਿਆ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਨੇ ਪ੍ਰਧਾਨ ਮੰਤਰੀ ਨੂੰ ਪੱਤਰ ਲਿਖ ਕੇ ਭਾਰਤ ਸਰਕਾਰ ਕੋਲ ਸੂਬੇ ਦੇ ਰੁਕੇ ਹੋਏ 60,000 ਕਰੋੜ ਰੁਪਏ ਦੇ ਫੰਡ ਤੁਰੰਤ ਜਾਰੀ ਕਰਨ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਹਾਲ ਵਿੱਚ ਆਏ ਹੜ੍ਹਾਂ ਨਾਲ 1000 ਤੋਂ ਵੱਧ ਪਿੰਡ ਪ੍ਰਭਾਵਿਤ ਹੋਏ ਹਨ ਅਤੇ ਲੱਖਾਂ ਲੋਕਾਂ ਦਾ ਜਨ-ਜੀਵਨ ਲੀਹੋਂ ਲਹਿ ਗਿਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਭਾਰੀ ਮੀਂਹ ਅਤੇ ਡੈਮਾਂ ਤੋਂ ਪਾਣੀ ਛੱਡਣ ਨਾਲ 10 ਤੋਂ ਵੱਧ ਜ਼ਿਲ੍ਹਿਆਂ ਵਿੱਚ ਹੜ੍ਹ ਆਏ ਹਨ। ਉਨ੍ਹਾਂ ਕਿਹਾ ਕਿ ਸਥਿਤੀ ਗੰਭੀਰ ਹੋ ਰਹੀ ਹੈ ਅਤੇ ਇਹ ਹੋਰ ਵੀ ਚਿੰਤਾਜਨਕ ਹੈ ਕਿ ਆਉਂਦੇ ਦਿਨਾਂ ਵਿੱਚ ਹਾਲਾਤ ਹੋਰ ਖਰਾਬ ਹੋ ਸਕਦੇ ਹਨ। ਉਨ੍ਹਾਂ ਇਸ ਗੱਲ 'ਤੇ ਜੋਰ ਦਿੱਤਾ ਕਿ ਲਗਭਗ ਤਿੰਨ ਲੱਖ ਏਕੜ ਖੇਤੀਬਾੜੀ ਜਮੀਨ ਮੁੱਖ ਤੌਰ 'ਤੇ ਝੋਨੇ ਦੇ ਖੇਤ, ਹੜ੍ਹ ਦੇ ਪਾਣੀ ਨਾਲ ਡੁੱਬੇ ਹੋਏ ਹਨ, ਜਿਸ ਕਾਰਨ ਵਾਢੀ ਤੋਂ ਕੁਝ ਹਫਤੇ ਪਹਿਲਾਂ ਹੀ ਫਸਲਾਂ ਦਾ ਵੱਡਾ ਨੁਕਸਾਨ ਹੋਇਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਸ਼ੂਆਂ ਦਾ ਵੀ ਕਾਫ਼ੀ ਨੁਕਸਾਨ ਹੋਇਆ ਹੈ, ਜਿਸ ਨਾਲ ਆਪਣੀ ਰੋਜ਼ੀ-ਰੋਟੀ ਲਈ ਡੇਅਰੀ ਫਾਰਮਿੰਗ ਅਤੇ ਪਸ਼ੂ ਪਾਲਣ 'ਤੇ ਨਿਰਭਰ ਪੇਂਡੂ ਇਲਾਕੇ ਬੁਰੀ ਤਰ੍ਹਾਂ ਪ੍ਰਭਾਵਿਤ ਹੋਏ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਰਾਹਤ ਤੇ ਬਚਾਅ ਕਾਰਜਾਂ ਨੂੰ ਪੂਰਾ ਕਰਨ ਲਈ ਵੱਖ-ਵੱਖ ਵਿਭਾਗਾਂ ਦੇ ਮੁਲਾਜ਼ਮ ਦਿਨ-ਰਾਤ ਲੋਕਾਂ ਦੀ ਮੱਦਦ ਲਈ ਜੁਟੇ ਹੋਏ ਹਨ। ਭਗਵੰਤ ਸਿੰਘ ਮਾਨ ਨੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਦਰਿਆਵਾਂ ਦੇ ਨਾਲ ਲੱਗਦੇ ਪਾੜਾਂ ਨੂੰ ਪੂਰਨ ਦੇ ਨਾਲ-ਨਾਲ ਮੈਡੀਕਲ ਟੀਮਾਂ ਨੂੰ ਬਿਮਾਰੀਆਂ ਤੋਂ ਬਚਾਅ ਲਈ ਹਰੇਕ ਪਿੰਡ ਵਿੱਚ ਸਿਹਤ ਸੰਭਾਲ ਸੇਵਾਵਾਂ ਪ੍ਰਦਾਨ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਰਾਹਤ ਕਾਰਜਾਂ ਦੇ ਨਾਲ-ਨਾਲ ਮੈਡੀਕਲ ਟੀਮਾਂ ਨੂੰ ਪਾਣੀ ਦੇ ਨਮੂਨੇ ਲੈਣ, ਘਰਾਂ ਤੇ ਪਿੰਡਾਂ ਦੇ ਅੰਦਰ ਅਤੇ ਬਾਹਰ ਸਪਰੇਅ ਦੇ ਛਿੜਕਾਅ, ਪਾਣੀ ਦੀ ਕਲੋਰੀਨੇਸ਼ਨ, ਬੁਖਾਰ ਦੇ ਸਰਵੇਖਣ, ਮਲੇਰੀਆ ਅਤੇ ਡੇਗੂ ਦਾ ਸਮੇਂ ਸਿਰ ਪਤਾ ਲਾਉਣ ਲਈ ਕਾਰਡ ਟੈਸਟ ਅਤੇ ਸੈਨੇਟਰੀ ਨੈਪਕਿਨ ਅਤੇ ਮੱਛਰਦਾਨੀਆਂ ਵੰਡਣ ਦੇ ਕਾਰਜਾਂ ਲਈ ਵੀ ਲੋੜੀਂਦੇ ਆਦੇਸ਼ ਜਾਰੀ ਕੀਤੇ ਜਾ ਚੁੱਕੇ ਹਨ।

ਮੁੱਖ ਮੰਤਰੀ ਨੇ ਇਹ ਵੀ ਕਿਹਾ ਕਿ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਨੂੰ ਪਿੰਡਾਂ ਵਿੱਚ ਸਾਫ ਤੇ ਪੀਣ ਯੋਗ ਪਾਣੀ ਮੁਹੱਈਆ ਕਰਵਾਉਣ ਲਈ ਪਾਣੀ ਦੇ ਟੈਂਕਰਾਂ ਨੂੰ ਉਦੋਂ ਤੱਕ ਸੇਵਾ ਲਈ ਲਾਇਆ ਜਾਵੇ, ਜਦੋਂ ਤੱਕ ਜਲ ਸਪਲਾਈ ਸਕੀਮਾਂ ਰਾਹੀਂ ਸਪਲਾਈ ਪੂਰੀ ਤਰ੍ਹਾਂ ਬਹਾਲ ਨਹੀਂ ਹੋ ਜਾਂਦੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸੇ ਤਰ੍ਹਾਂ ਵਾਟਰ ਟੈਸਟਿੰਗ ਟੀਮਾਂ ਨੂੰ ਕਿਸੇ ਵੀ ਮਹਾਂਮਾਰੀ ਦੇ ਫੈਲਾਅ ਤੋਂ ਬਚਣ ਲਈ ਸਾਰੇ ਪਿੰਡਾਂ ਵਿੱਚ ਪਾਣੀ ਦੀ ਗੁਣਵੱਤਾ ਦੀ ਜਾਂਚ ਕਰਨ ਲਈ ਕਿਹਾ ਗਿਆ ਹੈ। ਉਨ੍ਹਾਂ ਕਿਹਾ ਕਿ ਹੜ੍ਹ ਪ੍ਰਭਾਵਿਤ ਪਿੰਡਾਂ ਦੇ ਲੋਕਾਂ ਨੂੰ ਪਾਣੀ ਦੇ ਨਾਲ-ਨਾਲ ਸੁੱਕੇ ਰਾਸ਼ਨ ਦੀਆਂ ਕਿੱਟਾਂ, ਖੰਡ, ਚੌਲ, ਆਟਾ, ਘਿਓ, ਦੁੱਧ ਪਾਊਡਰ ਮੁਹੱਈਆ ਕਰਵਾਇਆ ਜਾ ਰਿਹਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਹੜ੍ਹਾਂ ਦੀ ਮਾਰ ਹੇਠਲੇ ਪਿੰਡਾ 'ਚੋਂ ਪਾਣੀ ਕੱਢਣ ਲਈ ਪੰਪਿੰਗ ਦੇ ਕਾਰਜ ਪਹਿਲਾਂ ਹੀ ਜੰਗੀ ਪੱਧਰ 'ਤੇ ਚੱਲ ਰਹੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪ੍ਰਭਾਵਿਤ ਲੋਕਾਂ ਨੂੰ ਰਾਹਤ ਕੈਂਪਾਂ ਤੇ ਮੈਡੀਕਲ ਕੈਂਪਾਂ ਰਾਹੀਂ ਅਤੇ ਇੱਥੋਂ ਤੱਕ ਕਿ ਉਨ੍ਹਾਂ ਦੇ ਦਰਾਂ 'ਤੇ ਜਾ ਕੇ ਡਾਕਟਰੀ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪਿੰਡਾਂ ਵਿੱਚ ਮੋਬਾਈਲ ਮੈਡੀਕਲ ਯੂਨਿਟ ਤਾਇਨਾਤ ਕੀਤੇ ਜਾ ਰਹੇ ਹਨ ਤਾਂ ਜੋ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕਣ। ਉਨ੍ਹਾਂ ਕਿਹਾ ਕਿ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਡੇਗੂ ਦੇ ਲਾਰਵੇ ਦਾ ਪਤਾ ਲਾਉਣ ਲਈ ਸਮਰਪਿਤ ਐਂਟੀ ਲਾਰਵਾ ਟੀਮਾਂ ਵੀ ਤਾਇਨਾਤ ਕੀਤੀਆਂ ਜਾ ਰਹੀਆਂ ਹਨ।

ਉਨ੍ਹਾਂ ਕਿਹਾ ਕਿ ਵਿਸੇਸ ਟੀਮਾਂ ਪਿੰਡਾਂ ਦਾ ਦੌਰਾ ਕਰਕੇ ਲੋਕਾਂ ਨੂੰ ਮਲੇਰੀਆ, ਡੇਗੂ, ਦਸਤ, ਟਾਈਫਾਈਡ ਅਤੇ ਚਮੜੀ ਦੀਆਂ ਸਮੱਸਿਆਵਾਂ ਵਰਗੀਆਂ ਬਿਮਾਰੀਆਂ ਨੂੰ ਰੋਕਣ ਦੇ ਉਪਾਵਾਂ ਬਾਰੇ ਜਾਗਰੂਕ ਕਰਨ ਦੇ ਆਦੇਸ਼ ਦਿੱਤੇ ਗਏ ਹਨ। ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਕਿ ਪ੍ਰਭਾਵਿਤ ਪਸ਼ੂਆਂ ਦੇ ਇਲਾਜ ਤੇ ਟੀਕਾਕਰਨ, ਜਾਨਵਰਾਂ ਦੇ ਕੀੜੇ ਮਾਰਨ ਅਤੇ ਫੀਡ/ਚਾਰੇ ਦੀ ਵਿਵਸਥਾ ਲਈ ਵੱਡੀ ਗਿਣਤੀ ਵਿੱਚ ਵੈਟਰਨਰੀ ਟੀਮਾਂ ਤਾਇਨਾਤ ਕੀਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਵਿਆਪਕ ਪੱਧਰ 'ਤੇ ਸੈਨੀਟਾਈਜੇਸਨ ਮੁਹਿੰਮ ਚਲਾਉਣ ਦੇ ਨਾਲ-ਨਾਲ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਦੇ ਫੈਲਾਅ ਨੂੰ ਰੋਕਣ ਲਈ ਫੌਗਿੰਗ ਟੀਮਾਂ ਤਾਇਨਾਤ ਕੀਤੀਆਂ ਜਾ ਰਹੀਆਂ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੈਨੇਟਰੀ ਤੇ ਮਨਰੇਗਾ ਵਰਕਰਾਂ ਨੂੰ ਪਿੰਡਾਂ ਦੀ ਸਫਾਈ ਦਾ ਕੰਮ ਸੌਂਪਿਆ ਜਾਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਨਾਲੇ/ਨਾਲੀਆਂ ਵਿੱਚ ਬਲੀਚਿੰਗ ਪਾਊਡਰ ਦਾ ਛਿੜਕਾਅ ਕੀਤਾ ਜਾਵੇਗਾ ਤਾਂ ਜੋ ਬਦਬੂ ਨੂੰ ਰੋਕਣ ਦੇ ਨਾਲ-ਨਾਲ ਇਸ ਤੋਂ ਹੋਣ ਵਾਲੀਆਂ ਬਿਮਾਰੀਆਂ ਦੇ ਫੈਲਾਅ ਨੂੰ ਰੋਕਿਆ ਜਾ ਸਕੇ। ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਸੰਕਟ ਦੀ ਇਸ ਘੜੀ ਵਿੱਚ ਲੋਕਾਂ ਦੀ ਮਦਦ ਕਰਨ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਅਜਿਹੀ ਸਥਿਤੀ ਨਾਲ ਪੂਰੀ ਸਮਰੱਥਾ ਨਾਲ ਨਜਿੱਠੇਗੀ।

ਇਸ ਮੌਕੇ ਮੁੱਖ ਮੰਤਰੀ ਦੇ ਨਾਲ ਕੈਬਨਿਟ ਮੰਤਰੀ ਡਾ. ਰਵਜੋਤ, ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਅਤੇ ਹੋਰ ਵੀ ਮੌਜੂਦ ਸਨ।

### ਉੱਤਰਾਖੰਡ 'ਚ ਢਿੱਗਾਂ ਡਿੱਗਣ ਕਾਰਨ

ਮਲਬਾ ਡਿੱਗਿਆ ਅਤੇ ਸੜਕ ਤੋਂ ਲੰਘ ਰਹੇ ਇੱਕ ਵਾਹਨ ਨਾਲ ਟਕਰਾ ਗਿਆ, ਜਿਸ ਨਾਲ ਦੋ ਯਾਤਰੀਆਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਉਨ੍ਹਾਂ ਕਿਹਾ ਕਿ ਵਾਹਨ ਵਿੱਚ ਸਵਾਰ ਛੇ ਹੋਰ ਲੋਕ ਜ਼ਖਮੀ ਹੋ ਗਏ ਹਨ ਜਿਨ੍ਹਾਂ ਵਿੱਚੋਂ ਚਾਰ ਨੂੰ ਇਲਾਜ ਲਈ ਵੱਡੇ ਹਸਪਤਾਲ ਭੇਜਿਆ ਗਿਆ ਹੈ। ਮ੍ਰਿਤਕਾਂ ਦੀ ਪਛਾਣ ਉੱਤਰਕਾਸ਼ੀ ਜ਼ਿਲ੍ਹੇ ਦੇ ਬਾਰਕੋਟ ਤੋਂ ਗੀਤਾ (30) ਅਤੇ ਚੰਦਰ ਸਿੰਘ (68) ਵਜੋਂ ਹੋਈ ਹੈ। ਜ਼ਖਮੀਆਂ ਦੀ ਪਛਾਣ ਮੋਹਿਤ ਚੌਹਾਨ, ਨਵੀਨ ਸਿੰਘ ਰਾਵਤ, ਪ੍ਰਤਿਭਾ, ਮਮਤਾ, ਰਾਜੇਸ਼ਵਰੀ ਅਤੇ ਪੰਕਜ ਵਜੋਂ ਹੋਈ ਹੈ ਜੋ ਕਿ ਉੱਤਰਕਾਸ਼ੀ ਜ਼ਿਲ੍ਹੇ ਤੋਂ ਵੀ ਹਨ। ਇੱਕ ਅਧਿਕਾਰੀ ਨੇ ਦੱਸਿਆ ਕਿ ਭਾਰੀ ਮੀਂਹ ਦੇ ਮੱਦੇਨਜ਼ਰ, ਰੁਦਰਪ੍ਰਯਾਗ ਜ਼ਿਲ੍ਹਾ ਪ੍ਰਸ਼ਾਸਨ ਨੇ ਕੇਦਾਰਨਾਥ ਯਾਤਰਾ ਨੂੰ ਤਿੰਨ ਸਤੰਬਰ ਤੱਕ ਤਿੰਨ ਦਿਨਾਂ ਲਈ ਰੋਕ ਦਿੱਤਾ ਹੈ।

### ਸਾਂਸਦ ਅੰਮ੍ਰਿਤਪਾਲ ਸਿੰਘ ਉਪ-ਰਾਸ਼ਟਰਪਤੀ ਦੀ ਚੋਣ

ਪੋਸਟਲ ਬੈਲਟ ਪੇਪਰ ਜਾਰੀ ਕੀਤਾ ਜਾਵੇ।

ਨਿਰਧਾਰਤ ਪ੍ਰਕਿਰਿਆ ਦੇ ਅਨੁਸਾਰ ਨਜ਼ਰਬੰਦੀ (ਪ੍ਰੀਵੈਂਟਿਵ ਡਿਟੈਂਸ਼ਨ) ਅਧੀਨ ਜੇਲ੍ਹ 'ਚ ਬੰਦ ਵੋਟਰਾਂ ਲਈ ਪੋਸਟਲ ਬੈਲਟ ਪੇਪਰ ਸਿਰਫ਼ ਵੋਟਾਂ ਵਾਲੇ ਦਿਨ ਹੀ ਪ੍ਰਦਾਨ ਕੀਤੇ ਜਾਂਦੇ ਹਨ ਅਤੇ ਨਿਸ਼ਾਨ ਲੱਗਿਆ (ਮਾਰਕ ਕੀਤਾ) ਪੋਸਟਲ ਬੈਲਟ ਵਾਲਾ ਸੀਲਬੰਦ ਲਿਫ਼ਾਫ਼ਾ ਵੋਟਾਂ ਦੀ ਗਿਣਤੀ ਸ਼ੁਰੂ ਹੋਣ ਤੋਂ ਪਹਿਲਾਂ ਰਿਟਰਨਿੰਗ ਅਫਸਰ ਕੋਲ ਪਹੁੰਚਣਾ ਲਾਜ਼ਮੀ ਹੈ।

ਇਸ ਅਨੁਸਾਰ ਕਮਿਸ਼ਨ ਨੇ ਗ੍ਰਹਿ ਮੰਤਰਾਲੇ ਅਤੇ ਅਸਾਮ ਸਰਕਾਰ ਦੇ ਮੁੱਖ ਸਕੱਤਰ ਨੂੰ ਨਿਰਦੇਸ਼ ਦਿੱਤੇ ਹਨ ਕਿ ਉਹ ਇਹ ਯਕੀਨੀ ਬਣਾਉਣ ਕਿ ਅੰਮ੍ਰਿਤਪਾਲ ਸਿੰਘ ਦੁਆਰਾ ਨਿਸ਼ਾਨ ਲੱਗਿਆ ਪੋਸਟਲ ਬੈਲਟ ਵਾਲਾ ਸੀਲਬੰਦ ਲਿਫ਼ਾਫ਼ਾ ਅਸਾਮ ਦੇ ਡਿਬਰੂਗੜ੍ਹ ਤੋਂ ਇੱਕ ਵਿਸ਼ੇਸ਼ ਸੰਦੇਸ਼ਵਾਹਕ ਦੁਆਰਾ ਹਵਾਈ ਸਫ਼ਰ ਰਾਹੀਂ ਲਿਜਾਇਆ ਜਾਵੇ ਤਾਂ ਜੋ ਇਹ ਵੋਟਾਂ ਦੀ ਗਿਣਤੀ ਲਈ ਨਿਰਧਾਰਤ ਮਿਤੀ 9 ਸਤੰਬਰ 2025 ਨੂੰ ਸ਼ਾਮ 6 ਵਜੇ ਤੋਂ ਪਹਿਲਾਂ ਰਿਟਰਨਿੰਗ ਅਫਸਰ ਕੋਲ ਪਹੁੰਚ ਜਾਵੇ।

ਸਬੰਧਤ ਅਧਿਕਾਰੀਆਂ ਨੂੰ ਇਸ ਸਬੰਧੀ ਤੁਰੰਤ ਪ੍ਰਬੰਧ ਕਰਕੇ ਕਮਿਸ਼ਨ ਨੂੰ ਇਸ ਬਾਰੇ ਜਾਣਕਾਰੀ ਦੇਣ ਦੇ ਨਿਰਦੇਸ਼ ਦਿੱਤੇ ਗਏ ਹਨ।

### ਭਾਸ਼ਾ ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ

ਡਾਇਰੈਕਟਰ ਜਸਵੰਤ ਸਿੰਘ ਨੂੰ ਅਕਾਲ ਤਖ਼ਤ 'ਤੇ ਸੱਦਿਆ ਗਿਆ ਸੀ। ਇਸੇ ਤਹਿਤ ਜਸਵੰਤ ਸਿੰਘ ਅੱਜ ਪੇਸ਼ ਹੋਏ ਅਤੇ ਜਥੇਦਾਰ ਦੇ ਸਨਮੁਖ ਆਪਣਾ ਪੱਖ ਰੱਖਿਆ। ਜਸਵੰਤ ਸਿੰਘ ਨੇ ਪੇਸ਼ ਹੋਣ ਮੌਕੇ ਆਪਣਾ ਦਾਹੜ੍ਹਾ ਬੰਨ੍ਹਿਆ ਹੋਇਆ ਸੀ। ਜਥੇਦਾਰ ਗੜਗੱਜ ਦੇ ਆਦੇਸ਼ ਅਨੁਸਾਰ ਮਗਰੋਂ ਉਹ ਦਾਹੜ੍ਹਾ ਖੋਲ੍ਹ ਕੇ ਪੇਸ਼ ਹੋਏ ਹਨ।

ਦੱਸਣ ਯੋਗ ਹੈ ਕਿ ਇਸ ਤੋਂ ਪਹਿਲਾਂ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਵੀ ਆਪਣੀ ਗਲਤੀ ਮੰਨੀ ਸੀ ਅਤੇ ਖਿਮਾ ਯਾਚਨਾ ਕੀਤੀ ਸੀ। ਜਿਸ ਤੋਂ ਬਾਅਦ ਉਨ੍ਹਾਂ ਨੂੰ ਤਨਖਾਹ ਲਾਈ ਗਈ ਸੀ। ਉਹ ਆਪਣੀ ਤਨਖਾਹ ਪੂਰੀ ਕਰਨ ਮਗਰੋਂ ਖਿਮਾ ਯਾਚਨਾ ਦੀ ਅਰਦਾਸ ਕਰਵਾ ਚੁੱਕੇ ਹਨ। ਇਸੇ ਮਾਮਲੇ ਵਿੱਚ ਪੰਜਾਬੀ ਗਾਇਕ ਬੀਰ ਸਿੰਘ ਵੀ ਸ੍ਰੀ ਅਕਾਲ ਤਖ਼ਤ ਦੇ ਜਥੇਦਾਰ ਨੂੰ ਮਿਲ ਕੇ ਖਿਮਾ ਯਾਚਨਾ ਦੀ ਅਪੀਲ ਕਰ ਚੁੱਕੇ ਹਨ।

### ਟੀ.ਐਮ.ਸੀ. ਦੀ ਸਟੇਜ ਹਟਾਉਣ ਲਈ

ਕਰ ਰਹੀ ਹੈ। ਇਹ ਅਨੈਤਿਕ ਅਤੇ ਗੈਰ-ਜਮਹੂਰੀ ਹੈ।" ਉਨ੍ਹਾਂ ਕਿਹਾ ਕਿ ਫੌਜ ਨੂੰ ਸਟੇਜ ਹਟਾਉਣ ਤੋਂ ਪਹਿਲਾਂ ਕੋਲਕਾਤਾ ਪੁਲਿਸ ਨਾਲ ਸਲਾਹ-ਮਸ਼ਵਰਾ ਕਰਨਾ ਚਾਹੀਦਾ ਸੀ। ਉਨ੍ਹਾਂ ਕਿਹਾ, "ਉਹ ਮੈਨੂੰ ਬੁਲਾ ਲੈਂਦੇ ਅਤੇ ਮੈਂ ਕੁਝ ਮਿੰਟਾਂ ਵਿੱਚ ਸਟੇਜ ਹਟਾ ਦਿੰਦੀ।" ਬੰਗਾਲ ਦੀ ਮੁੱਖ ਮੰਤਰੀ ਨੇ ਕਿਹਾ, "ਮੈਂ ਫੌਜ ਨੂੰ ਦੋਸ਼ ਨਹੀਂ ਦਿੰਦੀ, ਬੱਸ ਉਸ ਨੂੰ ਅਪੀਲ ਕਰਦੀ ਹਾਂ ਕਿ ਉਹ ਨਿਰਪੱਖ ਰਹੇ ਅਤੇ ਭਾਜਪਾ ਦੇ ਹੱਥਾਂ ਵਿੱਚ ਨਾ ਖੇਡੇ।" ਇੱਕ ਰੱਖਿਆ ਅਧਿਕਾਰੀ ਨੇ ਦੱਸਿਆ ਕਿ ਭਾਰਤੀ ਫੌਜ (ਸਥਾਨਕ ਫੌਜੀ ਅਥਾਰਟੀ, ਕੋਲਕਾਤਾ) ਸੁਪਰੀਮ ਕੋਰਟ ਦੇ ਨਿਰਦੇਸ਼ਾਂ ਅਨੁਸਾਰ ਮੈਦਾਨੀ ਖੇਤਰ ਵਿੱਚ ਦੋ ਦਿਨਾਂ ਲਈ ਸਮਾਗਮ ਕਰਵਾਉਣ ਦੀ ਇਜਾਜ਼ਤ ਦਿੰਦੀ ਹੈ। ਤਿੰਨ ਦਿਨਾਂ ਤੋਂ ਵੱਧ ਸਮਾਗਮਾਂ ਲਈ ਰੱਖਿਆ ਮੰਤਰਾਲੇ ਤੋਂ ਇਜਾਜ਼ਤ ਲੈਣੀ ਜ਼ਰੂਰੀ ਹੈ। ਉਨ੍ਹਾਂ ਕਿਹਾ, "ਇਸ ਸਮਾਗਮ ਨੂੰ ਦੋ ਦਿਨਾਂ ਲਈ ਕਰਨ ਦੀ ਇਜਾਜ਼ਤ ਦਿੱਤੀ ਗਈ ਸੀ। ਹਾਲਾਂਕਿ, ਸਟੇਜ ਲਗਪਗ ਇੱਕ ਮਹੀਨੇ ਤੋਂ ਲੱਗੀ ਹੋਈ ਹੈ। ਪ੍ਰਬੰਧਕਾਂ ਨੂੰ ਅਸਥਾਈ ਢਾਂਚੇ ਨੂੰ ਹਟਾਉਣ ਲਈ ਕਈ ਵਾਰ ਸੂਚਿਤ ਕੀਤਾ ਜਾ ਚੁੱਕਾ ਹੈ। ਹਾਲਾਂਕਿ, ਇਸਨੂੰ ਹਟਾਇਆ ਨਹੀਂ ਗਿਆ।"

### ਅਫ਼ਗਾਨਿਸਤਾਨ 'ਚ ਜ਼ਬਰਦਸਤ ਭੂਚਾਲ

ਹੋ ਗਏ ਹਨ। ਮੰਤਰਾਲੇ ਦੇ ਬੁਲਾਰੇ ਅਬਦੁਲ ਮਤੀਨ ਕਾਨੀ ਨੇ ਦੱਸਿਆ ਕਿ ਰਾਹਤ ਤੇ ਬਚਾਅ ਕਾਰਜ ਲਗਾਤਾਰ ਜਾਰੀ ਹਨ ਤੇ ਡਾਕਟਰੀ, ਆਵਾਜਾਈ, ਭੋਜਨ ਅਤੇ ਸਹਾਇਤਾ ਟੀਮਾਂ ਨੇ ਆਫ਼ਤ ਤੋਂ ਪ੍ਰਭਾਵਿਤ ਲੋਕਾਂ ਨੂੰ ਮਦਦ ਪਹੁੰਚਾਉਣ ਲਈ ਯਤਨ ਤੇਜ਼ ਕਰ ਦਿੱਤੇ ਹਨ। ਜ਼ਿਕਰਯੋਗ ਹੈ ਕਿ 6.3 ਤੀਬਰਤਾ ਦੇ ਭੂਚਾਲ ਨੇ ਭਾਰੀ ਤਬਾਹੀ ਮਚਾਈ, ਜਿਸ ਤੋਂ ਬਾਅਦ ਇਕ ਤੋਂ ਬਾਅਦ ਇਕ 7 ਵਾਰ ਹੋਰ ਧਰਤੀ ਕੰਬ ਗਈ ਹੈ, ਜਿਸ ਕਾਰਨ ਸਥਿਤੀ ਨੂੰ ਸੰਭਾਲਣਾ ਔਖਾ ਹੁੰਦਾ ਜਾ ਰਿਹਾ ਹੈ ਤੇ ਰਾਹਤ ਤੇ ਬਚਾਅ ਕਾਰਜਾਂ 'ਚ ਵੀ ਵਿਘਨ ਪੈ ਰਿਹਾ ਹੈ। ਇਨ੍ਹਾਂ ਝਟਕਿਆਂ ਕਾਰਨ ਨੁਕਸਾਨ ਹੋਰ ਵਧਣ ਦਾ ਵੀ ਖ਼ਦਸ਼ਾ ਹੈ।

### ਦਾਅਵੇ-ਇਤਰਾਜ ਸਮਾਂ ਸੀਮਾ ਤੋਂ ਬਾਅਦ ਵੀ

ਵਲੰਟੀਅਰਾਂ ਦੀ ਤੈਨਾਤੀ ਕਰੇ। ਚੋਣ ਕਮਿਸ਼ਨ ਵੱਲੋਂ ਪੇਸ਼ ਹੋਏ ਸੀਨੀਅਰ ਵਕੀਲ ਰਾਕੇਸ਼ ਦਿਵੇਦੀ ਨੇ ਕਿਹਾ,'ਕਿਸੇ ਵੀ ਸਮਾਂ ਸੀਮਾ ਵਿੱਚ ਵਾਧਾ ਪੂਰੇ ਅਭਿਆਸ ਅਤੇ ਅੰਤਿਮ ਵੋਟਰ ਸੂਚੀ ਨੂੰ ਅੰਤਿਮ ਰੂਪ ਦੇਣ ਵਿੱਚ ਵਿਘਨ ਪਾਵੇਗਾ।' ਚੋਣ ਕਮਿਸ਼ਨ ਨੇ ਅੱਗੇ ਕਿਹਾ ਕਿ ਖਰੜੇ ਵਿੱਚ ਸ਼ਾਮਲ 2.74 ਕਰੋੜ ਵੋਟਰਾਂ ਵਿੱਚੋਂ 99.5 ਫ਼ੀਸਦੀ ਨੇ ਯੋਗਤਾ ਦਸਤਾਵੇਜ਼ ਦਾਖਲ ਕੀਤੇ ਹਨ ਅਤੇ ਆਰ.ਜੇ.ਡੀ. ਦੇ ਉਨ੍ਹਾਂ ਦਾਅਵਿਆਂ ਦਾ ਖੰਡਨ ਕੀਤਾ, ਜਿਸ ਵਿੱਚ ਪਾਰਟੀ ਨੇ 36 ਦਾਅਵੇ ਦਾਖਲ ਕਰਨ ਦੀ ਗੱਲ ਕਹੀ ਸੀ। ਕਮਿਸ਼ਨ ਨੇ ਕਿਹਾ ਕਿ ਪਾਰਟੀ ਨੇ ਸਿਰਫ 10 ਅਜਿਹੇ ਦਾਅਵੇ ਦਾਖਲ ਕੀਤੇ ਹਨ। ਦਿਵੇਦੀ ਨੇ ਅੱਗੇ ਕਿਹਾ ਕਿ ਆਰ.ਜੇ.ਡੀ. ਪਾਰਟੀ ਨੇ ਆਪਣੀ ਪਟੀਸ਼ਨ ਵਿੱਚ ਜਿਨ੍ਹਾਂ 36 ਦਾਅਵਿਆਂ ਦਾ ਜ਼ਿਕਰ ਕੀਤਾ ਸੀ, ਉਨ੍ਹਾਂ ਨੂੰ ਵੀ 'ਬਾਕਾਇਦਾ ਸਵੀਕਾਰ ਕਰ ਲਿਆ ਗਿਆ' ਹੈ। ਚੋਣ ਕਮਿਸ਼ਨ ਨੇ ਕਿਹਾ ਕਿ ਉਹ ਉਨ੍ਹਾਂ ਵੋਟਰਾਂ ਨੂੰ ਸੱਤ ਦਿਨਾਂ ਦੇ ਅੰਦਰ ਨੋਟਿਸ ਜਾਰੀ ਕਰੇਗਾ, ਜਿਨ੍ਹਾਂ ਦੇ ਦਸਤਾਵੇਜ਼ ਅਧੂਰੇ ਹਨ ਅਤੇ ਐੱਸ.ਆਈ.ਆਰ. ਨੂੰ ਇੱਕ 'ਲਗਾਤਾਰ ਚੱਲਣ ਵਾਲਾ ਅਭਿਆਸ' ਕਿਹਾ। ਦੂਜੇ ਪਾਸੇ, ਬੈਂਚ ਨੇ ਪੈਰਾਲੀਗਲ ਵਲੰਟੀਅਰਾਂ ਨੂੰ ਸਬੰਧਤ ਜ਼ਿਲ੍ਹਾ ਜੱਜਾਂ ਕੋਲ ਗੁਪਤ ਰਿਪੋਰਟਾਂ ਦਾਇਰ ਕਰਨ ਦਾ ਨਿਰਦੇਸ਼ ਦਿੱਤਾ ਅਤੇ ਇਨ੍ਹਾਂ 'ਤੇ 8 ਸਤੰਬਰ ਨੂੰ ਵਿਚਾਰ ਕੀਤਾ ਜਾਵੇਗਾ। ਆਰ.ਜੇ.ਡੀ. ਅਤੇ ਏ.ਆਈ.ਐੱਮ.ਆਈ.ਐੱਮ. ਨੇ ਚੋਣਾਂ ਵਾਲੇ ਸੂਬੇ ਬਿਹਾਰ ਵਿੱਚ ਵੋਟਰ ਸੋਧ ਅਭਿਆਸ ਵਿੱਚ ਦਾਅਵੇ ਅਤੇ ਇਤਰਾਜ਼ ਦਾਖਲ ਕਰਨ ਦੀ ਸਮਾਂ ਸੀਮਾ ਵਧਾਉਣ ਦੀ ਮੰਗ ਕੀਤੀ ਹੈ। ਵੋਟਰਾਂ ਦੇ ਨਾਮਾਂ ਨੂੰ ਖਰੜੇ ਵਿੱਚੋਂ ਸ਼ਾਮਲ ਕਰਨ ਜਾਂ ਬਾਹਰ ਕੱਢਣ ਲਈ ਦਾਅਵੇ ਅਤੇ ਇਤਰਾਜ਼ ਦਾਖਲ ਕਰਨ ਦੀ ਆਖ਼ਰੀ ਮਿਤੀ ਅੱਜ ਸੀ।

### ਐਸ.ਆਈ.ਆਰ. ਮਗਰੋਂ ਨਵੇਂ ਵੋਟਰ ਪਛਾਣ ਪੱਤਰ

ਵੋਟਰਾਂ ਨੂੰ ਜਦੋਂ ਗਣਨਾ ਫਾਰਮ ਦਿੱਤੇ ਗਏ ਤਾਂ ਉਨ੍ਹਾਂ ਨੂੰ ਭਰੇ ਹੋਏ ਦਸਤਾਵੇਜ਼ ਆਪਣੀ ਨਵੀਂ ਤਸਵੀਰ ਨਾਲ ਜਮ੍ਹਾਂ ਕਰਨ ਲਈ ਕਿਹਾ ਗਿਆ। ਨਵੀਂ ਤਸਵੀਰ ਦੀ ਵਰਤੋਂ ਰਿਕਾਰਡ ਨੂੰ ਅਪਡੇਟ ਕਰਨ ਅਤੇ ਨਵੇਂ ਵੋਟਰ ਪਛਾਣ ਪੱਤਰ ਜਾਰੀ ਕਰਨ ਲਈ ਕੀਤੀ ਜਾਵੇਗੀ। ਆਖਰੀ ਵੋਟਰ ਸੂਚੀ 30 ਅਗਸਤ ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ ਅਤੇ ਸੂਬੇ 'ਚ ਵਿਧਾਨ ਸਭਾ ਚੋਣਾਂ ਨਵੰਬਰ 'ਚ ਹੋਣ ਦੀ ਸੰਭਾਵਨਾ ਹੈ।

ਐੱਸ.ਆਈ.ਆਰ. ਦੌਰਾਨ ਚੋਣ ਕਮਿਸ਼ਨ ਨੇ ਕਾਂਗਰਸ ਦੀਆਂ 89 ਲੱਖ ਸ਼ਿਕਾਇਤਾਂ ਰੱਦ ਕੀਤੀਆਂ: ਖੇੜਾ

ਪਟਨਾ: ਸੀਨੀਅਰ ਕਾਂਗਰਸ ਆਗੂ ਪਵਨ ਖੇੜਾ ਨੇ ਅੱਜ ਦਾਅਵਾ ਕੀਤਾ ਕਿ ਵੋਟਰ ਸੂਚੀਆਂ ਦੀ ਵਿਸ਼ੇਸ਼ ਵਿਆਪਕ ਸੁਧਾਈ (ਐੱਸ.ਆਈ.ਆਰ.) ਦੌਰਾਨ ਬਿਹਾਰ ਵਿੱਚ ਪਾਰਟੀ ਦੇ ਬੂਥ ਲੈਵਲ ਏਜੰਟਾਂ (ਬੀ.ਐੱਲ.ਏਜ਼) ਵੱਲੋਂ ਬੇਨਿਯਮੀਆਂ ਦੀਆਂ 89 ਲੱਖ ਸ਼ਿਕਾਇਤਾਂ ਕੀਤੀਆਂ ਗਈਆਂ ਸਨ, ਪਰ ਚੋਣ ਕਮਿਸ਼ਨ ਨੇ ਸਾਰੀਆਂ ਸ਼ਿਕਾਇਤਾਂ ਰੱਦ ਕਰ ਦਿੱਤੀਆਂ। ਉਨ੍ਹਾਂ ਕਿਹਾ ਕਿ ਇਨ੍ਹਾਂ ਬੇਨਿਯਮੀਆਂ ਰਾਹੀਂ ਚੋਣ ਕਮਿਸ਼ਨ (ਈ.ਸੀ.) ਦੀ ਨੀਅਤ 'ਤੇ ਸ਼ੱਕ ਹੁੰਦਾ ਹੈ। ਉਨ੍ਹਾਂ ਪੂਰੀ ਪ੍ਰਕਿਰਿਆ ਦੁਬਾਰਾ ਕਰਵਾਉਣ ਦੀ ਮੰਗ ਕੀਤੀ ਹੈ। ਬਿਹਾਰ ਦੇ ਮੁੱਖ ਚੋਣ ਅਧਿਕਾਰੀ (ਸੀ.ਈ.ਓ.) ਦਫ਼ਤਰ ਨੇ ਕਿਹਾ ਹੈ ਕਿ ਕਾਂਗਰਸ ਵੱਲੋਂ ਅਧਿਕਾਰਤ ਕਿਸੇ ਵੀ ਬੀ.ਐੱਲ.ਏ. ਨੇ ਅੱਜ ਤੱਕ ਕੋਈ ਦਾਅਵਾ ਜਾਂ ਇਤਰਾਜ਼ ਦਰਜ ਨਹੀਂ ਕਰਵਾਇਆ।

ਚੜ੍ਹਦੀਕਲਾ

ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।

PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala. Chief Editor : Jagjit Singh Dardi

PRGI (RNI) Regd. No. 22972/1972

ਯੁੱਧ ਨਸ਼ਿਆਂ ਵਿਰੁੱਧ ਦੇ ਛੇ ਮਹੀਨੇ

# 1129 ਕਿਲੋਗ੍ਰਾਮ ਹੈਰੋਇਨ ਸਮੇਤ 27,796 ਨਸ਼ਾ ਤਸਕਰ ਕਾਬੂ

ਚੰਡੀਗੜ੍ਹ,1 ਸਤੰਬਰ (ਚ.ਨ.ਸ.) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਚਲਾਈ ਜਾ ਰਹੀ ਫੈਸਲਾਕੁੰਨ ਜੰਗ 'ਯੁੱਧ ਨਸ਼ਿਆਂ ਵਿਰੁੱਧ' ਦੇ ਛੇ ਮਹੀਨੇ ਪੂਰੇ ਹੋ ਗਏ ਹਨ, ਜਿਸ ਤਹਿਤ ਪੰਜਾਬ ਪੁਲਿਸ ਨੇ 1 ਮਾਰਚ, 2025 ਤੋਂ ਹੁਣ ਤੱਕ 27,796 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਅਤੇ 17,957 ਐਫ਼.ਆਈ.ਆਰਜ਼. ਦਰਜ ਕੀਤੀਆਂ ਗਈਆਂ ਅਤੇ 1129 ਕਿਲੋਗ੍ਰਾਮ ਹੈਰੋਇਨ ਬਰਾਮਦ ਹੋਈ ਹੈ।

ਇਸ ਨਸ਼ਾ ਵਿਰੋਧੀ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਪੰਜਾਬ ਪੁਲਿਸ, ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ ਹੇਠ, ਸੂਬੇ ਦੇ ਸਾਰੇ 28 ਪੁਲਿਸ ਜ਼ਿਲਿ ?ਆਂ ਵਿੱਚ ਰੋਜ਼ਾਨਾ ਅਧਾਰ 'ਤੇ ਇੱਕੋ ਸਮੇਂ ਆਪ੍ਰੇਸ਼ਨ ਚਲਾਇਆ ਜਾ ਰਿਹਾ ਹੈ। ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਸੀਨੀਅਰ ਪੁਲਿਸ ਸੁਪਰਡੈਂਟ ਨੂੰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਕਿਹਾ ਹੈ। ਪੰਜਾਬ ਸਰਕਾਰ ਨੇ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਵਿੱਚ 5 ਮੈਂਬਰੀ ਕੈਬਨਿਟ ਸਬ- ਕਮੇਟੀ ਦਾ ਗਠਨ ਵੀ ਕੀਤਾ ਹੈ।

ਪੁਲਿਸ ਦੇ ਵਿਸ਼ੇਸ਼ ਡਾਇਰੈਕਟਰ ਜਨਰਲ (ਸਪੈਸ਼ਲ ਡੀਜੀਪੀ) ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ, ਜੋ ਕਿ ਇਨ੍ਹਾਂ ਕਾਰਵਾਈਆਂ ਦੀ ਨਿੱਜੀ ਤੌਰ 'ਤੇ ਨਿਗਰਾਨੀ ਕਰ ਰਹੇ ਹਨ, ਨੇ ਖੁਲਾਸਾ ਕੀਤਾ ਕਿ 1129 ਕਿਲੋਗ੍ਰਾਮ ਹੈਰੋਇਨ ਤੋਂ ਇਲਾਵਾ, ਪੁਲਿਸ ਨੇ 384 ਕਿਲੋਗ੍ਰਾਮ ਅਫੀਮ, 232 ਕੁਇੰਟਲ ਭੁੱਕੀ, 29 ਕਿਲੋਗ੍ਰਾਮ ਚਰਸ, 430 ਕਿਲੋਗ੍ਰਾਮ ਗਾਂਜਾ, 6.3 ਕਿਲੋਗ੍ਰਾਮ ਆਈ.ਸੀ.ਈ., 33 ਲੱਖ ਨਸ਼ੀਲੀਆਂ ਗੋਲੀਆਂ ਅਤੇ 12.44 ਕਰੋੜ ਰੁਪਏ ਦੀ ਡਰੱਗ ਮਨੀ ਵੀ ਜ਼ਬਤ ਕੀਤੀ ਹੈ।

ਦਿਨ 184 ਦੇ ਨਤੀਜਿਆਂ ਦੇ ਵੇਰਵੇ ਸਾਂਝੇ ਕਰਦੇ ਹੋਏ, ਵਿਸ਼ੇਸ਼ ਡੀਜੀਪੀ ਨੇ ਕਿਹਾ ਕਿ ਪੰਜਾਬ ਪੁਲਿਸ ਨੇ 58 ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕੀਤਾ ਹੈ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 8.4 ਕਿਲੋਗ੍ਰਾਮ ਹੈਰੋਇਨ, 4087 ਨਸ਼ੀਲੀਆਂ ਗੋਲੀਆਂ ਅਤੇ 2300 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ।

ਉਨ੍ਹਾਂ ਕਿਹਾ ਕਿ 67 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 1000 ਤੋਂ ਵੱਧ ਪੁਲਿਸ ਮੁਲਾਜ਼ਮਾਂ ਵਾਲੀਆਂ 120 ਤੋਂ ਵੱਧ ਪੁਲਿਸ ਟੀਮਾਂ ਨੇ ਸੂਬੇ ਭਰ ਵਿੱਚ 309 ਥਾਵਾਂ 'ਤੇ ਛਾਪੇਮਾਰੀ ਕੀਤੀ ਹੈ, ਜਿਸ ਨਾਲ ਸੂਬੇ ਭਰ ਵਿੱਚ 43 ਐਫਆਈਆਰਜ਼ ਦਰਜ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਪੁਲਿਸ ਟੀਮਾਂ ਨੇ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ 337 ਸ਼ੱਕੀ ਵਿਅਕਤੀਆਂ ਦੀ ਚੈਕਿੰਗ ਵੀ ਕੀਤੀ ਹੈ। ਜ਼ਿਕਰਯੋਗ ਹੈ ਕਿ ਰਾਜ ਸਰਕਾਰ ਨੇ ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਪੱਖੀ ਰਣਨੀਤੀ - ਇਨਫੋਰਸਮੈਂਟ, ਡੀ-ਅਡਿਕਸ਼ਨ ਐਂਡ ਪ੍ਰੀਵੈਨਸ਼ਨ (ਈਡੀਪੀ) - ਲਾਗੂ ਕੀਤੀ ਹੈ, ਪੰਜਾਬ ਪੁਲਿਸ ਨੇ 'ਨਸ਼ਾ ਛੁਡਾਉਣ' ਦੇ ਹਿੱਸੇ ਵਜੋਂ 14 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# 1.5 ਲੱਖ ਰੁਪਏ ਦੀ ਰਿਸ਼ਵਤ ਲੈਂਦਾ ਜੰਗਲਾਤ ਗਾਰਡ ਰੰਗੇ ਹੱਥੀਂ ਕਾਬੂ



ਚੰਡੀਗੜ੍ਹ, 1 ਸਤੰਬਰ (ਚ.ਨ.ਸ.) : ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਆਪਣੀ ਮੁਹਿੰਮ ਦੌਰਾਨ ਸੋਮਵਾਰ ਨੂੰ ਜੰਗਲਾਤ ਗਾਰਡ ਅਮਨਦੀਪ ਸਿੰਘ, ਵਧੀਕ ਬਲਾਕ ਇੰਚਾਰਜ, ਵਣ ਰੇਂਜ ਦਫ਼ਤਰ, ਪਟਿਆਲਾ ਨੂੰ 1,50,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਹੈ।

ਇਸ ਗੱਲ ਦਾ ਖੁਲਾਸਾ ਕਰਦਿਆਂ ਅੱਜ ਇੱਥੇ ਰਾਜ ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਕਿਹਾ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਨੇ ਦੇਵੀਗੜ੍ਹ ਰੋਡ, ਪਟਿਆਲਾ ਵਿਖੇ ਇੱਕ ਨਰਸਿੰਗ ਹੋਮ ਲਈ ਖਰੀਦੀ ਗਈ ਜ਼ਮੀਨ ਨਾਲ ਸਬੰਧਤ ਕੋਈ ਇਤਰਾਜ਼ ਨਹੀਂ ਸਰਟੀਫਿਕੇਟ ਜਾਰੀ ਕਰਨ ਬਦਲੇ ਇੱਕ ਸ਼ਿਕਾਇਤਕਰਤਾ ਤੋਂ ਇਹ ਰਿਸ਼ਵਤ ਮੰਗੀ ਗਈ ਸੀ।

ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਦੱਸਿਆ ਕਿ ਸਵਰਨ ਸਿੰਘ, ਵਣ ਰੇਂਜ ਅਫ਼ਸਰ, ਪਟਿਆਲਾ ਅਤੇ ਉਪਰੋਕਤ ਅਮਨਦੀਪ ਸਿੰਘ ਨੇ ਮਿਲ ਕੇ ਇਹ ਰਿਸ਼ਵਤ ਮੰਗੀ ਹੈ।

ਬੁਲਾਰੇ ਨੇ ਅੱਗੇ ਕਿਹਾ ਕਿ ਇਸ ਸ਼ਿਕਾਇਤ ਦੀ ਮੁੱਢਲੀ ਤਸਦੀਕ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਜਿਸ ਦੌਰਾਨ ਉਕਤ ਮੁਲਜ਼ਮ ਅਮਨਦੀਪ ਸਿੰਘ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਰਿਸ਼ਵਤ ਲੈਂਦਿਆਂ ਕਾਬੂ ਕਰ ਲਿਆ ਅਤੇ ਰਿਸ਼ਵਤ ਦੀ ਰਕਮ ਮੌਕੇ 'ਤੇ ਹੀ ਬਰਾਮਦ ਕਰ ਲਈ। ਇਸ ਸਬੰਧ ਵਿੱਚ ਉਕਤ ਮੁਲਜ਼ਮ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 7 ਅਤੇ ਬੀਐਨਐਸ ਦੀ ਧਾਰਾ 61(2) ਤਹਿਤ ਵਿਜੀਲੈਂਸ ਬਿਊਰੋ ਦੇ ਥਾਣਾ ਪਟਿਆਲਾ ਰੇਂਜ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ। ਦੂਜੇ ਸਹਿ-ਮੁਲਜ਼ਮ ਸਵਰਨ ਸਿੰਘ, ਵਣ ਰੇਂਜ ਅਫ਼ਸਰ ਨੂੰ ਜਲਦੀ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ। ਉਨ੍ਹਾਂ ਅੱਗੇ ਕਿਹਾ ਕਿ ਇਸ ਮਾਮਲੇ ਦੀ ਹੋਰ ਜਾਂਚ ਜਾਰੀ ਹੈ।

# ਹੜ੍ਹਾਂ ਤੋਂ ਪ੍ਰਭਾਵਿਤ 15688 ਵਿਅਕਤੀਆਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਇਆ : ਮੁੰਡੀਆਂ

ਚੰਡੀਗੜ੍ਹ, 1 ਸਤੰਬਰ (ਅੰਮ੍ਰਿਤਪਾਲ ਸਿੰਘ): ਪੰਜਾਬ ਦੇ ਮਾਲ, ਮੁੜ ਵਸੇਬਾ ਅਤੇ ਆਫ਼ਤ ਪ੍ਰਬੰਧਨ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਅੱਜ ਇਥੇ ਦੱਸਿਆ ਕਿ ਸੂਬੇ ਵਿੱਚ ਲਗਾਤਾਰ ਮੀਂਹ ਤੇ ਹੜ੍ਹਾਂ ਨੇ ਵੱਡੀ ਤਬਾਹੀ ਮਚਾਈ ਹੈ, ਜਿਸ ਨਾਲ ਮਨੁੱਖੀ ਜਾਨਾਂ, ਜਾਇਦਾਦ, ਫਸਲਾਂ, ਪਸ਼ੂਧਨ ਤੇ ਬੁਨਿਆਦੀ ਢਾਂਚੇ ਨੂੰ ਕਾਫ਼ੀ ਨੁਕਸਾਨ ਪਹੁੰਚਿਆ ਹੈ ਪਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਅਜਿਹੇ ਹਾਲਾਤ ਨਾਲ ਨਜਿੱਠਣ ਤੇ ਪ੍ਰਭਾਵਿਤ ਲੋਕਾਂ ਨੂੰ ਤੁਰੰਤ ਰਾਹਤ ਪ੍ਰਦਾਨ ਕਰਨ ਲਈ ਦਿਨ-ਰਾਤ ਅਣਥੱਕ ਮਿਹਨਤ ਕਰ ਰਹੀ ਹੈ। ਰਾਹਤ ਕਾਰਜਾਂ ਦੇ ਵੇਰਵੇ ਦਿੰਦਿਆਂ ਮਾਲ ਮੰਤਰੀ ਨੇ ਕਿਹਾ ਕਿ ਪੰਜਾਬ ਹੜ੍ਹ ਦੀ ਸਥਿਤੀ ਨਾਲ ਜੂਝ ਰਿਹਾ ਹੈ ਅਤੇ ਪ੍ਰਭਾਵਿਤ ਜ਼ਿਲ੍ਹਿਆਂ ਵਿੱਚ ਵੱਡੇ ਪੱਧਰ 'ਤੇ ਰਾਹਤ ਕਾਰਜ ਜਾਰੀ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹਿਆਂ ਤੋਂ ਪ੍ਰਾਪਤ ਰਿਪੋਰਟਾਂ ਅਨੁਸਾਰ, ਹੁਣ ਤੱਕ ਕੁੱਲ 15688 ਵਿਅਕਤੀਆਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਇਆ ਗਿਆ ਹੈ। ਗੁਰਦਾਸਪੁਰ ਤੋਂ 5549 ਲੋਕਾਂ, ਫਿਰੋਜ਼ਪੁਰ ਤੋਂ 3321, ਫਾਜ਼ਿਲਕਾ ਤੋਂ 2049, ਪਠਾਨਕੋਟ ਤੋਂ 1139, ਅੰਮ੍ਰਿਤਸਰ ਤੋਂ 1700 ਅਤੇ ਹੁਸ਼ਿਆਰਪੁਰ ਤੋਂ 1052 ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਇਆ ਗਿਆ ਹੈ। ਇਸ ਤੋਂ ਇਲਾਵਾ ਬਰਨਾਲਾ ਤੋਂ 25, ਕਪੂਰਥਲਾ ਤੋਂ 515, ਤਰਨ ਤਾਰਨ ਤੋਂ 60, ਮੋਗਾ ਤੋਂ 115 ਅਤੇ ਮਾਨਸਾ ਤੋਂ 163 ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਇਆ ਗਿਆ ਹੈ।

ਹਰਦੀਪ ਸਿੰਘ ਮੁੰਡੀਆਂ ਨੇ ਦੱਸਿਆ ਕਿ ਰਾਹਤ ਅਤੇ ਮੁੜ-ਵਸੇਬਾ ਕਾਰਜ ਪੂਰੇ ਜ਼ੋਰਾਂ 'ਤੇ ਚੱਲ ਰਹੇ ਹਨ ਅਤੇ ਬੇਘਰ ਪਰਿਵਾਰਾਂ ਨੂੰ ਤੁਰੰਤ ਠਾਹਰ ਦੇਣ ਲਈ ਪੰਜਾਬ ਭਰ ਵਿੱਚ 129 ਕੈਂਪ ਸਥਾਪਤ



ਕੀਤੇ ਗਏ ਹਨ। ਇਨ੍ਹਾਂ ਵਿੱਚ ਅੰਮ੍ਰਿਤਸਰ ਵਿੱਚ 16 ਕੈਂਪ, ਬਰਨਾਲਾ ਵਿੱਚ 1, ਫਾਜ਼ਿਲਕਾ ਵਿੱਚ 10, ਫਿਰੋਜ਼ਪੁਰ ਵਿੱਚ 8, ਗੁਰਦਾਸਪੁਰ ਵਿੱਚ 25, ਹੁਸ਼ਿਆਰਪੁਰ ਵਿੱਚ 20, ਕਪੂਰਥਲਾ ਵਿੱਚ 4, ਮਾਨਸਾ ਵਿੱਚ 1, ਮੋਗਾ ਵਿੱਚ 9, ਪਠਾਨਕੋਟ ਵਿੱਚ 14, ਸੰਗਰੂਰ ਵਿੱਚ 1 ਅਤੇ ਜ਼ਿਲ੍ਹਾ ਪਟਿਆਲਾ ਵਿੱਚ 20 ਕੈਂਪ ਸ਼ਾਮਲ ਹਨ। ਉਨ੍ਹਾਂ ਅੱਗੇ ਕਿਹਾ ਕਿ ਸੂਬਾ ਸਰਕਾਰ ਨੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਇਨ੍ਹਾਂ ਕੇਂਦਰਾਂ ਵਿੱਚ ਲੋੜੀਂਦਾ ਭੋਜਨ, ਡਾਕਟਰੀ ਸਹਾਇਤਾ ਅਤੇ ਜ਼ਰੂਰੀ ਸਹੂਲਤਾਂ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਹਨ। ਹਰਦੀਪ ਸਿੰਘ ਮੁੰਡੀਆਂ ਨੇ ਦੱਸਿਆ ਕਿ ਡਿਪਟੀ ਕਮਿਸ਼ਨਰਾਂ ਤੋਂ ਪ੍ਰਾਪਤ ਰਿਪੋਰਟਾਂ ਅਨੁਸਾਰ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਹੜ੍ਹਾਂ ਕਾਰਨ ਕੁੱਲ 2,56,107 ਲੋਕ ਪ੍ਰਭਾਵਿਤ ਹੋਏ ਹਨ। ਸਭ ਤੋਂ ਵੱਧ ਮਾਰ ਗੁਰਦਾਸਪੁਰ ਜ਼ਿਲ੍ਹੇ ਨੂੰ ਪਈ ਹੈ ਜਿੱਥੇ 1,45,000 ਲੋਕ ਪ੍ਰਭਾਵਿਤ ਹੋਏ ਹਨ। ਇਸ ਦੇ ਨਾਲ ਹੀ ਅੰਮ੍ਰਿਤਸਰ ਵਿੱਚ 35000, ਫਿਰੋਜ਼ਪੁਰ ਵਿੱਚ 24015 ਅਤੇ ਫਾਜ਼ਿਲਕਾ ਵਿੱਚ 21562 ਲੋਕ ਪ੍ਰਭਾਵਿਤ ਹੋਏ ਹਨ। ਉਨ੍ਹਾਂ ਅੱਗੇ ਦੱਸਿਆ ਕਿ ਪਠਾਨਕੋਟ ਵਿੱਚ ਵੀ 15053 ਵਿਅਕਤੀ ਪ੍ਰਭਾਵਿਤ ਹੋਏ ਹਨ ਜਦੋਂ ਕਿ ਐਸ.ਏ.ਐਸ. ਨਗਰ ਅਤੇ ਕਪੂਰਥਲਾ ਵਿੱਚ ਕ੍ਰਮਵਾਰ 7000 ਅਤੇ 5650 ਲੋਕ ਪ੍ਰਭਾਵਿਤ ਹੋਏ ਹਨ। ਹੋਰਨਾਂ ਘੱਟ ਪ੍ਰਭਾਵਿਤ ਜ਼ਿਲ੍ਹਿਆਂ ਵਿੱਚ ਬਰਨਾਲਾ 'ਚ (59), ਮਾਨਸਾ (163), ਜਲੰਧਰ (653), ਮੋਗਾ (800) ਅਤੇ ਹੁਸ਼ਿਆਰਪੁਰ 'ਚ (1152) ਵਿਅਕਤੀ ਪ੍ਰਭਾਵਿਤ ਹੋਏ ਹਨ। ਫ਼ੌਜ ਦੀ ਤਾਇਨਾਤੀ ਬਾਰੇ ਮਾਲ ਮੰਤਰੀ ਨੇ ਦੱਸਿਆ ਕਿ ਕਈ ਏਜੰਸੀਆਂ ਸਹਾਇਤਾ ਪ੍ਰਦਾਨ ਕਰ ਰਹੀਆਂ ਹਨ। ਸੂਬੇ ਵਿੱਚ ਐਨ.ਡੀ.ਆਰ.ਐਫ ਦੀਆਂ ਕੁੱਲ 20 ਟੀਮਾਂ ਵਿੱਚੋਂ ਪਠਾਨਕੋਟ ਵਿੱਚ (1), ਗੁਰਦਾਸਪੁਰ (6), ਅੰਮ੍ਰਿਤਸਰ (6), ਫਿਰੋਜ਼ਪੁਰ (3), ਫਾਜ਼ਿਲਕਾ (3) ਅਤੇ ਬਠਿੰਡਾ ਵਿੱਚ (1) ਟੀਮ ਤਾਇਨਾਤ ਕੀਤੀ ਗਈ ਹੈ। ਹਵਾਈ ਸੈਨਾ, ਜਲ ਸੈਨਾ ਅਤੇ ਫੌਜ ਦੀਆਂ 10 ਟੁਕੜੀਆਂ ਤਾਇਨਾਤ ਕਰਨ ਦੇ ਨਾਲ-ਨਾਲ 8 ਟੁਕੜੀਆਂ ਨੂੰ ਪੂਰੀ ਤਰ੍ਹਾਂ ਤਿਆਰ ਰੱਖਿਆ ਗਿਆ ਹੈ। ਇਸ ਦੇ ਨਾਲ ਹੀ 2 ਇੰਜੀਨੀਅਰ ਟੀਮਾਂ ਵੀ ਤਾਇਨਾਤ ਕੀਤੀਆਂ ਗਈਆਂ ਹਨ। ਇਸ ਤੋਂ ਇਲਾਵਾ ਭਾਰਤੀ ਹਵਾਈ ਸੈਨਾ ਅਤੇ ਭਾਰਤੀ ਫੌਜ ਦੇ ਲਗਭਗ 35 ਹੈਲੀਕਾਪਟਰ ਬਚਾਅ ਅਤੇ ਰਾਹਤ ਕਾਰਜਾਂ ਲਈ ਤਾਇਨਾਤ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਇਸ ਦੇ ਨਾਲ ਹੀ ਵਾਧੂ ਸਹਾਇਤਾ ਪ੍ਰਦਾਨ ਕਰਨ ਲਈ ਬੀ.ਐਸ.ਐਫ. ਯੂਨਿਟਾਂ ਨੂੰ ਤਾਇਨਾਤ ਕੀਤਾ ਗਿਆ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਲੋਕਾਂ ਨੂੰ ਬਾਹਰ ਕੱਢਣ ਅਤੇ ਰਾਹਤ ਕਾਰਜਾਂ ਲਈ ਕੁੱਲ 114 ਕਿਸ਼ਤੀਆਂ ਅਤੇ ਸੂਬੇ ਦੇ 1 ਹੈਲੀਕਾਪਟਰ ਨੂੰ ਵੀ ਕੰਮ ਵਿੱਚ ਲਗਾਇਆ ਗਿਆ ਹੈ।

ਉਨ੍ਹਾਂ ਦੱਸਿਆ ਕਿ ਹੜ੍ਹਾਂ ਕਾਰਨ 1 ਅਗਸਤ ਤੋਂ 1 ਸਤੰਬਰ, 2025 ਤੱਕ 12 ਜ਼ਿਲ੍ਹਿਆਂ ਵਿੱਚ 29 ਵਿਅਕਤੀਆਂ ਦੀ ਜਾਨ ਗਈ ਹੈ। ਜ਼ਿਲ੍ਹਾਵਾਰ ਰਿਪੋਰਟ ਵਿੱਚ ਜਾਨੀ ਨੁਕਸਾਨ ਮੁਤਾਬਕ ਅੰਮ੍ਰਿਤਸਰ ਦੇ (3 ਵਿਅਕਤੀਆਂ), ਬਰਨਾਲਾ (3), ਬਠਿੰਡਾ (1), ਗੁਰਦਾਸਪੁਰ (1), ਹੁਸ਼ਿਆਰਪੁਰ (3), ਲੁਧਿਆਣਾ (3), ਮਾਨਸਾ (3), ਪਠਾਨਕੋਟ (6), ਪਟਿਆਲਾ (1), ਰੂਪਨਗਰ (3), ਐਸ.ਏ.ਐਸ. ਨਗਰ (1) ਅਤੇ ਸੰਗਰੂਰ ਦੇ (1) ਵਿਅਕਤੀ ਨੇ ਆਪਣੀ ਜਾਨ ਗੁਆਈ ਹੈ। ਇਸ ਤੋਂ ਇਲਾਵਾ ਪਠਾਨਕੋਟ ਜ਼ਿਲ੍ਹੇ ਵਿੱਚ 3 ਵਿਅਕਤੀ ਲਾਪਤਾ ਹੋਏ ਹਨ। ਮਾਲ ਮੰਤਰੀ ਨੇ ਦੱਸਿਆ ਕਿ ਹੜ੍ਹਾਂ ਨੇ ਖੇਤੀਬਾੜੀ ਜ਼ਮੀਨ ਨੂੰ ਵੀ ਭਾਰੀ ਨੁਕਸਾਨ ਪਹੁੰਚਿਆ ਹੈ ਅਤੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਕੁੱਲ 94,061 ਹੈਕਟੇਅਰ ਫ਼ਸਲੀ ਰਕਬਾ ਪ੍ਰਭਾਵਿਤ ਹੋਇਆ ਹੈ। ਸਭ ਤੋਂ ਵੱਧ ਪ੍ਰਭਾਵਿਤ ਜ਼ਿਲ੍ਹਿਆਂ ਵਿੱਚ ਅੰਮ੍ਰਿਤਸਰ (23000 ਹੈਕਟੇਅਰ), ਮਾਨਸਾ (17005 ਹੈਕਟੇਅਰ), ਕਪੂਰਥਲਾ (14934 ਹੈਕਟੇਅਰ), ਤਰਨ ਤਾਰਨ (11883 ਹੈਕਟੇਅਰ), ਫਿਰੋਜ਼ਪੁਰ (11232 ਹੈਕਟੇਅਰ), ਹੁਸ਼ਿਆਰਪੁਰ (5971 ਹੈਕਟੇਅਰ), ਜਲੰਧਰ (2800 ਹੈਕਟੇਅਰ), ਪਠਾਨਕੋਟ (2442 ਹੈਕਟੇਅਰ), ਐਸ.ਏ.ਐਸ. ਨਗਰ (2000 ਹੈਕਟੇਅਰ), ਪਟਿਆਲਾ (1450 ਹੈਕਟੇਅਰ), ਮੋਗਾ (949 ਹੈਕਟੇਅਰ), ਲੁਧਿਆਣਾ (108 ਹੈਕਟੇਅਰ), ਬਠਿੰਡਾ (97 ਹੈਕਟੇਅਰ) ਅਤੇ ਸ੍ਰੀ ਮੁਕਤਸਰ ਸਾਹਿਬ ਦੇ (84 ਹੈਕਟੇਅਰ) ਸ਼ਾਮਲ ਹਨ। ਇਸ ਤੋਂ ਇਲਾਵਾ ਘੱਟ ਪ੍ਰਭਾਵਿਤ ਖੇਤਰਾਂ ਵਿੱਚ ਫਾਜ਼ਿਲਕਾ (64 ਹੈਕਟੇਅਰ), ਗੁਰਦਾਸਪੁਰ (24 ਹੈਕਟੇਅਰ), ਐਸ.ਬੀ.ਐਸ. ਨਗਰ (7 ਹੈਕਟੇਅਰ), ਮਾਲੇਰਕੋਟਲਾ (5 ਹੈਕਟੇਅਰ), ਸੰਗਰੂਰ (3 ਹੈਕਟੇਅਰ), ਬਰਨਾਲਾ (2 ਹੈਕਟੇਅਰ) ਅਤੇ ਫ਼ਤਹਿਗੜ੍ਹ ਸਾਹਿਬ (1 ਹੈਕਟੇਅਰ) ਸ਼ਾਮਲ ਹਨ।

ਕੈਬਨਿਟ ਮੰਤਰੀ ਨੇ ਅੱਗੇ ਕਿਹਾ ਕਿ ਸਾਰੇ ਪ੍ਰਭਾਵਿਤ ਜ਼ਿਲ੍ਹਿਆਂ ਵਿੱਚ ਰਾਹਤ ਸਮੱਗਰੀ ਵੰਡੀ ਜਾ ਰਹੀ ਹੈ, ਜਦੋਂ ਕਿ ਮੈਡੀਕਲ ਟੀਮਾਂ ਪ੍ਰਭਾਵਿਤ ਆਬਾਦੀ ਨੂੰ ਸਿਹਤ ਸੇਵਾਵਾਂ ਪ੍ਰਦਾਨ ਕਰ ਰਹੀਆਂ ਹਨ। ਕੈਬਨਿਟ ਮੰਤਰੀ ਨੇ ਕਿਹਾ ਕਿ ਹਾਲੇ ਪਸ਼ੂਧਨ ਅਤੇ ਬੁਨਿਆਦੀ ਢਾਂਚੇ ਦੇ ਨੁਕਸਾਨ ਦਾ ਪਤਾ ਨਹੀਂ ਲਗਾਇਆ ਜਾ ਸਕਦਾ ਅਤੇ ਸਥਿਤੀ ਠੀਕ ਹੋਣ ਤੋਂ ਬਾਅਦ ਇਸ ਸਬੰਧੀ ਡਾਟਾ ਇਕੱਠਾ ਕੀਤਾ ਜਾਵੇਗਾ। ਹਰਦੀਪ ਸਿੰਘ ਮੁੰਡੀਆਂ ਨੇ ਭਰੋਸਾ ਦਿੱਤਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਾਰੇ ਪ੍ਰਭਾਵਿਤ ਪਰਿਵਾਰਾਂ ਨੂੰ ਤੁਰੰਤ ਰਾਹਤ ਪ੍ਰਦਾਨ ਕਰਨ ਅਤੇ ਉਨ੍ਹਾਂ ਦਾ ਮੁੜ-ਵਸੇਬਾ ਕਰਨ ਵਾਸਤੇ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਸਾਰੇ ਪ੍ਰਭਾਵਿਤ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਨੂੰ ਹਦਾਇਤ ਕੀਤੀ ਕਿ ਉਹ ਨੁਕਸਾਨ ਦਾ ਜਲਦ ਤੋਂ ਜਲਦ ਮੁਲਾਂਕਣ ਕਰਨ ਤਾਂ ਜੋ ਸਮੇਂ ਸਿਰ ਮੁਆਵਜ਼ਾ ਦਿੱਤਾ ਜਾ ਸਕੇ।

# ਮੀਤ ਹੇਅਰ ਵੱਲੋਂ ਪ੍ਰਧਾਨ ਮੰਤਰੀ ਨੂੰ ਹੜ੍ਹਾਂ ਮਾਰੇ ਪੰਜਾਬ ਨੂੰ ਤੁਰੰਤ ਪੈਕੇਜ ਦੇਣ ਲਈ ਲਿਖਿਆ ਪੱਤਰ

ਚੰਡੀਗੜ੍ਹ, 1 ਸਤੰਬਰ (ਅੰਮ੍ਰਿਤਪਾਲ ਸਿੰਘ): ਪਿਛਲੀ ਅੱਧੀ ਸਦੀ ਦੇ ਸਭ ਤੋਂ ਭਿਆਨਕ ਹੜ੍ਹਾਂ ਦੀ ਮਾਰ ਝੱਲ ਰਹੇ ਪੰਜਾਬ ਨੂੰ ਇਸ ਆਫ਼ਤ ਵਿੱਚੋਂ ਉਭਰਨ ਤੇ ਹੜ੍ਹ ਪ੍ਰਭਾਵਿਤ ਲੋਕਾਂ ਦੀ ਬਾਂਹ ਫੜਨ ਲਈ ਸੰਗਰੂਰ ਤੋਂ ਮੈਂਬਰ ਪਾਰਲੀਮੈਂਟ ਗੁਰਮੀਤ ਸਿੰਘ ਮੀਤ ਹੇਅਰ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪੱਤਰ ਲਿਖ ਕੇ ਪੰਜਾਬ ਲਈ ਵਿਸ਼ੇਸ਼ ਰਾਹਤ ਪੈਕੇਜ ਮੰਗਿਆ ਹੈ। ਮੀਤ ਹੇਅਰ



ਨੇ ਮੰਗ ਰੱਖੀ ਹੈ ਕਿ ਪੰਜਾਬ ਨੂੰ ਤੁਰੰਤ 20 ਹਜ਼ਾਰ ਕਰੋੜ ਰੁਪਏ ਦੀ ਅੰਤਰਿਮ ਰਾਹਤ ਦਿੱਤੀ ਜਾਵੇ ਅਤੇ ਬਾਕੀ ਨੁਕਸਾਨ ਦੇ ਪੂਰੇ ਜਾਇਜ਼ੇ ਤੋਂ ਬਾਅਦ ਵਿਆਪਕ ਪੈਕੇਜ ਦਿੱਤਾ ਜਾਵੇ। ਇਸ ਤੋਂ ਇਲਾਵਾ ਉਨ੍ਹਾਂ ਕੇਂਦਰ ਸਰਕਾਰ ਨੂੰ ਪੰਜਾਬ ਦੇ ਰੁਕੇ ਪਏ 60 ਹਜ਼ਾਰ ਕਰੋੜ ਰੁਪਏ ਦੇ ਫੰਡ ਤੁਰੰਤ ਜਾਰੀ ਕਰਨ ਦੀ ਵੀ ਮੰਗ ਰੱਖੀ ਹੈ ਜਿਸ ਸਬੰਧੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਤੁਰੰਤ ਦਖ਼ਲ ਦੇਣ ਦੀ ਮੰਗ ਕੀਤੀ ਹੈ। ਦੇਸ਼ ਦਾ ਢਿੱਡ ਭਰਨ ਵਾਲੇ ਪੰਜਾਬ ਦੀ ਮੱਦਦ ਕਰਨਾ ਹੁਣ ਕੇਂਦਰ ਦਾ ਫਰਜ਼ ਬਣਦਾ ਹੈ। ਮੀਤ ਹੇਅਰ ਨੇ ਕਿਹਾ ਕਿ ਪੰਜਾਬ 'ਚ ਆਏ ਭਿਆਨਕ ਹੜ੍ਹਾਂ ਕਾਰਨਜਿੱਥੇ ਜਾਨੀ-ਮਾਲੀ, ਪਸ਼ੂ ਡੰਗਰ ਤੇ ਬੁਨਿਆਦੀ ਢਾਂਚੇ ਦਾ ਨੁਕਸਾਨ ਹੋਇਆ ਹੈ ਉਥੇ ਵੱਡੇ ਰਕਬੇ ਵਿੱਚ ਫਸਲਾਂ ਦਾ ਭਾਰੀ ਨੁਕਸਾਨ ਹੋਇਆ ਹੈ ਜਿਸ ਦਾ ਸਿੱਧਾ ਮਾੜਾ ਅਸਰ ਦੇਸ਼ ਦੇ ਅੰਨ ਭੰਡਾਰ ਉਪਰ ਹੋਵੇਗਾ। ਦੇਸ਼ ਦੇ ਅੰਨ ਭੰਡਾਰ ਸੂਬੇ ਉਤੇ ਆਈ ਇਸ ਆਫ਼ਤ ਵਿੱਚ ਕੇਂਦਰ ਸਰਕਾਰ ਨੂੰ ਪੰਜਾਬ ਦੀ ਬਾਂਹ ਫੜਨੀ ਚਾਹੀਦੀ ਹੈ। ਫਸਲ ਦਾ ਨੁਕਸਾਨ ਉਦੋਂ ਹੋਇਆ ਹੈ ਜਦੋਂ ਕਿ ਵਾਢੀ ਸੀਜ਼ਨ ਬਰੂਹਾਂ ਉਤੇ ਹੈ। ਲੋਕਾਂ ਦੇ ਜਾਨੀ ਅਤੇ ਮਾਲੀ ਨੁਕਸਾਨ ਦੇ ਨਾਲ ਪਸ਼ੂਆਂ ਦਾ ਵੀ ਕਾਫ਼ੀ ਨੁਕਸਾਨ ਹੋਇਆ ਹੈ, ਜਿਸ ਨਾਲ ਡੇਅਰੀ ਫਾਰਮਿੰਗ ਅਤੇ ਪਸ਼ੂ ਪਾਲਣ ਦੇ ਸਹਾਇਕ ਧੰਦਿਆਂ ਉਤੇ ਮਾੜਾ ਅਸਰ ਹੋਇਆ ਹੈ। ਲੋਕ ਸਭਾ ਮੈਂਬਰ ਨੇ ਪੰਜਾਬ ਵਿੱਚ ਆਏ ਹੜ੍ਹਾਂ ਪਿਛਲੇ ਕਾਰਨਾਂ ਉਤੇ ਝਾਤੀ ਮਾਰਦਿਆਂ ਦੱਸਿਆ ਕਿ ਹਿਮਾਚਲ ਤੇ ਜੰਮੂ ਕਸ਼ਮੀਰ ਵਿੱਚ ਭਾਰੀ ਬਾਰਸ਼ਾਂ ਕਾਰਨ ਰਾਵੀ ਦਰਿਆ ਵਿੱਚ ਆਏ ਹੜ੍ਹਾਂ ਕਾਰਨ ਰਣਜੀਤ ਸਾਗਰ ਡੈਮ ਵਿੱਚ ਪਿਛਲੇ 10 ਦਿਨਾਂ ਵਿੱਚ 25 ਫੁੱਟ ਪਾਣੀ ਦਾ ਪੱਧਰ ਵਧਿਆ ਜਿਸ ਕਾਰਨ 1988 ਵਿੱਚ ਛੱਡੇ ਪਾਣੀ ਤੋਂ ਵੱਧ ਪਾਣੀ ਛੱਡਿਆ ਜਾ ਰਿਹਾ ਹੈ। ਇਸ ਦੇ ਸਿੱਟੇ ਵਜੋਂ ਮਾਝੇ ਦੇ ਤਿੰਨ ਜ਼ਿਲਿਆਂ ਵਿੱਚ 300 ਪਿੰਡ ਹੜ੍ਹਾਂ ਦੀ ਮਾਰ ਹੇਠ ਆਏ। ਇਸੇ ਤਰ੍ਹਾਂ ਪੌਂਗ ਡੈਮ ਵਿੱਚ ਵਧੇ ਪਾਣੀ ਦੇ ਪੱਧਰ ਕਾਰਨ ਬਿਆਸ ਵਿੱਚ ਪਾਣੀ ਛੱਡੇ ਜਾਣ ਨਾਲ ਕਪੂਰਥਲਾ, ਹੁਸ਼ਿਆਰਪੁਰ ਜ਼ਿਲੇ ਦੇ ਕਈ ਪਿੰਡ ਹੜ੍ਹਾਂ ਦੀ ਮਾਰ ਹੇਠ ਆਏ। ਹਿਮਾਚਲ ਪ੍ਰਦੇਸ਼ ਵਿੱਚ ਭਾਰੀ ਬਾਰਸ਼ਾਂ ਕਾਰਨ ਭਾਖੜਾ ਡੈਮ ਵਿੱਚ ਪਾਣੀ ਦਾ ਪੱਧਰ ਵਧਣ ਕਾਰਨ ਸਤਲੁਜ ਦਰਿਆ ਕੰਢੇ ਜ਼ਿਲਿਆਂ ਨੂੰ ਵੱਡੀ ਮਾਰ ਪਈ ਹੈ। ਬੀਤੇ ਦਿਨ ਤੋਂ ਪੈ ਰਹੀ ਬਾਰਸ਼ ਕਾਰਨ ਘੱਗਰ ਕੰਢਿਆਂ ਵਿੱਚ ਹਾਈ ਅਲਰਟ ਕੀਤਾ ਗਿਆ ਹੈ। ਇਸ ਤੋਂ ਇਲਾਵਾ ਪੰਜਾਬ ਵਿੱਚ ਨਿਰੰਤਰ ਮੀਂਹ ਪੈ ਰਹੇ ਹਨ ਅਤੇ ਜੋ ਸਤੰਬਰ ਵਿੱਚ ਵੀ ਜਾਰੀ ਹਨ।

ਮੀਤ ਹੇਅਰ ਨੇ ਪ੍ਰਧਾਨ ਮੰਤਰੀ ਨੂੰ ਇਸ ਸਥਿਤੀ ਦੇ ਮੱਦੇਨਜ਼ਰ ਪੰਜਾਬ ਨੂੰ ਵਿਸ਼ੇਸ਼ ਕੇਂਦਰੀ ਪੈਕੇਜ ਦੇਣ ਦੀ ਮੰਗ ਕੀਤੀ ਹੈ। ਇਸ ਪੈਕੇਜ ਵਿੱਚ ਹੜ੍ਹ ਪ੍ਰਭਾਵਿਤ ਪਰਿਵਾਰਾਂ ਨੂੰ ਢੁੱਕਵਾਂ ਮੁਆਵਜ਼ਾ, ਨੁਕਸਾਨੇ ਬੁਨਿਆਦੀ ਢਾਂਚਾ ਨੂੰ ਮੁੜ ਤਿਆਰ ਕਰਨਾ ਜਿਸ ਵਿੱਚ ਸਿੰਜਾਈ ਵਿਵਸਥਾ ਅਤੇ ਦਰਿਆਵਾਂ ਦੇ ਕੰਢਿਆਂ ਦੀ ਮੁਰੰਮਤ ਸ਼ਾਮਲ ਹੋਵੇ। ਘੱਗਰ ਦੇ ਪੱਕੇ ਪ੍ਰਬੰਧ ਦੇ ਨਾਲ ਦਰਿਆਵਾਂ ਦੇ ਕੰਢੇ ਘੱਟੋ-ਘੱਟ ਸਾਢੇ ਚਾਰ ਫੁੱਟ ਤੱਕ ਮਜ਼ਬੂਤੀ ਨਾਲ ਤਿਆਰ ਕਰਨਾ। ਉਨ੍ਹਾਂ ਪ੍ਰਧਾਨ ਮੰਤਰੀ ਨੂੰ ਇਹ ਵੀ ਅਪੀਲ ਕੀਤੀ ਹੈ ਕਿ ਜਿਵੇਂ ਕੇਂਦਰੀ ਗ੍ਰਹਿ ਮੰਤਰੀ ਵੱਲੋਂ ਜੰਮੂ ਕਸ਼ਮੀਰ ਦਾ ਦੌਰਾ ਕੀਤਾ ਗਿਆ, ਉਸੇ ਤਰ੍ਹਾਂ ਪੰਜਾਬ ਵਿੱਚ ਵੀ ਕੇਂਦਰ ਸਰਕਾਰ ਵਿੱਚ ਤਾਇਨਾਤ ਉਚ ਆਗੂਆਂ ਦਾ ਦੌਰਾ ਕਰਵਾਇਆ ਜਾਵੇ ਤਾਂ ਜੋ ਉਹ ਜ਼ਮੀਨੀ ਪੱਧਰ ਉਤੇ ਹੋਏ ਨੁਕਸਾਨ ਨੂੰ ਖੁਦ ਦੇਖ ਸਕਣ।

# ਹੜ੍ਹ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਜ਼ਮੀਨੀ ਪੱਧਰ 'ਤੇ ਡਟੀ ਪੰਜਾਬ ਸਰਕਾਰ

ਚੰਡੀਗੜ੍ਹ, 1 ਸਤੰਬਰ (ਚ.ਨ.ਸ.): ਪੰਜਾਬ ਸਰਕਾਰ ਕੁਦਰਤੀ ਆਫ਼ਤ ਦੀ ਇਸ ਘੜੀ ਵਿੱਚ ਮਨੁੱਖਾਂ ਜਾਨਾਂ ਅਤੇ ਪਸ਼ੂ ਧਨ ਦੀ ਰਾਖੀ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੀ ਹੈ। ਸਾਰੇ ਕੈਬਨਿਟ ਮੰਤਰੀ ਲਗਾਤਾਰ ਵੱਖ-ਵੱਖ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰ ਰਹੇ ਹਨ ਤਾਂ ਜੋ ਪ੍ਰਭਾਵਿਤ ਪਰਿਵਾਰਾਂ ਤੱਕ ਲੋੜੀਂਦੀ ਸਹਾਇਤਾ ਜਲਦ ਤੋਂ ਜਲਦ ਪਹੁੰਚ ਸਕੇ। ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਅਜਨਾਲਾ ਸਬ ਡਿਵੀਜ਼ਨ ਦੇ ਹੜ੍ਹ ਪ੍ਰਭਾਵਿਤ ਲੋਕਾਂ ਲਈ ਰਾਹਤ ਸਮੱਗਰੀ ਦੇ ਪੰਜ ਟਰੱਕਾਂ ਨੂੰ ਮੋਹਾਲੀ ਤੋਂ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਰਾਹਤ ਟਰੱਕਾਂ ਵਿੱਚ 1,000 ਰਾਸ਼ਨ ਕਿੱਟਾਂ, ਪੀਣ ਵਾਲੇ ਪਾਣੀ ਦੇ 600 ਪੈਕੇਟ, 400 ਮੱਛਰਦਾਨੀ, 400 ਗੱਦੇ ਅਤੇ 200 ਫੋਲਡਿੰਗ ਬਿਸਤਰੇ ਹਨ। ਆਮ ਆਦਮੀ ਪਾਰਟੀ ਦੇ ਵਲੰਟੀਅਰਾਂ ਤੇ ਪੰਜਾਬ ਦੇ ਲੋਕਾਂ ਦਾ ਰਾਹਤ ਕਾਰਜਾਂ ਵਿੱਚ ਉਨ੍ਹਾਂ ਦੇ ਭਾਰੀ ਯੋਗਦਾਨ ਲਈ ਧੰਨਵਾਦ ਪ੍ਰਗਟ ਕਰਦੇ ਹੋਏ, ਚੀਮਾ ਨੇ ਕਿਹਾ ਕਿ ਪੰਜਾਬ ਨੇ ਦੇਸ਼ ਲਈ ਅਣਗਿਣਤ ਕੁਰਬਾਨੀਆਂ ਦਿੱਤੀਆਂ ਹਨ, ਅਤੇ ਹੁਣ ਸਮਾਂ ਆ ਗਿਆ ਹੈ ਕਿ ਕੇਂਦਰ ਸਰਕਾਰ ਆਪਣੇ ਲੋਕਾਂ ਨਾਲ ਖੜ੍ਹੀ ਹੋਵੇ। ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਫਾਜ਼ਿਲਕਾ ਜ਼ਿਲ੍ਹੇ ਦੇ ਸਾਬੂਆਣਾ ਅਤੇ ਮਾੜੀਵਾਲਾ ਪਿੰਡਾਂ ਦਾ ਦੌਰਾ ਕੀਤਾ।



ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਸ੍ਰੀ ਆਨੰਦਪੁਰ ਸਾਹਿਬ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਬਚਾਅ ਕਾਰਜਾਂ ਦੀ ਜ਼ਿੰਮੇਵਾਰੀ ਸੰਭਾਲੀ ਹੈ ਅਤੇ ਆਪਣੇ ਹਲਕੇ ਦੇ ਵੱਖ-ਵੱਖ ਇਲਾਕਿਆਂ ਦਾ ਦੌਰਾ ਕੀਤਾ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਪ੍ਰਭਾਵਿਤ ਸੂਬਾ ਵਾਸੀਆਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ। ਉਹ ਸਥਿਤੀ 'ਤੇ ਨੇੜਿਓਂ ਨਜ਼ਰ ਰੱਖ ਰਹੇ ਹਨ ਅਤੇ ਸੂਬਾ ਵਾਸੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਬਚਾਅ ਅਤੇ ਰਾਹਤ ਕਾਰਜਾਂ ਦੀ ਨੇੜੀਓਂ ਨਿਗਰਾਨੀ ਕਰ ਰਹੇ ਹਨ। ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਸ੍ਰੀ ਆਨੰਦਪੁਰ ਸਾਹਿਬ ਹਲਕੇ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦੇ ਲੋਕਾਂ ਲਈ ਹੈਲਪਲਾਈਨ ਨੰਬਰ +91-87279-62441 ਜਾਰੀ ਕੀਤਾ ਹੈ। ਇਹ ਹੈਲਪਲਾਈਨ ਨੰਬਰ ਹਰ ਸਮੇਂ ਉਪਲਬਧ ਹੋਵੇਗਾ।

ਪੰਜਾਬ ਦੇ ਖੁਰਾਕ, ਸਿਵਲ ਸਪਲਾਈ, ਜੰਗਲਾਤ ਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਲਾਲ ਚੰਦ ਕਟਾਰੂਚੱਕ ਪਠਾਨਕੋਟ ਜ਼ਿਲ੍ਹੇ ਦੇ ਭੋਆ ਹਲਕੇ ਦੇ ਹੜ੍ਹ ਪ੍ਰਭਾਵਿਤ ਪਿੰਡਾਂ ਦਾ ਲਗਾਤਾਰ ਦੌਰਾ ਕਰ ਰਹੇ ਹਨ ਤਾਂ ਜੋ ਸਥਿਤੀ ਦਾ ਜਾਇਜ਼ਾ ਲਿਆ ਜਾ ਸਕੇ ਅਤੇ ਰਾਹਤ ਸਮੱਗਰੀ ਵੰਡੀ ਜਾ ਸਕੇ। ਉਨ੍ਹਾਂ ਨੇ ਅੱਜ ਪਿੰਡ ਤਾਸ਼, ਮੱਖਣਪੁਰ, ਬਸਾਊ ਬਰਵਾਂ, ਕੋਲੀਆਂ ਅੱਡਾ ਅਤੇ ਬਮਿਆਲ ਇਲਾਕਿਆਂ ਦਾ ਦੌਰਾ ਕੀਤਾ।

ਭੁੱਲਰ ਨੇ ਕਿਹਾ ਕਿ ਸਾਡੀ ਸਰਕਾਰ ਇਸ ਆਫ਼ਤ ਦੀ ਘੜੀ ਵਿੱਚ ਸੂਬਾ ਸਰਕਾਰ ਉਨ੍ਹਾਂ ਦੇ ਨਾਲ ਖੜ੍ਹੀ ਹੈ ਤੇ ਫ਼ਸਲਾਂ ਦੇ ਨੁਕਸਾਨ (ਗਿਰਦਵਰੀ) ਦਾ ਮੁਲਾਂਕਣ ਕਰਨ ਤੋਂ ਬਾਅਦ ਉਨ੍ਹਾਂ ਦੇ ਵਿੱਤੀ ਨੁਕਸਾਨ ਦਾ ਬਣਦਾ ਮੁਆਵਜ਼ਾ ਦਿੱਤਾ ਜਾਵੇਗਾ। ਕੈਬਨਿਟ ਮੰਤਰੀ ਹਰਭਜਨ ਸਿੰਘ ਈ. ਟੀ. ਓ. ਨੇ ਤਰਨਤਾਰਨ ਜ਼ਿਲ੍ਹੇ ਦੇ ਹਰੀਕੇ ਕਸਬੇ ਨੇੜੇ ਮਰੜ ਪਿੰਡ ਵਿੱਚ ਜ਼ਮੀਨ ਖਿਸਕਣ ਕਾਰਨ ਹੋਏ 50 ਫੁੱਟ ਡੂੰਘੇ ਅਤੇ 200 ਮੀਟਰ ਚੌੜੇ ਟੋਏ ਨੂੰ ਭਰਨ ਵਿੱਚ ਪਿੰਡ ਵਾਸੀਆਂ ਦੀ ਮਦਦ ਕੀਤੀ। ਇਸ ਤੋਂ ਇਲਾਵਾ ਉਨ੍ਹਾਂ ਨੇ ਕੀਰੀ ਪਿੰਡ ਵਿੱਚ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਵੀ ਦੌਰਾ ਕੀਤਾ।

ਉਨ੍ਹਾਂ ਨੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਕੀਤੇ ਜਾ ਰਹੇ ਰਾਹਤ ਕਾਰਜਾਂ ਦਾ ਵੀ ਜਾਇਜ਼ਾ ਲਿਆ। ਉਨ੍ਹਾਂ ਹੜ੍ਹ ਪੀੜਤਾਂ ਨੂੰ ਭਰੋਸਾ ਦਿੱਤਾ ਕਿ ਸਾਡੀ ਸਰਕਾਰ ਉਨ੍ਹਾਂ ਨੂੰ ਹਰ ਤਰ੍ਹਾਂ ਦੀ ਮਦਦ ਪ੍ਰਦਾਨ ਕਰਨ ਲਈ ਵਚਨਬੱਧ ਹੈ। ਲੋਕ ਸਭਾ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਅਤੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਅਜਨਾਲਾ ਦੇ ਚੋਗਾਵਾਂ ਰੋਡ 'ਤੇ ਸਥਿਤ ਦਾਣਾ ਮੰਡੀ ਵਿਖੇ ਹੜ੍ਹ ਪ੍ਰਭਾਵਿਤ ਇਲਾਕਿਆਂ ਦੇ ਪੀੜਤਾਂ ਲਈ ਚੱਲ ਰਹੇ ਰਾਹਤ ਕਾਰਜਾਂ ਦਾ ਜਾਇਜ਼ਾ ਲਿਆ। ਇਸ ਰਾਹਤ ਕਾਰਜ ਵਿੱਚ ਹੜ੍ਹ ਪ੍ਰਭਾਵਿਤ ਵਿਅਕਤੀਆਂ ਨੂੰ ਮੈਡੀਕਲ ਕਿੱਟਾਂ, ਪਸ਼ੂਆਂ ਲਈ ਚਾਰਾ ਆਦਿ ਜ਼ਰੂਰੀ ਸਮੱਗਰੀ ਵੰਡੀ ਗਈ।

# ਕੇਂਦਰ ਸਰਕਾਰ ਦੁੱਖ ਦੀ ਘੜੀ ਵਿੱਚ ਆਪਣੀ ਜ਼ਿੰਮੇਵਾਰੀ ਸਮਝਦਿਆਂ ਪੰਜਾਬ ਦੀ ਬਾਂਹ ਫੜੇ : ਹਰਚੰਦ ਸਿੰਘ ਬਰਸਟ

## ਪੰਜਾਬ ਦੇ ਬਕਾਇਆ 60 ਹਜਾਰ ਕਰੋੜ ਦੇ ਫੰਡ ਤੁਰੰਤ ਜਾਰੀ ਕਰੇ ਅਤੇ ਪੰਜਾਬ ਲਈ ਵਿਸ਼ੇਸ਼ ਪੈਕੇਜ ਦੇਵੇ

ਚੰਡੀਗੜ੍ਹ, 1 ਸਤੰਬਰ (ਚ.ਨ.ਸ.): ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਪੰਜਾਬ ਹੜ੍ਹਾਂ ਦੀ ਮਾਰ ਝੱਲ ਰਿਹਾ ਹੈ, ਜਿਸਨੂੰ ਗੰਭੀਰਤਾ ਨਾਲ ਲੈਂਦੀਆਂ ਹੋਇਆ ਕੇਂਦਰ ਸਰਕਾਰ ਨੂੰ ਤੁਰੰਤ ਪੰਜਾਬ ਦੇ 60,000 ਕਰੋੜ ਰੁਪਏ ਦੇ ਰੁਕੇ ਬਕਾਇਆ ਫੰਡ ਜਾਰੀ ਕਰਨੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਪਹਾੜਾ ਵਿੱਚ ਪੈ ਰਹੇ ਭਾਰੀ ਮੀਂਹ ਕਰਕੇ ਪੰਜਾਬ ਦੇ ਦਰਜ਼ਨ ਤੋਂ ਵੱਧ ਜਿਲ੍ਹੇ ਹੜ੍ਹਾਂ ਦੀ ਮਾਰ ਝੱਲ ਰਹੇ ਹਨ। ਜਿਸ ਕਰਕੇ ਪੰਜਾਬ ਦੀ ਕਰੀਬ 3 ਲੱਖ ਏਕੜ ਜਮੀਨ ਪ੍ਰਭਾਵਿਤ ਹੋ ਗਈ ਹੈ ਅਤੇ ਝੋਨੇ ਦੇ ਖੇਤ ਹੜ੍ਹ ਦੀ ਮਾਰ ਹੇਠ ਹਨ। 1400 ਦੇ ਕਰੀਬ ਪਿੰਡ ਡੁੱਬ ਗਏ ਹਨ ਅਤੇ ਲੱਖਾ ਲੋਕ ਪ੍ਰਭਾਵਿਤ ਹੋਏ ਹਨ। ਅਜਿਹੇ ਹਾਲਾਤ ਵਿੱਚ ਕੇਂਦਰ ਦੀ ਭਾਜਪਾ ਸਰਕਾਰ ਪੰਜਾਬ ਦੀ ਬਾਂਹ ਫੜਣ ਲਈ ਅੱਗੇ ਨਹੀਂ ਆ ਰਹੀ ਹੈ। ਜਦੋਂ ਕਿ ਕੇਂਦਰ ਸਰਕਾਰ ਨੂੰ ਆਪਣੀ ਜਿੰਮੇਵਾਰੀ ਸਮਝਦਿਆਂ ਇਸ ਦੁੱਖ ਦੀ ਘੜੀ ਵਿੱਚ ਪੰਜਾਬ ਦੀ ਬਾਂਹ ਫੜਨੀ ਚਾਹੀਦੀ ਹੈ। ਕੇਂਦਰ ਸਰਕਾਰ ਵੱਲ ਪੰਜਾਬ ਸਰਕਾਰ ਦਾ ਆਰ.ਡੀ.ਐਫ., ਹੈਲਥ ਮਿਸ਼ਨ, ਪ੍ਰਧਾਨ ਮੰਤਰੀ ਸੜਕ ਯੋਜਨਾ ਅਤੇ ਜੀ.ਐਸ. ਟੀ. ਦਾ ਘਾਟਾ ਸਮੇਤ 60,000 ਕਰੋੜ ਰੁਪਇਆ ਦਾ ਬਕਾਇਆ ਖੜਾ ਹੈ।



ਬਰਸਟ ਨੇ ਕਿਹਾ ਕਿ ਇਸ ਦੁੱਖ ਦੀ ਘੜੀ ਵਿੱਚ ਕੇਂਦਰ ਦੀ ਭਾਜਪਾ ਸਰਕਾਰ ਨੇ ਨਵੇਂ ਫੰਡ ਤਾਂ ਕੀ ਜਾਰੀ ਕਰਨੇ ਸੀ, ਬਲਕਿ ਬਕਾਇਆ ਫੰਡ ਵੀ ਜਾਰੀ ਨਹੀਂ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੂੰ ਪਹਿਲ ਦੇ ਆਧਾਰ ਤੇ ਪੰਜਾਬ ਦੇ 60,000 ਕਰੋੜ ਰੁਪਏ ਦੇ ਫੰਡ ਤੁਰੰਤ ਜਾਰੀ ਕਰਨੇ ਚਾਹੀਦੇ ਹਨ। ਇਸਦੇ ਨਾਲ ਹੀ ਪੰਜਾਬ ਲਈ ਵਿਸ਼ੇਸ਼ ਆਰਥਿਕ ਪੈਕੇਜ ਦੇ ਤੌਰ ਤੇ 25,000 ਕਰੋੜ ਰੁਪਏ ਦੀ ਪਹਿਲੀ ਕਿਸ਼ਤ ਦੇਣੀ ਚਾਹੀਦੀ ਹੈ ਅਤੇ ਬਾਕੀ ਨੁਕਸਾਨ ਦਾ ਬਣਦਾ ਹੱਕ ਡਿਜਾਸਟਰ ਮੈਨੇਜਮੇਂਟ ਦੇ ਤਹਿਤ ਦੇਕੇ ਕੇ ਪੰਜਾਬ ਦੀ ਮਦਦ ਕਰੇ। ਇਸਦੇ ਨਾਲ ਹੀ ਉਨ੍ਹਾਂ ਨੇ ਐਸਡੀਆਰਐਫ ਦੇ ਮੁਆਵਜਾ ਨਿਯਮਾਂ ਵਿੱਚ ਵੀ ਸੋਧ ਕਰਨ ਦੀ ਮੰਗ ਕੀਤੀ ਹੈ, ਕਿਉਕਿ ਮੌਜੂਦਾ ਨਿਯਮਾਂ ਅਨੁਸਾਰ ਮੁਆਵਜਾ ਨਾਕਾਫੀ ਹੈ। ਉਨ੍ਹਾਂ ਕਿਹਾ ਕਿ ਫਸਲ ਦੇ ਖਰਾਬੇ ਲਈ ਕਿਸਾਨਾਂ ਨੂੰ ਘੱਟੋ-ਘੱਟ 50,000 ਪ੍ਰਤੀ ਏਕੜ ਮੁਆਵਜਾ ਦਿੱਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕੇਂਦਰ ਸਰਕਾਰ ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਦੇ ਕਿਸੇ ਵੀ ਮੰਤਰੀ ਵੱਲੋਂ ਅਜੇ ਤੱਕ ਪੰਜਾਬ ਦੇ ਹਿੱਤ ਵਿੱਚ ਇੱਕ ਵੀ ਸ਼ਬਦ ਨਹੀਂ ਬੋਲਿਆ ਗਿਆ ਹੈ, ਇਸ ਤੋਂ ਕੇਂਦਰ ਸਰਕਾਰ ਦੀ ਪੰਜਾਬ ਪ੍ਰਤੀ ਮਾਨਸਿਕਤਾ ਜੱਗ ਜਾਹਿਰ ਹੁੰਦੀ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਦੇਸ਼ ਦਾ ਅੰਨ ਭੰਡਾਰ ਭਰਦਾ ਹੈ। ਪੰਜਾਬ ਦੇ ਨੌਜਵਾਨ ਦੇਸ਼ ਹੀ ਸਰਹਦਾਂ ਤੇ ਮੋਹਰੀ ਹੋ ਕੇ ਖੜੇ ਹਨ। ਦੇਸ਼ ਵਿੱਚ ਹਰ ਦੁੱਖ ਦੀ ਘੜੀ ਵਿੱਚ ਪੰਜਾਬ ਮੋਹਰੀ ਹੋ ਕੇ ਹਰ ਦੁੱਖ ਨੂੰ ਝੱਲਦਾ ਰਿਹਾ ਹੈ। ਪਰ ਜਦੋਂ ਅੱਜ ਪੰਜਾਬ ਤੇ ਵਿਪਤਾ ਦਾ ਸਮਾਂ ਆਇਆ ਹੈ, ਤਾਂ ਕੋਈ ਵੀ ਪੰਜਾਬ ਦੀ ਬਾਂਹ ਫੜਨ ਲਈ ਤਿਆਰ ਨਹੀਂ ਹੋ ਰਿਹਾ ਹੈ, ਨਾ ਹੀ ਕੇਂਦਰ ਸਰਕਾਰ ਅਤੇ ਨਾਲ ਹੀ ਕੋਈ ਹੋਰ ਸੂਬਾ ਸਰਕਾਰ।

# ਸੰਤ ਬਾਬਾ ਬਲਜਿੰਦਰ ਸਿੰਘ ਜੀ ਰਾੜਾ ਸਾਹਿਬ ਵਾਲਿਆਂ ਦੀ ਅੰਤਿਮ ਅਰਦਾਸ ਭਲਕੇ

## ਸਿੱਖ ਜਗਤ ਦੀਆਂ ਵੱਡੀਆਂ ਮਹਾਨ ਸ਼ਖਸ਼ੀਅਤਾਂ ਜਿੱਥੇ ਸ਼ਾਮਲ ਹੋਣਗੀਆਂ ਉੱਥੇ ਹੀ ਸਰਬ ਧਰਮ ਦੇ ਲੋਕ ਵੀ ਆ ਕੇ ਕਰਨਗੇ

ਪਾਇਲ, 1 ਸਤੰਬਰ (ਸੰਜੀਵ ਲਹਿਲ): ਰਾੜਾ ਸਾਹਿਬ ਸੰਪਰਦਾਇ ਦੇ ਮੌਜੂਦਾ ਮੁਖੀ ਸੰਤ ਬਾਬਾ ਬਲਜਿੰਦਰ ਸਿੰਘ ਜੋ ਕਿ 25 ਅਗਸਤ ਨੂੰ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ ਉਹਨਾਂ ਦੀ ਅੰਤਿਮ ਅਰਦਾਸ ਗੁਰਦੁਆਰਾ ਸ੍ਰੀ ਕਰਮਸਰ ਰਾਣਾ ਸਾਹਿਬ ਵਿਖੇ ਤਿੰਨ ਸਤੰਬਰ ਨੂੰ ਹੋਵੇਗੀ ਇਸ ਮੌਕੇ ਜਿੱਥੇ ਵੱਡੀ ਗਿਣਤੀ ਵਿੱਚ ਸਿੱਖ ਜਗਤ ਦੀਆਂ ਮਹਾਨ ਹਸਤੀਆਂ ਗੁਰਦੁਆਰਾ ਸ੍ਰੀ ਰਾੜਾ ਸਾਹਿਬ ਵਿਖੇ ਪਹੁੰਚ ਰਹੀਆਂ ਹਨ ਉੱਥੇ ਹੀ ਦੂਸਰੇ ਧਰਮਾਂ ਦੇ ਵਿਦਵਾਨ ਲੋਕ ਵੀ ਸੰਤਾਂ ਨੂੰ ਆ ਕੇ ਸ਼ਰਧਾ ਦੇ ਫੁੱਲ ਭੇਟ ਕਰਨਗੇ ਅਤੇ ਇਸ ਸਮੇਂ ਵੱਖ ਵੱਖ ਸਿਆਸੀ ਪਾਰਟੀਆਂ ਦੇ ਲੀਡਰ ਸਾਹਿਬਾਨ ਵੀ ਗੁਰਦੁਆਰਾ ਸ੍ਰੀ ਕਰਮਸਰ ਰਾਣਾ ਸਾਹਿਬ ਵਿਖੇ ਆ ਕੇ ਨਤਮਸਤਕ ਹੋਣਗੇ ਦੱਸ ਦਈਏ ਕਿ ਸਿੱਖ ਪੰਥ ਦੇ ਮਹਾਨ ਵਿਦਵਾਨ ਸੰਪ੍ਰਦਾਇ ਰਾੜਾ ਸਾਹਿਬ ਦੇ ਮੁੱਖੀ ਸੰਤ ਬਾਬਾ ਬਲਜਿੰਦਰ ਸਿੰਘ ਜੀ ਸੰਤ ਬਾਬਾ ਈਸ਼ਰ ਸਿੰਘ ਜੀ ਰਾੜਾ ਸਾਹਿਬ ਵਾਲਿਆਂ ਦੀ 50ਵੀਂ ਸਲਾਨਾ ਬਰਸੀ ਦੇ ਦੂਜੇ ਦਿਨ 25 ਅਗਸਤ 2025 ਨੂੰ ਰਾਤ ਕਰੀਬ 1 ਵਜੇ ਸੰਸਾਰ ਤੋਂ ਰੁਖ਼ਸਤ ਹੋ ਗਏ ਸਨ। ਜਿਨ੍ਹਾਂ ਨੇ ਦੇ ਅਕਾਲ ਚਲਾਣੇ ਤੇ ਸਿੱਖ ਜਗਤ,



ਸੰਪ੍ਰਦਾਇ ਰਾੜਾ ਸਾਹਿਬ ਅਤੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਨੂੰ ਨਾ ਪੂਰਿਆ ਜਾਣ ਵਾਲਾ ਵੱਡਾ ਘਾਟਾ ਪਿਆ ਹੈ। ਮੁੱਖ ਗ੍ਰੰਥੀ ਬਾਬਾ ਬਲਦੇਵ ਸਿੰਘ, ਮਲਕੀਤ ਸਿੰਘ ਪਨੇਸਰ, ਮਨਿੰਦਰਜੀਤ ਸਿੰਘ ਬਾਵਾ ਤੇ ਸੰਪ੍ਰਦਾਇ ਦੇ ਮੁੱਖ ਬੁਲਾਰੇ ਭਾਈ ਢੀਂਡਸਾ ਨੇ ਸਾਂਝੇ ਤੌਰ ਤੇ ਦੱਸਿਆ ਕਿ ਸੰਤ ਬਾਬਾ ਬਲਜਿੰਦਰ ਸਿੰਘ ਜੀ ਦੇ ਨਮਿਤ ਆਰੰਭ ਕੀਤੇ ਸ੍ਰੀ ਸਹਿਜ ਪਾਠ ਦੇ ਭੋਗ ਭਲਕੇ 3 ਸਤੰਬਰ 2025 ਦਿਨ ਬੁੱਧਵਾਰ ਨੂੰ ਠੀਕ 11-30 ਵਜੇ ਗੁਰਦੁਆਰਾ ਕਰਮਸਰ ਰਾੜਾ ਸਾਹਿਬ ਵਿਖੇ ਪਾਏ ਜਾਣਗੇ ਉਪਰੰਤ ਦੁਸਹਿਰਾ ਸਮਾਗਮ ਹੋਵੇਗਾ ਜਿਸ ਦੀ ਸੰਪੂਰਨਤਾ ਬਾਅਦ ਦੁਪਹਿਰ 3 ਵਜੇ ਹੋਵੇਗੀ। ਇਸ ਦੁਸਹਿਰਾ ਸਮਾਗਮ ਵਿਚ ਵੱਖ ਵੱਖ ਸੰਪ੍ਰਦਾਵਾਂ ਦੇ ਸੰਤ ਮਹਾਂਪੁਰਸ਼, ਨਿਹੰਗ ਸਿੰਘ ਜਥੇਬੰਦੀਆਂ ਦੇ ਜਥੇਦਾਰ ਸਹਿਬਾਨ , ਸਿੱਖ ਪੰਥ ਦੀਆਂ ਧਾਰਮਿਕ ਸ਼ਖ਼ਸੀਅਤਾਂ ਤੋਂ ਇਲਾਵਾ ਤਖ਼ਤ ਸਹਿਬਾਨਾਂ ਦੇ ਸਿੰਘ ਸਾਹਿਬਾਨ ਸੰਤ ਬਾਬਾ ਬਲਜਿੰਦਰ ਸਿੰਘ ਜੀ ਨੂੰ ਗੁਰਬਾਣੀ ਦੀ ਕਥਾ, ਕੀਰਤਨ ਵਖਿਆਨ ਤੇ ਆਪਣੇ ਪ੍ਰਵਚਨਾਂ ਦੁਆਰਾ ਨਿੱਘੀ ਸ਼ਰਧਾਂਜਲੀ ਭੇਟ ਕਰਨਗੇ ਉੱਥੇ ਦੇਸ਼ ਵਿਦੇਸ਼ ਦੀਆਂ ਸੈਂਕੜੇ ਸੰਗਤਾਂ ਇਸ ਦੁਸਹਿਰਾ ਸਮਾਗਮ ਵਿੱਚ ਸ਼ਾਮਲ ਹੋਣਗੀਆਂ।ਇਸ ਮੌਕੇ ਤੇ ਸੰਤ ਬਾਬਾ ਬਲਜਿੰਦਰ ਸਿੰਘ ਦੇ ਭਰਾ ਭਾਈ ਗੁਰਦੀਪ ਸਿੰਘ ਅਮਰੀਕਾ, ਭੈਣ ਜਸਵਿੰਦਰ ਕੌਰ ਅਮਰੀਕਾ, ਭਰਾ ਭਾਈ ਗੋਬਿੰਦਰ ਸਿੰਘ, ਭੈਣ ਸਤਵਿੰਦਰ ਕੌਰ, ਭੈਣ ਹਰਵਿੰਦਰ ਕੌਰ ਤੋਂ ਇਲਾਵਾ ਟਰੱਸਟ ਦੇ ਮੈਂਬਰ ਬਾਬਾ ਰੋਸ਼ਨ ਸਿੰਘ ਧਬਲਾਨ, ਬਾਬਾ ਗੁਰਮੁਖ ਸਿੰਘ ਆਲੋਵਾਲ, ਬਾਬਾ ਅਮਰ ਸਿੰਘ ਕਥਾਵਾਚਕ, ਬਾਬਾ ਅਮਰ ਸਿੰਘ ਭੋਰਾ ਸਾਹਿਬ, ਗੁਰਨਾਮ ਸਿੰਘ ਅੜੈਚਾ, ਜਗਜੀਤ ਸਿੰਘ ਗਿੱਲ ਜੈਪੁਰ, ਪ੍ਰਿੰਸੀਪਲ ਗੁਰਨਾਮ ਕੌਰ ਚੰਡੀਗੜ੍ਹ, ਅਸ਼ੋਕ ਜੀ ਦਿੱਲੀ, ਅਜੀਤ ਸਿੰਘ, ਭਾਈ ਅਮਰ ਸਿੰਘ ਦਸਮੇਸ਼ ਕੰਬਾਈਨ ਮਾਲੇਰਕੋਟਲਾ, ਹਰਦੇਵ ਸਿੰਘ ਉੱਭੀ, ਭਵਪਰੀਤ ਸਿੰਘ ਮੁੰਡੀ ਆਦਿ ਹਾਜ਼ਰ ਸਨ।

ੴ ਸਤਿਗੁਰ ਪ੍ਰਸਾਦਿ ।।
ਜੇਹਾ ਚੀਰੀ ਲਿਖਿਆ ਹੁਕਮ ਕਮਾਹਿ ।।
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ।।



ਪਿਤਾ ਦੇ ਪਾਲੇ ਲਾਡਲੇ ਚਾਅ, ਸੱਧਰਾਂ ਦਾ ਫਰਜ਼ ਨਿਭਾਉਣ ਦੀ ਰਸਮ
ਸ਼ਗਨਾਂ ਦੀ ਡੋਲੀ ਤੋਰਨ ਤੋਂ ਪਹਿਲਾਂ
ਗੁਰਮਨ ਕੌਰ
ਲਾਡਲੀ ਧੀ
ਪਤਾ ਨਹੀਂ ਕਿਹੜੇ ਬੇਗਾਨੇ ਦੇਸ਼ ਨੂੰ ਅਚਾਨਕ ਗੁਰੂ ਦੇ ਭਾਣੇ 'ਚ ਅੰਤਿਮ ਯਾਤਰਾ ਸਮਾਪਤ ਕਰਕੇ ਚਲੀ ਗਈ।
ਜਿੱਥੋਂ ਕੋਈ ਗਿਆ ਵਾਪਸ ਨਹੀਂ ਆਉਂਦਾ, ਬਸ ਯਾਦਾਂ ਹੀ ਪੱਲੇ ਰਹਿ ਜਾਂਦੀਆਂ ਹਨ,
ਵਿੱਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕਰਦੇ ਹਾਂ।
ਭੋਗ ਅਤੇ ਅੰਤਿਮ ਅਰਦਾਸ
2 ਸਤੰਬਰ, 2025 ਦਿਨ ਮੰਗਲਵਾਰ
ਅਨਾਜ ਮੰਡੀ ਲੌਂਗੋਵਾਲ ਵਿਖੇ 11 ਤੋਂ 1 ਵਜੇ ਤੱਕ ਹੋਵੇਗੀ।
ਦੁਖੀ ਹਿਰਦੇ:
ਭਾਈ ਗੋਬਿੰਦ ਸਿੰਘ ਲੌਂਗੋਵਾਲ, ਸਾਬਕਾ ਪ੍ਰਧਾਨ ਐਸ.ਜੀ.ਪੀ.ਸੀ.,ਸ੍ਰੀ ਅੰਮ੍ਰਿਤਸਰ (ਪਿਤਾ)
ਨਵਇੰਦਰਪ੍ਰੀਤ ਸਿੰਘ ਅਤੇ ਹਰਮਨਜੋਤ ਕੌਰ (ਭਰਾ ਅਤੇ ਭਰਜਾਈ)
ਅਤੇ ਸਮੁੱਚੀ ਸਾਧ ਸੰਗਤ ਦਾਸ ਮਨਜੀਤ ਸਿੰਘ ਸਾਗਰ

## ਕਵਿਤਾ



ਪਿਤਾ ਦੇ ਪਾਲੇ ਲਾਡਲੇ ਚਾਅ,
ਸੱਧਰਾਂ ਦਾ ਫਰਜ਼ ਨਿਭਾਉਣ
ਦੀ ਰਸਮ,
ਸ਼ਗਨਾਂ ਦੀ ਡੋਲੀ ਤੋਰਨ
ਤੋਂ ਪਹਿਲਾਂ ਗੁਰਮਨ ਕੌਰ
ਲਾਡਲੀ ਧੀ,
ਪਤਾ ਨਹੀਂ ਕਿਹੜੇ ਬੇਗਾਨੇ
ਦੇਸ਼ ਨੂੰ ਅਚਾਨਕ ਗੁਰੂ ਦੇ
ਭਾਣੇ ਵਿੱਚ
ਅੰਤਿਮ ਯਾਤਰਾ ਸਮਾਪਤ
ਕਰਕੇ ਚਲੀ ਗਈ,
ਜਿੱਥੋਂ ਕੋਈ ਗਿਆ ਵਾਪਸ
ਨਹੀਂ ਆਉਂਦਾ,
ਬਸ ਯਾਦਾਂ ਹੀ ਪੱਲੇ ਰਹਿ
ਜਾਂਦੀਆਂ ਹਨ,
ਵਿੱਛੜੀ ਆਤਮਾ ਨੂੰ ਸ਼ਰਧਾ
ਦੇ ਫੁੱਲ ਭੇਟ ਕਰਦੇ ਹਾਂ।

ਪੰਜਾਬ ਸਭ ਤੋਂ ਭਿਆਨਕ ਹੜ੍ਹਾਂ ਨਾਲ ਜੂਝ ਰਿਹਾ ਹੈ
ਮੁੱਖ ਮੰਤਰੀ ਰਾਹਤ ਫੰਡ
ਵਿੱਚ ਯੋਗਦਾਨ ਪਾਓ



ਪੰਜਾਬ ਦੇ ਹੜ੍ਹ ਪ੍ਰਭਾਵਿਤ ਪਰਿਵਾਰਾਂ ਦੀ ਮਦਦ ਲਈ
ਆਪਣਾ ਸਹਿਯੋਗ ਦਿਓ
ਖਾਤੇ ਦਾ ਨਾਮ : ਪੰਜਾਬ ਮੁੱਖ ਮੰਤਰੀ ਰਾਹਤ ਫੰਡ
ਖਾਤਾ ਨੰਬਰ : 00193400100589
ਖਾਤਾ ਕਿਸਮ: ਬੱਚਤ
IFSC ਕੋਡ: TPSC0000019
ਸ਼ਾਖਾ ਦਾ ਨਾਮ: ਪੰਜਾਬ ਸਟੇਟ ਕੋਆਪਰੇਟਿਵ ਬੈਂਕ ਲਿਮਟਿਡ
ਸ਼ਾਖਾ ਦਫ਼ਤਰ : ਪੰਜਾਬ ਸਿਵਲ ਸਕੱਤਰੇਤ, ਸੈਕਟਰ-1, ਚੰਡੀਗੜ੍ਹ
ਦਾਨ ਕਰਨ ਲਈ ਕਿਊ ਆਰ ਕੋਡ ਸਕੈਨ ਕਰੋ
www.tinyurl.com/PunjabCMReliefFund
ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ

## ਸੰਪਾਦਕੀ

# ਅਮਰੀਕਾ ਨਾਲ ਮੁਕਾਬਲੇ ਦੀ ਰਣਨੀਤੀ

ਵੱਧਦੇ ਟੈਰਿਫ ਟਕਰਾਅ ਦੇ ਵਿਚਕਾਰ, ਭਾਰਤ ਅਤੇ ਜਾਪਾਨ ਨੇ ਅਗਲੇ ਦਸ ਸਾਲਾਂ ਲਈ ਵਿਸ਼ੇਸ਼ ਰਣਨੀਤਿਕ ਅਤੇ ਵੱਖ-ਵੱਖ ਖੇਤਰਾਂ ਵਿੱਚ ਆਪਣੇ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਲਈ ਸਾਂਝੇਦਾਰੀ ਦਾ ਇੱਕ ਨਵਾਂ ਬਲੂਪ੍ਰਿੰਟ ਤਿਆਰ ਕੀਤਾ ਹੈ। ਇਸ ਵਿੱਚ ਰੱਖਿਆ, ਸਿਹਤ, ਸਾਫ਼ ਊਰਜਾ, ਦੂਰਸੰਚਾਰ, ਦਵਾਈ, ਮਹੱਤਵਪੂਰਨ ਖਣਿਜ, ਉੱਭਰਦੀ ਤਕਨਾਲੋਜੀ ਅਤੇ ਆਰਥਿਕ ਸੁਰੱਖਿਆ ਢਾਂਚਾ ਸ਼ਾਮਲ ਹੈ। ਇਸ ਦੇ ਤਹਿਤ, ਕਈ ਦੁਵੱਲੇ ਸਮਝੌਤਿਆਂ 'ਤੇ ਦਸਤਖਤ ਕੀਤੇ ਗਏ ਹਨ, ਜਿਨ੍ਹਾਂ ਦਾ ਨਾ ਸਿਰਫ਼ ਸਾਂਝੇ ਹਿੱਤ ਹਨ ਬਲਕਿ ਵਿਸ਼ਵ ਵਪਾਰ ਵਿੱਚ ਦੋਵਾਂ ਦੇਸ਼ਾਂ ਦੀ ਭਰੋਸੇਯੋਗਤਾ ਨੂੰ ਵੀ ਮਜ਼ਬੂਤ ਕਰਨਗੇ। ਖਾਸ ਤੌਰ 'ਤੇ, ਅਮਰੀਕਾ ਦੁਆਰਾ ਭਾਰਤ 'ਤੇ ਲਗਾਏ ਗਏ ਪੰਜਾਹ ਪ੍ਰਤੀਸ਼ਤ ਟੈਰਿਫ ਨਾਲ ਨਜਿੱਠਣ ਦੇ ਤਰੀਕਿਆਂ ਦੀ ਖੋਜ ਦੇ ਵਿਚਕਾਰ ਜਾਪਾਨ ਨਾਲ ਇਹ ਸਾਂਝੇਦਾਰੀ ਹੋਰ ਵੀ ਮਹੱਤਵਪੂਰਨ ਹੋ ਜਾਂਦੀ ਹੈ। ਭਾਰਤ ਵਪਾਰ ਦੇ ਬਦਲਵੇਂ ਤਰੀਕੇ ਲੱਭਣ ਵਿੱਚ ਰੁੱਝਿਆ ਹੋਇਆ ਹੈ ਅਤੇ ਜਾਪਾਨ ਨਾਲ ਸਮਝੌਤਿਆਂ ਨੂੰ ਇਸ ਲੜੀ ਦਾ ਹਿੱਸਾ ਮੰਨਿਆ ਜਾ ਰਿਹਾ ਹੈ। ਜਾਪਾਨ ਵੀ ਅਮਰੀਕਾ ਦੀ ਟੈਰਿਫ ਨੀਤੀ ਤੋਂ ਅਛੂਤਾ ਨਹੀਂ ਹੈ ਅਤੇ ਅਜਿਹੀ ਸਥਿਤੀ ਵਿੱਚ, ਉਹ ਭਾਰਤ ਵੱਲ ਵੀ ਉਮੀਦ ਭਰੀਆਂ ਨਜ਼ਰਾਂ ਨਾਲ ਦੇਖ ਰਿਹਾ ਹੈ। ਅਮਰੀਕੀ ਟੈਰਿਫ ਨੂੰ ਬੇਅਸਰ ਕਰਨ ਦੀਆਂ ਕੋਸ਼ਿਸ਼ਾਂ ਦੇ ਹਿੱਸੇ ਵਜੋਂ, ਭਾਰਤ ਨੇ ਚਾਲੀ ਦੇਸ਼ਾਂ ਨਾਲ ਵਪਾਰਕ ਗੱਲਬਾਤ ਦੀ ਮੁਹਿੰਮ ਸ਼ੁਰੂ ਕੀਤੀ ਹੈ। ਜਾਪਾਨ ਵੀ ਉਨ੍ਹਾਂ ਵਿੱਚੋਂ ਇੱਕ ਹੈ। ਵੱਖ-ਵੱਖ ਸਮਝੌਤਿਆਂ ਦੇ ਤਹਿਤ, ਜਾਪਾਨ ਨੇ ਇੱਕ ਦਹਾਕੇ ਦੇ ਅੰਦਰ ਭਾਰਤ ਵਿੱਚ ਦਸ ਹਜ਼ਾਰ ਬਿਲੀਅਨ ਯੇਨ (ਲੱਗਭੱਗ 60,000 ਕਰੋੜ ਰੁਪਏ) ਦਾ ਨਿਵੇਸ਼ ਕਰਨ ਦਾ ਟੀਚਾ ਰੱਖਿਆ ਹੈ। ਇਸ ਤੋਂ ਇਲਾਵਾ, ਦੋਵਾਂ ਦੇਸ਼ਾਂ ਵਿਚਕਾਰ ਇੱਕ ਕਾਰਜ ਯੋਜਨਾ ਵੀ ਬਣਾਈ ਗਈ ਹੈ ਤਾਂ ਜੋ ਆਪਸੀ ਕਾਮਿਆਂ ਨੂੰ ਇੱਕ ਦੂਜੇ ਦੇ ਦੇਸ਼ ਵਿੱਚ ਆਸਾਨੀ ਨਾਲ ਯਾਤਰਾ ਕਰਨ ਅਤੇ ਕੰਮ ਕਰਨ ਦਾ ਮੌਕਾ ਮਿਲ ਸਕੇ। ਮੰਨਿਆ ਜਾ ਰਿਹਾ ਹੈ ਕਿ ਇਸ ਨਾਲ ਪੰਜ ਲੱਖ ਭਾਰਤੀ ਸਿਖਲਾਈ ਪ੍ਰਾਪਤ ਕਾਮਿਆਂ ਲਈ ਜਾਪਾਨ ਜਾਣ ਦਾ ਰਸਤਾ ਖੁੱਲ੍ਹਣ ਦੀ ਉਮੀਦ ਹੈ। ਭਾਰਤੀ ਪੁਲਾੜ ਖੋਜ ਸੰਗਠਨ (ਇਸਰੋ) ਅਤੇ ਜਾਪਾਨ ਏਰੋਸਪੇਸ ਐਕਸਪਲੋਰੇਸ਼ਨ ਏਜੰਸੀ ਵਿਚਕਾਰ ਚੰਦਰਮਾ 'ਤੇ ਇੱਕ ਸਾਂਝੇ ਖੋਜ ਮਿਸ਼ਨ ਵਿੱਚ ਸਹਿਯੋਗ ਲਈ ਇੱਕ ਸਮਝੌਤਾ ਹੋਇਆ ਹੈ। ਦਰਅਸਲ, ਭਾਰਤ-ਜਾਪਾਨ ਸਾਂਝੇਦਾਰੀ ਨਾ ਸਿਰਫ਼ ਦੋਵਾਂ ਦੇਸ਼ਾਂ ਲਈ, ਸਗੋਂ ਵਿਸ਼ਵ ਸ਼ਾਂਤੀ ਅਤੇ ਸਥਿਰਤਾ ਲਈ ਵੀ ਮਹੱਤਵਪੂਰਨ ਹੈ। ਮਜ਼ਬੂਤ ਲੋਕਤੰਤਰ ਇੱਕ ਬਿਹਤਰ ਦੁਨੀਆਂ ਨੂੰ ਆਕਾਰ ਦੇਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਇਸ ਵਿੱਚ ਕੋਈ ਸ਼ੱਕ ਨਹੀਂ ਹੈ ਕਿ ਜਾਪਾਨੀ ਤਕਨਾਲੋਜੀ ਅਤੇ ਭਾਰਤੀ ਪ੍ਰਤਿਭਾ ਦਾ ਸੁਮੇਲ ਅੰਤਰਰਾਸ਼ਟਰੀ ਮੰਚ 'ਤੇ ਇੱਕ ਨਵਾਂ ਆਯਾਮ ਬਣਾ ਸਕਦਾ ਹੈ। ਰੱਖਿਆ ਉਦਯੋਗ ਅਤੇ ਨਵੀਨਤਾ ਦੇ ਖੇਤਰ ਵਿੱਚ ਦੋਵਾਂ ਦੇਸ਼ਾਂ ਵਿਚਕਾਰ ਸਹਿਯੋਗ ਆਪਸੀ ਸਵੈ-ਨਿਰਭਰਤਾ ਲਈ ਵੀ ਮਹੱਤਵਪੂਰਨ ਹੈ। ਦੋਵੇਂ ਦੇਸ਼ ਪੈਰਿਸ ਸਮਝੌਤੇ ਤਹਿਤ ਕਾਰਬਨ ਕ੍ਰੈਡਿਟ ਵਪਾਰ 'ਤੇ ਇਕੱਠੇ ਕੰਮ ਕਰਨ ਲਈ ਵੀ ਸਹਿਮਤ ਹੋਏ ਹਨ। ਇਹ ਕਦਮ ਭਾਰਤ ਨੂੰ ਆਪਣੇ ਜਲਵਾਯੂ ਟੀਚਿਆਂ ਲਈ ਫੰਡ ਅਤੇ ਤਕਨਾਲੋਜੀ ਪ੍ਰਾਪਤ ਕਰਨ ਵਿੱਚ ਮੱਦਦ ਕਰ ਸਕਦਾ ਹੈ। ਵਪਾਰ, ਨਵੀਨਤਾ ਅਤੇ ਉੱਦਮਤਾ ਵਰਗੇ ਖੇਤਰਾਂ ਵਿੱਚ ਜਾਪਾਨ ਨਾਲ ਸਹਿਯੋਗ ਦੀਆਂ ਬੇਅੰਤ ਸੰਭਾਵਨਾਵਾਂ ਹਨ। ਭਵਿੱਖ-ਮੁਖੀ ਖੇਤਰ ਜਿਵੇਂ ਕਿ ਸਟਾਰਟਅੱਪ, ਤਕਨਾਲੋਜੀ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਵੀ ਆਪਸੀ ਤੌਰ 'ਤੇ ਲਾਭਦਾਇਕ ਹੋ ਸਕਦੇ ਹਨ। ਅਜਿਹੀਆਂ ਸੰਭਾਵਨਾਵਾਂ ਦੀ ਪੜਚੋਲ ਕਰਨਾ ਵੀ ਮਹੱਤਵਪੂਰਨ ਹੈ ਤਾਂ ਜੋ ਭਵਿੱਖ ਵਿੱਚ ਅਮਰੀਕੀ ਟੈਰਿਫ ਨੀਤੀ ਵਰਗਾ ਕੋਈ ਹੋਰ ਦਬਾਅ ਭਾਰਤ ਨੂੰ ਪ੍ਰਭਾਵਿਤ ਨਾ ਕਰ ਸਕੇ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਹੁਣ ਚੀਨ ਦੇ ਦੌਰੇ 'ਤੇ ਹਨ ਅਤੇ ਉਮੀਦ ਕੀਤੀ ਜਾ ਰਹੀ ਹੈ ਕਿ ਦੁਵੱਲੇ ਵਪਾਰ 'ਤੇ ਸਾਰਥਕ ਗੱਲਬਾਤ ਹੋਵੇਗੀ। ਹਾਲਾਂਕਿ ਭਾਰਤ-ਚੀਨ ਸਬੰਧ ਰਵਾਇਤੀ ਤੌਰ 'ਤੇ ਬਹੁਤ ਚੰਗੇ ਨਹੀਂ ਰਹੇ ਹਨ, ਪਰ ਦੋਵੇਂ ਦੇਸ਼ ਅਮਰੀਕੀ ਟੈਰਿਫ ਦੇ ਮੁੱਦੇ 'ਤੇ ਇੱਕ ਪਲੇਟਫਾਰਮ 'ਤੇ ਆ ਗਏ ਹਨ ਅਤੇ ਰੂਸ ਵੀ ਇਸ ਮੁੱਦੇ 'ਤੇ ਭਾਰਤ ਦੇ ਨਾਲ ਹੈ। ਇਹ ਮੰਨਿਆ ਜਾ ਰਿਹਾ ਹੈ ਕਿ ਇਨ੍ਹਾਂ ਤਿੰਨਾਂ ਆਰਥਿਕ ਸ਼ਕਤੀਆਂ ਦੀ ਆਪਸੀ ਗੱਲਬਾਤ ਵਿਸ਼ਵਵਿਆਪੀ ਉਥਲ-ਪੁਥਲ ਦੇ ਵਿਚਕਾਰ ਨਵੇਂ ਸਮੀਕਰਨਾਂ ਨੂੰ ਰੂਪ ਦੇ ਸਕਦੀ ਹੈ।

**-ਜਗਜੀਤ ਸਿੰਘ ਦਰਦੀ**

# ਪੰਜਾਬ ਵਿੱਚ ਹੜ੍ਹਾਂ ਦਾ ਕੋਹਰਾਮ



ਦਰਬਾਰਾ ਸਿੰਘ ਕਾਹਲੋਂ
+1 2898292929

ਬਹੁਤਾ ਦੂਰ ਕੀ ਜਾਣਾ ਦੇਸ਼ ਦੀ ਵੰਡ ਬਾਅਦ ਪੰਜਾਬ ਅੰਦਰ ਹੜ੍ਹਾਂ ਦੁਆਰਾ ਵਾਰ-ਵਾਰ ਮਚਾਏ ਜਾਂਦੇ ਕੋਹਰਾਮ ਦੀ ਦਾਸਤਾਨ ਅਤਿ ਪੀੜਾ ਜਨਕ, ਦੁੱਖਦਾਈ ਅਤੇ ਬਰਬਾਦੀ ਭਰੀ ਹੈ। ਨਾ ਹੀ ਰਾਜ ਅਤੇ ਨਾ ਹੀ ਕੇਂਦਰ ਸਰਕਾਰਾਂ ਇਨ੍ਹਾਂ ਦੀ ਰੋਕਥਾਮ ਲਈ ਕੋਈ ਸਥਾਈ, ਚਿਰਥਾਈ ਅਤੇ ਪੁਖਤਾ ਪ੍ਰਬੰਧ ਕਰ ਸਕੀਆਂ, ਜਿਸ ਕਰਕੇ ਪੰਜਾਬ ਦੇ ਕਲੰਕ ਤੋਂ ਇਸ ਗੁਰੂਆਂ, ਪੀਰਾਂ, ਯੋਧਿਆਂ, ਦੇਸ਼ ਲਈ ਅਜ਼ੀਮ ਕੁਰਬਾਨੀਆਂ ਦੇਣ ਲਈ ਤੱਤਪਰ ਰਹਿਣ ਵਾਲੇ ਜੁਝਾਰੂ ਸੂਰਮਿਆਂ, ਵਿਸ਼ਵ ਅੰਦਰ ਸਰਵਉਚ ਅਸਥਾਨ ਆਪਣੀ ਮਿਹਨਤਕਸ਼ ਕਿਸਾਨੀ ਅਤੇ ਜਾਂਬਾਜ਼ ਖੇਤ ਮਜ਼ਦੂਰਾਂ ਦੀ ਇਸ ਲਾਡਲੀ, ਜ਼ਰਖੇਜ਼ ਅਤੇ ਖੂਬਸੂਰਤ ਧਰਤੀ ਨੂੰ ਬਚਾਇਆ ਨਹੀਂ ਜਾ ਸਕਿਆ। ਇਸ ਨਾਕਾਮੀ ਦਾ ਮੰਜ਼ਰ ਉਦੋਂ ਦੇਸ਼-ਵਿਦੇਸ਼ ਵਿੱਚ ਵਸੇ ਪੰਜਾਬੀਆਂ ਦੇ ਸੀਨੇ ਵਲੂੰਧਰ ਦਿੰਦਾ ਹੈ, ਜਦੋਂ ਇਕ ਸਾਬਕਾ ਨਾਮਵਰ ਮੁੱਖ ਸਕੱਤਰ ਪੰਜਾਬ ਆਪਣੇ ਫੇਸਬੁੱਕ ਪੇਜ 'ਤੇ ਅਜੋਕੇ ਅਗਸਤ, 2025 ਦੇ ਪੰਜਾਬ ਵਿੱਚ ਹੜ੍ਹਾਂ ਦੀ ਭਿਆਨਕ ਮਾਰ ਦੀਆਂ ਫੋਟੋਆਂ ਪਾਉਣੋਂ ਨਾ ਰਹਿ ਸਕਿਆ ਜੋ ਭਾਰਤੀ ਕੇਂਦਰੀ ਅਤੇ ਪੰਜਾਬ ਦੀਆਂ ਰਾਜ ਸਰਕਾਰਾਂ ਦੀਆਂ ਹੜ੍ਹਾਂ ਦੀ ਰੋਕਥਾਮ ਸਬੰਧੀ ਨਾਲਾਇਕੀਆਂ, ਨਾਕਾਮੀਆਂ ਅਤੇ ਭ੍ਰਿਸ਼ਟਾਚਾਰੀ ਨਿਜ਼ਾਮ ਦੀਆਂ ਲਖਾਇਕ ਹਨ। ਉਸ ਵੱਲੋਂ ਇੱਕ ਬਿਹਬਲ ਬਜ਼ੁਰਗ ਵੱਲੋਂ ਗਲ਼-ਗਲ਼ ਪਾਣੀ ਵਿੱਚੋਂ ਬਜ਼ੁਰਗ ਮਾਂ ਨੂੰ ਬਾਹਰ ਕੱਢਣ ਦਾ ਯਤਨ, ਐਡਾ ਵੱਡਾ ਸੰਵੇਦਨਸ਼ੀਲ ਦ੍ਰਿਸ਼ ਹੈ ਕਿ ਕੋਈ ਵੀ ਵੇਖਣ ਵਾਲੀ ਅੱਖ ਨਮ ਹੋਏ ਬਗੈਰ ਨਹੀਂ ਰਹਿ ਸਕਦੀ।

**ਯਾਦ** : ਲੇਖਕ ਨੂੰ ਯਾਦ ਹੈ ਜਦੋਂ ਉਹ ਛੋਟਾ ਜਿਹਾ ਬੱਚਾ ਹੁੰਦਾ ਸੀ, ਸੰਨ 1955 ਦੇ ਹੜ੍ਹ ਵੇਲੇ ਠਾਠਾਂ ਮਾਰਦਾ ਪਾਣੀ ਦਾ ਸਮੁੰਦਰ ਪਿੰਡ ਪਾਹੜਾ, ਜ਼ਿਲ੍ਹਾ ਗੁਰਦਾਸਪੁਰ ਦੇ ਲਹਿੰਦੇ ਪਾਸੇ ਵੱਡੇ ਗੁਰਦਵਾਰੇ ਵਿੱਚ ਜਿੱਥੇ ਉਸਦਾ ਸਕੂਲ ਸੀ, ਵੜ ਗਿਆ ਸੀ। ਗੁਰਦਵਾਰੇ ਦੀ ਲੈਂਟਰ ਵਾਲੀ ਛੱਤ ਚੋਣ ਲੱਗ ਪਈ ਸੀ। ਗਰੀਬਾਂ ਦੇ ਕੱਚੇ ਘਰ ਢਹਿ ਗਏ ਸਨ। ਉਹ ਪਿੰਡ ਦੇ ਜ਼ਿਮੀਂਦਾਰਾਂ ਤੋਂ ਛੱਤਾਂ ਨੂੰ ਸਹਾਰਾ ਦੇਣ ਲਈ ਲੱਕੜ ਦੀਆਂ ਥੰਮ੍ਹੀਆਂ, ਅਨਾਜ, ਦੁੱਧ ਜਾਂ ਹਵੇਲੀਆਂ ਵਿੱਚ ਬਸੇਰੇ ਦੀ ਮੰਗ ਕਰ ਰਹੇ ਸਨ।

**1955 ਹੜ੍ਹ** : ਸੰਨ 1955 ਦੇ ਹੜ੍ਹਾਂ ਵਿੱਚ ਉੱਤਰੀ ਭਾਰਤ ਵਿੱਚ ਕਾਫੀ ਨੁਕਸਾਨ ਹੋਇਆ ਸੀ। ਪਰ ਉਸ ਸਮੇਂ ਸਾਂਝੇ ਪੂਰਬੀ ਪੰਜਾਬ ਦਾ ਬਹੁਤ ਵੱਡਾ ਨੁਕਸਾਨ ਹੋਇਆ ਸੀ। ਉਦੋਂ ਵੀ ਰਾਵੀ, ਬਿਆਸ, ਸਤਲੁੱਜ ਅਤੇ ਘੱਗਰ ਆਦਿ ਦਰਿਆਵਾਂ ਨੇ ਪੰਜਾਬ ਦੀ ਬਰਬਾਦੀ ਦੇ ਘੱਘਰ ਖੋਲ੍ਹ ਕੇ ਰੱਖ ਦਿੱਤੇ ਸਨ। ਭਾਰਤੀ ਹਵਾਈ ਸੈਨਾ ਨੂੰ ਹੜ੍ਹ ਪੀੜਤਾਂ, ਦੂਰ-ਦੁਰੇਡੇ ਅਤੇ ਪਿੰਡਾਂ ਵਿੱਚ ਫਸੇ ਹੋਏ ਲੋਕਾਂ ਨੂੰ ਖਾਣ-ਪੀਣ ਦੀਆਂ ਵਸਤਾਂ ਦੇ ਪੈਕੇਟ ਪਹੁੰਚਣ, ਘਰਾਂ ਦੀਆਂ ਛੱਤਾਂ, ਦਰਖ਼ਤਾਂ ਅਤੇ ਟਿੱਬਿਆਂ 'ਤੇ ਚੜ੍ਹੇ ਭੁੱਖੇ-ਭਾਣੇ ਲੋਕਾਂ, ਬੱਚਿਆਂ, ਬਿਰਧਾਂ ਨੂੰ ਬਚਾਉਣ ਲਈ ਸੱਦਿਆ ਗਿਆ। ਦੇਸ਼ ਦੇ ਤੱਤਕਾਲੀ ਪ੍ਰਧਾਨ ਮੰਤਰੀ ਪੰਡਤ ਜਵਾਹਰ ਲਾਲ ਨਹਿਰੂ ਨੇ ਖ਼ੁਦ ਹਵਾਈ ਜਹਾਜ਼ ਵਿੱਚ ਹੜ੍ਹ ਮਾਰੇ ਇਲਾਕਿਆਂ, ਲੋਕਾਂ ਅਤੇ ਪ੍ਰਸ਼ਾਸਨਿਕ ਪ੍ਰਬੰਧਾਂ ਦਾ ਜਾਇਜ਼ਾ ਲਿਆ ਸੀ।

ਅੱਜ ਜਦੋਂ ਪੰਜਾਬ ਬੁਰੀ ਤਰ੍ਹਾਂ ਹੜ੍ਹਾਂ ਦੀ ਲਪੇਟ ਵਿੱਚ ਸੀ, ਮੁੱਖ ਮੰਤਰੀ ਭਗਵੰਤ ਮਾਨ ਨੂੰ ਆਪਣਾ ਤਾਮਿਲਨਾਡੂ ਦਾ ਦੌਰਾ ਰੱਦ ਕਰ ਦੇਣਾ ਚਾਹੀਦਾ ਸੀ। ਨਾ ਉਨ੍ਹਾਂ ਅਤੇ ਨਾ ਕਿਸੇ ਸਲਾਹਕਾਰ ਨਾ ਦਿੱਲੀ ਟੀਮ ਨੇ ਅਜਿਹਾ ਸੋਚਿਆ। ਪੰਜਾਬੀਆਂ ਨੂੰ ਚੰਗਾ ਲੱਗਦਾ ਜੇ ਉਹ ਅਜਿਹਾ ਕਰਦੇ। ਉਲਟਾ ਇਸ ਮਾਰੂ ਹੜ੍ਹ ਦੀ ਸਥਿਤੀ ਵਿੱਚ ਕੁੱਝ ਵਿਧਾਇਕਾਂ ਨੂੰ ਮੁੱਖ ਮੰਤਰੀ ਦੇ ਤਾਮਿਲਨਾਡੂ ਦੇ ਦੌਰੇ ਦੀਆਂ ਪ੍ਰਾਪਤੀਆਂ (ਪਤਾ ਨਹੀਂ ਕਿਹੜੀਆਂ) ਦਾ ਪ੍ਰਚਾਰ ਕਰਨ ਦਾ ਦਬਾਅ ਪਾਇਆ ਤਾਂ ਉਨ੍ਹਾਂ ਸਾਫ਼ ਇਨਕਾਰ ਕਰ ਦਿੱਤਾ। ਦੁੱਖੀ ਅਤੇ ਸੁੱਤੇ ਹੋਏ ਲੋਕਾਂ ਦੇ ਪ੍ਰਤੀਕ੍ਰਮ ਦਾ ਉਨ੍ਹਾਂ ਨੂੰ ਗਿਆਨ ਸੀ।

ਸੰਨ 1955 ਦੇ ਹੜ੍ਹਾਂ ਵਿੱਚ ਪੰਜਾਬ ਦੀ ਕਪਾਹ, ਝੋਨਾ, ਕਮਾਦ ਦੀਆਂ ਫਸਲਾਂ ਬਰਬਾਦ ਹੋ ਗਈਆਂ। ਕਰੀਬ 30,00000 ਡਾਲਰ ਦਾ ਉਦੋਂ ਨੁਕਸਾਨ ਹੋਇਆ। 1175 ਲੋਕ ਮਾਰੇ ਗਏ। ਕਰੀਬ 8000 ਪਸ਼ੂ ਰੁੜ੍ਹ ਗਏ।

**1988 ਹੜ੍ਹ** : ਸੰਨ 1988 ਵਿਚ ਮੁੜ੍ਹ ਭਿਆਨਕ ਹੜ੍ਹਾਂ ਦਾ ਪੰਜਾਬ ਨੂੰ ਸਾਹਮਣਾ ਕਰਨਾ ਪਿਆ। ਉਸ ਸਮੇਂ ਪੰਜਾਬ ਵਿਚ ਰਾਜਕੀ ਅਤੇ ਗੈਰ-ਰਾਜਕੀ ਅੱਤਵਾਦ ਭਾਰੂ ਸੀ। ਪੂਰਾ ਪੁਲਿਸ ਅਤੇ ਸਿਵਲ ਪ੍ਰਸ਼ਾਸ਼ਨ ਅਰਧ ਫ਼ੌਜੀ ਦਲਾਂ ਸਮੇਤ ਇਸ ਭਿਆਨਕ ਅੱਤਵਾਦੀ ਦੁਖਾਂਤ ਵਿਚ ਮਸਰੂਫ ਸਨ। ਉਸ ਸਮੇਂ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਦਾ ਚੇਅਰਮੈਨ ਮੇਜਰ ਜਨਰਲ ਬੀ.ਐਨ.ਕੁਮਾਰ ਸੀ। ਉਸ 'ਤੇ ਦੋਸ਼ ਸਨ ਕਿ ਉਸ ਨੇ ਗਲਤ ਢੰਗ ਨਾਲ ਭਾਖੜਾ ਅਤੇ ਪੌਂਗ ਡੈਮ ਵਿੱਚੋਂ ਪਾਣੀ ਛੱਡਿਆ। ਭਾਰੀ ਬਾਰਸ਼ਾਂ ਅਤੇ ਇਸ ਅਣਉਚਿੱਤ ਪਾਣੀ ਨੇ ਪੰਜਾਬ ਦੇ ਤੱਤਕਾਲੀ 12989 ਪਿੰਡਾਂ ਵਿੱਚੋਂ 9000 ਨੂੰ ਪਾਣੀ ਵਿੱਚ ਡੁਬੋਅ ਕੇ ਰੱਖ ਦਿੱਤਾ। ਕਰੀਬ 2500 ਪਿੰਡ ਤਾਂ ਪੂਰੀ ਤਰ੍ਹਾਂ ਮਲੀਆਮੇਟ ਹੋ ਗਏ। 34 ਲੱਖ ਪੰਜਾਬੀਆਂ ਨੂੰ ਘਰ ਬਾਹਰ ਛੱਡਣੇ ਪਏ। ਆਪਣੀ ਨਲਾਇਕੀ ਅਤੇ ਮੂਰਖਤਾ ਛੁਪਾਉਣ ਲਈ ਮੇਜਰ ਜਨਰਲ ਕੁਮਾਰ ਨੇ ਮੌਸਮ ਵਿਭਾਗ ਸਿਰ ਦੋਸ਼ ਮੜ੍ਹ ਸੁੱਟੇ। ਪੰਜਾਬ ਦੇ ਜ਼ਰਖੇਜ਼ ਜ਼ਿਲ੍ਹੇ ਜਲੰਧਰ, ਅੰਮ੍ਰਿਤਸਰ, ਗੁਰਦਾਸਪੁਰ, ਫਿਰੋਜ਼ਪੁਰ, ਕਪੂਰਥਲਾ ਆਦਿ ਬੁਰੀ ਤਰ੍ਹਾਂ ਪ੍ਰਭਾਵਿਤ ਹੋਏ। 500 ਲੋਕ ਇਨ੍ਹਾਂ ਹੜ੍ਹਾਂ ਦੀ ਭੇਂਟ ਚੜ੍ਹੇ। ਹਜ਼ਾਰਾਂ ਪਸ਼ੂ ਹੜ੍ਹ ਗਏ ਅਤੇ ਮਰ ਗਏ। ਇਹ ਮੇਜਰ ਜਨਰਲ ਬਾਅਦ ਵਿਚ ਖਾੜਕੂ ਅਨਸਰ ਦਾ ਸ਼ਿਕਾਰ ਹੋ ਗਿਆ।

**ਹੋਰ ਹੜ੍ਹ** : ਸੰਨ 1993 ਵਿਚ ਪਟਿਆਲਾ, ਸੰਗਰੂਰ, ਫਤਿਹਗੜ੍ਹ, ਸਾਹਿਬ, ਮਾਨਸਾ, ਗੁਰਦਾਸਪੁਰ ਵਿਚ ਭਾਰੀ ਹੜ੍ਹਾਂ ਕਰਕੇ 4000 ਪਿੰਡ ਨੁਕਸਾਨੇ ਗਏ। ਵੱਡੀ ਪੱਧਰ 'ਤੇ ਸੜਕਾਂ ਰੁੜ੍ਹ ਗਈਆਂ। ਵੱਡਾ ਜਾਨੀ-ਮਾਲੀ ਅਤੇ ਫਸਲਾਂ ਦਾ ਨੁਕਸਾਨ ਹੋਇਆ। ਸੰਨ 2013 ਵਿਚ ਹੜ੍ਹ ਕਰਕੇ ਨਵਾਂ ਸ਼ਹਿਰ, ਮੁਕਤਸਰ, ਗੁਰਦਾਸਪੁਰ, ਕਪੂਰਥਲਾ, ਤਰਨਤਾਰਨ, ਰੋਪੜ ਅਤੇ ਮੋਗਾ ਜ਼ਿਲ੍ਹੇ ਬੁਰੀ ਤਰ੍ਹਾਂ ਪ੍ਰਭਾਵਿਤ ਹੋਏ। ਸੰਨ 2023 ਵਿਚ ਹੜ੍ਹਾਂ ਕਰਕੇ ਪੰਜਾਬ ਦੇ 19 ਜ਼ਿਲ੍ਹੇ ਮਾਰ ਹੇਠ ਆਏ। ਸਤਲੁਜ, ਬਿਆਸ, ਰਾਵੀ ਦਰਿਆਵਾਂ ਦੇ ਹੜ੍ਹਾਂ ਨੇ ਹਜ਼ਾਰਾਂ ਏਕੜ ਫਸਲਾਂ ਦਾ ਉਜਾੜਾ ਕੀਤਾ। ਇਹ ਵੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਜੁਮਲਿਆਂ ਵਾਂਗ ਹੜ੍ਹ ਸਾਰੇ ਪੰਜਾਬੀਆਂ ਦੇ ਜ਼ਖ਼ਮਾਂ 'ਤੇ ਲੂਣ ਭੁੱਕਣ ਵਾਲਾ ਜੁਮਲਾ ਸਿੱਧ ਹੋਇਆ।

**ਅਜੋਕਾ ਹੜ੍ਹ** : ਅਗਸਤ, 2025 ਵਿਚ ਲਗਾਤਾਰ ਹਿਮਾਚਲ ਪ੍ਰਦੇਸ਼, ਜੰਮੂ ਕਸ਼ਮੀਰ ਵਿਚ ਪੰਜਾਬ ਵਿਚ ਭਾਰੀ ਬਾਰਿਸ਼ਾਂ, ਹਿਮਾਚਲ ਪ੍ਰਦੇਸ਼ ਅਤੇ ਜੰਮੂ ਕਸ਼ਮੀਰ ਵਿੱਚ ਬੱਦਲ ਫਟਣ ਦੀਆਂ ਘਟਨਾਵਾਂ ਨੇ ਪੰਜਾਬ ਵਿੱਚ ਹੜ੍ਹਾਂ ਨੂੰ ਮਾਰੂ ਆਫ਼ਤ ਵਿੱਚ ਬਦਲ ਦਿੱਤਾ। ਪੰਜਾਬ ਦੇ 9 ਜ਼ਿਲ੍ਹਿਆਂ ਜਿਵੇਂ ਗੁਰਦਾਸਪੁਰ, ਹੁਸ਼ਿਆਰਪੁਰ, ਪਠਾਨਕੋਟ, ਕਪੂਰਥਲਾ, ਫਿਰੋਜ਼ਪੁਰ, ਫਾਜ਼ਿਲਕਾ, ਤਰਨਤਾਰਨ, ਰੋਪੜ ਅਤੇ ਮੋਗਾ ਆਦਿ ਨੂੰ ਵੱਡੀ ਪੱਧਰ 'ਤੇ ਰਾਵੀ, ਬਿਆਸ, ਸਤਲੁਜ, ਘੱਗਰ ਆਦਿ ਦਰਿਆਵਾਂ ਨੇ ਆਪਣੀ ਲਪੇਟ ਵਿੱਚ ਲੈ ਲਿਆ। ਵੈਸੇ ਪੰਜਾਬ ਦੇ 23 ਜ਼ਿਲ੍ਹਿਆਂ ਵਿੱਚੋਂ 16 ਜ਼ਿਲ੍ਹਿਆਂ ਦਾ 44899 ਹੈਕਟੇਅਰ ਫਸਲਾਂ ਭਰਪੂਰ ਇਲਾਕਾ ਬੁਰੀ ਤਰ੍ਹਾਂ ਲਪੇਟ ਵਿੱਚ ਹਨ। ਕਪੂਰਥਲਾ, ਹੁਸ਼ਿਆਰਪੁਰ, ਗੁਰਦਾਸਪੁਰ, ਫਾਜ਼ਿਲਕਾ ਵਿਚ ਕਰੀਬ 9000 ਏਕੜ ਫਸਲ ਪਾਣੀ ਵਿਚ ਡੁੱਬੀ ਹੋਈ ਹੈ। ਸੁਲਤਾਨਪੁਰ ਲੋਧੀ ਖੇਤਰ ਵਿਚ ਸੰਨ 2023 ਦੇ ਹੜ੍ਹਾਂ ਵਾਲੀ ਧੁੱਸੀ ਟੁੱਟਣ ਕਰਕੇ 30-35 ਪਿੰਡਾਂ ਦੀ 10,000 ਏਕੜ ਫਸਲ ਪ੍ਰਭਾਵਿਤ ਹੋਈ ਹੈ।

ਪਠਾਨਕੋਠ ਅਤੇ ਗੁਰਦਾਸਪੁਰ ਜ਼ਿਲ੍ਹਿਆਂ ਦੀ ਬਰਬਾਦੀ ਕਈ ਸਾਲ ਭੁੱਲਣ ਵਾਲੀ ਨਹੀਂ। ਮਾਧੋਪੁਰ ਹੈੱਡਵਰਕਸ ਦੇ 4 ਗੇਟਾਂ ਦਾ ਟੁੱਟਣਾ, ਇੱਕ ਫੋਰਮੈਨ ਦਾ ਰੁੜ੍ਹ ਜਾਣਾ ਜਦਕਿ 50 ਲੋਕ ਸੁਰੱਖਿਅਤ ਕੱਢੇ ਗਏ। ਦੀਨਾਨਗਰ ਦੇ ਰਾਵੀ ਪਾਰਲੇ ਪਿੰਡਾਂ ਦਾ ਸੰਪਰਕ ਭਾਰਤ ਨਾਲੋਂ ਟੁੱਟ ਗਿਆ। ਦੇਸ਼ ਦੀ ਵੰਡ ਬਾਅਦ ਅਜੇ ਤੱਕ ਕੋਈ ਸਰਕਾਰ ਉਨ੍ਹਾਂ ਨੂੰ ਜੋੜਨ ਲਈ ਪੱਕਾ ਪੁਲ ਨਹੀਂ ਉਸਾਰ ਸਕੀ। ਉਹ ਦੁੱਖੀ ਹਿਰਦੇ ਨਾਲ ਅਕਸਰ ਹਿਨੋਰਾ ਮਾਰਦੇ ਹਨ ਕਿ ਸਾਨੂੰ ਪਾਕਿਸਤਾਨ ਨੂੰ ਦੇ ਦਿਓ ਜੇ ਪੁਲ ਨਾਲ ਨਹੀਂ ਜੋੜਨਾ। ਡੇਰਾ ਬਾਬਾ ਨਾਨਕ ਖੇਤਰ ਪਾਣੀ ਵਿੱਚ ਡੁੱਬ ਗਿਆ। ਪਾਕਿਸਤਾਨ ਵਿਚਲਾ ਕਰਤਾਰਪੁਰ ਸਾਹਿਬ ਗੁਰਦਵਾਰਾ 7-8 ਫੁੱਟ ਪਾਣੀ ਦੀ ਲਪੇਟ ਵਿਚ ਆ ਗਿਆ। ਬਠਿੰਡਾ ਜ਼ਿਲ੍ਹੇ ਵਿੱਚ ਦਮਦਮਾ ਸਾਹਿਬ ਤਲਵੰਡੀ ਸਾਬੋ ਵਿੱਚ ਭਾਰੀ ਮੀਂਹ ਕਰਕੇ ਰਸਤੇ ਬੰਦ ਹੋ ਗਏ। ਸਰਕਾਰੀ ਹਸਪਤਾਲ ਦੇ ਡਾਕਟਰਾਂ ਨੂੰ ਖਾਲਸਾ ਸਕੂਲ ਦੀ ਛੱਤ 'ਤੇ ਚੜ੍ਹ ਕੇ ਹਸਪਤਾਲ ਮਰੀਜ਼ਾਂ ਦੀ ਦੇਖਭਾਲ ਲਈ ਜਾਣਾ ਪਿਆ। ਪਾਤੜਾਂ ਵਿਚ ਚੋਅ ਦੇ ਟੁੱਟੇ ਬੰਨ੍ਹ ਨੇ ਸੈਂਕੜੇ ਏਕੜ ਫਸਲ ਬਰਬਾਦ ਕਰ ਦਿੱਤੀ। ਹੁਸ਼ਿਆਰਪੁਰ ਵਿੱਚ ਟਾਂਡਾ, ਮੁਕੇਰੀਆਂ, ਫਿਰੋਜ਼ਪੁਰ ਵਿੱਚ ਸਤਲੁਜ ਪਾਰਲੇ 12 ਪਿੰਡ ਜਲ-ਥਲ ਇੱਕ ਹੋ ਗਿਆ। ਦਰਜਨਾਂ ਪਿੰਡਾਂ ਵਿੱਚ ਗੁਰੂ ਗ੍ਰੰਥ ਸਾਹਿਬ ਦੇ ਸਰੂਪ ਆਦਰ ਸਹਿਤ ਸੁਰੱਖਿਅਤ ਥਾਵਾਂ 'ਤੇ ਪਹੁੰਚਾਏ ਗਏ। ਪਸ਼ੂਆਂ ਲਈ ਚਾਰਾ ਨਾ ਹੋਣ ਕਰਕੇ ਭਾਰੀ ਮੁਸੀਬਤ ਬਣੀ ਪਈ ਹੈ। ਹਜ਼ਾਰਾਂ ਲੋਕ ਘਰ ਛੱਡਣ ਲਈ ਮਜਬੂਰ ਹਨ। ਥਾਂ-ਥਾਂ ਲੋਕਾਂ ਨੂੰ ਰੰਜ ਹੈ ਕਿ ਕੋਈ ਪ੍ਰਸ਼ਾਸਨਿਕ ਅਧਿਕਾਰੀ, ਰਾਜਨੀਤੀਵਾਨ ਅਤੇ ਮਾਨ ਸਰਕਾਰ ਉਨ੍ਹਾਂ ਦੇ ਬਚਾਅ, ਰਾਹਤ ਕਾਰਜ, ਖਾਣ-ਪੀਣ ਦਾ ਸਮਾਨ ਮੁਹੱਈਆ ਕਰਨ ਅਤੇ ਪਸ਼ੂਆਂ ਦੇ ਚਾਰੇ ਲਈ ਅੱਗੇ ਨਹੀਂ ਆਇਆ। ਬਿਮਾਰ ਲੋਕਾਂ ਅਤੇ ਪਸ਼ੂਆਂ ਦੇ ਇਲਾਜ ਲਈ ਡਾਕਟਰੀ ਅਮਲਾ ਨਦਾਰਦ ਰਿਹਾ। ਡੇਰੇਦਾਰ, ਬਾਬੇ, ਖਾਲਸਾ ਏਡ ਨਦਾਰਦ ਹਨ। ਹੁਣ ਤੱਕ 30 ਲੋਕਾਂ ਦੀ ਜਾਨ ਜਾ ਚੁੱਕੀ ਹੈ।

**ਨਦਾਰਦ** : ਪੰਡਤ ਜਵਾਹਰ ਲਾਲ ਨਹਿਰੂ ਵਾਂਗ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਉਨ੍ਹਾਂ ਦੀ ਸਾਰ ਲਈ ਨਹੀਂ ਆਇਆ। ਸੱਤਾਧਾਰੀ ਆਮ ਆਦਮੀ ਪਾਰਟੀ ਦੇ ਪ੍ਰਮੁੱਖ ਆਗੂ ਜੋ ਅਸਲ ਵਿੱਚ ਸਰਕਾਰ ਰਿਮੋਟ ਕੰਟਰੋਲ ਰਾਹੀਂ ਚਲਾਉਂਦੇ ਹਨ। ਸਾਮ, ਦਾਮ, ਦੰਡ, ਭੇਦ, ਸੱਚ-ਝੂਠ, ਸਵਾਲ-ਜਵਾਬ, ਲੜਾਈ-ਝਗੜਾ ਆਦਿ ਰਾਹੀਂ ਸੰਨ 2027 ਦੀਆਂ ਵਿਧਾਨ ਸਭਾ ਚੋਣਾਂ ਜਿੱਤਣ ਦਾ ਪੰਜਾਬੀਆਂ ਪਾਠ ਪੜ੍ਹਾਉਣ ਵਾਲੇ ਮੁਨੀਸ਼ ਸਿਸੋਦੀਆ, ਸੰਜਯ ਸਿੰਘ, ਸੰਦੀਪ ਪਾਠਕ, ਰਾਘਵ ਚੱਢਾ, ਸਤੇਂਦਰ ਜੈਨ ਸਮੇਤ ਸੁਪਰੀਮੋ ਕੇਜਰੀਵਾਲ ਦੇ ਇਸ ਆਫਤ ਦੀ ਘੜੀ ਨਦਾਰਦ ਰਹੇ। 'ਪਗ ਯਾਤਰੂ' ਕਾਂਗਰਸ ਆਗੂ ਰਾਹੁਲ ਗਾਂਧੀ ਨਦਾਰਦ ਰਹੇ। ਕੇਂਦਰ ਸਰਕਾਰ ਅਤੇ ਉਸਦੀਆਂ ਆਫਤ ਰੋਕੂ ਟੀਮਾਂ ਨਦਾਰਦ ਰਹੀਆਂ। ਰਾਜਪਾਲ ਨਦਾਰਦ ਰਹੇ।

**ਹੜ੍ਹ ਕਿਉਂ?** : ਲੱਖ ਸੋਨ ਟਕੇ ਦਾ ਸਵਾਲ ਹੈ ਕਿ ਜਦ ਵਾਰ-ਵਾਰ ਹੜ੍ਹ ਆਏ ਸਾਲ ਪੰਜਾਬ ਦੀ ਬਰਬਾਦੀ ਕਰਦੇ ਹਨ ਤਾਂ ਇੰਨਾਂ ਦੀ ਰੋਕਥਾਮ ਸਥਾਈ ਤੌਰ 'ਤੇ ਕਿਉਂ ਨਹੀਂ? ਪਾਕਿਸਤਾਨੀ ਪੰਜਾਬ (ਲਹਿੰਦਾ ਪੰਜਾਬ) ਦੀ ਮੁੱਖ ਮੰਤਰੀ ਮਰੀਅਮ ਨਵਾਜ਼ ਸਰੀਫ ਨੇ ਲਗਾਤਾਰ ਹੜ੍ਹ ਮਾਰੇ ਇਲਾਕਿਆਂ ਦਾ ਦੌਰਾ ਕਰਕੇ ਦੱਸਿਆ ਕਿ ਉਨ੍ਹਾਂ ਰਾਵੀ ਵਿਚ ਕਦੇ ਐਨਾ ਪਾਣੀ ਨਹੀਂ ਤੱਕਿਆ। ਉਨ੍ਹਾਂ ਨੇ ਭਵਿੱਖ ਵਿਚ ਹੜ੍ਹ ਰੋਕਣ ਲਈ ਵਿਸ਼ੇਸ਼ ਟੀਮਾਂ ਦਾ ਗਠਨ ਕੀਤਾ ਹੈ ਜੋ ਭਵਿੱਖ ਵਿਚ ਸਥਾਈ ਰੋਕਥਾਮ ਲਈ ਰਿਪੋਰਟ ਕਰੇਗੀ। ਅਗਲੇ ਸਾਲ ਤੋਂ ਪਹਿਲਾਂ-ਪਹਿਲਾਂ ਇਸ 'ਤੇ ਅਮਲ ਕੀਤਾ ਜਾਵੇਗਾ। ਭਾਰਤੀ ਪੰਜਾਬ ਵਿਚ ਵੀ ਅਜਿਹੀ ਸਥਾਈ ਰੋਕਥਾਮ ਯੋਜਨਾ ਦੀ ਲੋੜ ਹੈ। ਕੇਂਦਰ ਇਸ ਲਈ ਧੰਨ ਜੁਟਾਵੇ। ਆਰਥਿਕ ਬਦਹਾਲੀ ਦਾ ਸ਼ਿਕਾਰ ਪੰਜਾਬ ਇਸ ਸਮਰੱਥ ਨਹੀਂ ਹੈ।

ਸਰਕਾਰ, ਸਬੰਧਿਤ ਸਿੰਜਾਈ ਮੰਤਰੀ, ਅਮਲਾ ਮਈ ਮਹੀਨੇ ਤੋਂ ਪਹਿਲਾਂ ਧੁੱਸੀਆਂ, ਡੈਮਾਂ, ਨਹਿਰਾਂ, ਦਰਿਆਵਾਂ ਦੇ ਦੌਰੇ ਕਰਕੇ, ਕਮਜ਼ੋਰੀਆਂ ਦੂਰ ਨਹੀਂ ਕਰਦੇ। ਡਿਪਟੀ ਕਮਿਸ਼ਨਰ ਹੜ੍ਹਾਂ ਸਬੰਧੀ ਨੋਟ ਅਗਲੇ ਉੱਤਰਾਧਿਕਾਰੀਆਂ ਲਈ ਨਹੀਂ ਛੱਡ ਕੇ ਜਾਂਦੇ। ਡੈਮਾਂ, ਬੈਰਾਜਾਂ ਦੇ ਗੇਟ ਚੈੱਕ ਨਹੀਂ ਕੀਤੇ ਜਾਂਦੇ। ਉਨ੍ਹਾਂ ਦੀ ਗਰੀਸਿੰਗ ਨਹੀਂ ਕਰਦੇ। ਧੁੱਸੀ ਬੰਨ੍ਹ ਦੀ ਦੇਖਭਾਲ ਨਜ਼ਰ ਵਿਚ ਨਹੀਂ ਰੱਖੇ ਜਾਂਦੇ। ਦਰਿਆਵਾਂ, ਨਹਿਰਾਂ, ਖੱਡਾਂ ਦੀ ਮਾਈਨਿੰਗ ਲੋਹੇ ਦੇ ਹੱਥਾਂ ਨਾਲ ਨਹੀਂ ਰੋਕੀ ਜਾਂਦੀ। ਇਹ ਅਤੇ ਸਿੰਜਾਈ ਵਿਭਾਗ ਰਾਜਨੀਤੀਵਾਨਾਂ, ਅਫਸਰਸ਼ਾਹੀ ਅਤੇ ਠੇਕੇਦਾਰਾਂ ਲਈ ਸੋਨੇ ਦੀ ਖਾਣ ਹਨ। ਕੇਂਦਰ ਅਤੇ ਰਾਜ ਆਫਤ ਪ੍ਰਬੰਧਨ ਅਥਾਰਟੀ ਮਜ਼ਬੂਤ ਕੀਤੀ ਜਾਣੀ ਜ਼ਰੂਰੀ ਹੈ। ਵਾਤਾਵਰਨ ਸੰਭਾਲ ਬਗੈਰ ਗਲੋਬਲ ਵਾਰਮਿੰਗ ਸਿਰ ਚੜ੍ਹ ਕੇ ਨੱਚ ਰਹੀ ਹੈ ਜੋ ਹੜ੍ਹਾਂ, ਸੋਕੇ, ਤੂਫਾਨਾਂ, ਅੱਗਾਂ ਦਾ ਕਾਰਨ ਹੈ। ਇਸ ਨਾਲ ਹੀ ਰਾਜ ਸਰਕਾਰ 'ਦਰੱਖ਼ਤ ਸੰਭਾਲ ਕਾਨੂੰਨ' ਬਣਾਏ। ਦਰਖ਼ਤ ਕੱਟਣ ਵਾਲੇ ਨੂੰ 1 ਲੱਖ ਰੁਪਏ ਜੁਰਮਾਨਾ, 10 ਸਾਲ ਕੈਦ ਹੋਣੀ ਚਾਹੀਦੀ ਹੈ। ਦਰਿਆਵਾਂ, ਨਹਿਰਾਂ, ਸੂਇਆਂ, ਢੇਈਆਂ 'ਤੇ ਨਜਾਇਜ਼ ਕਬਜ਼ਾ ਕਰਨ ਵਾਲਿਆਂ ਲਈ ਵੀ ਉਕੱਤ ਸਜ਼ਾ ਨਿਰਧਾਰਤ ਕੀਤੀ ਜਾਏ। ਢੱਠੇ ਮਕਾਨਾਂ, ਫਸਲ ਖਰਾਬੇ, ਮਰੇ ਪਸ਼ੂਆਂ, ਘਰ ਛੱਡਣ ਲਈ ਮਜਬੂਰੀ ਦਾ ਪੂਰਾ ਮੁਆਵਜ਼ਾ ਸਰਕਾਰਾਂ ਭਰਨ। **ਹਰਿਆਣਾ ਸੀ.ਐਮ.** : ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਪੰਜਾਬ ਸਰਕਾਰ ਨੂੰ ਚਿੱਠੀ ਲਿਖ ਕੇ ਹਰ ਮੱਦਦ ਭਰੋਸਾ ਦਿੱਤਾ, ਸਲਾਹੁਣਯੋਗ ਕਦਮ ਹੈ। ਵੈਸੇ ਵੀ ਉਹ ਪੰਜਾਬ ਵਿਚ ਭਾਜਪਾ ਦੇ ਕਾਰਜਕਾਰੀ ਪ੍ਰਭਾਰੀ ਵਜੋਂ ਵਿਚਰ ਰਹੇ ਹਨ।

**ਹੀਰੋ** : ਇਸ ਆਫਤ ਦੀ ਘੜੀ ਵਿਚ ਰਾਣਾ ਗੁਰਜੀਤ ਸਿੰਘ ਦੇ ਲੜਕੇ ਵਿਧਾਇਕ ਸੁਲਤਾਨਪੁਰ ਲੋਧੀ ਰਾਣਾ ਇੰਦਰ ਪ੍ਰਤਾਪ ਸਿੰਘ ਨੇ ਵੱਡੀ ਭੂਮਿਕਾ ਨਿਭਾਈ। ਉਹ ਆਪਣੇ ਹੜ੍ਹ ਮਾਰੇ ਇਲਾਕੇ ਵਿਚ ਪੀੜ੍ਹਤ ਲੋਕਾਂ ਨਾਲ ਡੱਟੇ ਰਹੇ। ਤਿੰਨ ਨਿੱਜੀ ਜੇ ਸੀ.ਬੀ. ਮਸ਼ੀਨਾਂ ਨਾਲ ਬੰਨ੍ਹ ਟੁੱਟਣੋਂ ਬਚਾਉਣ ਦਾ ਵੱਡਾ ਯਤਨ ਕੀਤਾ ਭਾਵੇਂ ਸਫ਼ਲ ਨਾ ਹੋ ਸਕੇ। ਉਹ ਰਾਜਨੀਤੀਵਾਨਾਂ ਲਈ ਰੋਲ ਮਾਡਲ ਬਣ ਕੇ ਉੱਭਰੇ। ਸਮਾਂ ਵਿਹਾਅ ਕੇ ਜਦੋਂ ਪ੍ਰਤਾਪ ਸਿੰਘ ਬਾਜਵਾ ਉਨ੍ਹਾਂ ਦੇ ਪ੍ਰਤੀਦੰਦੀ ਨਵਤੇਜ਼ ਚੀਮਾ ਨਾਲ ਉੱਥੇ ਪੁੱਜੇ ਤਾਂ ਦਲੇਰੀ ਨਾਲ ਕਿਹਾ, "ਚਾਚਾ ਜੀ ਹੁਣ ਕਿਵੇਂ?" ਅਕਾਲੀ ਦਲ ਪ੍ਰਧਾਨ ਸੁਖਬੀਰ ਬਾਦਲ ਨੇ ਹੜ੍ਹ ਪੀੜਤਾਂ ਦੀ ਮੱਦਦ, 30 ਹਜ਼ਾਰ ਲੀਟਰ ਡੀਜ਼ਲ, ਪਾਣੀ ਕੱਢਣ ਲਈ ਪੰਪਾਂ ਅਤੇ ਜੇ.ਸੀ.ਬੀ. ਮਸ਼ੀਨਾਂ ਨਾਲ ਮੱਦਦ ਕੀਤੀ।

**ਦਾਲ ਵਿਚ ਕਾਲਾ** : ਸੰਨ 1988 ਵਾਂਗ ਇਸ ਵਾਰ ਡੈਮਾਂ ਵਿੱਚੋਂ ਪਾਣੀ ਛੱਡਣ ਵਿਚ ਕੁਤਾਹੀ ਪੰਜਾਬ ਵਿਰੋਧੀ ਸਾਜ਼ਿਸ ਲਗਦੀ ਹੈ। ਐਸੀ ਕੁਤਾਹੀ 'ਤੇ ਵਿਧਾਇਕ ਪ੍ਰਗਟ ਸਿੰਘ ਨੇ ਸਵਾਲ ਚੁੱਕੇ ਹਨ। ਪੌਂਗ ਡੈਮ ਵਿੱਚੋਂ ਪਾਣੀ ਛੱਡਣ ਦਾ ਸਖ਼ਤ ਨੋਟਿਸ ਹਿਮਾਚਲ ਪ੍ਰਦੇਸ਼ ਦੇ ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ ਨੇ ਲਿਆ। ਇਹ ਮਸਲਾ ਹਾਈ ਕੋਰਟ ਜੱਜ ਦੀ ਅਗਵਾਈ ਵਿਚ ਜਾਂਚ ਮੰਗਦਾ ਹੈ। ਭਵਿੱਖ ਵਿਚ ਹੜ੍ਹ ਰੋਕਣ ਲਈ ਸਥਾਈ ਯੋਜਨਾ ਅਤੇ ਹੜ੍ਹ ਰੋਕੂ ਬੋਰਡ ਗਠਤ ਕੀਤਾ ਜਾਣਾ ਚਾਹੀਦਾ ਹੈ।

# ਪੰਜਾਬ ਹੜ੍ਹਾਂ ਦੀ ਮਾਰ ਨਾਲ ਵਾਰ-ਵਾਰ ਉੱਜੜਿਆ

ਕਮਲਜੀਤ ਸਿੰਘ ਬਨਵੈਤ
98147 34035



ਜਿਨ੍ਹਾਂ ਪੰਜਾਬੀਆਂ ਨੇ 1947 ਦੇ ਹੱਲੇ ਝੱਲੇ ਹੋਣ, ਉਹ ਹੜ੍ਹਾਂ ਨੂੰ ਕੀ ਮੰਨਦੇ ਹਨ। ਪੰਜਾਬ ਦੇ ਜੰਮਿਆਂ ਨੂੰ ਤਾਂ ਨਿੱਤ ਔਕੜਾਂ ਹਨ। ਪੰਜਾਬੀ ਵਿਸ਼ੇਸ਼ ਕਰਕੇ ਸਿੱਖ ਤਾਂ ਆਪਣੇ ਮੂੰਹ ਦੀ ਦੂਜਿਆਂ ਨੂੰ ਦੇਣ ਵਾਲੀ ਕੌਮ ਹੈ। ਆਪਣਾ ਭੁੱਲ ਕੇ ਦੂਜਿਆਂ ਦੇ ਦਰਦ ਨੂੰ ਆਪਣੇ ਦਰਦ ਵੱਧ ਮਹਿਸੂਸ ਕਰਨ ਵਾਲੇ ਵਿਲੱਖਣ ਲੋਕ। ਇਹ ਗੱਲਾਂ ਲਿਖਣ ਪੜ੍ਹਨ ਜਾਂ ਸੁਣਨ ਨੂੰ ਚੰਗੀਆਂ ਲੱਗਦੀਆਂ ਹਨ, ਪਰ ਹੜ੍ਹਾਂ ਵਿੱਚ ਤੇਰੇ ਪੰਜਾਬੀਆਂ ਦੇ ਦਿਲਾਂ ਅੰਦਰ ਲੁਕੇ ਦਰਦ ਨੂੰ ਨੇੜੇ ਤੋਂ ਦੇਖਣਾ ਬਣਦਾ ਹੈ। ਪਰ ਕੋਈ ਸੁਣਨ ਵਾਲਾ ਵੀ ਤਾਂ ਹੋਵੇ। ਜਿਨ੍ਹਾਂ ਪਰਿਵਾਰਾਂ ਦੀਆਂ ਫਸਲਾਂ ਡੁੱਬੀਆਂ, ਘਰ ਦੇ ਜੀਅ ਨਹੀਂ ਬਚੇ ਤਾਂ ਹੋਰ ਬੇਜ਼ੁਬਾਨ ਪਸ਼ੂ ਵੀ ਹੜ੍ਹਾਂ ਵਿੱਚ ਰੁੜ੍ਹ ਗਏ, ਉਹਨਾਂ ਦਾ ਪਿੰਡਾ ਜ਼ਖਮਾਂ ਨਾਲ ਪੱਛਿਆ ਗਿਆ ਹੈ। ਪੰਜਾਬ ਦੀ ਇਸ ਸੰਕਟ ਦੀ ਘੜੀ ਭਰਾ ਭਰਾ ਦੇ ਕੰਮ ਆ ਰਿਹਾ ਹੈ। ਕੋਈ ਬਾਹਰਲਾ ਨਹੀਂ ਬਹੁੜਿਆ।

ਦਿੱਲੀ ਵਾਲੇ ਕੇਜਰੀਵਾਲ , ਸਿਸੋਦੀਆ ਤੇ ਸਤੇਂਦਰ ਇਨਫੋਰਸਮੈਂਟ ਡਾਇਰੈਕਟੋਰੇਟ ਤੋਂ ਡਰਦੇ ਪੰਜਾਬ ਨੂੰ ਭੱਜੇ ਸਨ। ਹੁਣ ਪੰਜਾਬ ਵਿੱਚ ਆਏ ਹੜ੍ਹਾਂ ਤੋਂ ਡਰਦੇ ਮੁੜ ਆਪਣੇ ਘੁਰਨਿਆਂ ਵਿੱਚ ਜਾ ਵੜੇ ਹਨ। ਡੇਰਿਆਂ ਦੇ ਸੰਤ ਵੀ ਭੋਰਿਆਂ ਵਿੱਚੋਂ ਬਾਹਰ ਨਹੀਂ ਨਿਕਲੇ। ਇੱਕ ਗੱਲ ਪੱਕੀ ਹੈ ਕਿ ਇਸ ਵਾਰ ਦੇ ਹੜ੍ਹਾਂ ਨਾਲ ਹੋਏ ਫੱਟ ਸਾਲਾਂ ਬੱਧੀ ਅੱਲੇ ਰਹਿਣਗੇ । ਹਾਂ, ਇੱਕ ਗੱਲ ਇਹ ਵੀ ਪੱਕੀ ਹੈ ਕਿ ਜੇ ਭਲਕ ਨੂੰ ਦੇਸ਼ ਦੇ ਕਿਸੇ ਹੋਰ ਹਿੱਸੇ ਜਾਂ ਕੌਮ ਉੱਤੇ ਭਾਰੀ ਆ ਪਈ ਤਾਂ ਇਹਨਾਂ ਨੇ ਉੱਥੇ ਜਾ ਕੇ ਹਿੱਕ ਡਾ ਕੇ ਮੂਹਰੇ ਖੜ੍ਹਨ ਵਿੱਚ ਦੇਰ ਨਹੀਂ ਲਾਉਣੀ।

1947 ਦੇ ਹ ੱਲਿਆਂ ਤੋਂ ਬਾਅਦ ਪੰਜਾਬ ਵਾਰ-ਵਾਰ ਉਜੜਦਾ ਰਿਹਾ ਹੈ। ਕਦੇ ਖੜ੍ਹਾ ਕਰਕੇ ਤੇ ਕਦੇ ਹਾਲਾਤਾਂ। ਸਰਕਾਰਾਂ ਕੇਂਦਰ ਦੀਆਂ ਹੋਣ ਜਾਂ ਸੂਬਿਆਂ ਦੀਆਂ ਕੋਈ ਪੱਕਾ ਹੱਲ ਨਹੀਂ ਕੱਢ ਸਕਦੀਆਂ ਹਨ। ਸਰਕਾਰਾਂ ਦੀ ਨਾਕਾਮੀ ਨੇ ਦੇਸ਼ ਵਿਦੇਸ਼ ਵਸਦੇ ਪੰਜਾਬੀਆਂ ਨੂੰ ਹਿਲਾ ਕੇ ਹੀ ਨਹੀਂ ਰੱਖਿਆ ਸਗੋਂ ਉਹਨਾਂ ਦੇ ਇੱਕ ਤਰ੍ਹਾਂ ਨਾਲ ਹਿਰਦੇ ਵੀ ਬਲੂੰਦਰੇ ਗਏ ਹਨ। ਪੰਜਾਬ ਸਰਕਾਰ ਦੀ ਬਦ ਇੰਤਜਾਮੀ ਨੂੰ ਭੁਗਤ ਪੰਜਾਬੀ ਰਹੇ ਹਨ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਮੁਲਕ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਇੱਕ ਪੱਤਰ ਲਿਖ ਕੇ 60 ਹਜ਼ਾਰ ਕਰੋੜ ਰੁਪਆ ਮੰਗ ਲਿਆ ਹੈ। ਇਹ ਉਹੋ ਮੁੱਖ ਮੰਤਰੀ ਮਾਨ ਹਨ, ਜਿਹੜੇ ਪਿੱਛੇ ਜਿਹੇ ਸਟੇਜਾਂ ਤੋਂ ਦਾਅਵੇ ਕਰਦੇ ਸਨ ਕਿ ਉਹ ਕੋਈ ਮੰਗਤੇ ਨਹੀਂ ਹਨ, ਜਿਹੜੇ ਕੇਂਦਰ ਤੋਂ ਪੈਸੇ ਮੰਗਣ ਜਾਣਗੇ। ਪੰਜਾਬੀਆਂ ਨੂੰ ਦੇਣ ਲਈ ਉਹਨਾਂ ਜੀ ਸਰਕਾਰ ਦਾ ਆਪਣਾ ਖਜ਼ਾਨਾ ਭਰਿਆ ਪਿਆ ਹੈ। ਸਰਕਾਰ ਨੇ ਹਾਲੇ ਮਹਿਲਾਂ ਵਿੱਚੋਂ ਬਾਹਰ ਨਿਕਲ ਕੇ ਪੰਜਾਬੀਆਂ ਦੀ ਬਾਂਹ ਨਹੀਂ ਫੜੀ ਹੈ। ਪਤਾ ਨਹੀਂ ਹੜ੍ਹਾਂ ਵਿੱਚ ਫਸੇ ਪੰਜਾਬੀਆਂ ਦੀਆਂ ਦਿਲ ਨੂੰ ਧੂਹ ਪਾਉਣ ਵਾਲੀਆਂ ਵੀਡੀਓ ਦੇਖ ਕੇ ਵੀ ਇਹਨਾਂ ਦਾ ਦਿਲ ਨਾ ਪਸੀਜਿਆ ਹੋਵੇ। ਤਦੇ ਤਾਂ ਆਮ ਆਦਮੀ ਪਾਰਟੀ ਦੇ ਅੰਦਰੋਂ ਬਗ਼ਾਵਤ ਹੋਣ ਲੱਗੀ ਹੈ। ਆਮ ਆਦਮੀ ਪਾਰਟੀ ਦੇ ਵਿਧਾਇਕ ਹਰਮੀਤ ਸਿੰਘ ਪਠਾਨ ਮਾਜਰਾ ਦੇ ਦਿਲ ਦਾ ਜਦੋਂ ਦਰਦ ਛਲਕਦਾ ਹੈ ਤਾਂ ਉਹ ਸਿੱਧੇ ਹੋ ਲੈਂਦੇ ਹਨ। ਉਹ ਕਹਿੰਦੇ ਹਨ ਕਿ 2027 ਨੂੰ ਵੋਟਾਂ ਤਾਂ ਉਹਨਾਂ ਨੇ ਮੰਗਣ ਜਾਣਾ ਹੈ ਤਾਂ ਤੇ ਲੋਕਾਂ ਨੇ ਜੁੱਤੀਆਂ ਮਾਰਨ ਨੂੰ ਆ ਪੈਣਾ। ? ਉਹ ਜਲ ਸਰੋਤ ਵਿਭਾਗ ਦੇ ਸਕੱਤਰ ਕ੍ਰਿਸ਼ਨ ਕੁਮਾਰ ਨੂੰ ਵੀ ਲੰਮੇ ਹੱਥੀਂ ਲੈਂਦੇ ਹਨ। ਪੰਜਾਬ ਦੇ ਦਰਦ ਅਤੇ ਆਪਣੀ ਸਰਕਾਰ ਦੀ ਅਲਗਰਜ਼ੀ ਤੋਂ ਪਰਦਾ ਚੁੱਕਦਿਆਂ ਉਹ ਕਹਿੰਦੇ ਹਨ ਕਿ ਜੇ ਲੋਕਾਂ ਲਈ ਬੋਲਣ ਦੇ ਬਦਲੇ ਦਿੱਲੀ ਵਾਲਿਆਂ ਨੇ ਪਾਰਟੀ 'ਚੋਂ ਬਾਹਰ ਕੱਢਣਾ ਹੋਊ ਤਾਂ ਵੀ ਉਹ ਕਿਸੇ ਨੂੰ ਟਿੱਚ ਨਹੀਂ ਜਾਣਦਾ।

ਹੜ੍ਹਾਂ ਦੇ ਇਤਿਹਾਸ ਵੱਲ ਜਾਈਏ ਤਾਂ 1955 ਨੂੰ ਉੱਤਰੀ ਭਾਰਤ ਵਿੱਚ ਕਾਫੀ ਨੁਕਸਾਨ ਹੋਇਆ ਸੀ, ਜਿਸ ਵਿੱਚ ਸਾਂਝਾ ਪੂਰਵੀ ਪੰਜਾਬ ਵਿੱਚ ਸ਼ਾਮਿਲ ਸੀ। ਉਦੋਂ ਰਾਵੀ , ਬਿਆਸ ,ਸਤਲੁਜ ਅਤੇ ਘੱਗਰ ਦਰਿਆਵਾਂ ਨੇ ਪੰਜਾਬ ਦੀ ਬਰਬਾਦੀ ਦੀ ਜੀ ਕੋਈ ਕਸਰ ਨਹੀਂ ਸੀ ਛੱਡੀ। ਉਦੋਂ ਵੀ ਵੱਡੇ ਪੱਧਰ ਉੱਤੇ ਫੌਜ ਦੀ ਮਦਦ ਲੈਣੀ ਪਈ ਸੀ। ਦੇਸ਼ ਦੇ ਤੱਤਕਾਲੀ ਪ੍ਰਧਾਨ ਮੰਤਰੀ ਪੰਡਿਤ ਜਵਾਹਰਲਾਲ ਨਹਿਰੂ ਨੇ ਖੁਦ ਹਵਾਈ ਜਹਾਜ ਵਿੱਚ ਹਰ ਮਾਰੇ ਇਲਾਕਿਆਂ ਅਤੇ ਪ੍ਰਸ਼ਾਸਨਿਕ ਬੰਦੋਬਸਤ ਦਾ ਜਾਇਜ਼ਾ ਲਿਆ ਸੀ। ਹੁਣ ਵੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕੇਂਦਰ ਦੀ ਟੀਮ ਪੰਜਾਬ ਵਿੱਚ ਹੜ੍ਹਾਂ ਦਾ ਜਾਇਜ਼ਾ ਲੈਣ ਲਈ ਭੇਜਣ ਦਾ ਐਲਾਨ ਕਰਨ ਕੀਤਾ ਹੈ। ? ਉਦੋਂ ਫਸਲਾਂ ਬਰਬਾਦ ਹੋਈਆਂ ਸਨ ਅਤੇ 30 ਲੱਖ ਡਾਲਰ ਦਾ ਨੁਕਸਾਨ ਦੱਸਿਆ ਗਿਆ ਸੀ। ਇੱਥੇ ਹੀ ਬਸ ਨਹੀਂ ਪੌਣੇ ਦੋ ਸਾਲ ਲੋਕਾਂ ਦੀ ਜਾਨ ਗਈ ਸੀ ਅਤੇ 8 ਹਜ਼ਾਰ ਪਸ਼ੂ ਰੁੜ੍ਹ ਗਏ ਸਨ। ਇਸ ਵਾਰ ਵੀ ਮੌਤਾਂ ਦੀ ਗਿਣਤੀ 30 ਨੂੰ ਪੁੱਜ ਗਈ ਹੈ।

ਪਿਛਲੀ ਸਦੀ ਦੌਰਾਨ ਹੁਣ ਤੋਂ ਲ ੱਗਭੱਗ 37 ਸਾਲ ਪਹਿਲਾਂ ਵੀ ਪੰਜਾਬ ਨੂੰ ਹੜ੍ਹਾਂ ਕਰਕੇ ਭਿਆਨਕ ਸਥਿਤੀ ਦਾ ਸਾਹਮਣਾ ਕਰਨਾ ਪਿਆ ਸੀ। ਇਹ ਉਹਨਾਂ ਦਿਨਾਂ ਦੀ ਗੱਲ ਹੈ ਜਦੋਂ ਪੰਜਾਬ ਵਿੱਚ ਖਾੜਕੂਵਾਦ ਭਾਰੂ ਸੀ। ਉਦੋਂ ਪੰਜਾਬ ਦੇ 4 ਹਜਾਰ ਤੋਂ ਵੱਧ ਪਿੰਡ ਪਾਣੀ ਦੀ ਲਪੇਟ ਵਿੱਚ ਆਏ ਸਨ। ਹੁਣ ਨਾਲੋਂ ਫਰਕ ਇਹ ਸੀ ਕਿ ਉਦੋਂ ਪਾਣੀ ਇੱਕ ਦਮ ਆਇਆ ਸੀ ਜਿਹੜਾ ਕਿ ਸੰਭਾਲਿਆ ਨਹੀਂ ਗਿਆ। ਉਸ ਵੇਲੇ ਬੀ ਐਨ ਕੁਮਾਰ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਦੇ ਚੇਅਰਮੈਨ ਸਨ। ਜਿਵੇਂ ਹੁਣ ਡੈਮਾਂ ਦਾ ਪਾਣੀ ਨਾ ਸੰਭਾਲਣ ਕਰਕੇ ਲੋਕਾਂ ਵਿੱਚ ਰੋਸ ਹੈ ਇਵੇਂ ਹੀ ਕੁਮਾਰ ਉੱਤੇ ਇਲਜ਼ਾਮ ਸੀ ਕਿ ਉਸਨੇ ਗਲਤ ਢੰਗ ਨਾਲ ਭਾਕੜਾ ਤੇ ਪੌਂਗ ਡੈਮ ਵਿੱਚੋਂ ਪਾਣੀ ਛੱਡਿਆ ਹੈ। ਭਾਖੜਾ ਦੇ ਪਾਣੀ ਨਾਲ ਢਾਈ ਹਜ਼ਾਰ ਦੇ ਕਰੀਬ ਪਿੰਡ ਤਾਂ ਪੂਰੀ ਤਰ੍ਹਾਂ ਮਲੀਆਮੇਟ ਹੋ ਗਏ ਸਨ। ਪੰਜਾਬ ਦੇ ਪਿੰਡਾਂ ਦੀ ਸਥਿਤੀ ਇਸ ਵਾਰ ਵੀ ਵੱਖਰੀ ਨਹੀਂ ਹੈ। ? ਕਈ ਪਿੰਡਾਂ ਵਿੱਚ ਤਾਂ ਸੱਤ ਸੱਤ ਫੁੱਟ ਪਾਣੀ ਆ ਖੜ੍ਹਾ ਹੈ। ਉਦੋਂ 34 ਲੱਖ ਪੰਜਾਬੀਆਂ ਨੂੰ ਘਰ ਬਾਰ ਛੱਡਣੇ ਪਏ ਸਨ। ਇਸ ਵਾਰ ਕਿੰਨੇ ਪੰਜਾਬੀ ਪਰਿਵਾਰ ਘਰੋਂ ਬੇਘਰ ਹੋਏ ਹਨ, ਹਾਲੇ ਇਸ ਦਾ ਅੰਦਾਜ਼ਾ ਲਾਉਣਾ ਮੁਸ਼ਕਿਲ ਹੈ। ਪਰ ਹੜ੍ਹ ਦੀਆਂ ਤਸਵੀਰਾਂ ਦੇਖ ਕੇ ਇੰਝ ਲੱਗਦਾ ਹੈ ਕਿ ਪੰਜਾਬ ਮੁੜ ਉੱਜੜਿਆ ਹੈ। ਪੰਜਾਬ ਨੂੰ ਪੈਰਾਂ ਸਿਰ ਆਉਣ ਲਈ 15- 17 ਸਾਲ ਲੱਗ ਜਾਣਗੇ।

ਪਿਛਲੀ ਸਦੀ ਦੇ ਅੰਤਲੇ ਸਾਲਾਂ ਭਾਵ 1993 ਵਿੱਚ ਸੰਗਰੂਰ ਪਟਿਆਲਾ ਮਾਨਸਾ ਫਤਿਹਗੜ੍ਹ ਸਾਹਿਬ ਗੁਰਦਾਸਪੁਰ ਵਿੱਚ ਭਾਰੀ ਖੜ੍ਹਾ ਦੀ ਵਜਾ ਕਰਕੇ 4 ਪਿੰਡਾਂ ਨੂੰ ਨੁਕਸਾਨ ਪੁੱਜਿਆ ਸੀ। ਹਜ਼ਾਰਾਂ ਕਿਲੋਮੀਟਰ ਸੜਕਾਂ ਰੁੜ੍ਹੀਆਂ। ਫਸਲਾਂ ਦਾ ਵੱਡਾ ਨੁਕਸਾਨ ਹੋਇਆ। ਨਵੀਂ ਸਦੀ ਦੇ ਦੂਜੇ ਦਹਾਕੇ ਭਾਵ 2023 ਵਿੱਚ ਹੜ੍ਹਾਂ ਕਰਕੇ ਨਵਾਂ ਸ਼ਹਿਰ ਮੁਕਤਸਰ ਗੁਰਦਾਸਪੁਰ, ਤਰਨ ਤਾਰਨ, ਕਪੂਰਥਲਾ, ਮੋਗਾ ,ਅਤੇ ਰੋਪੜ ਜ਼ਿਲ੍ਹੇ ਬੁਰੀ ਤਰ੍ਹਾਂ ਪ੍ਰਭਾਵਿਤ ਹੋਏ ਸਨ। ਉਸ ਵੇਲੇ ਵੀ ਸਤਲੁਜ ਬਿਆਸ ਰਾਵੀ ਦਰਿਆਵਾਂ 'ਤੇ ਪਾਣੀ ਨੇ ਹਜ਼ਾਰਾਂ ਏਕੜ ਫਸਲਾਂ ਬਰਬਾਦ ਕਰ ਦਿੱਤੀਆਂ ਸਨ। ਉਦੋਂ ਹੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਸੀ ਕਿ ਉਹ ਬੱਕਰੀਆਂ ਅਤੇ ਕੁਕੜੀਆਂ ਤੱਕ ਦਾ ਮੁਆਵਜ਼ਾ ਦੇਣਗੇ। ਉਦੋਂ ਤਾਂ ਉਹ ਮਿੱਠੀਆਂ ਮਿਰਚਾਂ ਤੇ ਕੁਲਫ਼ੀ ਗਰਮਾ ਗਰਮ ਵੇਚ ਗਏ, ਪਰ ਹੁਣ ਸਾਰੀਆਂ ਗੱਲਾਂ ਪੰਜਾਬੀਆਂ ਨੂੰ ਰੜਕਣ ਲੱਗੀਆਂ ਹਨ।

ਇਸ ਵਾਰ ਦੀ ਗੱਲ ਕਰੀਏ ਤਾਂ ਜੰਮੂ ਕਸ਼ਮੀਰ, ਪੰਜਾਬ ਅਤੇ ਵਿਸ਼ੇਸ਼ ਕਰਕੇ ਹਿਮਾਚਲ ਪ੍ਰਦੇਸ਼ ਵਿੱਚ ਪਏ ਭਰਮੇ ਮੀਹ ਅਤੇ ਬੱਦਲ ਫਟਣ ਦੀਆਂ ਘਟਨਾਵਾਂ ਨੇ ਪੰਜਾਬ ਨੂੰ ਉੱਜੜਨ ਦੇ ਕੰਢੇ ਲਿਆ ਖੜ੍ਹਾਇਆ ਹੈ। ਪੰਜਾਬ ਦੇ ਨੌ ਜ਼ਿਲ੍ਹਿਆਂ ਪਠਾਨਕੋਟ, ਫਿਰੋਜ਼ਪੁਰ, ਕਪੂਰਥਲਾ ,ਗੁਰਦਾਸਪੁਰ ਫਾਜ਼ਲਿਕਾ ਹੁਸ਼ਿਆਰਪੁਰ, ਤਰਨ ਤਰਨ ,ਰੋਪੜ ਅਤੇ ਮੋਗਾ ਆਦਿ ਨੂੰ ਵੱਡੀ ਪੱਧਰ 'ਤੇ ਤਿੰਨ ਦਰਿਆਵਾਂ ਨੇ ਮੁੜ ਤੋਂ ਆਪਣੀ ਲਪੇਟ ਵਿੱਚ ਲਿਆ ਹੈ। ਹੜ੍ਹਾਂ ਕਾਰਨ 10 ਹਜ਼ਾਰ ਏਕੜ ਦੇ ਕਰੀਬ ਫ਼ਸਲ ਪਾਣੀ ਵਿੱਚ ਡੁੱਬੀ ਹੋਈ ਹੈ, ਜਦ ਕਿ 5 ਹਜ਼ਾਰ ਹੈਕਟੇਅਰ ਭਰਵੀਂਆ ਫਸਲਾਂ ਵਾਲੇ ਖੇਤ ਪਾਣੀ ਦੀ ਮਾਰ ਹੇਠ ਹਨ। ? ਤੁਸੀਂ ਬੰਨ੍ਹ ਟੁੱਟਣ ਕਰਕੇ ਤਿੰਨ ਦਰਜਨ ਤੋਂ ਵੱਧ ਪਿੰਡਾਂ ਦੇ 10 ਹਜ਼ਾਰ ਏਕੜ ਫ਼ਸਲ ਪ੍ਰਭਾਵਿਤ ਹੋਈ ਹੈ।

ਮਾਹਿਰਾਂ ਦਾ ਮੰਨਣਾ ਹੈ ਕਿ ਇੰਨੀ ਜ਼ਿਆਦਾ ਮਾਰ ਸਰਕਾਰ ਦੀ ਅਲਗਰਜ਼ੀ ਅਤੇ ਬਦ ਇੰਤਜ਼ਾਮੀ ਕਰਕੇ ਪਈ ਹੈ। ਸਰਕਾਰ ਸਿਰ 70 ਫ਼ੀਸਦੀ ਕਸੂਰ ਮੜ੍ਹਿਆ ਜਾ ਰਿਹਾ ਹੈ। ਮੰਨਣਾ ਇਹ ਵੀ ਪਵੇਗਾ ਕਿ ਅਗਸਤ ਮਹੀਨੇ ਵਿੱਚ ਪੰਜਾਬ ਵਿੱਚ ਆਮ ਨਾਲੋਂ 30 ਫੀਸਦੀ ਵੱਧ ਬਾਰਿਸ਼ ਹੋਈ ਹੈ। ਮੌਸਮ ਵਿਭਾਗ ਦੀ ਰਿਪੋਰਟ ਅਨੁਸਾਰ ਪੰਜਾਬ ਵਿੱਚ 470 ਮਿਲੀਮੀਟਰ ਮੀਂਹ ਪਿਆ ਹੈ। ਜਦ ਕਿ ਪਿਛਲੇ ਸਾਲਾਂ ਦੌਰਾਨ ਔਸਤਨ 312 ਮਿਲੀਮੀਟਰ ਮੀਂਹ ਪੈਂਦਾ ਰਿਹਾ ਹੈ। ? ਮੌਸਮ ਵਿਭਾਗ ਨੇ ਅਗਲੇ ਦਿਨ ਹੀ ਭਾਰੀ ਮੀਂਹ ਪੈਣ ਦੀ ਭਵਿੱਖਬਾਣੀ ਕੀਤੀ ਹੈ ਅਤੇ ਇਹ ਵੀ ਕਿਹਾ ਹੈ ਕਿ ਸਤੰਬਰ ਦੌਰਾਨ ਵੀ ਮੀਂਹ ਪੈਂਦੇ ਰਹਿਣਗੇ।

ਹੜ੍ਹ ਾਂ ਲਈ ਮਨੁੱਖ ਨੂੰ ਵੀ ਜ਼ਿੰਮੇਵਾਰ ਠਹਿਰਾਇਆ ਜਾਣਾ ਬਣਦਾ ਹੈ। ਜਲ ਵਾਯੂ ਤਬਦੀਲੀ ਪੰਜਾਬ ਵਿੱਚ ਹੜ੍ਹਾਂ ਦੀ ਚੁਣੌਤੀ ਵਿੱਚ ਇੱਕ ਨਵੀਂ ਪਰਤ ਜੋੜਦੀ ਹੈ। ਮਨੁੱਖ ਹਾਲੇ ਵੀ ਨਾ ਰੁਕਿਆ ਤਾਂ ਆਉਣ ਵਾਲੇ ਸਮੇਂ ਵਿੱਚ ਹੋਰ ਮਾਰ ਝੱਲਣੀ ਪਵੇਗੀ। ਸਿੰਚਾਈ ਵਿਭਾਗ ਦੇ ਇੱਕ ਸਾਬਕਾ ਚੀਫ ਇੰਜੀਨੀਅਰ ਦਾ ਕਹਿਣਾ ਹੈ ਕਿ ਰੇਤ ਮਾਫੀਆ ਵੀ ਹੜ੍ਹਾਂ ਲਈ ਬਰਾਬਰ ਦਾ ਕਸੂਰਵਾਰ ਹੈ। ਖੇਤਾਂ ਵਿੱਚ ਉੱਗੇ ਸ਼ਹਿਰ ਵੀ ਕਾਫ਼ੀ ਹੱਦ ਤੱਕ ਸੰਕਟ ਖੜ੍ਹਾ ਕਰਨ ਲਈ ਜ਼ਿੰਮੇਵਾਰ ਹਨ। ਮਾਧੋਪੁਰ ਡੈਮ ਦੇ ਗੇਟ ਟੁੱਟਣ ਨਾਲ ਪੰਜਾਬ ਨਾਲ ਵਖਤ ਨੇ ਪੰਜਾਬ ਨੂੰ ਹੋਰ ਬੁਰੀ ਤਰ੍ਹਾਂ ਰਗੜਿਆ ਹੈ। ਡੈਮ ਨੱਕੋ ਨੱਕ ਭਰੇ ਰਹੇ ਅਤੇ ਪਹਾੜਾਂ ਦਾ ਪਾਣੀ ਝੱਲਿਆ ਨਹੀਂ ਗਿਆ। ਨਹਿਰਾਂ ਤੇ ਖਾਲਿਆਂ ਦੀ ਸਫਾਈ ਸਮੇਂ ਸਿਰ ਨਹੀਂ ਹੋ ਸਕੀ। ਪੰਜਾਬ ਵਿੱਚ ਹਰ ਦੂਜੇ ਚੌਥੇ ਸਾਲ ਆਉਂਦੇ ਹੜ੍ਹ ਲਗਾਤਾਰ ਚੁਣੌਤੀ ਬਣ ਰਹੇ ਹਨ। ? ਜਿਸ ਕਰਕੇ ਪੰਜਾਬ ਹਰ ਵਾਰ ਉੱਜੜ ਦਾ ਰਿਹਾ ਹੈ। ਵਸਦਾ ਰਿਹਾ ਹੈ। ਵਾਰ-ਵਾਰ ਉੱਖੜਦੇ ਪੈਰ ਮਨੁੱਖ ਨੂੰ ਹਿਲਾ ਕੇ ਰੱਖ ਦਿੰਦੇ ਹਨ। ਇਹ ਸਿਰਫ ਕੁਦਰਤੀ ਵਰਤਾਰਾ ਨਹੀਂ ਸਗੋਂ ਬਲ ਇੰਤਜਾਮੀ ਮਾੜੇ ਪ੍ਰਬੰਧਾਂ ਅਤੇ ਨੁਕਸਦਾਰ ਬੁਨਿਆਦੀ ਢਾਂਚੇ ਦਾ ਨਤੀਜਾ ਹਨ। ਇਹ ਨਹੀਂ ਕਿ ਪੰਜਾਬ ਨੂੰ ਸੰਭਾਲਣ ਵਾਲੇ ਕਾਬਿਲ ਸਿੰਚਾਈ ਮਾਹਿਰ ਨਹੀਂ ਹਨ । ਬਸ ਲੋੜ ਉਹਨਾਂ ਦੀਆਂ ਸੇਵਾਵਾਂ ਨੂੰ ਸਹੀ ਅਤੇ ਸਮੇਂ ਸਿਰ ਲੈਣ ਦੀ ਹੈ।

ਪੰਜਾਬ ਨੂੰ ਇਸ ਘੁੰਮਣ ਘੇਰੀ ਵਿੱਚੋਂ ਨਿਕਲਣ ਲਈ ਡਰੇਨਾਂ ਅਤੇ ਬੰਨ੍ਹਾਂ ਦੀ ਰੈਗੂਲਰ ਜਾਂਚ ਕਰਨੀ ਪਵੇਗੀ ।ਸਾਰੇ ਵਿਭਾਗਾਂ ਦੇ ਕਲੈਬੋਰੇਸ਼ਨ ਨਾਲ ਕੰਮ ਕਰਨ ਤੋਂ ਉਰੇ ਕੋਈ ਗੁਜ਼ਾਰਾ ਨਹੀਂ ਹੈ। ਨਹੀਂ ਤਾਂ ਪੰਜਾਬ ਇਵੇਂ ਹੀ ਡੁੱਬਦਾ ਰਹੇਗਾ।



ਪ੍ਰੋ . ਡਾ . ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

## ਪੰਜਾਬ ਵਿੱਚ ਹੜ੍ਹਾਂ ਦੀ ਵਰਤਮਾਨ ਸਥਿਤੀ

# ਵੱਡੀ ਤਬਾਹੀ ਅਤੇ ਲੋਕਾਂ ਦੇ ਦੁੱਖ ਤੇ ਨੁਕਸਾਨ ਦੀ ਭਰਪਾਈ ਕੌਣ ਕਰੇਗਾ ?

ਇਸ ਸਮੇਂ ਪੰਜਾਬ ਵਿੱਚ ਹੜ੍ਹਾਂ ਦੀ ਤਬਾਹੀ ਨੇ ਜਿਸ ਤਰ੍ਹਾਂ ਦਾ ਵਾਤਾਵਰਨ ਬਣਾਇਆ ਹੈ, ਇਸ ਤਰ੍ਹਾਂ ਦੀ ਭਿਆਨਕ ਤਬਾਹੀ ਪਹਿਲੇ ਇਤਿਹਾਸ ਵਿੱਚ ਕਦੇ ਵੀ ਨਹੀਂ ਦੇਖੀ ਗਈ। ਇਸ ਤਰ੍ਹਾਂ ਦੀ ਹੜ੍ਹਾਂ ਦੀ ਸਥਿਤੀ ਨੇ ਪੰਜਾਬ ਦੇ ਲੋਕਾਂ ਦਾ ਦੁੱਖ ਕਿਸਾਨਾਂ ਅਤੇ ਗਰੀਬ ਮਜ਼ਦੂਰਾਂ ਨੂੰ ਜਿਸ ਤਰ੍ਹਾਂ ਦੀ ਦੁਰਦਸ਼ਾ ਤੇ ਗਰੀਬੀ ਵੱਲ ਧੱਕਿਆ ਹੈ, ਉਹ ਵੀ ਆਪਣੀ ਮਿਸਾਲ ਆਪ ਹੈ। ਹੁਣ ਦੁੱਖ ਦੀ ਗੱਲ ਇਹ ਹੈ ਕਿ ਇੱਥੇ ਰਾਜਨੀਤੀ ਵੀ ਹਾਵੀ ਹੋ ਰਹੀ ਹੈ ਤੇ ਕੀ ਇਸ ਰਾਜਨੀਤੀ ਤੇ ਸ਼ਤਰੰਜ ਦੀਆਂ ਗੋਟੀਆਂ ਦੇ ਨਾਲ ਲੋਕਾਂ ਦੀ ਭੁੱਖ ਅਤੇ ਦੁੱਖਾਂ ਦਾ ਅੰਤ ਹੋ ਸਕਦਾ ਹੈ । ਅਗਲੀਆਂ ਚੋਣਾਂ ਵਿੱਚ ਵੀ ਹੜ੍ਹਾਂ ਦਾ ਮੁੱਦਾ ਉੱਠੇਗਾ ।

ਇਹਨਾਂ ਸਾਰੇ ਪੱਖਾਂ 'ਤੇ ਵਿਚਾਰ ਕਰਦਿਆਂ ਹੋਇਆਂ ਅਸੀਂ ਦੇਖ ਸਕਦੇ ਹਾਂ ਕਿ ਪੰਜਾਬ, ਜੋ ਕਿ ਭਾਰਤ ਦਾ ਖੇਤੀਬਾੜੀ ਪ੍ਰਧਾਨ ਸੂਬਾ ਹੈ । ਇਸ ਵੇਲੇ ਆਪਣੇ ਇਤਿਹਾਸ ਵਿੱਚ ਸਭ ਤੋਂ ਭਿਆਨਕ ਹੜ੍ਹਾਂ ਦਾ ਸਾਹਮਣਾ ਕਰ ਰਿਹਾ ਹੈ। ਸਤੰਬਰ 2025 ਦੇ ਸ਼ੁਰੂ ਵਿੱਚ, ਭਾਰੀ ਮੌਨਸੂਨ ਵਰਖਾ ਅਤੇ ਨਦੀਆਂ ਵਿੱਚ ਵਧਦੇ ਪਾਣੀ ਨੇ ਸੂਬੇ ਨੂੰ ਤਬਾਹ ਕਰ ਦਿੱਤਾ ਹੈ। ਰਾਵੀ, ਬਿਆਸ ਅਤੇ ਸਤਲੁਜ ਨਦੀਆਂ ਵਿੱਚ ਉੱਚ ਪੱਧਰੀ ਹੜ੍ਹ ਨੇ ਹਜ਼ਾਰਾਂ ਪਿੰਡਾਂ ਨੂੰ ਡੁੱਬੋ ਦਿੱਤਾ ਹੈ ਅਤੇ ਲੱਖਾਂ ਲੋਕਾਂ ਨੂੰ ਬੇਘਰ ਕਰ ਦਿੱਤਾ ਹੈ। ਇਹ ਹੜ੍ਹਾਂ ਪਿਛਲੇ ਚਾਰ ਦਹਾਕਿਆਂ ਵਿੱਚ ਸਭ ਤੋਂ ਵੱਡੀਆਂ ਹਨ, ਜਿਨ੍ਹਾਂ ਨੇ 1000 ਤੋਂ ਵੱਧ ਪਿੰਡਾਂ ਨੂੰ ਪ੍ਰਭਾਵਿਤ ਕੀਤਾ ਹੈ ਅਤੇ ਤਕਰੀਬਨ 3 ਲੱਖ ਏਕੜ ਫਸਲਾਂ ਨੂੰ ਤਬਾਹ ਕਰ ਦਿੱਤਾ ਹੈ। ਗੁਰਦਾਸਪੁਰ, ਤਰਨ ਤਾਰਨ ਅਤੇ ਹੋਰ ਜ਼ਿਲ੍ਹਿਆਂ ਵਿੱਚ ਡੈਮਾਂ ਦੇ ਟੁੱਟਣ ਨਾਲ ਪਿੰਡ ਡੁੱਬ ਗਏ ਹਨ, ਅਤੇ ਸਕੂਲਾਂ-ਕਾਲਜਾਂ ਨੂੰ 3 ਸਤੰਬਰ ਤੱਕ ਬੰਦ ਕਰ ਦਿੱਤਾ ਗਿਆ ਹੈ।

ਇਹਨਾਂ ਹੜ੍ਹਾਂ ਦਾ ਪ੍ਰਭਾਵ ਹੇਠ ਲੋਕਾਂ ਅਤੇ ਕਿਸਾਨਾਂ ਉੱਤੇ ਭਾਰੀ ਨੁਕਸਾਨ ਦਾ ਖ਼ਤਰਾ ਹੈ। ਇਹਨੂ ਹੜ੍ਹਾਂ ਨੇ ਪੰਜਾਬ ਦੇ ਲੋਕਾਂ ਅਤੇ ਵਿਸ਼ੇਸ਼ ਤੌਰ 'ਤੇ ਕਿਸਾਨਾਂ ਨੂੰ ਬਹੁਤ ਵੱਡਾ ਨੁਕਸਾਨ ਪਹੁੰਚਾਇਆ ਹੈ। ਤਕਰੀਬਨ 1.25 ਲੱਖ ਲੋਕ ਪ੍ਰਭਾਵਿਤ ਹੋਏ ਹਨ, ਅਤੇ 1,312 ਪਿੰਡ ਡੁੱਬ ਗਏ ਹਨ। ਕਿਸਾਨਾਂ ਦੀਆਂ ਫਸਲਾਂ, ਜਿਵੇਂ ਝੋਨਾ ਅਤੇ ਹੋਰ ਖੇਤੀਬਾੜੀ ਉਤਪਾਦ, ਪੂਰੀ ਤਰ੍ਹਾਂ ਤਬਾਹ ਹੋ ਗਏ ਹਨ, ਜਿਸ ਨਾਲ ਉਨ੍ਹਾਂ ਨੂੰ ਇੱਕ ਸਾਲ ਦੀ ਮਿਹਨਤ ਦਾ ਨੁਕਸਾਨ ਹੋਇਆ ਹੈ। ਪਸ਼ੂਆਂ ਦੇ ਨੁਕਸਾਨ ਅਤੇ ਘਰਾਂ ਦੇ ਢਹਿ ਜਾਣ ਨੇ ਲੋਕਾਂ ਨੂੰ ਬੇਸਹਾਰਾ ਬਣਾ ਦਿੱਤਾ ਹੈ। ਬਹੁਤ ਸਾਰੇ ਪਿੰਡਾਂ ਵਿੱਚ ਬਿਜਲੀ ਅਤੇ ਸੰਚਾਰ ਸੇਵਾਵਾਂ ਠੱਪ ਹਨ, ਜਿਸ ਨਾਲ ਰਾਹਤ ਕਾਰਜਾਂ ਵਿੱਚ ਵੀ ਮੁਸ਼ਕਲ ਆ ਰਹੀ ਹੈ। ਲੋਕ ਉੱਚੇ ਸਥਾਨਾਂ 'ਤੇ ਰਹਿਣ ਲਈ ਮਜਬੂਰ ਹਨ, ਅਤੇ ਪਾਣੀ ਨਾਲ ਫੈਲਣ ਵਾਲੀਆਂ ਬਿਮਾਰੀਆਂ ਦਾ ਖਤਰਾ ਵੱਧ ਗਿਆ ਹੈ। ਹੁਣ ਐਨਡੀਆਰਐਫ ਅਤੇ ਸਥਾਨਕ ਵਲੰਟੀਅਰਾਂ ਵੱਲੋਂ ਰੈਸਕਿਊ ਆਪ੍ਰੇਸ਼ਨ ਚੱਲ ਰਹੇ ਹਨ, ਪਰ ਨੁਕਸਾਨ ਇੰਨਾ ਵੱਡਾ ਹੈ ਕਿ ਪੰਜਾਬ ਦੀ ਆਰਥਿਕਤਾ ਨੂੰ ਲੰਮੇ ਸਮੇਂ ਲਈ ਪਿਛਾਂਹ ਧੱਕ ਦੇਵੇਗਾ। ਖੇਤੀਬਾੜੀ, ਜੋ ਕਿ ਪੰਜਾਬ ਦੀ ਆਰਥਿਕਤਾ ਦਾ ਮੁੱਖ ਆਧਾਰ ਹੈ, ਨੂੰ ਭਾਰੀ ਝਟਕਾ ਲੱਗਾ ਹੈ, ਅਤੇ ਇਸ ਨਾਲ ਭੋਜਨ ਸਪਲਾਈ ਚੇਨ ਵੀ ਪ੍ਰਭਾਵਿਤ ਹੋਵੇਗੀ।

ਇਸ ਮੌਕੇ 'ਤੇ ਰਾਜਨੀਤਿਕ ਖਿੱਚਤਾਣ , ਦੋਸ਼ਾਰੋਪਣ ਅਤੇ ਜ਼ਿੰਮੇਵਾਰੀ ਦੀ ਘਾਟ ਦੇ ਵੀ ਸਵਾਲ ਉਠਾਏ ਜਾ ਰਹੇ ਹਨ। ਹੜ੍ਹਾਂ ਨੇ ਨਾ ਸਿਰਫ਼ ਭੌਤਿਕ ਨੁਕਸਾਨ ਕੀਤਾ ਹੈ, ਬਲਕਿ ਰਾਜਨੀਤਿਕ ਖਿੱਚਤਾਣ ਵੀ ਵਧਾ ਦਿੱਤੀ ਹੈ। ਆਮ ਆਦਮੀ ਪਾਰਟੀ (ਏਏਪੀ) ਦੀ ਸਰਕਾਰ ਅਤੇ ਵਿਰੋਧੀ ਪਾਰਟੀਆਂ ਵਿਚਕਾਰ ਦੋਸ਼ਾਰੋਪਣ ਦਾ ਸਿਲਸਿਲਾ ਚੱਲ ਰਿਹਾ ਹੈ। ਵਿਰੋਧੀ ਧਿਰ, ਵਿਸ਼ੇਸ਼ ਤੌਰ 'ਤੇ ਕਾਂਗਰਸ ਅਤੇ ਅਕਾਲੀ ਦਲ, ਨੇ ਏਏਪੀ ਸਰਕਾਰ ਨੂੰ ਡੈਮਾਂ ਦੇ ਗਲਤ ਪ੍ਰਬੰਧਨ ਅਤੇ ਰਾਹਤ ਕਾਰਜਾਂ ਵਿੱਚ ਢਿੱਲ ਲਈ ਜ਼ਿੰਮੇਵਾਰ ਠਹਿਰਾਇਆ ਹੈ।

ਪੰਜਾਬ ਕਾਂਗਰਸ ਨੇਤਾ ਨੇ ਦੋਸ਼ ਲਾਇਆ ਕਿ ਡੈਮਾਂ ਦੇ ਗਲਤ ਪ੍ਰਬੰਧਨ ਨੇ ਹੜ੍ਹਾਂ ਨੂੰ ਵਧਾਇਆ ਹੈ। ਉੱਧਰ ਏਏਪੀ ਨੇਤਾ ਅਤੇ ਮੁੱਖ ਮੰਤਰੀ ਭਗਵੰਤ ਮਾਨ ਨੇ ਕੇਂਦਰ ਸਰਕਾਰ ਨੂੰ ਜ਼ਿੰਮੇਵਾਰ ਠਹਿਰਾਇਆ ਹੈ ਅਤੇ ਪ੍ਰਧਾਨ ਮੰਤਰੀ ਮੋਦੀ ਨੂੰ 60,000 ਕਰੋੜ ਰੁਪਏ ਦੀ ਮੱਦਦ ਰਿਲੀਜ਼ ਕਰਨ ਲਈ ਕਿਹਾ ਹੈ ਹੁਣ ਗ੍ਰਹਿ ਮੰਤਰੀ ਨੂੰ ਵੀ ਆਰਮੀ ਅਤੇ ਐਨਡੀਆਰਐਫ ਨੂੰ ਤੁਰੰਤ ਭੇਜਣ ਲਈ ਅਪੀਲ ਕੀਤੀ ਹੈ। ਕੇਂਦਰ ਸਰਕਾਰ ਨੇ ਮੱਦਦ ਦਾ ਭਰੋਸਾ ਦਿੱਤਾ ਹੈ, ਪਰ ਅਸਲ ਵਿੱਚ ਰਾਹਤ ਕਾਰਜਾਂ ਵਿੱਚ ਕੇਂਦਰ ਅਤੇ ਰਾਜ ਸਰਕਾਰ ਵਿਚਕਾਰ ਤਾਲਮੇਲ ਦੀ ਘਾਟ ਨਜ਼ਰ ਆ ਰਹੀ ਹੈ। ਪਿਛਲੇ ਸਾਲਾਂ ਵਿੱਚ ਵੀ ਆਪ ਨੇ ਹਰਿਆਣਾ ਅਤੇ ਕੇਂਦਰ ਨੂੰ ਦੋਸ਼ੀ ਠਹਿਰਾਇਆ ਸੀ, ਪਰ ਇਸ ਵਾਰ ਵੀ ਇਹੀ ਖੇਡ ਜਾਰੀ ਹੈ।

ਹੁਣ ਨੁਕਸਾਨ ਦੀ ਭਰਪਾਈ ਅਤੇ ਪੰਜਾਬ ਦਾ ਪਿੱਛੇ ਵੱਲ ਜਾਣਾ ਤਹਿ ਹੈ। ਅੱਜ ਲੋਕਾਂ ਦੇ ਦੁੱਖ ਅਤੇ ਨੁਕਸਾਨ ਦੀ ਭਰਪਾਈ ਕੌਣ ਕਰੇਗਾ ? ਇਹ ਇੱਕ ਵੱਡਾ ਸਵਾਲ ਹੈ। ਰਾਜ ਸਰਕਾਰ ਨੇ ਰਾਹਤ ਕੈਂਪਾਂ ਵਿੱਚ ਭੋਜਨ, ਪਾਣੀ ਅਤੇ ਦਵਾਈਆਂ ਮੁਹੱਈਆ ਕਰਨ ਦਾ ਵਾਅਦਾ ਕੀਤਾ ਹੈ, ਪਰ ਨੁਕਸਾਨ ਵੱਡਾ ਹੋਣ ਕਾਰਨ ਇਹ ਕਾਫ਼ੀ ਨਹੀਂ ਹੈ। ਕੇਂਦਰ ਨੇ ਕੇਂਦਰੀ ਟੀਮਾਂ ਬਣਾਈਆਂ ਹਨ ਜੋ ਨੁਕਸਾਨ ਦਾ ਅੰਦਾਜ਼ਾ ਲਗਾਉਣਗੀਆਂ। ਪਰ ਅਸਲ ਵਿੱਚ, ਭਰਪਾਈ ਲਈ ਫੰਡਾਂ ਦੀ ਘਾਟ ਹੈ। ਪੰਜਾਬ ਦੀ ਆਰਥਿਕਤਾ ਨੂੰ ਇਹ ਹੜ੍ਹਾਂ ਲੰਮੇ ਸਮੇਂ ਲਈ ਪਿੱਛੇ ਧੱਕ ਦੇਣਗੀਆਂ। ਉੱਧਰ ਖੇਤੀਬਾੜੀ ਨੁਕਸਾਨ ਨਾਲ ਭੋਜਨ ਉਤਪਾਦਨ ਘਟੇਗਾ, ਅਤੇ ਕਿਸਾਨਾਂ ਨੂੰ ਨਵੀਂ ਫਸਲ ਬੀਜਣ ਲਈ ਮੁਸ਼ਕਲ ਆਵੇਗੀ। ਇਨਫਰਾਸਟ੍ਰਕਚਰ ਜਿਵੇਂ ਸੜਕਾਂ ਅਤੇ ਪੁਲ ਤਬਾਹ ਹੋਣ ਨਾਲ ਵਿਕਾਸ ਪ੍ਰੋਜੈਕਟ ਰੁਕ ਜਾਣਗੇ, ਅਤੇ ਪੰਜਾਬ ਨੂੰ ਆਰਥਿਕ ਤੌਰ 'ਤੇ ਕਈ ਸਾਲ ਪਿੱਛੇ ਵੱਲ ਜਾਣਾ ਪਵੇਗਾ।

ਹੁਣ ਨਵੀਆਂ ਰਾਜਨੀਤਿਕ ਸੰਭਾਵਨਾਵਾਂ ਅਤੇ ਰਾਹਤ ਲਈ ਉਮੀਦਾਂ ਤੇ ਤੱਥਾਂ ਨੂੰ ਵੇਖਦੇ ਹੋਏ, ਨਵੀਆਂ ਰਾਜਨੀਤਿਕ ਸੰਭਾਵਨਾਵਾਂ ਵਿੱਚ ਕੇਂਦਰ ਅਤੇ ਰਾਜ ਸਰਕਾਰ ਵਿਚਕਾਰ ਬਿਹਤਰ ਤਾਲਮੇਲ ਸ਼ਾਮਲ ਹੈ। ਕਲਾਈਮੇਟ ਚੇਂਜ ਨੂੰ ਵੇਖਦੇ ਹੋਏ, ਡੈਮਾਂ ਦੇ ਬਿਹਤਰ ਪ੍ਰਬੰਧਨ ਅਤੇ ਫਲੱਡ ਵਾਰਨਿੰਗ ਸਿਸਟਮ ਨੂੰ ਮਜ਼ਬੂਤ ਕਰਨ ਦੀ ਲੋੜ ਹੈ। ਆਪ ਸਰਕਾਰ ਨੂੰ ਵਿਰੋਧੀ ਧਿਰਾਂ ਨਾਲ ਮਿਲ ਕੇ ਕੰਮ ਕਰਨਾ ਚਾਹੀਦਾ ਹੈ ਤਾਂ ਕਿ ਰਾਹਤ ਤੇਜ਼ੀ ਨਾਲ ਪਹੁੰਚੇ। ਕੇਂਦਰ ਵੱਲੋਂ ਵੱਡੀ ਮੱਦਦ ਨਾਲ ਨਵੇਂ ਇਨਫਰਾਸਟ੍ਰਕਚਰ ਪ੍ਰੋਜੈਕਟ ਸ਼ੁਰੂ ਕੀਤੇ ਜਾ ਸਕਦੇ ਹਨ, ਜਿਵੇਂ ਫਲੱਡ ਰੈਜ਼ਿਸਟੈਂਟ ਖੇਤੀ ਅਤੇ ਡੈਮ ਰੀਨੋਵੇਸ਼ਨ। ਐਨਜੀਓ ਅਤੇ ਵਲੰਟੀਅਰਾਂ ਨੂੰ ਵਧੇਰੇ ਸ਼ਾਮਲ ਕਰਨ ਨਾਲ ਰਾਹਤ ਵਧ ਸਕਦੀ ਹੈ। ਹੁਣ ਅਗਲੀਆਂ ਚੋਣਾਂ ਵਿੱਚ ਹੜ੍ਹਾਂ ਦਾ ਮੁੱਦਾ ਵੀ ਇੱਕ ਵੱਡਾ ਮੁੱਦਾ ਬਣਿਆ ਹੋਇਆ ਹੈ।ਕੀ ਇਹ ਹੜ੍ਹ ਅਗਲੀਆਂ ਚੋਣਾਂ (2027 ਪੰਜਾਬ ਵਿਧਾਨ ਸਭਾ ਅਤੇ 2029 ਲੋਕ ਸਭਾ) ਵਿੱਚ ਕੇਂਦਰ ਬਿੰਦੂ ਰਹਿਣਗੀਆਂ ? ਹਾਂ, ਇਹ ਮੁੱਦਾ ਵੱਡਾ ਬਣ ਸਕਦਾ ਹੈ। ਵਿਰੋਧੀ ਧਿਰ ਏਏਪੀ ਨੂੰ ਨਿਸ਼ਾਨਾ ਬਣਾਏਗੀ, ਅਤੇ ਕੇਂਦਰੀ ਮੱਦਦ ਦੀ ਘਾਟ ਨੂੰ ਵੀ ਉਠਾਇਆ ਜਾਵੇਗਾ। ਕਿਸਾਨ ਅਤੇ ਪੇਂਡੂ ਵੋਟਰਾਂ ਲਈ ਇਹ ਮੁੱਦਾ ਅਹਿਮ ਹੋਵੇਗਾ, ਅਤੇ ਜੇ ਰਾਹਤ ਨਾ ਮਿਲੀ ਤਾਂ ਏਏਪੀ ਨੂੰ ਨੁਕਸਾਨ ਹੋ ਸਕਦਾ ਹੈ।

ਪੰਜਾਬ ਵਿੱਚ ਇਹ ਹੜ੍ਹਾਂ ਇੱਕ ਵੱਡੀ ਤਬਾਹੀ ਹਨ, ਜੋ ਨਾ ਸਿਰਫ਼ ਭੌਤਿਕ ਨੁਕਸਾਨ ਕਰ ਰਹੇ ਹਨ ਬਲਕਿ ਰਾਜਨੀਤਿਕ ਅਤੇ ਆਰਥਿਕ ਚੁਣੌਤੀਆਂ ਵੀ ਪੈਦਾ ਕਰ ਰਹੀਆਂ ਹਨ। ਅੱਜ ਰਾਜਨੀਤਿਕ ਖਿੱਚਤਾਣ ਨੂੰ ਛੱਡ ਕੇ ਸਭ ਨੂੰ ਮਿਲ ਕੇ ਰਾਹਤ ਕਾਰਜਾਂ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ ਤਾਂ ਕਿ ਲੋਕਾਂ ਨੂੰ ਜਲਦ ਰਾਹਤ ਮਿਲੇ ਅਤੇ ਪੰਜਾਬ ਫ਼ਿਰ ਉੱਭਰ ਸਕੇ।

# ਮਾਝਾ-ਦੁਆਬਾ

ਆਸ ਪਾਸ

## ਨਗਰ ਕੀਰਤਨ ਦਾ ਇਲਾਹਾਬਾਦ ਪੁੱਜਣ 'ਤੇ ਸੰਗਤਾਂ ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਭਰਵਾਂ ਸਵਾਗਤ

ਅੰਮ੍ਰਿਤਸਰ, 1 ਸਤੰਬਰ (ਗੁਰਦਿਆਲ ਸਿੰਘ): ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਦੇ ਸਬੰਧ ਵਿੱਚ ਗੁਰਦੁਆਰਾ ਧੋਬੜੀ ਸਾਹਿਬ ਆਸਾਮ ਤੋਂ ਆਰੰਭ ਹੋਏ ਸ਼ਹੀਦੀ ਨਗਰ ਕੀਰਤਨ ਪ੍ਰਤੀ ਸੰਗਤਾਂ ਵਿਚ ਵੱਡਾ ਉਤਸ਼ਾਹ ਹੈ। ਵੱਖ-ਵੱਖ ਪੜਾਵਾਂ 'ਤੇ ਜਿਥੇ ਵੱਡੀ ਗਿਣਤੀ ਸੰਗਤਾਂ ਨਤਮਸਤਕ ਹੋਣ ਲਈ ਪੁੱਜ ਰਹੀਆਂ ਹਨ, ਉਥੇ ਹੀ ਸਥਾਨਕ ਪ੍ਰਮੁੱਖ ਸ਼ਖ਼ਸੀਅਤਾਂ ਵੀ ਨਗਰ ਕੀਰਤਨ ਦਾ ਸਵਾਗਤ ਕਰ ਰਹੀਆਂ ਹਨ। ਬੀਤੀ ਰਾਤ ਨਗਰ ਕੀਰਤਨ ਦਾ ਅਲਾਹਾਬਾਦ ਪੁੱਜਣ 'ਤੇ ਮੈਂਬਰ ਪਾਰਲੀਮੈਂਟ ਪ੍ਰਵੀਨ ਪਟੇਲ, ਵਿਧਾਇਕ ਹਰਸ਼ਵਰਦਨ ਵਾਜਪਾਈ, ਮੇਅਰ ਉਮੇਸ਼ ਗਨੇਸ਼ ਕੇਸਰਵਾਨੀ ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਵਾਗਤ ਕਰਦਿਆਂ ਗੁਰੂ ਸਾਹਿਬ ਪ੍ਰਤੀ ਸ਼ਰਧਾ ਪ੍ਰਗਟਾਈ ਗਈ। ਇਹ ਨਗਰ ਕੀਰਤਨ ਅੱਜ ਉੱਤਰ ਪ੍ਰਦੇਸ਼ ਦੇ ਅਲਾਹਾਬਾਦ ਤੋਂ ਆਪਣੇ ਅਗਲੇ ਪੜਾਅ ਗੁਰਦੁਆਰਾ ਸਾਹਿਬ ਰਣਜੀਤ ਨਗਰ ਕਾਨ੍ਹਪੁਰ ਲਈ ਰਵਾਨਾ ਹੋਇਆ। ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿਚ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਕੇਵਲ ਸਿੰਘ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ। ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਪੰਜ ਪਿਆਰੇ ਸਾਹਿਬਾਨ, ਨਿਸ਼ਾਨਚੀ ਸਿੰਘਾਂ ਤੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ ਗਏ। ਇਹ ਨਗਰ ਕੀਰਤਨ ਗੁਰਦੁਆਰਾ ਸਾਹਿਬ ਖੁਲਦਾਬਾਦ ਅਲਾਹਾਬਾਦ ਤੋਂ ਆਰੰਭ ਹੋ ਕੇ ਵੱਖ ਵੱਖ ਪੜਾਵਾਂ ਤੋਂ ਹੁੰਦਾ ਹੋਇਆ ਕਾਨ੍ਹਪੁਰ ਪੁੱਜਾ। ਰਸਤੇ ਵਿਚ ਜਿਥੇ ਸੰਗਤਾਂ ਨੇ ਭਰਵਾਂ ਸਵਾਗਤ ਕਰਦਿਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਰੁਮਾਲਾ ਸਾਹਿਬ ਭੇਟ ਕਰਕੇ ਸਤਿਕਾਰ ਦਿੱਤਾ, ਉਥੇ ਹੀ ਏਅਰ ਫੋਰਸ ਦੇ ਜਵਾਨਾਂ ਨੇ ਵੀ ਗੁਰੂ ਸਾਹਿਬ ਪ੍ਰਤੀ ਸ਼ਰਧਾ ਪ੍ਰਗਟਾਈ। ਵੱਖ-ਵੱਖ ਪੜਾਵਾਂ 'ਤੇ ਸਥਾਨਕ ਸੰਗਤਾਂ ਸ਼ਬਦ ਕੀਰਤਨ ਕਰਦਿਆਂ ਅੱਗੇ ਤੋਂ ਨਗਰ ਕੀਰਤਨ ਦੇ ਸਵਾਗਤ ਲਈ ਆਈਆਂ। ਰਸਤੇ ਵਿਚ ਸੰਗਤਾਂ ਵੱਲੋਂ ਵੱਖ-ਵੱਖ ਪਕਵਾਨਾਂ ਦੇ ਲੰਗਰ ਵੀ ਲਗਾਏ ਗਏ ਸਨ। ਸ਼੍ਰੋਮਣੀ ਕਮੇਟੀ ਵੱਲੋਂ ਨਗਰ ਕੀਰਤਨ ਨਾਲ ਚੱਲ ਰਹੀ ਗੁਰੂ ਸਾਹਿਬਾਨ ਦੇ ਇਤਿਹਾਸਕ ਸ਼ਸਤਰਾਂ ਵਾਲੀ ਬੱਸ ਅਤੇ ਵੱਡਅਕਾਰੀ ਸਕਰੀਨਾਂ 'ਤੇ ਗੁਰੂ ਸਾਹਿਬ ਨਾਲ ਸੰਬੰਧਿਤ ਪਾਵਨ ਅਸਥਾਨਾਂ ਅਤੇ ਇਤਿਹਾਸ ਬਾਰੇ ਦਿਖਾਈਆਂ ਜਾ ਰਹੀਆਂ ਦਸਤਾਵੇਜ਼ੀ ਵੀਡੀਓ ਪ੍ਰਤੀ ਵੀ ਸੰਗਤਾਂ ਵਿਚ ਭਾਰੀ ਉਤਸ਼ਾਹ ਹੈ।


ਇਹ ਨਗਰ ਕੀਰਤਨ ਰਾਤ ਨੂੰ ਗੁਰਦੁਆਰਾ ਸਾਹਿਬ ਰਣਜੀਤ ਨਗਰ ਕਾਨ੍ਹਪੁਰ ਵਿਖੇ ਰੁਕੇਗਾ, ਜਿਥੋਂ 2 ਸਤੰਬਰ ਨੂੰ ਅਗਲੇ ਪੜਾਅ ਲਖਨਊ ਲਈ ਰਵਾਨਾ ਹੋਵੇਗਾ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਮੰਗਵਿੰਦਰ ਸਿੰਘ ਖਾਪੜਖੇੜੀ, ਅਮਰਜੀਤ ਸਿੰਘ ਭਲਾਈਪੁਰ, ਅਮਰਜੀਤ ਸਿੰਘ ਬੰਡਾਲਾ, ਇੰਚਾਰਜ ਜਗਜੀਤ ਸਿੰਘ, ਸਿਮਰਨਜੀਤ ਸਿੰਘ ਕੰਗ, ਯੂਪੀ ਸਿੱਖ ਮਿਸ਼ਨ ਹਾਪੜ ਦੇ ਇੰਚਾਰਜ ਬ੍ਰਿਜਪਾਲ ਸਿੰਘ, ਮੀਤ ਮੈਨੇਜਰ ਰਵਿੰਦਰਜੀਤ ਸਿੰਘ, ਹੈੱਡ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ, ਸਾਬਕਾ ਐਮਪੀ ਰੀਤਾ ਬਹੁਗੁਣਾ ਜੋਸ਼ੀ, ਡੀਐਮ ਮੁਨੀਸ਼ ਵਰਮਾ, ਸਥਾਨਕ ਸਿੱਖ ਆਗੂ ਬੀਬੀ ਗੋਵਿੰਦ ਕੌਰ, ਦਵਿੰਦਰਪਾਲ ਸਿੰਘ, ਆਰਐਸ ਬੇਦੀ, ਇੰਦਰਪ੍ਰੀਤ ਸਿੰਘ, ਦਿਲਜੀਤ ਸਿੰਘ, ਗੁਰਚਰਨ ਸਿੰਘ, ਜਸਮੀਤ ਸਿੰਘ, ਹਰਪ੍ਰੀਤ ਸਿੰਘ, ਮਨਜੀਤ ਸਿੰਘ, ਪਰਮਜੀਤ ਸਿੰਘ, ਐਮਪੀ ਸਿੰਘ, ਤਰਵਿੰਦਰ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ।



## ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਸਬ-ਕਮੇਟੀ ਦੀ ਇਕੱਤਰਤਾ

ਸ੍ਰੀ ਅਨੰਦਪੁਰ ਸਾਹਿਬ, 1 ਸਤੰਬਰ (ਤਰਲੋਚਨ ਸਿੰਘ): ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਅਤੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਗੁਰਤਾਗੱਦੀ ਦਿਵਸ ਦੇ ਸਮਾਗਮਾਂ ਦੀ ਰੂਪ-ਰੇਖਾ ਉਲੀਕਣ ਤੇ 350 ਸਾਲਾ ਸ਼ਹੀਦੀ ਸ਼ਤਾਬਦੀ ਦੇ ਸਬੰਧ ਵਿਚ ਗੁਰਦੁਆਰਾ ਧੋਬੜੀ ਸਾਹਿਬ ਆਸਾਮ ਤੋਂ ਆਰੰਭ ਹੋਏ ਸ਼ਹੀਦੀ ਨਗਰ ਕੀਰਤਨ ਦੀ ਅਗਲੀ ਰੂਪ-ਰੇਖਾ ਸਬੰਧੀ ਅੱਜ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਸ. ਬਲਦੇਵ ਸਿੰਘ ਮਾਹਿਲਪੁਰੀ ਮੀਟਿੰਗ ਹਾਲ ਵਿਖੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਸਬ-ਕਮੇਟੀ ਦੀ ਇਕੱਤਰਤਾ ਹੋਈ, ਜਿਸ ਵਿੱਚ ਗੁਰੂ ਸਾਹਿਬ ਦੀ ਲਾਸਾਨੀ ਸ਼ਹਾਦਤ ਨੂੰ ਸ਼ਰਧਾ ਨਾਲ ਯਾਦ ਕਰਨ ਲਈ ਕੀਤੇ ਜਾਣ ਵਾਲੇ ਵੱਖ-ਵੱਖ ਸਮਾਗਮਾਂ 'ਤੇ ਚਰਚਾ ਹੋਈ।

ਅੱਜ ਦੀ ਇਕੱਤਰਤਾ ਦੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੱਸਿਆ ਕਿ ਸ੍ਰੀ ਗੁਰੂ ਤੇਗ਼ ਬਹਾਦੁਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਮੌਕੇ ਦੇਸ਼-ਵਿਦੇਸ਼ ਤੋਂ ਕਰੋੜਾਂ ਦੀ ਗਿਣਤੀ ਵਿਚ ਸੰਗਤਾਂ ਦੇ ਸ੍ਰੀ ਅਨੰਦਪੁਰ ਸਾਹਿਬ ਪੁੱਜਣ ਦਾ ਅਨੁਮਾਨ ਹੈ। ਉਨ੍ਹਾਂ ਦੱਸਿਆ ਕਿ ਸ਼ਤਾਬਦੀ ਦੇ ਮੁੱਖ ਸਮਾਗਮਾਂ ਦੀ ਰੂਪ-ਰੇਖਾ ਉਲੀਕਣ ਸਬੰਧੀ ਅੱਜ ਦੀ ਇਕੱਤਰਤਾ ਵਿਚ ਵਿਚਾਰ-ਵਟਾਂਦਰਾ ਕੀਤਾ ਗਿਆ, ਜਿਸ ਵਿਚ 350 ਸਾਲਾ ਸ਼ਤਾਬਦੀ ਦੇ ਸਬੰਧ ਵਿਚ ਸ੍ਰੀ ਗੁਰੂ ਤੇਗ਼ ਬਹਾਦੁਰ ਜੀ ਦੇ ਜੀਵਨ ਤੇ ਸ਼ਹਾਦਤ ਨਾਲ ਸਬੰਧਿਤ ਵਿਸ਼ਿਆਂ ਉੱਤੇ ਖ਼ਾਲਸਾ ਕਾਲਜ ਪਟਿਆਲਾ, ਸ੍ਰੀ ਗੁਰੂ ਤੇਗ਼ ਬਹਾਦੁਰ ਖ਼ਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਗੁਰੂ ਨਾਨਕ ਕਾਲਜ ਸ੍ਰੀ ਮੁਕਤਸਰ ਸਾਹਿਬ ਅਤੇ ਖ਼ਾਲਸਾ ਕਾਲਜ ਅੰਮ੍ਰਿਤਸਰ ਵਿਖੇ ਚਾਰ ਵੱਡੇ ਸੈਮੀਨਾਰ ਕਰਵਾਉਣ ਦਾ ਫੈਸਲਾ ਕੀਤਾ ਗਿਆ ਹੈ। ਇਸ ਤੋਂ ਇਲਾਵਾ ਇਕ ਅੰਤਰਰਾਸ਼ਟਰੀ ਸੈਮੀਨਾਰ ਦਿੱਲੀ ਵਿਖੇ ਕੀਤਾ ਜਾਵੇਗਾ, ਜਿਸ ਵਿਚ ਨਾਮਵਰ ਮਨੁੱਖੀ ਅਧਿਕਾਰਾਂ ਨਾਲ ਸਬੰਧਿਤ ਕਾਰਕੁੰਨ ਸ੍ਰੀ ਗੁਰੂ ਤੇਗ਼ ਬਹਾਦੁਰ ਸਾਹਿਬ ਜੀ ਦੇ ਜੀਵਨ ਤੇ ਸ਼ਹਾਦਤ ਦੇ ਅੰਤਰਰਾਸ਼ਟਰੀ ਪ੍ਰਸੰਗ ਦੇ ਮਹੱਤਵ ਨੂੰ ਦੱਸਣਗੇ। ਐਡਵੋਕੇਟ ਧਾਮੀ ਨੇ ਦੱਸਿਆ ਕਿ ਇਸੇ ਤਰ੍ਹਾਂ ਗੁਰਦੁਆਰਾ ਧੂਬੜੀ ਸਾਹਿਬ ਆਸਾਮ ਤੋਂ ਆਰੰਭ ਹੋਇਆ ਨਗਰ ਕੀਰਤਨ ਦੇਸ਼ ਦੇ 20 ਤੋਂ ਵੱਧ ਸੂਬਿਆਂ ਵਿਚੋਂ ਹੁੰਦਾ ਹੋਇਆ 23 ਨਵੰਬਰ ਨੂੰ ਸ੍ਰੀ ਅਨੰਦਪੁਰ ਸਾਹਿਬ ਪੁੱਜੇਗਾ। ਉਨ੍ਹਾਂ ਦੱਸਿਆ ਕਿ ਇਸ ਦੇ ਨਾਲ ਹੀ ਸ੍ਰੀ ਗੁਰੂ ਤੇਗ਼ ਬਹਾਦੁਰ ਸਾਹਿਬ ਜੀ ਦਾ ਸੀਸ ਦਿੱਲੀ ਦੇ ਚਾਂਦਨੀ ਚੌਂਕ ਤੋਂ ਲੈ ਕੇ ਸ੍ਰੀ ਅਨੰਦਪੁਰ ਸਾਹਿਬ ਪੁੱਜਣ ਵਾਲੇ ਭਾਈ ਜੈਤਾ ਜੀ (ਬਾਬਾ ਜੀਵਨ ਸਿੰਘ) ਦੀ ਯਾਦ ਵਿਚ ਬਾਬਾ ਮੇਜਰ ਸਿੰਘ ਮੁਖੀ ਦਸਮੇਸ਼ ਤਰਨਾ ਦਲ ਵਲੋਂ 25 ਨਵੰਬਰ ਨੂੰ ਗੁਰਦੁਆਰਾ ਸੀਸ ਗੰਜ ਸਾਹਿਬ ਦਿੱਲੀ ਤੋਂ 'ਸੀਸ ਮਾਰਚ' ਆਰੰਭ ਕਰਕੇ ਪੜਾਅਵਾਰ 28 ਨਵੰਬਰ ਨੂੰ ਗੁ. ਬਿਬਾਨਗੜ੍ਹ ਸਾਹਿਬ ਕੀਰਤਪੁਰ ਸਾਹਿਹ ਪੁੱਜੇਗਾ, ਜਿੱਥੋਂ ਵਿਸ਼ਾਲ ਨਗਰ ਕੀਰਤਨ ਦੇ ਰੂਪ ਵਿਚ 29 ਨਵੰਬਰ ਨੂੰ ਗੁਰਦੁਆਰਾ ਸੀਸ ਗੰਜ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਪੁੱਜੇਗਾ। ਉਨ੍ਹਾਂ ਕਿਹਾ ਕਿ ਖ਼ਾਲਸਾ ਕਾਲਜ ਪਟਿਆਲਾ ਵਲੋਂ ਸ੍ਰੀ ਗੁਰੂ ਤੇਗ਼ ਬਹਾਦੁਰ ਸਾਹਿਬ ਜੀ ਦੀ ਬਾਣੀ ਦੇ ਸ਼ਬਦਾਂ ਅਤੇ ਸਲੋਕਾਂ ਨੂੰ ਨਿਰਧਾਰਿਤ 15 ਰਾਗਾਂ 'ਚ ਵੱਖ-ਵੱਖ ਰਾਗੀ ਜਥਿਆਂ ਅਤੇ ਸੰਗੀਤਕਾਰਾਂ ਦੀ ਆਵਾਜ਼ ਵਿਚ ਰਿਕਾਰਡ ਕਰਵਾਇਆ ਗਿਆ ਹੈ। ਇਕੱਤਰਤਾ ਵਿਚ ਸ਼ਤਾਬਦੀ ਸਬੰਧੀ ਵੱਖ-ਵੱਖ ਕਮੇਟੀਆਂ ਦੇ ਮੈਂਬਰਾਂ 'ਚ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਰਘੂਜੀਤ ਸਿੰਘ ਵਿਰਕ, ਸ਼੍ਰੋਮਣੀ ਅਕਾਲੀ ਦਲ ਦੇ ਸਕੱਤਰ ਜਨਰਲ ਬਲਵਿੰਦਰ ਸਿੰਘ ਭੂੰਦੜ, ਸੀਨੀਅਰ ਮੀਤ ਪ੍ਰਧਾਨ ਡਾ. ਦਲਜੀਤ ਸਿੰਘ ਚੀਮਾ, ਸੀਨੀਅਰ ਮੀਤ ਪ੍ਰਧਾਨ ਤੇਜਿੰਦਰ ਸਿੰਘ ਮਿੱਡੂਖੇੜਾ, ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਬਲਦੇਵ ਸਿੰਘ ਕਲਿਆਣ, ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਦਲਜੀਤ ਸਿੰਘ ਭਿੰਡਰ, ਬਲਦੇਵ ਸਿੰਘ ਕਾਇਮਪੁਰੀ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਭਾਈ ਅਮਰਜੀਤ ਸਿੰਘ ਚਾਵਲਾ, ਸੁਰਜੀਤ ਸਿੰਘ ਭਿੱਟੇਵੱਡ, ਭਾਈ ਗੁਰਚਰਨ ਸਿੰਘ ਗਰੇਵਾਲ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ, ਖੁਸ਼ਵਿੰਦਰ ਸਿੰਘ ਭਾਟੀਆ, ਤੇਜਿੰਦਰਪਾਲ ਸਿੰਘ ਢਿੱਲੋਂ, ਸ਼੍ਰੋਮਣੀ ਕਮੇਟੀ ਦੇ ਧਰਮ ਪ੍ਰਚਾਰ ਸਕੱਤਰ ਬਲਵਿੰਦਰ ਸਿੰਘ ਕਾਹਲਵਾਂ, ਸਿੱਖਿਆ ਸਕੱਤਰ ਸੁਖਮਿੰਦਰ ਸਿੰਘ, ਵਧੀਕ ਸਕੱਤਰ ਗੁਰਿੰਦਰ ਸਿੰਘ ਮਥਰੇਵਾਲ, ਬਿਜੈ ਸਿੰਘ, ਦਸਮੇਸ਼ ਤਰਨਾ ਦਲ ਦੇ ਮੁਖੀ ਜਥੇਦਾਰ ਬਾਬਾ ਮੇਜਰ ਸਿੰਘ, ਗਿ. ਰਣਜੀਤ ਸਿੰਘ ਗੌਹਰ ਏ ਮਸਕੀਨ, ਪ੍ਰੋ. ਸੁਖਦੇਵ ਸਿੰਘ, ਪ੍ਰਿੰ. ਜਸਵੀਰ ਸਿੰਘ, ਪ੍ਰਿੰ. ਧਰਮਿੰਦਰ ਸਿੰਘ ਉਭਾ, ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਗੁਰਦੀਪ ਸਿੰਘ ਕੰਗ, ਵਧੀਕ ਮੈਨੇਜਰ ਐਡਵੋਕੇਟ ਹਰਦੇਵ ਸਿੰਘ ਤੇ ਤਲਵਿੰਦਰ ਸਿੰਘ ਬੁੱਟਰ ਵੀ ਹਾਜ਼ਰ ਸਨ।



## ਸ਼੍ਰੋਮਣੀ ਕਮੇਟੀ ਵੱਲੋਂ ਹੜ੍ਹ ਪ੍ਰਭਾਵਿਤ ਇਲਾਕਿਆਂ 'ਚ ਰਾਹਤ ਸੇਵਾਵਾਂ ਨਿਰੰਤਰ ਜਾਰੀ



ਅੰਮ੍ਰਿਤਸਰ, 1 ਸਤੰਬਰ (ਗੁਰਦਆਲ ਸਿੰਘ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹੜ੍ਹਾਂ ਨਾਲ ਪ੍ਰਭਾਵਿਤ ਹੋਏ ਇਲਾਕਿਆਂ ਅੰਦਰ ਰਾਹਤ ਸੇਵਾਵਾਂ ਲਗਾਤਾਰ ਜਾਰੀ ਹਨ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਿਰਦੇਸ਼ਾਂ ਅਨੁਸਾਰ ਜਿਥੇ ਸ਼੍ਰੋਮਣੀ ਕਮੇਟੀ ਮੁਲਾਜ਼ਮ ਹੜ੍ਹਾਂ ਦੀ ਮਾਰ ਹੇਠ ਆਏ ਲੋਕਾਂ ਲਈ ਜ਼ਰੂਰੀ ਵਸਤੂਆਂ ਪਹੁੰਚਾ ਰਹੇ ਹਨ, ਉਥੇ ਹੀ ਮੈਡੀਕਲ ਜ਼ਰੂਰਤਾਂ ਨੂੰ ਮੁੱਖ ਰੱਖਦਿਆਂ ਡਾਕਟਰੀ ਟੀਮਾਂ ਵੀ ਇਨ੍ਹਾਂ ਇਲਾਕਿਆਂ ਵਿਚ ਸੇਵਾਵਾਂ ਨਿਭਾਅ ਰਹੀਆਂ ਹਨ। ਇਸ ਸਬੰਧੀ ਗੱਲ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਨੇ ਦੱਸਿਆ ਕਿ ਰਾਵੀ ਦਰਿਆ ਨਾਲ ਲਗਦਾ ਹਲਕਾ ਡੇਰਾ ਬਾਬਾ ਨਾਨਕ, ਰਮਦਾਸ ਤੇ ਅਜਨਾਲਾ ਜਿਥੇ ਹੜ੍ਹਾਂ ਦੀ ਵੱਡੀ ਮਾਰ ਝੱਲ ਰਿਹਾ ਹੈ, ਉਥੇ ਹੀ ਬਿਆਸ ਦਰਿਆ ਨਾਲ ਪੈਂਦੇ ਸੁਲਤਾਨਪੁਰ ਲੋਧੀ ਵਿਚ ਵੀ ਬਹੁਤ ਸਾਰੇ ਪਿੰਡ ਪ੍ਰਭਾਵਿਤ ਹੋਏ ਹਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਧਾਮੀ ਦੀਆਂ ਹਦਾਇਤਾਂ 'ਤੇ ਪਹਿਲੇ ਦਿਨ ਤੋਂ ਹੀ ਰਾਹਤ ਸੇਵਾਵਾਂ ਨਿਰੰਤਰ ਚੱਲ ਰਹੀਆਂ ਹਨ ਅਤੇ ਲੋਕਾਂ ਦੀ ਮੰਗ ਤੇ ਲੋੜਾਂ ਅਨੁਸਾਰ ਜ਼ਰੂਰੀ ਵਸਤੂਆਂ ਭੇਜੀਆਂ ਜਾ ਰਹੀਆਂ ਹਨ। ਸਕੱਤਰ ਪ੍ਰਤਾਪ ਸਿੰਘ ਨੇ ਦੱਸਿਆ ਕਿ ਹੜ੍ਹਾਂ ਦੇ ਪਾਣੀ ਨਾਲ ਪ੍ਰਭਾਵਿਤ ਇਲਾਕਿਆਂ ਅੰਦਰ ਰਹਿੰਦੇ ਲੋਕਾਂ ਨੂੰ ਵੱਡੀਆਂ ਸਿਹਤ ਸਮੱਸਿਆਵਾਂ ਦਾ ਵੀ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਦੇ ਮੱਦੇਨਜ਼ਰ ਸ਼੍ਰੋਮਣੀ ਕਮੇਟੀ ਨੇ ਆਪਣੀਆਂ ਹੋਰ ਰਾਹਤ ਸੇਵਾਵਾਂ ਦੇ ਨਾਲ-ਨਾਲ ਮੈਡੀਕਲ ਟੀਮਾਂ ਵੀ ਸਬੰਧਤ ਇਲਾਕਿਆਂ ਵਿਚ ਭੇਜੀਆਂ ਹੋਈਆਂ ਹਨ।

ਉਨ੍ਹਾਂ ਦੱਸਿਆ ਕਿ ਸ੍ਰੀ ਗੁਰੂ ਰਾਮਦਾਸ ਮੈਡੀਕਲ ਕਾਲਜ ਤੇ ਹਸਪਤਾਲ ਵੱਲ੍ਹਾ ਦੇ ਸਹਿਯੋਗ ਨਾਲ 4 ਐਬੂਲੈਂਸਾਂ ਤੇ ਡਾਕਟਰੀ ਟੀਮਾਂ ਹੜ੍ਹ ਪ੍ਰਭਾਵਿਤ ਇਲਾਕਿਆਂ ਵਿਚ ਨਿਰੰਤਰ ਕਾਰਜਸ਼ੀਲ ਹਨ। ਲੋੜਵੰਦਾਂ ਦੀ ਮੈਡੀਕਲ ਜਾਂਚ ਦੇ ਨਾਲ-ਨਾਲ ਮੁਫ਼ਤ ਦਵਾਈਆਂ ਦਾ ਖ਼ਾਸ ਪ੍ਰਬੰਧ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਦੀਆਂ ਹਦਾਇਤਾਂ ਅਨੁਸਾਰ ਸ੍ਰੀ ਗੁਰੂ ਰਾਮਦਾਸ ਹਸਪਤਾਲ ਵੱਲ੍ਹਾ ਵਿਖੇ ਵੀ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚੋਂ ਆਉਣ ਵਾਲੇ ਮਰੀਜ਼ਾਂ ਦੇ ਮੁਫ਼ਤ ਇਲਾਜ਼ ਦਾ ਪ੍ਰਬੰਧ ਕੀਤਾ ਗਿਆ ਹੈ।

## ਸਿਆਸਤ ਤੋਂ ਉੱਪਰ ਉੱਠ ਕੇ ਹੜ੍ਹ ਪੀੜ੍ਹਤਾਂ ਨਾਲ ਖੜਨ ਦਾ ਵੇਲਾ : ਮੀਤ ਹੇਅਰ

### ਸੰਸਦ ਮੈਂਬਰ ਨੇ ਹੜ੍ਹ ਪੀੜਤ ਪਸ਼ੂ ਮਾਲਕਾਂ ਨੂੰ ਵੰਡੀ ਫੀਡ

ਅਜਨਾਲਾ, 1 ਸਤੰਬਰ (ਸੁਖਦੇਵ ਸਿੰਘ ਖਾਲਸਾ): ਰਾਵੀ ਦਰਿਆ ਦੀ ਮਾਰ ਹੇਠ ਆਏ ਅਜਨਾਲਾ ਹਲਕੇ ਦੇ ਪਿੰਡਾਂ ਵਿੱਚ ਫਸਲਾਂ, ਘਰ, ਪਸ਼ੂ, ਕਾਰੋਬਾਰ ਤਬਾਹ ਹੋ ਗਏ ਹਨ। ਇਸ ਮੌਕੇ ਪੰਜਾਬ ਸਰਕਾਰ ਦੇ ਨਾਲ ਨਾਲ ਲੋਕਾਂ ਦੀਆਂ ਜਰੂਰਤਾਂ ਪੂਰੀਆਂ ਕਰਨ ਲਈ ਸਮਾਜ ਸੇਵੀ ਸੰਸਥਾਵਾਂ , ਦਾਨੀ ਸੱਜਣ, ਕਾਰ ਸੇਵਾ ਵਾਲੇ ਮਹਾਂਪੁਰਖ ਵੀ ਵੱਡੇ ਪੱਧਰ ਤੇ ਕੰਮ ਕਰ ਰਹੇ ਹਨ। ਅੱਜ ਸੰਸਦ ਮੈਂਬਰ ਸ੍ਰੀ ਗੁਰਮੀਤ ਸਿੰਘ ਮੀਤ ਹੇਅਰ ਅਜਨਾਲਾ ਹਲਕੇ ਵਿੱਚ ਰਾਹਤ ਕੰਮਾਂ ਵਿੱਚ ਸਾਥ ਦੇਣ ਲਈ ਉਚੇਚੇ ਤੌਰ ਉੱਤੇ ਪੁੱਜੇ। ਉਹਨਾਂ ਨੇ ਇਸ ਮੌਕੇ ਆਪ ਹੜ ਪੀੜਤ ਇਲਾਕੇ ਵਿੱਚ ਟਰੈਕਟਰ ਉੱਤੇ ਜਾ ਕੇ ਲੋਕਾਂ ਨੂੰ ਪਸ਼ੂ ਚਾਰੇ ਲਈ ਫੀਡ ਦੀਆਂ ਬੋਰੀਆਂ ਵੰਡੀਆਂ। ਉਹਨਾਂ ਨਾਲ ਇਸ ਮੌਕੇ ਹਲਕਾ ਵਿਧਾਇਕ ਸ ਕੁਲਦੀਪ ਸਿੰਘ ਧਾਲੀਵਾਲ, ਚੇਅਰਮੈਨ ਜ਼ਿਲਾ ਜਿਲਾ ਯੋਜਨਾ ਬੋਰਡ ਗੁਰਪ੍ਰਤਾਪ ਸਿੰਘ ਸੰਧੂ, ਬਲਜਿੰਦਰ ਸਿੰਘ ਥਾਂਦੇ,ਚੇਅਰਮੈਨ ਬਲਦੇਵ ਸਿੰਘ ਮਾਰਕੀਟ ਕਮੇਟੀ ਅਜਨਾਲਾ ਅਤੇ ਹੋਰ ਆਗੂ ਵੀ ਲੋਕਾਂ ਦਾ ਇਸ ਸੰਕਟ ਦੀ ਘੜੀ ਸਾਥ ਦੇਣ ਵਾਸਤੇ ਆਏ ਹੋਏ ਹਨ। ਸ੍ਰੀ ਮੀਤ ਹੇਅਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸਰਕਾਰ ਦੇ ਨਾਲ ਨਾਲ ਆਮ ਆਦਮੀ ਪਾਰਟੀ ਵੱਲੋਂ ਵੀ ਆਪਣੇ ਮੰਤਰੀਆਂ , ਵਿਧਾਇਕਾਂ, ਸੰਸਦ ਮੈਂਬਰਾਂ, ਚੇਅਰਮੈਨਾਂ ਅਤੇ ਹੋਰ ਅਹੁਦੇਦਾਰਾਂ ਦੀਆਂ ਡਿਊਟੀਆਂ ਰਾਹਤ ਲਈ ਲਗਾਈਆਂ ਗਈਆਂ ਹਨ। ਉਹਨਾਂ ਕਿਹਾ ਕਿ ਇਹ ਵੇਲਾ ਸੰਕਟ ਵਿੱਚੋਂ ਲੋਕਾਂ ਨੂੰ ਕੱਢਣ ਲਈ ਰਾਜਨੀਤੀ ਤੋਂ ਉੱਪਰ ਉੱਠ ਕੇ ਕੰਮ ਕਰਨ ਦਾ ਹੈ।

ਉਹਨਾਂ ਕਿਹਾ ਕਿ ਅੱਜ ਮੈਂ ਵੀ ਇੱਥੇ ਆਪਣਾ ਫਰਜ਼ ਸਮਝਦੇ ਹੋਏ ਪਹੁੰਚਿਆ ਹਾਂ ਤਾਂ ਜੋ ਆਪਣੇ ਲੋਕਾਂ ਦੀ ਸਾਰ ਲਈ ਜਾ ਸਕੇ। ਉਹਨਾਂ ਕਿਹਾ ਕਿ ਅਸੀਂ ਲੋੜਵੰਦ ਲੋਕਾਂ ਨਾਲ ਖੜੇ ਹਾਂ ਤੇ ਜਿੱਥੇ ਵੀ ਜਦੋਂ ਵੀ ਲੋੜ ਹੋਈ ਅਸੀਂ ਉਹਨਾਂ ਦੀ ਮਦਦ ਲਈ ਹਾਜ਼ਰ ਹੋਵਾਂਗੇ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਸ੍ਰੀ ਹੇਅਰ ਨੇ ਕਿਹਾ ਕਿ ਮੈਂ ਇਲਾਕੇ ਵਿੱਚ ਜਾ ਕੇ ਵੇਖਿਆ ਹੈ ਹਾਲਾਤ ਬਹੁਤ ਮਾੜੇ ਹਨ। ਲੋਕਾਂ ਦੀਆਂ ਫਸਲਾਂ ਬਰਬਾਦ ਹੋ ਗਈਆਂ, ਪਸ਼ੂ ਮਾਰੇ ਗਏ ਅਤੇ ਕਈਆਂ ਦੇ ਘਰ ਢਹਿ ਗਏ ਹਨ। ਖੇਤੀਬਾੜੀ ਮਸ਼ੀਨਰੀ ਖਰਾਬ ਹੋ ਗਈ ਹੈ, ਦੁਕਾਨਾਂ ਤੇ ਕਾਰੋਬਾਰਾਂ ਨੂੰ ਵੀ ਵੱਡਾ ਨੁਕਸਾਨ ਪਹੁੰਚਿਆ ਹੈ। ਉਨ੍ਹਾਂ ਕਿਹਾ ਕਿ ਘਰ ਦੀਆਂ ਨਿੱਕੀਆਂ ਨਿੱਕੀਆਂ ਲੋੜਾਂ ਪੂਰਾ ਕਰਦਿਆਂ ਜ਼ਿੰਦਗੀ ਲੰਘ ਜਾਂਦੀ ਹੈ ਪਰ ਇੱਕ ਪਲ ਵਿੱਚ ਹੀ ਪਾਣੀ ਨੇ ਸਾਰਾ ਕੁਝ ਬਰਬਾਦ ਕਰ ਦਿੱਤਾ ਜਿਸ ਦੀ ਭਰਪਾਈ ਕਰਨੀ ਬਹੁਤ ਔਖੀ ਹੈ। ਉਹਨਾਂ ਕਿਹਾ ਕਿ ਕੇਂਦਰ ਸਰਕਾਰ ਘਰ ਢਹਿ ਜਾਣ ਉੱਤੇ 1.20 ਲੱਖ ਦਾ ਮੁਆਵਜ਼ਾ ਦਿੰਦੀ ਹੈ ਜੋ ਕਿ ਅੱਜ ਦੀ ਮੰਹਿਗਾਈ ਵਿੱਚ ਬਿਲਕੁਲ ਨਾਮਾਤਰ ਹੈ। ਉਹਨਾਂ ਇਸ ਮੌਕੇ ਐਨਆਰਆਈ ਭਰਾਵਾਂ, ਬਾਲੀਵੁੱਡ ਦੀਆਂ ਹਸਤੀਆਂ, ਸੰਸਥਾਵਾਂ ਤੇ ਪੰਜਾਬੀ ਗਾਇਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਮਦਦ ਲਈ ਅੱਗੇ ਆਉ।



## ਅੰਮ੍ਰਿਤਸਰ ਦੇ ਕਲੱਬਾਂ ਨੇ ਹੜ੍ਹ ਪੀੜਤਾਂ ਲਈ ਦਿੱਤੀ 3 ਲੱਖ ਦੀ ਸਹਾਇਤਾ

ਅੰਮ੍ਰਿਤਸਰ, 1 ਸਤੰਬਰ (ਬਬਲੂ ਮਹਾਜਨ): ਅੰਮ੍ਰਿਤਸਰ ਜ਼ਿਲ੍ਹਾ ਪ੍ਰਸ਼ਾਸਨ ਤੇ ਅਜਨਾਲਾ ਹਲਕੇ ਦੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਵੱਲੋਂ ਹੜ ਪੀੜਿਤ ਲੋਕਾਂ ਦੀ ਸਹਾਇਤਾ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਕੇਵਲ ਸੋਸ਼ਲ ਮੀਡੀਆ ਉੱਤੇ ਹੀ ਸਰਾਹਨਾ ਨਹੀਂ ਹੋ ਰਹੀ ਬਲਕਿ ਲੋਕ ਉਹਨਾਂ ਦਾ ਸਾਥ ਦੇਣ ਲਈ ਆਰਥਿਕ ਸਹਾਇਤਾ ਦੇਣ ਲਈ ਵੀ ਪਹੁੰਚ ਰਹੇ ਹਨ। ਅੰਮ੍ਰਿਤਸਰ ਸ਼ਹਿਰ ਦੇ ਤਿੰਨ ਕਲੱਬਾਂ ਜਿਨਾਂ ਵਿੱਚ ਸਰਵਿਸ ਕਲੱਬ, ਅੰਮ੍ਰਿਤਸਰ ਕਲੱਬ ਅਤੇ ਲਮਸਡੇਨ ਕਲੱਬ ਸ਼ਾਮਿਲ ਹਨ, ਦੇ ਅਹੁਦੇਦਾਰਾਂ ਨੇ ਅਜਨਾਲਾ ਪਹੁੰਚ ਕੇ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਨੂੰ ਰਾਹਤ ਕੰਮਾਂ ਵਿੱਚ ਸਹਾਇਤਾ ਪਾਉਣ ਲਈ 3 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦੇ ਚੈੱਕ ਸੌਂਪੇ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਸਾਰੇ ਪਤਵੰਤਿਆਂ ਦਾ ਧੰਨਵਾਦ ਕਰਦੇ ਕਿਹਾ ਕਿ ਤੁਹਾਡੇ ਇਸ ਉਪਰਾਲੇ ਨਾਲ ਸਾਨੂੰ ਅੱਗੇ ਵਧਣ ਲਈ ਹੋਰ ਬਲ ਮਿਲਿਆ ਹੈ ਅਤੇ ਅਸੀਂ ਇਸ ਅਸ਼ੀਸ਼ ਨਾਲ ਹੋਰ ਵੱਧ ਚੜ ਕੇ ਲੋਕਾਂ ਲਈ ਕੰਮ ਕਰਾਂਗੇ।ਇਸ ਮੌਕੇ ਪ੍ਰਧਾਨ ਸੁਖਦੇਵ ਸਿੰਘ ਛੀਨਾ, ਉਪ ਪ੍ਰਧਾਨ ਕੁਲਦੀਪ ਰਾਜ ਸਰੀਨ, ਜਨਰਲ ਸਕੱਤਰ ਕੁਲਵਿੰਦਰ ਸਿੰਘ ਅਰੋੜਾ, ਅੰਮ੍ਰਿਤਸਰ ਕਲੱਬ ਦੇ ਪ੍ਰਧਾਨ ਲਲਿਤ ਮੋਹਨ ਚੰਦੋਕ, ਜਨਰਲ ਸਕੱਤਰ ਅਨਿਲ ਕੁਮਾਰ ਬੌਬੀ ਅਤੇ ਲਮਸਡੇਨ ਕਲੱਬ ਦੇ ਉਪ ਪ੍ਰਧਾਨ ਰਵਿੰਦਰ ਸਿੰਘ ਰੂਬੀ ਤੇ ਜਨਰਲ ਸਕੱਤਰ ਅਸ਼ਵਨੀ ਕੁਮਾਰ ਹਾਜ਼ਰ ਸਨ।

## ਹੜ੍ਹ ਪ੍ਰਭਾਵਿਤਾਂ ਦੀ ਮਦਦ ਲਈ ਕੇਂਦਰ ਦੇਵੇ ਰਾਹਤ ਪੈਕੇਜ : ਦਿਨੇਸ਼ ਬੱਸੀ

ਅੰਮ੍ਰਿਤਸਰ,1 ਸਤੰਬਰ (ਗੁਰਦਿਆਲ ਸਿੰਘ): ਪੰਜਾਬ ਵਿੱਚ ਆਈ ਬਾੜ੍ਹ ਨੇ ਅੰਮ੍ਰਿਤਸਰ ਅਤੇ ਆਲੇ-ਦੁਆਲੇ ਦੇ ਪਿੰਡਾਂ ਨੂੰ ਗੰਭੀਰ ਝਟਕਾ ਦਿੱਤਾ ਹੈ। ਘਰਾਂ ਵਿੱਚ ਪਾਣੀ ਘੁੱਸਣ ਕਾਰਨ ਜੀਵਨ ਅਸਤ-ਵਿਅਸਤ ਹੋ ਗਿਆ ਹੈ ਅਤੇ ਖੇਤ ਪੂਰੀ ਤਰ੍ਹਾਂ ਤਬਾਹ ਹੋ ਗਏ ਹਨ। ਇਸ ਵਿਚਕਾਰ ਇੰਪਰੂਵਮੈਂਟ ਟਰੱਸਟ ਦੇ ਸਾਬਕਾ ਚੇਅਰਮੈਨ ਅਤੇ ਸੀਨੀਅਰ ਕਾਂਗਰਸੀ ਆਗੂ ਦਿਨੇਸ਼ ਬੱਸੀ ਨੇ ਕੇਂਦਰ ਸਰਕਾਰ ਨੂੰ ਪ੍ਰਭਾਵਿਤ ਪਰਿਵਾਰਾਂ ਦੀ ਮਦਦ ਲਈ ਅਪੀਲ ਕੀਤੀ ਹੈ। ਬੱਸੀ ਨੇ ਕਿਹਾ ਕਿ ਅਜੇ ਪੰਜਾਬ ਦੇ ਲੋਕ ਆਪਸੀ ਭਰਾਵਾਂ ਅਤੇ ਸਹਿਯੋਗ ਨਾਲ ਇੱਕ-ਦੂਜੇ ਦਾ ਸਹਾਰਾ ਬਣ ਰਹੇ ਹਨ। ਸਥਾਨਕ ਪੱਧਰ 'ਤੇ ਲੋਕ ਰਾਹਤ ਸਮੱਗਰੀ ਪਹੁੰਚਾ ਰਹੇ ਹਨ। ਪਰ ਅਸਲ ਸੰਕਟ ਤਦੋਂ ਸਾਹਮਣੇ ਆਵੇਗਾ ਜਦੋਂ ਪਾਣੀ ਥੱਲੇ ਉਤਰ ਜਾਵੇਗਾ ਅਤੇ ਲੋਕ ਆਪਣੇ ਘਰਾਂ ਵਿੱਚ ਤਬਾਹੀ ਦਾ ਮਨਜ਼ਰ ਦੇਖਣਗੇ। ਉਸ ਵੇਲੇ ਲੋਕਾਂ ਨੂੰ ਨਾ ਸਿਰਫ਼ ਹੌਂਸਲੇ ਦੀ, ਸਗੋਂ ਆਰਥਿਕ ਸਹਾਇਤਾ ਦੀ ਵੀ ਸਭ ਤੋਂ ਵੱਧ ਲੋੜ ਹੋਵੇਗੀ। ਉਹਨਾਂ ਨੇ ਕਿਹਾ ਕਿ ਰਾਵੀ ਦਰਿਆ ਦੇ ਘੁਸੀ ਬਾਂਧ ਟੁੱਟਣ ਨਾਲ ਅੰਮ੍ਰਿਤਸਰ ਦੇ ਪਿੰਡਾਂ ਵਿੱਚ ਭਾਰੀ ਤਬਾਹੀ ਹੋਈ ਹੈ। ਕਈ ਘਰ ਪਾਣੀ ਵਿੱਚ ਡੁੱਬ ਗਏ ਹਨ, ਖੇਤ ਬਰਬਾਦ ਹੋ ਗਏ ਹਨ ਅਤੇ ਲੋਕਾਂ ਦਾ ਜੀਵਨ ਪੂਰੀ ਤਰ੍ਹਾਂ ਅਸਤ-ਵਿਅਸਤ ਹੋ ਗਿਆ ਹੈ। ਪ੍ਰਭਾਵਿਤ ਪਰਿਵਾਰਾਂ ਤੱਕ ਜਲਦੀ ਤੋਂ ਜਲਦੀ ਸਹਾਇਤਾ ਪਹੁੰਚਾਉਣੀ ਜਰੂਰੀ ਹੈ, ਨਹੀਂ ਤਾਂ ਉਹਨਾਂ ਦੀਆਂ ਮੁਸ਼ਕਲਾਂ ਹੋਰ ਵੱਧ ਜਾਣਗੀਆਂ। ਬੱਸੀ ਨੇ ਸਪੱਸ਼ਟ ਕੀਤਾ ਕਿ ਰਾਜ ਆਪਣੇ ਪੱਧਰ 'ਤੇ ਯਤਨ ਕਰ ਰਿਹਾ ਹੈ, ਪਰ ਸੀਮਿਤ ਸਰੋਤਾਂ ਕਾਰਨ ਪ੍ਰਯਾਪਤ ਸਹਿਯੋਗ ਸੰਭਵ ਨਹੀਂ। ਇਸ ਲਈ ਕੇਂਦਰ ਸਰਕਾਰ ਨੂੰ ਫੌਰੀ ਰਾਹਤ ਪੈਕੇਜ ਦਾ ਐਲਾਨ ਕਰਨਾ ਚਾਹੀਦਾ ਹੈ ਤਾਂ ਜੋ ਪ੍ਰਭਾਵਿਤ ਪਰਿਵਾਰਾਂ ਨੂੰ ਸਹਾਰਾ ਮਿਲ ਸਕੇ। ਕਾਂਗਰਸੀ ਆਗੂ ਨੇ ਚਿੰਤਾ ਜਤਾਈ ਕਿ ਆਉਣ ਵਾਲੇ ਦਿਨਾਂ ਵਿੱਚ ਕਿਸਾਨਾਂ ਅਤੇ ਮਜ਼ਦੂਰਾਂ ਸਾਹਮਣੇ ਰੋਜ਼ੀ-ਰੋਟੀ ਦਾ ਸੰਕਟ ਖੜਾ ਹੋ ਜਾਵੇਗਾ। ਫਸਲਾਂ ਡੁੱਬਣ ਨਾਲ ਕਿਸਾਨ ਕਰਜ਼ ਦੇ ਬੋਝ ਹੇਠ ਆ ਜਾਣਗੇ ਅਤੇ ਮਜ਼ਦੂਰਾਂ ਕੋਲ ਰੋਜ਼ਗਾਰ ਦੀ ਕਮੀ ਹੋ ਜਾਵੇਗੀ। ਇਸ ਲਈ ਸਮੇਂ 'ਤੇ ਕੇਂਦਰ ਦੀ ਮਦਦ ਬਹੁਤ ਜ਼ਰੂਰੀ ਹੈ। ਦਿਨੇਸ਼ ਬੱਸੀ ਨੇ ਕਿਹਾ ਕਿ ਪੂਰਾ ਪੰਜਾਬ ਇਸ ਆਫ਼ਤ ਦੀ ਮਾਰ ਝੱਲ ਰਿਹਾ ਹੈ ਅਤੇ ਹਰ ਕਿਸੇ ਦੀ ਨਿਗਾਹ ਕੇਂਦਰ ਸਰਕਾਰ 'ਤੇ ਟਿਕੀ ਹੋਈ ਹੈ। ਜੇ ਸਮੇਂ 'ਤੇ ਆਰਥਿਕ ਸਹਿਯੋਗ ਮਿਲ ਗਿਆ ਤਾਂ ਲੋਕਾਂ ਦਾ ਹੌਂਸਲਾ ਵਧੇਗਾ ਅਤੇ ਉਹ ਆਪਣੀ ਜ਼ਿੰਦਗੀ ਨੂੰ ਮੁੜ ਪਟੜੀ 'ਤੇ ਲਿਆ ਸਕਣਗੇ।



## ਵਿਧਾਇਕ ਡਾ. ਅਜੇ ਕੁਮਾਰ ਗੁਪਤਾ ਨੇ ਹੜ੍ਹ ਪੀੜਤਾਂ ਲਈ ਲਗਾਇਆ ਲੰਗਰ

ਅਜਨਾਲਾ, 1 ਸਤੰਬਰ (ਸੁਖਦੇਵ ਸਿੰਘ ਖਾਲਸਾ): ਹਲਕਾ ਅੰਮ੍ਰਿਤਸਰ ਕੇਂਦਰੀ ਦੇ ਵਿਧਾਇਕ ਡਾਕਟਰ ਅਜੇ ਕੁਮਾਰ ਗੁਪਤਾ ਨੇ ਹੜ੍ਹ ਪੀੜਤਾਂ ਲਈ ਰਮਦਾਸ ਵਿਖੇ ਪਹੁੰਚ ਕੇ ਪੂੜੀਆਂ ਦਾ ਲੰਗਰ ਲਗਾਇਆ ਤੇ ਆਪਣੇ ਹੱਥੀਂ ਸੇਵਾ ਕੀਤੀ। ਉਹਨਾਂ ਇਸ ਮੌਕੇ ਗੁਰਦੁਆਰਾ ਬਾਬਾ ਬੁੱਢਾ ਜੀ ਰਮਦਾਸ ਵਿਖੇ ਅਰਦਾਸ ਬੇਨਤੀ ਵੀ ਕੀਤੀ ਕਿ ਵਾਹਿਗੁਰੂ ਇਸ ਸੰਕਟ ਵਿੱਚੋਂ ਉਭਰਨ ਲਈ ਸਾਨੂੰ ਤਾਕਤ ਬਖਸ਼ੇ ਤੇ ਭਵਿੱਖ ਵਿੱਚ ਇਸ ਇਲਾਕੇ ਦੀ ਚੜ੍ਹਦੀ ਕਲਾ ਰਹੇ। ਦੱਸਣਯੋਗ ਹੈ ਕਿ ਅੰਮ੍ਰਿਤਸਰ ਦਾ ਕੇਂਦਰੀ ਹਲਕਾ ਜੋ ਕਿ ਸ਼ਹਿਰ ਦੀ ਵਾਲਡ ਸਿਟੀ ਦਾ ਭਾਗ ਹੈ, ਦੀ ਨੁਮਾਇੰਦਗੀ ਕਰਦੇ ਡਾਕਟਰ ਗੁਪਤਾ ਨੇ ਅੱਜ ਆਪਣੇ ਹਲਕੇ ਦੇ ਲੋਕਾਂ ਦੀ ਸਹਾਇਤਾ ਨਾਲ ਵਿਸ਼ੇਸ਼ ਤੌਰ ਉੱਤੇ ਰਮਦਾਸ ਪਹੁੰਚ ਕੇ ਇਹ ਸੇਵਾ ਕੀਤੀ। ਉਨ੍ਹਾਂ ਨੇ ਇਸ ਮੌਕੇ ਪੀਣ ਵਾਲੇ ਪਾਣੀ, ਕੋਲਡ ਡਰਿੰਕਸ, ਮੱਛਰਾਂ ਤੋਂ ਬਚਾਅ ਲਈ ਉਡੋਮਾਸ ਤੇ ਦਵਾਈਆਂ ਦੀ ਵੰਡ ਵੀ ਲੋੜਵੰਦਾਂ ਨੂੰ ਕੀਤੀ। ਡਾਕਟਰ ਗੁਪਤਾ ਨੇ ਕਿਹਾ ਕਿ ਅਸੀਂ ਪੰਜਾਬੀ ਭਾਈਚਾਰਾ ਇੱਕ ਹੋ ਕੇ ਆਪਣੇ ਭਰਾਵਾਂ ਨੂੰ ਇਸ ਸੰਕਟ ਵਿੱਚੋਂ ਕੱਢਾਂਗੇ ਤੇ ਛੇਤੀ ਹੀ ਇਹ ਸਾਰੇ ਮੁੜ ਪੈਰਾਂ ਸਿਰ ਹੋਣਗੇ। ਇਸ ਮੌਕੇ ਉਨ੍ਹਾਂ ਨਾਲ ਤਰਨਵੀਰ ਕੈਂਡੀ, ਹਰਪ੍ਰੀਤ ਸਿੰਘ ਆਹਲੂਵਾਲੀਆ, ਰਵਿੰਦਰ ਡਾਬਰ, ਜਰਨੈਲ ਸਿੰਘ ਢੋਟ, ਡਾ. ਸਾਰਾਂਸ਼ ਗੁਪਤਾ, ਗੁਰਦਾਸ ਸਿੰਘ ਤੇ ਹੋਰ ਪਤਵੰਤੇ ਵੀ ਹਾਜ਼ਰ ਸਨ।



## ਬਚਾਓ ਕਾਰਜਾਂ ਤੋਂ ਬਾਅਦ ਹੁਣ ਲੋਕਾਂ ਦੇ ਮੁੜ ਵਸੇਬੇ ਲਈ ਕੰਮ ਕਰਨ ਲਈ ਜੰਗੀ ਪੱਧਰ 'ਤੇ ਉਪਰਾਲੇ ਕੀਤੇ ਜਾਣਗੇ : ਕਮਲ ਕਿਸ਼ੋਰ ਯਾਦਵ

ਅਜਨਾਲਾ, 1 ਸਤੰਬਰ(ਸੁਖਦੇਵ ਸਿੰਘ ਖਾਲਸਾ):v ਜਿਲੇ ਦੇ ਹੜ ਪ੍ਰਭਾਵਿਤ ਇਲਾਕੇ ਵਿੱਚ ਬਚਾਅ ਅਤੇ ਰਾਹਤ ਕਾਰਜਾਂ ਦੇ ਕੰਮ ਵਿੱਚ ਸਾਥ ਦੇਣ ਲਈ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਬਣਾਈ ਗਈ ਉੱਚ ਤਾਕਤੀ ਕਮੇਟੀ ਜਿਸ ਦੇ ਮੈਂਬਰ ਸੀਨੀਅਰ ਆਈਏਐਸ ਅਧਿਕਾਰੀ ਕਮਲ ਕਿਸ਼ੋਰ ਯਾਦਵ, ਵਰਨ ਰੂਜ਼ਮ ਤੇ ਬਸੰਤ ਗਰਗ ਸ਼ਾਮਿਲ ਹਨ, ਨੇ ਅੱਜ ਅਜਨਾਲਾ ਪਹੁੰਚ ਕੇ ਰਾਹਤ ਕੰਮਾਂ ਵਿੱਚ ਲੱਗੀਆਂ ਟੀਮਾਂ ਨਾਲ ਵਿਸਥਾਰਤ ਮੀਟਿੰਗ ਕੀਤੀ। ਇਸ ਮੌਕੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ, ਜਿਲਾ ਪੁਲਿਸ ਮੁਖੀ ਸ ਮਨਿੰਦਰ ਸਿੰਘ, ਵਧੀਕ ਡਿਪਟੀ ਕਮਿਸ਼ਨਰ ਰੋਹਿਤ ਗੁਪਤਾ, ਵਧੀਕ ਡਿਪਟੀ ਕਮਿਸ਼ਨਰ ਅਮਨਦੀਪ ਕੌਰ, ਵਧੀਕ ਡਿਪਟੀ ਕਮਿਸ਼ਨਰ ਪਰਮਜੀਤ ਕੌਰ, ਐਸਡੀਐਮ ਗੁਰ ਸਿਮਰਨ ਸਿੰਘ ਢਿੱਲੋਂ, ਸਹਾਇਕ ਕਮਿਸ਼ਨਰ ਖੁਸ਼ਦੀਪ ਸਿੰਘ ਤੇ ਸਾਰੇ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ। ਕਮਲ ਕਿਸ਼ੋਰ ਯਾਦਵ ਨੇ ਹੁਣ ਤੱਕ ਜਿਲਾ ਪ੍ਰਸ਼ਾਸਨ ਵੱਲੋਂ ਕੀਤੇ ਗਏ ਕੰਮਾਂ ਦੀ ਸਰਾਹਨਾ ਕਰਦਿਆਂ ਕਿਹਾ ਕਿ ਤੁਹਾਡੇ ਵੱਲੋਂ ਕੀਤੀਆਂ ਗਈਆਂ ਕੋਸ਼ਿਸ਼ਾਂ ਨੇ ਕਈ ਕੀਮਤੀ ਜਾਂਨਾਂ ਬਚਾਈਆਂ ਹਨ। ਉਹਨਾਂ ਕਿਹਾ ਕਿ ਇਹ ਆਫਤ ਸੋਚ ਤੋਂ ਵੀ ਵੱਡੀ ਸੀ ਪਰ ਸਮੇਂ ਸਿਰ ਟੀਮਾਂ ਦੇ ਐਕਟਿਵ ਹੋਣ ਨਾਲ ਵੱਡੇ ਜਾਨੀ ਨੁਕਸਾਨ ਦਾ ਬਚਾਅ ਹੋਇਆ ਹੈ। ਯਾਦਵ ਨੇ ਕਿਹਾ ਕਿ ਹੁਣ ਅਸੀਂ ਬਚਾਅ ਕਾਰਜਾਂ ਤੋਂ ਬਾਅਦ ਰਾਹਤ ਦੇ ਨਾਲ ਨਾਲ ਲੋਕਾਂ ਦੇ ਮੁੜ ਵਸੇਬੇ ਲਈ ਕੰਮ ਕਰਨਾ ਹੈ, ਇਸ ਲਈ ਸਾਰੇ ਵਿਭਾਗ ਆਪਣੇ ਆਪਣੇ ਕੰਮ ਜਿਨਾਂ ਵਿੱਚ ਸੜਕਾਂ,ਪੁਲਾਂ ਦੀ ਮੁਰੰਮਤ,ਬਿਜਲੀ ਸਪਲਾਈ ਦੀ ਬਹਾਲੀ, ਪੀਣ ਵਾਲੇ ਪਾਣੀ ਦੀ ਸਪਲਾਈ, ਡਾਕਟਰੀ ਸਹਾਇਤਾ ਆਦਿ ਸ਼ਾਮਿਲ ਹਨ, ਲਈ ਕੰਮ ਕਰਨਾ ਸ਼ੁਰੂ ਕਰਨ। ਉਹਨਾਂ ਕਿਹਾ ਕਿ ਇਸ ਲਈ ਰਾਜ ਸਰਕਾਰ ਤੋਂ ਜੋ ਸਹਾਇਤਾ ਤੁਹਾਨੂੰ ਚਾਹੀਦੀ ਹੋਵੇਗੀ ਉਹ ਮੈਂ ਲੈ ਕੇ ਦਿਆਂਗਾ। ਇਸ ਤੋਂ ਇਲਾਵਾ ਜੇਕਰ ਕਿਸੇ ਹੋਰ ਜਿਲੇ ਵਿੱਚੋਂ ਵੀ ਤੁਹਾਨੂੰ ਸਟਾਫ ਜਾਂ ਸਹਾਇਤਾ ਚਾਹੀਦੀ ਹੈ ਤਾਂ ਵੀ ਉਸੇ ਵੇਲੇ ਮਿਲੇਗੀ।

ਬਸੰਤ ਗਰਗ ਨੇ ਇਸ ਮੌਕੇ ਖੇਤੀਬਾੜੀ ਵਿਭਾਗ ਨੂੰ ਆਉਣ ਵਾਲੇ ਸੀਜਨ ਦੀ ਤਿਆਰੀ ਲਈ ਕੰਮ ਕਰਨ ਅਤੇ ਪਸ਼ੂਆਂ ਦੇ ਚਾਰੇ ਲਈ ਪ੍ਰਬੰਧ ਕਰਨ ਦੇ ਆਦੇਸ਼ ਦਿੱਤੇ। ਉਹਨਾਂ ਕਿਹਾ ਕਿ ਪਸ਼ੂ ਪਾਲਣ ਵਿਭਾਗ ਵੀ ਇਹ ਯਕੀਨੀ ਬਣਾਵੇ ਕਿ ਪਸ਼ੂਆਂ ਦਾ ਕਿਸੇ ਬਿਮਾਰੀ ਨਾਲ ਕੋਈ ਨੁਕਸਾਨ ਨਾ ਹੋਵੇ। ਉਹਨਾਂ ਕਿਹਾ ਕਿ ਇਸ ਤੋਂ ਇਲਾਵਾ ਖੁਰਾਕ ਸਪਲਾਈ ਵਿਭਾਗ ਇਲਾਕੇ ਵਿੱਚ ਡੀਜ਼ਲ, ਪੈਟਰੋਲ ਅਤੇ ਗੈਸ ਦੀ ਨਿਰੰਤਰ ਸਪਲਾਈ ਯਕੀਨੀ ਬਣਾਉਣ ਤੋਂ ਇਲਾਵਾ ਜਰੂਰੀ ਵਸਤਾਂ ਦੀ ਸਪਲਾਈ ਯਕੀਨੀ ਬਣਾਵੇ। ਇਸ ਮੌਕੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਅਸੀਂ ਪਾਣੀ ਤੋਂ ਫੈਲਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਲਈ ਇਲਾਕੇ ਵਿੱਚ ਮੈਡੀਕਲ ਕੈਂਪ ਲਗਾਉਣ ਦੀ ਯੋਜਨਾ ਬੰਦੀ ਕੀਤੀ ਹੈ ਜੋ ਕਿ 24 ਘੰਟੇ ਚੱਲਣਗੇ। ਇਸ ਤੋਂ ਇਲਾਵਾ 20 ਟੀਮਾਂ ਵੈਟਰਨਰੀ ਵਿਭਾਗ ਦੀਆਂ ਬਣਾਈਆਂ ਹਨ ਜੋ ਕਿ ਇਲਾਕੇ ਵਿੱਚ ਤੈਨਾਤ ਰਹਿਣਗੀਆਂ ਤੇ ਪਸ਼ੂਆਂ ਦੀ ਦੇਖਭਾਲ ਵਿੱਚ ਕੰਮ ਕਰਨਗੀਆਂ। ਉਹਨਾਂ ਸਾਰੇ ਵਿਭਾਗਾਂ ਵੱਲੋਂ ਇਹ ਭਰੋਸਾ ਦਿੱਤਾ ਕਿ ਅਸੀਂ ਹੜ ਪੀੜਿਤ ਲੋਕਾਂ ਦੇ ਮੁੜ ਵਸੇਬੇ ਲਈ ਯਤਨਸ਼ੀਲ ਰਹਾਂਗੇ ਅਤੇ ਕੋਸ਼ਿਸ਼ ਹੋਵੇਗੀ ਕਿ ਕਿਸੇ ਨੂੰ ਵੀ ਕੋਈ ਸਮੱਸਿਆ ਨਾ ਆਵੇ।



## ਹਲਕਾ ਬਾਬਾ ਬਕਾਲਾ ਸਾਹਿਬ ਦੇ ਵਿਧਾਇਕ ਨੇ ਵੰਡੇ ਫੀਡ ਦੇ ਟਰੱਕ

ਅਜਨਾਲਾ, 1 ਸਤੰਬਰ (ਸੁਖਦੇਵ ਸਿੰਘ ਖਾਲਸਾ): ਪੰਜਾਬ ਸਰਕਾਰ ਦੇ ਨਾਲ ਨਾਲ ਆਮ ਆਦਮੀ ਪਾਰਟੀ ਦੇ ਸਾਰੇ ਮੰਤਰੀ ਅਤੇ ਵਿ ਧਾ ਇ ਕ ਸਾਹਿਬਾਨ ਵੀ ਹੜ ਪੀੜਤਾਂ ਦੀ ਮਦਦ ਲਈ ਦਿਨ ਰਾਤ ਕੰਮ ਕਰ ਰਹੇ ਹਨ। ਇਹਨਾਂ ਯਤਨਾਂ ਤਹਿਤ ਹੀ ਅੱਜ ਹਲਕਾ ਬਾਬਾ ਬਕਾਲਾ ਸਾਹਿਬ ਦੇ ਵਿਧਾਇਕ ਸ ਦਲਬੀਰ ਸਿੰਘ ਟੌਂਗ ਨੇ ਆਪਣੇ ਇਲਾਕਾ ਨਿਵਾਸੀਆਂ ਦੀ ਸਹਾਇਤਾ ਨਾਲ ਅਜਨਾਲਾ ਹਲਕੇ ਵਿੱਚ ਪਸ਼ੂ ਪਾਲਕਾਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਦੋ ਟਰੱਕ ਪਸ਼ੂ ਫੀਡ ਦੇ ਵੰਡੇ। ਉਹਨਾਂ ਦੱਸਿਆ ਕਿ ਅਸੀਂ ਅਜਨਾਲਾ ਵਿੱਚੋਂ ਜਾਣਕਾਰੀ ਲਈ ਸੀ, ਜਿਸ ਵਿੱਚੋਂ ਪਤਾ ਲੱਗਾ ਸੀ ਕਿ ਪਸ਼ੂਆਂ ਲਈ ਫੀਡ ਦੀ ਲੋੜ ਹੈ, ਸੋ ਅੱਜ ਅਸੀਂ 450 ਬੋਰੀਆਂ ਫੀਡ ਦੀਆਂ ਲੈ ਕੇ ਪਿੰਡ ਗੱਗਮਾਹਲ ਆਏ ਹਾਂ, ਜੋ ਕਿ ਆਪਣੇ ਹੱਥੀ ਲੋੜਵੰਦ ਪਸ਼ੂ ਮਾਲਕਾਂ ਨੂੰ ਵੱਡੀਆਂ ਹਨ। ਉਹਨਾਂ ਕਿਹਾ ਕਿ ਭਵਿੱਖ ਵਿੱਚ ਵੀ ਸਾਡੇ ਵੱਲੋਂ ਲੋੜਵੰਦ ਵੀਰਾਂ ਲਈ ਹਰ ਤਰ੍ਹਾਂ ਦੀ ਸਹਾਇਤਾ ਜਾਰੀ ਰਹੇਗੀ ਤੇ ਅਸੀਂ ਸਾਰੇ ਮਿਲ ਕੇ ਇਸ ਹਲਕੇ ਨੂੰ ਮੁੜ ਪੈਰਾਂ ਸਿਰ ਖੜੇ ਕਰਾਂਗੇ।



## ਹਲਕਾ ਮਜੀਠਾ ਦੇ ਇੰਚਾਰਜ ਵੱਲੋਂ ਹੜ੍ਹ ਪ੍ਰਭਾਵਿਤ ਇਲਾਕੇ ਦੇ ਪੰਜ ਪਿੰਡ ਗੋਦ ਲੈਣ ਦਾ ਐਲਾਨ



ਅਜਨਾਲਾ, 1 ਸਤੰਬਰ (ਸੁਖਦੇਵ ਸਿੰਘ ਖਾਲਸਾ): ਹੜ੍ਹ ਪ੍ਰਭਾਵਿਤ ਇਲਾਕੇ ਵਿੱਚ ਲੋੜਵੰਦ ਲੋਕਾਂ ਦੀ ਮਦਦ ਲਈ ਪੰਜਾਬ ਦੀਆਂ ਨਾਮੀ ਹਸਤੀਆਂ ਅਤੇ ਦਾਨੀ ਸੱਜਣ ਅੱਗੇ ਆ ਰਹੇ ਹਨ। ਅੱਜ ਵੀ ਅਜਨਾਲਾ ਨੂੰ ਜਾਂਦੇ ਰਸਤਿਆਂ ਉੱਤੇ ਰਾਹਤ ਦੇ ਸਮਾਨ ਨਾਲ ਲੱਦੀਆਂ ਟਰਾਲੀਆਂ ਪੰਜਾਬ ਭਰ 'ਚੋਂ ਆ ਰਹੀਆਂ ਵਿਖਾਈ ਦਿੱਤੀਆਂ। ਇਸੇ ਦੌਰਾਨ ਹਲਕਾ ਮਜੀਠਾ ਦੇ ਇੰਚਾਰਜ ਸ ਤਲਬੀਰ ਸਿੰਘ ਗਿੱਲ ਨੇ ਲੋੜਵੰਦਾਂ ਲਈ 350 ਤਰਪਾਲਾਂ ਅਜਨਾਲਾ ਮੰਡੀ ਜਿੱਥੇ ਕਿ ਰਾਹਤ ਕੇਂਦਰ ਬਣਾਇਆ ਗਿਆ ਹੈ, ਵਿਖੇ ਪਹੁੰਚ ਕੇ ਵੰਡੀਆਂ। ਇਸੇ ਦੌਰਾਨ ਉਨਾਂ ਨੇ ਐਲਾਨ ਕੀਤਾ ਕਿ ਉਹ ਪ੍ਰਭਾਵਿਤ ਇਲਾਕੇ ਦੇ ਪੰਜ ਪਿੰਡ ਗੋਦ ਲੈਣਗੇ ਜਿਨਾਂ ਵਿੱਚ ਹਰੇਕ ਲੋੜਵੰਦ ਦੀ ਲੋੜ ਪੂਰੀ ਕੀਤੀ ਜਾਵੇਗੀ। ਉਹਨਾਂ ਕਿਹਾ ਕਿ ਮੈਨੂੰ ਮਹਿਸੂਸ ਹੋਇਆ ਹੈ ਕਿ ਇਸ ਤਰ੍ਹਾਂ ਬਿਨਾਂ ਕਿਸੇ ਸ਼ਨਾਖਤ ਦੇ ਰਾਹਤ ਕੇਂਦਰ 'ਚ ਲੋਕਾਂ ਨੂੰ ਸਮਾਨ ਦੇਣ ਨਾਲ ਲੋੜਵੰਦਾਂ ਤੱਕ ਪਹੁੰਚ ਨਹੀਂ ਹੋ ਰਹੀ।

ਉਹਨਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਸਾਨੂੰ ਹਲਕੇ ਦੇ ਪੰਜ ਪ੍ਰਭਾਵਿਤ ਪਿੰਡ ਦੇਵੇ ਅਸੀਂ ਉਹਨਾਂ ਪਿੰਡਾਂ ਵਿੱਚ ਹਰੇਕ ਲੋੜਵੰਦ ਘਰ ਦੀ ਸੂਚੀ ਤਿਆਰ ਕਰਕੇ ਉਸਦੀ ਲੋੜ ਅਨੁਸਾਰ ਸਮਾਨ ਪੁੱਜਦਾ ਕਰਾਂਗੇ। ਉਹਨਾਂ ਨੇ ਹੋਰ ਵੀ ਦਾਨੀ ਸੱਜਣਾਂ ਨੂੰ ਇਸ ਤਰ੍ਹਾਂ ਪਿੰਡ ਪਹੁੰਚ ਕੇ ਲੋੜਵੰਦਾਂ ਤੱਕ ਮਦਦ ਦੇਣ ਦੀ ਅਪੀਲ ਕੀਤੀ। ਦੱਸਣਯੋਗ ਹੈ ਕਿ ਦੋ ਦਿਨ ਪਹਿਲਾਂ ਤਲਬੀਰ ਸਿੰਘ ਗਿੱਲ ਨੇ ਆਪਣੇ ਵੱਲੋਂ ਰੈਡ ਕਰਾਸ ਅੰਮ੍ਰਿਤਸਰ ਨੂੰ ਪੀੜਤਾਂ ਦੀ ਸਹਾਇਤਾ ਲਈ 5 ਲੱਖ ਰੁਪਏ ਦਾ ਚੈੱਕ ਵੀ ਸੌਂਪਿਆ ਸੀ।

## ਸ੍ਰੀ ਗੁਰੂ ਰਾਮਦਾਸ ਹਸਪਤਾਲ ਵੱਲੋਂ ਹੜ੍ਹ ਪ੍ਰਭਾਵਿਤ ਲੋਕਾਂ ਦਾ ਮੁਫ਼ਤ ਇਲਾਜ ਕੀਤਾ ਜਾ ਰਿਹੈ

ਅੰਮ੍ਰਿਤਸਰ, 1 ਸਤੰਬਰ (ਬਬਲੂ ਮਹਾਜਨ): ਪੰਜਾਬ ਦੀਆਂ ਵੱਖ ਵੱਖ ਥਾਵਾਂ ਤੇ ਆਏ ਹੜ੍ਹਾ ਕਾਰਨ ਜਿੱਥੇ ਕਈ ਸੇਵਾ ਸੁਸਾਇਟੀਆਂ ਤੇ ਕਮੇਟੀਆਂ ਵੱਲੋਂ ਲੰਗਰ ਸੇਵਾ ਦੇ ਨਾਲ ਨਾਲ ਪਸ਼ੂਆਂ ਲਈ ਚਾਰੇ ਦਾ ਇੰਤਜ਼ਾਮ ਕੀਤਾ ਜਾ ਰਿਹਾ ਹੈ ਉਥੇ ਹੀ ਲੋਕਾਂ ਦੀ ਡਾਕਟਰੀ ਸਹਾਇਤਾ ਲਈ ਵੀ ਸ੍ਰੀ ਗੁਰੂ ਰਾਮਦਾਸ ਹਸਪਤਾਲ ਵੱਲਾ ਵੱਲੋਂ ਬਹੁਤ ਹੀ ਚੰਗੇ ਉਪਰਾਲੇ ਕੀਤੇ ਜਾ ਰਹੇ ਹਨਵ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਸ੍ਰੀ ਗੁਰੂ ਰਾਮਦਾਸ ਯੂਨੀਵਰਸਿਟੀ ਆਫ ਹੈਲਥ ਸਾਇੰਸ ਦੇ ਵਾਈਸ ਚਾਂਸਲਰ ਡਾ ਮਨਜੀਤ ਸਿੰਘ ਉੱਪਲ ਨੇ ਡਿਪਟੀ ਰਜਿਸਟਰਾਰ ਅਮਨਦੀਪ ਸਿੰਘ ਸਮੇਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਦੱਸਿਆ ਕਿ ਪੰਜਾਬ ਦੇ ਕਾਫੀ ਇਲਾਕਿਆਂ 'ਚ ਹੜ੍ਹਾਂ ਦਾ ਪਾਣੀ ਆਉਣ ਨਾਲ ਜਿੱਥੇ ਲੋਕਾਂ ਦਾ ਜੀਨਾ ਮਹਾਲ ਹੋ ਗਿਆ ਹੈ ਉੱਥੇ ਹੀ ਸ੍ਰੀ ਗੁਰੂ ਰਾਮਦਾਸ ਯੂਨੀਵਰਸਿਟੀ ਵੱਲਾ ਵੱਲੋਂ ਇਹਨਾਂ ਥਾਵਾਂ ਤੇ ਰਾਹਤ ਕਾਰਜ ਕਰਦੇ ਹੋਏ ਆਪਣੀਆਂ ਡਾਕਟਰੀ ਟੀਮਾਂ ਰਵਾਨਾ ਕੀਤੀਆਂ ਗਈਆਂ ਹਨ।

ਵਾਈਸ ਚਾਂਸਲਰ ਮਨਜੀਤ ਸਿੰਘ ਉੱਪਲ ਨੇ ਕਿਹਾ ਕਿ ਲੋਕਾਂ ਦੇ ਖਾਣ ਪਾਣ ਅਤੇ ਪਸ਼ੂਆਂ ਦੇ ਚਾਰੇ ਲਈ ਹੋਰ ਵੀ ਕਈ ਵੱਖ-ਵੱਖ ਸੰਸਥਾਵਾਂ ਵੱਲੋਂ ਉਪਰਾਲੇ ਕੀਤੇ ਜਾ ਰਹੇ ਹਨ ਉੱਥੇ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੀ ਵੱਡੇ ਪੱਧਰ ਤੇ ਇਹ ਮਦਦ ਕੀਤੀ ਜਾ ਰਹੀ ਹੈ ਤੇ ਇਸ ਦੇ ਨਾਲ ਹੀ ਸ੍ਰੀ ਗੁਰੂ ਰਾਮਦਾਸ ਯੂਨੀਵਰਸਿਟੀ ਆਫ ਹੈਲਥ ਸਾਇੰਸ ਵੱਲਾ ਵੱਲੋਂ ਹੜ ਪ੍ਰਭਾਵਿਤ ਲੋਕਾਂ ਦੀ ਡਾਕਟਰੀ ਸਹਾਇਤਾ ਕਰਨੀ ਵੀ ਸਮੇਂ ਦੀ ਮੁੱਖ ਲੋੜ ਹੈ ਇਸੇ ਦੇ ਮੱਦੇ ਨਜ਼ਰ ਯੂਨੀਵਰਸਿਟੀ ਵੱਲੋਂ ਡੀਨ ਡਾਕਟਰ ਏ ਪੀ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਡਾਕਟਰਾਂ ਦੀਆਂ ਟੀਮਾਂ ਰਵਾਨਾ ਕੀਤੀਆਂ ਗਈਆਂ ਹਨ।ਉਹਨਾਂ ਦੱਸਿਆ ਕਿ ਅੱਜ ਦੇ ਮੌਜੂਦਾ ਹਾਲਾਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਮਦਦ ਵਾਸਤੇ ਸਾਡੇ ਹੋਸਪਿਟਲ ਵੱਲੋਂ ਇੱਕ ਹੋਰ ਉਪਰਾਲਾ ਕੀਤਾ ਗਿਆ ਜਿਸਦੇ ਵਿੱਚ ਅਸੀਂ ਹੜ ਪ੍ਰਭਾਵਿਤ ਲੋਕਾਂ ਨੂੰ ਮੈਡੀਕਲ ਅ ਸਿ ਸ ਟੈਂ ਸ ਅ ਤੇ ਐ ਮ ਬੂ ਲੈਂ ਸ ਵੱਖ ਵੱਖ ਏਰੀਆ ਦੇ ਵਿੱਚ ਭੇਜ ਰਹੇ ਆਂ ਜਿਵੇਂ ਅ ਜ ਨਾ ਲਾ , ਅੰ ਬੋ ਹ ਰ , ਰ ਮ ਦਾ ਸ ਅਤੇ ਡੇਰਾ ਬਾਬਾ ਨਾਨਕ ਜਿਹਦੇ ਵਿੱਚ ਅਸੀਂ ਚਾਰ ਗੱਡੀਆਂ ਆਲਰੇਡੀ ਐਬੂਲੈਂਸ ਵਿੱਚ ਡਾਕਟਰਾਂ ਦੀ ਟੀਮ ਨਾਲ ਪਲੱਸ ਦਵਾਈਆਂ ਅਤੇ ਹੋਰ ਵੀ ਲੋੜੀਂਦਾ ਸਮਾਨ ਭੇਜਿਆ ਜਾ ਰਿਹਾ ਹੈ। ਡਾਕਟਰ ਮਨਜੀਤ ਸਿੰਘ ਉਪਲ ਨੇ ਇਹ ਵੀ ਕਿਹਾ ਕਿ ਹੜ ਪੀੜਿਤ ਸਥਾਨਾਂ ਤੇ ਦਵਾਈ ਦਾਰੂ ਕਰਨ ਤੋਂ ਇਲਾਵਾ ਸ੍ਰੀ ਗੁਰੂ ਰਾਮਦਾਸ ਹਸਪਤਾਲ ਵੱਲਾ ਵਿਖੇ ਵੀ ਹੜ ਪ੍ਰਭਾਵਿਤ ਲੋਕਾਂ ਦਾ ਫਰੀ ਇਲਾਜ ਕੀਤਾ ਜਾ ਰਿਹਾ ਹੈ।



## ਸੰਸਦ ਮੈਂਬਰ ਵਿਕਰਮਜੀਤ ਸਿੰਘ ਸਾਹਨੀ ਨੇ ਹੜ੍ਹ ਪੀੜਤਾਂ ਲਈ ਮੋਟਰਬੋਟ, ਐਂਬੂਲੈਂਸ ਤੇ ਰਾਹਤ ਸਮੱਗਰੀ ਕੀਤੀ ਦਾਨ

ਅੰਮ੍ਰਿਤਸਰ, 1 ਸਤੰਬਰ (ਬਬਲੂ ਮਹਾਜਨ): ਰਾਜ ਸਭਾ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਕਈ ਮੋਟਰਬੋਟ, ਡਾਕਟਰੀ ਸਹਾਇਤਾ ਲਈ ਐਂਬੂਲੈਂਸ, ਰਾਸ਼ਨ ਤੇ ਸਫਾਈ ਕਿੱਟਾਂ, ਸੈਨੇਟਰੀ ਪੈਡ ਤੇ ਪਸ਼ੂਆਂ ਲਈ ਚਾਰਾ ਦਾਨ ਕੀਤਾ। ਵੱਖ-ਵੱਖ ਹੜ੍ਹ ਪ੍ਰਭਾਵਿਤ ਖੇਤਰਾਂ 'ਚ ਅਸਮਾਨ ਤੋਂ ਰਾਹਤ ਸਮੱਗਰੀ ਸੁੱਟਣ ਲਈ ਇੱਕ ਹੈਲੀਕਾਪਟਰ ਦਾ ਵੀ ਪ੍ਰਬੰਧ ਕੀਤਾ ਗਿਆ ਹੈ। ਡਾ. ਸਾਹਨੀ, ਡੀ ਸੀ ਅੰਮ੍ਰਿਤਸਰ, ਸਾਕਸ਼ੀ ਸਾਹਨੀ ਤੇ ਪੁਲਿਸ ਕਮਿਸ਼ਨਰ ਐਸ ਭੁੱਲਰ ਤੇ ਮੋਤੀ ਭਾਟੀਆ ਮੇਅਰ ਨੇ ਮਿਲ ਕੇ ਰਾਹਤ ਸਮੱਗਰੀ ਲੈ ਕੇ ਜਾ ਰਹੇ ਦਰਜਨਾਂ ਟਰੱਕਾਂ ਨੂੰ ਅੰਮ੍ਰਿਤਸਰ ਤੋਂ ਹਰੀ ਝੰਡੀ ਦਿਖਾਈ।

ਮੋਟਰ ਬੋਟ ਪਿੰਡ ਚੱਕਫੂਲ ਵਿਖੇ ਪਹੁੰਚਾਏ ਜਾਣਗੇ ਅਤੇ ਉਸ ਤੋਂ ਬਾਅਦ ਅਜਨਾਲਾ ਕੇਂਦਰ ਅਤੇ ਸਕੀਨਾਲਾ, ਚਮਿਆਰੀ ਅਤੇ ਰਾਮਦਾਸ ਪਿੰਡਾਂ ਵਿੱਚ ਰਾਹਤ ਸਮੱਗਰੀ ਪਹੁੰਚਾਈ ਜਾਵੇਗੀ। ਡਾ. ਸਾਹਨੀ ਨੇ ਕਿਹਾ ਕਿ ਇਹ ਇੱਕ ਵੱਡੀ ਬਦਕਿਸਮਤੀ ਵਾਲੀ ਗੱਲ ਹੈ ਕਿ ਗਰੀਬ ਕਿਸਾਨਾਂ ਦੀ ਰੋਜ਼ੀ-ਰੋਟੀ ਖਤਮ ਹੋ ਗਈ ਹੈ ਅਤੇ ਉਨ੍ਹਾਂ ਦੇ ਘਰ ਅਤੇ ਖੇਤ ਪਾਣੀ ਵਿੱਚ ਡੁੱਬਣ ਨਾਲ ਤਬਾਹੀ ਮਚੀ ਹੋਈ ਹੈ। ਡਾ. ਸਾਹਨੀ ਨੇ ਫਸਲਾਂ ਅਤੇ ਜਾਇਦਾਦ ਦੇ ਨੁਕਸਾਨ ਦੇ ਮੁਲਾਂਕਣ ਅਤੇ ਮੁਆਵਜ਼ੇ ਲਈ ਵਿਸ਼ੇਸ਼ ਗਿਰਦਾਵਰੀ ਦਾ ਹੁਕਮ ਦੇਣ ਲਈ ਪੰਜਾਬ ਸਰਕਾਰ ਦੀ ਸ਼ਲਾਘਾ ਕੀਤੀ।



# ਸਿੱਧਵਾਂ ਬੇਟ ਦੇ ਇਲਾਕੇ 'ਤੇ ਹੜ੍ਹਾਂ ਦੀ ਮਾਰ, ਡੀ.ਸੀ. ਲੁਧਿਆਣਾ ਤੇ ਮੋਗਾ ਧਿਆਨ ਦੇਣ : ਸੀ.ਪੀ.ਆਈ.

ਲੁਧਿਆਣਾ, 1 ਸਤੰਬਰ (ਰਵਿੰਦਰ ਸਿੰਘ ਨਿੱਝਰ) : ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਲੁਧਿਆਣਾ ਦੀ ਇੱਕ ਟੀਮ ਜਿਸ ਵਿੱਚ ਡਾਕਟਰ ਅਰੁਣ ਮਿੱਤਰਾ ਕਾਮਰੇਡ ਐਮਐਸ ਭਾਟੀਆ ਕਾਮਰੇਡ ਚਮਕੌਰ ਸਿੰਘ ਕਾਮ ਰਾਮ ਚੰਦ ਤੇ ਕਾਮਿਲ ਸੰਜੀਤ ਰਾਮ ਸ਼ਾਮਿਲ ਸਨ ਨੇ ਸਿੱਧਵਾਂ ਬੇਟ ਦੇ ਇਲਾਕੇ ਦਾ ਦੌਰਾ ਕੀਤਾ ਜਿੱਥੇ ਕਿ ਹੜ੍ਹ ਦੇ ਨਾਲ ਲੋਕਾਂ ਦੀ ਫਸਲ ਤਬਾਹ ਹੋ ਗਈ ਹੈ।। ਪਹਿਲਾਂ ਉਨ੍ਹਾਂ ਨੇ ਪਿੰਡ ਬਹਾਦਰ ਕੇ ਵਿਖੇ ਇੱਕ ਮੀਟਿੰਗ ਕਰਕੇ ਲੋਕਾਂ ਨਾਲ ਗੱਲਬਾਤ ਕੀਤੀ ਤੇ ਉਪਰੰਤ ਬਲਾਕ ਸਕੱਤਰ ਕਾਮਨ ਗੁਰਨਾਮ ਸਿੰਘ ਤੇ ਹੋਰਾਂ ਸਾਥੀਆਂ ਦੇ ਨਾਲ ਤੁਸੀਂ ਬੰਨ੍ਹ 'ਤੇ ਗਏ, ਜਿੱਥੇ ਉਹਨਾਂ ਨੇ ਦੇਖਿਆ ਕਿ ਬਾਂਧੇ ਪਰਲੇ ਪਾਸੇ ਦਰਿਆ ਦਾ ਪਾਣੀ ਬੰਨ੍ਹ ਤੱਕ ਪਹੁੰਚਿਆ ਹੋਇਆ ਹੈ, ਜਿਸ ਕਰਕੇ ਬੰਨ੍ਹ ਤੋਂ ਪਰਲੇ ਪਾਸੇ ਦੀ ਸਾਰੀ ਜ਼ਮੀਨ ਪਾਣੀ ਹੇਠ ਆ ਗਈ ਹੈ ਤੇ ਖੜ੍ਹੀ ਫਸਲ ਦਾ ਨੁਕਸਾਨ ਹੋ ਚੁੱਕਿਆ ਹੈ। ਲੋਕਾਂ ਨੇ ਸ਼ਿਕਾਇਤ ਕੀਤੀ ਕਿ ਇਸ ਫਸਲ ਦਾ ਸਰਕਾਰ ਕੋਈ ਮੁਆਵਜ਼ਾ ਨਹੀਂ ਕੀਤੀ ਦਿੰਦੀ ਜਦੋਂ ਕਿ ਇਹ ਜ਼ਮੀਨਾਂ ਉਹਨਾਂ ਨੇ ਪੈਸੇ ਦੇ ਕੇ ਖਰੀਦੀਆਂ ਹੋਈਆਂ ਹਨ ਤੇ ਰਜਿਸਟਰੀਆਂ ਵੀ ਹੋਈਆਂ ਹੋਈਆਂ ਹਨ। ਜਦੋਂ ਕਿ ਤੁਸੀਂ ਬੰਦ ਤੋਂ ਬਾਹਰਲੀ ਜ਼ਮੀਨ ਦਾ ਮੁਆਵਜ਼ਾ ਮਿਲਦਾ ਹੈ, ਪਰ ਅੰਦਰਲੀ ਜ਼ਮੀਨ ਦਾ ਕੋਈ ਮੁਆਵਜ਼ਾ ਨਾ ਮਿਲਣਾ ਲੋਕਾਂ ਨਾਲ ਬੜੀ ਜ਼ਿਆਦਤੀ ਹੈ ਇਸ ਇਲਾਕੇ ਦੇ ਲੋਕ ਛੋਟੇ ਕਿਸਾਨ ਹਨ ਜਿਨ੍ਹਾਂ ਕੋਲ ਥੋੜ੍ਹੀ ਥੋੜ੍ਹੀ ਜ਼ਮੀਨ ਹੈ ਤੇ ਜੇ ਐਸੀ ਮਾਰ ਪਏ ਤਾਂ ਉਹਨਾਂ ਦੀ ਹਾਲਤ ਬਹੁਤ ਖਰਾਬ ਹੋ ਜਾਂਦੀ ਹੈ। ਉਨ੍ਹਾਂ ਨੂੰ ਆਪਣੇ ਘਰ ਲਈ ਵੀ ਖਾਣ ਪੀਣ ਦੇ ਜੋੜੇ ਲਈ ਵੀ ਮੁਸ਼ਕਿਲ ਖੜ੍ਹੀ ਹੋ ਜਾਂਦੀ ਹੈ। ਲੋਕਾਂ ਨੇ ਇਹ ਵੀ ਕਿਹਾ ਕਿ ਬਹੁਤ ਸਾਰੇ ਘਰ ਕਿਉਂਕਿ ਆਰਥਿਕ ਤੌਰ 'ਤੇ ਕਮਜ਼ੋਰ ਕਿਸਾਨ ਹਨ। ਉਹਨਾਂ ਦੇ ਕੱਚੀਆਂ ਚਤਾਨ ਤੇ ਐਸੇ ਮੀਂਹ ਵਿੱਚ ਉਹ ਛੱਤਾਂ ਚੋਂਦੀਆਂ ਹਨ ਅਤੇ ਉਹਨਾਂ ਦੇ ਚੋਣ ਕਰਕੇ ਘਰਾਂ ਨੂੰ ਬੜਾ ਨੁਕਸਾਨ ਹੋ ਰਿਹਾ ਹੈ।

ਉਹਨਾਂ ਮੰਗ ਕੀਤੀ ਕਿ ਸਰਕਾਰ ਪੱਕੀਆਂ ਛੱਤਾਂ ਬਣਾਉਣ ਦੇ ਲਈ ਸਾਰੇ ਕਿਸਾਨਾਂ ਨੂੰ ਜਿਹੜੇ ਲੋੜਵੰਦ ਹਨ। ਪੈਸੇ ਦੇਵੇ ਤਾਂ ਜੋ ਇਸ ਕਿਸਮ ਦੀ ਔਖਿਆਈ ਦਾ ਉਹਨਾਂ ਨੂੰ ਮੁਕਾਬਲਾ ਨਾ ਕਰਨਾ ਪਵੇ। ਇਹਦੀ ਮੰਗ ਕੀਤੀ ਕਿ ਬੰਨ੍ਹ ਜਿਹੜਾ ਹੈ ਛੋਟਾ ਹੈ ਇਹਨੂੰ ਉੱਚਾ ਕੀਤਾ ਜਾਏ ਤੇ ਉੱਥੇ ਪੱਕੇ ਪੱਥਰ ਲਾਏ ਜਾਣ ਨਹੀਂ ਤੇ ਜਿਆਦਾ ਪਾਣੀ ਆਉਣ ਦੀ ਸਥਿਤੀ ਦੇ ਵਿੱਚ ਬੰਨ ਛੇਤੀ ਹੀ ਟੁੱਟ ਜਾਂਦਾ ਹੈ ਤਾਂ ਫਿਰ ਇਲਾਕੇ ਦੇ ਸਾਰੇ ਪਿੰਡ ਇਸ ਵਿੱਚ ਆ ਜਾਂਦੇ ਹਨ, ਤੇ ਨੁਕਸਾਨ ਬਹੁਤ ਜਿਆਦਾ ਹੋ ਜਾਂਦਾ ਹੈ। ਪਸ਼ੂਆਂ ਦਾ ਨੁਕਸਾਨ ਹੁੰਦਾ ਫਸਲ ਦਾ ਨੁਕਸਾਨ ਹੁੰਦਾ ਤੇ ਅਨੇਕਾਂ ਵਾਰ ਬੰਦੇ ਵੀ ਆਪਣੇ ਆਪ ਨੂੰ ਬਚਾ ਨਹੀਂ ਬਣਦੇ। ਉਹਨਾਂ ਇਹ ਵੀ ਕਿਹਾ ਕਿ ਬੰਨ੍ਹ ਚੌੜਾ ਕਰਨ ਵੇਲੇ ਤੇ ਜੋ ਜ਼ਮੀਨ ਕਿਸਾਨਾਂ ਦੀ ਵਿੱਚ ਆਏਗੀ ਉਸਦਾ ਮੁਆਵਜ਼ਾ ਵੀ ਉਸ ਕਿਸਾਨ ਨੂੰ ਜ਼ਰੂਰ ਦਿੱਤਾ ਜਾਏ। ਬਹਾਦਰ ਕੇ ਪਿੰਡ ਤੋਂ ਬਾਅਦ ਸਾਡੀ ਟੀਮ ਕੱਟੀ ਜੱਟਾਂ ਪਿੰਡ ਜੋ ਕਿ ਪਰਲੇ ਪਾਸਿਓਂ ਮੋਗੇ ਜ਼ਿਲ੍ਹੇ ਦਾ ਆਖਰੀ ਪਿੰਡ ਹੈ। ਉੱਥੇ ਗਈ ਤੇ ਉੱਥੇ ਬਿਲਕੁਲ ਦਰਿਆ ਨਾਲ ਹੀ ਹੈ ਤੇ ਦਰਿਆ ਦਾ ਸਾਰਾ ਪਾਣੀ ਬੰਨ੍ਹ ਦੇ ਨੇੜੇ ਖੜ੍ਹਾ ਸੀ।। ਲੋਕਾਂ ਨੇ ਕਿਹਾ ਕਿ ਉਹ ਕਿਉਂਕਿ ਨੀਵੀਂ ਥਾਂ ਹੈ, ਇਸ ਲਈ ਉਹ ਰਾਤ ਭਰ ਇੱਥੇ ਜਾ ਕੇ ਪਹਿਰਾ ਦਿੰਦੇ ਹਨ ਤੇ ਦਿਨ ਨੂੰ ਵੀ ਦੋ ਨੌਜਵਾਨ ਉੱਥੇ ਖੜ੍ਹੇ ਰਹਿੰਦੇ ਹਨ ਤਾਂ ਜੋ ਜੇ ਕੋਈ ਖਤਰਾ ਹੋਏ ਤਾਂ ਫੌਰੀ ਤੌਰ 'ਤੇ ਪਿੰਡ ਦੇ ਲੋਕਾਂ ਨੂੰ ਇਤਲਾਹ ਦੇ ਦੇਣ।

ਲੋਕਾਂ ਨੇ ਸਮੁੱਚੇ ਤੌਰ 'ਤੇ ਮੰਗ ਕੀਤੀ ਕਿ ਸਰਕਾਰ ਨੂੰ ਜਦੋਂ ਕਿ ਐਸੇ ਮਾਹੌਲ ਬਣਦਾ ਹੈ। ਪਹਾੜਾਂ ਵਿੱਚੋਂ ਪਾਣੀ ਜਿਹੜਾ ਆਂਦਾ ਹੈ ਉਸਨੂੰ ਬਕਾਇਦਾ ਜਾਇਜ਼ਾ ਲੈ ਕੇ ਹੌਲੀ ਹੌਲੀ ਛੱਡਣਾ ਚਾਹੀਦਾ ਹੈ ਤਾਂ ਜੋ ਇੱਕਦਮ ਪਾਣੀ ਛੱਡ ਕੇ ਜੋ ਨੁਕਸਾਨ ਹੋਣ ਦਾ ਖਤਰਾ ਰਹਿੰਦਾ ਹੈ ਉਸਨੂੰ ਬਚਾਇਆ ਜਾ ਸਕੇ।

# ਹੜ੍ਹਾਂ ਕਾਰਨ ਹੋਏ ਨੁਕਸਾਨ ਨੂੰ ਕੇਂਦਰ ਸਰਕਾਰ ਕੌਮੀ ਨੁਕਸਾਨ ਐਲਾਨੇ : ਸੰਤ ਜਗੇੜਾ



ਲੁਧਿਆਣਾ, 1 ਸਤੰਬਰ (ਰਵਿੰਦਰ ਸਿੰਘ ਨਿੱਝਰ): ਸੰਤ ਸ਼ਮਸ਼ੇਰ ਸਿੰਘ ਜਗੇੜਾ ਪ੍ਰਧਾਨ ਇੰਟਰਨੈਸ਼ਨਲ ਸੰਤ ਸਮਾਜ ਨੇ ਜਾਰੀ ਬਿਆਨ ਵਿੱਚ ਕਿਹਾ ਜੋ ਪੰਜਾਬ ਵਿੱਚ ਹੜ੍ਹ ਆਏ ਨੇ ਬਹੁਤ ਜਾਨੀ ਮਾਲੀ ਨੁਕਸਾਨ ਹੋ ਗਿਆ ਹੈ ਇਸ ਦਾ ਬਹੁਤ ਦੁੱਖ ਹੈ, ਮੈਂ ਪਰਮਾਤਮਾ ਅੱਗੇ ਅਰਦਾਸ ਕਰਦਾ ਹਾਂ ਕਿ ਇਸ ਕੁਦਰਤ ਦੀ ਕਰੋਪੀ ਨੂੰ ਪਰਮਾਤਮਾ ਬੰਦ ਕਰੇ, ਮੈਂ ਭਾਰਤ ਸਰਕਾਰ ਦੇ ਪ੍ਰਧਾਨ ਮੰਤਰੀ ਨੂੰ ਬੇਨਤੀ ਕਰਦਾ ਹਾਂ ਇਸ ਨੂੰ ਕੌਮੀ ਨੁਕਸਾਨ ਐਲਾਨਿਆ ਜਾਵੇ ਅਤੇ ਪ੍ਰਧਾਨ ਮੰਤਰੀ ਜੀ ਇਸ ਵੱਲ ਤੁਰੰਤ ਧਿਆਨ ਦੇਣ ਅਤੇ ਮਦਦ ਤੁਰੰਤ ਭੇਜਣ। ਉਹਨਾਂ ਦਾਨੀ ਸੱਜਣਾਂ ਨੂੰ ਵੀ ਅਪੀਲ ਕੀਤੀ ਕਿ ਖੁੱਲ੍ਹੇ ਦਿਲ ਨਾਲ ਦਾਨ ਕਰਨ। ਸਮਾਜ ਸੇਵੀ ਸੰਸਥਾਵਾਂ ਤਾਂ ਲਗੀਆਂ ਹੀ ਹਨ, ਪੰਜਾਬ ਸਰਕਾਰ ਦੇ ਵੀ ਇੱਥੇ ਜੁਟ ਜਾਵੇ। ਪੰਜਾਬ ਸਰਕਾਰ ਨੂੰ ਜਿਨਾਂ ਕੁੱਝ ਕਰਨਾ ਚਾਹੀਦਾ ਸੀ, ਉਨਾ ਕੁੱਝ ਕੀਤਾ ਨੀ, ਉਹਨਾਂ ਪੰਜਾਬੀਆਂ ਨੂੰ ਬੇਨਤੀ ਕੀਤੀ ਕਿ ਉਹ ਅੱਗੇ ਆਉਣ, ਪੰਜਾਬੀਆਂ ਦਾ ਕਰੈਕਟਰ ਹੈ ਦੂਜਿਆਂ ਦੀ ਮਦਦ ਕਰਨੀ। ਸਾਰੇ ਧਰਮਾਂ ਦੇ ਧਾਰਮਿਕ ਪੁਰਸ਼ਾਂ ਨੂੰ ਉਹਨਾਂ ਬੇਨਤੀ ਕੀਤੀ ਕਿ ਉਹ ਇਸ ਕਰੋਪੀ ਨੂੰ ਹਟਾਉਣ ਲਈ ਰੱਬ ਅੱਗੇ ਅਰਦਾਸ ਕਰਨ।

# ਡਾ. ਇੰਦਰਜੀਤ ਸਿੰਘ ਵੱਲੋਂ ਨਵੇਂ ਖੁੱਲ੍ਹੇ ਮੁਫ਼ਤ ਕੰਪਿਊਟਰ ਸੈਂਟਰ ਦਾ ਉਦਘਾਟਨ



ਲੁਧਿਆਣਾ, 1 ਸਤੰਬਰ (ਰਵਿੰਦਰ ਸਿੰਘ ਨਿੱਝਰ) : ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਨੇ ਲੁਧਿਆਣਾ ਦੇ ਗੁਰਦੁਆਰਾ ਸਾਹਿਬ ਸ਼ਹੀਦਾਂ, ਸੁਧਾਰ ਵਿੱਚ ਇੱਕ ਕੰਪਿਊਟਰ ਸੈਂਟਰ ਸ਼ੁਰੂ ਕੀਤਾ। ਉਦਘਾਟਨ ਮੁੱਖ ਮਹਿਮਾਨ ਡਾ. ਇੰਦਰਜੀਤ ਸਿੰਘ ਢੀਂਗਰਾ, ਡਾਇਰੈਕਟਰ, ਡਾ. ਡੀ.ਐਨ. ਕੋਟਨੀਸ ਐਕਯੂਪੰਕਚਰ ਹਸਪਤਾਲ, ਲੁਧਿਆਣਾ ਨੇ ਕੀਤਾ। ਇਸ ਮੌਕੇ ਲੁਧਿਆਣਾ ਦੇ ਪ੍ਰਧਾਨ ਜਸਵੰਤ ਸਿੰਘ ਛਾਪਾ, ਇਕਬਾਲ ਸਿੰਘ ਗਿੱਲ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਇਸ ਮੌਕੇ ਗੁਰਦੁਆਰਾ ਸਾਹਿਬ ਕਮੇਟੀ ਦੇ ਪ੍ਰਧਾਨ ਹਰਿੰਦਰਪਾਲ ਸਿੰਘ ਲਾਲੀ, ਸਰਪੰਚ ਜਗਦੀਸ਼ ਕੌਰ, ਪੰਚ ਸੁਰਿੰਦਰ ਸਿੰਘ, ਮਹਿੰਦਰ ਸਿੰਘ, ਰਛਪਾਲ ਸਿੰਘ, ਬਾਬਾ ਬਲਵਿੰਦਰ ਸਿੰਘ, ਹਰਜਿੰਦਰ ਸਿੰਘ ਅਤੇ ਹੋਰਨਾਂ ਨੇ ਡਾ. ਇੰਦਰਜੀਤ ਸਿੰਘ ਨੂੰ ਚੀਨੀ ਸਰਕਾਰ ਵੱਲੋਂ ਡਾ. ਬਾਈਕ ਬਾਸੂ ਉੱਤਰਾਧਿਕਾਰੀ ਦਾ ਸਰਵਉੱਚ ਪੁਰਸਕਾਰ ਦਿੱਤੇ ਜਾਣ 'ਤੇ ਖੁਸ਼ੀ ਪ੍ਰਗਟ ਕੀਤੀ ਅਤੇ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ। ਇਸ ਮੌਕੇ ਡਾ. ਇੰਦਰਜੀਤ ਸਿੰਘ ਨੇ ਕਿਹਾ ਕਿ ਅੱਜ ਵੀ ਜਦੋਂ ਪੂਰਾ ਪੰਜਾਬ ਹੜ੍ਹਾਂ ਅਤੇ ਹੋਰ ਕੁਦਰਤੀ ਆਫ਼ਤਾਂ ਦਾ ਸਾਹਮਣਾ ਕਰ ਰਿਹਾ ਹੈ, ਡਾ. ਐਸ.ਪੀ. ਸਿੰਘ ਓਬਰਾਏ ਦੀ ਨਿਗਰਾਨੀ ਹੇਠ ਸਰਬੱਤ ਦਾ ਭਲਾ ਸੰਸਥਾਨ ਰਾਹਤ ਕਾਰਜਾਂ ਵਿੱਚ ਯੋਗਦਾਨ ਪਾਉਣ ਵਿੱਚ ਲੱਗਾ ਹੋਇਆ ਹੈ। ਇਸ ਮੌਕੇ ਛਾਪਾ ਨੇ ਕਿਹਾ ਕਿ ਇਹ ਮੁਫ਼ਤ ਕੰਪਿਊਟਰ ਸਿਖਲਾਈ ਕੇਂਦਰ ਮੁੰਡਿਆਂ ਲਈ ਖੋਲ੍ਹਿਆ ਗਿਆ ਹੈ, ਜੋ ਕਿ ਨੌਜਵਾਨਾਂ ਨੂੰ ਸਵੈ-ਰੁਜ਼ਗਾਰ ਬਣਾਉਣ ਲਈ ਡਾ. ਐਸ.ਪੀ. ਸਿੰਘ ਓਬਰਾਏ ਦੀ ਦੂਰਅੰਦੇਸ਼ੀ ਸੋਚ ਦਾ ਹਿੱਸਾ ਹੈ। ਇਸ ਮੌਕੇ ਗੁਰਦੁਆਰਾ ਸਾਹਿਬ ਕਮੇਟੀ ਦੇ ਮੁਖੀ ਹਰਿੰਦਰ ਸਿੰਘ, ਸਰਪੰਚ ਜਗਦੀਸ਼ ਕੌਰ, ਦਿਨੇਸ਼ ਰਾਠੌਰ ਸਬ ਇੰਸਪੈਕਟਰ, ਪਿਆਰਾ ਸਿੰਘ ਐਲਆਈਸੀ, ਨਿਰਮਲ ਸਿੰਘ, ਕਿਰਨਜੀਤ ਕੌਰ, ਰਵਿੰਦਰਪਾਲ ਕੌਰ, ਦਲਵਿੰਦਰ ਕੌਰ, ਬਾਬਾ ਜਸਵੰਤ ਸਿੰਘ, ਬਾਬਾ ਪਾਲ ਸਿੰਘ, ਗੈਰੀ ਗਿੱਲ, ਕਮਲਦੀਪ ਸਿੰਘ ਆਦਿ ਹਾਜ਼ਰ ਸਨ।

# ਕੇਂਦਰ ਹੜ੍ਹ ਮਾਰੇ ਪੰਜਾਬੀਆਂ ਦੀ ਦਿਲੋਂ ਬਾਂਹ ਫੜੇ : ਸਲੂਜਾ



ਲੁਧਿਆਣਾ, 1 ਸਤੰਬਰ (ਵਿਸ਼ਾਲ ਸ਼ਰਮਾ) : ਕੇਂਦਰ ਸਰਕਾਰ ਹੜ੍ਹ ਮਾਰੇ ਪੰਜਾਬੀਆਂ ਦੀ ਦਿਲੋਂ ਬਾਂਹ ਫੜੇ ਤੇ ਖੁੱਲ੍ਹੇ ਦਿਲ ਨਾਲ? ਰਾਹਤ ਪੈਕੇਜ ਐਲਾਨ ਕਰੇ, ਏਨਾ ਵਿਚਾਰਾਂ ਦਾ ਪ੍ਰਗਟਾਵਾ ਪੰਜਾਬੀ ਵਿਕਾਸ ਮੰਚ ਦੇ ਪ੍ਰਧਾਨ ਤੇ ਉੱਘੇ ਸਮਾਜ ਸੇਵੀ ਜਤਿੰਦਰ ਪਾਲ ਸਿੰਘ ਸਲੂਜਾ ਨੇ ਕੀਤਾ ਸਲੂਜਾ ਨੇ ਕਿਹਾ ਕਿ ਪਿਛਲੇ ਲੰਬੇ ਸਮੇਂ ਤੋਂ ਚੱਲ ਰਹੇ ਭਾਰੀ ਮੀਂਹ ਕਾਰਨ ਲਗਭਗ ਅੱਧਾ ਪੰਜਾਬ ਹੜ੍ਹਾਂ ਦੇ ਪਾਣੀ ਵਿੱਚ ਡੁੱਬ ਚੁੱਕਾ ਹੈ, ਬਹੁਤ ਵੱਡੀ ਗਿਣਤੀ ਵਿੱਚ ਜਾਨੀ ਤੇ ਮਾਲੀ ਨੁਕਸਾਨ ਹੋ ਚੁੱਕਾ ਹੈ, ਸੈਂਕੜੇ ਪਸ਼ੂ ਹੜ੍ਹ ਦੀ ਭੇਟ ਚੜ੍ਹ ਚੁੱਕੇ ਹਨ ਪਰ ਅਫਸੋਸ ਕਿ ਨਾ ਤਾਂ ਪ੍ਰਧਾਨ ਮੰਤਰੀ ਵੱਲੋਂ ਹੁਣ ਤੱਕ ਕੋਈ ਬਿਆਨ ਆਇਆ ਹੈ ਤੇ ਨਾ ਹੀ ਨੈਸ਼ਨਲ ਮੀਡੀਆ ਜੋ ਛੋਟੀ ਤੋਂ ਛੋਟੀ ਖਬਰ ਨੂੰ ਵੀ ਵਾਰ ਵਾਰ ਵਿਖਾਉਂਦਾ ਹੈ ਨੇ ਮੁਸੀਬਤ ਵਿੱਚ ਫਸੇ ਲੋਕਾਂ ਦੀ ਕੋਈ ਸਾਰ ਲਈ ਹੈ ਉਹਨਾਂ ਕਿਹਾ ਕਿ ਜ਼ਮੀਨੀ ਪੱਧਰ 'ਤੇ ਸਮਾਜ ਸੇਵੀ ਸੰਸਥਾਵਾਂ, ਮਹਾਂਪੁਰਸ਼ ਤੇ ਕੁਝ ਪੰਜਾਬੀ ਕਲਾਕਾਰਾਂ ਨੇ ਆ ਕੇ ਪੀੜਤਾਂ ਦੀ ਬਾਂਹ ਫੜੀ ਹੈ ਪੰਜਾਬ ਸਰਕਾਰ ਦੇ ਵੀ ਕੁਝ ਵਿਧਾਇਕ ਤੇ ਮੰਤਰੀ ਨਜ਼ਰ ਆ ਰਹੇ ਹਨ ਪਰ ਆਪ ਦੀ ਉੱਚ ਪੱਧਰੀ ਦਿੱਲੀ ਵਾਲੀ ਕੇਜਰੀਵਾਲ ਟੀਮ ਜੋ ਪੰਜਾਬ ਦੇ ਹਰ ਛੋਟੇ ਤੋਂ ਛੋਟੇ ਪ੍ਰੋਗਰਾਮ ਅਤੇ ਉਦਘਾਟਨ ਸਮਾਗਮਾਂ ਵਿੱਚ ਸਭ ਤੋਂ ਅੱਗੇ ਨਜ਼ਰ ਆਉਂਦੀ ਸੀ, ਪਰ ਸ਼ਰਮ ਦੀ ਗੱਲ ਹੈ ਕਿ ਇਸ ਮੁਸੀਬਤ ਦੀ ਘੜੀ ਵਿੱਚ ਪੰਜਾਬ ਵਿੱਚ ਕਿਧਰੇ ਦੂਰ ਦੂਰ ਤੱਕ ਨਜ਼ਰ ਨਹੀਂ ਆਈ ਤੇ ਮੁੱਖ ਮੰਤਰੀ ਵੀ ਹੈਲੀਕਾਪਟਰ ਛੱਡ ਕੇ ਆਪਣੀ ਜ਼ੁੰਮੇਵਾਰੀ ਤੋਂ ਮੁਕਤ ਹੋ ਗਏ ਹਨ। ਸਲੂਜਾ ਨੇ ਪ੍ਰਧਾਨਮੰਤਰੀ ਨਰੇਂਦਰ ਮੋਦੀ ਤੇ ਸਮੂੰਹ ਕੇਂਦਰ ਸਰਕਾਰ ਨੂੰ ਬੇਨਤੀ ਕੀਤੀ ਕਿ ਜਿਹਨਾਂ ਪੰਜਾਬੀਆਂ ਦੀ ਬਦੌਲਤ ਤੁਸੀਂ ਰਾਜ ਭਾਗ ਮਾਨ ਰਹੇ ਤੇ ਉਹਨਾਂ ਦੀ ਮੁਸੀਬਤ ਦੀ ਘੜੀ ਵਿੱਚ ਉਹਨਾਂ ਦੀ ਸਾਰ ਲਵੋ ਤੇ ਕੇਂਦਰੀ ਟੀਮਾਂ ਭੇਜ ਕੇ ਪੂਰੀ ਤਰ੍ਹਾਂ ਜਾਇਜ਼ਾ ਲੈ ਕੇ ਤੁਰੰਤ ਵੱਡਾ ਰਾਹਤ ਪੈਕੇਜ ਐਲਾਨ ਕਰਨ ਤਾਂ ਕਿ ਹੜ੍ਹ ਪੀੜਤਾਂ ਦੇ ਜ਼ਖਮਾਂ 'ਤੇ ਮੱਲ੍ਹਮ ਲੱਗ ਸਕੇ।

# ਮੰਤਰੀ ਮੁੰਡੀਆਂ ਨੇ ਹੜ੍ਹ ਪ੍ਰਭਾਵਿਤ ਪਿੰਡਾਂ ਨੂੰ ਵੰਡੀ ਰਾਹਤ ਸਮੱਗਰੀ



ਲੁਧਿਆਣਾ, 1 ਸਤੰਬਰ (ਵਿਸ਼ਾਲ ਸ਼ਰਮਾ) : ਸੂਬੇ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਲੋਕਾਂ ਦੀ ਨਿਰੰਤਰ ਹਮਦਾਦ ਕੀਤੀ ਜਾ ਰਹੀ ਹੈ ਅਤੇ ਜਦੋਂ ਤੱਕ ਹਾਲਾਤ ਆਮ ਵਾਂਗ ਨਹੀਂ ਹੋ ਜਾਂਦੇ, ਇਹ ਜਾਰੀ ਰਹੇਗੀ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪੰਜਾਬ ਦੇ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡੀਆਂ ਵੱਲੋਂ ਆਪਣੇ ਕੋਹਾੜਾ ਦਫ਼ਤਰ ਵਿਖੇ ਵਿਧਾਨ ਸਭਾ ਹਲਕਾ ਸਾਹਨੇਵਾਲ ਅਧੀਨ ਹੜ੍ਹ ਦੀ ਮਾਰ ਝੱਲ ਰਹੇ ਪਿੰਡਾਂ ਨੂੰ ਤਰਪਾਲਾਂ, ਰਾਸ਼ਨ ਕਿੱਟਾਂ ਅਤੇ ਹੋਰ ਰਾਹਤ ਸਮੱਗਰੀ ਵੰਡਦਿਆਂ ਕੀਤਾ। ਇਸ ਮੌਕੇ ਉਨ੍ਹਾਂ ਨਾਲ ਚੇਅਰਮੈਨ ਜੋਰਾਵਰ ਸਿੰਘ, ਪੀ.ਏ. ਰਸ਼ਪਾਲ ਸਿੰਘ ਤੇ ਇਲਾਕਾ ਨਿਵਾਸੀ ਵੀ ਮੌਜੂਦ ਸਨ। ਕੈਬਨਿਟ ਮੰਤਰੀ ਮੁੰਡੀਆਂ ਨੇ ਕਿਹਾ ਕਿ ਇਸ ਚੁਣੌਤੀਪੂਰਨ ਸਮੇਂ ਦੌਰਾਨ ਆਪਣੇ ਭੈਣਾਂ-ਭਰਾਵਾਂ ਨਾਲ ਇੱਕਜੁੱਟਤਾ ਨਾਲ ਖੜ੍ਹੇ ਹੋਣਾ ਸਾਡੀ ਸਮੂਹਿਕ ਜ਼ਿੰਮੇਵਾਰੀ ਹੈ। ਉਨ੍ਹਾਂ ਸਮੂਹ ਪੰਜਾਬੀਆਂ ਨੂੰ ਇਸ ਕੁਦਰਤੀ ਆਫਤ ਦਾ ਮੁਕਾਬਲਾ ਕਰਨ ਲਈ ਇਕਜੁੱਟ ਹੋਣ 'ਤੇ ਜ਼ੋਰ ਦਿੱਤਾ। ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਸੰਭਾਵੀ ਹੜ੍ਹ ਵਰਗੇ ਹਾਲਾਤਾਂ ਨਾਲ ਨਜਿੱਠਣ ਲਈ ਪੂਰੀ ਯੋਜਨਾਬੰਦੀ ਨਾਲ ਕੰਮ ਕੀਤਾ ਜਾ ਰਿਹਾ ਹੈ। ਸਬੰਧਤ ਵਿਭਾਗਾਂ ਦੀਆਂ ਟੀਮਾਂ ਸਤਲੁਜ ਦਰਿਆ ਦੀ ਲਗਾਤਾਰ ਨਿਗਰਾਨੀ ਕਰ ਰਹੀਆਂ ਹਨ। ਉਨ੍ਹਾਂ ਕਿਸੇ ਵੀ ਤਰ੍ਹਾਂ ਦੀਆਂ ਅਫਵਾਹਾਂ ਤੋਂ ਗੁਰੇਜ ਕਰਨ ਲਈ ਵੀ ਕਿਹਾ। ਉਹਨਾਂ ਸਪੱਸ਼ਟ ਕੀਤਾ ਕਿ ਪੰਜਾਬ ਸਰਕਾਰ ਲੋਕਾਂ ਦੀਆਂ ਮੁਸ਼ਕਿਲਾਂ ਦੇ ਹੱਲ ਲਈ ਵਚਨਬੱਧ ਹੈ ਤੇ ਲੋਕਾਂ ਦੀਆਂ ਦਿੱਕਤਾਂ ਨੂੰ ਦੂਰ ਕਰਨ ਲਈ ਹਰ ਸੰਭਵ ਉਪਰਾਲੇ ਕੀਤੇ ਜਾ ਰਹੇ ਹਨ ਤਾਂ ਜੋ ਕਿਸੇ ਵੀ ਪੱਧਰ 'ਤੇ ਕੋਈ ਕਮੀ ਨਾ ਰਹਿ ਜਾਵੇ। ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਆਮ ਸਥਿਤੀ ਦੀ ਜਲਦ ਬਹਾਲੀ ਲਈ ਅਰਦਾਸ ਕਰਨ ਦੀ ਅਪੀਲ ਵੀ ਕੀਤੀ।



ਜੋਗਿੰਦਰ ਜੰਗੀ ਨੇ ਕੀਤਾ ਰੱਥ ਯਾਤਰਾ ਦਾ ਸਵਾਗਤ। ਸ੍ਰੀ ਗਣਪਤੀ ਚੈਰੀਟੇਬਲ ਟਰੱਸਟ ਅਰਬਨ ਅਸਟੇਟ ਦੁਗਰੀ ਲੁਧਿਆਣਾ ਵੱਲੋਂ ਸ੍ਰੀ ਗਣਪਤੀ ਰੱਥ ਯਾਤਰਾ ਅਤੇ ਜਲ ਵਿਸਰਜਨ ਕੀਤਾ ਗਿਆ। ਰੱਥ ਯਾਤਰਾ ਆਉਣ 'ਤੇ ਸਨਮਾਨਿਤ ਕਰਦੇ ਹੋਏ ਮੈਂਬਰ ਸਾਹਿਬਾਨ।
*(ਫੋਟੋ ਤੇ ਵੇਰਵਾ : ਰਵਿੰਦਰ ਸਿੰਘ ਨਿੱਝਰ)*

# ਸਲੇਮ ਟਾਬਰੀ ਵਿਖੇ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਦੇ 350ਵੇਂ ਸ਼ਹੀਦੀ ਪੁਰਬ ਨੂੰ ਸਮਰਪਿਤ ਸਮਾਗਮ ਕਰਵਾਏ



ਲੁਧਿਆਣਾ, 1 ਸਤੰਬਰ (ਰਵਿੰਦਰ ਸਿੰਘ ਨਿੱਝਰ) : ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਪੁਰਬ ਨੂੰ ਸਮਰਪਿਤ ਵਿਸ਼ੇਸ਼ ਗੁਰਮਤਿ ਸਮਾਗਮ ਗੁਰਦੁਆਰਾ ਗੁਰ ਸਾਗਰ ਸਿੰਘ ਸਭਾ ਸਲੇਮ ਟਾਬਰੀ ਵਿਖੇ ਗੁ. ਪ੍ਰਬੰਧਕ ਕਮੇਟੀ ਦੇ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਅਮਰ ਸਿੰਘ ਜੀ ਦੇ ਜਥੇ ਦੇ ਵੱਲੋਂ ਕੀਰਤਨ ਦੀ ਹਾਜ਼ਰੀ ਉਪਰੰਤ ਸ੍ਰੀ ਨਾਨਕਸਰ ਦਰਬਾਰ ਠਾਠ ਡਾਂਗੋ ਦੇ ਮੁੱਖ ਸੇਵਾਦਾਰ ਸੰਤ ਬਾਬਾ ਸਰਬਜੋਤ ਸਿੰਘ ਜੀ ਡਾਂਗੋ ਵਾਲਿਆਂ ਨੇ ਵੱਡੀ ਗਿਣਤੀ ਵਿੱਚ ਜੁੜੀਆਂ ਸੰਗਤਾਂ ਨੂੰ ਗੁਰਬਾਣੀ ਕਥਾ ਕੀਰਤਨ ਦੇ ਨਾਲ ਜੋੜਦਿਆਂ ਕਿਹਾ ਕਿ ਜਿਹੜੀਆਂ ਕੁਰਬਾਨੀਆਂ ਸਾਡੇ ਗੁਰੂ ਸਾਹਿਬਾਨ ਨੇ ਦਿੱਤੀਆਂ ਹਨ। ਅਜਿਹੀ ਹੋਰ ਮਿਸਾਲ ਸੰਸਾਰ ਭਰ ਵਿੱਚ ਕਿਤੇ ਵੀ ਨਹੀਂ ਮਿਲਦੀ।

ਉਨ੍ਹਾਂ ਕਿਹਾ ਕਿ ਸਾਡੇ ਗੁਰੂ ਸਾਹਿਬਾਨਾਂ ਨੇ ਜਿੱਥੇ ਸਰਬ ਸਾਂਝੀਵਾਲਤਾ ਦਾ ਸੰਦੇਸ਼ ਦਿੰਦੇ ਹੋਏ ਸਮੁੱਚੀ ਮਾਨਵਤਾ ਦੇ ਕਲਿਆਣ ਨੂੰ ਤਰਜੀਹ ਦਿੱਤੀ, ਉੱਥੇ ਹੀ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਹਿੰਦੂ ਧਰਮ ਦੀ ਰਾਖੀ ਖਾਤਰ ਆਪਣਾ ਸੀਸ ਕੁਰਬਾਨ ਕਰਦਿਆਂ ਸਭ ਧਰਮਾਂ ਦਾ ਬਰਾਬਰ ਸਨਮਾਨ ਕਰਨ ਦਾ ਸੰਦੇਸ਼ ਦਿੱਤਾ ਸੀ ਤੇ ਦਸਮੇਸ਼ ਪਾਤਸ਼ਾਹ ਜੀ ਨੇ ਵੀ ਧਰਮ ਅਤੇ ਕੌਮ ਦੀ ਖਾਤਿਰ ਹੀ ਆਪਣਾ ਸਰਬੰਸ ਵਾਰ ਦਿੱਤਾ। ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਆਗੂਆਂ ਅਤੇ ਉੱਘੇ ਸਮਾਜ ਸੇਵੀ ਜੇ.ਜੇ ਅਰੋੜਾ ਨੇ ਸੰਤ ਡਾਂਗੋ ਵਾਲਿਆਂ ਦਾ ਸਨਮਾਨ ਕੀਤਾ। ਇਸ ਮੌਕੇ ਦਲਵਿੰਦਰ ਸਿੰਘ ਘੁੰਮਣ ਅਤੇ ਜੇ.ਜੇ ਅਰੋੜਾ ਵੱਲੋਂ ਗੁ.ਕਮੇਟੀ ਦੇ ਪ੍ਰਧਾਨ ਦਲਜੀਤ ਸਿੰਘ ਬਿੱਟੂ ਦਾ ਵੀ ਵਿਸ਼ੇਸ਼ ਸਨਮਾਨ ਕੀਤਾ ਗਿਆ। ਸਮੁੱਚੀ ਪ੍ਰਬੰਧਕ ਕਮੇਟੀ ਵੱਲੋਂ ਦਲਵਿੰਦਰ ਸਿੰਘ ਘੁੰਮਣ ਅਤੇ ਜੇ.ਜੇ ਅਰੋੜਾ ਜੀ ਦਾ ਧੰਨਵਾਦ ਕੀਤਾ ਗਿਆ ਜਿਹੜੇ ਕਿ ਅਜਿਹੇ ਧਾਰਮਿਕ ਕੰਮਾਂ ਵਿੱਚ ਵੱਡਾ ਯੋਗਦਾਨ ਪਾ ਕੇ ਕੌਮ ਦੀ ਸੇਵਾ ਵਿੱਚ ਲੱਗੇ ਹੋਏ ਹਨ। ਇਸ ਮੌਕੇ ਜੇ.ਪੀ ਸਿੰਘ, ਹੈੱਡ ਗ੍ਰੰਥੀ ਪ੍ਰਤਾਪ ਸਿੰਘ, ਗੁਰਪ੍ਰੀਤ ਸਿੰਘ, ਕੈਪਟਨ ਕੁਲਵੰਤ ਸਿੰਘ, ਕੁਲਦੀਪ ਸਿੰਘ ਦੀਪਾ, ਕਰਨਵੀਰ ਸਿੰਘ ਘੁੰਮਣ, ਜਗਵੀਰ ਸਿੰਘ ਅਤੇ ਜਸਵਿੰਦਰ ਸਿੰਘ ਭੁੱਲਰ ਆਦਿ ਵੀ ਹਾਜ਼ਰ ਸਨ।

# ਡੀ.ਸੀ. ਨੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਕੀਤਾ ਨਿਰੀਖਣ



ਲੁਧਿਆਣਾ, 1 ਸਤੰਬਰ (ਵਿਸ਼ਾਲ ਸ਼ਰਮਾ) : ਸਤਲੁਜ ਦਰਿਆ ਅਤੇ ਬੁੱਢਾ ਦਰਿਆ ਵਿੱਚ ਲਗਾਤਾਰ ਹੋ ਰਹੀ ਬਾਰਿਸ਼ ਅਤੇ ਪਾਣੀ ਦੇ ਪੱਧਰ ਦੇ ਵਧਣ ਨਾਲ ਡਿਪਟੀ ਕਮਿਸ਼ਨਰ (ਡੀ.ਸੀ) ਹਿਮਾਂਸ਼ੂ ਜੈਨ ਨੇ ਸੋਮਵਾਰ ਨੂੰ ਹੜ੍ਹ ਪ੍ਰਭਾਵਿਤ ਪਿੰਡਾਂ ਦੇ ਨਾਲ-ਨਾਲ ਧੁੱਸੀ ਬੰਨ੍ਹ ਅਤੇ ਸ਼ਹਿਰੀ ਖੇਤਰਾਂ ਦਾ ਡੂੰਘਾਈ ਨਾਲ ਨਿਰੀਖਣ ਕੀਤਾ ਤਾਂ ਜੋ ਸਥਿਤੀ ਦਾ ਜਾਇਜ਼ਾ ਲਿਆ ਜਾ ਸਕੇ ਅਤੇ ਰੋਕਥਾਮ ਉਪਾਅ ਲਾਗੂ ਕੀਤੇ ਜਾ ਸਕਣ। ਡੀ.ਸੀ ਹਿਮਾਂਸ਼ੂ ਜੈਨ ਨੇ ਬੁੱਢਾ ਦਰਿਆ ਦੇ ਨਾਲ ਲੱਗਦੇ ਖਹਿਰਾ ਬੇਟ, ਰਾਜਾਪੁਰ, ਤਲਵੰਡੀ ਨੌਂਬਾਦ, ਤਲਵਾੜਾ, ਬਾਰਨਹਾਰਾ ਅਤੇ ਚੰਦਰ ਨਗਰ ਸਮੇਤ ਮਹੱਤਵਪੂਰਨ ਥਾਵਾਂ ਦਾ ਦੌਰਾ ਕੀਤਾ। ਖਹਿਰਾ ਬੇਟ ਵਿਖੇ ਨਿਰੀਖਣ ਦੌਰਾਨ ਹਿਮਾਂਸ਼ੂ ਜੈਨ ਨੇ ਪਾਣੀ ਦੇ ਪੱਧਰ ਵਿੱਚ ਲਗਾਤਾਰ ਵਾਧਾ ਦੇਖਿਆ ਅਤੇ ਸਥਿਤੀ ਦੀ ਨਿਗਰਾਨੀ ਅਤੇ ਪ੍ਰਬੰਧਨ ਲਈ ਤੁਰੰਤ ਇੱਕ ਸਥਾਈ ਟੀਮ ਤਾਇਨਾਤ ਕਰਨ ਦੇ ਹੁਕਮ ਦਿੱਤੇ। ਸਥਾਨਕ ਪਿੰਡ ਵਾਸੀਆਂ ਨੇ ਨੁਕਸਾਨ ਦੀ ਰਿਪੋਰਟ ਦਿੱਤੀ, ਹੜ੍ਹ ਕਾਰਨ ਕਈ ਏਕੜ ਝੋਨਾ ਅਤੇ ਪਾਪੂਲਰ ਫਸਲਾਂ ਡੁੱਬ ਗਈਆਂ। ਪਿੰਡ ਵਾਸੀਆਂ ਦੀਆਂ ਬੇਨਤੀਆਂ ਦਾ ਜਵਾਬ ਦਿੰਦੇ ਹੋਏ, ਉਨ੍ਹਾਂ ਅਧਿਕਾਰੀਆਂ ਨੂੰ ਪ੍ਰਭਾਵਿਤ ਵਸਨੀਕਾਂ ਨੂੰ ਉਨ੍ਹਾਂ ਦੇ ਸਮਾਨ ਦੀ ਸੁਰੱਖਿਆ ਵਿੱਚ ਸਹਾਇਤਾ ਕਰਨ ਲਈ ਪਿੰਡ ਪੰਚਾਇਤ ਨੂੰ 100 ਤਰਪਾਲਾਂ ਪ੍ਰਦਾਨ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਅਧਿਕਾਰੀਆਂ ਨੂੰ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ 24 ਘੰਟੇ ਚੌਕਸੀ ਰੱਖਣ ਦੇ ਨਿਰਦੇਸ਼ ਦਿੱਤੇ ਤਾਂ ਜੋ ਵਸਨੀਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾ ਸਕੇ ਅਤੇ ਹੋਰ ਨੁਕਸਾਨ ਨੂੰ ਰੋਕਿਆ ਜਾ ਸਕੇ। ਤਲਵੰਡੀ ਨੌਂਬਾਦ ਵਿੱਚ ਡੀ.ਸੀ ਨੇ ਧੁੱਸੀ ਬੰਨ੍ਹ ਦਾ ਨਿਰੀਖਣ ਕੀਤਾ। ਪਿੰਡ ਵਾਸੀਆਂ ਨਾਲ ਉਨ੍ਹਾਂ ਦੀਆਂ ਚਿੰਤਾਵਾਂ ਨੂੰ ਸਮਝਣ ਲਈ ਗੱਲਬਾਤ ਕੀਤੀ। ਉਨ੍ਹਾਂ ਅਧਿਕਾਰੀਆਂ ਨੂੰ ਨਿਰੰਤਰ ਨਿਗਰਾਨੀ ਰੱਖਣ ਅਤੇ ਹਰ ਸਮੇਂ ਪ੍ਰਤੀਕਿਰਿਆ ਟੀਮਾਂ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਤਲਵਾੜਾ ਅਤੇ ਬਾਰਨਹਾਰਾ ਵਿੱਚ ਜਿੱਥੇ ਬੁੱਢਾ ਦਰਿਆ ਦੇ ਬੰਨ੍ਹਾਂ ਵਿੱਚ ਪਾੜਾਂ ਦੀ ਰਿਪੋਰਟ ਕੀਤੀ ਗਈ ਸੀ, ਹਿਮਾਂਸ਼ੂ ਜੈਨ ਨੇ ਪਾੜਾਂ ਨੂੰ ਭਰਨ ਲਈ ਤੁਰੰਤ ਕਾਰਵਾਈ ਕਰਨ ਦੇ ਆਦੇਸ਼ ਦਿੱਤੇ, ਟੀਮਾਂ ਨੂੰ ਮੁਰੰਮਤ ਕਰਨ ਅਤੇ ਹੋਰ ਨੁਕਸਾਨ ਨੂੰ ਘਟਾਉਣ ਲਈ ਤੁਰੰਤ ਭੇਜਿਆ ਗਿਆ।

# ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ, ਜੀ.ਕੇ. ਅਸਟੇਟ ਵਿਖੇ ਚੁਪਹਿਰਾ ਸਮਾਗਮ ਕਰਵਾਇਆ



ਲੁਧਿਆਣਾ, 1 ਸਤੰਬਰ (ਕਰਨੈਲ ਸਿੰਘ ਐੱਮ.ਏ.) : ਧੰਨ ਧੰਨ ਸਾਹਿਬ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ ਪੁਰਬ ਦੇ ਸੰਬੰਧ ਵਿੱਚ ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ ਜੀ.ਕੇ. ਅਸਟੇਟ ਭਾਮੀਆਂ ਖੁਰਦ ਵਿਖੇ ਅੱਜ ਜਪ-ਤਪ ਚੁਪਿਹਰਾ ਸਮਾਗਮ ਸਵੇਰੇ 10 ਵਜੇ ਤੋਂ 2 ਵਜੇ ਤੱਕ ਹੋਇਆ, ਜਿਨ੍ਹਾਂ ਵਿੱਚ ਜਪੁਜੀ ਸਾਹਿਬ, ਚੌਪਈ ਸਾਹਿਬ, ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਤੋਂ ਬਾਅਦ ਭਾਈ ਗੁਰਮੇਲ ਸਿੰਘ ਦੇ ਰਾਗੀ ਜਥੇ ਨੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਸੁਖਮਨੀ ਸਾਹਿਬ ਸੇਵਾ ਸੁਸਾਇਟੀ ਅਤੇ ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ ਦੀ ਪ੍ਰਬੰਧਕ ਕਮੇਟੀ ਵੱਲੋਂ ਰਾਗੀ ਜਥਿਆਂ ਨੂੰ ਸਿਰੋਪਾਓ ਬਖਸ਼ਿਸ਼ ਕਰ ਕੇ ਸਨਮਾਨ ਕੀਤਾ ਗਿਆ। ਇਸ ਮੌਕੇ ਚੇਅਰਮੈਨ ਡਾ: ਅੰਮ੍ਰਿਤਪਾਲ ਸਿੰਘ, ਹਰਵਿੰਦਰ ਸਿੰਘ, ਪੰਚਾਇਤ ਮੈਂਬਰ ਪਰਮਿੰਦਰ ਕੌਰ, ਰਜਿੰਦਰ ਸਿੰਘ ਹੁੰਦਲ, ਕਮਲਜੀਤ ਸਿੰਘ, ਬਲਬੀਰ ਸਿੰਘ, ਜਤਿੰਦਰ ਸਿੰਘ, ਕੇਵਲ ਮਹਿਤਾ, ਗੁਰਵਿੰਦਰ ਸਿੰਘ, ਨਿਰਮਲਜੀਤ ਕੌਰ, ਰਜਿੰਦਰ ਕੌਰ ਰਾਣੀ, ਮਾਤਾ ਸੁਰਿੰਦਰ ਕੌਰ, ਪ੍ਰਵੇਸ਼ ਕਪੂਰ, ਤਰਲੋਚਨ ਸਿੰਘ, ਲਵਲੀ ਭਗਤ ਹਾਜ਼ਰ ਸਨ। ਸਮਾਪਤੀ ਉਪਰੰਤ ਕੌਫੀ, ਬ੍ਰੈਡ ਪਕੌੜੇ ਅਤੇ ਭਾਜੀ ਗੁੜ ਅਤੇ ਖੰਡ ਦੇ ਸ਼ਕਰਪਾਰੇ ਅਤੇ ਸ਼ੀਰਨੀ ਦਾ ਅਤੁੱਟ ਪ੍ਰਸ਼ਾਦ ਵਰਤਾਇਆ ਗਿਆ। ਸ੍ਰੀ ਗੁਰੂ ਨਾਨਕ ਦੇਵ ਦੇਵ ਜੀ ਦੇ ਵਿਆਹ ਪੁਰਬ ਦੀਆਂ ਸੰਗਤਾਂ ਨੇ ਇੱਕ ਦੂਜੇ ਨੂੰ ਵਧਾਈਆਂ ਦਿੱਤੀਆਂ ਅਤੇ ਗੁਰੂ ਨਾਨਕ ਦੇਵ ਦੀ ਦਾ ਵਿਆਹ ਪੁਰਬ ਖੁਸ਼ੀਆਂ ਨਾਲ ਮਨਾਇਆ।

# ਮੇਅਰ ਨੇ ਬੁੱਢਾ ਦਰਿਆ ਨਾਲ ਲੱਗਦੇ ਇਲਾਕਿਆਂ ਦੀ ਸਥਿਤੀ ਦਾ ਲਿਆ ਜਾਇਜ਼ਾ



ਲੁਧਿਆਣਾ, 1 ਸਤੰਬਰ (ਵਿਸ਼ਾਲ ਸ਼ਰਮਾ) : ਸ਼ਹਿਰ ਵਿੱਚ ਲਗਾਤਾਰ ਮੀਂਹ ਪੈਣ ਤੋਂ ਬਾਅਦ, ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ ਸੋਮਵਾਰ ਨੂੰ ਸਥਿਤੀ ਦੀ ਨਿਗਰਾਨੀ ਕਰਨ ਲਈ ਫੀਲਡ ਵਿੱਚ ਸਰਗਰਮ ਰਹੀਆਂ ਅਤੇ ਵੱਖ-ਵੱਖ ਨੀਵੇਂ ਇਲਾਕਿਆਂ, ਖਾਸ ਕਰਕੇ ਬੁੱਢਾ ਦਰਿਆ ਦੇ ਆਸ-ਪਾਸ ਦੇ ਇਲਾਕਿਆਂ ਦਾ ਨਿਰੀਖਣ ਕੀਤਾ। ਅਧਿਕਾਰੀਆਂ ਅਤੇ ਫੀਲਡ ਸਟਾਫ ਨੂੰ ਸ਼ਹਿਰ ਦੇ ਖੇਤਰਾਂ ਵਿੱਚੋਂ ਮੀਂਹ ਦੇ ਪਾਣੀ ਨੂੰ ਜਲਦੀ ਤੋਂ ਜਲਦੀ ਕੱਢਣ ਅਤੇ ਬੁੱਢਾ ਦਰਿਆ ਦੇ ਕਿਨਾਰਿਆਂ ਨੂੰ ਮਜ਼ਬੂਤ ਕਰਨ ਲਈ ਜ਼ਰੂਰੀ ਨਿਰਦੇਸ਼ ਜਾਰੀ ਕੀਤੇ ਗਏ। ਮੇਅਰ ਇੰਦਰਜੀਤ ਕੌਰ ਨੇ ਸ਼ਿਵਪੁਰੀ, ਜੈਨ ਨਗਰ, ਗਾਂਧੀ ਨਗਰ, ਤਾਜਪੁਰ ਰੋਡ 'ਤੇ ਸਥਿਤ ਇਲਾਕਿਆਂ, ਹੈਬੋਵਾਲ ਅਤੇ ਹੋਰ ਖੇਤਰਾਂ ਵਿੱਚ ਨਿਰੀਖਣ ਕੀਤਾ। ਨਿਰੀਖਣ ਦੌਰਾਨ ਜ਼ੋਨਲ ਕਮਿਸ਼ਨਰ ਜਸਦੇਵ ਸੇਖੋਂ ਸਮੇਤ ਹੋਰ ਅਧਿਕਾਰੀ ਵੀ ਮੌਜੂਦ ਸਨ। ਮੇਅਰ ਨੇ ਕਿਹਾ ਕਿ ਲਗਾਤਾਰ ਮੀਂਹ ਕਾਰਨ ਪੈਦਾ ਹੋਈ ਸਥਿਤੀ ਨਾਲ ਨਜਿੱਠਣ ਲਈ ਨਗਰ ਨਿਗਮ ਅਤੇ ਪ੍ਰਸ਼ਾਸਨ ਸਰਗਰਮੀ ਨਾਲ ਕੰਮ ਕਰ ਰਿਹਾ ਹੈ। ਸਾਰੀ ਮਸ਼ੀਨਰੀ ਅਤੇ ਸਟਾਫ਼ ਜ਼ਮੀਨੀ ਪੱਧਰ 'ਤੇ ਕੰਮ ਕਰ ਰਿਹਾ ਹੈ ਅਤੇ ਜਲਦੀ ਤੋਂ ਜਲਦੀ ਮੀਂਹ ਦੇ ਪਾਣੀ ਨੂੰ ਕੱਢਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾ ਰਹੀ ਹੈ। ਇਸ ਦੌਰਾਨ ਉਨ੍ਹਾਂ ਨੇ ਵਸਨੀਕਾਂ ਨੂੰ ਅਪੀਲ ਕੀਤੀ ਕਿ ਉਹ ਐਮਰਜੈਂਸੀ ਸਥਿਤੀ ਤੋਂ ਬਿਨਾਂ ਆਪਣੇ ਘਰਾਂ ਦੇ ਅੰਦਰ ਰਹਿਣ ਕਿਉਂਕਿ ਮੌਸਮ ਦੀ ਭਵਿੱਖਬਾਣੀ ਅਨੁਸਾਰ ਸ਼ਹਿਰ ਵਿੱਚ ਹੋਰ ਬਾਰਿਸ਼ ਹੋਣ ਦੀ ਉਮੀਦ ਹੈ।

# ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਦੀ ਸੰਗਤ ਨੇ ਪੰਜਾਬ ਦੇ ਹੜ੍ਹ ਪੀੜਤਾਂ ਦੀ ਤੰਦਰੁਸਤੀ ਅਤੇ ਚੜ੍ਹਦੀਕਲਾ ਲਈ ਅਰਦਾਸ ਕੀਤੀ



ਲੁਧਿਆਣਾ, 1 ਸਤੰਬਰ (ਰਵਿੰਦਰ ਸਿੰਘ ਨਿੱਝਰ) : ਅੱਜ ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਦੀ ਸੰਗਤ ਨੇ ਫਾਊਂਡੇਸ਼ਨ ਦੇ ਅੰਤਰਰਾਸ਼ਟਰੀ ਪ੍ਰਧਾਨ ਕ੍ਰਿਸ਼ਨ ਕੁਮਾਰ ਬਾਵਾ, ਹਰਿਆਣਾ ਫਾਊਂਡੇਸ਼ਨ ਦੇ ਪ੍ਰਧਾਨ ਉਮਰਾਓ ਸਿੰਘ ਅਤੇ ਯਾਤਰਾ ਦੇ ਕਨਵੀਨਰ ਤਰਲੋਚਨ ਸਿੰਘ ਬਿਲਾਸਪੁਰ ਦੀ ਅਗਵਾਈ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣ ਤੋਂ ਬਾਅਦ ਸੱਚਖੰਡ ਵਿਖੇ ਪੰਜਾਬ ਦੇ ਹੜ੍ਹਪੀੜਤਾਂ ਦੀ ਤੰਦਰੁਸਤੀ ਅਤੇ ਚੜ੍ਹਦੀਕਲਾ ਦੀ ਅਰਦਾਸ ਕੀਤੀ। ਇਸ ਉਪਰੰਤ ਤਖਤ ਸ਼੍ਰੀ ਹਜ਼ੂਰ ਸਾਹਿਬ ਅਬਚਲ ਨਗਰ ਦੇ ਮੁਖੀ ਜਥੇਦਾਰ ਬਾਬਾ ਕੁਲਵੰਤ ਸਿੰਘ ਜੀ ਨੂੰ ਸੈਕੂਲਰ ਸੋਚ ਦੇ ਧਾਰਨੀ ਅਤੇ ਉੱਘੇ ਸਮਾਜਸੇਵੀ ਐੱਸ.ਐੱਸ ਖੁਰਾਨਾ ਵੱਲੋਂ ਸ਼ਰਧਾ ਸਤਿਕਾਰ ਨਾਲ ਬਾਬਾ ਜੀ ਲਈ ਭੇਜਿਆ ਹਰਿਮੰਦਰ ਸਾਹਿਬ ਜੀ ਦਾ ਸੁਨਹਿਰੀ ਚਿੱਤਰ ਭੇਟ ਕੀਤਾ ਗਿਆ। ਇਸ ਸਮੇਂ ਪੰਥਕ ਕਵੀ ਦੀਪ ਲੁਧਿਆਣਵੀ ਨੇ ਆਪਣੀ ਪੁਸਤਕ ਵਿਰਸੇ ਦੀ ਖੁਸ਼ਬੂ ਵੀ ਬਾਬਾ ਜੀ ਨੂੰ ਸਤਿਕਾਰ ਸਹਿਤ ਭੇਟ ਕੀਤੀ। ਇਸ ਸਮੇਂ ਇਲਾਹੀ ਗਿਆਨ ਦਾ ਸਾਗਰ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਪੰਜਾਬੀ ਪੁਸਤਕ ਦੀਆਂ ਕਾਪੀਆਂ ਵੀ ਬਾਬਾ ਜੀ ਨੂੰ ਭੇਟ ਕੀਤੀਆਂ ਗਈਆਂ, ਜਿਸ ਬੁੱਕ ਦੇ ਮੁੱਖ ਸਰਪ੍ਰਸਤ ਬਾਬਾ ਕੁਲਵੰਤ ਸਿੰਘ ਜੀ ਹਨ। ਇਸ ਸਮੇਂ ਬਾਵਾ ਨੇ ਦੱਸਿਆ ਕਿ 2 ਸਤੰਬਰ ਨੂੰ ਨਾਂਦੇੜ ਤੋਂ ਸ੍ਰੀ ਗੁਰਦੁਆਰਾ ਸਾਹਿਬ ਵਿਖੇ ਜੱਥਾ ਜਾਵੇਗਾ ਅਤੇ ਇਲਾਹੀ ਗਿਆਨ ਦੇ ਸਾਗਰ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਪੁਸਤਕ ਗੁਰਦੁਆਰਾ ਸਾਹਿਬ ਦੀ ਮੁੱਖ ਸੇਵਾਦਾਰ ਪ੍ਰਨੀਤ ਸਿੰਘ ਨੂੰ ਭੇਟ ਕੀਤਾ ਜਾਵੇਗਾ ਅਤੇ 3 ਸਤੰਬਰ ਨੂੰ ਸੱਚਖੰਡ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਗੁਰਦੁਆਰਾ ਬਾਬਾ ਬੰਦਾ ਘਾਟ ਵਿਖੇ ਦੀਵਾਨ ਸੱਜਣਗੇ। ਇਸ ਸਮੇਂ ਇੰਦਰਜੀਤ ਸਿੰਘ ਧਾਲੀਵਾਲ, ਇੰਦਰਜੀਤ ਸਿੰਘ ਢਿੱਲੋਂ ਜੱਥਾ ਸੇਵਾਦਾਰ, ਲਖਵੀਰ ਸਿੰਘ ਢੰਡੇ, ਗੁਲਜਿੰਦਰ ਸਿੰਘ ਗਿੱਲ ਪ੍ਰਧਾਨ ਗੁਰਦੁਆਰਾ ਪ੍ਰਬੰਧਕ ਕਮੇਟੀ, ਕਮਿੱਕਰ ਸਿੰਘ ਗਿੱਲ, ਮਨੋਹਰ ਸਿੰਘ ਗਿੱਲ, ਡਾ. ਜਗਬੀਰ ਸਿੰਘ, ਮਨਜੀਤ ਸਿੰਘ ਲੁਹਾਰਾ, ਅਮਰ ਸਿੰਘ ਗਿੱਲ, ਸੇਵਾ ਸਿੰਘ ਗਿੱਲ, ਕੁਲਜੀਤ ਸਿੰਘ ਗਿੱਲ, ਇੰਦਰਜੀਤ ਸਿੰਘ, ਸੁੱਚਾ ਸਿੰਘ ਤੁੱਗਲ, ਮਲਕੀਤ ਸਿੰਘ ਨੰਦੇਵਾਲ, ਇੰਸਪੈਕਟਰ ਸਵਰਨ ਸਿੰਘ, ਬਲਵਿੰਦਰ ਸਿੰਘ ਆਦਿ ਹਾਜ਼ਰ ਸਨ।

# ਬਾਬਾ ਸ੍ਰੀ ਚੰਦ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਕੀਰਤਨ ਸਮਾਗਮ ਕਰਵਾਇਆ



ਲੁਧਿਆਣਾ, 1 ਸਤੰਬਰ (ਰਵਿੰਦਰ ਸਿੰਘ ਨਿੱਝਰ) : ਸਿੱਖ ਸ਼ਹੀਦਾਂ ਦਾ ਯਾਦਗਾਰੀ ਅਸਥਾਨ ਗੁਰਦੁਆਰਾ ਸ਼ਹੀਦਾਂ ਫੇਰੂਮਾਨ ਚੌਕ ਵਿਖੇ ਧੰਨ ਧੰਨ ਬਾਬਾ ਸ੍ਰੀ ਚੰਦ ਜੀ ਦੇ 531 ਵੇਂ ਜਨਮ ਦਿਹਾੜੇ ਨੂੰ ਸਮਰਪਿਤ ਹਫ਼ਤਾਵਾਰੀ ਧਾਰਮਿਕ ਗੁਰਮਤਿ ਸਮਾਗਮ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਦੇ ਵੱਡਮੁੱਲੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਮੌਕੇ ਅੰਮ੍ਰਿਤ ਵੇਲੇ ਤੋਂ ਗੁਰਦੁਆਰਾ ਸਾਹਿਬ ਦੇ ਹਜ਼ੂਰੀ ਜੱਥਿਆਂ ਭਾਈ ਗੁਰਦੀਪ ਸਿੰਘ ਜੈਪੁਰ ਵਾਲੇ, ਭਾਈ ਗੁਰਸ਼ਰਨ ਸਿੰਘ, ਭਾਈ ਹਰਪ੍ਰੀਤ ਸਿੰਘ ਖਾਲਸਾ, ਭਾਈ ਪ੍ਰਮਵੀਰ ਸਿੰਘ ਅਤੇ ਸਾਮ ਦੇ ਸਮਾਗਮਾਂ ਵਿਚ ਵਿਸ਼ੇਸ਼ ਤੌਰ 'ਤੇ ਭਾਈ ਅਮਨਦੀਪ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ ਵਾਲਿਆਂ ਅਤੇ ਉਨ੍ਹਾਂ ਦੇ ਜੱਥੇ ਵੱਲੋਂ ਸੰਗਤਾਂ ਨੂੰ ਨਾਮ ਬਾਣੀ ਨਾਲ ਜੋੜਿਆ ਗਿਆ। ਗੁਰਦੁਆਰਾ ਸਾਹਿਬ ਦੇ ਮੁੱਖ ਕਥਾ ਵਾਚਕ ਗਿਆਨੀ ਮਨਪ੍ਰੀਤ ਸਿੰਘ ਨੇ ਗੁਰੂ ਘਰ ਨਤਮਸਤਕ ਹੋਈਆਂ ਸੰਗਤਾਂ ਨਾਲ ਅੱਜ ਦੇ ਦਿਹਾੜੇ ਨੂੰ ਸਮਰਪਿਤ ਸੰਗਤਾਂ ਨਾਲ ਬਾਬਾ ਸ੍ਰੀ ਚੰਦ ਜੀ ਦੇ ਜੀਵਨ ਅਤੇ ਉਨ੍ਹਾਂ ਦੇ ਉਪਦੇਸ਼ਾਂ ਸੰਬੰਧੀ ਰੋਸ਼ਨੀ ਪਾਈ ਗਈ। ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਐਡਵੋਕੇਟ ਬਲਵਿੰਦਰ ਸਿੰਘ ਲਾਇਲਪੁਰੀ ਨੇ ਸਮਾਗਮ ਦੌਰਾਨ ਹਾਜ਼ਰੀਆਂ ਭਰ ਗੁਰਸਿਖਾਂ ਨਾਮ ਰਸ ਦਾ ਆਨੰਦ ਪ੍ਰਾਪਤ ਕਰਨ ਵਾਲੀਆਂ ਸੰਗਤਾਂ ਦਾ ਧੰਨਵਾਦ ਕੀਤਾ। ਗੁਰੂ ਕੇ ਲੰਗਰ ਅਟੁੱਟ ਵਰਤਾਇਆ ਗਿਆ। ਗੁਰਦੁਆਰਾ ਸਾਹਿਬ ਦੇ ਜਨਰਲ ਸਕੱਤਰ ਤੇਜਿੰਦਰ ਸਿੰਘ ਡੰਗ, ਤਰਲੋਚਨ ਸਿੰਘ ਬੱਬਰ, ਇੰਦਰਜੀਤ ਸਿੰਘ ਗੋਲਾ, ਬਲਜੀਤ ਸਿੰਘ ਦੁਖੀਆ, ਸੁਰਿੰਦਰਜੀਤ ਸਿੰਘ ਮੱਕੜ, ਮੋਹਨ ਸਿੰਘ ਸੇਠੀ, [illegible] ਸਿੰਘ ਚੌਹਾਨ, ਅਰਜਨ ਸਿੰਘ ਚੀਮਾ, ਇੰਦਰਜੀਤ ਸਿੰਘ ਮੱਕੜ, ਲਖਵਿੰਦਰ ਸਿੰਘ ਲੱਖਾ, ਅਵਤਾਰ ਸਿੰਘ ਪਨੇਸਰ, ਪ੍ਰੀਤਮ ਸਿੰਘ ਮਣਕੂ, ਸੁਰਿੰਦਰ ਸਿੰਘ ਨਾਰੰਗ, ਤਨਵੀਰ ਕੌਰ, ਪਰਮਿੰਦਰ ਸਿੰਘ, ਸੁਰਜੀਤ ਸਿੰਘ ਮਠਾੜੂ, ਸਵਰਨ ਸਿੰਘ ਮਹੌਲੀ, ਦਵਿੰਦਰ ਸਿੰਘ ਸਿੱਬਲ ਵੀ ਗੁਰੂ ਘਰ ਨਤਮਸਤਕ ਹੋਏ।

# ਜਵੱਦੀ ਟਕਸਾਲ ਵਿਖੇ ਹਫ਼ਤਾਵਾਰੀ ਨਾਮ ਸਿਮਰਨ ਸਮਾਗਮ ਹੋਇਆ



ਲੁਧਿਆਣਾ, 1 ਸਤੰਬਰ (ਵਿਸ਼ਾਲ ਸ਼ਰਮਾ/ਕਰਨੈਲ ਸਿੰਘ ਐੱਮ.ਏ.) : ਪਰਮ ਸੰਤ ਬਾਬਾ ਸੁੱਚਾ ਸਿੰਘ ਜੀ ਵੱਲੋਂ ਗੁਰਬਾਣੀ-ਪ੍ਰਚਾਰ-ਪਸਾਰ ਦੇ ਬਣਾਏ ਕੇਂਦਰ ਜਵੱਦੀ ਟਕਸਾਲ ਵਿਖੇ ਹਫਤਾਵਾਰੀ ਨਾਮ ਸਿਮਰਨ ਸਮਾਗਮ ਹੋਇਆ, ਜਿਸ ਵਿਚ ਵਰ੍ਹਦੇ ਮੀਂਹ ਦੇ ਬਾਵਜੂਦ ਸ਼ਰਧਾਲੂ ਸੰਗਤਾਂ ਪੁੱਜੀਆਂ। ਜੁੜੀਆਂ ਸੰਗਤਾਂ ਦੇ ਰੂ-ਬ-ਰੂ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ ਮੌਜੂਦਾ ਮੁਖੀ ਸੰਤ ਬਾਬਾ ਅਮੀਰ ਸਿੰਘ ਜੀ ਨੇ ਗੁਰਬਾਣੀ ਅਤੇ ਗੁਰ ਇਤਿਹਾਸ ਦੇ ਹਵਾਲਿਆਂ ਨਾਲ ਸਮਝਾਇਆ ਕਿ ਸਮਾਜ ਦੇ ਸੰਦਰਭ ਵਿਚ ਗੁਰੂ ਸਾਹਿਬ ਦਾ ਅਧਿਆਤਮਿਕ ਨੈਤਿਕਤਾ ਨਾਲ ਪੂਰੀ ਤਰ੍ਹਾਂ ਸਬੰਧਿਤ ਹੈ। ਪ੍ਰਮਾਤਮਾ ਦੀ ਪ੍ਰਾਪਤੀ ਲਈ ਗੁਰੂ ਸਾਹਿਬ ਜੀ ਨੇ ਸਾਂਸਕ੍ਰਿਤਕ ਨੇਕੀਆਂ ਨੂੰ ਗ੍ਰਹਿਣ ਕਰਨ ਉੱਤੇ ਜ਼ੋਰ ਦਿੱਤਾ। ਗੁਰੂ ਸਾਹਿਬ ਜੀ ਨੇ ਪ੍ਰੇਮ ਨੂੰ ਲੌਕਿਕ ਤੇ ਪ੍ਰਲੌਕਿਕ ਦੋਹਾਂ ਪੱਖਾਂ ਨੂੰ ਸਵਾਰਨ ਦਾ ਸਾਧਨ ਮੰਨਿਆ ਹੈ। ਸਤਿਗੁਰੂ ਜੀ ਨੇ ਆਪਣੇ ਉਪਦੇਸ਼ਾਂ ਵਿਚ ਮਨੁੱਖ ਦੇ ਪਰਮਾਤਮਾ ਨਾਲ ਅਤੇ ਮਨੁੱਖ ਨਾਲ ਪ੍ਰੇਮ ਦੋਵਾਂ ਨਾਲ ਪ੍ਰਗਟਾਇਆ ਹੈ। ਬਾਬਾ ਜੀ ਨੇ ਜ਼ੋਰ ਦਿੰਦਿਆਂ ਫ਼ੁਰਮਾਇਆ ਕਿ ਪਰਮਾਤਮਾ ਦੇ ਪਿਆਰ ਵਿਚ ਲਬਰੇਜ਼ ਮਨੁੱਖ ਕਿਸੇ ਨੂੰ ਕਸ਼ਟ ਦੇ ਹੀ ਨਹੀਂ ਸਕਦਾ, ਕਿਉਂਕਿ ਉਸਨੂੰ ਪ੍ਰਮਾਤਮਾਂ ਤੋਂ ਬਾਹਰ ਕੁਝ ਦਿਖਾਈ ਹੀ ਨਹੀਂ ਦਿੰਦਾ। ਬਾਬਾ ਜੀ ਨੇ ਕੁਦਰਤੀ ਆਫ਼ਤਾਂ ਦਾ ਜਿਕਰ ਕਰਦਿਆਂ ਪੰਜਾਬ ਅੰਦਰ ਆਏ ਹੜ੍ਹਾਂ ਦੀ ਚਿੰਤਾ ਅਤੇ ਨਿਰਾਸ਼ਾਜਨਕ ਹਾਲਾਤਾਂ ਅੰਦਰ ਸੇਵਾ ਪਿਆਰ ਦੇ ਮੁਜੱਸਮੇ ਲੋੜੀਦੀਆਂ ਵਸਤਾਂ ਵੰਡਦੇ ਦੁਖੀਆਂ ਦੇ ਹੰਝੂ ਪੂੰਝਣ ਦੂਰ ਨੇੜਿਓ ਆਇਆਂ ਵਲੋਂ ਸੇਵਾ ਦੇ ਨੂਰ ਨਾਲ ਲੱਗੀਆਂ ਛਹਿਬਰਾਂ ਨਾਲ ਰੋਸ਼ਨ ਕਰਨ ਦੇ ਪੱਖ ਤੋਂ ਸਤੁੰਸ਼ਟੀ ਪ੍ਰਗਟਾਉਦਿਆਂ ਕਿਹਾ ਕਿ ਸੇਵਾ ਦਾ ਜੋ ਪੱਖ ਸਾਹਮਣੇ ਆਉਦਾ ਹੈ, ਉਸ ਨਾਲ ਪ੍ਰਭੂ ਸ਼ੁਕਰਾਨੇ ਅੰਦਰ ਹੱਥ ਜੁੜਦੇ ਹਨ। ਬਾਬਾ ਜੀ ਨੇ ਕਿਹਾ ਖ਼ਲਕਤ ਦੀ ਸੇਵਾ ਹੀ ਲੋਕਾਈ ਲਈ ਰੱਬ ਦੀ ਦਰਗਾਹ ਵਿੱਚ ਪਹੁੰਚਣ ਦਾ ਮਾਰਗ ਹੈ।

# ਸੰਕਟ 'ਚ ਹਰ ਪੰਜਾਬੀ ਮੱਦਦ ਲਈ ਅੱਗੇ ਆਵੇ : ਪੁਨੀਤ ਸਾਹਨੀ



ਲੁਧਿਆਣਾ, 1 ਸਤੰਬਰ (ਵਿਸ਼ਾਲ ਸ਼ਰਮਾ) : ਆਮ ਆਦਮੀ ਪਾਰਟੀ ਲੁਧਿਆਣਾ ਸ਼ਹਿਰੀ ਦੇ ਮੀਡੀਆ ਇੰਚਾਰਜ ਪੁਨੀਤ ਸਾਹਨੀ ਨੇ ਕਿਹਾ ਕਿ ਪੰਜਾਬ ਵਿੱਚ ਇਸ ਸਮੇਂ ਜੋ ਹੜ੍ਹ ਆ ਰਿਹਾ ਹੈ, ਸ਼ਾਇਦ ਅਜਿਹਾ ਹੜ੍ਹ ਸਦੀਆਂ ਬਾਅਦ ਆਇਆ ਹੈ, ਪੰਜਾਬ ਦੇ 8 ਜ਼ਿਲ੍ਹੇ ਹੜ੍ਹਾਂ ਤੋਂ ਪੂਰੀ ਤਰ੍ਹਾਂ ਪ੍ਰਭਾਵਿਤ ਹਨ। ਹਿਮਾਚਲ, ਉਤਰਾਖੰਡ, ਜੰਮੂ-ਕਸ਼ਮੀਰ ਵਿੱਚ ਜੋ ਤਬਾਹੀ ਹੋ ਰਹੀ ਹੈ, ਉਸਦਾ ਅਸਰ ਪੰਜਾਬ 'ਤੇ ਵੀ ਪੈ ਰਿਹਾ ਹੈ। ਜਿਸ ਕਾਰਨ ਪਾਣੀ ਵੱਧ ਰਿਹਾ ਹੈ, ਉਨ੍ਹਾਂ ਦੀ ਸਾਰੇ ਪੰਜਾਬੀਆਂ ਨੂੰ ਬੇਨਤੀ ਹੈ ਕਿ ਸਾਨੂੰ ਆਪਣੇ ਹੜ੍ਹ ਪ੍ਰਭਾਵਿਤ ਭਰਾਵਾਂ ਅਤੇ ਭੈਣਾਂ ਨਾਲ ਖੜ੍ਹੇ ਹੋਣਾ ਚਾਹੀਦਾ ਹੈ ਅਤੇ ਉਨ੍ਹਾਂ ਦੀ ਵੱਧ ਤੋਂ ਵੱਧ ਮਦਦ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਮੇਰੀ ਅਪੀਲ ਹੈ ਕਿ ਲੰਗਰ ਦਾ ਪੈਸਾ ਬਚਾ ਕੇ, ਤਨ, ਮਨ ਅਤੇ ਧਨ ਨਾਲ ਹੜ੍ਹ ਪੀੜਤਾਂ ਦੀ ਮੱਦਦ ਕਰੋ, ਇਹੀ ਅਸਲ ਲੰਗਰ ਹੈ।

# ਵਰਧਮਾਨ ਸਟੀਲਜ਼ ਦਾ ਹੜ੍ਹ ਰਾਹਤ ਕਾਰਜਾਂ ਵਿੱਚ 10 ਲੱਖ ਦਾ ਯੋਗਦਾਨ



ਲੁਧਿਆਣਾ, 1 ਸਤੰਬਰ (ਵਿਸ਼ਾਲ ਸ਼ਰਮਾ) : ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਸੋਮਵਾਰ ਨੂੰ ਵਰਧਮਾਨ ਸਪੈਸ਼ਲ ਸਟੀਲਜ਼ ਲਿਮਟਿਡ (ਵੀਐਸਐਸਐਲ) ਨੂੰ ਖੇਤਰ ਵਿੱਚ ਹੜ੍ਹ ਰਾਹਤ ਪਹਿਲਕਦਮੀਆਂ ਲਈ 10 ਲੱਖ ਰੁਪਏ ਦੇ ਉਦਾਰ ਦਾਨ ਲਈ ਦਿਲੋਂ ਧੰਨਵਾਦ ਕੀਤਾ। ਵੀਐਸਐਸਐਲ ਦੇ ਪ੍ਰਤੀਨਿਧੀਆਂ ਨੇ ਡਿਪਟੀ ਕਮਿਸ਼ਨਰ ਜੈਨ ਨੂੰ 10 ਲੱਖ ਰੁਪਏ ਦਾ ਚੈੱਕ ਭੇਟ ਕੀਤਾ। ਡਿਪਟੀ ਕਮਿਸ਼ਨਰ ਨੇ ਧੰਨਵਾਦ ਪ੍ਰਗਟ ਕਰਦੇ ਹੋਏ ਕਿਹਾ ਕਿ ਪ੍ਰਸ਼ਾਸਨ ਵਰਧਮਾਨ ਸਪੈਸ਼ਲ ਸਟੀਲਜ਼ ਲਿਮਟਿਡ ਅਤੇ ਇਸਦੇ ਪ੍ਰਬੰਧਨ ਦਾ ਸਮੇਂ ਸਿਰ ਅਤੇ ਉਦਾਰ ਸਮਰਥਨ ਲਈ ਬਹੁਤ ਧੰਨਵਾਦੀ ਹੈ।

# ਐਨ.ਸੀ.ਸੀ. ਗਰੁੱਪ ਕਮਾਂਡਰ ਦਾ ਸੀ.ਟੀ. ਯੂਨੀਵਰਸਿਟੀ ਦਾ ਦੌਰਾ




ਲੁਧਿਆਣਾ, 1 ਸਤੰਬਰ (ਕਰਨੈਲ ਸਿੰਘ ਐੱਮ.ਏ.) : ਸੀ.ਟੀ. ਯੂਨੀਵਰਸਿਟੀ ਲਈ ਮਾਣ ਦੀ ਗੱਲ ਸੀ ਕਿ ਉਨ੍ਹਾਂ ਨੇ ਬ੍ਰਿਗੇਡੀਅਰ ਪੀ.ਐਸ. ਚੀਮਾ, ਸੇਨਾ ਮੈਡਲ, ਵਿਸ਼ਿਸ਼ਟ ਸੇਵਾ ਮੈਡਲ, ਗਰੁੱਪ ਕਮਾਂਡਰ, NCC ਗਰੁੱਪ ਹੈੱਡਕੁਆਰਟਰ ਲੁਧਿਆਣਾ ਦਾ ਸਵਾਗਤ ਕੀਤਾ। ਉਨ੍ਹਾਂ ਦੇ ਨਾਲ ਕਰਨਲ ਰੋਹਿਤ ਖੰਨਾ, ਸੇਨਾ ਮੈਡਲ, ਕਮਾਂਡਿੰਗ ਅਫਸਰ, 3 ਪੰਜਾਬ ਬਟਾਲੀਅਨ NCC ਲੁਧਿਆਣਾ ਅਤੇ ਸੂਬੇਦਾਰ ਮੇਜਰ ਕਰਨੈਲ ਸਿੰਘ ਵੀ ਮੌਜੂਦ ਸਨ। ਦੌਰੇ ਦੌਰਾਨ, ਬ੍ਰਿਗੇਡੀਅਰ ਚੀਮਾ ਨੇ NCC ਕੈਡਟਾਂ ਅਤੇ ਫੈਕਲਟੀ ਮੈਂਬਰਾਂ ਨਾਲ ਮੁਲਾਕਾਤ ਕੀਤੀ। ਉਨ੍ਹਾਂ ਨੇ ਇੱਕ ਪ੍ਰੇਰਨਾਦਾਇਕ ਸੈਸ਼ਨ ਵਿੱਚ ਅਨੁਸ਼ਾਸਨ, ਲੀਡਰਸ਼ਿਪ, ਦੇਸ਼ਭਗਤੀ ਅਤੇ ਸਮਰਪਣ ਵਰਗੇ ਮੁੱਲਾਂ ਬਾਰੇ ਗੱਲ ਕੀਤੀ। ਉਨ੍ਹਾਂ ਦੇ ਵਿਚਾਰਾਂ ਨੇ ਕੈਡਟਾਂ ਨੂੰ ਜ਼ਿੰਮੇਵਾਰੀ ਨਾਲ ਅੱਗੇ ਵਧਣ ਅਤੇ ਭਵਿੱਖ ਦੇ ਲੀਡਰ ਅਤੇ ਚੰਗੇ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ।

ਇਸ ਮੌਕੇ 'ਤੇ ਵਾਈਸ ਚੇਅਰਮੈਨ ਹਰਪ੍ਰੀਤ ਸਿੰਘ, ਰਜਿਸਟਰਾਰ ਸੰਜੈ ਖੰਡੂਰੀ ਅਤੇ ਡਾਇਰੈਕਟਰ DSW ਇੰਜੀ. ਦਵਿੰਦਰ ਸਿੰਘ ਨੇ ਮਹਿਮਾਨਾਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ। ਪੂਰਾ ਪ੍ਰੋਗਰਾਮ NCC ਇੰਚਾਰਜ ਤਰਨਜੀਤ ਸਿੰਘ ਅਤੇ ਸੰਦੀਪ ਕੌਰ ਵੱਲੋਂ ਬਹੁਤ ਹੀ ਸੁਚਾਰੂ ਤਰੀਕੇ ਨਾਲ ਆਯੋਜਿਤ ਕੀਤਾ ਗਿਆ। ਕੁੱਲ 140 NCC ਕੈਡਟਾਂ, ਜਿਨ੍ਹਾਂ ਵਿੱਚ ਨਵੇਂ ਪਹਿਲੇ ਸਾਲ ਦੇ ਵਿਦਿਆਰਥੀ ਵੀ ਸ਼ਾਮਲ ਸਨ, ਉਤਸ਼ਾਹ ਨਾਲ ਪ੍ਰੋਗਰਾਮ ਵਿੱਚ ਹਾਜ਼ਰ ਰਹੇ। ਉਨ੍ਹਾਂ ਦੀ ਸ਼ਮੂਲੀਅਤ ਨੇ ਦੇਸ਼-ਭਗਤੀ ਦੇ ਜਜ਼ਬੇ ਅਤੇ ਦੇਸ਼ ਦੀ ਸੇਵਾ ਕਰਨ ਦੀ ਲਗਨ ਨੂੰ ਦਰਸਾਇਆ।

ਇਸ ਮੌਕੇ 'ਤੇ ਬ੍ਰਿਗੇਡੀਅਰ ਪੀ.ਐਸ.ਚੀਮਾ ਨੇ ਕਿਹਾ : "ਮੈਂ ਸੀ.ਟੀ. ਯੂਨੀਵਰਸਿਟੀ ਦੇ ਕੈਡਟਾਂ ਦਾ ਉਤਸ਼ਾਹ ਅਤੇ ਅਨੁਸ਼ਾਸਨ ਵੇਖ ਕੇ ਬਹੁਤ ਖੁਸ਼ ਹਾਂ। NCC ਨਾ ਸਿਰਫ਼ ਲੀਡਰਸ਼ਿਪ ਸਿਖਾਉਂਦਾ ਹੈ ਬਲਕਿ ਕਿਰਦਾਰ, ਹਿੰਮਤ ਅਤੇ ਆਤਮ-ਵਿਸ਼ਵਾਸ ਵੀ ਨਿਰਮਾਣ ਕਰਦਾ ਹੈ। ਮੈਂ ਸਭ ਕੈਡਟਾਂ ਨੂੰ ਅਪੀਲ ਕਰਦਾ ਹਾਂ ਕਿ ਉਹ ਸਮਰਪਣ ਨਾਲ ਕੰਮ ਕਰਦੇ ਰਹਿਣ, ਕਿਉਂਕਿ ਉਹ ਸਾਡੇ ਦੇਸ਼ ਦੇ ਭਵਿੱਖ ਦੇ ਚਿਰਾਗ ਹਨ।

ਚਾਂਸਲਰ ਚਰਨਜੀਤ ਸਿੰਘ ਚੰਨੀ ਨੇ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ : "ਸਾਡੇ ਲਈ ਇਹ ਮਾਣ ਦੀ ਗੱਲ ਹੈ ਕਿ ਬ੍ਰਿਗੇਡੀਅਰ ਪੀ.ਐਸ. ਚੀਮਾ ਸਾਡੇ ਕੈਂਪਸ ਆਏ। ਉਨ੍ਹਾਂ ਦੇ ਪ੍ਰੇਰਨਾਦਾਇਕ ਵਿਚਾਰਾਂ ਨੇ ਸਾਡੇ ਕੈਡਟਾਂ 'ਤੇ ਡੂੰਘਾ ਅਸਰ ਛੱਡਿਆ ਹੈ। ਸੀ.ਟੀ. ਯੂਨੀਵਰਸਿਟੀ NCC ਦਾ ਹਮੇਸ਼ਾਂ ਸਹਿਯੋਗ ਕਰਦੀ ਰਹੇਗੀ ਅਤੇ ਵਿਦਿਆਰਥੀਆਂ ਦੇ ਅਨੁਸ਼ਾਸਨ, ਲੀਡਰਸ਼ਿਪ ਅਤੇ ਸਰਵਪੱਖੀ ਵਿਕਾਸ ਲਈ ਵਾਤਾਵਰਣ ਬਣਾਉਂਦੀ ਰਹੇਗੀ। ਬ੍ਰਿਗੇਡੀਅਰ ਪੀ.ਐਸ.ਚੀਮਾ ਦਾ ਇਹ ਦੌਰਾ ਪੂਰੇ ਸੀ.ਟੀ. ਯੂਨੀਵਰਸਿਟੀ ਪਰਿਵਾਰ ਲਈ ਮਾਣ ਅਤੇ ਪ੍ਰੇਰਣਾ ਦਾ ਪਲ ਸੀ। ਇਸ ਨੇ ਨਾ ਸਿਰਫ਼ ਕੈਡਟਾਂ ਨੂੰ ਉਤਸ਼ਾਹਿਤ ਕੀਤਾ ਬਲਕਿ ਇਹ ਵੀ ਦਰਸਾਇਆ ਕਿ NCC ਸਿਖਲਾਈ ਨੌਜਵਾਨਾਂ ਨੂੰ ਜ਼ਿੰਮੇਵਾਰ, ਅਨੁਸ਼ਾਸਿਤ ਅਤੇ ਦੇਸ਼-ਭਗਤੀ ਨਾਲ ਭਰਪੂਰ ਨਾਗਰਿਕ ਬਣਾਉਣ ਵਿੱਚ ਕਿੰਨੀ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ।

# ਭਾਰਤੀਆਂ ਦੀ ਵੱਧਦੀ ਗਿਣਤੀ ਵਿਰੁੱਧ ਆਸਟਰੇਲੀਆ 'ਚ ਪ੍ਰਦਰਸ਼ਨ, ਸਰਕਾਰ ਵੱਲੋਂ ਨਿੰਦਾ



ਕੈਨਬਰਾ, 1 ਸਤੰਬਰ (ਚ.ਨ.ਸ) : ਆਸਟਰੇਲੀਆ 'ਚ ਭਾਰਤੀਆਂ ਦੀ ਵਧਦੀ ਗਿਣਤੀ ਤੇ ਦਬਦਬੇ ਦੇ ਖ਼ਿਲਾਫ਼ ਕੁਝ ਸਮੂਹ ਮੁਹਿੰਮ ਚਲਾ ਰਹੇ ਹਨ। ਮਾਰਚ ਫਾਰ ਆਸਟਰੇਲੀਆ ਨੇ ਸਿਡਨੀ, ਮੈਲਬੌਰਨ, ਬ੍ਰਿਸਬੇਨ, ਕੈਨਬਰਾ, ਐਡੀਲੇਡ, ਪਰਥ, ਹੋਬਾਰਟ ਆਦਿ/ਥਾਵਾਂ 'ਤੇ ਰੈਲੀਆਂ ਕੀਤੀਆਂ। ਰੈਲੀਆਂ 'ਚ ਐਤਵਾਰ ਨੂੰ ਹਜ਼ਾਰਾਂ ਆਸਟਰੇਲਿਆਈ ਸ਼ਾਮਲ ਹੋਏ। ਆਸਟਰੇਲਿਆਈ ਸਰਕਾਰ ਨੇ ਇਨ੍ਹਾਂ ਮੁਹਿੰਮਾਂ ਦੀ ਨਿੰਦਾ ਕੀਤੀ ਤੇ ਕਿਹਾ ਕਿ ਉਹ ਫ਼ਰਤ ਫੈਲਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਸਰਕਾਰ ਨੇ ਕਿਹਾ ਕਿ ਨਸਲਵਾਦ ਤੇ ਜਾਤੀਵਾਦ 'ਤੇ ਆਧਾਰਿਤ ਇਸ ਅਤਿ-ਦੱਖਣਪੰਥੀ ਸਰਗਰਮੀ ਲਈ ਦੇਸ਼ 'ਚ ਕੋਈ ਥਾਂ ਨਹੀਂ ਹੈ। ਆਸਟਰੇਲਿਆਈ ਸਰਕਾਰ ਨੇ ਕਿਹਾ ਕਿ ਐਥਨੀ ਐਲਬਨੀਜ਼ ਸਰਕਾਰ ਹਫਤੇ ਦੇ ਅੰਤ 'ਚ ਹੋਣ ਵਾਲੀਆਂ ਰੈਲੀਆਂ ਦੇ ਖ਼ਿਲਾਫ਼ ਹੈ। ਸਾਰੇ ਆਸਟਰੇਲਿਆਈ, ਭਾਵੇਂ ਉਨ੍ਹਾਂ ਦੀ ਵਿਰਾਸਤ ਕੁਝ ਵੀ ਹੋਵੇ, ਸਾਡੇ ਭਾਈਚਾਰੇ ਸੁਰੱਖਿਅਤ ਤੇ ਸਵਾਗਤ ਮਹਿਸੂਸ ਕਰਨ ਦਾ ਅਧਿਕਾਰ ਰੱਖਦੇ ਹਨ। ਗ੍ਰਹਿ ਮੰਤਰੀ ਟੋਨੀ ਬਰਕ ਦੇ ਹਵਾਲੇ ਨਾਲ ਕਿਹਾ ਗਿਆ ਹੈ ਕਿ ਸਾਡੇ ਦੇਸ਼ 'ਚ ਅਜਿਹੇ ਲੋਕਾਂ ਲਈ ਕੋਈ ਥਾਂ ਨਹੀਂ ਹੈ, ਜੋ ਸਮਾਜ ਨੂੰ ਵੰਡਣਾ ਤੇ ਕਮਜ਼ੋਰ ਕਰਨਾ ਚਾਹੁੰਦੇ ਹਨ। ਬਹੁ-ਸੱਭਿਆਚਾਰਕ ਮਾਮਲਿਆਂ ਦੀ ਮੰਤਰੀ ਐਨੀ ਐਲੀ ਨੇ ਕਿਹਾ ਕਿ ਬਹੁ-ਸੱਭਿਆਚਾਰਕਵਾਦ ਸਾਡੀ ਰਾਸ਼ਟਰੀ ਪਛਾਣ ਦਾ ਇਕ ਅਨਿੱਖੜਵਾਂ ਤੇ ਕੀਮਤੀ ਹਿੱਸਾ ਹੈ। ਅਸੀਂ ਸਾਰੇ ਆਸਟਰੇਲਿਆਈ ਲੋਕਾਂ ਨਾਲ ਖੜ੍ਹੇ ਹਾਂ, ਭਾਵੇਂ ਉਹ ਕਿਤੇ ਵੀ ਪੈਦਾ ਹੋਏ ਹੋਣ।

# ਕੇਂਦਰ ਸਰਕਾਰ ਪੰਜਾਬ ਲਈ ਕਰੇ ਵਿਸ਼ੇਸ਼ ਰਾਹਤ ਪੈਕਜ ਜਾਰੀ: ਗਿਆਨੀ ਹਰਪ੍ਰੀਤ ਸਿੰਘ

## ☛ ਗਿਆਨੀ ਹਰਪ੍ਰੀਤ ਸਿੰਘ ਨੇ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਰਾਸ਼ਨ ਦੇ ਟਰੱਕ ਕੀਤੇ ਰਵਾਨਾ

ਫਤਹਿਗੜ੍ਹ ਸਾਹਿਬ, 1 ਸਤੰਬਰ (ਨਰਿੰਦਰ ਸਿੰਘ): ਨਵੇਂ ਬਣੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਕੁਦਰਤੀ ਹੜ੍ਹਾਂ ਦੀ ਮਾਰ ਝੱਲ ਰਹੇ ਲੋਕਾਂ ਤੇ ਸਰਕਾਰਾਂ ਨੂੰ ਸਿਆਸਤ ਨਾ ਕਰਕੇ ਮਦਦ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ।ਗਿਆਨੀ ਹਰਪ੍ਰੀਤ ਸਿੰਘ ਫਤਹਿਗੜ੍ਹ ਸਾਹਿਬ ਵਿਖੇ ਨਵੇਂ ਬਣੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਅਮਰਿੰਦਰ ਸਿੰਘ ਲਿਬੜਾ ਦੇ ਉੱਦਮ ਸਦਕਾ ਫਤਹਿਗੜ੍ਹ ਸਾਹਿਬ ਤੋਂ ਹੜ੍ਹ ਪੀੜਤਾਂ ਲਈ ਰਾਹਤ ਸਮੱਗਰੀ ਦੇ ਟਰੱਕ ਰਵਾਨਾ ਕਰਨ ਲਈ ਪਹੁੰਚੇ ਸਨ।ਗਿਆਨੀ ਹਰਪ੍ਰੀਤ ਸਿੰਘ ਨੇ ਹੜ੍ਹਾਂ ਦੇ ਜਿੰਮੇਵਾਰ ਸਰਕਾਰਾਂ ਨੂੰ ਠਹਿਰਾਉਂਦਿਆਂ ਕਿਹਾ ਕਿ ਇਹ ਸਰਕਾਰਾਂ ਪਹਿਲਾਂ ਦੂਸਰੇ ਰਾਜਾਂ ਨੂੰ ਪਾਣੀ ਦੇਣ ਲਈ ਪਾਣੀ ਦੀ ਮਾਤਰਾ ਲਗਾਤਾਰ ਜਮਾ ਕਰਕੇ ਰੱਖਦੇ ਹਨ ਤੇ ਜਦੋਂ ਪਹਾੜਾਂ ਵਿੱਚਕੁਦਰਤੀ ਬਾਰਿਸ਼ ਵੱਧਦੀ ਜਾਂਦੀ ਹੈ



ਤਾਂ ਇਨ੍ਹਾਂ ਨੂੰ ਇਹ ਪਾਣੀ ਛੱਡਣਾ ਪੈਂਦਾ ਹੈ, ਜਿਸ ਨਾਲ ਲੋਕਾਂ ਨੂੰ ਕਾਫੀ ਆਰਥਿਕ ਤੌਰ 'ਤੇ ਨੁਕਸਾਨ ਝੱਲਣਾ ਪੈਂਦਾ ਹੈ।ਉਨ੍ਹਾਂ ਕਿਹਾ ਕਿ ਬੀਬੀਐਮਬੀ ਤੇ ਕੇਂਦਰੀ ਫੋਰਸਾਂ ਤੈਨਾਤ ਕਰਕੇ ਕੇਂਦਰ ਸਰਕਾਰ ਭਾਖੜਾ ਡੈਮ ਦਾ ਕੰਟਰੋਲ ਸਿੱਧਾ ਆਪਣੇ ਹੱਥਾਂ ਵਿੱਚ ਲੈਣਾ ਚਾਹੁੰਦੀ ਹੈ, ਜੋ ਪੰਜਾਬ ਦੇ ਅਧਿਕਾਰਾਂ 'ਤੇ ਵੱਡਾ ਹਮਲਾ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਹੜ੍ਹਾਂ ਨਾਲ ਨੁਕਸਾਨੇ ਗਏ ਪੰਜਾਬ ਦੇ ਲੋਕਾਂ ਲਈ ਅਜੇ ਤੱਕ ਕੇਂਦਰ ਸਰਕਾਰ ਵੱਲੋਂ ਕੋਈ ਆਰਥਿਕ ਰਾਹਤ ਪੈਕਜ ਨਾ ਮੰਗੇ ਜਾਣ ਦੀ ਨਿਖੇਧੀ ਕਰਦਿਆਂ ਕਿਹਾ ਕਿ ਇੱਕ ਹੈਲੀਕਾਪਟਰ ਲੋਕਾਂ ਦੀ ਸਹਾਇਤਾ ਲਈ ਛੱਡ ਕੇ ਆਉਣਾ ਕਿਸੇ ਕੰਮ ਦਾ ਨਹੀਂ ਜਦੋਂ ਕਿ ਉੱਥੇ ਵੱਡੀ ਗਿਣਤੀ ਵਿੱਚ ਰਾਹਤਾਂ ਪ੍ਰਦਾਨ ਕਰਨ ਲਈ ਕਿਸ਼ਤੀਆਂ ਦੀ ਲੋੜ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਕੇਂਦਰ ਸਰਕਾਰ ਨੂੰ ਵੀ ਪੰਜਾਬ ਦੇ ਲੋਕਾਂ ਦੀ ਬਾਂਹ ਫੜਨ ਲਈ ਮਦਦ ਕਰਕੇ ਅੱਗੇ ਆਉਣਾ ਚਾਹੀਦਾ ਹੈ। ਇਸ ਮੌਕੇ 'ਤੇ ਹਲਕਾ ਫਤਹਿਗੜ੍ਹ ਸਾਹਿਬ ਤੋਂ ਅਕਾਲੀ ਆਗੂ ਅਮਰਿੰਦਰ ਸਿੰਘ ਲਿਬੜਾ ਦੀ ਅਗਵਾਈ ਵਿੱਚ ਪੰਜ ਟਰੱਕ ਰਾਹਤ ਸਮੱਗਰੀ, ਜਿਸ ਵਿੱਚ ਪਸ਼ੂਆਂ ਦਾ ਚਾਰਾ, ਆਟਾ, ਦਾਲ ਪਾਣੀ ਦੀਆਂ ਬੋਤਲਾਂ ਸਮੇਤ ਹੋਰ ਖਾਣ ਵਾਲੀ ਸਮਗਰੀ ਹੜ੍ਹ ਵਾਲੇ ਪ੍ਰਭਾਵਿਤ ਏਰੀਏ ਵਿੱਚ ਭੇਜੀ ਜਾ ਰਹੀ ਹੈ ਤੇ ਪੂਰੇ ਪੰਜਾਬ ਭਰ ਦੇ ਵਿੱਚੋਂ ਹੜ੍ਹ ਪ੍ਰਭਾਵਿਤ ਲੋਕਾਂ ਦੀ ਸਹਾਇਤਾ ਲਈ ਰਾਹਤ ਸਮੱਗਰੀ ਭੇਜੀ ਜਾਵੇਗੀ। ਹਲਕਾ ਫਤਹਿਗੜ੍ਹ ਸਾਹਿਬ ਤੋਂ ਸੀਨੀਅਰ ਅਕਾਲੀ ਆਗੂ ਅਮਰਇੰਦਰ ਸਿੰਘ ਲਿਬੜਾ ਨੇ ਦੱਸਿਆ ਕਿ ਫਤਹਿਗੜ੍ਹ ਸਾਹਿਬ ਤੋਂ ਹੜ੍ਹ ਪ੍ਰਭਾਵਿਤ ਲੋਕਾਂ ਦੀ ਸਹਾਇਤਾ ਲਈ 15 ਕੁਇੰਟਲ ਚਾਰਾ (ਅਚਾਰ), 1200 ਪੇਟੀ ਪੀਣ ਵਾਲਾ ਪਾਣੀ, 80 ਕੁਇੰਟਲ ਆਟਾ, 20 ਕੁਇੰਟਲ ਦਾਲਾਂ, 500 ਲਿਟਰ ਸਰੋਂ ਦਾ ਤੇਲ10 ਕੁਇੰਟਲ ਚੌਲ 1000 ਪੈਕਟ ਰਸ ਤੇ ਬਿਸਕੁਟਤੋਂ ਇਲਾਵਾ ਸਾਬਣ ਸਰਫ ਤੇ ਹੋਰ ਜ਼ਰੂਰੀ ਸਮਾਨ ਸ਼ਾਮਲ ਹੈ। ਇਸ ਮੌਕੇ ਸੁਰਜੀਤ ਸਿੰਘ ਰੱਖੜਾ ਸਾਬਕਾ ਮੰਤਰੀ, ਸਾਬਕਾ ਮੈਂਬਰ ਪਾਰਲੀਮੈਂਟ ਬੀਬੀ ਪਰਮਜੀਤ ਕੌਰ ਗੁਲਸ਼ਨ, ਕਰਨੈਲ ਸਿੰਘ ਪੰਜੋਲੀ, ਜਸਟਿਸ ਨਿਰਮਲ ਸਿੰਘ ਸਾਬਕਾ ਐਮਐਮਏ, ਰਣਬੀਰ ਸਿੰਘ ਪੂਨੀਆ, ਲਖਵੀਰ ਸਿੰਘ ਥਾਬਲਾਂ, ਰਣਧੀਰ ਸਿੰਘ ਰੱਖੜਾ, ਜੱਸਾ ਸਿੰਘ ਆਹਲੂਵਾਲੀਆ, ਬਲਤੇਜ ਸਿੰਘ, ਦਰਬਾਰਾ ਸਿੰਘ ਰੰਧਾਵਾ, ਪ੍ਰੀਤਮ ਸਿੰਘ ਨਾਗਰਾ, ਸਵਰਨ ਸਿੰਘ ਬਾਠ, ਬਲਵਿੰਦਰ ਸਿੰਘ ਸੋਹੀ, ਹਰਵਿੰਦਰ ਸਿੰਘ ਬੱਬਲ, ਸੁਰਿੰਦਰ ਸਿੰਘ ਸੁਹਾਗਹੇੜੀ, ਜਸਪਾਲ ਸਿੰਘ ਦਾਦੂਮਾਜਰਾ, ਗੁਰਧਰਮ ਸਿੰਘ, ਗੁਰਦੇਵ ਸਿੰਘ ਹੈਪੀ ਭਮਾਰਸੀ, ਰਾਜਿੰਦਰ ਸਿੰਘ ਖਰੋੜ, ਕਰਮਜੀਤ ਸਿੰਘ ਢਿੱਲੋਂ, ਸੁਰਜੀਤ ਸਿੰਘ ਸੀਤੀ, ਜੈ ਸਿੰਘ ਸਰਹਿੰਦ, ਸਿਕੰਦਰ ਸਿੰਘ ਮੰਡੋਫਲ ਹਾਜ਼ਰ ਸਨ।

# ਹਰਿਆਣਾ ਸਰਕਾਰ ਸਟੇਅ ਨੂੰ ਵਾਪਸ ਲਵੇ ਤਾਂ ਘੱਗਰ ਕਦੇ ਹੜ੍ਹ ਦਾ ਰੂਪ ਧਾਰਨ ਨਹੀਂ ਕਰੇਗਾ

## ☛ ਪੰਜਾਬ ਸਰਕਾਰ ਪੈਸੇ ਖ਼ਰਚ ਕੇ ਘੱਗਰ ਦਾ ਪੱਕਾ ਹੱਲ ਕਰਨ ਲਈ ਤਿਆਰ: ਵਿੱਤ ਮੰਤਰੀ ਚੀਮਾ

ਦਿੜ੍ਹਬਾ, 1 ਸਤੰਬਰ (ਚ.ਨ.ਸ): ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਘੱਗਰ ਦਾ ਪਾਣੀ ਪੰਜਾਬ ਦੇ ਖੇਤਾਂ ਦੇ ਅੰਦਰ ਭਾਰੀ ਮਾਰ ਕਰ ਰਿਹਾ ਹੈ। ਇਸ ਦੇ ਪੱਕੇ ਹੱਲ ਲਈ ਪੰਜਾਬ ਸਰਕਾਰ ਪੈਸੇ ਖਰਚ ਕਰਨ ਲਈ ਵੀ ਤਿਆਰ ਹੈ। ਉਹ ਖਨੌਰੀ ਵਿਖੇ ਘੱਗਰ ਦੇ ਚੜ੍ਹ ਰਹੇ ਪਾਣੀ ਦਾ ਜਾਇਜ਼ਾ ਲੈਣ ਲਈ ਜ਼ਿਲ੍ਹਾ ਪ੍ਰਸ਼ਾਸਨ ਨਾਲ ਪਹੁੰਚੇ ਸਨ। ਚੀਮਾ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਘੱਗਰ ਦਾ ਪਾਣੀ ਜਦੋਂ ਹਰਿਆਣੇ ਵਿਚ ਦਾਖਲ ਹੁੰਦਾ ਹੈ, ਤਾਂ ਉਸ ਸਮੇਂ ਇਕ ਮੋੜ ਆਉਂਦਾ ਹੈ ਜੋ ਕਿ ਬਹੁਤ ਤੰਗ ਹੈ। ਉਸ ਜਗ੍ਹਾ ਉੱਤੇ ਜਾ ਕੇ ਘੱਗਰ ਦਾ ਪਾਣੀ ਇਕੱਠਾ ਹੋ ਜਾਂਦਾ ਹੈ ਅਤੇ ਉਸ ਦਾ ਪੱਧਰ ਉੱਪਰ ਚੜਨਾ ਸ਼ੁਰੂ ਹੋ ਜਾਂਦਾ ਹੈ, ਜਿਸ ਕਾਰਨ ਪਾਣੀ ਵਿਰਾਟ ਰੂਪ ਧਾਰਨ ਕਰਦਾ ਹੋਇਆ ਆਪਣੇ ਕੰਢੇ ਛੱਡ ਕੇ ਸ਼ਹਿਰ ਅਤੇ ਖੇਤਾਂ ਵੱਲ ਆ ਜਾਂਦਾ ਹੈ। ਉਸ ਜਗ੍ਹਾ ਉੱਤੇ ਘੱਗਰ ਨੂੰ ਚੌੜਾ ਕਰਨ ਲਈ ਪੰਜਾਬ ਸਰਕਾਰ ਨੇ ਪੈਸੇ ਖਰਚ ਕਰਨ ਲਈ ਵੀ ਬਜਟ ਬਣਾਇਆ ਹੋਇਆ ਪਰ ਹਰਿਆਣਾ ਸਰਕਾਰ ਨੇ ਉਸ ਨੂੰ ਚੌੜਾ ਕਰਨ ਤੋਂ ਰੋਕਣ ਲਈ ਕੋਰਟ ਵੱਲੋਂ ਸਟੇਅ ਲਈ ਹੋਈ ਹੈ। ਹਰਿਆਣਾ ਸਰਕਾਰ ਵੱਲੋਂ ਲਈ ਗਈ ਸਟੇਅ ਦੇ ਕਾਰਨ ਪੰਜਾਬ ਦੇ ਬਹੁਤ ਸਾਰੇ ਪਿੰਡਾਂ ਦਾ ਹਰ ਸਾਲ ਨੁਕਸਾਨ ਹੁੰਦਾ ਹੈ, ਜਿਸ ਨਾਲ ਫ਼ਸਲਾਂ ਵੀ ਨੁਕਸਾਨੀਆਂ ਜਾਂਦੀਆਂ ਹਨ। ਉਨ੍ਹਾਂ ਕੇਂਦਰ ਦੀ ਜਨਤਾ ਪਾਰਟੀ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਉਹ ਹਰਿਆਣਾ ਸਰਕਾਰ ਨੂੰ ਆਦੇਸ਼ ਦੇਵੇ ਕਿ ਉਹ ਸਟੇ ਵਾਪਸ ਲਵੇ, ਜਿਸ ਨਾਲ ਪੰਜਾਬ ਦੇ ਲੋਕਾਂ ਦਾ ਹਰ ਸਾਲ ਹੁੰਦਾ ਨੁਕਸਾਨ ਬਚਾਇਆ ਜਾ ਸਕਦਾ ਹੈ। ਪੰਜਾਬ ਸਰਕਾਰ ਉਸ ਜਗਹਾ ਉੱਤੇ ਤੰਗ ਘੱਗਰ ਨੂੰ ਚੌੜਾ ਕਰਨ ਲਈ ਪੈਸੇ ਖਰਚ ਕਰਨ ਲਈ ਵੀ ਤਿਆਰ ਹੈ। ਪੰਜਾਬ ਤੋਂ ਪਾਣੀ ਲੈਣ ਦਾ ਵਾਸਤਾ ਦੇਣ ਵਾਲੀ ਹਰਿਆਣਾ ਸਰਕਾਰ ਨੂੰ ਬੇਨਤੀ ਹੈ ਕਿ ਪੰਜਾਬ ਨੂੰ ਪਾਣੀ ਦੀ ਮਾਰ ਤੋਂ ਬਚਾਉਣ ਲਈ ਲੋਕ ਹਿੱਤਾਂ ਨੂੰ ਮੁੱਖ ਰੱਖਦੇ ਹੋਏ ਇਹ ਸਟੇਅ ਵਾਪਸ ਲਵੇ।

# ਟਿਊਮਰ ਨੂੰ ਵਧਣ ਤੋਂ ਰੋਕ ਸਕਦੀ ਹੈ ਹਾਈ ਕੋਲੈਸਟਰੋਲ ਦੀ ਦਵਾਈ

ਨਵੀਂ ਦਿੱਲੀ, 1 ਸਤੰਬਰ (ਚ.ਨ.ਸ) : ਹਾਈ ਕੋਲੈਸਟਰੋਲ ਦੇ ਇਲਾਜ 'ਚ ਵਰਤੀ ਜਾਣ ਵਾਲੀ/ਦਵਾਈ ਸਟੈਟਿਨ ਕੋਲੋਰੈਕਟਲ ਟਿਊਮਰ ਦੇ ਵਿਕਾਸ ਨੂੰ ਹੌਲੀ ਕਰਨ 'ਚ ਮਦਦਗਾਰ ਸਾਬਿਤ ਹੋ ਸਕਦੀ ਹੈ। ਖੋਜੀਆਂ ਨੇ ਕੈਂਸਰ ਦੇ ਇਲਾਜ ਲਈ ਇਸ ਦਵਾਈ ਦੀ ਵਰਤੋਂ ਦੀ ਸੰਭਾਵਨਾ 'ਤੇ ਵਿਚਾਰ ਕਰਨ ਦੀ ਸਲਾਹ ਦਿੱਤੀ ਹੈ। ਹਾਲਾਂਕਿ, ਉਨ੍ਹਾਂ ਦਾ ਕਹਿਣਾ ਹੈ ਕਿ ਸਟੈਟਿਨ ਨੂੰ ਪੱਕਾ ਕੈਂਸਰ ਦੇ ਇਲਾਜ ਦਾ ਹਿੱਸਾ ਬਣਾਉਣ ਤੋਂ ਪਹਿਲਾਂ ਕੁਝ ਹੋਰ ਪ੍ਰੀਖਣਾਂ ਦੀ ਲੋੜ ਪੈ ਸਕਦੀ ਹੈ। ਅਧਿਐਨ ਦੇ ਸੀਨੀਅਰ ਲੇਖਕ ਸੰਜੀਵ ਗਲਾਂਡੇ ਨੇ ਕਿਹਾ ਕਿ ਸਟੈਟਿਨ ਕੋਲੈਸਟਰੋਲ ਨੂੰ ਘੱਟ ਕਰਨ ਲਈ ਜਾਣੇ ਜਾਂਦੇ ਹਨ ਤੇ ਕੋਲੈਸਟਰੋਲ ਮੈਟਾਬੋਲਿਜ਼ਮ ਕੋਲੋਰੈਕਟਲ ਕੈਂਸਰ 'ਚ ਸ਼ਾਮਲ ਹੈ। ਹਾਲਾਂਕਿ ਕੁਝ ਕੈਂਸਰਾਂ ਨੇ ਸਟੈਟਿਨ ਦੀ ਵਰਤੋਂ ਕਾਰਨ ਹੌਲੀ ਹੋਣ ਦੇ ਸੰਕੇਤ ਦਿੱਤੇ ਹਨ। ਟੀਮ ਨੇ ਸੈੱਲ ਕਲਚਰ ਤੇ ਚੂਹਿਆਂ ਦੀ ਵਰਤੋਂ ਰਾਹੀਂ ਦਿਖਾਇਆ ਕਿ ਸਟੈਟਿਨ ਕਿਵੇਂ ਕੈਂਸਰ ਦੇ ਵਿਕਾਸ ਨੂੰ ਕੁਝ ਪੱਧਰ ਤੱਕ ਰੋਕ ਸਕਦੀ ਹੈ। ਇਹ ਸਿੱਟੇ ਜਰਨਲ ਓਨਕੋਟਾਰਗੇਟ'ਚ ਪ੍ਰਕਾਸ਼ਿਤ ਹੋਏ ਹਨ। ਲੈਬ 'ਚ ਵਿਕਸਤ ਕੋਲੋਰੈਕਟਲ ਕੈਂਸਰ ਸੈੱਲਾਂ ਦੀ ਸਟੈਟਿਨ ਨਾਲ ਇਲਾਜ 'ਚ ਵਰਤੋਂ ਕੀਤੀ ਗਈ ਤੇ ਪਾਇਆ ਗਿਆ ਕਿ ਉਨ੍ਹਾਂ 'ਚ ਟਿਊਮਰ ਨੂੰ ਦਬਾਉਣ ਵਾਲਾ ਵਿਹਾਰ ਮੌਜੂਦ ਸੀ। ਸਿੱਟੇ ਸੰਕੇਤ ਦਿੰਦੇ ਹਨ ਕਿ ਸਟੈਟਿਨ ਕੋਲੋਰੈਕਟਲ ਕੈਂਸਰ ਸੈਲਾਂ ਤੇ ਚੂਹਿਆਂ ਦੋਵਾਂ 'ਚ ਟਿਊਮਰ ਦੇ ਵਿਕਾਸ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਕੰਮ ਕਰਦੇ ਹਨ। ਵਿਸ਼ੇਸ਼ ਤੌਰ 'ਤੇ ਸਟੈਟਿਨ ਪ੍ਰੋਟੀਨ ਐਸਏਟੀਬੀ1, ਜੋ ਟਿਊਮਰ ਦੇ ਵਿਕਾਸ ਨੂੰ ਹੱਲਾਸ਼ੇਰੀ ਦਿੰਦਾ ਹੈ, ਦੀ ਕਿਰਿਆ ਨੂੰ ਘੱਟ ਕਰਦੇ ਹਨ ਤੇ ਐਸਏਟੀਬੀਟ, ਜੋ ਟਿਊਮਰ ਦੇ ਵਿਕਾਸ ਨੂੰ ਦਬਾਉਂਦਾ ਹੈ, ਦੀ ਕਿਰਿਆ ਨੂੰ ਵਧਾਉਂਦੇ ਹਨ। ਦੋਵੇਂ ਪ੍ਰੋਟੀਨ ਜੀਨ ਵਿਹਾਰ ਨੂੰ ਕੰਟਰੋਲ ਕਰ ਕੇ ਕੰਮ ਕਰਦੇ ਹਨ। ਸੰਜੀਵ ਨੇ ਦੱਸਿਆ ਕਿ ਜੀਨ ਸਰਗਰਮੀ 'ਚ ਤਬਦੀਲੀ ਨੇ ਲੈਬ ਦੇ ਮਾਡਲਾਂ 'ਚ ਕੈਂਸਰ ਸੈੱਲਾਂ ਦੇ ਵਾਧੇ ਨੂੰ ਰੋਕ ਦਿੱਤਾ, ਜੋ ਟਿਊਮਰ ਦੇ ਕਾਫੀ ਨੇੜੇ ਸਨ। ਕੁੱਲ ਮਿਲਾ ਕੇ ਸਾਡੇ ਸਿੱਟੇ ਦੱਸਦੇ ਹਨ ਕਿ ਸਟੈਟਿਨ ਕੋਲੋਰੈਕਟਲ ਕੈਂਸਰ ਦੇ ਸੰਭਾਵੀ ਇਲਾਜ ਦੇ ਤੌਰ 'ਤੇ ਆਸ਼ਾਵਾਦੀ ਹਨ।




# ਮਾਧੋਪੁਰ ਰੇਲਵੇ ਅੰਡਰ ਬ੍ਰਿਜ 'ਚ ਭਰਿਆ ਪਾਣੀ, ਲੋਕ ਔਖੇ

ਫਤਹਿਗੜ੍ਹ ਸਾਹਿਬ, 1 ਸਤੰਬਰ (ਹਰਪ੍ਰੀਤ ਕੌਰ ਟਿਵਾਣਾ): ਮਾਧੋਪੁਰ ਰੇਲਵੇ ਅੰਡਰ ਬ੍ਰਿਜ/ਪਾਣੀ ਭਰ ਜਾਣ ਕਾਰਨ ਰਾਹਗੀਰਾਂ ਨੂੰ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪਿਆ। ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਧਾਨ ਸ਼ਿੰਗਾਰਾ ਸਿੰਘ ਬਡਲਾ, ਧਰਮ ਸਿੰਘ/ ਕਲੌੜ, ਕੁਲਦੀਪ ਸਿੰਘ ਦੁਭਾਲੀ ਨੇ ਕਿਹਾ ਕਿ ਇਹ ਰੇਲਵੇ ਅੰਡਰ ਬ੍ਰਿਜ ਲਗਭਗ ਪੰਜ ਸਾਲਾਂ 'ਚ ਮੁਕੰਮਲ ਹੋਇਆ ਹੈ ਫਿਰ ਵੀ ਇਸ ਵਿਚ ਊਣਤਾਈਆਂ ਰਹਿ ਗਈਆਂ, ਜਿਸ ਕਾਰਨ ਬਰਸਾਤ ਦੇ ਮੌਸਮ ਵਿਚ ਰੇਲਵੇ ਅੰਡਰ ਬ੍ਰਿਜ ਵਿਚ ਪਾਣੀ ਜਮ੍ਹਾਂ ਹੋ ਜਾਂਦਾ ਹੈ, ਜਿਸ ਕਾਰਨ ਰਾਹਗੀਰਾਂ ਨੂੰ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਰੇਲਵੇ ਅੰਡਰ ਬ੍ਰਿਜ ਵਿਚ ਪਾਣੀ ਖੜ੍ਹਾ ਹੋਣ ਕਾਰਨ ਵਾਹਨ ਵੀ ਨੁਕਸਾਨੇ ਜਾਂਦੇ ਹਨ। ਅੱਜ ਵੀ ਮੀਂਹ ਦੌਰਾਨ ਕਈ ਵਾਹਨ ਖ਼ਰਾਬ ਹੋ ਗਏ। ਇਲਾਕਾ ਨਿਵਾਸੀਆਂ ਨੇ ਪ੍ਰਸ਼ਾਸਨ ਅਤੇ ਸਬੰਧਤ ਮਹਿਕਮੇ ਤੋਂ ਮੰਗ ਕੀਤੀ ਹੈ। ਇਸ ਮਸਲੇ ਦਾ ਤੁਰੰਤ ਹੱਲ ਕੀਤਾ ਜਾਵੇ।



# ਵਿਧਾਇਕ ਦਹੀਯਾ ਵੱਲੋਂ ਹੜ੍ਹ ਪ੍ਰਭਾਵਿਤ ਪਿੰਡਾਂ ਦਾ ਦੌਰਾ

## ☛ ਪ੍ਰਭਾਵਿਤ ਪਿੰਡਾਂ 'ਚ ਪਸ਼ੂਆਂ ਦਾ ਚਾਰਾ, ਤੂੜੀ, ਫੀਡ ਦੀ ਕੀਤੀ ਵੰਡ



ਫਿਰੋਜ਼ਪੁਰ, 1 ਸਤੰਬਰ (ਤਿਵਾੜੀ): ਸਤਲੁਜ ਦਰਿਆ ਵਿੱਚ ਆਏ ਹੜ੍ਹ ਕਾਰਨ ਜ਼ਿਲ੍ਹੇ ਵਿੱਚ ਬਣੀ ਇਸ ਸੰਕਟ ਦੀ ਘੜੀ ਵਿੱਚ ਪੰਜਾਬ ਸਰਕਾਰ ਆਪਣੇ ਲੋਕਾਂ ਨਾਲ ਖੜੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਵਿਧਾਇਕ ਫਿਰੋਜ਼ਪੁਰ ਦਿਹਾਤੀ ਰਜਨੀਸ਼ ਦਹੀਯਾ ਨੇ ਦਿਹਾਤੀ ਹਲਕੇ ਦੇ ਪਿੰਡ ਰੁਹੇਲਾ ਹਾਜੀ, ਚੱਕ ਭੰਗੇ ਕੇ, ਮਬੋ ਕੇ ਤੇ ਭੰਬਾ ਹਾਜੀ ਆਦਿ ਵਿਖੇ ਦੌਰਾ ਕਰਕੇ ਸਥਿੱਤੀ ਦਾ ਜਾਇਜ਼ਾ ਲੈਣ ਮੌਕੇ ਕੀਤਾ। ਇਸ ਮੌਕੇ ਉਨਾਂ ਵੱਲੋਂ ਇਨ੍ਹਾਂ ਪ੍ਰਭਾਵਿਤ ਪਿੰਡਾਂ ਵਿੱਚ ਪਸ਼ੂਆਂ ਲਈ ਚਾਰਾ, ਤੂੜੀ, ਫੀਡ ਤੇ ਆਚਾਰ ਆਦਿ ਦੀ ਵੰਡ ਵੀ ਕੀਤੀ ਗਈ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਹੜ੍ਹ ਪ੍ਰਭਾਵਿਤ ਪਿੰਡਾਂ ਦੇ ਲੋਕਾਂ ਲਈ ਰਾਸ਼ਨ ਤੇ ਹੋਰ ਰਾਹਤ ਸਮੱਗਰੀ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਇਸ ਮੌਕੇ ਉਨ੍ਹਾਂ ਪਿੰਡਾਂ ਦੇ ਲੋਕਾਂ ਨਾਲ ਗੱਲਬਾਤ ਕੀਤੀ ਤੇ ਕਿਹਾ ਕਿ ਉਹ ਇਸ ਸੰਕਟ ਦੀ ਘੜੀ ਵਿੱਚ ਸਹਾਇਤਾ ਲਈ ਕਿਸੇ ਵੀ ਸਮੇਂ ਉਨ੍ਹਾਂ ਨਾਲ ਸੰਪਰਕ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਉਹ ਆਪਣੀ ਟੀਮ ਨਾਲ ਦਿਨ ਰਾਤ ਆਪਣੇ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ।

# ਵਿਸ਼ੇਸ਼ਸਕੱਤਰਸਿਹਤਘਨਸ਼ਿਆਮਥੋਰੀਵੱਲੋਂਫ਼ਿਰੋਜ਼ਪੁਰਦਾਦੌਰਾ, ਹੜ੍ਹ ਪ੍ਰਭਾਵਿਤ ਖੇਤਰਾਂ 'ਚ ਮੈਡੀਕਲ ਸੇਵਾਵਾਂ ਦੀ ਕੀਤੀ ਸਮੀਖਿਆ

ਫ਼ਿਰੋਜ਼ਪੁਰ, 1 ਸਤੰਬਰ (ਤਿਵਾੜੀ):ਪੰਜਾਬ ਸਰਕਾਰ ਦੇ ਵਿਸ਼ੇਸ਼ ਸੱਕਤਰ ਸਿਹਤ-ਕਮ-ਮੈਨੇਜਿੰਗ ਡਾਇਰੈਕਟਰ ਨੈਸ਼ਨਲ ਹੈਲਥ ਮਿਸ਼ਨ ਘਨਸ਼ਿਆਮ ਥੋਰੀਵੱਲੋਂਅੱਜਫ਼ਿਰੋਜ਼ਪੁਰ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਮੈਡੀਕਲ ਸੇਵਾਵਾਂ ਦੀ ਸਮੀਖਿਆ ਦੇ ਮੰਤਵ ਨਾਲ ਦੌਰਾ ਕੀਤਾ ਗਿਆ। ਵਸ਼ੇਸ਼ ਸਕੱਤਰਘਨਸ਼ਿਆਮਥੋਰੀਨੇਹੜ੍ਹ ਪ੍ਰਭਾਵਿਤਾਂ ਲਈ ਪਿੰਡਜੱਲੋਕੇਵਿਖੇ ਲੱਗੇ ਮੈਡੀਕਲ ਕੈਂਪ 'ਚ ਕੀਤੇ ਗਏ ਪ੍ਰਬੰਧਾਂ'ਤੇਸੰਤੁਸ਼ਟੀਪ੍ਰਗਟਾਉਂਦਿਆਂਸਿਹਤ [illegible] ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਫ਼ਿਰੋਜ਼ਪੁਰ ਵੱਲੋਂ ਹੜ੍ਹ ਪ੍ਰਭਾਵਿਤਾਂ ਨੂੰ ਪਹਿਲਾਂ ਹੀ ਦਵਾਈਆਂ, ਕਲੋਰੀਨ ਤੇ ਓ.ਆਰ.ਐਸ. ਆਦਿ ਮੁਹੱਈਆ ਕਰਵਾ ਦਿੱਤਾ ਗਿਆ ਹੈ, ਪਰੰਤੂ ਉਨ੍ਹਾਂ ਵੱਲੋਂ ਵਿਭਾਗ ਨੂੰ ਇਕ ਵਾਰ ਹੋਰ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਮੋਬਾਈਲ ਮੈਡੀਕਲ ਟੀਮ ਰਾਹੀਂ ਪਹੁੰਚ ਕਰਕੇ ਸਿਹਤ ਜਾਂਚ ਤੇ ਜ਼ਰੂਰੀ ਦਵਾਈਆਂ ਮੁਹੱਈਆ ਕਰਵਾਉਣ ਬਾਰੇ ਨਿਰਦੇਸ਼ ਦਿੱਤੇ ਗਏ ਹਨ ਤਾਂ ਜੋ ਕੋਈ ਵੀ ਲੋੜਵੰਦ ਜ਼ਰੂਰੀ ਦਵਾਈਆਂ ਤੋਂ ਵਾਂਝਾ ਨਾ ਰਹਿ ਜਾਵੇ। ਉਨ੍ਹਾਂ ਕਿਹਾ ਕਿ ਗਰਭਵਤੀ ਇਸਤ੍ਰੀਆਂ ਦੀ ਸੁਰੱਖਿਤ ਜਣੇਪੇ ਵੱਲ ਵੀ ਵਿਭਾਗ ਵੱਲੋਂ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਤੇ ਸਿਹਤ ਵਿਭਾਗ ਪੂਰੀ ਤਰ੍ਹਾਂ ਮੁਸਤੈਦ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਜ਼ਿਲ੍ਹੇ ਵਿੱਚ ਹੜ੍ਹ ਪੀੜਤਾਂ ਲਈ ਦਵਾਈਆਂ ਤੇ ਹੋਰ ਸਿਹਤ ਸਹੂਲਤਾਂ ਵਾਸਤੇ ਫੰਡ ਜਾਰੀ ਕਰ ਦਿੱਤੇ ਗਏ ਹਨ। ਇਸ ਸੰਕਟ ਦੀ ਘੜੀ ਵਿੱਚ ਪੰਜਾਬ ਸਰਕਾਰ ਆਪਣੇ ਲੋਕਾਂ ਦੇ ਨਾਲ ਹੈ। ਉਨ੍ਹਾਂ ਦੱਸਿਆ ਕਿ ਹੜ੍ਹ ਪ੍ਰਭਾਵਿਤ ਲੋਕਾਂ ਦੀ ਸਹਾਇਤਾ ਲਈ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਹੁਣ ਤੱਕ 400 ਦੇ ਕਰੀਬ ਮੈਡੀਕਲ ਕੈਂਪ ਆਯੋਜਿਤ ਕੀਤੇ ਗਏ ਹਨ ਜਿੱਥੇ 8700 ਤੋਂ ਵੱਧ ਮਰੀਜ਼ਾਂ ਦੀ ਜਾਂਚ ਕਰਕੇ ਦਵਾਈਆਂ ਦਿੱਤੀਆਂ ਗਈਆਂ ਹਨ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਦਮਨਜੀਤ ਸਿੰਘ ਮਾਨ, ਸਹਾਇਕ ਕਮਿਸ਼ਨਰ (ਜ) ਗੁਰਦੇਵ ਸਿੰਘ ਧੰਮ, ਮਿਸ ਲਿੰਦਿਆ ਆਈ.ਏ.ਐਸ. (ਯੂ.ਟੀ.), ਸਿਮਰਨਜੀਤ ਸਿੰਘ ਪੀ.ਸੀ.ਐਸ. (ਅੰਡਰ ਟ੍ਰੇਨਿੰਗ), ਸਹਾਇਕ ਸਿਵਲ ਸਰਜਨ ਸੁਸ਼ਮਾ ਠੱਕਰ ਤੋਂ ਇਲਾਵਾ ਸਿਹਤ ਵਿਭਾਗ ਦੇ ਅਧਿਕਾਰੀ ਹਾਜ਼ਰ ਸਨ।



# ਮੁੱਖ ਮੰਤਰੀ ਨਾਇਬ ਸੈਣੀ ਦਾ 1984 ਦੇ ਦੰਗਾਂ ਪੀੜਤ 121 ਪਰਿਵਾਰਾਂ ਨੂੰ ਨੌਕਰੀ ਦੇਣ ਦਾ ਫ਼ੈਸਲਾ ਸ਼ਲਾਘਾਯੋਗ: ਡਾ. ਲਾਲ

## ☛ ਹਰਿਆਣਾ ਸਰਕਾਰ ਵੱਲੋਂ ਨਾਰੀ ਸਮਾਨਤਾ ਦਿਵਸ 'ਤੇ ਹਰ ਔਰਤ ਨੂੰ 2100 ਰੁਪਏ ਦੇਣ ਦਾ ਐਲਾਨ ਮੀਲ ਪੱਥਰ

ਫਤਹਿਗੜ੍ਹ ਸਾਹਿਬ, 1 ਸਤੰਬਰ (ਸੂਦ): ਪੰਜਾਬ ਦੇ ਸਾਬਕਾ ਮੰਤਰੀ ਤੇ ਭਾਜਪਾ ਦੇ ਸੀਨੀਅਰ ਆਗੂ ਡਾ. ਹਰਬੰਸ ਲਾਲ ਨੇ ਕਿਹਾ ਕਿ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਵਰ੍ਹੇ ਗੰਢ ਨੂੰ ਸਮਰਪਤ ਹੋ ਕੇ 1984 ਦੰਗਿਆਂ ਦੇ 121 ਪੀੜਿਤ ਪਰਿਵਾਰਾਂ ਨੂੰ ਸਰਕਾਰੀ ਨੌਕਰੀਆਂ ਦੇਣ ਦਾ ਐਲਾਨ ਸਿੱਖ ਪੀੜਿਤਾਂ ਦੇ ਜ਼ਖ਼ਮਾਂ 'ਤੇ ਮਲ੍ਹਮ ਲਗਾਏਗਾ। ਉਥੇ ਭਾਜਪਾ ਸਰਕਾਰ ਦੀਆਂ ਇਨਸਾਫ ਪਸੰਦ ਨੀਤੀਆਂ ਤੇ ਦੇਸ਼ ਹਿੱਤ ਸੋਚ ਨੂੰ ਅੱਗੇ ਲਿਆਏਗਾ। ਉਨ੍ਹਾਂ ਕਿਹਾ ਕਿ 40 ਸਾਲ ਤੋਂ ਉੱਪਰ ਹੋ ਗਏ ਦਿੱਲੀ ਦੰਗਿਆਂ ਨੂੰ ਕਿਸੇ ਗੈਰ ਭਾਜਪਾ ਸਰਕਾਰ ਨੇ ਦਿੱਲੀ ਦੇ ਦੰਗਾ ਪੀੜ੍ਹਤ ਪਰਿਵਾਰਾਂ ਦੀ ਸਾਰ ਨਹੀਂ ਲਈ। ਦਿੱਲੀ ਦੇ ਸਿੱਖ ਪਰਿਵਾਰ ਇਹ ਕਹਿ ਰਹੇ ਹਨ ਕਿ ਜੇ ਕਿਸੇ ਸਰਕਾਰ ਨੇ ਸਾਰ ਲਈ ਹੈ ਤੇ ਇਨਸਾਫ ਦੁਆਉਣ ਲਈ ਸਾਡੀ ਬਾਂਹ ਫੜ ਕੇ ਦਿੱਲੀ ਦੰਗਿਆਂ ਦੇ ਦੋਸ਼ੀਆਂ ਨੂੰ ਜੇਲ੍ਹਾਂ ਅੰਦਰ ਡੱਕਿਆ ਹੈ। ਉਨ੍ਹਾਂ ਹਰਿਆਣੇ ਦੀ ਭਾਜਪਾ ਸਰਕਾਰ ਵੱਲੋਂ 'ਨਾਰੀ ਸਮਾਨਤਾ ਦਿਵਸ'ਤੇ ਹਰਿਆਣੇ ਦੀਆਂ ਔਰਤਾਂ ਨੂੰ 2100 ਰੁ. ਦੇਣ ਦਾ ਕੀਤਾ ਐਲਾਨ ਦੇਸ਼ ਤੇ ਸੂਬੇ ਦੀਆਂ ਔਰਤਾਂ ਲਈ ਸਨਮਾਨ ਹੈ ਤੇ ਭਾਜਪਾ ਔਰਤਾਂ ਦੀ ਬਰਾਬਰਤਾ ਤੇ ਸਨਮਾਨ ਸਤਿਕਾਰ ਵਿਚ ਕੋਈ ਕਸਰ ਬਾਕੀ ਨਹੀਂ ਛੱਡ ਰਹੀ। ਉਨ੍ਹਾਂ ਕਿਹਾ ਕਿ ਭਾਜਪਾ ਹਰ ਵਰਗ ਨੂੰ ਨਾਲ ਲੈ ਕੇ ਚੱਲ ਰਹੀ ਹੈ ਤੇ ਦੇਸ਼ ਦੀ ਏਕਤਾ ਅਖੰਡਤਾ ਲਈ ਹਰ ਸੰਭਵ ਕਦਮ ਚੁੱਕ ਰਹੀ ਹੈ, ਜਿਸ ਕਰਕੇ ਦੁਨੀਆਂ ਵਿੱਚ ਭਾਰਤ ਅੱਜ ਇੱਕ ਮਹਾਂਸ਼ਕਤੀ ਬਣ ਕੇ ਉਭਰਿਆ ਹੈ। ਇਸ ਮੌਕੇ ਉਨ੍ਹਾਂ ਨਾਲ ਬਲਵਿੰਦਰ ਸਿੰਘ ਗੋਗੀ ਬਹਾਦਰਗੜ੍ਹ, ਬਲਜੀਤ ਸਿੰਘ ਖਾਨਪੁਰੀ, ਡਾ. ਗੁਰਨਾਮ ਸਿੰਘ ਸੋਂਢੀ ਖਾਨਪੁਰ, ਸਾਬਕਾ ਸਰਪੰਚ ਖਰਾਇਤੀ ਲਾਲ ਬਲਦੇਵ ਨਾਗਰ, ਵਿਪਨ ਵਰਮਾ ਬੱਬੂ ਸਰਹਿੰਦ, ਦਰਸ਼ਨ ਸਿੰਘ ਬੱਸੀ ਪਠਾਨਾਂ, ਫਤਿਹ ਚੰਦ ਬਲਦੇਵ ਨਗਰ, ਸਾਬਕਾ ਸਰਪੰਚ ਭਗਵਾਨ ਦਾਸ, ਬੀਰੂ ਰਾਮ, ਬਲਬੀਰ ਸਿੰਘ ਫਤਹਿਗੜ੍ਹ ਸਾਹਿਬ, ਗੁਰਦੀਪ ਸਿੰਘ ਪ੍ਰਧਾਨ ਵਿਸ਼ਵਕਰਮਾ ਇਨਕਲੇਵ, ਗੁਰਤੇਜ ਸਿੰਘ ਤੇ ਗੁਰਦੀਪ ਸਿੰਘ ਭਾਗਨਪੁਰ ਹਾਜ਼ਰ ਸਨ।



# ਹਰੇਕ ਯੋਗ ਲਾਭਪਾਤਰੀ ਨੂੰ ਵੱਖ-ਵੱਖ ਪੈਨਸ਼ਨ ਸਕੀਮਾਂ ਦਾ ਲਾਭ ਸਮੇਂ ਸਿਰ ਪਹੁੰਚਾਉਣਾ ਯਕੀਨੀ ਬਣਾਇਆ ਜਾਵੇ: ਏ.ਡੀ.ਸੀ. ਧਾਲੀਵਾਲ

ਫ਼ਤਹਿਗੜ੍ਹ ਸਾਹਿਬ, 1 ਸਤੰਬਰ (ਹਰਪ੍ਰੀਤ ਕੌਰ ਟਿਵਾਣਾ): ਜ਼ਿਲ੍ਹੇ ਵਿੱਚ ਵੱਖ-ਵੱਖ ਪੈਨਸ਼ਨ ਸਕੀਮਾਂ ਸਬੰਧੀ ਲਾਭਪਾਤਰੀਆਂ ਨੂੰ ਦਰਪੇਸ਼ ਮੁਸ਼ਕਲਾਂ ਦੇ ਢੁਕਵੇਂ ਹੱਲ ਲਈ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸੁਰਿੰਦਰ ਸਿੰਘ ਧਾਲੀਵਾਲ ਨਾਲ ਸੋਸ਼ਲ ਆਡਿਟ ਯੂਨਿਟ ਪੰਜਾਬ ਦੀ ਟੀਮ ਵੱਲੋਂ ਜ਼ਿਲ੍ਹਾ ਪੱਧਰ 'ਤੇ ਬਣੇ ਪੈਨਲ ਨਾਲ ਜਨ-ਸੁਣਵਾਈ ਕੀਤੀ ਗਈ ਇਸ ਮੌਕੇ ਏ.ਡੀ.ਸੀ. ਸੁਰਿੰਦਰ ਸਿੰਘ ਧਾਲੀਵਾਲ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਕੌਮੀ ਸ਼ੋਸ਼ਲ ਅਸਿਸਟੈਂਸ ਪ੍ਰੋਗਰਾਮ ਅਧੀਨ ਇੰਦਰਾ ਗਾਂਧੀ ਰਾਸ਼ਟਰੀ ਬੁਢਾਪਾ ਪੈਨਸ਼ਨ ਸਕੀਮ, ਇੰਦਰਾ ਗਾਂਧੀ ਰਾਸ਼ਟਰੀ ਵਿਧਵਾ ਪੈਨਸ਼ਨ ਸਕੀਮ, ਇੰਦਰਾ ਗਾਂਧੀ ਰਾਸ਼ਟਰੀ ਦਿਵਿਆਂਗਜਨ ਪੈਨਸ਼ਨ ਸਕੀਮ ਤੇ ਰਾਸ਼ਟਰੀ ਪਰਿਵਾਰ ਭਲਾਈ ਸਕੀਮ ਚਲਾਈਆਂ ਜਾ ਰਹੀਆਂ ਹਨ ਤੇ ਇਨ੍ਹਾਂ ਸਕੀਮਾਂ ਦਾ ਹਰੇਕ ਯੋਗ ਲਾਭਪਾਤਰੀ ਤੱਕ ਲਾਭ ਪਹੁੰਚਾਉਣ ਨੂੰ ਯਕੀਨੀ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਮੇਂ-ਸਮੇਂ 'ਤੇ ਆਡਿਟ ਕਰਵਾਇਆ ਜਾਂਦਾ ਹੈ ਤਾਂ ਜੋ ਹਰੇਕ ਯੋਗ ਲਾਭਪਾਤਰੀ ਇਨ੍ਹਾਂ ਸਕੀਮਾਂ ਦਾ ਆਸਾਨੀ ਨਾਲ ਲਾਭ ਉਠਾ ਸਕਣ ਸ੍ਰ. ਧਾਲੀਵਾਲ ਨੇ ਦੱਸਿਆ ਕਿ ਜਨ ਸੁਣਵਾਈ ਦਾ ਮੁੱਖ ਮੰਤਵ, ਵੱਖ-ਵੱਖ ਪੈਨਸ਼ਨ ਸਕੀਮਾਂ ਨੂੰ ਜ਼ਮੀਨੀ ਪੱਧਰ ਤੇ ਲਾਗੂ ਕਰਨ ਲਈ ਪੇਸ਼ ਆ ਰਹੀਆਂ ਮੁਸ਼ਕਲਾਂ ਬਾਰੇ ਸਰਕਾਰ ਨੂੰ ਜਾਣੂ ਕਰਵਾਉਣਾ ਹੈ, ਤਾਂ ਜੋ ਲੋੜ ਅਨੁਸਾਰ ਉਚਿਤ ਕਾਰਵਾਈ ਕੀਤੀ ਜਾ ਸਕੇ। ਇਸ ਮੌਕੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਜਸਵੀਰ ਕੌਰ, ਬਾਲ ਵਿਕਾਸ ਪ੍ਰੋਜੈਕਟ ਅਫਸਰ ਕੋਮਲਪ੍ਰੀਤ ਕੌਰ, ਮਨਮੋਹਨ ਜਰਗਰ ਪ੍ਰਧਾਨ ਕਨਫੈਡਰੇਸ਼ਨ ਫਾਰ ਚੇਲੈਂਜ਼ਡ ਬਸੀ ਪਠਾਣਾ, ਗੁਰਵਿੰਦਰ ਸਿੰਘ ਸੋਹੀ ਸਮਾਜ ਸੇਵੀ, ਵਰਿੰਦਰ ਸਿੰਘ ਸਿੱਧੂ ਸਟੇਟ ਕੋਆਰਡੀਨੇਟਰ, ਸੋਸ਼ਲ ਆਡਿਟ ਯੂਨਿਟ ਮੋਹਾਲੀ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।



# ਹੜ੍ਹ ਪੀੜਤਾਂ ਦੇ ਨਾਲ ਖੜ੍ਹੀ ਹੈ 'ਆਪ' ਦੀ ਕੌਂਸਲਰ ਪੂਜਾ ਲੂਥਰਾ

ਫਾਜ਼ਿਲਕਾ, 1 ਸਤੰਬਰ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ) : ਪੰਜਾਬ 'ਚ ਆਏ ਭਿਆਨਕ ਹੜ੍ਹਾਂ ਨੇ ਹਜ਼ਾਰਾਂ ਲੋਕਾਂ ਨੂੰ ਬੇਘਰ ਕਰਕੇ ਉਨ੍ਹਾਂ ਦੇ ਜੀਵਨ ਨੂੰ ਬੁਰੀ ਤਰ੍ਹਾਂ ਨਾਲ ਪ੍ਰਭਾਵਿਤ ਕੀਤਾ ਹੈ। ਇਸ ਮੁਸ਼ਕਿਲ ਘੜੀ 'ਚ ਮਨੁੱਖਤਾ ਦੀ ਸੇਵਾ ਲਈ ਆਮ ਆਦਮੀ ਪਾਰਟੀ ਦੀ ਕੌਂਸਲਰ ਪੂਜਾ ਲੂਥਰਾ ਵੱਲੋਂ ਹੜ੍ਹ ਪ੍ਰਭਾਵਿਤ ਖੇਤਰਾਂ 'ਚ ਲਗਾਤਾਰ ਲੰਗਰ, ਪਸ਼ੂਆਂ ਲਈ ਚਾਰਾ ਤੇ ਤਰਪਾਲਾਂ ਪਹੁੰਚਾਉਣ ਦੀ ਸੇਵਾ ਨਿਭਾਈ ਜਾ ਰਹੀ ਹੈ। ਇਸੇ ਕੜੀ ਦੇ ਤਹਿਤ ਉਨ੍ਹਾਂ ਨੇ ਪਿੰਡ ਚੁਵਾੜਿਆਵਾਲੀ ਦਾ ਦੌਰਾ ਕਰਕੇ ਕਿਸਾਨਾਂ ਦਾ ਦੁੱਖ-ਦਰਦ ਨੂੰ ਗੰਭੀਰਤਾ ਨਾਲ ਸੁਣਿਆ ਅਤੇ ਉਨ੍ਹਾਂ ਨੂੰ ਤਰਪਾਲਾਂ ਦੀ ਵੰਡ ਕੀਤੀ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੌਂਸਲਰ ਪੂਜਾ ਲੂਥਰਾ ਨੇ ਦੱਸਿਆ ਕਿ ਹੜ੍ਹਾਂ ਨੇ ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ ਭਾਰੀ ਤਬਾਹੀ ਮਚਾਈ ਹੈ। ਖਾਸ ਤੌਰ 'ਤੇ ਫਾਜ਼ਿਲਕਾ ਦੇ ਸਰਹਦੀ ਪਿੰਡਾਂ ਅੰਦਰ ਹੜ੍ਹ ਦੇ ਪਾਣੀ ਨੇ ਕਿਸਾਨਾਂ ਦੀਆਂ ਫਸਲਾਂ ਨੂੰ ਪੂਰੀ ਤਰ੍ਹਾਂ ਬਰਬਾਦ ਕਰ ਦਿੱਤਾ ਹੈ। ਅਜਿਹੇ ਸਮੇਂ ਵਿੱਚ, ਉਨ੍ਹਾਂ ਦੀ ਟੀਮ ਨੇ ਪੀੜਤ ਲੋਕਾਂ ਤੱਕ ਮਦਦ ਪਹੁੰਚਾਉਣ ਦਾ ਬੀੜਾ ਚੁੱਕਿਆ ਹੈ। ਉਨ੍ਹਾਂ ਕਿਹਾ ਮੇਰੇ ਵੱਲੋਂ ਕੀਤੀ ਜਾ ਰਹੀ ਹੜ੍ਹ ਪੀੜਤਾਂ ਦੀ ਇਹ ਸੇਵਾ ਪੀੜਤ ਲੋਕਾਂ ਦੇ ਹੋਏ ਨੁਕਸਾਨ ਦੀ ਭਰਪਾਈ ਤਾਂ ਨਹੀਂ ਕਰ ਸਕਦੀ ਪਰ ਉਨ੍ਹਾਂ ਦਾ ਦੁੱਖ ਵੰਡਾਉਣ 'ਚ ਕਿਸੇ ਹੱਦ ਤੱਕ ਸਹਾਈ ਹੋ ਸਕਦੀ ਹੈ। ਪੂਜਾ ਲੂਥਰਾ ਨੇ ਕਿਹਾ ਕਿ ਇਸ ਮੁਸ਼ਕਿਲ ਦੀ ਘੜੀ ਵਿਚ ਹੜ੍ਹ ਪੀੜਤ ਪਰਿਵਾਰ ਆਪਣੇ ਆਪ ਨੂੰ ਇਕੱਲੇ ਨਾ ਸਮਝਣ। ਕੌਂਸਲਰ ਨੇ ਭਰੋਸਾ ਦਿਵਾਇਆ ਕਿ "ਅਸੀਂ ਹਰ ਵੇਲੇ ਤੁਹਾਡੇ ਨਾਲ ਖੜ੍ਹੇ ਹਾਂ। ਜਿੱਥੇ ਵੀ ਤੁਹਾਨੂੰ ਸਹਾਇਤਾ ਦੀ ਲੋੜ ਹੋਵੇਗੀ, ਅਸੀਂ ਟੀਮ ਸਮੇਤ ਤੁਰੰਤ ਪਹੁੰਚਾਂਗੇ,"। ਕੌਂਸਲਰ ਪੂਜਾ ਲੂਥਰਾ ਸਚਦੇਵਾ ਨੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਜੋ ਵੀ ਸਮਰੱਥ ਹੈ, ਉਹ ਪੀੜਤਾਂ ਦੀ ਸਹਾਇਤਾ ਲਈ ਅੱਗੇ ਆਵੇ।



# ਦਸਮੇਸ਼ ਗਰਲਜ਼ ਕਾਲਜ ਦੀਆਂ ਵਿਦਿਆਰਥਣਾਂ ਦਾ ਯੂਨੀਵਰਸਿਟੀ ਮੈਰਿਟ 'ਤੇ ਕਬਜ਼ਾ

ਮੁਕੇਰੀਆਂ, 1 ਸਤੰਬਰ (ਧਰਮ ਚੰਦ): ਦਸਮੇਸ਼ ਗਰਲਜ਼ ਕਾਲਜ, ਚੱਕ ਅੱਲਾ ਬਖਸ਼, ਮੁਕੇਰੀਆਂ ਦੀਆਂ ਹੋਣਹਾਰ ਵਿਦਿਆਰਥਣਾਂ ਆਪਣੀ ਮਿਹਨਤ ਦੇ ਬਲਬੂਤੇ ਕਾਲਜ ਦਾ ਨਾਮ ਰੋਸ਼ਨ ਕਰ ਰਹੀਆਂ ਹਨ। ਜਾਣਕਾਰੀ ਸਾਂਝੀ ਕਰਦਿਆਂ ਕਾਲਜ ਪ੍ਰਿੰ. ਡਾ. ਕਰਮਜੀਤ ਕੌਰ ਬਰਾੜ ਨੇ ਦੱਸਿਆ ਕਿ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਐਲਾਨੇ ਗਏ ਨਤੀਜਿਆਂ ਵਿੱਚ ਪੋਸਟ ਗਰੈਜੂਏਟ ਪੰਜਾਬੀ ਵਿਭਾਗ ਭਾਗ ਦੂਜਾ (ਸਮੈਸਟਰ ਚੌਥਾ) ਦੀ ਵਿਦਿਆਰਥਣ ਸ਼ੀਤਲ ਕੌਰ ਨੇ 81.8% ਅੰਕ ਪ੍ਰਾਪਤ ਕਰਕੇ ਯੂਨੀਵਰਸਿਟੀ ਵਿੱਚ ਪਹਿਲਾਂ , ਪਰਮਜੀਤ ਕੌਰ ਨੇ 80.9%ਅੰਕ ਪ੍ਰਾਪਤ ਕਰਕੇ ਯੂਨੀਵਰਸਿਟੀ ਵਿੱਚੋਂ ਦੂਜਾ ਜਸਵੀਰ ਕੌਰ ਤੇ ਨਿਕਿਤਾ ਨੇ80. 8% ਅੰਕ ਪ੍ਰਾਪਤ ਕਰਕੇ ਯੂਨੀਵਰਸਿਟੀ ਵਿੱਚੋਂ ਤੀਜਾ ਸਥਾਨ ਹਾਸਿਲ ਕੀਤਾ ਤੇ ਕਾਲਜ ਦਾ ਨਾਮ ਰੌਸ਼ਨ ਕੀਤਾ। ਵਿਦਿਆਰਥਣਾਂ ਦੀ ਇਸ ਸਫਲਤਾ ਲਈ ਕਾਲਜ ਦੀ ਪ੍ਰਬੰਧਕ ਕਮੇਟੀ ਸ਼੍ਰੀ ਗੁਰੂ ਗੋਬਿੰਦ ਸਿੰਘ ਐਜੂਕੇਸ਼ਨਲ ਚੈਰੀਟੇਬਲ ਟਰੱਸਟ ਦੇ ਚੇਅਰਮੈਨ, ਰਵਿੰਦਰ ਸਿੰਘ ਚੱਕ, ਸਾਰੇ ਕਮੇਟੀ ਮੈਂਬਰ ਸਾਹਿਬਾਨ ਤੇ ਪ੍ਰਿੰ. ਡਾ. ਕਰਮਜੀਤ ਕੌਰ ਬਰਾੜ ਨੇ ਪੰਜਾਬੀ ਵਿਭਾਗ ਦੀ ਮੁਖੀ ਡਾ. ਸੋਨੀਆ ਦੇਵੀ, ਸਹਾਇਕ ਪ੍ਰੋ. ਡਾ. ਮਨਿੰਦਰਜੀਤ ਕੌਰ, ਸਹਾਇਕ ਪ੍ਰੋ. ਡਾ. ਸੁਖਵਿੰਦਰ ਕੌਰ, ਸਹਾਇਕ ਪ੍ਰੋ. ਦੀਤਕਸ਼ਾ, ਵਿਦਿਆਰਥਣਾਂ ਤੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ ਤੇ ਭਵਿੱਖ ਵਿੱਚ ਲਗਾਤਾਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ਹੈ।

# ਸਾਬਕਾ ਮੰਤਰੀ ਦੀ ਅਗਵਾਈ ਹੇਠ ਅਕਾਲੀ ਦਲ ਦੀ ਕੌਂਸਲਰ ਗੁਰਮੀਤ ਕੌਰ ਪਰਿਵਾਰ ਸਮੇਤ ਕਾਂਗਰਸ 'ਚ ਸ਼ਾਮਲ

## ☛ ਸਰਕਾਰ ਨੇ ਸਾਢੇ 3 ਸਾਲ 'ਚ ਹਲਕੇ ਦੇ ਵਿਕਾਸ ਨੂੰ ਅੱਖੋਂ-ਪਰੋਖੇ ਕੀਤਾ: ਰਣਦੀਪ ਸਿੰਘ

ਅਮਲੋਹ, 1 ਸਤੰਬਰ (ਜਸਵੰਤ ਸਿੰਘ): ਅਕਾਲੀ ਦਲ ਨੂੰ ਉਸ ਸਮੇਂ ਵੱਡਾ ਝਟਕਾ ਲੱਗਿਆ, ਜਦੋਂ ਸ਼ਹਿਰ ਦੇ ਵਾਰਡ ਨੰਬਰ 5 ਦੀ ਕੌਂਸਲਰ ਗੁਰਮੀਤ ਕੌਰ, ਉਸ ਦੇ ਪਤੀ ਰੂਪ ਸਿੰਘ ਨੇ ਪਰਿਵਾਰ ਤੇ ਸਾਥੀਆਂ ਸਮੇਤ ਸਾਬਕਾ ਮੰਤਰੀ ਰਣਦੀਪ ਸਿੰਘ ਨਾਭਾ ਦੀ ਅਗਵਾਈ ਹੇਠ ਕਾਂਗਰਸ ਦਫ਼ਤਰ ਵਿਚ ਰੱਖੇ ਇੱਕ ਪ੍ਰੋਗਰਾਮ ਦੌਰਾਨ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ, ਜਿਸ ਦਾ ਸਵਾਗਤ ਕਰਦੇ ਹੋਏ ਸਾਬਕਾ ਮੰਤਰੀ ਨੇ ਉਸ ਨੂੰ ਪਾਰਟੀ ਵਿਚ ਬਣਦਾ ਮਾਣ-ਸਨਮਾਨ ਦੇਣ ਦਾ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਦੀਆਂ ਨੀਤੀਆਂ ਕਾਰਨ ਆਉਣ ਵਾਲੇ ਸਮੇਂ ਵਿਚ ਕਈ ਕੌਂਸਲਰ, ਪੰਚਾਇਤਾਂ ਤੇ ਆਗੂ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ। ਉਨ੍ਹਾਂ ਪੰਜਾਬ ਦੀ ਮੌਜੂਦਾ 'ਆਪ' ਸਰਕਾਰ ਦੀ ਸਖਤ ਅਲੋਚਨਾ ਕਰਦਿਆ ਦੋਸ਼ ਲਗਾਇਆ ਕਿ ਸਾਢੇ 3 ਸਾਲ ਦੇ ਕਾਰਜਕਾਲ ਦੌਰਾਨ ਇਨ੍ਹਾਂ ਹਲਕੇ ਵਿਚ ਇਕ ਵੀ ਵਿਕਾਸ ਕਾਰਜ ਸ਼ੁਰੂ ਨਹੀਂ ਕੀਤਾ ਜਿਸ ਕਾਰਨ ਅੱਜ ਲੋਕ ਸਰਕਾਰ ਤੋਂ ਖ਼ਫ਼ਾ ਹਨ। ਉਨ੍ਹਾਂ ਔਰਤਾਂ ਨੂੰ 1 ਹਜ਼ਾਰ ਰੁਪਏ ਮਹੀਨਾ ਐਲਾਨੀ ਰਾਸ਼ੀ ਨਾ ਦੇਣ ਦੀ ਅਲੋਚਨਾ ਕਰਦਿਆ ਪਿੰਡਾਂ ਵਿਚ 'ਆਪ' ਆਗੂਆਂ ਨੂੰ ਸਵਾਲ ਕਰਨ ਲਈ ਕਿਹਾ। ਉਨ੍ਹਾਂ ਭਰੋਸਾ ਦਿੱਤਾ ਕਿ ਕਾਂਗਰਸ ਸਰਕਾਰ ਆਉਣ 'ਤੇ ਅਮਲੋਹ ਦੇ ਪਾਣੀ ਦੀ ਨਿਕਾਸੀ ਦੀ ਸਮੱਸਿਆ ਸਮੇਤ ਆਈਟੀਆਈ, ਸਬ-ਡਵੀਜ਼ਨ ਕੰਪਲੈਕਸ ਸਮੇਤ ਬਾਕੀ ਕਾਰਜ ਮੁਕੰਮਲ ਕਰਵਾਏ ਜਾਣਗੇ। ਪੰਜਾਬ ਦੀ ਹੜ੍ਹਾਂ ਦੀ ਹਾਲਤ 'ਤੇ ਚਿੰਤਾ ਪ੍ਰਗਟ ਕਰਦਿਆ ਉਨ੍ਹਾਂ ਕੇਂਦਰ ਸਰਕਾਰ ਨੂੰ ਤੁਰੰਤ ਪੈਕੇਜ ਦੇਣ ਦੀ ਗੱਲ ਆਖੀ। ਇਸ ਮੌਕੇ ਬਲਾਕ ਪ੍ਰਧਾਨ ਜਗਵੀਰ ਸਿੰਘ ਸਲਾਣਾ, ਕੌਂਸਲਰ ਕੁਲਵਿੰਦਰ ਸਿੰਘ, ਰਛਪਾਲ ਸਿੰਘ ਮੁਢੜੀਆਂ, ਬਲਜੀਤ ਸਿੰਘ ਮਰਾਰਤੂ, ਬਿੱਕਰ ਸਿੰਘ ਦੀਵਾ, ਬਲਵੀਰ ਸਿੰਘ ਮਿੰਟੂ, ਐਡਵੋਕੇਟ ਹਰਜਿੰਦਰ ਸਿੰਘ ਟਿੱਕਾ, ਗੁਰਬਚਨ ਸਿੰਘ ਕਾਹਨਪੁਰਾ, ਮਾਸਟਰ ਮਨੋਹਰ ਲਾਲ ਵਰਮਾ, ਸ਼ਿਵ ਕੁਮਾਰ ਗਰਗ, ਰਾਕੇਸ਼ ਕੁਮਾਰ ਗੋਗੀ, ਹੈਪੀ ਸੂਦ, ਮਹਿੰਦਰ ਪਜਨੀ, ਭੂਸ਼ਨ ਸ਼ਰਮਾ, ਹਰਪ੍ਰੀਤ ਸਿੰਘ ਗੁਰਧਨਪੁਰ, ਜੱਗੀ ਬੜੈਚਾਂ, ਲਵਪ੍ਰੀਤ ਸਿੰਘ ਕਾਹਨਪੁਰਾ, ਗੁਰਪ੍ਰੀਤ ਸਿੰਘ ਗਰੇਵਾਲ, ਹਰਦੀਪ ਸਿੰਘ ਮਹਿਮੂਦਪੁਰ, ਜਗਤਾਰ ਤੰਗਰਾਲਾ, ਖਜ਼ਾਨਾ ਰਾਮ ਤੇ ਪੀਏ ਮਨਪ੍ਰੀਤ ਸਿੰਘ ਮਿੰਟਾ ਮੌਜੂਦ ਸਨ।



# ਬਾਬਾ ਬੰਦਾ ਸਿੰਘ ਬਹਾਦਰ ਵੈਲਫੇਅਰ ਸੁਸਾਇਟੀ ਨੇ ਹੜ੍ਹ ਪੀੜਤਾਂ ਲਈ ਸਮਾਨ ਦਾ ਟਰੱਕ ਕੀਤਾ ਰਵਾਨਾ



ਅਮਲੋਹ, 1 ਸਤੰਬਰ (ਜਸਵੰਤ ਸਿੰਘ): ਬਾਬਾ ਬੰਦਾ ਸਿੰਘ ਬਹਾਦਰ ਵੈਲਫ਼ੇਅਰ ਸੁਸਾਇਟੀ ਰਜਿ. ਅਮਲੋਹ ਵੱਲੋਂ ਹੜ੍ਹਪੀੜਤ ਇਲਾਕਿਆਂ ਵਿਚ ਲੋਕਾਂ ਦੀ ਸੇਵਾ ਲਈ ਭੇਜੀ ਜਾ ਰਹੀ ਰਾਹਤ ਦੀ ਕੜੀ ਅਧੀਨ ਇਕ ਟਰੱਕ ਖਾਣ-ਪੀਣ ਦੀਆਂ ਜ਼ਰੂਰੀ ਵਸਤਾਂ, ਦਵਾਈਆਂ ਤੇ ਪਸ਼ੂਆਂ ਦੇ ਚਾਰੇ ਤੇ ਅਚਾਰ ਆਦਿ ਦਾ ਰਵਾਨਾ ਕੀਤਾ। ਇਸ ਮੌਕੇ ਸੁਸਾਇਟੀ ਦੇ ਪ੍ਰਧਾਨ ਸੁਖਵਿੰਦਰ ਸਿੰਘ ਕਾਲਾ ਅਰੋੜਾ ਤੇ ਬਾਕੀ ਅਹੁੱਦੇਦਾਰਾਂ ਨੇ ਦੱਸਿਆ ਕਿ ਸੁਸਾਇਟੀ ਵੱਲੋਂ ਇਹ ਸਮਾਨ ਡੇਰਾ ਬਾਬਾ ਨਾਨਕ ਦੇ ਖੇਤਰ ਵਿੱਚ ਪੀੜਤ ਪਿੰਡਾਂ ਵਿਚ ਭੇਜਿਆ ਜਾਵੇਗਾ, ਇਸ ਤੋਂ ਪਹਿਲਾ 51 ਹਜ਼ਾਰ ਰੁਪਏ ਦੀ ਰਾਸ਼ੀ ਫਿਰੋਜ਼ਪੁਰ ਦੇ ਪਿੰਡ ਬੰਤਲਾਂ ਵਿਚ ਪੀੜਤਾਂ ਦੀ ਮਦਦ ਲਈ ਲਗੀਆਂ ਕਿਸ਼ਤੀਆਂ ਆਦਿ ਦੇ ਡੀਜ਼ਲ ਲਈ ਭੇਜੀ ਗਈ ਸੀ। ਉਨ੍ਹਾਂ ਦੱਸਿਆ ਕਿ ਸੁਸਾਇਟੀ ਵਲੋਂ ਲਗਾਤਾਰ ਇਸ ਤਰ੍ਹਾਂ ਦੇ ਸਮਾਜ ਸੇਵੀ ਕਾਰਜ ਜਾਰੀ ਹਨ। ਇਸ ਮੌਕੇ ਪ੍ਰਧਾਨ ਸੁਖਵਿੰਦਰ ਸਿੰਘ ਕਾਲਾ ਅਰੋੜਾ, ਕੁਲਦੀਪ ਸਿੰਘ ਮਛਰਾਈ, ਗੁਰਦੀਪ ਸਿੰਘ ਜੰਜੂਆਂ, ਰਿਟ. ਡਾਇਰੈਕਟਰ ਰੋਸ਼ਨ ਸੂਦ, ਡਾ. ਹਿਮਾਂਸ਼ੂ ਸੂਦ, ਨੰਬਰਦਾਰ ਪਰਮਿੰਦਰ ਸਿੰਘ ਸੰਧੂ, ਪੰਚਾਇਤ ਅਫ਼ਸਰ ਬਲਪਿੰਦਰ ਸਿੰਘ, ਹੈਪੀ ਗਰੇਵਾਲ, ਰੇਸ਼ਮ ਸਿੰਘ ਵਿਰਕ, ਹਰਪ੍ਰੀਤ ਸਿੰਘ ਸੋਨੂੰ, ਕੁਲਜਿੰਦਰ ਸਿੰਘ ਨਰਵਾਲ, ਹੈਪੀ ਟਿੱਬੀ, ਗੁਰਨਾਮ ਪੁਰੀ, ਸਰਵਨ ਸਿੰਘ ਨਰੈਣਗੜ੍ਹ, ਜੋਗਿੰਦਰ ਸਿੰਘ ਨਰੂਲਾ, ਬਿੰਦਾ ਮਾਜਰੀ, ਰਣਜੀਤ ਸਿੰਘ ਛੰਨਾ ਤੇ ਮਾਸਟਰ ਹਰਮੀਤ ਸਿੰਘ ਹਾਜ਼ਰ ਸਨ।

# ਹਰਨੂਰ ਕੌਰ ਦੀ ਕਵਿਤਾ ਨੇ ਪਹਿਲਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ




ਮੰਡੀ ਗੋਬਿੰਦਗੜ੍ਹ, 1 ਸਤੰਬਰ (ਸੂਦ): ਪ੍ਰਤਿਭਾ, ਜੋਸ਼ ਤੇ ਆਤਮਵਿਸ਼ਵਾਸ ਦਾ ਜੀਵੰਤ ਪ੍ਰਤੀਕ ਪੰਜਵੀਂ ਦੀ ਵਿਦਿਆਰਥਣ ਹਰਨੂਰ ਕੌਰ ਨੇ ਫ਼ਤਿਹ ਸਹੋਦਿਆ ਅੰਤਰ ਸਕੂਲ ਪੰਜਾਬੀ ਕਵਿਤਾ ਮੁਕਾਬਲੇ ਵਿੱਚ ਪਹਿਲਾ ਸਥਾਨ ਪ੍ਰਾਪਤ ਕਰਕੇ ਮਾਪਿਆਂ ਤੇ ਸਕੂਲ ਦਾ ਨਾਮ ਰੋਸ਼ਨ ਕੀਤਾ। ਉਸ ਦੀ ਸੁਰੀਲੀ ਅਵਾਜ਼, ਗਹਿਰੇ ਅਭਿਵਿਅਕਤੀ ਅੰਦਾਜ਼ ਤੇ ਭਾਵਨਾਤਮਕ ਪੇਸ਼ਕਾਰੀ ਨੇ ਦਰਸ਼ਕਾਂ ਨੂੰ ਮੰਤਰ-ਮੁਗਧ ਕਰ ਦਿੱਤਾ। ਉਸ ਦੀ ਕਵਿਤਾ ਸਿਰਫ਼ ਸ਼ਬਦਾਂ ਦੀ ਲੜੀ ਨਹੀਂ ਸੀ ਸਗੋਂ ਉਸ ਦੇ ਵਿਚਾਰਾਂ ਤੇ ਸੰਵੇਦਨਾਵਾਂ ਦਾ ਸੁੰਦਰ ਪ੍ਰਵਾਹ ਸੀ। ਉਸ ਦੀ ਇਹ ਪ੍ਰਾਪਤੀ ਉਸ ਦੀ ਮਿਹਨਤ, ਸਮਰਪਣ ਤੇ ਪੰਜਾਬੀ ਭਾਸ਼ਾ ਪ੍ਰਤੀ ਪਿਆਰ ਦਾ ਜੀਵੰਤ ਸਬੂਤ ਹੈ। ਹਰਨੂਰ ਕੌਰ ਨੇ ਕਿਹਾ ਕਿ 'ਇਹ ਮੇਰੇ ਲਈ ਬੇਹੱਦ ਖੁਸ਼ੀ ਤੇ ਮਾਣ ਦਾ ਪਲ ਹੈ। ਮੇਰੇ ਅਧਿਆਪਕਾਂ ਤੇ ਮਾਪਿਆਂ ਨੇ ਹਮੇਸ਼ਾ ਮੇਰਾ ਹੌਸਲਾ ਵਧਾਇਆ ਹੈ। ਪ੍ਰਿੰਸੀਪਲ ਡਾ. ਨੀਰੂ ਅਰੋੜਾ ਨੇ ਕਿਹਾ ਕਿ ਸਾਡੇ ਵਿਦਿਆਰਥੀਆਂ ਦੀਆਂ ਇਹ ਉਪਲੱਬਧੀਆਂ ਸਾਨੂੰ ਹਮੇਸ਼ਾ ਅੱਗੇ ਵਧਣ ਦੀ ਪ੍ਰੇਰਨਾ ਦਿੰਦੀਆਂ ਹਨ। ਇਸ ਵਿਦਿਆਰਥਣ ਨੇ ਸਿਰਫ਼ ਸਕੂਲ ਹੀ ਨਹੀਂ ਸਗੋਂ ਸਾਰਿਆਂ ਸਾਹਮਣੇ ਪੰਜਾਬੀ ਭਾਸ਼ਾ ਦੀ ਮਹਿਕ ਨੂੰ ਫੈਲਾਇਆ ਹੈ। ਉਸ ਦੀ ਇਹ ਕਾਮਯਾਬੀ ਸਾਰੇ ਮਾਪਿਆਂ ਤੇ ਅਧਿਆਪਕਾਂ ਲਈ ਵੀ ਮਾਣ ਹੈ ਸਕੂਲ ਪ੍ਰਬੰਧਕਾਂ, ਅਧਿਆਪਕ ਤੇ ਸਾਥੀ ਵਿਦਿਆਰਥੀਆਂ ਨੇਵੀ ਵਿਦਿਆਰਥਣ ਨੂੰ ਮੁਬਾਰਕਬਾਦ ਦਿੱਤੀ।

# ਆਓ ਸਾਰੇ ਮਿਲ ਕੇ ਹੜ੍ਹ ਪੀੜਤ ਭਰਾਵਾਂ ਦੀ ਮਦਦ ਕਰਕੇ ਉਨ੍ਹਾਂ ਦੇ ਦੁੱਖ-ਸੁੱਖ ਦੇ ਸਾਥੀ ਬਣੀਏ : ਜਥੇਦਾਰ ਮਲੂਕ ਸਿੰਘ ਤੇ ਨੰਬਰਦਾਰ

ਮੱਲਾਂ ਵਾਲਾ, 1 ਸਤੰਬਰ (ਹਰਪਾਲ ਸਿੰਘ ਖਾਲਸਾ, ਇੰਦਰਜੀਤ ਸਿੰਘ ਸੰਧੂ): ਸਮਾਜ ਸੇਵੀ ਨੁਮਾਂਇਦਿਆਂ ਤੇ ਦਾਨੀ ਸੱਜਣਾਂ ਜਿਨ੍ਹਾਂ ਵਿੱਚ ਬਾਊ ਜੀ ਕੁਲਜੀਤ ਬਾਵਾ ਤੇ ਹਰਦੇਵ ਸਿੰਘ ਭੜਾਣਾ ਆਦਿਕ ਸੱਜਣਾਂ ਵੱਲੋਂ ਭੇਜੀ ਪਸ਼ੂਆਂ ਦੀ ਫੀਡ ਹੜ੍ਹ ਪੀੜਤਾਂ ਨੂੰ ਵੰਡੀ ਗਈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਥੇਦਾਰ ਮਲੂਕ ਸਿੰਘ ਕੁਤਬਦੀਨ ਵਾਲੇ ਤੇ ਨੰਬਰਦਾਰ ਤਾਰਾ ਸਿੰਘ ਨੇ ਦੱਸਿਆ ਕਿ ਲੋਕਾਂ ਦੇ ਕਹਿਣ ਮੁਤਾਬਕ ਇਹ ਹੜ੍ਹ ਸਰਕਾਰਾਂ ਦੀ ਨਕਾਮੀ ਹੋ ਸਕਦੇ ਨੇ ਪਰ ਜਿਹੜੇ ਸਾਡੇ ਭਰਾ ਇਸ ਵਕਤ ਹੜ੍ਹਾਂ ਦੀ ਮਾਰ ਝੱਲ ਰਹੇ ਹਨ ਉਨ੍ਹਾਂ ਦਾ ਸਾਥ ਦੇਣ ਦੀ ਲੋੜ ਹੈ। ਸਾਨੂੰ ਸਾਰੇ ਭਰਾਵਾਂ ਨੂੰ ਆਪਣੀ ਦਸਾਂ ਨੌਹਾਂ ਦੀ ਕਿਰਤ ਵਿੱਚੋਂ ਹਿੱਸਾ ਕੱਢ ਕੇ ਇਹਨਾਂ ਪੀੜਤ ਭਰਾਵਾਂ ਦੇ ਘਰਾਂ ਲਈ ਰਸੋਈ ਦਾ ਰਾਸ਼ਨ ਤੇ ਬੇਜ਼ੁਬਾਨ ਪਸ਼ੂਆਂ ਲਈ ਫੀਡ ਵਗੈਰਾ ਦਾ ਇੰਤਜ਼ਾਮ ਕਰਨਾ ਚਾਹੀਦਾ ਹੈ। ਉਨ੍ਹਾਂ ਜਿੱਥੇ ਇਹ ਪਸ਼ੂਆਂ ਲਈ ਫੀਡ ਭੇਜਣ ਵਾਲੇ ਦਾਨੀ ਵੀਰਾਂ ਦਾ ਧੰਨਵਾਦ ਕੀਤਾ, ਉਥੇ ਅੱਗੇ ਤੋਂ ਵੀ ਸਹਿਯੋਗ ਕਰਨ ਦੀ ਬੇਨਤੀ ਕੀਤੀ। ਉਨ੍ਹਾਂ ਦਾਨੀ ਸੱਜਣਾਂ ਨੂੰ ਬੇਨਤੀ ਕੀਤੀ ਕਿ ਜਿਹੜਾ ਸਮਾਨ ਹੜ੍ਹ ਪ੍ਰਭਾਵਿਤ ਖੇਤਰ ਵਿੱਚ ਵੰਡਿਆ ਜਾਣਾ ਹੈ, ਜਿਹੜਾ ਦਾਨੀ ਸੱਜਣਾਂ ਦੇ ਕੋਲ ਹੈ। ਅਜੇ ਉਹ ਚਾਰ ਪੰਜ ਦਿਨ ਰੋਕ ਕੇ ਰੱਖਣ। ਜਦੋਂ ਸੜਕੀ ਆਵਾਜਾਈ ਚੱਲ ਪਵੇਗੀ ਤਾਂ ਜ਼ਰੂਰਤ ਦਾ ਸਮਾਨ ਅਸਲੀ ਲੋੜਵੰਦਾਂ ਤੱਕ ਪਹੁੰਚਦਾ ਕੀਤਾ ਜਾ ਸਕੇਗਾ।



# ਰਾਤ ਸਮੇਂ ਘੁੰਮਦੀਆਂ ਨਸ਼ੇੜੀਆਂ ਦੀਆਂ ਟੋਲੀਆਂ ਤੋਂ ਲੋਕ ਪ੍ਰੇਸ਼ਾਨ

ਭੋਗਪੁਰ, 1 ਸਤੰਬਰ (ਅਮਰਜੀਤ ਸਿੰਘ ਸੈਣੀ ਜੰਡੀਰ): ਇਲਾਕੇ ਵਿੱਚ ਨਿੱਤ ਘੁੰਮ ਰਹੀਆਂ ਨਸ਼ੇੜੀਆਂ ਦੀਆਂ ਟੋਲੀਆਂ, ਨਵੇਂ -ਨਵੇਂ ਕਾਰਨਾਮੇ ਕਰ ਰਹੀਆਂ ਹਨ, ਤੁਰੇ ਜਾਂਦੇ ਇਕੱਲੇ ਰਾਹਗੀਰਾਂ ਨੂੰ ਘੇਰ ਲੈਣਾ, ਸਮਾਨ ਖੋਹ ਲੈਣਾ। ਲੋਕਾਂ ਦੇ ਮੋਟਰਸਾਈਕਲ ਚੋਰੀ ਹੋ ਜਾਣੇ ਆਮ ਜਿਹੀ ਗੱਲ ਹੋ ਗਈ ਹੈ। ਅੱਜ ਭਗਤ ਸਿੰਘ ਚੌਂਕ ਫਾਟਕਾਂ ਦੇ ਕੋਲ ਅਜੈਬ ਸਟੂਡੀਓ ਦੀ ਦੁਕਾਨ 'ਤੇ ਚੋਰਾਂ ਨੇ ਸ਼ਟਰ ਭੰਨ ਕੇ ਕੈਮਰੇ 'ਤੇ ਨਗਦੀ ਚੋਰੀ ਕੀਤੀ। ਮਾਰਕੀਟ ਵਿੱਚ ਦਹਿਸ਼ਤ ਦਾ ਮਾਹੌਲ ਬਣਿਆ ਹੋਇਆ ਹੈ। ਲੋਕਾਂ ਨੇ ਪ੍ਰਸ਼ਾਸਨ ਕੋਲੋਂ ਮੰਗ ਕੀਤੀ ਹੈ, ਕਿ ਰਾਤ ਸਮੇਂ ਇਲਾਕੇ ਵਿੱਚ ਘੁੰਮ ਰਹੀਆਂ ਨਸ਼ੇੜੀਆਂ ਦੀਆਂ ਟੋਲੀਆਂ ਵੱਲ ਧਿਆਨ ਦਿੱਤਾ ਜਾਵੇ।

# ਸੰਤ ਬਲਜਿੰਦਰ ਸਿੰਘ ਰਾੜਾ ਸਾਹਿਬ ਵਾਲਿਆਂ ਨਮਿਤ ਪਾਠ ਦੇ ਭੋਗ ਤੇ ਅੰਤਿਮ ਅਰਦਾਸ 3 ਨੂੰ

### ☛ ਵਿਸ਼ਵ ਭਰ ਤੋਂ ਸੰਤ-ਮਹਾਂਪੁਰਖ, ਗੁਣੀ-ਗਿਆਨੀ ਤੇ ਵੱਖ-ਵੱਖ ਸੰਪਰਦਾਵਾਂ ਦੇ ਸਾਧੂ ਮਹਾਤਮਾ ਵੱਡੀ ਗਿਣਤੀ 'ਚ ਹੋਣਗੇ ਸ਼ਾਮਲ

ਰਾੜਾ ਸਾਹਿਬ, 1 ਸਤੰਬਰ (ਚ.ਨ.ਸ.): ਪਿਛਲੇ ਦਿਨੀਂ ਬੇਵਕਤ ਵਿਛੋੜਾ ਦੇ ਗਏ ਰਾੜਾ ਸਾਹਿਬ ਸੰਪਰਦਾਇ ਦੇ ਮੁਖੀ ਸੰਤ ਬਲਜਿੰਦਰ ਸਿੰਘ ਜੀ ਰਾੜਾ ਸਾਹਿਬ ਵਾਲਿਆਂ ਨਮਿਤ ਪਾਠ ਦੇ ਭੋਗ, ਅੰਤਿਮ ਅਰਦਾਸ, ਕਥਾ ਕੀਰਤਨ ਤੇ ਸ਼ਰਧਾਂਜਲੀ ਸਮਾਗਮ 3 ਸਤੰਬਰ ਨੂੰ ਸਵੇਰੇ 10 ਵਜੇ ਤੋਂ ਬਾਅਦ ਦੁਪਹਿਰ 3 ਵਜੇ ਤਕ ਗੁਰਦੁਆਰਾ ਕਰਮਸਰ ਰਾੜਾ ਸਾਹਿਬ ਵਿਖੇ ਦੀਵਾਨ ਹਾਲ ਵਿਚ ਹੋਵੇਗਾ। ਦੱਸਣਯੋਗ ਹੈ ਕਿ ਸੰਤ ਈਸ਼ਰ ਸਿੰਘ ਜੀ ਮਹਾਰਾਜ ਦੇ ਚੱਲ ਰਹੇ ਬਰਸੀ ਸਮਾਗਮਾਂ ਮੌਕੇ ਦੇਰ ਰਾਤ ਕੀਰਤਨ ਕਰਨ ਉਪਰੰਤ ਸੰਤ ਬਲਜਿੰਦਰ ਸਿੰਘ ਜੀ ਰਾੜਾ ਸਾਹਿਬ ਵਾਲੇ ਅਚਾਨਕ ਦੇਰ ਰਾਤ ਸੱਚਖੰਡ ਜਾ ਬਿਰਾਜੇ ਸਨ। ਸੰਤ ਬਲਜਿੰਦਰ ਸਿੰਘ ਲੰਬੇ ਸਮੇਂ ਤੋਂ ਗੁ. ਕਰਮਸਰ ਰਾੜਾ ਸਾਹਿਬ ਵਿਖੇ ਮਹਾਨ ਸੇਵਾ ਨਿਭਾਅ ਰਹੇ ਸਨ ਤੇ ਉਨ੍ਹਾਂ ਵੱਲੋਂ ਡਿਜੀਟਲ ਯੁੱਗ ਵਿਚ ਬੇਮਿਸਾਲ ਕਾਰਜ ਕੀਤੇ ਗਏ ਸਨ। ਉਨ੍ਹਾਂ ਈਸ਼ਰ ਮਾਈਕ੍ਰੋ ਐਪ ਤੇ ਈਸ਼ਰ ਟੀ.ਵੀ. ਦੀ ਸਥਾਪਨਾ ਕੀਤੀ ਸੀ ਤੇ ਰਾੜਾ ਸਾਹਿਬ ਸੰਪਰਦਾਇ ਨੂੰ ਵਿਸ਼ਵ ਭਰ ਅੰਦਰ ਉੱਚ ਟੈਕਨਾਲੋਜੀ ਯੁੱਗ ਨਾਲ ਜੋੜਿਆ ਸੀ। ਸੰਤ ਬਲਜਿੰਦਰ ਸਿੰਘ ਜੀ ਵੱਲੋਂ ਇਸ ਅਸਥਾਨ 'ਤੇ ਅਧੂਰੇ ਹਸਪਤਾਲ ਨੂੰ ਬਹੁਤਕਨੀਕੀ ਹਸਪਤਾਲ ਬਣਾ ਕੇ ਇਲਾਕੇ ਦੇ ਲੋਕਾਂ ਨੂੰ ਸ਼ਾਨਦਾਰ ਸੇਵਾਵਾਂ ਮੁਹੱਈਆ ਕੀਤੀਆਂ ਗਈਆਂ ਸਨ ਤੇ ਬਹੁਤ ਸਾਰੇ ਕਾਰਜ ਉਨ੍ਹਾਂ ਵੱਲੋਂ ਸ਼ੁਰੂ ਕੀਤੇ ਗਏ ਸਨ। ਗੁ. ਕਰਮਸਰ ਰਾੜਾ ਸਾਹਿਬ ਟਰੱਸਟ ਦੇ ਅਹੁਦੇਦਾਰਾਂ ਰਣਧੀਰ ਸਿੰਘ ਢੀਂਡਸਾ ਤੇ ਮਨਿੰਦਰਜੀਤ ਸਿੰਘ ਬੈਨੀਪਾਲ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਸੰਤ ਈਸ਼ਰ ਸਿੰਘ ਰਾੜਾ ਸਾਹਿਬ ਵਾਲਿਆਂ ਤੋਂ ਪੂਰੇ 50 ਸਾਲ ਬਾਅਦ ਸੱਚਖੰਡ ਜਾ ਬਿਰਾਜੇ ਸੰਤ ਬਲਜਿੰਦਰ ਸਿੰਘ ਜੀ ਰਾੜਾ ਸਾਹਿਬ ਵਾਲਿਆਂ ਨਮਿਤ ਅੰਤਿਮ ਅਰਦਾਸ ਮੌਕੇ ਵਿਸ਼ਾਲ ਇਕੱਠ ਨੂੰ ਵੇਖਦਿਆਂ ਹੋਇਆਂ ਪ੍ਰਬੰਧ ਕੀਤੇ ਜਾ ਰਹੇ ਹਨ ਤੇ ਇਸ ਦਿਨ ਦੇਸ਼ ਭਰ ਤੋਂ ਵੱਖ-ਵੱਖ ਸੰਪਰਦਾਵਾਂ ਨਾਲ ਸਬੰਧਿਤ ਗੁਣੀ-ਗਿਆਨੀ, ਸਾਧੂ ਮਹਾਤਮਾ ਤੇ ਸੰਤ-ਮਹਾਂਪੁਰਖ ਪਹੁੰਚ ਰਹੇ ਹਨ। ਗੁ. ਕਰਮਸਰ ਰਾੜਾ ਸਾਹਿਬ ਜ਼ਿਲ੍ਹਾ ਲੁਧਿਆਣਾ ਦਾ ਇਕ ਵਿਲੱਖਣ ਧਾਰਮਿਕ ਸਥਾਨ ਹੈ, ਜਿੱਥੇ ਹਜ਼ਾਰਾਂ ਦੀ ਗਿਣਤੀ ਵਿਚ ਸੰਗਤਾਂ ਰੋਜ਼ ਆਉਂਦੀਆਂ ਹਨ।

# ਹੜ੍ਹਾਂ ਦੇ ਪਾਣੀ 'ਚ ਡੁੱਬਣ ਕਾਰਨ ਹਜ਼ਾਰਾਂ ਚੂਚਿਆਂ ਦੀ ਮੌਤ

ਗੁਰਦਾਸਪੁਰ/ਦੋਰਾਂਗਲਾ, 1 ਸਤੰਬਰ (ਚ.ਨ.ਸ.): ਜ਼ਿਲਾ ਗੁਰਦਾਸਪੁਰ 'ਚ ਆਏ ਹੜ੍ਹਾਂ ਦੀ ਮਾਰ ਨੇ ਜਿੱਥੇ ਸਵਾ 300 ਦੇ ਕਰੀਬ ਪਿੰਡਾਂ 'ਚ ਡੇਢ ਲੱਖ ਲੋਕਾਂ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਹੈ ਅਤੇ 300 ਤੋਂ ਜ਼ਿਆਦਾ ਪਸ਼ੂਆਂ ਦੀ ਮੌਤ ਹੋ ਗਈ ਹੈ। ਉਸ ਦੇ ਨਾਲ ਹੀ ਹੜ੍ਹਾਂ ਦੀ ਇਸ ਮਾਰ ਨੇ ਪੋਲਟਰੀ ਉਦਯੋਗ ਦਾ ਲੱਕ ਵੀ ਤੋੜ ਕੇ ਰੱਖ ਦਿੱਤਾ ਹੈ। ਖਾਸ ਤੌਰ 'ਤੇ ਸਰਹੱਦੀ ਇਲਾਕੇ 'ਚ. ਰਾਵੀ ਦਰਿਆ ਦੇ ਨੇੜਲੇ ਪਿੰਡਾਂ ਵਿਚ ਕਈ ਉਮੀਦਾਂ ਲੈ ਕੇ ਪੋਲਟਰੀ ਦਾ ਕਾਰੋਬਾਰ ਸ਼ੁਰੂ ਕਰਨ ਵਾਲੇ ਨੌਜਵਾਨਾਂ ਤੇ ਕਿਸਾਨਾਂ ਨੂੰ ਇਨ੍ਹਾਂ ਹੜ੍ਹਾਂ ਨੇ ਵੱਡਾ ਨੁਕਸਾਨ ਪਹੁੰਚਾਇਆ ਹੈ। ਗੁਰਦਾਸਪੁਰ ਜ਼ਿਲੇ ਦੇ ਪਿੰਡ ਲੇਲੇ ਨੰਗਲ ਵਿਖੇ ਸੰਦੀਪ ਸਿੰਘ ਨਾਮ ਦੇ ਪੋਲਟਰੀ ਫਾਰਮ ਮਾਲਕ ਨੇ ਦੱਸਿਆ ਕਿ ਉਸ ਦੇ ਪੋਲਟਰੀ ਫਾਰਮ 'ਚ ਦੇਖਦੇ ਹੀ ਦੇਖਦੇ ਪਾਣੀ ਭਰ ਗਿਆ ਅਤੇ 2000 ਤੋਂ ਜ਼ਿਆਦਾ ਚੂਚੇ ਮਰ ਗਏ। ਆਲੀਨੰਗਲ, ਡੇਰਾਵਾਲ ਕਿਰਨ ਅਤੇ ਇਸ ਸਮੁੱਚੇ ਇਲਾਕੇ ਅੰਦਰ ਹੋਰ ਜਿੰਨੇ ਵੀ ਪੋਲਟਰੀ ਫਾਰਮ ਹਨ, ਉਨ੍ਹਾਂ 'ਚ ਵੀ ਚੂਚਿਆਂ ਦਾ ਵੱਡਾ ਨੁਕਸਾਨ ਹੋਇਆ ਹੈ। ਉਨ੍ਹਾਂ ਕਿਹਾ ਕਿ ਚੂਚਿਆਂ ਦੀ ਹੋਈ ਮੌਤ ਲਈ ਜਿੱਥੇ ਕੰਪਨੀ ਨੂੰ ਸਬੰਧਤ ਕੰਪਨੀ ਨੂੰ ਵੱਡੀ ਘਾਟਾ ਪਵੇਗਾ, ਉਸ ਦੇ ਨਾਲ ਹੀ ਪੋਲਟਰੀ ਫਾਰਮ ਮਾਲਕਾਂ ਨੂੰ ਇਨ੍ਹਾਂ ਚੂਚਿਆਂ ਨੂੰ ਪਾਲਣ ਦਾ ਕੋਈ ਵੀ ਮਿਹਨਤਾਨਾ ਨਹੀਂ ਮਿਲੇਗਾ ਅਤੇ ਨਾ ਹੀ ਉਨ੍ਹਾਂ ਦਾ ਆਉਣ ਵਾਲੇ ਸਮੇਂ ਵਿਚ ਜਲਦੀ ਕਾਰੋਬਾਰ ਸ਼ੁਰੂ ਹੋ ਸਕੇਗਾ। ਕਿਉਂਕਿ ਪੋਲਟਰੀ ਫਾਰਮਾਂ 'ਚ ਪਾਣੀ ਭਰਨ ਕਾਰਨ ਸਾਰੇ ਸਾਜ਼ੋ ਸਾਮਾਨ ਦਾ ਭਾਰੀ ਤਰ੍ਹਾਂ ਨੁਕਸਾਨ ਹੋਇਆ ਹੈ। ਉਨ੍ਹਾਂ ਸਰਕਾਰ ਕੋਲੋਂ ਮੰਗ ਕੀਤੀ ਕਿ ਜਿਸ ਢੰਗ ਦੇ ਨਾਲ ਫਸਲਾਂ ਦੀ ਗਿਰਦਾਵਰੀ ਕੀਤੀ ਜਾਂਦੀ ਹੈ, ਉਸੇ ਤਰ੍ਹਾਂ ਪੋਲਟਰੀ ਦੇ ਨੁਕਸਾਨ ਸਬੰਧੀ ਵੀ ਵਿਸ਼ੇਸ਼ ਰਿਪੋਰਟ ਤਿਆਰ ਕਰਕੇ ਉਨ੍ਹਾਂ ਦੇ ਨੁਕਸਾਨ ਦੀ ਭਰਪਾਈ ਕਰਵਾਈ ਜਾਵੇ।

# ਖੇਡਾਂ ਵਤਨ ਪੰਜਾਬ ਦੇ ਸੈਸ਼ਨ 4 ਨੂੰ ਅਗਲੇ ਹੁਕਮਾਂ ਤੱਕ ਕੀਤਾ ਮੁਲਤਵੀ

ਜਲੰਧਰ, 1 ਸਤੰਬਰ (ਚ.ਨ.ਸ.): ਖੇਡਾਂ ਵਤਨ ਪੰਜਾਬ ਦੀਆਂ ਸੈਸ਼ਨ 4 ਨੂੰ ਕਰਵਾਉਣ ਲਈ ਪੰਜਾਬ ਖੇਡ ਵਿਭਾਗ ਨੇ ਪੰਜਾਬ ਸਰਕਾਰ ਦੇ ਨਿਰਦੇਸ਼ਾਂ 'ਤੇ ਇਸ ਨੂੰ 29 ਅਗਸਤ ਨੂੰ ਰਾਸ਼ਟਰੀ ਖੇਡ ਦਿਵਸ ਮੌਕੇ ਤੋਂ ਸ਼ੁਰੂ ਕਰਨ ਦਾ ਐਲਾਨ ਕੀਤਾ ਸੀਪਰ ਪੰਜਾਬ 'ਚ ਆਏ ਅਚਾਨਕ ਹੜ੍ਹਾਂ ਕਾਰਨ ਖੇਡ ਵਿਭਾਗ ਨੇ ਇਨ੍ਹਾਂ ਖੇਡਾਂ ਦੀ ਤਰੀਕ ਨੂੰ ਬਦਲ ਕੇ 3 ਸਤੰਬਰ ਤੋਂ ਸ਼ੁਰੂ ਕਰਨ ਦਾ ਐਲਾਨ ਕੀਤਾ ਸੀਪਰ ਇਸ ਦਾ ਵਿਰੋਧ ਪੰਜਾਬ ਭਰ ਤੋਂ ਉੱਠਿਆ ਕਿ ਇਕ ਪਾਸੇ ਸੂਬਾ ਹੜ੍ਹਾਂ ਦੀ ਮਾਰ ਹੇਠ ਆਇਆ ਹੈ ਤੇ ਖੇਡ ਵਿਭਾਗ ਇਨ੍ਹਾਂ ਖੇਡਾਂ ਨੂੰ ਕਰਵਾਉਣ ਲਈ ਪੱਬਾਂ ਭਾਰ ਹੈ। ਇਸ ਨੂੰ ਵੇਖਦਿਆਂ ਪੰਜਾਬ ਸਰਕਾਰ ਨੇ ਇਨ੍ਹਾਂ ਖੇਡਾਂ ਨੂੰ ਅਗਲੀਆਂ ਤਰੀਕਾਂ ਤੱਕ ਮੁਲਤਵੀ ਕਰ ਦਿੱਤਾ ਹੈ।

# ਪਿੰਡ ਭਾਗੀਵਾਂਦਰ 'ਚ 'ਚਿੱਟੇ' ਨੇ ਲਈ ਇੱਕ ਹੋਰ ਨੌਜਵਾਨ ਦੀ ਜਾਨ

ਤਲਵੰਡੀ ਸਾਬੋ, 1 ਸਤੰਬਰ (ਚ.ਨ.ਸ.): ਪੰਜਾਬ ਸਰਕਾਰ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੀਆਂ ਲਗਾਤਾਰ ਗਿਣਾਈਆਂ ਜਾ ਰਹੀਆਂ ਪ੍ਰਾਪਤੀਆਂ ਦੀ ਹਲਕਾ ਤਲਵੰਡੀ ਸਾਬੋ 'ਚ ਫੂਕ ਨਿਕਲਦੀ ਨਜ਼ਰ ਆ ਰਹੀ ਹੈ, ਕਿਉਂਕਿ ਪਿਛਲੇ ਦਿਨੀਂ ਉਪ ਮੰਡਲ ਦੇ ਪਿੰਡ ਭਾਗੀਵਾਂਦਰ ਦੇ ਨੌਜਵਾਨ ਧਰਮਪ੍ਰੀਤ ਸਿੰਘ ਦੀ ਮੌਤ ਦੀਆਂ ਖਬਰਾਂ ਦੀ ਅਜੇ ਸਿਆਹੀ ਵੀ ਨਹੀਂ ਸੁੱਕੀ ਕਿ ਅੱਜ ਪਿੰਡ ਦੇ ਦੂਜੇ ਨੌਜਵਾਨ ਦੀ ਵੀ 'ਚਿੱਟੇ' ਦੀ ਓਵਰਡੋਜ਼ ਨਾਲ ਮੌਤ ਹੋ ਜਾਣ ਦੀ ਮੰਦਭਾਗੀ ਖਬਰ ਸਾਹਮਣੇ ਆਈ ਹੈ। ਨੌਜਵਾਨ ਦੀ ਲਾਸ਼ ਬੀਤੀ ਦੇਰ ਸ਼ਾਮ ਸਿਵਲ ਹਸਪਤਾਲ ਤਲਵੰਡੀ ਸਾਬੋ ਨੇੜਿਓਂ ਮਿਲੀ ਹੈ। ਮ੍ਰਿਤਕ ਨੌਜਵਾਨ ਪ੍ਰਿਤਪਾਲ ਸਿੰਘ (26) ਦੀ ਮਾਤਾ ਅਮਰੋ ਕੌਰ ਨੇ ਦੱਸਿਆ ਕਿ ਉਨ੍ਹਾਂ ਦਾ ਲੜਕਾ ਜੋ ਕਿ ਪਿਛਲੇ ਸਮੇਂ ਤੋਂ 'ਚਿੱਟੇ' ਦਾ ਆਦੀ ਸੀ। ਬੀਤੇ ਕੱਲ ਤਲਵੰਡੀ ਸਾਬੋ ਸਿਵਲ ਹਸਪਤਾਲ 'ਚੋਂ ਨਸ਼ਾ ਛਡਾਉਣ ਦੇ ਨਾਂ 'ਤੇ ਦਿੱਤੀ ਜਾਂਦੀ ਗੋਲੀ ਲੈਣ ਜਾਣ ਦਾ ਕਹਿ ਕੇ ਘਰੋਂ ਨਿਕਲਿਆ ਸੀ ਤੇ ਦੇਰ ਸ਼ਾਮ ਤੱਕ ਘਰੇ ਨਾ ਆਉਣ 'ਤੇ ਉਸ ਦੀ ਭਾਲ ਕੀਤੀ ਤਾਂ ਉਹ ਸਿਵਲ ਹਸਪਤਾਲ ਦੇ ਨੇੜਿਓਂ ਮ੍ਰਿਤਕ ਹਾਲਤ 'ਚ ਮਿਲਿਆ। ਮ੍ਰਿਤਕ ਕੋਲੋਂ ਇਕ ਸਰਿੰਜ ਵੀ ਮਿਲੀ ਹੈ, ਜਦੋਂ ਇਸ ਸਬੰਧੀ ਡੀ.ਐੱਸ.ਪੀ. ਤਲਵੰਡੀ ਸਾਬੋ ਰਾਜੇਸ਼ ਸਨੇਹੀ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਇਸ ਕੱਲ 'ਚਿੱਟੇ' ਦੀ ਓਵਰਡੋਜ਼ ਨਾਲ ਕਿਸੇ ਦੀ ਮੌਤ ਬਾਰੇ ਕੋਈ ਜਾਣਕਾਰੀ ਨਹੀਂ ਪਹੁੰਚੀ ਹੈ।

# ਮੰਡੀ ਚੌਕ ਵਿਖੇ ਬਾਬਾ ਸ੍ਰੀ ਚੰਦ ਜੀ ਦਾ ਜਨਮ ਦਿਹਾੜਾ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ: ਕਲਦੀਪ ਸਿੰਘ

### ☛ ਬਾਬਾ ਸ੍ਰੀ ਚੰਦ ਜੀ ਦੀਆਂ ਸਿੱਖਿਆ ਮਨੁੱਖਤਾ ਦੇ ਭਲੇ ਲਈ ਹਮੇਸ਼ਾ ਸਾਰਥਿਕ ਰਹਿਣਗੀਆਂ



ਗੁਰਦਾਸਪੁਰ, 1 ਸਤੰਬਰ (ਜਸਵਿੰਦਰ ਸਿੰਘ):ਗੁਰਦਾਸਪੁਰ ਦੇ ਮੰਡੀ ਚੌਕਬਾਬਾ ਸ੍ਰੀ ਚੰਦ ਜੀ ਦਾ ਪਵਿੱਤਰ ਜਨਮ ਦਿਹਾੜਾ ਪੂਰੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਬਾਬਾ ਸ੍ਰੀ ਚੰਦ ਜੀ ਦੇ ਉਪਦੇਸ਼ਾਂ 'ਸਾਦਗੀ, ਤਿਆਗ, ਸੇਵਾ ਅਤੇ ਨਾਮ ਜਪਣ' ਨੂੰ ਯਾਦ ਕੀਤਾ। ਇਸ ਮੌਕੇ ਕਲਦੀਪ ਸਿੰਘ ਨੇ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਸੰਗਤਾਂ ਨੂੰ ਬਾਬਾ ਸ੍ਰੀ ਚੰਦ ਜੀ ਦੇ ਪ੍ਰਕਾਸ਼ ਦਿਹਾੜੇ ਦੀ ਵਧਾਈ ਦਿੰਦਿਆਂ ਕਿਹਾ ਕਿ ਜ਼ਿਲ੍ਹਾ ਗੁਰਦਾਸਪੁਰ ਦੀ ਧਰਤੀ ਇਸ ਗੱਲੋਂ ਹੋਰ ਵੀ ਸੁਭਾਗੀ ਹੈ ਕਿ ਬਾਬਾ ਸ੍ਰੀ ਚੰਦ ਜੀ ਨੇ ਆਪਣੇ ਜੀਵਨ ਦਾ ਲੰਮਾ ਸਮਾਂ ਇੱਥੇ ਪ੍ਰਭੂ ਭਗਤੀ ਕਰਦਿਆਂ ਬਤੀਤ ਕੀਤਾ। ਉਨ੍ਹਾਂ ਕਿਹਾ ਕਿ ਬਾਬਾ ਜੀ ਨਾਲ ਸਬੰਧਤ ਪਾਵਨ ਅਸਥਾਨਾਂ ਵਿੱਚ ਸੰਗਤਾਂ ਅਥਾਹ ਸ਼ਰਧਾ ਰੱਖਦੀਆਂ ਹਨ ਤੇ ਉਨ੍ਹਾਂ ਵੱਲੋਂ ਇਸ ਮੌਕੇ 'ਤੇ ਅਤੁੱਟ ਲੰਗ ਲਗਾਇਆ ਗਿਆ। ਗੁਰਪ੍ਰੀਤ ਸਿੰਘ ਗੋਪੀ (ਯੂਐਸਏ) ਵੱਲੋਂ ਇਸ ਲੰਗਰ ਦੀ ਸੇਵਾ ਵਿੱਚ ਯੋਗਦਾਨ ਪਾਇਆ ਗਿਆ। ਇਸ ਮੌਕੇ 'ਤੇ ਗੁਰਦੀਪ ਸਿੰਘ, ਜਾਨੂ, ਲਖਵਿੰਦਰ ਸਿੰਘ, ਪਿੰਮਾ, ਸਾਲੂ, ਜਸਵਿੰਦਰ ਸਿੰਘ ਹਾਜ਼ਰ ਸਨ।

# ਡੀ.ਸੀ. ਵੱਲੋਂ ਤਲਵੰਡੀ ਸੀਬੂ, ਤਾਜੋਵਾਲ ਤੇ ਪੰਦਰਾਵਲ ਵਿਖੇ ਧੁੱਸੀ ਬੰਨ੍ਹ ਦਾ ਦੌਰਾ

### ☛ ਪਾਣੀ ਦਾ ਪੱਧਰ ਵਧਿਆ, ਸਥਿਤੀ ਕਾਬੂ ਹੇਠ, ਪ੍ਰਸ਼ਾਸਨਿਕ ਟੀਮਾਂ ਲਗਾਤਾਰ ਕਾਰਜਸ਼ੀਲ

ਨਵਾਂਸ਼ਹਿਰ, 1 ਸਤੰਬਰ (ਸੁਖਦੇਵ ਸਿੰਘ ਉੜਾਪੜ): ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਨੇ ਅੱਜ ਪ੍ਰਸ਼ਾਸਨਿਕ ਅਧਿਕਾਰੀਆਂ ਸਮੇਤ ਧੁੱਸੀ ਬੰਨ੍ਹ ਦੀ ਮੌਜੂਦਾ ਸਥਿਤੀ ਦਾ ਜਾਇਜ਼ਾ ਲੈਣ ਲਈ ਤਲਵੰਡੀ ਸੀਬੂ, ਤਾਜੋਵਾਲ ਅਤੇ ਪੰਦਰਾਵਲ, ਬੁਰਜ ਟਹਿਲ ਦਾਸ ਦਾ ਦੌਰਾ ਕਰਦਿਆਂ ਕਿਹਾ ਕਿ ਸਤਲੁਜ ਦਰਿਆ ਵਿੱਚ ਪਾਣੀ ਦਾ ਪੱਧਰ ਪਹਿਲਾਂ ਨਾਲੋਂ ਵਧਿਆ ਹੈ ਪਰ ਸਥਿਤੀ ਪੂਰੀ ਤਰ੍ਹਾਂ ਕੰਟਰੋਲ ਵਿੱਚ ਹੈ। ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਨੇ ਮੌਕੇ 'ਤੇ ਪਿੰਡਾਂ ਦੇ ਵਸਨੀਕਾਂ ਤੇ ਅਧਿਕਾਰੀਆਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਭਾਵੇਂ ਪਾਣੀ ਦਾ ਪੱਧਰ ਵਧਿਆ ਹੈ ਪਰ ਮੌਜੂਦਾ ਸਮੇਂ ਕਿਸੇ ਵੀ ਪਾਸਿਓਂ ਘਬਰਾਉਣ ਦੀ ਜ਼ਰੂਰਤ ਨਹੀਂ ਕਿਉਂਕਿ ਪ੍ਰਸ਼ਾਸਨਿਕ ਟੀਮਾਂ ਵੱਖੋ-ਵੱਖ ਥਾਵਾਂ 'ਤੇ ਲਗਾਤਾਰ ਕਾਰਜਸ਼ੀਲ ਹਨ। ਉਨ੍ਹਾਂ ਕਿਹਾ ਕਿ ਤਲਵੰਡੀ ਸੀਬੂ ਵਿਖੇ ਬੰਨ੍ਹ ਦੀ ਮਜ਼ਬੂਤੀ ਕੀਤੀ ਗਈ ਹੈ ਤਾਂ ਜੋ ਹੜ੍ਹ ਦੀ ਸਥਿਤੀ ਨਾਲ ਸੁਚੱਜੇ ਢੰਗ ਨਾਲ ਨਜਿੱਠਿਆ ਜਾ ਸਕੇ। ਇਸੇ ਤਰ੍ਹਾਂ ਪਿੰਡ ਤਾਜੋਵਾਲ ਵਿਖੇ ਸਥਾਨਕ ਲੋਕਾਂ ਨਾਲ ਗੱਲਬਾਤ ਕਰਦਿਆਂ ਡਿਪਟੀ ਕਮਿਸ਼ਨਰ ਨੇ



ਅਧਿਕਾਰੀਆਂ ਨੂੰ ਪਾਣੀ ਦੇ ਵਧੇ ਪੱਧਰ ਦੇ ਮੱਦੇਨਜ਼ਰ ਲਗਾਤਾਰ ਚੌਕਸ ਰਹਿਣ ਦੇ ਨਿਰਦੇਸ਼ ਦਿੱਤੇ। ਪੰਦਰਾਵਲ ਵਿਖੇ ਬੰਨ੍ਹ ਦੀ ਹੋਰ ਮਜ਼ਬੂਤੀ ਦੇ ਚੱਲ ਰਹੇ ਕਾਰਜਾਂ ਦੀ ਸਮੀਖਿਆ ਕਰਦਿਆਂ ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਭਰੋਸਾ ਦਿੱਤਾ ਕਿ ਪ੍ਰਸ਼ਾਸਨ ਹਰ ਸਮੇਂ ਉਨ੍ਹਾਂ ਦੀ ਮਦਦ ਲਈ ਤਿਆਰ-ਬਰ-ਤਿਆਰ ਹੈ। ਸਤਲੁਜ ਦਰਿਆ 'ਚ ਪਾਣੀ ਦੇ ਵਧੇ ਪੱਧਰ ਬਾਰੇ ਗੱਲਬਾਤ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪਿਛਲੇ ਦਿਨੀਂ ਪਾਣੀ ਦਾ ਪੱਧਰ 40-45 ਹਜ਼ਾਰ ਕਿਊਸਿਕ ਸੀ ਜੋ ਗੁਆਂਢੀ ਸੂਬੇ ਤੇ ਇਥੇ ਹੋ ਰਹੀ ਲਗਾਤਾਰ ਭਾਰੀ ਬਰਸਾਤ ਕਾਰਨ 90 ਹਜ਼ਾਰ ਕਿਊਸਿਕ ਤੋਂ ਟੱਪ ਚੁੱਕਾ ਹੈ। ਉਨ੍ਹਾਂ ਕਿਹਾ ਕਿ ਜਿੱਥੇ-ਜਿੱਥੇ ਬੰਨ੍ਹ ਨੂੰ ਮਜ਼ਬੂਤੀ ਦੀ ਜ਼ਰੂਰਤ ਹੈ ਸਬੰਧਤ ਵਿਭਾਗਾਂ ਦੇ ਅਧਿਕਾਰੀ ਲਗਾਤਾਰ ਕੰਮ ਕਰ ਰਹੇ ਹਨ ਤੇ ਜੇ.ਸੀ.ਬੀ. ਮਸ਼ੀਨਾਂ ਦੇ ਨਾਲ-ਨਾਲ ਮਿੱਟੀਅਤੇ ਰੇਤਾ ਬੋਰਿਆਂ ਨਾਲ ਬੰਨ੍ਹ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਨੂੰ ਕਿਸੇ ਵੀ ਥਾਂ 'ਤੇ ਹੜ੍ਹ ਦੀ ਸਥਿਤੀ ਦਾ ਖਦਸ਼ਾ ਜਾਹਰ ਹੁੰਦਾ ਹੈ, ਤਾਂ ਉਹ ਤੁਰੰਤ ਪ੍ਰਸ਼ਾਸਨਿਕ ਅਧਿਕਾਰੀਆਂ ਜਾਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਥਾਪਤ 24/7 ਜ਼ਿਲ੍ਹਾ ਪੱਧਰੀ ਕੰਟਰੋਲ ਰੂਮ ਦੇ ਨੰਬਰ 01823-220645 'ਤੇ ਸੂਚਨਾ ਦੇਣ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਰਾਜੀਵ ਵਰਮਾ, ਐਸ.ਡੀ.ਐਮ. ਅਨਮਜਯੋਤ ਕੌਰ ਤੇ ਵੱਖ-ਵੱਖ ਪਿੰਡਾਂ ਦੇ ਲੋਕ ਵੀ ਮੌਜੂਦ ਸਨ।

# ਪਿੰਡ ਮੁਸਤਫਾਬਾਦ ਜੱਟਾਂ ਤੇ ਸਰਾਵਾਂ ਵਿਖੇ ਬਾਬਾ ਸ੍ਰੀ ਚੰਦ ਜੀ ਦਾ ਜਨਮ ਦਿਹਾੜਾ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ

### ☛ ਚੇਅਰਮੈਨ ਰਮਨ ਬਹਿਲ ਨੇ ਵਿਸ਼ੇਸ਼ ਤੌਰ 'ਤੇ ਸੰਗਤ 'ਚ ਹਾਜ਼ਰੀ ਭਰੀ



ਗੁਰਦਾਸਪੁਰ, 1 ਸਤੰਬਰ (ਜਗੀਰ ਸਿੰਘ ਮੰਡ/ਸੁਰਿੰਦਰ ਸਿੰਘ ਬਸਰਾ): ਪਿੰਡ ਮੁਸਤਫਾਬਾਦ ਜੱਟਾਂ ਵਿਖੇ ਗ੍ਰਾਮ ਪੰਚਾਇਤ ਵੱਲੋਂ ਗੁਰਦੁਆਰਾ ਸਾਹਿਬ ਤੇ ਪਿੰਡ ਸਰਾਵਾਂ ਵਿਖੇ ਹਰਪਾਲ ਸਿੰਘ ਵੱਲੋਂ ਆਪਣੇ ਘਰ ਵਿਸ਼ੇਸ਼ ਧਾਰਮਿਕ ਸਮਾਗਮ ਕਰਵਾ ਕੇ ਬਾਬਾ ਸ੍ਰੀ ਚੰਦ ਜੀ ਦਾ ਪਵਿੱਤਰ ਜਨਮ ਦਿਹਾੜਾ ਪੂਰੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਨ੍ਹਾਂ ਸਮਾਗਮਾਂ ਵਿੱਚ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਨੇ ਵਿਸ਼ੇਸ਼ ਤੌਰ 'ਤੇ ਸੰਗਤ ਵਿੱਚ ਹਾਜ਼ਰੀ ਭਰੀ। ਪਿੰਡ ਮੁਸਤਫਾਬਾਦ ਜੱਟਾਂ ਵਿਖੇ ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਕੀਰਤਨ ਦਰਬਾਰ ਤੇ ਗੁਰਮਤਿ ਕਥਾ-ਵਿਚਾਰ ਕੀਤੀ ਗਈ ਤੇ ਸੰਗਤਾਂ ਨੇ ਨਾਮ ਸਿਮਰਨ ਕਰਦੇ ਹੋਏ ਬਾਬਾ ਸ੍ਰੀ ਚੰਦ ਜੀ ਦੇ ਉਪਦੇਸ਼ਾਂ 'ਸਾਦਗੀ, ਤਿਆਗ, ਸੇਵਾ ਤੇ ਨਾਮ ਜਪਣ' ਨੂੰ ਯਾਦ ਕੀਤਾ। ਇਸ ਮੌਕੇ ਦੇ ਮੁੱਖ ਮਹਿਮਾਨ ਰਮਨ ਬਹਿਲ ਨੇ ਸੰਗਤਾਂ ਨੂੰ ਬਾਬਾ ਸ੍ਰੀ ਚੰਦ ਜੀ ਦੇ ਪ੍ਰਕਾਸ਼ ਦਿਹਾੜੇ ਦੀ ਵਧਾਈ ਦਿੰਦਿਆਂ ਕਿਹਾ ਨੇ ਬਾਬਾ ਸ੍ਰੀ ਚੰਦ ਜੀ ਨੇ ਆਪਣੀ ਜ਼ਿੰਦਗੀ ਰਾਹੀਂ ਸਾਨੂੰ ਨਿਮਰਤਾ, ਤਿਆਗ ਤੇ ਅਧਿਆਤਮਿਕਤਾ ਦੇ ਰਾਹੀਂ ਚੱਲਣ ਦੀ ਪ੍ਰੇਰਣਾ ਦਿੱਤੀ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਜਦੋਂ ਸਮਾਜਕ ਤੇ ਪਰਿਵਾਰਕ ਮੁੱਲ ਘਟਦੇ ਜਾ ਰਹੇ ਹਨ, ਸਾਨੂੰ ਬਾਬਾ ਸ੍ਰੀ ਚੰਦ ਜੀ ਦੀਆਂ ਸਿੱਖਿਆਵਾਂ ਨੂੰ ਅਪਣਾਉਣ ਦੀ ਲੋੜ ਹੈ ਤਾਂ ਜੋ ਇੱਕ ਸੁੰਦਰ, ਨਿਰਮਲ ਤੇ ਸੇਵਾ-ਮੁੱਖ ਸਮਾਜ ਦਾ ਨਿਰਮਾਣ ਹੋ ਸਕੇ। ਬਹਿਲ ਨੇ ਕਿਹਾ ਕਿ ਬਾਬਾ ਜੀ ਦਾ ਜੀਵਨ ਸਾਨੂੰ ਸਿਖਾਉਂਦਾ ਹੈ ਕਿ ਭਾਵੇਂ ਕੋਈ ਕਿੰਨਾ ਵੀ ਮਹਾਨ ਹੋਵੇ, ਉਸ ਨੂੰ ਹਮੇਸ਼ਾ ਨਿਮਰ ਰਹਿ ਕੇ ਮਨੁੱਖਤਾ ਦੀ ਭਲਾਈ ਲਈ ਕੰਮ ਕਰਨਾ ਚਾਹੀਦਾ ਹੈ। ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਜ਼ਿਲ੍ਹਾ ਗੁਰਦਾਸਪੁਰ ਦੀ ਧਰਤੀ ਇਸ ਗੱਲੋਂ ਹੋਰ ਵੀ ਸੁਭਾਗੀ ਹੈ ਕਿ ਬਾਬਾ ਸ੍ਰੀ ਚੰਦ ਜੀ ਨੇ ਆਪਣੇ ਜੀਵਨ ਦਾ ਲੰਮਾ ਸਮਾਂ ਇੱਥੇ ਪ੍ਰਭੂ ਭਗਤੀ ਕਰਦਿਆਂ ਬਤੀਤ ਕੀਤਾ। ਉਨ੍ਹਾਂ ਕਿਹਾ ਕਿ ਬਾਬਾ ਜੀ ਨਾਲ ਸਬੰਧਿਤ ਪਾਵਨ ਅਸਥਾਨਾਂ ਵਿੱਚ ਸੰਗਤਾਂ ਅਥਾਹ ਸ਼ਰਧਾ ਰੱਖਦੀਆਂ ਹਨ। ਇਸ ਮੌਕੇ ਚੇਅਰਮੈਨ ਰਮਨ ਬਹਿਲ ਨੇ ਹੜ੍ਹ ਪੀੜ੍ਹਤਾਂ ਲਈ ਭਲਾਈ ਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਧਾਰਮਿਕ ਸਮਾਗਮਾਂ ਤੋਂ ਬਾਅਦ ਗੁਰੂ ਕਾ ਲੰਗਰ ਅਤੁੱਟ ਵਰਤਾਇਆ।

# ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਸ੍ਰੀ ਹਰਗੋਬਿੰਦਪੁਰ ਸਾਹਿਬ ਵਿਖੇ ਹੜ੍ਹ ਪੀੜਤ ਲੋਕਾਂ ਦੀਆਂ ਸੁਣੀਆਂ ਦੁੱਖ-ਤਕਲੀਫਾਂ



ਸ੍ਰੀ ਹਰਗੋਬਿੰਦਪੁਰ ਸਾਹਿਬ/ਊਧਨਵਾਲ, 1 ਸਤੰਬਰ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ/ਸੁਖਅੰਮ੍ਰਿਤ ਸਿੰਘ ਸੋਨੂੰ ਘੁਮਾਣ): ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕੀਤਾ ਜਾ ਰਿਹਾ ਹੈ ਤੇ ਹੜ੍ਹ ਪੀੜਤ ਲੋਕਾਂ ਦੀ ਸੰਭਲ ਮਦਦ ਕੀਤੀ ਜਾ ਰਹੀ ਹੈ। ਇਸ ਤਰ੍ਹਾਂ ਪਾਰਟੀ ਪ੍ਰਧਾਨ ਸੁਖਬੀਰ ਦੇ ਬਾਦਲ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਦੇਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕੀਤਾ ਤੇ ਸ਼ਾਮ ਨੂੰ ਸ੍ਰੀ ਹਰਗੋਬਿੰਦਪੁਰ ਸਾਹਿਬ ਵਿਖੇ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਮਿਲੇ ਤੇ ਉਨ੍ਹਾਂ ਦੀਆਂ ਦੁੱਖ ਤਕਲੀਫਾਂ ਸੁਣੀਆਂ ਤੇ ਹੜ੍ਹ ਪੀੜਤ ਲੋਕਾਂ ਦੀ ਮੰਗ 'ਤੇ ਪਾਣੀ ਕੱਢਣ ਵਾਲੇ ਪੰਪ, ਤਰਪਾਲਾਂ, ਪਸ਼ੂਆਂ ਦਾ ਚਾਰਾ, ਮੱਛਰ ਮਾਰਨ ਵਾਲੀ ਸਪ੍ਰੇ ਸਮੇਤ ਹਰ ਤਰ੍ਹਾਂ ਦੀ ਸਹਾਇਤਾ ਕਰਨ ਦਾ ਭਰੋਸਾ ਦਿੰਦਿਆਂ ਹਲਕਾ ਇੰਚਾਰਜ ਸ੍ਰੀ ਹਰਗੋਬਿੰਦਪੁਰ ਸਾਹਿਬ ਰਾਜਨਬੀਰ ਸਿੰਘ ਘੁਮਾਣ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਸੁਰਜੀਤ ਸਿੰਘ ਤੁਗਲਵਾਲ ਦੀਆਂ ਡਿਊਟੀਆਂ ਲਗਾਈਆਂ ਤੇ ਕਿਹਾ ਕਿ ਹੜ੍ਹ ਪੀੜਤ ਲੋਕਾਂਦੇ ਨਾਲ ਰਾਬਤਾ ਕਾਇਮ ਰੱਖਿਆ ਜਾਵੇ ਤੇ ਉਨ੍ਹਾਂ ਹਰ ਤਰ੍ਹਾਂ ਦੀ ਸਹਾਇਤਾ ਦਿੱਤੀ ਜਾਵੇ। ਇਸ ਮੌਕੇ ਡਾ. ਦਲਜੀਤ ਸਿੰਘ ਚੀਮਾ ਸਾਬਕਾ ਕੈਬਨਿਟ ਮੰਤਰੀ ਪੰਜਾਬ, ਹਲਕਾ ਇੰਚਾਰਜ ਸ੍ਰੀ ਹਰਗੋਬਿੰਦਪੁਰ ਸਾਹਿਬ ਰਾਜਨਬੀਰ ਸਿੰਘ ਘੁਮਾਣ, ਜ਼ਿਲ੍ਹਾ ਜਥੇਦਾਰ ਸੁੱਚਾ ਸਿੰਘ ਲੰਗਾਹ, ਸੁਖਬੀਰ ਸਿੰਘ ਵਾਹਲਾ ਸਾਬਕਾ ਚੇਅਰਮੈਨ, ਕਿਰਪਾਲ ਸਿੰਘ ਗੇਰਾ ਸੀਨੀਅਰ ਆਗੂ ਮੁਕੇਰੀਆਂ, ਜ਼ਿਲ੍ਹਾ ਪ੍ਰਧਾਨ ਹੁਸ਼ਿਆਰਪੁਰ ਲਖਵਿੰਦਰ ਸਿੰਘ ਲੱਖੀ, ਬਲਾਕ ਪ੍ਰਧਾਨ ਕੁਲਦੀਪ ਸਿੰਘ ਮੂੜ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਸਰਦੂਲ ਸਿੰਘ ਔਲਖ, ਸੀਨੀਅਰ ਆਗੂ ਸੁਲੱਖਣ ਸਿੰਘ ਬਾਠ, ਸੁਲੱਖਣ ਸਿੰਘ ਡੋਗਰ ਮਹੇਸ਼, ਮਨਦੀਪ ਸਿੰਘ ਸੋਢੀ, ਦਲੇਰ ਸਿੰਘ ਕੰਗ, ਬਚਿੱਤਰ ਸਿੰਘ ਮਾੜੀ ਪੰਨਵਾਂ, ਡਾ. ਗੁਰਨੇਕ ਸਿੰਘ ਹਰਚੋਵਾਲ, ਪ੍ਰਧਾਨ ਜਸਬੀਰ ਸਿੰਘ ਟਿੱਕਾ ਨਸੀਰਪੁਰ, ਸਕੱਤਰ ਸਿੰਘ ਨਸੀਰਪੁਰ, ਸੁਖਦੇਵ ਸਿੰਘ ਵੈਰੋਨੰਗਲ, ਪ੍ਰਮਿੰਦਰ ਸਿੰਘ ਬੂੜੇ ਨੰਗਲ, ਨੰਬਰਦਾਰ ਗੁਰਦਿਆਲ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਸਰਦੂਲ ਸਿੰਘ ਔਲਖ, ਕੈਪਟਨ ਨਰੈਣ ਸਿੰਘ ਭਾਮ, ਸੁਖਬੀਰ ਸਿੰਘ ਪਿੰਡਾਂ ਰੋੜੀ, ਨਿਸ਼ਾਨ ਸਿੰਘ ਖੱਖ, ਨੰਬਰਦਾਰ ਸਿਕੰਦਰ ਸਿੰਘ ਖੋਜਕੀਪੁਰ, ਹਰਜਿੰਦਰ ਸਿੰਘ ਖੋਜਕੀਪੁਰ, ਗੁਰਮੀਤ ਸਿੰਘ ਕੀੜੀ, ਰੋਲਾ ਸਿੰਘ ਕੀੜੀ, ਕੈਪਟਨ ਕੁਲਵਿੰਦਰ ਸਿੰਘ, ਸਤਪਾਲ ਸਿੰਘ ਔਲਖ, ਬਲਜੀਤ ਸਿੰਘ ਮਾੜੀ ਪੰਨਵਾਂ, ਨੰਬਰਦਾਰ ਜਸਵੰਤ ਸਿੰਘ ਘੁਮਾਣ, ਬਲਜੀਤ ਸਿੰਘ ਮਾੜੀ ਪੰਨਵਾਂ, ਹਰਜੀਤ ਸਿੰਘ ਹਾਜ਼ਰ ਸਨ।

# ਮਲੇਰਕੋਟਲਾ ਦੇ ਵਿਧਾਇਕ ਜਮੀਲ-ਉਰ-ਰਹਿਮਾਨ ਨੇ ਜ਼ਿਲ੍ਹਾ ਗੁਰਦਾਸਪੁਰ ਦੇ ਹੜ੍ਹ ਪੀੜ੍ਹਤਾਂ ਲਈ ਰਾਹਤ ਸਮੱਗਰੀ ਦਾ ਟਰੱਕ ਭੇਜਿਆ

### ☛ ਚੇਅਰਮੈਨ ਸ਼ਰਮਾ ਨੇ ਰਾਹਤ ਸਮੱਗਰੀ ਪਿੰਡ ਮੂਲਿਆਂ ਵਾਲ, ਡੇਰਾ ਬਾਬਾ ਨਾਨਕ ਤੇ ਦੇੜ੍ਹ ਗਵਾਰ 'ਚ ਵੰਡੀ

ਡੇਰਾ ਬਾਬਾ ਨਾਨਕ/ਗੁਰਦਾਸਪੁਰ, 1 ਸਤੰਬਰ(ਜਗੀਰ ਸਿੰਘ ਮੰਡ/ਕੁਲਜੀਤ



ਖੋਖਰ): ਜ਼ਿਲ੍ਹਾ ਗੁਰਦਾਸਪੁਰ ਵਿੱਚ ਹੜ੍ਹ ਪੀੜ੍ਹਤਾਂ ਦੀ ਸਹਾਇਤਾ ਲਈ ਮਲੇਰਕੋਟਲੇ ਦਾ ਮੁਸਲਿਮ ਭਾਈਚਾਰਾ ਵੀ ਅੱਗੇ ਆਇਆ ਹੈ। ਮਲੇਰਕੋਟਲਾ ਦੇ ਵਿਧਾਇਕ ਡਾ. ਜਮੀਲ ਉਰ ਰਹਿਮਾਨ ਵੱਲੋਂ ਆਪਣੇ ਭਾਈਚਾਰੇ ਵੱਲੋਂ ਰਾਹਤ ਸਮਗਰੀ ਦੇ 700 ਪੈਕਟ ਇੱਕ ਵਿਸ਼ੇਸ਼ ਟਰੱਕ ਰਾਹੀਂ ਡੇਰਾ ਬਾਬਾ ਨਾਨਕ ਵਿਖੇ ਹੜ੍ਹ ਪੀੜ੍ਹਤਾਂ ਦੀ ਸਹਾਇਤਾ ਲਈ ਭੇਜੇ ਗਏ ਹਨ, ਜਿਸ ਨੂੰ ਮਾਰਕਿਟ ਕਮੇਟੀ ਮਲੇਰਕੋਟਲਾ ਦੇ ਚੇਅਰਮੈਨ ਜਨਾਬ ਜਾਬਰ ਲੈ ਕੇ ਪਹੁੰਚੇ।ਮਲੇਰਕੋਟਲਾ ਤੋਂ ਆਈ ਇਸ ਰਾਹਤ ਸਮਗਰੀ ਨੂੰ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਦੇ ਚੇਅਰਮੈਨ ਰਾਜੀਵ ਸ਼ਰਮਾ ਵੱਲੋਂ ਪ੍ਰਾਪਤ ਕਰਕੇ ਮਲੇਰਕੋਟਲਾ ਦੀ ਟੀਮ ਦੇ ਨਾਲ ਹੜ੍ਹ ਪ੍ਰਭਾਵਿਤ ਖੇਤਰ ਪਿੰਡ ਮੂਲਿਆਂ ਵਾਲ, ਡੇਰਾ ਬਾਬਾ ਨਾਨਕ ਤੇ ਦੇੜ੍ਹ ਗਵਾਰ ਵਿੱਚ ਵੰਡਿਆ ਗਿਆ। ਇਸ ਰਾਹਤ ਸਮਗਰੀ ਵਿੱਚ ਆਟਾ, ਖੰਡ, ਦਾਲਾਂ ਤੇ ਹੋਰ ਸੁੱਕਾ ਅਨਾਜ ਤੇ ਰਸ਼ਦਾਂ ਸਨ। ਇਹ ਰਾਹਤ ਸਮਗਰੀ ਭੇਜਣ ਲਈ ਮਲੇਰਕੋਟਲਾ ਦੇ ਵਿਧਾਇਕ ਜਨਾਬ ਜਮੀਲ ਉਰ ਰਹਿਮਾਨ ਦਾ ਧੰਨਵਾਦ ਕਰਦਿਆਂ ਚੇਅਰਮੈਨ ਰਾਜੀਵ ਸ਼ਰਮਾ ਨੇ ਕਿਹਾ ਕਿ ਸੰਕਟ ਦੀ ਘੜੀ ਵਿੱਚ ਮਲੇਰਕੋਟਲਾ ਤੋਂ ਭੇਜੀ ਗਈ ਰਾਹਤ ਸਮਗਰੀ ਲਈ ਉਹ ਜ਼ਿਲ੍ਹਾ ਵਾਸੀਆਂ ਵੱਲੋਂ ਵਿਸ਼ੇਸ਼ ਤੌਰ 'ਤੇ ਮਲੇਰਕੋਟਲਾ ਵਾਸੀਆਂ ਦਾ ਧੰਨਵਾਦ ਕਰਦੇ ਹਨ। ਉਨ੍ਹਾਂ ਕਿਹਾ ਕਿ ਹੜ੍ਹਾਂ ਕਾਰਨ ਹੋਏ ਨੁਕਸਾਨ ਵਿੱਚ ਅਜਿਹੀ ਸਹਾਇਤਾ ਦੀ ਬਹੁਤ ਲੋੜ ਸੀ ਅਤੇ ਜਿਵੇਂ ਮਲੇਰਕੋਟਲੇ ਦੇ ਭਾਈਚਾਰੇ ਵੱਲੋਂ ਹੜ੍ਹ ਪੀੜ੍ਹਤਾਂ ਦਾ ਸਹਿਯੋਗ ਕੀਤਾ ਗਿਆ ਇਸ ਨਾਲ ਹੜ੍ਹ ਪੀੜ੍ਹਤਾਂ ਨੂੰ ਜ਼ਰੂਰ ਕੁਝ ਰਾਹਤ ਮਿਲੇਗੀ।ਚੇਅਰਮੈਨ ਰਾਜੀਵ ਸ਼ਰਮਾ ਨੇ ਕਿਹਾ ਕਿ ਪੰਜਾਬ ਭਰ ਵਿੱਚੋਂ ਆਮ ਆਦਮੀ ਪਾਰਟੀ ਨਾਲ ਸਬੰਧਤ ਆਗੂ ਤੇ ਵਲੰਟੀਅਰ ਲਗਾਤਾਰ ਹੜ੍ਹ ਪੀੜ੍ਹਤਾਂ ਲਈ ਰਾਹਤ ਭੇਜ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਸੰਕਟ ਦੀ ਘੜੀ ਵਿੱਚ ਸਮੁੱਚਾ ਪੰਜਾਬ ਹੜ੍ਹ ਪੀੜ੍ਹਤਾਂ ਦੇ ਨਾਲ ਖੜ੍ਹਾ ਹੈ।

# ਇੰਡੀਅਨ ਮੈਡੀਕਲ ਐਸੋਸੀਏਸ਼ਨ ਵੱਲੋਂ ਹੜ੍ਹ ਪ੍ਰਭਾਵਿਤ ਖੇਤਰਾਂ ਲਈ ਤਿੰਨ ਐਂਬੂਲੈਂਸ ਗੱਡੀਆਂ ਭੇਟ



ਗੁਰਦਾਸਪੁਰ, 1 ਸਤੰਬਰ (ਸੰਧੂ/ਬਸਰਾ): ਸੂਬੇ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਦੀ ਪ੍ਰੇਰਨਾ ਸਦਕਾ ਇੰਡੀਅਨ ਮੈਡੀਕਲ ਐਸੋਸੀਏਸ਼ਨ ਦੀ ਜਲੰਧਰ ਸ਼ਾਖਾ ਵੱਲੋਂ ਅੱਜ ਜ਼ਿਲ੍ਹਾ ਗੁਰਦਾਸਪੁਰ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਸਿਹਤ ਸਹੂਲਤਾਂ ਲਈ 3 ਐਂਬੂਲੈਂਸ ਗੱਡੀਆਂ ਭੇਜੀ ਗਈਆਂ ਹਨ। ਸਿਵਲ ਸਰਜਨ ਗੁਰਦਾਸਪੁਰ ਡਾ. ਜਸਵਿੰਦਰ ਸਿੰਘ ਵੱਲੋਂ ਇਨ੍ਹਾਂ ਐਂਬੂਲੈਂਸਾਂ ਨੂੰ ਸਿਹਤ ਅਮਲੇ ਨਾਲ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਵੱਖ-ਵੱਖ ਥਾਈਂ ਮੈਡੀਕਲ ਕੈਂਪਾਂ ਲਈ ਭੇਜਿਆ। ਇੰਡੀਅਨ ਮੈਡੀਕਲ ਐਸੋਸੀਏਸ਼ਨ ਦਾ ਧੰਨਵਾਦ ਕਰਦਿਆਂ ਸਿਵਲ ਸਰਜਨ ਡਾ. ਜਸਪਿੰਦਰ ਸਿੰਘ ਨੇ ਕਿਹਾ ਕਿ ਇਸ ਸੰਕਟ ਦੀ ਘੜੀ ਵਿੱਚ ਇੰਡੀਅਨ ਮੈਡੀਕਲ ਐਸੋਸੀਏਸ਼ਨ ਵੱਲੋਂ ਹੜ੍ਹ ਪੀੜ੍ਹਤਾਂ ਲਈ 3 ਐਂਬੂਲੈਂਸ ਗੱਡੀਆਂ ਭੇਜ ਕੇ ਵੱਡਾ ਸੇਵਾ ਦਾ ਕਾਰਜ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਐਂਬੂਲੈਂਸਾਂ ਜ਼ਰੀਏ ਸਿਹਤ ਵਿਭਾਗ ਦੀਆਂ ਟੀਮਾਂ ਹੋਰ ਵੀ ਪ੍ਰਭਾਵਸ਼ਾਲੀ ਢੰਗ ਨਾਲ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਸਿਹਤ ਸੇਵਾਵਾਂ ਦੇ ਸਕਣਗੀਆਂ। ਉਨ੍ਹਾਂ ਕਿਹਾ ਕਿ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਸਿਹਤ ਵਿਭਾਗ ਵੱਲੋਂ ਵਿਸ਼ੇਸ਼ ਮੈਡੀਕਲ ਕੈਂਪ ਲਗਾਏ ਜਾ ਰਹੇ ਹਨ। ਇਸ ਤੋਂ ਇਲਾਵਾ ਇਨ੍ਹਾਂ ਖੇਤਰਾਂ ਵਿੱਚ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਾਉਣ ਲਈ ਵੀ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਇਸ ਮੌਕੇ ਸਹਾਇਕ ਸਿਵਲ ਸਰਜਨ ਡਾ. ਪ੍ਰਭਜੋਤ ਕੌਰ ਕਲਸੀ, ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਗੁਰਪ੍ਰੀਤ ਕੌਰ, ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ ਮਮਤਾ ਸਮੇਤ ਸਿਹਤ ਵਿਭਾਗ ਦੇ ਹੋਰ ਅਧਿਕਾਰੀ ਤੇ ਕਰਮਚਾਰੀ ਵੀ ਹਾਜ਼ਰ ਸਨ।

# ਵਿਧਾਇਕ ਕਲਸੀ ਖੁਦ ਟਰੈਕਟਰ ਚਲਾ ਕੇ ਰਾਹਤ ਸਮੱਗਰੀ ਦੀਆਂ 50 ਟਰਾਲੀਆਂ ਲੈ ਕੇ ਪਹੁੰਚੇ ਡੇਰਾ ਬਾਬਾ ਨਾਨਕ ਦੇ ਹੜ੍ਹ ਪ੍ਰਭਾਵਿਤ ਪਿੰਡਾਂ 'ਚ

ਬਟਾਲਾ, 1 ਸਤੰਬਰ (ਸੁਖਦੇਵ ਸਿੰਘ ਰੰਧਾਵਾ/ਬਲਬੀਰ ਸੋਹਲ): ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਖੁਦ ਬਟਾਲਾ ਤੋਂ ਟਰੈਕਟਰ ਚਲਾ ਕੇ 50 ਟਰਾਲੀਆਂ ਵਿੱਚ ਰਾਹਤ ਸਮੱਗਰੀ ਲੈ ਕੇ ਡੇਰਾ ਬਾਬਾ ਨਾਨਕ ਖੇਤਰ ਦੇ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਪਹੁੰਚੇ ਤੇ ਹੜ੍ਹ ਪੀੜਤਾਂ ਤੱਕ ਪਾਣੀ, ਰਾਸ਼ਨ, ਸੁੱਕੀ ਰਸਦ ਤੇ ਪਸ਼ੂਆਂ ਦਾ ਚਾਰਾ ਪਹੁੰਚਾਇਆ। ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਮੁੱਚੀ ਪੰਜਾਬ ਸਰਕਾਰ ਹੀ ਹੜ੍ਹ ਪੀੜ੍ਹਤਾਂ ਦੀ ਹਰ ਤਰ੍ਹਾਂ ਨਾਲ ਮਦਦ ਲਈ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਸਭ ਤੋਂ ਪਹਿਲਾਂ ਲੋਕਾਂ ਨੂੰ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚੋਂ ਸੁਰੱਖਿਅਤ ਬਾਹਰ ਕੱਢਿਆ ਗਿਆ ਹੈ। ਉਨ੍ਹਾਂ ਕਿਹਾ ਸਰਕਾਰ ਵੱਲੋਂ ਹੜ੍ਹ ਪੀੜ੍ਹਤਾਂ ਲਈ ਲਗਾਤਾਰ ਰਾਹਤ ਕਾਰਜ ਚਲਾਏ ਜਾ ਰਹੇ ਹਨ ਤੇ ਹੋਰ ਲੋੜਵੰਦ ਤੱਕ ਖਾਣ-ਪੀਣ ਦੀ ਰਾਹਤ ਸਮਗਰੀ ਪਹੁੰਚਾਈ ਜਾ ਰਹੀ ਹੈ। ਪਸ਼ੂਆਂ ਲਈ ਚਾਰੇ ਦਾ ਪ੍ਰਬੰਧ ਵੀ



ਕੀਤਾ ਜਾ ਰਿਹਾ ਹੈ ਤੇ ਇਸ ਸਭ ਵਿੱਚ ਸਮਾਜ ਸੇਵੀ ਸੰਸਥਾਵਾਂ ਦਾ ਵੀ ਵੱਡਾ ਸਹਿਯੋਗ ਮਿਲ ਰਿਹਾ ਹੈ।ਉਨ੍ਹਾਂ ਅੱਗੇ ਕਿਹਾ ਕਿ ਹੜ੍ਹਾਂ ਦੇ ਇਸ ਸੰਕਟ ਵਿੱਚ ਲੋਕਾਂ ਨੂੰ ਸਿਹਤ ਪੱਖੋਂ ਕੋਈ ਸਮੱਸਿਆ ਨਾ ਆਵੇ ਇਸ ਲਈ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਲਗਾਤਾਰ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਵਿਭਾਗ ਵੱਲੋਂ ਵਿਸ਼ੇਸ਼ ਮੈਡੀਕਲ ਕੈਂਪ ਲਗਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਹੜ੍ਹ ਦੇ ਪਾਣੀ ਨਾਲ ਡੇਂਗੂ, ਮਲੇਰੀਆ ਤੇ ਡਾਇਰੀਆ ਸਮੇਤ ਹੋਰ ਕੋਈ ਬਿਮਾਰੀ ਨਾ ਫੈਲੇ ਇਸ ਲਈ ਸਿਹਤ ਵਿਭਾਗ ਵੱਲੋਂ ਲੋੜੀਂਦੇ ਕਦਮ ਚੁੱਕੇ ਗਏ ਹਨ। ਉਨ੍ਹਾਂ ਦੱਸਿਆ ਕਿ ਰਾਵੀ ਦਰਿਆ ਦੇ ਹੜ੍ਹ ਕਾਰਨ ਜ਼ਿਲ੍ਹਾ ਗੁਰਦਾਸਪੁਰ ਦੇ ਸਰਹੱਦੀ ਖੇਤਰ ਵਿੱਚ 323 ਪਿੰਡ ਹੜ੍ਹਾਂ ਦੀ ਮਾਰ ਹੇਠ ਆਏ ਹਨ ਤੇ ਹੜ੍ਹ ਪ੍ਰਭਾਵਿਤ ਵਿਅਕਤੀਆਂ ਲਈ ਵੱਖ-ਵੱਖ ਥਾਵਾਂ ਉਪਰ 22 ਰਿਲੀਫ ਕੈਂਪ ਸਥਾਪਤ ਕੀਤੇ ਗਏ ਹਨ। ਇਸ ਮੌਕੇ ਚੇਅਰਮੈਨ ਮਾਨਿਕ ਮਹਿਤਾ, ਸਮਾਜ ਸੇਵੀ ਅੰਮ੍ਰਿਤ ਕਲਸੀ, ਮਨਦੀਪ ਸਿੰਘ ਗਿੱਲ ਜਿਲ੍ਹਾ ਯੂਥ ਆਗੂ ਗੁਰਦਾਸਪੁਰ, ਦਲਜੀਤ ਸਿੰਘ ਲੱਕੀ ਹਲਕਾ ਸੰਗਠਨ ਇੰਚਾਰਜ, ਸੀਨੀਅਰ ਆਗੂ ਬਲਬੀਰ ਸਿੰਘ ਬਿੱਟੂ, ਮਾਸਟਰ ਤਿਲਕ ਰਾਜ, ਐਮਸੀ ਬਲਵਿੰਦਰ ਸਿੰਘ ਮਿੰਟਾ, ਸਤਨਾਮ ਸਿੰਘ, ਮਨਜੀਤ ਸਿੰਘ ਬੁਮਰਾਹ, ਗੁਰਜੀਤ ਸਿੰਘ, ਰਣਬੀਰ ਸਿੰਘ ਗਿੱਲ, ਗਗਨ ਬਟਾਲਾ, ਜਸਪਾਲ ਸਿੰਘ, ਪਰਦੀਪ ਕੁਮਾਰ, ਭੁਪਿੰਦਰ ਸਿੰਘ, ਪਵਨ ਕੁਮਾਰ, ਕਾਕਾ, ਮਲਕੀਤ ਸਿੰਘ, ਨਿੱਕੂ ਹੰਸ ਪਾਲ ਆਦਿ ਹਾਜ਼ਰ ਸਨ।

# ਮੰਦਰ ਨਾਨਕ ਚੱਕ ਵਿਖੇ ਨਤਮਸਤਕ ਹੋਏ ਬਲਬੀਰ ਸਿੰਘ ਪੰਨੂੰ



ਬਟਾਲਾ, 1 ਸਤੰਬਰ (ਸੁਖਦੇਵ ਸਿੰਘ ਰੰਧਾਵਾ/ਬਲਬੀਰ ਸੋਹਲ): ਬਾਬਾ ਸ੍ਰੀ ਚੰਦ ਜੀ ਦੇ 531 ਵੇਂ ਅਵਤਾਰ ਦਿਹਾੜੇ ਨੂੰ ਸਮਰਪਿਤ ਮੰਦਰ ਨਾਨਕ ਚੱਕ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ। ਹਲਕਾ ਇੰਚਾਰਜ ਫਤਿਹਗੜ੍ਹ ਚੂੜੀਆਂ ਬਲਵੀਰ ਸਿੰਘ ਪੰਨੂ ਮੰਦਰ ਨਾਮ ਚੱਕ ਵਿਖੇ ਨਤਮਸਤਕ ਹੋਏ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਮਹੰਤ ਹਰੀ ਕੁੰਭ ਦਾਸ ਜੀ ਤੋਂ ਅਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਉਨ੍ਹਾਂ ਨਾਲ ਕਰਮਜੀਤ ਸਿੰਘ ਬਰਾੜ, ਗੁਰਵਿੰਦਰ ਸਿੰਘ ਕਾਦੀਆਂ ਰਾਜਪੂਤ, ਸ਼ਮਸ਼ੇਰ ਸਿੰਘ ਸ਼ੇਰਾ, ਅਸ਼ੂ ਮੀਡੀਆ ਕਰਮੀ, ਨੀਰਜ ਬੇਦੀ ਨਾਨਕ ਚੱਕ, ਰਾਮ ਸਿੰਘ ਮੁਰੀਦ ਕੇ ਆਦਿ ਹਾਜ਼ਰ ਸਨ।

# ਭਾਜਪਾ ਮੰਡਲ ਕਾਦੀਆਂ ਤੇ ਕਾਹਨੂੰਵਾਨ ਨੇ ਹੜ੍ਹ ਪੀੜਤਾਂ ਲਈ 5 ਟਰਾਲੀਆਂ ਰਾਹਤ ਸਮੱਗਰੀ ਵੰਡੀ

ਕਾਦੀਆਂ, 1 ਸਤੰਬਰ (ਤਾਰੀ): ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਦਿਸ਼ਾ ਨਿਰਦੇਸ਼ ਅਨੁਸਾਰ ਹੜ੍ਹਾਂ ਦੇ ਸੰਭਾਵੀ ਖਤਰੇ ਨੂੰ ਦੇਖਦੇ ਹੋਏ ਭਾਰਤੀ ਜਨਤਾ ਪਾਰਟੀ ਵੱਲੋਂ ਪੰਜਾਬ ਦੇ ਹਰੇਕ ਪ੍ਰਧਾਨ, ਆਹੁਦੇਦਾਰ ਤੇ ਵਲੰਟੀਅਰਾਂ ਨੂੰ ਭਾਰਤੀ ਫੌਜ ਦੇ ਸੈਨਿਕਾਂ ਦੇ ਤਰ੍ਹਾਂ ਸੁਚੇਤ ਰਹਿਣ ਨੂੰ ਕਿਹਾ ਗਿਆ ਹੈ। ਇਸੇ ਲੜੀ ਤਹਿਤ ਭਾਰਤੀ ਜਨਤਾ



ਪਾਰਟੀ ਸਾਬਕਾ ਜ਼ਿਲ੍ਹਾ ਵਾਈਸ ਪ੍ਰਧਾਨ ਕੁਲਵਿੰਦਰ ਕੌਰ ਗੁਰਾਈਆ, ਬਲਾਕ ਕਾਦੀਆਂ ਪ੍ਰਧਾਨ ਗੁਲਸ਼ਨ ਵਰਮਾ, ਬਲਾਕ ਕਾਹਨੂਵਾਨ ਪ੍ਰਧਾਨ ਅਰਜੁਨ ਚਿੱਬ ਵੱਲੋਂ ਸਤਲੁਜ ਦਰਿਆ ਦੇ ਪਾਣੀ ਨਾਲ ਨੁਕਸਾਨੇ ਗਏ ਜ਼ਿਲ੍ਹਾ ਗੁਰਦਾਸਪੁਰ ਦੇ ਦੋਰਾਂਗਲਾ ਵਿੱਚ ਜਾਈਜ਼ਾ ਲੈਣ ਉਪਰੰਤ ਵੱਖ-ਵੱਖ ਪਿੰਡ ਵਾਸੀਆਂ ਨੂੰ 5 ਟਰਾਲਿਆਂ ਜਿਨ੍ਹਾਂ ਵਿੱਚ ਦਾਲ, ਸਬਜ਼ੀ, ਰੋਟੀਆਂ, ਚੋਲਾਂ ਦਾ ਲੰਗਰ, ਬਰੈਡ, ਬਿਸਕੂਟ, ਲੱਸੀ, ਪਾਣੀ, ਰਾਹਤ ਸਮੱਗਰੀ, ਬੇ-ਜ਼ੁਬਾਨ ਪਸ਼ੂਆ, ਜਾਨਵਰਾਂ, ਵਾਸਤੇ ਹਰਾ ਚਾਰਾ (ਪੱਠੇ) ਅਤੇ ਤੂੜੀ ਵੰਡੀ ਗਈ। ਇਸ ਮੌਕੇ ਪਿੰਡਾਂ ਦੇ ਵਸਨੀਕਾਂ ਨਾਲ ਗੱਲਬਾਤ ਕਰਨ ਉਪਰੰਤ ਉਨ੍ਹਾਂ ਕਿਹਾ ਕਿ ਜ਼ਿਲ੍ਹਾ ਗੁਰਦਾਸਪੁਰ ਦੇ ਹਲਕਾ ਦੋਰਾਂਗਲਾ ਵਿੱਚ ਰਾਵੀ ਦਰਿਆ ਦੇ ਧੁੱਸੀ ਬੰਨ ਟੁੱਟਣ ਨਾਲ ਆਏ ਹੜ੍ਹ ਨਾਲ ਭਾਰੀ ਨੁਕਸਾਨ ਹੋਈਆਂ ਹੈ ਤੇ ਬਹੁਤ ਸਾਰੇ ਪਿੰਡਾਂ ਦੇ ਪਿੰਡ ਪਾਣੀ ਵਿੱਚ ਡੁੱਬ ਗਏ ਹਨ। ਪਿੰਡਾਂ ਦੇ ਲੋਕ ਇੱਕ ਦੂਜੇ ਦਾ ਸਹਾਰਾ ਬਣ ਕੇ ਇਸ ਮੁਸ਼ਕਿਲ ਸਮੇਂ ਦਾ ਸਾਹਮਣਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਵੀ ਪੰਜਾਬ ਅੰਦਰ ਹੜ੍ਹ ਪੀੜਤਾਂ ਲੋਕਾਂ ਦਾ ਜਾਇਜ਼ਾ ਲੈਣ ਲਈ ਟੀਮਾਂ ਨੂੰ ਵੀ ਬਹੁਤ ਜਲਦ ਭੇਜਿਆ ਜਾ ਰਿਹਾ ਹੈ ਤਾਂ ਜੋ ਉਨ੍ਹਾਂ ਦੀ ਆਰਥਿਕ ਮਦਦ ਕੀਤੀ ਜਾ ਸਕੇ। ਇਸ ਮੌਕੇ ਇਨ੍ਹਾਂ ਦੇ ਨਾਲ ਸਮਾਜ ਸੇਵਕ ਅਸ਼ੋਕ ਨਈਅਰ, ਡਿੰਪਲ ਵਰਮਾ, ਜਤਿੰਦਰ ਠਾਕੁਰ, ਪਰਦੂਮਨ, ਯਸ਼ਪਾਲ ਹਾਜ਼ਰ ਸਨ।

# ਜਦ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਕਾਫਲਾ ਭੋਗਪੁਰ ਰੁਕਿਆ

ਭੋਗਪੁਰ, 1 ਸਤੰਬਰ (ਅਮਰਜੀਤ ਸਿੰਘ ਸੈਣੀ ਜੰਡੀਰ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪੰਜਾਬ ਪਠਾਨਕੋਟ ਹੜ ਪੀੜਤਾਂ ਨੂੰ ਮਿਲਣ ਜਾ ਰਹੇ ਉਸ ਵੇਲੇ ਭੋਗਪੁਰ ਲੜੋਆ ਸੱਗਰਾਂਵਾਲੀ ਮੋੜ ਦੇ ਕੋਲ ਰੁਕ ਗਏ ਜਦ ਮੁਸਲਮਾਨ ਭਾਈਚਾਰੇ ਦੀ ਗੱਡੀ ਮੰਡੀ ਗੋਬਿੰਦਗੜ੍ਹ ਤੋਂ ਪਠਾਨਕੋਟ ਨੂੰ ਹੜ ਪੀੜਤਾਂ ਲਈ ਰਾਸ਼ਨ ਲੈ ਕੇ ਜਾ ਰਹੀ ਸੀ. ਉਹਨਾਂ ਨੂੰ ਮਿਲੇ ਤਾਂ ਮੁਸਲਮਾਨ ਭਾਈਚਾਰੇ ਨੇ ਕਿਹਾ ਕੇ ਉਹ ਪੂਰਾ ਪਰਿਵਾਰ ਅਤੇ ਮੁਸਲਮਾਨ ਭਾਈਚਾਰਾ ਰੋਜ਼ਾਨਾ ਹੀ ਸੇਵਾ ਕਰ ਰਹੇ ਹਨ, ਅਤੇ ਅੱਜ ਉਹ ਮੰਡੀ ਗੋਬਿੰਦਪੁਰ ਤੋਂ ਆਏ ਹਨ



ਅਤੇ ਪਠਾਨਕੋਟ, ਡੇਰਾ ਬਾਬਾ ਨਾਨਕ ਹਰ ਜਗਹਾ ਜਰੂਰਤ ਮੁਤਾਬਕ ਰਾਸ਼ਨ ਦੇਣ ਜਾਣਗੇ ਤਾਂ ਮੁੱਖ ਮੰਤਰੀ ਸਾਹਿਬ ਨੇ ਉਹਨਾਂ ਨੂੰ ਸਵਾਸੀ ਦੇ ਤੌਰ ਤੇ ਕਿਹਾ ਕਿ ਤੁਸੀਂ ਭਾਈਚਾਰਾ ਕਾਇਮ ਕਰ ਰਹੇ ਹੋ ਬਹੁਤ ਵਧੀਆ ਉਪਰਾਲੇ ਹਨ ਇਸ ਔਖੇ ਵਕਤ ਵੇਲੇ ਸਾਨੂ ਰਲ ਮਿਲ ਕੇ ਇੱਕ ਦੂਜੇ ਦੀ ਮਦਦ ਕਰਨੀ ਚਾਹੀਦੀ ਹੈ, ਇਸ ਮੌਕੇ ਤੇ ਥਾਣਾ ਭੋਗਪੁਰ ਦੇ ਮੁਖੀ ਰਕੇਸ਼ ਕੁਮਾਰ ਅਤੇ ਪੂਰਾ ਸਟਾਫ ਹੋਰ ਵੀ.ਵੀ.ਆਈ.ਪੀ.ਅਧਿਕਾਰੀ ਮੌਜੂਦ ਸਨ।

# ਪੰਜਾਬ ਤੋਂ ਕਰੋੜਾਂ ਰੁਪਏ ਟੈਕਸ ਲੈਣ ਵਾਲੀ ਕੇਂਦਰ ਸਰਕਾਰ ਔਖੀ ਘੜੀ 'ਚ ਬਾਂਹ ਫੜਨੋਂ ਭੱਜੀ: ਚੇਅਰਮੈਨ ਕੰਗ

ਬਾਬਾ ਬਕਾਲਾ ਸਾਹਿਬ, 1 ਸਤੰਬਰ (ਬਲਰਾਜ ਸਿੰਘ ਰਾਜਾ): ਅੱਜ ਪੰਜਾਬ ਹੜ੍ਹਾਂ ਦੀ ਮਾਰ ਹੇਠ ਬਹੁਤ ਹੀ ਔਖੀ ਘੜੀ ਵਿੱਚੋਂ ਨਿੱਕਲ ਰਿਹਾ ਹੈ, ਕੇਂਦਰ ਸਰਕਾਰ ਪੰਜਾਬੀਆਂ ਪਾਸੋਂ ਕਰੋੜਾਂ ਦਾ ਟੈਕਸ ਲੈਂਦੀ ਹੈ ਅਤੇ ਇਹ ਉਹੀ ਪੰਜਾਬੀ ਹਨ, ਜਿਨ੍ਹਾਂ ਨੇ ਦੇਸ਼ ਦੀ ਅਜ਼ਾਦੀ ਲਈ 95 ਪ੍ਰਤੀਸ਼ਤ ਸ਼ਹੀਦੀਆਂ ਦਿੱਤੀਆਂ ਹਨ। ਪੰਜਾਬੀਆਂ ਨੇ ਕੇਂਦਰ ਦੇ ਤਿੰਨ ਕਾਲੇ ਕਾਨੂੰਨਾਂ



ਖਿਲਾਫ ਲੰਬੇ ਸਮੇਂ ਤੱਕ ਸੰਘਰਸ਼ ਕੀਤਾ। ਜਿਸਦੀ ਕਿੜ ਸਦਕਾ ਅੱਜ ਕਰੋੜਾਂ ਰੁਪੈ ਟੈਕਸ ਦੇਣ ਦੇ ਬਾਵਜੂਦ ਅਤੇ ਦੇਸ਼ ਦੀ ਹਰ ਔਖੀ ਘੜ੍ਹੀ ਵਿੱਚ ਸਾਥ ਦੇਣ ਵੀ ਪੰਜਾਬੀਆਂ ਨਾਲ ਕੇਂਦਰ ਸਰਕਾਰ ਵੱਲੋਂ ਵਿਤਕਰਾ ਕੀਤਾ ਜਾ ਰਿਹਾ ਹੈ ਅਤੇ ਪ੍ਰਧਾਨ ਮੰਤਰੀ ਨਰਿੰਦਰ ਸਿੰਘ ਮੋਦੀ ਜਾਂ ਉਨ੍ਹਾਂ ਦੇ ਮੰਤਰੀ ਸਾਹਿਬਾਨਾਂ ਵੱਲੋਂ ਅਜੇ ਤੱਕ ਕੋਈ ਰਾਹਤ ਪੰਜਾਬ ਦੇ ਹੜ੍ਹ ਪੀੜਤਾਂ ਲਈ ਨਹੀਂ ਪਹੁੰਚੀ। ਪੰਜਾਬ ਵਿੱਚ ਹੜ੍ਹਾਂ ਦੀ ਮਾਰ ਕਾਰਨ ਲੱਖਾਂ ਲੋਕ ਘਰੋਂ ਬੇਘਰ ਹੋ ਗਏ, ਜ਼ਮੀਨਾਂ ਅਤੇ ਫਸਲਾਂ ਖਰਾਬ ਹੋ ਗਈਆਂ, ਪਸ਼ੂ ਮਰ ਗਏ ਅਤੇ ਰੁੜ੍ਹ ਗਏ, ਏਨੇ ਵੱਡੇ ਦੁਖਾਂਤ ਨੂੰ ਨੈਸ਼ਨਲ ਪੱਧਰੀ ਤਬਾਹੀ ਘੋਸ਼ਿਤ ਕਰਕੇ ਕੇਂਦਰ ਸਰਕਾਰ ਨੂੰ ਵੱਡੇ ਪੱਧਰ ਤੇ ਪੈਕੇਜ਼ ਦੇ ਕੇ ਲੋਕਾਂ ਦੀ ਬਾਹ ਫੜਨੀ ਚਾਹੀਦੀ ਹੈ। ਪੰਜਾਬੀ ਦੇਸ਼ਾਂ ਵਿਦੇਸ਼ਾਂ ਤੱਕ ਜਾਕੇ ਲੋਕਾਂ ਦੀ ਮਦਦ ਕਰਦੇ ਹਨ ਅਤੇ ਇਸ ਔਖੀ ਘੜੀ ਵਿੱਚ ਹਰ ਦੇਸ਼ਵਾਸੀ ਨੂੰ ਪੰਜਾਬ ਦੇ ਹੜ੍ਹ ਪੀੜਤ ਲੋਕਾਂ ਨਾਲ ਖੜ੍ਹਨਾ ਚਾਹੀਦਾ ਹੈ। ਏਨੇ ਵੱਡੇ ਦੁਖਾਂਤ ਦੇ ਏਨੇ ਦਿਨ ਬੀਤਣ ਦੇ ਬਾਅਦ ਵੀ ਪ੍ਰਧਾਨ ਮੰਤਰੀ ਸਾਹਿਬ ਵੱਲੋਂ ਅਜੇ ਤੱਕ ਇੱਕ ਵੀ ਗੱਲ ਨਹੀਂ ਕੀਤੀ ਗਈ।

# ਹੜ੍ਹ ਪ੍ਰਭਾਵਿਤ ਖੇਤਰਾਂ 'ਚ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਰਾਹਤ ਸਮੱਗਰੀ ਦੀ ਵੰਡ ਨਿਰਵਿਘਨ ਜਾਰੀ



ਕਾਹਨੂੰਵਾਨ, 1 ਸਤੰਬਰ (ਕੁਲਜੀਤ ਸਿੰਘ ਖੋਖਰ): ਜ਼ਿਲ੍ਹਾ ਗੁਰਦਾਸਪੁਰ ਦੇ ਰਾਵੀ ਦਰਿਆ ਨਾਲ ਲੱਗਦੇ ਖੇਤਰਾਂ ਵਿਖੇ ਹੜ੍ਹ ਕਾਰਨ ਪੈਦਾ ਹੋਏ ਹਾਲਾਤਾਂ ਦੇ ਮੱਦੇਨਜ਼ਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹੜ੍ਹ ਪ੍ਰਭਾਵਿਤ ਖੇਤਰਾਂ ਵਿਚ ਰਹਿ ਰਹੇ ਲੋਕਾਂ ਨੂੰ ਸਹਾਇਤਾ ਪ੍ਰਦਾਨ ਕਰਨ ਦੇ ਮਕਸਦ ਨਾਲ ਵੱਖ-ਵੱਖ ਟੀਮਾਂ ਵੱਲੋਂ ਐਨ.ਡੀ.ਆਰ.ਐਫ., ਬੀ.ਐਸ.ਐਫ. ਤੇ ਭਾਰਤੀ ਫ਼ੌਜ ਦੇ ਸਹਿਯੋਗ ਨਾਲ ਹੜ੍ਹ ਪ੍ਰਭਾਵਿਤ ਲੋਕਾਂ ਦੇ ਘਰਾਂ ਤੱਕ ਪਹੁੰਚ ਕਰਕੇ ਰਾਸ਼ਨ ਕਿੱਟਾਂ, ਸੈਨੇਟਰੀ ਪੈਡਜ਼, ਤਰਪਾਲਾਂ, ਮੱਛਰਦਾਨੀਆਂ ਤੇ ਹੋਰ ਜ਼ਰੂਰੀ ਵਸਤਾਂ ਦੀ ਵੰਡ ਕੀਤੀ ਜਾ ਰਹੀ ਹੈ। ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨੀਵੇਂ ਖੇਤਰਾਂ ਵਿਚ ਰਹਿ ਰਹੇ ਲੋਕਾਂ, ਜੋ ਅਜੇ ਵੀ ਆਪਣਾ ਘਰ ਨਹੀਂ ਛੱਡਣਾ ਚਾਹੁੰਦੇ, ਦੇ ਦਰਾਂ ਤੱਕ ਕਿਸ਼ਤੀਆਂ ਰਾਹੀਂ ਪਹੁੰਚ ਕਰਕੇ ਲੋੜੀਂਦੀ ਸਮਗਰੀ ਦੀ ਵੰਡ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਅੱਜ ਸਵੇਰ ਤੋਂ ਹੀ ਵੱਖ-ਵੱਖ ਟੀਮਾਂ ਵੱਲੋਂ ਮਕੌੜਾ ਪੱਤਣ, ਕਲਾਨੌਰ ਅਤੇ ਡੇਰਾ ਬਾਬਾ ਨਾਨਕ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਰਾਹਤ ਸਮਗਰੀ ਦੀ ਵੰਡ ਕੀਤੀ ਗਈ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਕਲਗੀਧਰ ਟਰੱਸਟ ਬੜੂ ਸਾਹਿਬ ਤੇ ਹੋਰ ਸਮਾਜ ਸੇਵੀ ਸੰਸਥਾਵਾਂ ਵੀ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਸੇਵਾ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਦੇ ਰਾਹਤ ਕਾਰਜ ਨਿਰਵਿਘਨ ਜਾਰੀ ਰਹਿਣਗੇ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਵਾਸੀ ਕਿਸੇ ਵੀ ਤਰ੍ਹਾਂ ਦੀ ਸਹਾਇਤਾ ਲਈ ਫਲੱਡ ਕੰਟਰੋਲ ਰੂਮ ਦੇ ਨੰਬਰ 01874-266376 ਤੇ 1800-180-1852 'ਤੇ ਸੰਪਰਕ ਕਰ ਸਕਦੇ ਹਨ।

# ਸਿਰਲੇਖਵਾਰ ਇਸ਼ਤਿਹਾਰ/Classified Advertisement

(U/o 5 Rule 20 CPC)
**In The Court of Dr. Ambika Sharma**
**Civil Judge Jr. Div., Chandigarh**
CNR No. CHCH02-000476-2023
Next Date : 10-09-2025
Ashwani Kumar
Versus
Rajinder Singh
Suit for decree of Posssession and decree for Permanent Injunction
Notice to: Rajinder Singh Son:- Hardev Singh HNo. B-Z/16 Sector 12 Chandigarh
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 10-09-2025 at 10:00 A.M.
For details logon to https://highcourtchd.gov.in/?trs=district_notice&district=Chandigarh
Dated, this day of 31-05-2025
**Sd/- Civil Judge Jr. Div., Chandigarh**

---

(U/o 5 Rule 20 CPC)
(Succession Case)
**In the Court of Sh. Rahul Garg Civil Judge Senior Division, Chandigarh**
CNR No. CHCH02-001256-2025
Next Date : 29-09-2025
Jasbir Kaur
Versus
General Public
Petition U/S 276 of Indian Succession Act
Notice to: General Public:- Chandigarh
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 29-09-2025 at 10:00 A.M.
For details logon to https://highcourtchd.gov.in/?trs=district_notice&district=Chandigarh
Dated this day of 03-07-2025
**Sd/- Civil Judge Senior Division, Chandigarh**

---

(U/o 5 Rule 20 CPC)
(Succession Case)
**In the Court of Hon'ble Parminder Kaur Bains Civil Judge (Senior Division), Amritsar**
CNR No. PBAS02-001969-2025
Next Date : 20-09-2025
Harjit Kaur W/o Late Sh. Hardeep Singh R/o H.No. 104, Small Town, Phase-1, Inside Diamond Estate, Sulatnwind Urban, Amritsar
Versus
General Public
SUCC
Notice to: General Public:- Whom May its Concern
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 20-09-2025 at 10:00 A.M.
For details logon to https://highcourtchd.gov.in/?trs=district_notice&district=Amritsar
Dated this day of 22-07-2025
**Sd/- Civil Judge (Senior Division), Amritsar**

---

(U/o 5 Rule 20 CPC)
**In the Court of Sh. Raman Kumar Principal Judge Family Court, Ludhiana**
CNR No. PBLD01-000558-2024
Next Date : 20-09-2025
Anu Walia
Versus
Gagandeep Singh
Notice to: Gagandeep Singh S/o Sh. Mohanvir Singh R/o 19-B, Tagore Nagar, Near Msurwan, District Kapurthala
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 20-09-2025 at 10:00 A.M.
For details logon to https://highcourtchd.gov.in/?mod=district_notice&district=mogacourt
**Sd/- Principal Judge Family Court, Ludhiana**

---

(U/o 5 Rule 20 CPC)
**In the Court of Sh. Munish Garg Civil Judge (Senior Division), Barnala**
CNR No. PBBR02-001194-2025
Next Date : 20-09-2025
Jasvir Kaur
Versus
General Public
Notice to: General Public:- Barnala
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 20-09-2025 at 10:00 A.M.
For details logon to https://highcourtchd.gov.in/?mod=district_notice&district=mogacourt
Dated this day of 20-08-2025
**Sd/- Civil Judge (Senior Division), Barnala**

---

(U/o 5 Rule 20 CPC)
**In the Court of Sh. Rajinder Singh-I Additional Civil Judge (Senior Division), Samrala**
CNR No. PBLDC0-000596-2024
Next Date : 19-09-2025
Sudeep Kaur Widow of Jagdev Singh Resident of Mangat House Samrala, Tehsil Samrala, District Ludhiana
Versus
General Public
Notice to: General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 19-09-2025 at 10:00 A.M.
For details logon to https://highcourtchd.gov.in/?mod=district_notice&district=ludhianacourt
Dated this day of 11-08-2025
**Sd/- Additional Civil Judge (Senior Division), Samrala**

---

(U/o 5 Rule 20 CPC)
**In the Court of Ms. Mehima Bhuler Civil Judge (Junior Division), Nakodar**
CNR No. PBJLA0-000442-2025
Next Date : 19-09-2025
Neelam Rani
Versus
General Public
Notice to: General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 19-09-2025 at 10:00 A.M.
For details logon to https://highcourtchd.gov.in/?mod=district_notice&district=Jalandhar
Dated this day of 05-08-2025
**Sd/- Civil Judge (Junior Division), Nakodar**

---

(U/o 5 Rule 20 CPC)
(Succession Case)
**In The Court of Jaspreet Singh Additional Civil Judge (Senior Division), Baba Bakala**
CNR No. PBASB0-000078-2025
Next Date : 19-09-2025
Ranjit Kaur W/o Gurdial Singh R/o Village Arjan Managa Tehsil Baba Bakala Sahib District Amritsar
Versus
General Public
Notice to: General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 19-09-2025 at 10:00 A.M.
For details logon to https://highcourtchd.gov.in/?trs=district notice&district=Amritsar
Dated, this day of 16-07-2025
**Sd/- Additional Civil Judge (Senior Division), Baba Bakala**

---

(U/o 5 Rule 20 CPC)
**In The Court of Sh. Harbans Singh Lekhi Principal Judge, Family Court, Hoshiarpur**
CNR No. PBHO01-003324-2025
Next Date : 19-09-2025
Tarlochan Kaur R/o Village Sherpur Bahtian Post Office Dada, Tehsil and District Hoshiarpur
Versus
General Public
Petition u/s 7 of GW Act 1890 for declaration to the effect that the petitioner is the only natural and legal gaurdian of Minor Children namely:- 1) Ekamjit Singh 2) Simrat Kaur
Notice to: General Public:- General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 19-09-2025 at 10:00 A.M.
For details logon to https://highcourtchd.gov.in/?trs=district notice&district=Hoshiarpur
Dated, this day of 18-08-2025
**Sd/- Principal Judge, Family Court, Hoshiarpur**

---

(U/o 5 Rule 20 CPC)
**In the Court of Hon'ble Tejinder Kaur Judicial Magistrate - Ist Class-5, Fatehgarh Sahib**
CNR No. PBFG03-000202-2023
Next Date: 19.09.2025
Gurmeet Singh
Versus
Bharpur Singh
Notice to: Bharpur Singh Father:- Mehar Singh Son of Inder Singh Village Kasba Post Office Masingarh Tehsil Dudhan Sadha District Patiala
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **19**.09.2025 at 10:00 A.M.
For details logon to https://highcourtchd.gov.in/?trs=district_notice&district=Fatehgarh Sahib
Dated, this day of 14-08-2025
**Sd/- Judicial Magistrate - Ist Class-5, Fatehgarh Sahib**

---

(U/o 5 Rule 20 CPC)
**In the Court of Ms. Jaspreet Kaur Simak Additional Civil Judge (Senior Division), Dasuya**
CNR No. PBHOA0-000972-2023
Next Date: 19.09.2025
UCO Bank, Branch At Tanda, Through Its Branch Manager/ Principal Officer
Versus
Pawan Seed Store Through Its Prop. Shubham Kumar S/O Pawan Kumar R/o H.No. 159, Ward No. 5, Urmar Tanda, Tehsil Dasuya, District Hoshiarpur
Suit For Recovery Of 3,12,634
Notice to: Pawan Seed Store, Through Its Prop. Shubham Kumar, S/O Pawan Kumar R/O H.no. 159 Ward No. 5, Urmar Tanda, Tehsil, Dasuya, District Hoshiarpur
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **19**.09.2025 at 10:00 A.M.
For details logon to https://highcourtchd.gov.in/?mod=district_notice&district=Hoshiarpur
Dated, this day of 23-07-2025
**Sd/- Additional Civil Judge (Senior Division), Dasuya**

---

(U/o 5 Rule 20 CPC)
**In the Court of Sh. Satish Kumar Sharma Additional Civil Judge (Senior Division), Abohar**
CNR No. PBFZE0-000064-2025
Next Date: 19.09.2025
Vijay Kumar
Versus
Amit Malhotra
Notice to: Amit Malhotra Father: Son Of Subhash Kumar St.No.1, 10th Chowk, New Suraj Nagri, Abohar Tehsil Abohar District Fazilka. 2nd Address-Glomade Lifesciences Shop St.No. 1-2, New Suraj Nagri Abohar District Fazilka.
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **19**.09.2025 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 06-08-2025
**Sd/- Additional Civil Judge (Senior Division), Abohar**

---

(U/o 5 Rule 20 CPC)
**In the Court of Ms. Gurleen Kaur Civil Judge Junior Division 10,**
CNR No. PBSA02-001502-2024
Next Date: 20.09.2025
Avtar Singh
Versus
Paramjeet Kaur
Suit For Specific Performance Directing The Defendants To Execute The Sale Deed In Favour Of Plaintiff On The Basis Of Agreement To Sell Of Full And Final Payment Dated 25.07.2005
Notice to: 1. Paramjeet Kaur W/O Darshan Singh Son Of Raghbir Singh R/O Village Sekhan Majra Tehsi. And District Mohali 2. Davinder Singh S/O Darshan Singh S/O Raghbir Singh R/O Village Sekhan Majra Tehsil And District Mohali
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **20.**09.2025 at 10:00 A.M.
For details logon to https://highcourtchd.gov.in/?mod=district_notice&district=mohali
Dated, this day of 12-08-2025
**Sd/- Civil Judge Junior Division 10,**

---

(U/o 5 Rule 20 CPC)
**In the Court of Ms. Chinu Sharma Civil Judge Jr. Div., Chandigarh**
CNR No. CHCH02-001143-2024
Next Date: 16.10.2025
Digital Electronics
Vs.
Punjab Home Guards Canine Training and Breeding Institute
Civil Suit for the Recovery of Rs. 41,772.96/-
Notice to: 1. Punjab Home Guards Canine Training And Breeding Institute SCO 282, Sector 35-D, Chandigarh Through Its Propietor Mr. Newton Singh 9814016783 2. Mr.Newton Singh Prop Of Punjab Home Guards Canine Training And Breeding Institute SCO 282, Sector 35-D, Chd. Mobile. No.9814016783
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **16**.10.2025 at 10:00 A.M.
For details logon to https://highcourtchd.gov.in/?trs=district_notice&district=Chandigarh
Dated this day of 22.08. 2025
**Sd/- Civil Judge Jr. Div., Chandigarh**

---

(U/o 5 Rule 20 CPC)
**In the Court of Sh. Kuldeep Singh Civil Judge Jr. Div., Chandigarh**
CNR No. CHCH02-000662-2025
Next Date: 10.10.2025
Central Bank of India
Vs.
M/s Prabhu Sweets
Notice to: M/s Prabhu Sweets Through its prop. Rajesh Devi W/o Satish Kumar H.No. 5528 Sector 56 Palsora Chandigarh 160055
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **10**.10.2025 at 10:00 A.M.
For details logon to https://highcourtchd.gov.in/?trs=district_notice&district=Chandigarh
Dated this day of 21.08. 2025
**Sd/- Civil Judge Jr. Div., Chandigarh**

---

## ਬੇਦਖਲੀ ਸੂਚਨਾ

ਮੈਂ,ਦਾਤਾ ਰਾਮ ਪੁੱਤਰ ਮੰਗਤ ਰਾਮ ਵਾਸੀ ਮਕਾਨ ਨੰ- 86, ਨਿਊ ਸਿੰਗਲਾ ਕਲੋਨੀ ਗਊਸ਼ਾਲਾ ਰੋਡ, ਰਾਜਪੁਰਾ ਜ਼ਿਲ੍ਹਾ ਪਟਿਆਲਾ ਨੇ ਆਪਣੀ ਪਤਨੀ ਪਰਮਜੀਤ ਕੌਰ ਨੂੰ ਆਪਣੀ ਚੱਲ ਅਤੇ ਅੱਚਲ ਜਾਇਦਾਦ ਤੋ ਬੇਦਖਲ ਕਰ ਦਿੱਤਾ ਹੈ ਕਿਉਕਿ ਉਹ ਮੇਰੇ ਕਹਿਣੇ ਤੋ ਬਾਹਰ ਹੈ। ਉਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ੁੰਮੇਵਾਰ ਹੋਵੇਗਾ।

## ਜ਼ਰੂਰੀ ਸੂਚਨਾ

ਰੋਜ਼ਾਨਾ ਚੜ੍ਹਦੀਕਲਾ ਵਿਚ ਛੱਪੇ ਲੇਖ, ਲੇਖਕਾਂ ਦੇ ਆਪਣੇ ਵਿਚਾਰ ਹਨ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਕੋਈ ਜ਼ਰੂਰੀ ਨਹੀਂ। ਇਸ਼ਤਿਹਾਰ (ਡਿਸਪਲੇ/ਕਲਾਸੀਫਾਈਡ) ਦੇ ਤੱਥਾਂ ਲਈ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ਦੇ ਤੱਥਾਂ ਦੀ ਪੁਸ਼ਟੀ ਕਰ ਲੈਣ।

# ਹੜ੍ਹਾਂ ਵਰਗੇ ਹਾਲਾਤ ਨਾਲ ਨਜਿੱਠਣ ਲਈ ਕੈਬਨਿਟ ਮੰਤਰੀ ਹਰਜੋਤ ਬੈਂਸ ਨੇ ਹਲਕੇ ਦਾ ਖ਼ੁਦ ਸੰਭਾਲਿਆ ਮੋਰਚਾ

ਸ੍ਰੀ ਅਨੰਦਪੁਰ ਸਾਹਿਬ, 1 ਸਤੰਬਰ (ਤਰਲੋਚਨ ਸਿੰਘ) ਆਪਣੇ ਵਿਧਾਨ ਸਭਾ ਹਲਕੇ ਵਿੱਚ ਹੜ੍ਹਾਂ ਵਰਗੇ ਹਾਲਾਤ ਨਾਲ ਨਜਿੱਠਣ ਲਈ ਕੈਬਨਿਟ ਮੰਤਰੀ ਹਰਜੋਤ ਬੈਂਸ ਨੇ ਖੁੱਦ ਮੋਰਚਾ ਸੰਭਾਲ ਲਿਆ ਹੈ। ਉਨ੍ਹਾਂ ਵੱਲੋਂ ਨਹਿਰਾਂ, ਦਰਿਆਵਾ ਦੇ ਕਿਨਾਰਿਆਂ ਦੇ ਬੰਨਾਂ ਵਿਚ ਆਈਆਂ ਦਰਾਰਾ ਤੇ ਕਟਾਣ ਭਰਨ ਦਾ ਕੰਮ ਪ੍ਰਸ਼ਾਸ਼ਨ ਆਪ ਵਲੰਟੀਅਰਾਂ, ਸਥਾਨਕ ਵਾਸੀਆਂ ਤੇ ਕਾਰ ਸੇਵਾ ਵਾਲਿਆਂ ਦੇ ਸਹਿਯੋਗ ਨਾਲ ਜੋਰਾ ਸ਼ੋਰਾ ਨਾਲ ਕੀਤਾ ਜਾ ਰਿਹਾ ਹੈ। ਸ.ਬੈਂਸ ਵੱਲੋਂ ਖੁੱਦ ਕਮਾਂਡ ਸੰਭਾਲੀ ਹੋਈ ਹੈ ਅਤੇ ਉਹ ਖੁੱਦ ਇਨ੍ਹਾਂ ਰਾਹਤ ਤੇ ਬਚਾਅ ਕਾਰਜਾਂ ਵਿੱਚ ਲੱਗੇ ਨਜ਼ਰ ਆ ਰਹੇ ਹਨ।ਅੱਜ ਤੜਕੇ ਝਿੰਜੜੀ/ ਮੀਢਵਾ ਵਿਖੇ ਨੰਗਲ ਹਾਈਡਲ ਚੈਨਲ ਨਹਿਰ ਵਿੱਚ ਆਈ ਦਰਾੜ ਦੀ ਸੂਚਨਾ ਮਿਲਦੇ ਹੀ, ਸ.ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਆਪਣੇ ਸਾਥੀਆਂ ਸਮੇਤ ਮੌਕੇ ਤੇ ਪਹੁੰਚੇ। ਪ੍ਰਸਾਸ਼ਨ ਅਤੇ ਪੁਲਿਸ ਅਧਿਕਾਰੀ, ਡਿਪਟੀ ਕਮਿਸ਼ਨਰ ਸ੍ਰੀ ਵਰਜੀਤ ਵਾਲੀਆ, ਐਸ.ਐਸ.ਪੀ ਗੁਲਨੀਤ ਸਿੰਘ ਖੁਰਾਨਾ, ਵਧੀਕ ਡਿਪਟੀ ਕਮਿਸ਼ਨਰ ਚੰਦਰਜਯੋਤੀ ਸਿੰਘ, ਐਸ.ਡੀ.ਐਮ ਜਸਪ੍ਰੀਤ ਸਿੰਘ, ਡੀ.ਐਸ.ਪੀ ਅਜੇ ਸਿੰਘ ਸਮੇਤ ਵੱਖ ਵੱਖ ਵਿਭਾਗਾ ਦੇ ਅਧਿਕਾਰੀ ਤੁਰੰਤ ਮੌਕੇ ਤੇ ਪਹੁੰਚੇ। ਸੋਸ਼ਲ ਮੀਡੀਆ ਤੇ ਇਹ ਜਾਣਕਾਰੀ ਲੋਕਾਂ ਤੱਕ ਤੇਜ਼ੀ ਨਾਲ ਪਹੁੰਚੀ ਅਤੇ ਆਪ ਵਲੰਟੀਅਰ, ਇਲਾਕਾ ਵਾਸੀ ਅਤੇ ਕਿਲ੍ਹਾ ਅਨੰਦਗੜ੍ਹ ਸਾਹਿਬ ਕਾਰ ਸੇਵਾ ਵਾਲੇ ਬਾਬਾ ਸਤਨਾਮ ਸਿੰਘ ਆਪਣੇ ਸੇਵਾਦਾਰਾਂ ਸਮੇਤ ਇਸ ਸਥਾਨ ਤੇ ਪਹੁੰਚੇ ਅਤੇ ਜੇ.ਸੀ.ਵੀ ਮਸ਼ੀਨਾਂ, ਟਰੈਕਟਰ, ਟਰਾਲੀਆਂ ਦੇ ਨਾਲ ਪਏ ਪਾੜ ਨੂੰ ਪੂਰਨਾ ਸ਼ੁਰੂ ਕਰ ਦਿੱਤਾ, ਜਿਸ ਵਿਚ ਸ.ਹਰਜੋਤ ਸਿੰਘ ਬੈਂਸ ਟਰੈਕਟਰ, ਟਰਾਲੀਆਂ ਤੋਂ ਲਿਆਦੀ ਜਾ ਰਹੀ ਮਿੱਟੀ, ਤਰਪਾਲਾ ਅਤੇ ਬੋਰੇ ਭਰ ਕੇ ਇਸ ਕਟਾਨ ਨੂੰ ਬੰਦ ਕਰਨ ਵਿੱਚ ਲੱਗੇ ਨਜ਼ਰ ਆਏ। ਇਸ ਮੌਕੇ ਸ.ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਨੇ ਕਿਹਾ ਕਿ ਅਸੀ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਹੈ ਕਿ ਉਹ ਸਾਡੇ ਤੇ ਮਿਹਰ ਕਰਨ ਅਗਲੇ ਦੋ ਦਿਨ ਬਹੁਤ ਹੀ ਭਾਰੀ ਬਰਸਾਤ ਵਾਲੇ ਹਨ, ਭਾਖੜਾ ਡੈਮ ਦਾ ਪੱਧਰ ਵੀ ਤੇਜ਼ੀ ਨਾਲ ਵੱਧ ਰਿਹਾ ਹੈ। ਡੈਮ ਤੇ ਪਹਾੜੀ ਖੇਤਰਾਂ ਵਿਚ ਤੋਂ ਬਾਰਿਸ਼ ਦਾ ਪਾਣੀ ਵਧਣ ਨਾਲ ਸਾਡਾ ਇਲਾਕਾ ਖਤਰੇ ਦੇ ਜੋਨ ਵਿੱਚ ਹੈ, ਭਾਵੇ ਹਾਲੇ ਤੱਕ ਕੋਈ ਜਾਨੀ ਮਾਲੀ ਤੇ ਪਸ਼ੂ ਧੰਨ ਦਾ ਨੁਕਸਾਨ ਨਹੀ ਹੋਇਆ ਹੈ। ਉਨ੍ਹਾਂ ਨੇ ਕਿਹਾ ਕਿ ਲੋਕ ਅਫਵਾਹਾ ਤੇ ਭਰੋਸਾ ਨਾ ਕਰਨ ,ਕਿਸੇ ਵੀ ਤਰਾਂ ਦੀ ਜਰੂਰਤ ਰਸਦ, ਡਾਕਟਰੀ ਸਹਾਇਤਾ ਜਾਂ ਕੋਈ ਹੋਰ ਸਮੱਗਰੀ ਭਾਵੇ ਪਸ਼ੂ ਚਾਰਾਂ ਜਾ ਕੋਈ ਨਿੱਜੀ ਜਰੂਰਤ ਹੋਵੇ ਅਸੀ ਆਪਣਾ ਹੈਲਪ ਲਾਈਨ ਨੰਬਰ 87279-62441 ਜਾਰੀ ਕਰ ਦਿੱਤਾ ਹੈ।

## 'ਵਰਦੇ ਮੀਂਹ ਦੌਰਾਨ ਗਰੀਬ ਪਰਿਵਾਰ ਦੀ ਮਦਦ ਕਰਨ ਪਹੁੰਚੇ ਜਿਲ੍ਹਾ ਮੀਡੀਆ ਇੰਚਾਰਜ ਮੁਖਦੇਵ ਸਿੰਘ ਆਲੋਵਾਲ

ਧਾਰੀਵਾਲ, 1 ਸਤੰਬਰ ( ਅਸ਼ੋਕ ਕੁਮਾਰ): ਲਗਾਤਾਰ ਹੋ ਰਹੀ ਭਾਰੀ ਬਾਰਸ ਕਾਰਨ ਮਾਡਲ ਟਾਉਨ ਧਾਰੀਵਾਲ ਵਿਖੇ



ਇੱਕ ਗਰੀਬ ਪਰਿਵਾਰ ਦੇ ਮਕਾਨ ਦੀ ਛੱਤ ਡਿੱਗ ਪਈ, ਪਰ ਕੋਈ ਜਾਨੀ ਨੁਕਸਾਨ ਤੋਂ ਬਚਾ ਰਿਹਾ । ਸਰਬਜੀਤ ਕੌਰ ਵਾਸੀ ਮਾਡਲ ਟਾਉਨ ਨੇ ਮਦਦ ਦੀ ਗੁਹਾਰ ਲਗਾਉਂਦੇ ਹੋਏ ਦੱਸਿਆ ਕਿ ਉਹ ਆਪਣੀ ਤਿੰਨ ਬੇਟੀਆਂ ਅਤੇ ਪਤੀ ਸਮੇਤ ਇਸ ਘਰ ਵਿੱਚ ਰਹਿ ਰਹੀ ਹੈ ਜਦਕਿ ਭਾਰੀ ਬਾਰਸ ਕਾਰਨ ਉਨ੍ਹਾਂ ਦੇ ਮਕਾਨ ਦੀ ਛੱਤ ਡਿੱਗ ਗਈ ਅਤੇ ਘਰੇਲੂ ਸਮਾਨ ਛੱਤ ਦੇ ਮਲਬੇ ਹੇਠ ਦਬ ਗਿਆ । ਪਤਾ ਚੱਲਦਿਆਂ ਹੀ ਗਰੀਬ ਪਰਿਵਾਰ ਦੀ ਮਦਦ ਕਰਨ ਪਹੁੰਚੇ ਆਮ ਆਦਮੀ ਪਾਰਟੀ ਦੇ ਜਿਲ੍ਹਾ ਮੀਡੀਆ ਇੰਚਾਰਜ ਮੁਖਦੇਵ ਸਿੰਘ ਆਲੋਵਾਲ ਨੇ ਆਪਣੀ ਨੇਕ ਕਮਾਈ ਵਿੱਚੋਂ ਪਰਿਵਾਰ ਨੂੰ 10 ਹਜ਼ਾਰ ਰੁਪਏ ਨਕਦ ਅਤੇ ਰਾਸ਼ਨ ਦੀ ਸੇਵਾ ਦਿੰਦੇ ਹੋਏ ਭੋਰਸਾ ਦਿੱਤਾ ਕਿ ਉਹ ਇਸ ਪਰਿਵਾਰ ਦਾ ਮਕਾਨ ਬਣਾਉਣ ਲਈ ਹਰ ਸਭੰਵ ਯਤਨ ਕਰਦੇ ਹੋਏ ਗਰੀਬ ਪਰਿਵਾਰ ਦੇ ਮਕਾਨ ਦੀ ਛੱਤ ਜ਼ਰੂਰ ਪਵਾ ਕੇ ਦੇਣਗੇ । ਸ੍ਰ. ਮੁਖਦੇਵ ਸਿੰਘ ਆਲੋਵਾਲ ਨੇ ਵਿਰੋਧੀ ਰਾਜਨਿਤਕ ਪਾਰਟੀਆਂ ਨੂੰ ਨਸ਼ੀਅਤ ਦਿੰਦੇ ਹੋਏ ਕਿਹਾ ਕਿ ਉਨ੍ਹਾਂ ਨੂੰ ਹੜ੍ਹਾਂ ਦੌਰਾਨ ਸਿਆਸੀ ਬਿਆਨਬਾਜੀ ਛੱਡ ਕੇ ਜਮੀਨ ਪੱਧਰ ਤੇ ਪਹੁੰਚੇ ਕੇ ਅਜਿਹੇ ਪਰਿਵਾਰਾਂ ਦੀ ਮਦਦ ਕਰਨ ਵੱਲੋ ਧਿਆਨ ਦੇਣਾਂ ਚਾਹੀਦਾ ਹੈ ਇਸ ਮੌਕੇ ਤੇ ਨਗਰ ਕੌਂਸਲ ਧਾਰੀਵਾਲ ਦੇ ਪ੍ਰਧਾਨ ਅਸ਼ਵਨੀ ਦੁੱਗਲ ਨੇ ਜਿਲ੍ਹਾ ਮੀਡੀਆ ਇੰਚਾਰਜ ਮੁਖਦੇਵ ਸਿੰਘ ਆਲੋਵਾਲ ਨੂੰ ਦੱਸਿਆ ਕਿ ਨਗਰ ਕੌਂਸਲ ਧਾਰੀਵਾਲ ਵਿੱਚ ਅਕਾਉਂਟੈਂਟ ਨਾ ਹੋਣ ਕਰਕੇ ਗਰੀਬ ਪਰਿਵਾਰਾਂ ਦੇ ਮਕਾਨ ਬਣਾਉਣ ਦੀ ਗ੍ਰਾਂਟ ਜਾਰੀ ਕਰਨ ਵਿੱਚ ਰੁਕਾਵਟ ਆ ਰਹੀ ਹੈ ਤਾਂ ਆਲੋਵਾਲ ਨੇ ਤੁਰੰਤ ਡਿਪਟੀ ਕਮਿਸ਼ਨਰ ਗੁਰਦਾਸਪੁਰ ਨੂੰ ਫੋਨ ਕਰਕੇ ਨਗਰ ਕੌਂਸਲ ਵਿਖੇ ਅਕਾਊਂਟੈਂਟ ਦਾ ਪ੍ਰਬੰਧ ਕਰਨ ਦੀ ਅਪੀਲ ਕੀਤੀ । ਇਸ ਮੌਕੇ ਤੇ ਆਮ ਆਦਮੀ ਪਾਰਟੀ ਐਸ.ਸੀ.ਵਿੰਗ ਦੇ ਜਿਲ੍ਹਾ ਪ੍ਰਧਾਨ ਜਸਵਿੰਦਰ ਪਾਲ , ਸਮਾਜ ਸੇਵਕ ਰੌਕੀ, ਮਨਮੋਹਨਜੀਤ ਸਿੰਘ ਗਿੱਲ, ਮੈਡਮ ਅਨੂੰ, ਖਰੈਤੀ ਲਾਲ ਤੋਂ ਇਲਾਵਾ ਹੋਰ ਹਾਜਰ ਸਨ ।

## ਨੌਜਵਾਨ ਆਗੂ ਲਵੀਸ਼ ਚਾਵਲਾ 'ਆਪ' ਟਰੇਡ ਵਿੰਗ ਦੇ ਹਲਕਾ ਕੋਆਰਡੀਨੇਟਰ ਨਿਯੁਕਤ

ਫਾਜ਼ਿਲਕਾ, 1 ਸਤੰਬਰ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ) : ਫਾਜ਼ਿਲਕਾ ਤੋਂ ਆਮ ਆਦਮੀ ਪਾਰਟੀ ਦੇ ਮਿਹਨਤੀ, ਇਮਾਨਦਾਰ ਅਤੇ ਨੌਜਵਾਨ ਆਗੂ ਲਵੀਸ਼ ਚਾਵਲਾ ਦੀਆਂ ਆਮ ਆਦਮੀ ਪਾਰਟੀ ਪਤੀ ਵਧੀਆ ਸੇਵਾਵਾਂ ਨੂੰ ਦੇਖਦੇ ਹੋਏ ਅਤੇ ਹਲਕਾ ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਦੇ ਯਤਨਾਂ ਸਦਕਾ ਆਮ ਆਦਮੀ ਪਾਰਟੀ ਵੱਲੋਂ ਟਰੇਡ ਵਿੰਗ ਦਾ ਹਲਕਾ ਕੋਆਰਡੀਨੇਟਰ ਨਿਯੁਕਤ ਕੀਤਾ ਗਿਆ। ਉਨ੍ਹਾਂ ਦੀ ਇਸ ਨਿਯੁਕਤੀ ਨੂੰ ਲੈ ਕੇ ਆਮ ਆਦਮੀ ਪਾਰਟੀ ਦੇ ਆਗੂਆਂ, ਵਰਕਰਾਂ ਤੋਂ ਇਲਾਵਾ ਉਨ੍ਹਾਂ ਨਾਲ ਜੁੜੇ ਹੋਏ ਵਪਾਰੀ ਵਰਗ ਦੇ ਲੋਕਾਂ ਵਲੋਂ ਵੀ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ। ਲਵੀਸ਼ ਚਾਵਲਾ ਨੇ ਆਪਣੀ ਨਿਯੁਕਤੀ 'ਤੇ ਖੁਸ਼ੀ ਜਾਹਿਰ ਕਰਦਿਆਂ ਸੂਬੇ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ, ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ, ਸੂਬਾ ਪ੍ਰਭਾਰੀ ਮਨੀਸ਼ ਸਿਸੋਦੀਆ, ਸੂਬਾ ਪ੍ਰਧਾਨ ਅਮਨ ਅਰੋੜਾ, ਹਲਕਾ ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਸਮੇਤ ਸਮੁੱਚੀ ਸੀਨੀਅਰ ਲੀਡਰਸ਼ਿਪ ਦਾ ਧੰਨਵਾਦ ਕਰਦੀਆਂ ਕੀਤਾ। ਲਵੀਸ਼ ਚਾਵਲਾ ਨੇ ਵਿਸ਼ਵਾਸ ਦਵਾਇਆ ਕਿ ਮੈਨੂੰ ਜੋ ਜਿੰਮੇਵਾਰੀ ਪਾਰਟੀ ਹਾਈ ਕਮਾਂਡ ਵੱਲੋਂ ਸੌਂਪੀ ਗਈ ਹੈ ਉਸ ਨੂੰ ਪੂਰੀ ਮਿਹਨਤ ਅਤੇ ਤਨਦੇਹੀ ਨਾਲ ਨਿਭਾਵੇਂਗਾ। ਲਵੀਸ਼ ਚਾਵਲਾ ਨੇ ਕਿਹਾ ਮੇਰਾ ਮੁੱਖ ਉਦੇਸ਼ ਹਲਕੇ ਦੇ ਵਪਾਰੀਆਂ ਦੀਆਂ ਸਮੱਸਿਆਵਾਂ ਨੂੰ ਸਮਝਣਾ ਅਤੇ ਉਨ੍ਹਾਂ ਦੇ ਹਿੱਤਾਂ ਲਈ ਸਰਕਾਰ ਅਤੇ ਪਾਰਟੀ ਨਾਲ ਮਿਲ ਕੇ ਕੰਮ ਕਰਨਾ ਹੋਵੇਗਾ। ਲਵੀਸ਼ ਚਾਵਲਾ ਨੇ ਅੱਗੇ ਕਿਹਾ ਕਿ ਉਹ ਵਪਾਰੀਆਂ ਦੀਆਂ ਹਰ ਛੋਟੀ-ਵੱਡੀ ਸਮੱਸਿਆ ਨੂੰ ਸੁਣਨ ਲਈ ਹਮੇਸ਼ਾ ਉਪਲਬਧ ਰਹਿਣਗੇ ਅਤੇ ਉਨ੍ਹਾਂ ਦੇ ਹੱਕਾ ਦੀ ਰੱਖਿਆ ਲਈ ਠੋਸ ਕਦਮ ਚੁੱਕਣਗੇ। ਚਾਵਲਾ ਨੇ ਇਹ ਵੀ ਦੱਸਿਆ ਕਿ ਜਲਦ ਹੀ ਇਲਾਕੇ ਦੇ ਵਪਾਰੀਆਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣ ਕੇ ਹੱਲ ਲਈ ਹਰ ਸੰਭਵ ਉਪਰਾਲਾ ਕੀਤਾ ਜਾਵੇਗਾ।

## 'ਆਪ' ਪਾਰਟੀ ਵੱਲੋਂ ਗਗਨਦੀਪ ਸਿੰਘ ਰਾਮਪੁਰਾ ਫਾਜ਼ਿਲਕਾ ਹਲਕੇ ਦਾ ਕਿਸਾਨ ਵਿੰਗ ਕੋਆਰਡੀਨੇਟਰ ਨਿਯੁਕਤ

ਫਾਜ਼ਿਲਕਾ, 1 ਸਤੰਬਰ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ) : ਪੰਜਾਬ ਵਿੱਚ ਆਏ ਹੜ੍ਹ ਕਾਰਨ ਬਣੀ ਗੰਭੀਰ ਸਥਿਤੀ ਦੇ ਦਰਮਿਆਨ ਆਮ ਆਦਮੀ ਪਾਰਟੀ ਵੱਲੋਂ ਇੱਕ ਵੱਡਾ ਅਤੇ ਮਹੱਤਵਪੂਰਨ ਫੈਸਲਾ ਲਿਆ ਗਿਆ ਹੈ। ਪਾਰਟੀ ਨੇ ਪੰਜਾਬ ਦੇ 23 ਜ਼ਿਲ੍ਹਿਆਂ ਵਿੱਚ ਕੁੱਲ 110 ਕਿਸਾਨ ਹਲਕਾ ਕੋਆਰਡੀਨੇਟਰਾਂ ਦੀ ਨਿਯੁਕਤੀ ਕੀਤੀ ਹੈ ਤਾਂ ਜੋ ਨਾ ਸਿਰਫ ਪਾਰਟੀ ਦੇ ਸੰਗਠਨ ਨੂੰ ਮਜ਼ਬੂਤ ਕੀਤਾ ਜਾ ਸਕੇ, ਸਗੋਂ ਲੋਕਾਂ ਦੀਆਂ ਮੁਸ਼ਕਲਾਂ ਨੂੰ ਵੀ ਹੱਲ ਕੀਤਾ ਜਾਵੇ। ਇਸੇ ਕੜੀ ਤਹਿਤ ਗਗਨਦੀਪ ਸਿੰਘ ਰਾਮਪੁਰਾ ਨੂੰ ਆਮ ਆਦਮੀ ਪਾਰਟੀ ਕਿਸਾਨ ਵਿੰਗ ਹਲਕਾ ਫਾਜ਼ਿਲਕਾ ਦਾ ਕੋਆਰਡੀਨੇਟਰ ਨਿਯੁਕਤ ਕਰਨ ਦਾ ਐਲਾਨ ਕੀਤਾ ਹੈ। ਉਨ੍ਹਾਂ ਦੀ ਇਸ ਨਿਯੁਕਤੀ ਨੂੰ ਲੈ ਕੇ ਆਮ ਆਦਮੀ ਪਾਰਟੀ ਦੇ ਆਗੂਆਂ, ਵਰਕਰਾਂ ਤੋਂ ਇਲਾਵਾ ਹਲਕੇ ਦੇ ਕਿਸਾਨਾਂ ਵਿਚ ਖੁਸ਼ੀ ਦਾ ਮਾਹੌਲ ਹੈ। ਗਗਨਦੀਪ ਸਿੰਘ ਰਾਮਪੁਰਾ ਨੇ ਆਪਣੀ ਨਿਯੁਕਤੀ 'ਤੇ ਖੁਸ਼ੀ ਜਾਹਿਰ ਕਰਦਿਆਂ ਸੂਬੇ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ, ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ, ਸੂਬਾ ਪ੍ਰਭਾਰੀ ਮਨੀਸ਼ ਸਿਸੋਦੀਆ, ਸੂਬਾ ਪ੍ਰਧਾਨ ਅਮਨ ਅਰੋੜਾ, ਹਲਕਾ ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਸਮੇਤ ਸਮੁੱਚੀ ਸੀਨੀਅਰ ਲੀਡਰਸ਼ਿਪ ਦਾ ਧੰਨਵਾਦ ਕੀਤਾ ।

---

ਫਾਰਮ ਨੰ. 3
[ਦੇਖੋ ਨਿਯਮ - 13 (1)(ੲ)]

### ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ-3)
ਜ਼ਮੀਨੀ ਤਲ ਐਸਸੀਓ 33-34-35, ਸੈਕਟਰ 17-ਏ, ਚੰਡੀਗੜ੍ਹ-160017

**ਮਾਮਲਾ ਨੰ. : ਓਏ/570/2024** **ਈਐਕਸਐਚ ਨੰ. 24961**

**ਕਰਜ਼ ਵਸੂਲੀ ਟ੍ਰਿਬਿਊਨਲ (ਪ੍ਰਕਿਰਿਆ) ਨਿਯਮਾਂਵਲੀ, 1993 ਦੇ ਨਿਯਮ 5 ਦੇ ਉਪ-ਨਿਯਮ (2ੲ) ਨਾਲ ਪੜ੍ਹੇ ਜਾਣ ਵਾਲੇ ਕਾਨੂੰਨ ਦੀ ਧਾਰਾ 19 ਦੀ ਉਪ-ਧਾਰਾ (4) ਦੇ ਅਧੀਨ ਸੰਮਨ**

**ਐਚਡੀਐਫਸੀ ਬੈਂਕ ਲਿਮਟਿਡ ਬਨਾਮ ਮੈਸ. ਅਪਨਾ ਐਚਪੀ ਸਟੇਸ਼ਨ ਅਤੇ ਹੋਰ**

(1) **ਮੈਸ. ਅਪਨਾ ਐਚਪੀ ਸਟੇਸ਼ਨ**, ਇੱਕ ਸੋਲ-ਪ੍ਰੋਪ. ਫਰਮ, ਸ਼੍ਰੀਮਤੀ ਸ਼੍ਰੀਮਤੀ ਹਰਭਜਨ ਕੌਰ ਪਤਨੀ ਸ਼੍ਰੀ ਹਰਬੰਸ ਸਿੰਘ, ਕਾਰੋਬਾਰੀ ਸਥਾਨ, ਪਿੰਡ ਅਤੇ ਡਾਕਖਾਨਾ ਡਡਵਿੰਡੀ ਸੁਲਤਾਨਪੁਰ ਲੋਧੀ, ਜਿਲ੍ਹਾ ਕਪੂਰਥਲਾ-144620 ਦੁਆਰਾ ਨੁਮਾਇੰਦਗੀ।
(2) **ਸ਼੍ਰੀਮਤੀ ਹਰਭਜਨ ਕੌਰ ਪਤਨੀ ਹਰਬੰਸ ਸਿੰਘ**, ਵਾਸੀ ਮਕਾਨ ਨੰ. 83, ਪਿੰਡ ਹੈਬਤਪੁਰ, ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ, ਪੰਜਾਬ-144620
**ਦੂਜਾ ਪਤਾ**: ਮੈਸਰਜ਼ ਅਪਨਾ ਐਚਪੀ ਸਟੇਸ਼ਨ, ਪਿੰਡ ਅਤੇ ਡਾਕਖਾਨ ਡਡਵਿੰਡੀ ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ, ਪੰਜਾਬ-144620
(3) **ਸ਼੍ਰੀ ਹਰਬੰਸ ਸਿੰਘ ਪੁੱਤਰ ਸ਼੍ਰੀ ਬਚਨ ਸਿੰਘ**, ਵਾਸੀ ਪਿੰਡ ਹੈਬਤਪੁਰ, ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ, ਪੰਜਾਬ-144620

**ਸੰਮਨ**

**ਜਿਥੇ ਕਿ, ਓ. ਏ./570/2024, 08.04.2025 ਨੂੰ ਮਾਨਯੋਗ ਪ੍ਰਧਾਨਗੀ ਅਧਿਕਾਰੀ/ਰਜਿਸਟਰਾਰ ਕੋਲ ਸੂਚੀਬੱਧ ਸੀ।**
ਜਿਥੇ ਕਿ, ਇਸ ਮਾਨਯੋਗ ਟ੍ਰਿਬਿਊਨਲ ਵੱਲੋਂ **ਰੁ. 40,33,520.83/-** ਦੇ ਕਰਜ਼ਿਆਂ ਦੀ ਵਸੂਲੀ ਲਈ ਤੁਹਾਡੇ ਖਿਲਾਫ ਦਾਇਰ (**ਓ. ਏ.**) **ਕਾਨੂੰਨ ਦੀ ਧਾਰਾ 19** (4) ਦੇ ਅਧੀਨ ਦਰਸਾਈ ਅਰਜ਼ੀ 'ਤੇ ਸੰਮਨ/ਸੂਚਨਾ ਜਾਰੀ ਕੀਤੀ ਜਾ ਰਹੀ ਹੈ। (**ਦਸਤਾਵੇਜ਼ਾਂ ਆਦਿ ਦੇ ਉਤਾਰੇ ਸਮੇਤ ਅਰਜ਼ੀ ਨੱਥੀ**)।
ਕਾਨੂੰਨ ਦੀ ਧਾਰਾ 19 ਦੀ ਉਪ-ਧਾਰਾ (4) ਦੀ ਨਿਰੰਤਰਤਾ ਵਿਚ ਤੁਹਾਨੂੰ, ਡਿਫੈਂਡੈਂਟਸ ਨੂੰ ਨਿਮਨ ਅਨੁਸਾਰ ਨਿਰਦੇਸ਼ ਦਿੱਤਾ ਜਾਂਦਾ ਹੈ :-
(1) ਸੰਮਨ ਦੀ ਤਾਮੀਲ ਤੋਂ ਤੀਹ ਦਿਨਾਂ ਦੇ ਅੰਦਰ ਕਾਰਨ ਦੱਸਣਾ ਕਿ ਬਿਨੈ ਕੀਤੀ ਰਾਹਤ ਕਿਉਂ ਪ੍ਰਵਾਨ ਨਾ ਕੀਤੀ ਜਾਵੇ;
(2) ਮੂਲ ਅਰਜ਼ੀ ਦੇ ਲੜੀ ਨੰ. 3ੲ ਦੇ ਅਧੀਨ ਬਿਨੈਕਾਰ ਵੱਲੋਂ ਦਰਸਾਈਆਂ ਸੰਪੱਤੀਆਂ ਅਤੇ ਅਸਾਸਿਆਂ ਨਾਲੋਂ ਹੋਰ ਸੰਪੱਤੀਆਂ ਜਾਂ ਅਸਾਸਿਆਂ ਦੇ ਵੇਰਵਿਆਂ ਦਾ ਖੁਲਾਸਾ ਕਰਨਾ;
(3) ਮੂਲ ਅਰਜ਼ੀ ਦੇ ਲੜੀ ਨੰ. 3ੲ ਦੇ ਅਧੀਨ ਖੁਲਾਸਾ ਕੀਤੀਆਂ, ਲੰਬਿਤ ਸੁਣਵਾਈ ਵਾਲੀਆਂ ਸੁਰੱਖਿਅਤ ਸੰਪੱਤੀਆਂ ਜਾਂ ਅਜਿਹੇ ਹੋਰ ਅਸਾਸਿਆਂ ਅਤੇ ਸੰਪੱਤੀਆਂ ਦੀ ਸੌਦੇਬਾਜ਼ੀ ਜਾਂ ਨਿਪਟਾਰਾ ਕਰਨ ਅਤੇ ਸੰਪੱਤੀਆਂ ਨੂੰ ਜੋੜਨ ਲਈ ਅਰਜ਼ੀ ਦਾ ਨਿਪਟਾਰਾ ਕਰਨ ਤੋਂ ਰੋਕ ਲਗਾਈ ਜਾਂਦੀ ਹੈ;
(4) ਤੁਸੀਂ ਟ੍ਰਿਬਿਊਨਲ ਦੀ ਅਗਾਊਂ ਪ੍ਰਵਾਨਗੀ ਤੋਂ ਬਿਨਾਂ ਮੂਲ ਅਰਜ਼ੀ ਦੇ ਲੜੀ ਨੰ. 3ੲ ਦੇ ਤਹਿਤ ਦਰਸਾਏ ਜਾਂ ਨਿਪਟਾਰਾ ਕੀਤੇ ਹੋਰ ਅਸਾਸਿਆਂ ਅਤੇ ਸੰਪੱਤੀਆਂ ਅਤੇ/ਜਾਂ ਅਸਾਸੇ ਜਿਨ੍ਹਾਂ ਉਪਰ ਸੁਰੱਖਿਆ ਵਿਆਜ ਦਾ ਨਿਰਮਾਣ ਕੀਤਾ ਗਿਆ ਹੈ, ਵਿਚੋਂ ਕਿਸੇ ਦਾ ਵੀ ਵਪਾਰ ਦੇ ਸਧਾਰਨ ਢੰਗ ਤੋਂ ਬਿਨਾਂ ਵਿਕਰੀ, ਲੀਜ਼ ਜਾਂ ਕਿਸੇ ਹੋਰ ਮਾਧਿਅਮ ਦੁਆਰਾ ਤਬਾਦਲਾ ਨਹੀਂ ਕਰੋਗੇ।
(5) ਤੁਸੀਂ ਵਪਾਰ ਦੇ ਸਧਾਰਨ ਢੰਗ ਵਿਚ ਸੁਰੱਖਿਅਤ ਅਸਾਸਿਆਂ ਜਾਂ ਹੋਰ ਅਸਾਸਿਆਂ ਅਤੇ ਸੰਪੱਤੀਆਂ ਦੀ ਵਿਕਰੀ ਦੁਆਰਾ ਪ੍ਰਾਪਤ ਵਿਕਰੀ ਵਸੂਲੀ ਦੇ ਲਈ ਲੇਖਾ ਰੱਖਣ ਲਈ ਜੁਆਬਦੇਹ ਹੋ ਅਤੇ ਅਜਿਹੀ ਵਿਕਰੀ ਵਸੂਲੀ ਨੂੰ ਬੈਂਕ ਜਾਂ ਅਜਿਹੇ ਅਸਾਸਿਆਂ ਉਪਰ ਸੁਰੱਖਿਆ ਵਿਆਜ ਦੀਆਂ ਧਾਰਕ ਵਿੱਤੀ ਸੰਸਥਾਵਾਂ ਕੋਲ ਰੱਖੇ ਖਾਤੇ ਵਿਚ ਜਮ੍ਹਾਂ ਕਰਵਾਓਗੇ।
ਤੁਹਾਨੂੰ ਇਹ ਵੀ ਨਿਰਦੇਸ਼ ਦਿੱਤਾ ਜਾਂਦਾ ਹੈ ਕਿ ਬਿਨੈਕਾਰ ਨੂੰ ਲਿਖਤੀ ਬਿਆਨ ਉਤਾਰੇ ਸਮੇਤ ਦਰਜ ਕਰਵਾਓ ਅਤੇ 02.09.2025 **ਨੂੰ ਸਵੇਰੇ** 10.30 **ਵਜੇ ਰਜਿਸਟਰਾਰ** ਕੋਲ ਪੇਸ਼ ਹੋਵੋ, ਜਿਸ ਤੋਂ ਅਸਫਲ ਰਹਿਣ 'ਤੇ ਅਰਜ਼ੀ 'ਤੇ ਸੁਣਵਾਈ ਅਤੇ ਫੈਸਲਾ ਤੁਹਾਡੀ ਗੈਰ ਹਾਜ਼ਰੀ ਵਿਚ ਲੈ ਲਿਆ ਜਾਵੇਗਾ।
**ਮੇਰੇ ਦਸਤਖ਼ਤ ਅਤੇ ਇਸ ਟ੍ਰਿਬਿਊਨਲ ਦੀ ਮੋਹਰ ਮਿਤੀ 16.04.2025 ਨੂੰ ਜਾਰੀ।**
**ਸੰਮਨ ਜਾਰੀ ਕਰਨ ਲਈ ਅਧਿਕਾਰਤ ਅਧਿਕਾਰੀ ਦੇ ਹਸਤਾਖਰ**

---

verka
Har Din Da, Har Dil Da

**ਪੰਜਾਬ ਰਾਜ ਸਹਿਕਾਰੀ ਦੁੱਧ ਉਤਪਾਦਕ ਫੈਡਰੇਸ਼ਨ ਲਿਮ. ਐਸ.ਸੀ.ਓ. 153-155, ਸੈਕਟਰ 34-ਏ, ਚੰਡੀਗੜ੍ਹ-160022, ਈਪੀ ਏਬੀਐਕਸ ਨੰ. : 0172-5041812-66**

**ਥੋੜ੍ਹੇ ਸਮੇਂ ਦੀ ਟੈਂਡਰ ਮੰਗ ਸੂਚਨਾ** **www.verka.coop**

| ਕੰਮ/ਵਸਤੂ ਦਾ ਨਾਮ | ਮਿਆਦ/ਅਸਥਾਈ ਮਾਤਰਾ |
|---|---|
| **ਪਸ਼ੂ ਫੀਡ ਪਲਾਂਟ, ਭੱਟੀਆਂ ਖੰਨਾ ਦੇ ਲਈ** ਸੀਐਫਪੀ, ਖੰਨਾ ਅਤੇ ਜੀਕੇਬੀ ਵਿਖੇ ਬਾਈ ਪਾਸ ਫੈਟ ਦੀ ਖਰੀਦ। | ਤਿੰਨ ਮਹੀਨੇ/ਖੰਨਾ ਦੇ ਲਈ 150 ਐਮਟੀਐਸ, ਜੀਕੇਬੀ ਦੇ ਲਈ 75 ਐਮਟੀਐਸ |

**ਨੋਟ : 1. ਉਕਤ ਟੈਂਡਰ (ਐਨਆਈਟੀ) ਸਬੰਧੀ ਮੁਕੰਮਲ ਵੇਰਵਿਆਂ ਲਈ ਕਿਰਪਾ ਕਰਕੇ ਸਾਡੀ ਵੈਬਸਾਈਟ ਭਾਵ www.verka.coop ਅਤੇ ਈ-ਟੈਂਡਰਿੰਗ ਪੋਰਟਲ ਭਾਵ eproc.punjab.gov.in ਦੇਖੋ।**
**2. ਸੋਧ, ਜੇਕਰ ਕੋਈ ਹੈ, ਕੇਵਲ ਵੈਬਸਾਈਟ 'ਤੇ ਅਪਲੋਡ ਕੀਤੀ ਜਾਵੇਗੀ।**
**ਜਨਰਲ ਮੈਨੇਜਰ (ਖਰੀਦ)**
**RO.No. PR-Advt. No. : 1018/12/2025-26/2763/Dated CHD : 01.09.2025**

---

### ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ
**(Regd. Office: PSEB Head Office, The Mall, Patiala)**
**Corporate Identity Number U40109PB2010SGC033813**
**Website : www.pspcl.in**
**Contact No. 9646118773**

**ਟੈਂਡਰ ਇਨਕੁਆਰੀ ਨੰ: 18/CCM/LDH/2025-26** **ਮਿਤੀ : 01.09.2025**

ਸੀਨੀਅਰ ਕਾਰਜਕਾਰੀ ਇੰਜੀਨੀਅਰ ਸਿਵਲ ਨਿਰਮਾਣ ਅਤੇ ਸੰਭਾਲ ਮੰਡਲ, ਕੋਠੀ ਨੰ. ਏ-2, ਪਾਵਰ ਕਲੋਨੀ ਨੰ. 1, ਫਿਰੋਜ਼ਪੁਰ ਰੋਡ, ਸਰਾਭਾ ਨਗਰ, ਪੀ.ਐਸ.ਪੀ.ਸੀ.ਐਲ., ਲੁਧਿਆਣਾ ਦੇ ਦਫ਼ਤਰ ਵੱਲੋਂ Repair & Mtc. Civil Works of 66 KV Sub Stations Haibowal, Amaltas, South City and Nurewal at PSPCL Ludhiana ਦਾ ਟੈਂਡਰ ਭਰਨ ਵਾਸਤੇ ਸੱਦਾ ਦਿੱਤਾ ਜਾ ਰਿਹਾ ਹੈ। ਇਸ ਦੀ ਵਧੇਰੀ ਜਾਣਕਾਰੀ ਵਾਸਤੇ ਸੀਨੀਅਰ ਕਾਰਜਕਾਰੀ ਇੰਜੀਨੀਅਰ ਸਿਵਲ ਨਿਰਮਾਣ ਅਤੇ ਸੰਭਾਲ ਮੰਡਲ ਲੁਧਿਆਣਾ, ਕੋਠੀ ਨੰ. ਏ-2 ਪਾਵਰ ਕਲੋਨੀ ਨੰ. 1 ਫਿਰੋਜ਼ਪੁਰ ਰੋਡ, ਸਰਾਭਾ ਨਗਰ, ਪੀ.ਐਸ.ਪੀ.ਸੀ.ਐਲ., ਲੁਧਿਆਣਾ ਨੂੰ ਸੰਪਰਕ ਕੀਤਾ ਜਾਵੇ।
ਨੋਟ :- ਕੋਰੀਜ਼ੰਡਮ ਅਤੇ ਜੋੜ (ਜੇਕਰ ਕੋਈ ਹੈ), **https://pspcl.in/Otherlinks/e-tender-notices-2025.aspx** ਤੇ ਅਪਲੋਡ ਕੀਤਾ ਜਾਵੇਗਾ। **C 600 / 25**
**Ro No. PR-Advt. No. 1079 / 12 / 2025-26 / 2750 / Dated CHD : 01.09.2025**

---

### ਪੰਜਾਬ ਸਰਕਾਰ
**ਟੈਂਡਰ ਸੂਚਨਾ ਹਵਾਲਾ ਨੰਬਰ 2025/1803 ਮਿਤੀ 01.09.2025**

| | |
|---|---|
| 1. | ਫਲ ਵਿਗਿਆਨ ਵਿਭਾਗ, ਪੀਏਯੂ ਲੁਧਿਆਣਾ ਵਿਖੇ ਮਿਥਾਇਲ ਯੂਜੀਨੌਲ ਦੀ ਖਰੀਦ। |

**ਬੰਦ ਹੋਣ ਦੀ ਮਿਤੀ ਅਤੇ ਸਮਾਂ :** 15.09.2025 **ਨੂੰ ਸਵੇਰੇ** 11.00 **ਵਜੇ**
**ਵੇਰਵਿਆਂ ਲਈ ਲਾਗ ਆਨ ਕਰੋ :** www.eproc.punjab.gov.in ਅਤੇ www.pau.edu
**ਨੋਟ : ਈ-ਟੈਂਡਰ ਸੂਚਨਾ ਵਿਚ ਕੋਈ ਵੀ ਸੋਧ (ਾਂ) ਕੇਵਲ ਉਕਤ ਵੈਬਸਾਈਟ 'ਤੇ ਹੀ ਪਾਈ ਜਾਵੇਗੀ।**
**ਸਹੀ/-ਪ੍ਰਬੰਧਕੀ ਸਹਿ ਲੇਖਾ ਅਧਿਕਾਰੀ,**
**ਸਟੋਰ ਖਰੀਦ ਲੁਧਿਆਣਾ**
**ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ**
**(ਈ-ਮੇਲ : spoaao@pau.edu)**
**RO.No.PR-Advt.No.1627/12/2025-26/2719/Dated CHD : 01/09/2025**

---

### ਸਟੇਟ ਬੈਂਕ ਆਫ ਇੰਡੀਆ
**ਸਟਰੈਸਡ ਐਸਟਸ ਰਿਕਵਰੀ ਬ੍ਰਾਂਚ, ਤੀਜੀ ਮੰਜ਼ਲ, ਜ਼ੋਨਲ ਬਿਜ਼ਨਸ ਆਫ਼ਿਸ ਬਿਲਡਿੰਗ, ਫਾਊਨਟੇਨ ਚੌਂਕ, ਸਿਵਲਿ ਲਾਇਨਸ, ਲੁਧਿਆਣਾ, 141 001**

**[ਨਿਯਮ-8(1)] ਕਬਜ਼ੇ ਦਾ ਨੋਟਿਸ**
**(ਚੱਲ/ਅਚੱਲ ਸੰਪੱਤੀ/ਆਂ ਲਈ)**

ਜਿਥੇ ਕਿ, ਨਿਮਨ ਹਸਤਾਖ਼ਰੀ ਨੇ **ਸਟੇਟ ਬੈਂਕ ਆਫ ਇੰਡੀਆ** ਦੇ ਅਧਿਕਾਰਤ ਅਧਿਕਾਰੀ **ਵਜੋਂ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ**, 2002 (2002 **ਦਾ ਨੰਬਰ** 54) ਦੇ ਅਧੀਨ ਅਤੇ **ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ**, 2002 **ਦੇ ਨਿਯਮ** 3 **ਨਾਲ ਪੜ੍ਹੀ ਜਾਣ ਵਾਲੀ ਧਾਰਾ** 13 (2) ਅਧੀਨ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਦਰਸਾਈ ਸੂਚਨਾ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਰਕਮ ਨੂੰ ਅਦਾ ਕਰਨ ਦੇ ਲਈ ਕਰਜ਼ਦਾਰ (ਾਂ)/ਜ਼ਾਮਨ (ਾਂ)/ਗਿਰਵੀਕਾਰ (ਾਂ) ਨੂੰ ਸੱਦਾ ਦਿੰਦੇ ਹੋਏ ਨਿਮਨ ਦਰਸਾਈ ਅਤੇ ਹਰੇਕ ਖਾਤੇ ਅਧੀਨ ਦਰਸਾਈ ਮਿਤੀ ਨੂੰ **ਮੰਗ ਸੂਚਨਾ** ਜਾਰੀ ਕੀਤੀ ਸੀ।
**ਕਰਜ਼ਦਾਰ (ਾਂ)/ਜ਼ਾਮਨ (ਾਂ)/ਗਿਰਵੀਕਾਰ (ਾਂ)** ਰਕਮ ਅਦਾ ਕਰਨ ਵਿਚ ਅਸਫ਼ਲ ਰਹੇ ਹਨ, ਇਸ ਲਈ ਇਥੇ **ਕਰਜ਼ਦਾਰ (ਾਂ)/ਜ਼ਾਮਨ (ਾਂ)/ਗਿਰਵੀਕਾਰ (ਾਂ)** ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਇਸ ਦੁਆਰਾ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨ ਹਸਤਾਖ਼ਰੀ ਨੇ ਖਾਤੇ ਅਧੀਨ ਦਰਸਾਈਆਂ ਮਿਤੀਆਂ ਨੂੰ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ **ਨਿਯਮ 8 ਨਾਲ ਪੜ੍ਹੇ ਜਾਣ ਵਾਲੇ ਦਰਸਾਏ ਕਾਨੂੰਨ ਦੀ ਧਾਰਾ** 13 (4) ਅਧੀਨ ਉਨ੍ਹਾਂ ਨੂੰ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਨਿਮਨ ਦਰਸਾਈ ਸੰਪੱਤੀ/ਆਂ ਦਾ **ਸੰਕੇਤਕ ਕਬਜ਼ਾ** ਲੈ ਲਿਆ ਹੈ।
**ਕਰਜ਼ਦਾਰ (ਾਂ)/ਜ਼ਾਮਨ (ਾਂ)/ਗਿਰਵੀਕਾਰ (ਾਂ)** ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਇਥੇ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਹਰੇਕ ਖਾਤੇ ਅਧੀਨ ਨਿਮਨ ਦਰਸਾਏ ਅਨੁਸਾਰ ਸੰਪੱਤੀ/ਆਂ ਦੀ ਸੌਦੇਬਾਜ਼ੀ ਨਾ ਕੀਤੀ ਜਾਵੇ ਅਤੇ ਸੰਪੱਤੀ ਦੀ ਕੋਈ ਵੀ ਸੌਦੇਬਾਜ਼ੀ ਹਰੇਕ ਖਾਤੇ ਅਧੀਨ ਦਰਸਾਈ ਰਕਮ ਅਤੇ ਵਿਆਜ ਅਤੇ ਖਰਚਿਆਂ ਦੇ ਲਈ **ਸਟੇਟ ਬੈਂਕ ਆਫ ਇੰਡੀਆ** ਦੇ ਚਾਰਜ ਨਾਲ ਸਬੰਧਤ ਹੋਵੇਗੀ।
**ਕਰਜ਼ਦਾਰ ਦਾ ਧਿਆਨ ਸੁਰੱਖਿਅਤ ਸੰਪੱਤੀਆਂ ਦੀ ਪੁਨਰ ਪ੍ਰਾਪਤੀ ਲਈ ਉਪਲਬਧ ਸਮੇਂ ਦੇ ਸਬੰਧ ਵਿੱਚ ਕਾਨੂੰਨ ਦੀ ਧਾਰਾ** 13 (8) **ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।**

| ਸ਼ਾਖਾ, ਕਰਜ਼ਦਾਰ/ ਜ਼ਾਮਨ ਦਾ ਨਾਮ | ਸੰਪੱਤੀ/ਆਂ ਦੇ ਵੇਰਵੇ | ਮੰਗ ਸੂਚਨਾ ਦੀ ਮਿਤੀ / ਸੰਕੇਤਕ ਕਬਜ਼ੇ ਦੀ ਮਿਤੀ | ਬਕਾਇਆ ਰਕਮ ਰੁ. 'ਚ |
|---|---|---|---|
| ਕਰਜ਼ਦਾਰ: ਮੈਸਰਜ਼ ਗੁਰੂ ਕਿਰਪਾ ਟਰੇਡਿੰਗ ਕੰਪਨੀ ਆਪਣੇ ਮਾਲਕ ਸ਼੍ਰੀ ਰਜਿੰਦਰ ਸਿੰਘ ਪੁੱਤਰ ਸ਼੍ਰੀ ਪ੍ਰਤਾਪ ਸਿੰਘ, ਨੇੜੇ ਬਰਾੜ ਫਿਲਿੰਗ ਸਟੇਸ਼ਨ, ਫਿਰੋਜ਼ਪੁਰ ਫਾਜ਼ਿਲਕਾ ਰੋਡ, ਜਲਾਲਾਬਾਦ (ਪੱਛਮੀ), ਜ਼ਿਲ੍ਹਾ ਫਾਜ਼ਿਲਕਾ, ਪੰਜਾਬ ਅਤੇ ਜ਼ਾਮਨ ਸ਼੍ਰੀ ਪ੍ਰਤਾਪ ਸਿੰਘ ਪੁੱਤਰ ਸ਼੍ਰੀ ਮੇਘ ਸਿੰਘ, ਨੇੜੇ ਬਰਾੜ ਫਿਲਿੰਗ ਸਟੇਸ਼ਨ, ਫਿਰੋਜ਼ਪੁਰ ਫਾਜ਼ਿਲਕਾ ਰੋਡ, ਜਲਾਲਾਬਾਦ (ਪੱਛਮੀ), ਜ਼ਿਲ੍ਹਾ ਫਾਜ਼ਿਲਕਾ, ਪੰਜਾਬ ਰਾਹੀਂ। | 4 ਮਰਲਾ ਮਾਪ ਵਾਲੀ ਵਪਾਰਕ ਦੁਕਾਨ (23'*43' = 989 ਵਰਗ ਫੁੱਟ) ਭਾਵ 7 ਕਨਾਲ 4 ਮਰਲਾ ਜ਼ਮੀਨ ਦਾ 4/144 ਹਿੱਸਾ, ਜੋ ਕਿ ਮੁਰੱਬਾ ਨੰਬਰ 66, ਕਿਲ੍ਹਾ ਨੰਬਰ 11 (7-4) ਖੇਵਟ ਨੰਬਰ 95 ਖਤੌਨੀ ਨੰਬਰ 176 ਵਿੱਚ ਸਾਲ 2008-09 ਲਈ ਜਮ੍ਹਾਂਬੰਦੀ ਅਨੁਸਾਰ, ਜਲਾਲਾਬਾਦ (ਪੱਛਮੀ), ਤਹਿਸੀਲ ਜਲਾਲਾਬਾਦ (ਪੱਛਮੀ), ਜ਼ਿਲ੍ਹਾ ਫਾਜ਼ਿਲਕਾ ਵਿਖੇ ਸਥਿਤ ਪ੍ਰਤਾਪ ਸਿੰਘ (ਜ਼ਾਮਨ) ਪੁੱਤਰ ਸ਼੍ਰੀ ਮੇਘ ਸਿੰਘ ਦੇ ਨਾਮ 'ਤੇ ਵਿਕਰੀ ਡੀਡ ਨੰ. 5388 ਮਿਤੀ 11.01.2012, ਡੀਡ ਅਨੁਸਾਰ ਹੱਦਬੰਦੀ : ਪੂਰਬ- ਮੋਹਨ ਲਾਲ ਹਾਂਡਾ ਅਤੇ ਹੋਰ, ਪੱਛਮ- ਸੁਭਾਸ਼ ਚੰਦਰ, ਉੱਤਰ- ਗੁਰਦਿਆਲ ਸਿੰਘ, ਦੱਖਣੀ-ਰੋਡ | 30.05.2025 / 30.08.2025 | Rs. 46,89,818.81 (ਰੁਪਏ ਛਿਆਲੀ ਲੱਖ ਉਣਾਨਵੇਂ ਹਜ਼ਾਰ ਅੱਠ ਸੌ ਅਠਾਰਾਂ ਅਤੇ ਇਕਿਆਸੀ ਪੈਸੇ ਕੇਵਲ) 30.05.2025 ਦੇ ਅਨੁਸਾਰ ਅਤੇ ਇਸ 'ਤੇ ਵਿਆਜ। |

ਮਿਤੀ : 30.08.2025 ਸਥਾਨ : ਜਲਾਲਾਬਾਦ ਅਧਿਕਾਰਤ ਅਧਿਕਾਰੀ

---

### ਇੰਡੀਅਨ ਬੈਂਕ Indian Bank
ਅਹਿਮਦਾਬਾਦ ALLAHABAD
**ਜ਼ੋਨਲ ਦਫਤਰ : ਐਸ.ਸੀ.ਐਫ. 88, ਅਰਬਨ ਅਸਟੇਟ, ਫੇਜ਼1, ਦੁੱਗਰੀ, ਲੁਧਿਆਣਾ-144013**
**PHONE -0161-5232103/106, EMAIL : zoludhiana@indianbank.co.in**

**ਅੰਤਿਕਾ 4[ਨਿਯਮ (8-1)]**
**ਕਬਜ਼ਾ ਸੂਚਨਾ (ਅਚੱਲ ਸੰਪੱਤੀ ਦੇ ਲਈ)**

ਜਿਥੇ ਕਿ, ਨਿਮਨ ਹਸਤਾਖ਼ਰੀ ਨੇ **ਇੰਡੀਅਨ ਬੈਂਕ** ਦੇ ਅਧਿਕਾਰਤ ਅਧਿਕਾਰੀ ਵਜੋਂ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੇ ਅਧੀਨ ਅਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8 ਅਤੇ 9 ਨਾਲ ਪੜ੍ਹੀ ਜਾਣ ਵਾਲੀ ਧਾਰਾ 13 (12) ਅਧੀਨ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਦਰਸਾਈ ਸੂਚਨਾ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਸਬੰਧਤ ਮੰਗ ਸੂਚਨਾ ਵਿਚ ਦਰਸਾਈ ਰਕਮ ਨੂੰ ਅਦਾ ਕਰਨ ਲਈ ਕਰਜ਼ਦਾਰ (ਾਂ)/ਜ਼ਾਮਨ(ਾਂ) ਨੂੰ ਸੱਦਾ ਦਿੰਦੇ ਹੋਏ ਨਿਮਨ ਦਰਸਾਈ ਮਿਤੀ ਨੂੰ ਕਰਜ਼ਦਾਰ(ਾਂ)/ਜ਼ਾਮਨ(ਾਂ) ਨੂੰ ਮੰਗ ਸੂਚਨਾ ਜਾਰੀ ਕੀਤੀ ਸੀ।
ਕਰਜ਼ਦਾਰ(ਾਂ) ਰਕਮ ਅਦਾ ਕਰਨ ਵਿਚ ਅਸਫ਼ਲ ਰਹੇ ਹਨ, ਇਸ ਲਈ ਇਥੇ ਕਰਜ਼ਦਾਰ(ਾਂ) ਨੂੰ ਅਤੇ ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨ ਹਸਤਾਖ਼ਰੀ ਨੇ ਖਾਤਿਆਂ ਅਧੀਨ ਨਿਮਨ ਦਰਸਾਈਆਂ ਮਿਤੀਆਂ ਨੂੰ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8 ਅਤੇ 9 ਨਾਲ ਪੜ੍ਹੇ ਜਾਣ ਵਾਲੇ ਕਾਨੂੰਨ ਦੀ ਧਾਰਾ 13 (4) ਦੇ ਅਧੀਨ ਉਨ੍ਹਾਂ ਨੂੰ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਨਿਮਨ ਦਰਸਾਈ ਸੰਪੱਤੀ ਦਾ **ਕਬਜ਼ਾ** ਲੈ ਲਿਆ ਹੈ।
ਕਰਜ਼ਦਾਰ(ਾਂ) ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਇਥੇ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਸੰਪੱਤੀ/ਸੰਪੱਤੀਆਂ ਦੀ ਸੌਦੇਬਾਜ਼ੀ ਨਾ ਕੀਤੀ ਜਾਵੇ ਅਤੇ ਸੰਪੱਤੀਆਂ ਦੀ ਕੋਈ ਵੀ ਸੌਦੇਬਾਜ਼ੀ ਰਕਮ, ਮਨਫੀ ਵਸੂਲੀ, ਲਾਗਤਾਂ/ਖਰਚਿਆਂ ਜੇਕਰ ਕੋਈ ਹੈ ਫੀਸਾਂ ਸਮੇਤ ਦੇ ਲਈ **ਇੰਡੀਅਨ ਬੈਂਕ** ਦੇ ਚਾਰਜ ਨਾਲ ਸਬੰਧਤ ਹੋਵੇਗੀ।

| ਸ਼ਾਖਾ/ਕਰਜ਼ਦਾਰਾਂ/ਜ਼ਾਮਨਾਂ/ ਗਿਰਵੀਕਾਰਾਂ ਦਾ ਨਾਮ | ਗਿਰਵੀ ਸੰਪੱਤੀ ਦੇ ਵੇਰਵੇ | ਮੰਗ ਸੂਚਨਾ ਦੀ ਮਿਤੀ | ਕਬਜ਼ੇ ਦੀ ਮਿਤੀ | ਨਿਮਨ ਦਰਸਾਈ ਮਿਤੀ ਤੱਕ ਬਕਾਇਆ ਰਕਮ |
|---|---|---|---|---|
| **ਦੁੱਗਰੀ ਸ਼ਾਖਾ** **ਕਰਜ਼ਦਾਰ : ਸ੍ਰੀ ਤਰਲੋਕ ਸਿੰਘ ਸਪੁੱਤਰ ਸ੍ਰੀ ਸਵਰਨ ਸਿੰਘ ਅਤੇ ਜ਼ਾਮਨ ਸ੍ਰੀਮਤੀ ਜਸਵਿੰਦਰ ਕੌਰ** ਪਤਨੀ ਤਰਲੋਕ ਸਿੰਘ | ਵਿਕਰੀ ਡੀਡ ਨੰਬਰ 2018-19/103/173 ਮਿਤੀ 03.07.2018 ਰਾਹੀਂ ਸ੍ਰੀ ਤਰਲੋਕ ਸਿੰਘ ਦੇ ਹੱਕ ਵਿੱਚ ਰਜਿਸਟਰ ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ ਪਲਾਟ ਨੰਬਰ 81-ਏ, ਜਿਸਦੀ ਮਾਪ 125 ਵਰਗ ਗਜ਼ ਹੈ, ਖਸਰਾ ਨੰਬਰ 35//12-35//13/1-35//19/3-35//20-35//21/1-17//22-23-35//2-3-4/1-7/2-8-9 ਵਿੱਚ ਸ਼ਾਮਲ, ਸਾਲ 2011-12 ਲਈ ਜਮ੍ਹਾਂਬੰਦੀ ਅਨੁਸਾਰ ਖਾਤਾ ਨੰਬਰ 192/197-192/1/200, ਪਿੰਡ ਆਲਮਗੀਰ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਵਿਖੇ ਸਥਿਤ ਹੈ।ਹੇਠ ਲਿਖੇ ਅਨੁਸਾਰ ਹੱਦਬੰਦੀ : ਪੂਰਬ: ਪਲਾਟ ਨੰਬਰ 122-123, ਪੱਛਮ: ਸੜਕ 40' ਚੌੜੀ, ਉੱਤਰ: ਪਲਾਟ ਨੰਬਰ 82-ਏ, ਦੱਖਣ: ਪਲਾਟ ਨੰਬਰ 80-ਏ | 11.06.2025 | 29.08.2025 | Rs 14,58,292/- (ਰੁ. ਚੌਦਾਂ ਲੱਖ ਅਠਵੰਜਾ ਹਜ਼ਾਰ ਦੋ ਸੌ ਬਾਨਵੇਂ ਕੇਵਲ) ਅਗਲੇਰੇ ਵਿਆਜ, ਲਾਗਤਾਂ, ਹੋਰ ਫੀਸਾਂ ਅਤੇ ਖਰਚਿਆਂ ਸਮੇਤ। |

ਮਿਤੀ : 29.08.2025 ਸਥਾਨ : ਲੁਧਿਆਣਾ ਅਧਿਕਾਰਤ ਅਧਿਕਾਰੀ

---

### ਉੱਤਰ ਰੇਲਵੇ
**ਈ-ਨਿਵਿਦਾ**
**ਖੁਲ੍ਹੀ ਨਿਵਿਦਾ ਨੰਬਰ-27-ਅੰਬਾਲਾ/2025-26, ਮਿਤੀ 01.09.2025**

ਸੀਨੀਅਰ ਮੰਡਲ ਇੰਜੀਨੀਅਰ-ਤਾਲਮੇਲ/ਅੰਬਾਲਾ ਦੇ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਈ ਨਿਵਿਦਾ ਦੇ ਮਾਧਿਅਮ ਨਾਲ ਇਛੁਕ ਠੇਕੇਦਾਰਾਂ ਤੋਂ ਹੇਠਾਂ ਲਿਖਤ ਕੰਮਾਂ ਲਈ ਖੁਲ੍ਹੀਆਂ ਨਿਵਿਦਾਵਾਂ ਦੀ ਮੰਗ ਕੀਤੀ ਜਾਂਦੀ ਹੈ ਜੋ ਕਿ ਉਨ੍ਹਾਂ ਕੰਮਾਂ ਦੇ ਸਾਹਮਣੇ ਦਿਤੀ ਗਈ ਮਿਤੀ ਨੂੰ 15.00 ਵਜੇ ਖੁਲ੍ਹੇ ਰਹਿਣਗੇ ਅਤੇ ਉਸ ਦੇ ਬਾਅਦ ਖੋਹਲੇ ਜਾਣਗੇ।

| ਲ. ਨ. | ਕੰਮ ਦਾ ਨਾਮ | ਅੰਦਾਜਨ ਲਾਗਤ (Rs.) | ਅਗਾਊਂ ਰਾਸ਼ੀ (Rs.) | ਕੰਮ ਸਮਾਪਤੀ ਦਾ ਸਮਾਂ | ਨਿਵਿਦਾ ਖੁਲਣ ਦੀ ਮਿਤੀ |
|---|---|---|---|---|---|
| 1 | ਏਡੀਈਐਨ/ਯੂਐਮਬੀ ਦੇ ਤਹਿਤ ਐਸਐਸਈ/ਡਬਲਯੂ/ਆਰਵੀ/ਯੂਐਮਬੀ ਦੇ ਸੈਕਸ਼ਨ ਵਿਚ ਰੇਲ ਵਿਹਾਰ ਕਾਲੋਨੀ (ਪੜਾਅ-III) ਵਿਚ ਮੌਜੂਦਾ ਐਸਟੀਪੀ ਦਾ ਵਿਸਤਾਰ। | 2,81,95,542 | 2,91,000 | 06 ਮਹੀਨੇ | 23.09.2025 |
| 2 | ਬਰਵਾਲਾ (ਬੀਐਕਸਸੀ) ਵਿਚ 3 ਮੀਟਰ ਚੌੜੇ ਐਫਓਬੀ ਦਾ ਪ੍ਰਾਵਧਾਨ। | 79,24,553 | 1,58,500 | 08 ਮਹੀਨੇ | 23.09.2025 |
| 3 | ਏਡੀਈਐਨ/ਯੂਐਮਬੀ ਦੇ ਤਹਿਤ ਸਟਾਫ ਕਵਾਟਰਾਂ ਵਿਚ ਖਰਾਬ ਹੋ ਚੁਕੇ ਦਰਵਾਜਿਆਂ ਅਤੇ ਖਿੜਕੀਆਂ, ਫਰਸ਼, ਪਲਾਸਟਰ ਦੀ ਮੁਰੰਮਤ। | 1,52,66,522 | 2,26,300 | 06 ਮਹੀਨੇ | 23.09.2025 |
| 4 | ਸੀਨੀਅਰ ਡੀਈਐਨ/I/ ਯੂਐਮਬੀ ਦੇ ਤਹਿਤ ਪੁਰਾਣੀ ਰੇਲ ਵਿਹਾਰ ਕਾਲੋਨੀ ਅੰਬਾਲਾ ਕੈਂਟ ਅਤੇ ਚੰਡੀਗੜ੍ਹ ਕਾਲੋਨੀ ਵਿਚ ਸੜਕਾਂ ਦਾ ਸੁਧਾਰ। | 1,42,50,103 | 2,21,300 | 03 ਮਹੀਨੇ | 23.09.2025 |
| 5 | ਏਡੀਈਐਨ / ਸੀਡੀਜੀ ਦੇ ਤਹਿਤ ਐਸਐਸਈ/ਪੀ.ਵੇ./ ਆਈਸੀ ਅਨੁਭਾਗ ਵਿਚ ਰਿਲੀਜ ਕੀਤੇ ਗਏ ਸਲੀਪਰਾਂ ਨੂੰ ਸੀਮਾ ਚੌਕੀਆਂ ਦੇ ਰੂਪ ਵਿਚ ਸਥਾਪਿਤ ਕਰਨਾ ਅਤੇ ਵਖ-ਵਖ ਵਿਵਿਧ ਟ੍ਰੈਕ ਰਖਰਖਾਅ ਦਾ ਕੰਮ। | 85,68,251 | 1,71,400 | 06 ਮਹੀਨੇ | 23.09.2025 |
| 6 | (01) ਏਡੀਈਐਨ/ਯੂਐਮਬੀ ਦੇ ਤਹਿਤ ਐਸਐਸਈ/ਪੀ.ਵੇ/ ਯੂਐਮਬੀ ਦੇ ਸੈਕਸ਼ਨ ਵਿਚ ਰਿਲੀਜ ਕੀਤੇ ਗਏ ਸਲੀਪਰਾਂ ਨੂੰ ਸੀਮਾ ਚੌਕੀਆਂ ਦੇ ਰੂਪ ਵਿਚ ਲਗਾਉਣਾ ਅਤੇ ਵਖ-ਵਖ ਵਿਵਿਧ ਟ੍ਰੈਕ ਰਖਰਖਾਅ ਕੰਮ ਅਤੇ (02) ਏਡੀਈਐਨ/ਯੂਐਮਬੀ ਦੇ ਤਹਿਤ ਐਸਐਸਈ/ਪੀਡਬਲਯੂ/ਯੂਐਮਬੀ ਦੇ ਸੈਕਸ਼ਨ ਵਿਚ ਯੂਐਮਬੀ-ਐਸਆਰਈ, ਯੂਐਮਬੀ-ਐਮਓਵਾਈ, ਯੂਐਮਬੀ-ਡੀਕੇਟੀ ਅਤੇ ਯੂਐਮਬੀ-ਯੂਬੀਸੀ ਸੈਕਸ਼ਨ ਦੀ ਦਿਸ਼ਾ ਵਿਚ ਅੰਬਾਲਾ ਕੈਂਟ ਯਾਰਡ ਦੇ ਪਹੁੰਚ ਮਾਰਗਾਂ ਦਾ ਕੂੜਾ ਚੁਕਣਾ। | 1,15,27,893 | 2,07,600 | 08 ਮਹੀਨੇ | 23.09.2025 |
| 7 | ਏਡੀਈਐਨ/ਸੀਡੀਜੀ ਦੇ ਤਹਿਤ ਸੀਡੀਜੀ-ਐਮਆਰਐਨਡੀ ਸੈਕਸ਼ਨ ਤੇ ਪੀਕਯੂਆਰਐਰ ਐਸ ਦੁਆਰਾ ਟੀਐਸਆਰ (ਪੀ) 20 ਕਿਮੀ। | 2,09,87,871 | 2,54,900 | 08 ਮਹੀਨੇ | 23.09.2025 |

ਨੋਟ:- 1. ਠੇਕੇਦਾਰ ਨੂੰ ਸ਼ਰਤਾਂ ਦੇ ਅਨੁਸਾਰ ਟੈਂਡਰ ਯੋਗਤਾ ਪੂਰੀ ਕਰਨ ਲਈ ਸਾਰੇ ਜਰੂਰੀ ਸਬੰਧਤ ਡਾਕੂਮੈਂਟਾਂ ਦੀ ਸਕੈਨਿੰਗ ਕਾਪੀ ਨੂੰ ਰੇਲਵੇ ਵੈਬਸਾਈਟ IREPS ਤੇ ਅਪਲੋਡ ਕਰਨੀ ਜਰੂਰੀ ਹੈ। 2. ਅਗਾਊਂ ਰਾਸ਼ੀ ਆਨ ਲਾਈਨ ਪੇਮੇਂਟ ਨੈਟ ਬੈਕਿੰਗ/ਗੇਟਵੇ ਪੇਮੇਂਟ ਦੇ ਦੁਆਰਾ ਹੀ ਸਵੀਕਾਰ ਹੋਣਗੇ। 3.ਟੈਂਡਰ ਦੀ ਵਿਸਤ੍ਰਿਤ ਜਾਣਕਾਰੀ ਲਈ ਰੇਲਵੇ ਵੈਬਸਾਈਟ www.ireps.gov.in ਤੇ ਲਾਗ ਆਨ ਕਰੋ। 4.ਠੇਕੇਦਾਰ ਨੂੰ ਈ-ਟੈਂਡਰ ਵਿਚ ਭਾਗੀਦਾਰੀ ਲਈ (ਕਲਾਸ-III) ਡਿਜੀਟਲ ਸਿਗਨੇਚਰ ਸਰਟੀਫਿਕੇਟ ਦੁਆਰਾ ਲਾਗ-ਆਨ ਕਰਨਾ ਹੋਵੇਗਾ। 5. ਜੀ.ਐਸ.ਟੀ. ਐਕਟ 2017 ਦੇ ਅਨੁਸਾਰ ਲਾਗੂ ਹੋਵੇਗਾ। **2643/25**

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

---

### ਕੇਨਰਾ ਬੈਂਕ Canara Bank
ਸ਼ਾਖਾ : ਪੰਚਕੂਲਾ ਐਸਐਮਈ (2374)

**ਮੰਗ ਸੂਚਨਾ**
**ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ 2002 ਦੇ ਨਿਯਮ 3 ਨਾਲ ਪੜ੍ਹੇ ਜਾਣ ਵਾਲੇ ਵਿੱਤੀ ਸੰਪਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 (ਸਰਫਾਇਸੀ ਐਕਟ) ਦੀ ਧਾਰਾ 13 (2) ਅਧੀਨ ਮੰਗ ਸੂਚਨਾ**

ਤੁਹਾਨੂੰ ਸਾਰਿਆਂ ਨੂੰ, ਹੇਠਾਂ ਦੱਸੇ ਗਏ ਵਿਅਕਤੀਆਂ (ਕਰਜ਼ਦਾਰਾਂ/ਜ਼ਾਮਨ (ਾਂ)) ਨੂੰ, ਬੈਂਕ ਦੇ "ਅਧਿਕਾਰਤ ਅਧਿਕਾਰੀ" ਦੁਆਰਾ ਸਰਫਾਇਸੀ ਐਕਟ-2002 ਦੀ ਧਾਰਾ 13(2) ਦੇ ਤਹਿਤ ਰਜਿਸਟਰਡ ਮੰਗ ਨੋਟਿਸ ਭੇਜੇ ਗਏ ਸਨ, ਜਿਸ ਵਿੱਚ ਤੁਹਾਨੂੰ ਸਾਰਿਆਂ ਨੂੰ ਨੋਟਿਸ ਦੀ ਮਿਤੀ ਦੇ ਅਨੁਸਾਰ ਖਾਤੇ ਦੇ ਵਿਰੁੱਧ ਦੱਸੀ ਗਈ ਮੰਗ ਨੋਟਿਸ ਦੀ ਰਕਮ ਦਾ ਭੁਗਤਾਨ ਕਰਨ ਲਈ ਕਿਹਾ ਗਿਆ ਸੀ, ਨੋਟਿਸ ਦੇ 60 (ਸੱਠ) ਦਿਨਾਂ ਦੇ ਅੰਦਰ ਭੁਗਤਾਨ ਹੋਣ ਤੱਕ ਅਗਲੇਰੇ ਵਿਆਜ ਸਮੇਤ।ਉਕਤ ਮੰਗ ਨੋਟਿਸ ਤੁਹਾਡੇ ਸਾਰਿਆਂ ਨੂੰ ਨਹੀਂ ਭੇਜਿਆ ਜਾ ਸਕਿਆ ਅਤੇ ਕੁਝ ਮਾਮਲਿਆਂ ਵਿੱਚ ਇਸਨੂੰ ਬਿਨਾਂ ਕਿਸੇ ਜਵਾਬ ਦੇ ਵਾਪਸ ਕਰ ਦਿੱਤਾ ਗਿਆ। ਸੁਰੱਖਿਅਤ ਕਰਜ਼ਦਾਤਾ ਬੈਂਕ ਦੇ ਅਧਿਕਾਰਤ ਅਧਿਕਾਰੀ ਹੋਣ ਦੇ ਨਾਤੇ, ਨਿਮਨ ਹਸਤਾਖਰੀ ਕੋਲ ਇਹ ਮੰਨਣ ਦੇ ਕਾਰਨ ਹਨ ਕਿ ਤੁਹਾਨੂੰ ਸਾਰਿਆਂ ਨੂੰ ਆਮ ਤੌਰ 'ਤੇ ਬਦਲਵੀਂ ਸੇਵਾ ਦੇ ਢੰਗ ਤੋਂ ਇਲਾਵਾ ਮੰਗ ਨੋਟਿਸ ਨਹੀਂ ਦਿੱਤਾ ਜਾ ਸਕਦਾ। ਇਸ ਲਈ, ਤੁਹਾਨੂੰ ਸਾਰਿਆਂ ਨੂੰ ਇਸ ਜਨਤਕ ਨੋਟਿਸ ਰਾਹੀਂ ਇਸ ਪ੍ਰਕਾਸ਼ਨ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਤੁਹਾਡੇ ਵਿਰੁੱਧ ਬਕਾਇਆ ਭੁਗਤਾਨ ਦੀ ਮਿਤੀ ਤੱਕ ਹੇਠਾਂ ਦਿੱਤੀ ਰਕਮ ਅਗਲੇਰੇ ਵਿਆਜ ਸਮੇਤ ਅਦਾ ਕਰਨ ਲਈ ਕਿਹਾ ਜਾਂਦਾ ਹੈ, ਅਜਿਹਾ ਨਾ ਕਰਨ 'ਤੇ, ਬੈਂਕ ਉਕਤ ਐਕਟ-2002 ਦੀ ਧਾਰਾ 13(4) ਦੇ ਤਹਿਤ ਹੇਠਾਂ ਦੱਸੀਆਂ ਸੁਰੱਖਿਅਤ ਸੰਪਤੀਆਂ ਦਾ ਕਬਜ਼ਾ ਲੈਣ ਲਈ ਅੱਗੇ ਵਧੇਗਾ ਅਤੇ ਉਸ ਤੋਂ ਬਾਅਦ ਇਸਨੂੰ ਵੇਚਣ ਲਈ ਅੱਗੇ ਵਧੇਗਾ ਤਾਂ ਜੋ ਲਾਗਤ ਸਮੇਤ ਪ੍ਰਾਪਤੀ ਤੱਕ ਅਗਲੇਰੇ ਵਿਆਜ ਸਮੇਤ ਬਕਾਇਆ ਰਕਮ ਪ੍ਰਾਪਤ ਕੀਤੀ ਜਾ ਸਕੇ।ਕਰਜ਼ਦਾਰ ਦੁਆਰਾ ਬਕਾਇਆ ਰਕਮ ਦਾ ਭੁਗਤਾਨ ਨਾ ਕਰਨ ਕਾਰਨ ਜ਼ਾਮਨ/ਗਿਰਵੀਕਾਰ, ਉਹਨਾਂ ਦੁਆਰਾ ਦਿੱਤੀ ਗਈ ਗਰੰਟੀ ਇਸ ਦੁਆਰਾ ਰੱਦ ਕੀਤੀ ਜਾਂਦੀ ਹੈ ਅਤੇ ਤੁਹਾਨੂੰ ਪੂਰੇ ਬਕਾਏ ਦਾ ਭੁਗਤਾਨ ਕਰਨ ਲਈ ਕਿਹਾ ਜਾਂਦਾ ਹੈ।

| ਕਰਜ਼ਦਾਰਾਂ/ਜ਼ਾਮਨ ਦੇ ਨਾਮ | ਸੁਰੱਖਿਆ ਸੰਪਤੀਆਂ ਦੇ ਵੇਰਵੇ (ਸਾਰੇ ਭਾਗ ਅਤੇ ਹਿੱਸੇ) | ਐਨਪੀਏ / ਮੰਗ ਸੂਚਨਾ ਮਿਤੀ | ਮੰਗ ਸੂਚਨਾ ਅਨੁਸਾਰ ਰਕਮ (ਰੁਪਏ) |
|---|---|---|---|
| **ਮੁੰਨਾ ਗੋਸਾਂਈ ਸਪੁੱਤਰ ਵਿਜਲ ਗੋਸਾਂਈ**, ਪਲਾਟ ਨੰ. 95, ਬਾਲਾਜੀ ਗ੍ਰੀਨ, ਪਿੰਡ ਸਮੇਲਹੇੜੀ, ਲਾਲੜੂ, ਐਸਏਐਸ ਨਗਰ ਮੋਹਾਲੀ, ਪੰਜਾਬ-14501 (**ਕਰਜ਼ਦਾਰ**) **ਬਲਰਾਮ ਯਾਦਵ ਸਪੁੱਤਰ ਕਮਲਾ ਪ੍ਰਸਾਦ ਯਾਦਵ** ਵਾਸੀ ਮੰਦਿਰ ਦੇ ਸਾਹਮਣੇ, ਰਨੋਪਲੀ, ਫਾਈਜ਼ਾਬਾਦ, ਅਕਬਰਪੁਰ, ਅੰਬੇਡਕਰ ਨਗਰ, ਉੱਤਰ ਪ੍ਰਦੇਸ਼-224123 (**ਜ਼ਾਮਨ**) | ਬਾਲਾਜੀ ਗ੍ਰੀਨ, ਸਮਾਲਹੇੜੀ, ਤਹਿਸੀਲ ਡੇਰਾਬਸੀ, ਐਸਏਐਸ ਨਗਰ ਮੋਹਾਲੀ ਵਿਚ ਸਥਿਤ ਕੁੱਲ ਰਕਬਾ ਖਸਰਾ 08 ਬਿਘਾ 15 ਬਿਸਵੇ 14 ਬਿਸਵਾਸੀ ਵਿਚੋਂ 42/3514 ਹਿੱਸੇ ਵਜੋਂ ਬਕਦਾਰ 00 ਵਿੱਘਾ 02 ਬਿਸਵੇ 02 ਬਿਸਵਾਸੀ (ਆਕਾਰ 21 ਫੁੱਟ ਚੌੜਾ x 45 ਫੁੱਟ ਲੰਬਾਈ = 105 ਗਜ਼ ਪਲਾਟ) ਦੇ ਕੁੱਲ ਰਕਬਾ 06 ਬਿਘੇ 10 ਬਿਸਵੇ 02 ਬਿਸਵਾਸੀ ਦੇ ਖਸਰਾ ਨੰ. 552/356/2 (1-12-01), 358 (3-12-0), 357/2(1-6-01), ਕਿੱਤੇ 03 ਅਤੇ ਕਿਤੇ 2 ਰਕਬਾ 02 ਬਿਘੇ 09 ਬਿਸਵੇ 18 ਬਿਸਵਾਸੀ ਬਕਦਾਰ 02 ਬਿਘੇ 05 ਬਿਸਵੇ 12 ਬਿਸਵਾਸੀ ਵਿਚੋਂ 912/998 ਹਿੱਸੇ ਵਜੋਂ ਮਾਪ 00 ਬਿਘਾ 02 ਬਿਸਵੇ 02 ਬਿਸਵਾਸੀ ਖਾਤਾ ਨੰ. 8/22, ਖਸਰਾ ਨੰ. 359/1 (1-6-18), 360/1 (3-0) ਵਾਲੇ ਪਲਾਟ ਨੰ. 95 ਅਧੀਨ ਰਿਹਾਇਸ਼ੀ ਸੰਪੱਤੀ ਦੇ ਸਾਰੇ ਭਾਗ ਅਤੇ ਹਿੱਸੇ, ਜਿਸ ਦੀ ਹੱਦਬੰਦੀ ਇਸ ਪ੍ਰਕਾਰ ਹੈ: ਉੱਤਰ-ਮਕਾਨ ਨੰਬਰ 94, ਦੱਖਣ-ਮਕਾਨ ਨੰਬਰ 96, ਪੂਰਬ-ਪਹੁੰਚ ਸੜਕ, ਪੱਛਮ-ਮਕਾਨ ਨੰਬਰ 132 | 29.08.2025 / 01.09.2025 | Rs.8,27,459.18 (ਰੁ. ਅੱਠ ਲੱਖ ਸਤਾਈ ਹਜ਼ਾਰ ਚਾਰ ਸੌ ਉਨਾਹਠ ਅਤੇ ਅਠਾਰਾਂ ਪੈਸੇ ਕੇਵਲ) ਅਗਲੇਰੇ ਵਿਆਜ ਅਤੇ ਅਚਨਚੇਤੀ ਖਰਚਿਆਂ ਅਤੇ ਲਾਗਤਾਂ ਸਮੇਤ। |

ਤੁਹਾਨੂੰ ਇਹ ਵੀ ਨੋਟਿਸ ਦਿੱਤਾ ਜਾਂਦਾ ਹੈ ਕਿ ਧਾਰਾ 13(13) ਦੇ ਅਨੁਸਾਰ, ਕਰਜ਼ਦਾਰ/ਜ਼ਾਮਨ ਸੁਰੱਖਿਅਤ ਕਰਜ਼ਦਾਤਾ ਦੀ ਲਿਖਤੀ ਸਹਿਮਤੀ ਪ੍ਰਾਪਤ ਕੀਤੇ ਬਿਨਾਂ ਅਨੁਸੂਚੀ ਬੀ ਵਿੱਚ ਦਰਸਾਈਆਂ ਗਈਆਂ ਉਕਤ ਸੁਰੱਖਿਅਤ ਸੰਪਤੀਆਂ ਨੂੰ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਟ੍ਰਾਂਸਫਰ ਨਹੀਂ ਕਰੇਗਾ। ਤੁਹਾਡੇ ਧਿਆਨ ਵਿੱਚ ਇਹ ਵੀ ਲਿਆਂਦਾ ਜਾਂਦਾ ਹੈ ਕਿ ਇਸ ਕਾਨੂੰਨੀ ਹੁਕਮ/ਪਾਬੰਦੀ ਦੀ ਕੋਈ ਵੀ ਉਲੰਘਣਾ, ਜਿਵੇਂ ਕਿ ਉਕਤ ਐਕਟ ਦੇ ਤਹਿਤ ਪ੍ਰਦਾਨ ਕੀਤੀ ਗਈ ਹੈ, ਇੱਕ ਅਪਰਾਧ ਹੈ ਅਤੇ ਜੇਕਰ ਕਿਸੇ ਕਾਰਨ ਕਰਕੇ, ਸੁਰੱਖਿਅਤ ਸੰਪਤੀਆਂ ਨੂੰ ਕਾਰੋਬਾਰ ਦੇ ਆਮ ਕੋਰਸ ਵਿੱਚ ਵੇਚਿਆ ਜਾਂ ਲੀਜ਼ 'ਤੇ ਦਿੱਤਾ ਜਾਂਦਾ ਹੈ, ਤਾਂ ਪ੍ਰਾਪਤ ਹੋਈ ਵਿਕਰੀ ਦੀ ਕਮਾਈ ਜਾਂ ਆਮਦਨ ਸੁਰੱਖਿਅਤ ਲੈਣਦਾਰ ਕੋਲ ਜਮ੍ਹਾ ਕੀਤੀ ਜਾਵੇਗੀ। ਇਸ ਸਬੰਧ ਵਿੱਚ ਤੁਹਾਨੂੰ ਅਜਿਹੀ ਪ੍ਰਾਪਤੀ/ਆਮਦਨ ਦੇ ਸਹੀ ਖਾਤੇ ਪੇਸ਼ ਕਰਨੇ ਪੈਣਗੇ।
ਮੰਗ ਦਾ ਇਹ ਨੋਟਿਸ ਕਿਸੇ ਵੀ ਹੋਰ ਅਧਿਕਾਰਾਂ ਜਾਂ ਉਪਚਾਰਾਂ ਦੇ ਮੁਆਫੀ ਵਜੋਂ ਨਹੀਂ ਸਮਝਿਆ ਜਾਵੇਗਾ ਜੋ ਸੁਰੱਖਿਅਤ ਕਰਜ਼ਦਾਤਾ ਕੋਲ ਹੋ ਸਕਦਾ ਹੈ ਜਿਸ ਵਿੱਚ ਤੁਹਾਡੇ ਦੁਆਰਾ ਬਕਾਇਆ ਅਤੇ ਭੁਗਤਾਨਯੋਗ ਰਕਮਾਂ ਲਈ ਹੋਰ ਮੰਗਾਂ ਸ਼ਾਮਲ ਹਨ।

ਮਿਤੀ: 02-09-2025 ਸਥਾਨ: ਪੰਚਕੂਲਾ ਅਧਿਕਾਰਤ ਅਧਿਕਾਰੀ

# ਪੰਜਾਬ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਲਈ ਖੇਤੀਬਾੜੀ ਸਲਾਹ ਅਤੇ ਅਚਨਚੇਤੀ ਫ਼ਸਲ ਯੋਜਨਾਬੰਦੀ



## ੳ) ਖੇਤੀ ਸਲਾਹ

**ਖੇਤਾਂ ਵਿੱਚੋਂ ਪਾਣੀ ਦੀ ਨਿਕਾਸੀ ਲਈ ਡਾ. ਜੇ.ਪੀ ਸਿੰਘ ਦੀ ਸਲਾਹ:**

•ਫ਼ਸਲਾਂ ਦੀਆਂ ਜੜ੍ਹਾਂ ਨੂੰ ਹਵਾ ਲੱਗਣ ਲਈ ਵਾਧੂ ਖੜ੍ਹੇ ਪਾਣੀ ਨੂੰ ਖਾਲਾਂ, ਵੱਡੇ ਨਾਲੀਆਂ ਅਤੇ ਪੰਪਿੰਗ ਸੈੱਟਾਂ ਦੀ ਵਰਤੋਂ ਨਾਲ ਕੱਢਿਆ ਜਾਵੇ।
•ਖੁੱਲ੍ਹੇ ਖੇਤ ਵਿੱਚ ਢਲਵੇਂ ਸਥਾਨਾਂ ਤੇ ਵੱਟਾਂ ਬਣਾਓ ਤਾਂ ਜੋ ਖੇਤ ਵਿੱਚ ਪਾਣੀ ਦਾ ਵਹਾਅ ਆਸਾਨ ਹੋ ਸਕੇ।
•ਪਾਣੀ ਦੇ ਆਸਾਨ ਵਹਾਅ ਲਈ ਖੇਤਾਂ ਦੇ ਨਿਕਾਸੀ ਬਿੰਦੂਆਂ ਨੂੰ ਸਾਫ਼ ਕਰੋ ਉਥੋਂ ਅਤੇ

**ਬਾਸਮਤੀ ਲਈ ਡਾ. ਜੇ ਐਸ ਲੋਰੇ ਅਤੇ ਡਾ. ਬੂਟਾ ਸਿੰਘ ਦੀ ਸਲਾਹ:**

•ਜੇਕਰ ਨਾਈਟ੍ਰੋਜਨ ਦੀ ਘਾਟ ਝੋਨੇ ਅਤੇ ਬਾਸਮਤੀ ਦੀ ਫ਼ਸਲ ਵਿੱਚ ਨਜ਼ਰ ਆਵੇ ਤਾਂ 3% ਯੂਰੀਆ ਦੀ ਸਪਰੇਅ ਕਰੋ।
•ਜ਼ਿੰਕ ਦੀ ਘਾਟ ਵੇਖ ਘਟਾਉਣ ਲਈ ਜਦੋਂ ਝੋਨਾ ਗੋਭ ਵਿੱਚ ਹੋਵੇ ਤਾਂ 1.5% ਪੋਟਾਸ਼ੀਅਮ ਨਾਈਟ੍ਰੇਟ (3 ਕਿਲੋ ਪੋਟਾਸ਼ੀਅਮ ਨਾਈਟ੍ਰੇਟ 200 ਲਿਟਰ ਪਾਣੀ ਵਿੱਚ ਪ੍ਰਤੀ ਏਕੜ) ਦਾ ਛਿੜਕਾਅ ਕਰੋ।
•ਝੋਨੇ ਦੀ ਫ਼ਸਲ ਵਿੱਚ ਮੌਜੂਦਾ ਮੌਸਮ ਨਾਲ ਝੂਠੀ ਕਾਂਗਿਆਰੀ ਵੱਧ ਸਕਦੀ ਹੈ। ਇਸ ਦੀ ਰੋਕਥਾਮ 500 ਗ੍ਰਾਮ ਕੋਸਾਈਡ 46 ਡੀ ਐਫ ਦੀ ਪਹਿਲੀ ਸਪਰੇ ਜਦੋਂ ਝੋਨਾ ਗੋਭ ਵਿੱਚ ਹੋਵੇ ਅਤੇ ਦੂਜੀ ਸਪਰੇਅ, 400 ਮਿਲੀਲਿਟਰ ਗਲੀਲਿਓ ਵੇਅ 18.76 ਐਸ ਸੀ 10-15 ਦਿਨਾਂ ਬਾਅਦ 200 ਲਿਟਰ ਪਾਣੀ ਪ੍ਰਤੀ ਏਕੜ ਦੇ ਹਿਸਾਬ ਨਾਲ ਕਰੋ।
•ਜ਼ਿੰਕ (ਜ਼ਿੰਕ) ਦੀ ਘਾਟ ਆਉਣ ਤੇ 0.5% ਜ਼ਿੰਕ ਸਲਫੇਟ (21%) ਦੇ ਲਗਾਤਾਰ ਛਿੜਕਾਅ ਕਰੋ।

**ਮੱਕੀ ਲਈ ਡਾ. ਐਮ ਕੇ ਸੰਧੂ ਅਤੇ ਡਾ. ਜਵਾਲਾ ਜਿੰਦਲ ਦੀ ਸਲਾਹ:**

•ਮੱਕੀ ਦੀ ਫ਼ਸਲ ਨੂੰ ਖੜ੍ਹੇ ਪਾਣੀ ਤੋਂ ਬਚਾਉਣ ਲਈ ਖੇਤ ਦੇ ਚਾਰੇ ਪਾਸੇ ਵੱਲ ਇੱਕ ਲੋੜੀਦੀ ਨਿਕਾਸ ਨਾਲੀ ਬਣਾ ਲਓ ਜਿਸ ਰਾਹੀਂ ਵਾਧੂ ਪਾਣੀ ਬਾਹਰ ਕੱਢਿਆ ਜਾ ਸਕੇ।
•ਜੇਕਰ ਜ਼ਿਆਦਾ ਪਾਣੀ ਨਾਲ ਨੁਕਸਾਨ ਹੋ ਜਾਵੇ ਤਾਂ 6 ਕਿਲੋ ਯੂਰੀਆ 200 ਲਿਟਰ ਪਾਣੀ (3 ਪ੍ਰਤੀਸ਼ਤ) ਵਿੱਚੋਂ ਘੋਲ ਕੇ ਪ੍ਰਤੀ ਏਕੜ ਦੇ ਹਿਸਾਬ ਨਾਲ ਹਫ਼ਤੇ ਦੇ ਵਕਫ਼ੇ ਤੇ ਦੋ ਵਾਰ ਛਿੜਕਾਅ ਕਰੋ। ਜੇਕਰ ਨੁਕਸਾਨ ਦਰਮਿਆਨੇ ਤੋਂ ਭਾਰੀ ਹੋ ਜਾਵੇ ਤਾਂ ਫ਼ਸਲ ਵਿੱਚੋਂ ਪਾਣੀ ਕੱਢਣ ਮਗਰੋਂ 12-24 ਕਿਲੋ ਨਾਈਟ੍ਰੋਜਨ (25-50 ਕਿਲੋ ਯੂਰੀਆ) ਪ੍ਰਤੀ ਏਕੜ ਹੋਰ ਪਾਓ।
•ਜ਼ਿਆਦਾ ਮੀਂਹ ਅਤੇ ਪਾਣੀ ਦਾ ਵਧਾਉਣਾ ਹੈ, ਇਸ ਲਈ ਪਾਣੀ ਦਾ ਨਿਕਾਸ ਠੀਕ ਰੱਖੋ। ਖੇਤ ਦਾ ਲਗਾਤਾਰ ਸਰਵੇਖਣ ਕਰਨ ਦੀ ਲੋੜ ਹੈ, ਜਦੋਂ ਵੀ ਇਹ ਬਿਮਾਰੀ 1-2 ਬੂਟਿਆਂ ਤੇ ਨਜ਼ਰ ਆਵੇ ਤਾਂ ਉਹ ਪੌਦਿਆਂ ਦੇ ਮੁੱਢਾਂ ਨੂੰ ਨਸ਼ਟ ਕਰ ਦਿਓ।

**ਮੂੰਗਫਲੀ ਅਤੇ ਤਿਲ ਲਈ ਡਾ. ਗੁਰਪ੍ਰੀਤ ਕੌਰ ਅਤੇ ਡਾ. ਅਮਨਪ੍ਰੀਤ ਕੌਰ ਦੀ ਸਲਾਹ:**

•ਮੂੰਗਫਲੀ ਅਤੇ ਤਿਲਾਂ ਦੀ ਫ਼ਸਲ ਵਿੱਚ ਜਾਂ ਵਿਚ ਖੜ੍ਹਾ ਪਾਣੀ ਕੱਢ ਦਿਓ। ਭਾਰੀ ਬਾਰਸ਼ ਕਰਕੇ ਪੀਲੇਪਨ ਦੀ ਸਮੱਸਿਆ ਪ੍ਰਭਾਵਤ ਫ਼ਸਲਾਂ ਨੂੰ ਯੂਰੀਏ ਦੀ 2 ਪ੍ਰਤੀਸ਼ਤ ਜਾਂ ਪੋਟਾਸ਼ੀਅਮ ਦੀ 1 ਪ੍ਰਤੀਸ਼ਤ ਦਾ ਛਿੜਕਾਅ ਕਰ ਸਕਦੇ ਹਾਂ।

**ਚਰ੍ਹੀ ਅਤੇ ਬਾਜਰਾ ਲਈ ਡਾ. ਆਰ ਐਸ ਸੋਹੂ ਅਤੇ ਡਾ. ਰਵਿੰਦਰ ਪਾਲ ਦੀ ਸਲਾਹ:**

•ਚਰ੍ਹੀ ਅਤੇ ਬਾਜਰਾ ਜੋ ਵੀ ਖੇਤ ਵਿਚ ਖੜ੍ਹਾ ਹੈ ਉਸ ਤੇ ਕੋਈ ਬਿਮਾਰੀ ਜਾਂ ਕੀੜੇ ਦੇ ਹਮਲੇ ਦਾ ਡਰ ਨਹੀਂ। ਪਰ ਜੇਕਰ ਫ਼ਸਲ ਪੀਲੀ ਹੋਵੇ ਤਾਂ 300 ਗ੍ਰਾਮ ਯੂਰੀਆ ਪ੍ਰਤੀ ਪੰਪੀ (3 ਪ੍ਰਤੀਸ਼ਤ) ਦਾ ਛਿੜਕਾਅ ਕਰ ਸਕਦੇ ਹਾਂ।

**ਨਰਮਾ-ਕਪਾਹ ਲਈ ਡਾ. ਕੁਲਬੀਰ ਸਿੰਘ, ਡਾ. ਵਿਜੇ ਕੁਮਾਰ ਅਤੇ ਡਾ. ਸਤਨਾਮ ਸਿੰਘ ਦੀ ਸਲਾਹ:**

•ਪੈਰਾਵਿਲਟ ਦੀਆਂ ਮੁਢਲੀਆਂ ਨਿਸ਼ਾਨੀਆਂ ਦੇਖਦੇ ਸਾਰ ਹੀ ਇਹਨਾਂ ਬੂਟਿਆਂ ਉਪਰ ਕੋਬਾਲਟ ਕਲੋਰਾਈਡ 10 ਮਿਲੀ ਗਰਾਮ ਪ੍ਰਤੀ ਲਿਟਰ ਪਾਣੀ ਵਿੱਚ ਘੋਲ ਕੇ ਸਪਰੇਅ ਕਰੋ।
•ਪੋਟਾਸ਼ੀਅਮ ਨਾਈਟਰੇਟ (13:0:45) ਦੇ 2 ਪ੍ਰਤੀਸ਼ਤ ਘੋਲ ਦੇ ਇੱਕ ਹਫ਼ਤੇ ਦੇ ਵਕਫ਼ੇ ਤੇ 4 ਛਿੜਕਾਅ ਕਰੋ।
•ਗੁਲਾਬੀ ਸੁੰਡੀ ਦੇ ਲਈ ਖੇਤਾਂ ਦਾ ਲਗਾਤਾਰ ਮੁਆਇੰਨਾ ਕਰਦੇ ਰਹੋ। ਜੇ ਨੁਕਸਾਨ 5 ਪ੍ਰਤੀਸ਼ਤ ਤੋਂ ਵੱਧ ਹੋਵੇ ਤਾਂ ਕੀਟਨਾਸ਼ਕਾਂ ਦੀ ਵਰਤੋਂ ਕਰੋ।
•ਇਸੇ ਤਰ੍ਹਾਂ ਚਿੱਟੀ ਮੱਖੀ ਅਤੇ ਹਰੇ ਤੇਲੇ ਦੇ ਲਈ ਲਗਾਤਾਰ ਮੁਆਇੰਨਾ ਕਰਦੇ ਰਹੋ।15 ਸਤੰਬਰ ਤੋਂ ਪਹਿਲਾਂ ਸਿੰਥੈਟਿਕ ਪਰਿਥਰਾਇਡ ਦੀ ਵਰਤੋਂ ਨਾ ਕਰੋ।
•ਪੱਤਿਆਂ ਤੇ ਉੱਲੀਆਂ ਦੇ ਧੱਬਿਆਂ ਦੀਆਂ ਨਿਸ਼ਾਨੀਆਂ ਨਜ਼ਰਆਉਣ ਤੇ 200 ਮਿਲੀਲਿਟਰ ਐਮੀਸਟਾਰ ਟੌਪ 325ਐਸ.ਸੀ (ਐਜ਼ੋਕਸੀਸਟਰੋਬਿਨ+ ਡਾਈਫੈਨੋਕੋਨਾਜ਼ੋਲ) 200 ਲਿਟਰ ਪਾਣੀ ਵਿੱਚ ਘੋਲ ਕੇ ਪਤ੍ਰੀ ਏਕੜ ਛਿੜਕਾਅ ਕਰੋ। ਲੋੜ ਪੈਣ ਤੇ 15-20 ਦਿਨਾਂ ਦੇ ਵਕਫ਼ੇ ਤੇ ਇਹ ਛਿੜਕਾਅ ਦੁਹਰਾਓ।
•ਨਰਮੇ ਵਿੱਚ ਪੱਤਿਆਂ ਦੀ ਲਾਲੀ ਦੀ ਰੋਕਥਾਮ ਲਈ 1 ਪ੍ਰਤੀਸ਼ਤ ਮੈਗਨੀਸ਼ੀਅਮ ਸਲਫੇਟ ਦੇ ਦੋ ਸਪਰੇਅ 15 ਦਿਨਾਂ ਦੇ ਵਕਫੇ ਤੇ ਫੁੱਲਡੋਡੀ ਪੈਣ ਅਤੇ ਟੀਡੇ ਬਣਨ ਵੇਲੇ ਕਰੋ।

**ਕਮਾਦ/ਗੰਨਾਂ ਲਈ ਡਾ.ਗੁਲਜਾਰ ਸਿੰਘ ਦੀ ਸਲਾਹ:**

• ਹੜ੍ਹਾ ਦਾ ਪਾਣੀ ਘੱਟ ਜਾਣ ਤੋ ਬਾਅਦ, ਜੇ ਰੱਤਾ ਰੋਗ ਨਹੀ ਤਾ ਨਾਈਟ੍ਰੋਜਨ ਤੱਤ ਦੀ ਵਰਤੋ ਕਰ ਸਕਦੇ ਹਾ।

**ਸਬਜੀਆਂ ਲਈ ਡਾ. ਸੱਤਪਾਲ ਸ਼ਰਮਾਂ ਦੀ ਸਲਾਹ:**

•ਜਿੱਥੇ ਕਿਤੇ ਵੀ ਸੰਭਵ ਹੋਵੇ ਪਾਣੀ ਦਾ ਨਿਕਾਸ ਕਰ ਦਿੱਤਾ ਜਾਵੇ ਅਤੇ ਸਬਜੀਆਂ ਦੀਆਂ ਫ਼ਸਲਾਂ ਨੂੰ ਆਉਣ ਵਾਲੀਆਂ ਬਿਮਾਰੀਆਂ ਜਾਂ ਕੀੜਿਆਂ ਉੱਪਰ ਸਿਫਾਰਸ਼ ਕੀਤੀਆਂ ਸਪਰੇਆਂ ਦਾ ਛਿੜਕਾਅ ਲੋੜ ਅਨੁਸਾਰ ਕੀਤਾ ਜਾਵੇ।

**ਫਲਾਂ ਦੇ ਬਾਗ ਲਈ ਡਾ. ਐਚ ਐਸ ਰਤਨਪਾਲ ਦੀ ਸਲਾਹ:**

•ਫਲਾਂ ਦੇ ਬੂਟਿਆਂ ਨੂੰ ਹੋਏ ਨੁਕਸਾਨ ਦੀ ਜਾਂਚ ਕਰੋ। ਜੜ੍ਹਾਂ ਦਾ ਉੱਖੜਨਾ, ਟਾਹਣੀਆਂ ਦਾ ਟੁੱਟਣਾ, ਤਣੇ ਦਾ ਝੁਕਣਾ ਜਾਂ ਜ਼ਿਆਦਾ ਮਿੱਟੀ/ਗਾਰਾ ਇਕੱਠਾ ਹੋਣਾ ਵੇਖੋ।
•ਬੂਟਿਆਂ ਦੇ ਆਲੇ ਦੁਆਲੇ ਇਕੱਠਾ ਹੋਇਆ ਮਲਬਾ, ਗਾਰਾ ਜਾਂ ਕੂੜਾ ਹਟਾਓ। ਇਸ ਨਾਲ ਬਿਮਾਰੀਆਂ ਅਤੇ ਕੀੜਿਆਂ ਤੋਂ ਬਚਾਵ ਹੋਵੇਗਾ।
•ਟੁੱਟੀਆਂ, ਨੁਕਸਾਨੀਆਂ ਜਾਂ ਫਸੀਆਂ ਟਾਹਣੀਆਂ ਕੱਟੋ ਤਾਂ ਜੋ ਬਿਮਾਰੀ ਨਾ ਫੈਲੇ। ਸਿਹਤਮੰਦ ਟਾਹਣੀਆਂ ਦੀ ਭਾਰੀ ਕੱਟਾਈ ਤੋ ਬਚੋ ਕਿਉਕਿ ਇਸ ਨਾਲਬੂਟਾਹੋਰ ਤਣਾਅ'ਚ ਆ ਸਕਦਾ ਹੈ।
•ਜੇ ਫਲਾਂ ਦੇ ਬੂਟਿਆਂ ਦੇ ਆਲੇ ਦੁਆਲੇ ਦੀ ਮਿੱਟੀ ਹੜ ਕਾਰਨ ਜਲ-ਥਲ ਜਾਂ ਸਖ਼ਤ ਹੋ ਜਾਵੇ ਤਾਂ ਨਿਕਾਸੀ ਨੂੰ ਮੁੜ ਠੀਕ ਕਰਨਾ ਬਹੁਤ ਜ਼ਰੂਰੀ ਹੈ। ਪਾਣੀ ਨੂੰ ਤੇਜ਼ੀ ਨਾਲ ਬਾਹਰ ਕੱਢਣ ਲਈ ਨਿਕਾਸੀ ਦੇ ਰਾਹ ਬਣਾਓ।
•ਜੇ ਜੜ੍ਹਾਂ ਦਾ ਖੇਤਰ ਲੰਮੇ ਸਮੇਂ ਤੱਕ ਪਾਣੀ ਨਾਲ ਭਰਿਆ ਰਹੇ ਤਾਂ ਨਿੰਬੂ ਜਾਤੀ ਦੇ ਹੋਰ ਫ਼ਲਦਾਰ ਬੂਟੇ ਜੜ੍ਹਾਂ ਦੇ ਸੜਨ ਅਤੇ ਹੋਰ ਸਮੱਸਿਆਵਾਂ ਨਾਲ ਪੀੜਤ ਹੋ ਸਕਦੇ ਹਨ ।
•ਹੜ ਦਾ ਪਾਣੀ ਮਿੱਟੀ ਵਿਚੋ ਪੋਸ਼ਕ ਤੱਤ ਲੈ ਜਾਂਦਾ ਹੈ। ਇਸਲਈ ਨਾਈਟ੍ਰੋਜਨ ਅਤੇ ਪੋਟੈਸ਼ੀਅਮ ਖਾਦਾਂ (ਸਿਫਾਰਸ਼ੀ ਮਾਤਰਾ ਤੋ 10-15% ਵੱਧ) ਦੇਣ ਬਾਰੇ ਵਿਚਾਰ ਕਰੋ। ਇਸ ਨਾਲ ਜ਼ਰੂਰੀ ਪੋਸ਼ਕ ਤੱਤ ਮੁੜ ਪੂਰੇ ਹੋਣਗੇ ਅਤੇ ਬੂਟਿਆਂ ਦੀ ਸੁਧਾਰ ਪ੍ਰਕਿਰਿਆ ਵਿੱਚ ਮਦਦ ਮਿਲੇਗੀ।
•ਹੜ ਨਾਲ ਪ੍ਰਭਾਵਿਤ ਫਲਾਂ ਦੇ ਬੂਟੇ ਕੀੜਿਆਂ ਅਤੇ ਬਿਮਾਰੀਆਂ ਲਈ ਹੋਰ ਜ਼ਿਆਦਾ ਸੰਵੇਦਨਸ਼ੀਲ ਹੋ ਸਕਦੇ ਹਨ।ਰੁੱਖਾਂ ਨੂੰ ਧਿਆਨ ਨਾਲ ਵੇਖਦੇ ਰਹੋ ਕਿ ਕੋਈ ਤਣਾਅ ਦੇ ਲੱਛਣ, ਅਸਧਾਰਣ ਕੀੜੇ ਜਾਂ ਬਿਮਾਰੀ ਦੇ ਨਿਸ਼ਾਨ ਤਾਂ ਨਹੀ ਹਨ। ਉੱਲੀ ਵਾਲੀਆਂ ਬਿਮਾਰੀਆਂ ਤੋ ਬਚਾਅ ਲਈ ਇੱਕ ਛਿੜਕਾਅ ਬੋਰਡੋ ਮਿਸ਼ਰਣ (2:2:250) ਜਾਂ ਕਾਪਰਆਕਸੀਕਲੋਰਾਈਡ (ਪਾਣੀ ਦੇ ਪ੍ਰਤੀ ਲੀਟਰ 3 ਗ੍ਰਾਮ) ਦਾ ਕਰੋ।
•ਹੜ ਕਾਰਨ ਬਿਮਾਰੀਆਂ ਜਿਵੇਂ ਕਿ ਕਿੰਨੂ ਦੇ ਫ਼ਲ ਦਾ ਝੜਨਾ, ਅਮਰੂਦ ਵਿਚ ਐਂਥ੍ਰੈਕਨੋਜ਼, ਅਤੇ ਕਿੰਨੂ, ਨਾਸ਼ਪਤੀ ਅਤੇ ਪਪੀਤੇ ਵਿੱਚ ਜੜ੍ਹਾਂ ਦੇ ਸੜਨ ਦੀ ਸੰਭਾਵਨਾ ਹੁੰਦੀ ਹੈ। ਇਸੇ ਤਰ੍ਹਾਂ, ਕਿੰਨੂ, ਅਮਰੂਦ ਅਤੇ ਨਾਸ਼ਪਤੀ ਵਿੱਚ ਫਲ-ਮੱਖੀ, ਨਿੰਬੂਜਾਤੀ ਦਾ ਸੁਰੰਗੀ ਕੀੜਾ, ਆਦਿ ਵੀ ਵਧ ਸਕਦੇ ਹਨ। ਇਨ੍ਹਾਂ ਬਿਮਾਰੀਆਂ ਅਤੇ ਕੀੜਿਆਂ ਨੂੰ "ਫ਼ਲਾਂ ਦੀ ਕਾਸ਼ਤ ਲਈ ਸਿਫ਼ਾਰਸ਼ਾਂ" ਕਿਤਾਬ ਵਿੱਚ ਦਿੱਤੀਆਂ ਸਿਫਾਰਸ਼ਾਂ ਦੇ ਨਾਲ ਕਾਬੂ ਕੀਤਾ ਜਾ ਸਕਦਾ ਹੈ।

**ਖੁਰਾਕੀ ਤੱਤਾਂ ਦੇ ਪ੍ਰਬੰਧਨ ਲਈ ਡਾ: ਗੋਬਿਦਰ ਸਿੰਘ ਅਤੇ ਡਾ: ਵਿੱਕੀ ਸਿੰਘ ਦੀ ਸਲਾਹ:**

•ਨਾਈਟ੍ਰੋਜਨ ਪ੍ਰਬੰਧਨ: ਹੜ੍ਹਾਂ ਤੋ ਬਾਅਦ, ਨਾਈਟ੍ਰੋਜਨ ਤੱਤ ਦੀ ਘਾਟ ਕਰਕੇ ਫਸਲਾਂ ਅਕਸਰ ਪੀਲੀਆ ਪੈ ਜਾਦੀਆ ਹਨ। ਜਿਵੇ ਹੀ ਹੜ੍ਹਾ ਦਾ ਪਾਣੀ ਘੱਟ ਜਾਵੇ, ਫਸਲ ਦੀ ਸਥਿਤੀ ਠੀਕ ਹੋਣ ਤੱਕ 2% ਯੂਰੀਆ (100 ਲੀਟਰ ਪਾਣੀ ਵਿੱਚ 2 ਕਿੱਲੋ ਯੂਰੀਆ) ਦਾ ਪੱਤਿਆ ਤੇ ਛਿੜਕਾਅ ਕਰਨਾ ਚਾਹੀਦਾ ਹੈ। ਦੂਜੇ ਪਾਸੇ, ਹੜ੍ਹਾ ਕਰਕੇ ਫਾਸਫੋਰਸ ਅਤੇ ਪੋਟਾਸ਼ੀਅਮ ਤੱਤਾਂ ਦੀ ਘਾਟ ਇੰਨੀ ਜਲਦੀ ਨਹੀ ਆਉਦੀ ।
•ਜਿੰਕ ਦੀ ਘਾਟ: ਹੜ੍ਹਾ ਤੋ ਬਾਅਦ, ਜਿੰਕ ਦੀ ਘਾਟ ਅਕਸਰ ਖਾਰੀ ਅਤੇ ਜਲੋੜੀ ਮਿੱਟੀ ਵਿੱਚ ਦਿਖਾਈ ਦਿੰਦੀ ਹੈ। ਜਿੰਕ ਦੀ ਘਾਟ ਦੀਆ ਨਿਸ਼ਾਨੀਆਂ ਆਉਣ ਤੇ 0.5% ਜਿੰਕਸਲਫੇਟ (21%) ਜਾਂ 0.3% ਜਿੰਕਸਲਫੇਟ (33%) ਦੇ ਛਿੜਕਾਅ ਕਰੋ।
•ਮਿੱਟੀ ਪਲਟਣਾ: ਹੜ੍ਹਾ ਤੋ ਬਾਅਦ, ਮਿੱਟੀ ਦੀ ਸਤਿਹ ਸਖਤ ਹੋ ਜਾਂਦੀ ਹੈ ਜਿਸ ਕਰਕੇ ਪਾਣੀ ਜੀਰਦਾ ਨਹੀ, ਜੜ ਵਿੱਚ ਵਾਧਾ ਨਹੀ ਹੁੰਦਾ ਅਤੇ ਮਿੱਟੀ ਵਿੱਚ ਹਵਾ ਦੀ ਕਮੀ ਹੋ ਜਾਦੀ ਹੈ। ਮਿੱਟੀ ਦੀ ਸਖਤ ਸਤਿਹ ਨੂੰ ਤੋੜਨ ਲਈ ਤਾਂ ਜੋ ਤੱਤਾ ਦੀ ਪੂਰਤੀ ਹੋ ਸਕੇ ਮਿੱਟੀ ਨੂੰ ਪਲਟਣਾ ਲਾਜਮੀ ਹੈ।
•ਖਾਰੇਪਣ ਦੀ ਜਾਂਚ: ਹੜ੍ਹਾ ਤੋ ਬਾਅਦ,ਖਾਰੇਪਣ ਦਾ ਪਤਾ ਕਰਨ ਲਈ ਮਿੱਟੀ ਦੀ ਜਾਂਚ ਕਰਾਉ। ਵੈਸੇ ਦਰਿਆਈ ਹੜ੍ਹ ਖਾਰਾਪਣ ਨਹੀ ਵਧਾਉਦੇ, ਪਰ ਜੇਕਰ ਪਾਣੀ ਦੀ ਚਾਲਕਤਾ 4 ਮਿਲੀ ਮਹੋਸ/ਸੈਂਟੀਮੀਟਰ ਤੋ ਵੱਧ ਜਾਵੇ ਤਾਂ ਚੰਗੇ ਪਾਣੀ ਲਾਕੇ ਉਹਨੂੰ ਠੀਕ ਕੀਤਾ ਜਾ ਸਕਦਾ ਹੈ।
•ਜੈਵਿਕ ਖਾਦਾਂ ਦੀ ਵਰਤੋ: ਵਧੀਆ ਗਲੀ ਸੜੀ ਰੂੜੀ ਅਤੇ ਹੋਰ ਜੈਵਿਕ ਖਾਦਾਂ ਨੂੰ ਖੇਤ ਵਿੱਚ ਪਾਉ, ਜਿਸ ਨਾਲ ਮਿੱਟੀ ਦੀ ਸ਼ਿਹਤ ਠੀਕ ਹੋਵੇਗੀ

## ਅ) ਅਚਨਚੇਤੀ ਫ਼ਸਲ ਯੋਜਨਾਬੰਦੀ

**ਫ਼ਸਲਾਂ ਲਈ ਯੋਜਨਾ ਬੰਦੀ:**

•ਜੇਕਰ ਸਾਉਣੀ ਦੀ ਫ਼ਸਲ ਬਿਲਕੁਲ ਖਰਾਬ ਹੋ ਗਈ ਹੋਵੇ ਤਾਂ ਤੋਰੀਆ ਦੀ ਕਿਸਮ ਟੀ ਐਲ 17 ਦੀ ਬਿਜਾਈ ਸਤੰਬਰ ਦੇ ਪਹਿਲੇ ਪੰਦਰਵਾੜੇ ਵਿਚ ਕੀਤੀ ਜਾ ਸਕਦੀ ਹੈ। ਇਸ ਦਾ ਔਸਤ ਝਾੜ 4-5 ਕੁਇੰਟਲ ਪ੍ਰਤੀ ਏਕੜ ਹੈ। (ਡਾ. ਗੁਰਪ੍ਰੀਤ ਕੌਰ: 98149-07951)
•ਇਸੇ ਤਰਾਂ ਮੱਕੀ, ਬਾਜਰਾ ਅਤੇ ਚ੍ਰਰੀ ਦੀਆਂ ਫ਼ਸਲਾਂ ਚਾਰੇ ਦੇ ਤੌਰ ਤੇ ਉਗਾਈਆਂ ਜਾ ਸਕਦੀਆਂ ਹਨ। (ਡਾ. ਆਰ ਐਸ ਸੋਹੂ: 98767-43898)
•ਚਾਰੇ ਵਾਲੀਆਂ ਫ਼ਸਲਾਂ ਵਿਚੋ ਬਰਸੀਮ ਅਤੇ ਰਾਈਘਾਹ ਥੋੜਾ ਅਗੇਤਾ ਬੀਜਿਆ ਜਾ ਸਕਦਾ ਹੈ ਜਿਸਦਾ ਵੈਸੇ ਵੀ ਬਿਜਾਈ ਦਾ ਸਮਾਂ ਸਤੰਬਰ ਦੇ ਆਖਰੀ ਹਫ਼ਤੇ ਤੋਂ ਸ਼ੁਰੂ ਹੁੰਦਾ ਹੈ। (ਡਾ. ਆਰ ਐਸ ਸੋਹੂ: 98767-43898)

**ਸਬਜੀਆਂ ਲਈ ਯੋਜਨਾ ਬੰਦੀ:**

ਅੱਧ ਸਤੰਬਰ ਤੋ ਆਖਰੀ ਸਤੰਬਰ ਤੱਕ ਲੱਗਣ ਵਾਲੀਆਂ ਸਬਜ਼ੀਆਂ ਹੇਠ ਲਿਖੀਆਂ ਹਨ।
•ਗੋਭੀ: ਅੱਧ ਸਤੰਬਰ ਤੋ ਅਖੀਰ ਸਤੰਬਰ ਤੱਕ ਗੋਭੀ ਦੀ ਮੁੱਖ ਸੀਜਨ ਦੀ ਕਿਸਮ ਪੰਜਾਬ ਮਘਰੀ ਨੂੰ ਬੀਜਿਆ ਜਾ ਸਕਦਾ ਹੈ। (ਡਾ. ਵਿਵੇਕ ਪਾਂਡੇ: 94531-06920)
•ਬਰੋਕਲੀ: ਬਰੋਕਲੀ ਦੀ ਕਿਸਮ ਪੰਜਾਬ ਬਰੋਕਲੀ 1 ਅਤੇ ਪਾਲਮ ਸਮਰਿੱਧੀ ਨੂੰ ਵੀ ਅੱਧ ਸਤੰਬਰ ਤੋ ਅਖੀਰ ਸਤੰਬਰ ਤੱਕ ਬੀਜਿਆ ਜਾ ਸਕਦਾ ਹੈ। (ਡਾ. ਰੂਮਾ ਦੇਵੀ: 98783-99555)
•ਮਟਰ: ਅਗੇਤੇ ਮਟਰਾਂ ਦੀ ਕਿਸਮ ਮਟਰ ਅਗੇਤਾ 7 ਨੂੰ ਵੀ ਅਖੀਰ ਸਤੰਬਰ ਵਿੱਚ ਬੀਜਿਆ ਜਾ ਸਕਦਾ ਹੈ। (ਡਾ.ਰਜਿੰਦਰ ਕੁਮਾਰ ਢੱਲ: 82838-40078)
•ਆਲੂ: ਅਗੇਤੇ ਆਲੂ ਦੀਆਂ ਕਿਸਮਾਂ ਜਿਵੇਂ ਕਿ ਕੁਫਰੀ ਸੂਰੀਆ, ਕੁਫਰੀ ਪੁਖਰਾਜ ਨੂੰ ਅਖੀਰ ਸਤੰਬਰ ਵਿੱਚ ਬੀਜਿਆ ਜਾ ਸਕਦਾ ਹੈ। (ਡਾ. ਨਵਜੋਤ ਸਿੰਘ ਬਰਾੜ: 94666-13412)
•ਜੜਾਂ ਵਾਲੀਆਂ ਸਬਜ਼ੀਆਂ: ਜੜਾਂ ਵਾਲੀਆਂ ਸਬਜ਼ੀਆਂ ਜਿਵੇਂ ਕਿ ਗਾਜਰ, ਮੂਲੀ ਸਲਗਮ ਦੀਆਂ ਦੇਸੀ ਕਿਸਮਾਂ ਨੂੰ ਵੀ ਸਤੰਬਰ ਵਿੱਚ ਬੀਜਿਆ ਜਾ ਸਕਦਾ ਹੈ। (ਡਾ. ਰੂਮਾ ਦੇਵੀ:98783-99555)
•ਪੱਤੇ ਵਾਲੀਆਂ ਸਬਜ਼ੀਆਂ: ਪੱਤੇ ਵਾਲੀਆਂ ਸਬਜ਼ੀਆਂ ਜਿਵੇਂ ਕਿ ਪਾਲਕ ਨੂੰ ਵੀ ਸਤੰਬਰ ਦੇ ਵਿੱਚ ਬਿਜਾਈ ਕਰਕੇ ਇਸ ਦਾ ਵਧੀਆ ਉਤਪਾਦਨ ਕੀਤਾ ਜਾ ਸਕਦਾ ਹੈ। (ਡਾ. ਹੀਰਾ ਸਿੰਘ: 95016-01144)




# ਕੁਦਰਤ ਦੇ ਕਹਿਰ ਨਾਲ ਜੁੜੇ ਖ਼ੌਫਨਾਕ ਮੰਜ਼ਰ

ਪੰਜਾਬ ਵਿਚ ਹੜ੍ਹਾਂ ਦਾ ਕਹਿਰ ਲਗਾਤਾਰ ਵਧਦਾ ਜਾ ਰਿਹਾ ਹੈ। ਇਸ ਵਿਚ ਕਮੀ ਆਉਣ ਦੇ ਆਸਾਰ ਵੀ ਅਜੇ ਨਜ਼ਰ ਨਹੀ ਆ ਰਹੇ। ਭਾਰਤੀ ਮੌਸਮ ਵਿਭਾਗ (ਆਈ.ਐਮ.ਡੀ.) ਦੀਆਂ ਤਾਜ਼ਾ ਪੇਸ਼ੀਨਗੋਈਆਂ ਹਿਮਾਚਲ ਪ੍ਰਦੇਸ਼, ਜੰਮੂ ਖਿੱਤੇ ਅਤੇ ਪੰਜਾਬ ਵਿਚ ਮੀਂਹਾਂ ਦਾ ਦੌਰ ਘੱਟੋਘਟ 4 ਸਤੰਬਰ ਤਕ ਜਾਰੀ ਰਹਿਣ ਦੀ ਬਾਤ ਪਾਉਂਦੀਆਂ ਹਨ। ਇਸੇ ਵਿਭਾਗ ਦੇ ਹੀ ਬੁਲੇਟਿਨਾਂ ਮੁਤਾਬਿਕ ਪੰਜਾਬ ਵਿਚ ਪਹਿਲੀ ਜੂਨ ਤੋਂ ਲੈ ਕੇ 25 ਅਗੱਸਤ ਤਕ ਨਾਰਮਲ ਨਾਲੋਂ 123 ਫ਼ੀ ਸਦੀ ਵੱਧ ਬਾਰਸ਼ਾਂ ਪੈ ਚੁਕੀਆਂ ਹਨ। ਹਿਮਾਚਲ ਵਿਚ ਇਹ ਅੰਕੜਾ 197% ਹੈ। ਜੰਮੂ ਖਿੱਤੇ ਵਿਚ 49 ਵਰ੍ਹਿਆਂ ਬਾਅਦ ਹਰ ਪਾਸੇ ਹੜ੍ਹ ਲਿਆਉਣ ਵਾਲੀਆਂ ਬਾਰਸ਼ਾਂ ਪਈਆਂ ਹਨ। ਦਰਅਸਲ, ਪੰਜਾਬ ਅਪਣੇ ਮੀਂਹਾਂ ਦੀ ਬਜਾਏ ਜੰਮੂ ਡਿਵੀਜ਼ਨ ਤੇ ਹਿਮਾਚਲ ਪ੍ਰਦੇਸ਼ ਵਿਚ ਪੈ ਰਹੀਆਂ ਭਾਰੀ ਬਾਰਸ਼ਾਂ ਦਾ ਕਹਿਰ ਵੱਧ ਝੱਲ ਰਿਹਾ ਹੈ। ਸੂਬੇ ਦੇ ਤਿੰਨੋ ਵੱਡੇ ਡੈਮ-ਭਾਖੜਾ, ਪੌਂਗ ਤੇ ਰਣਜੀਤ ਸਾਗਰ ਆਪੋ-ਅਪਣੇ ਫਲੱਡਗੇਟਾਂ ਰਾਹੀ ਵਾਧੂ ਪਾਣੀ ਰਿਲੀਜ਼ ਕਰਦੇ ਆ ਰਹੇ ਹਨ। ਇਸੇ ਕਾਰਨ ਪੰਜਾਬ ਦੇ ਘੱਟੋਘਟ ਅੱਠ ਜ਼ਿਲ੍ਹਿਆਂ-ਪਠਾਨਕੋਟ, ਗੁਰਦਾਸਪੁਰ, ਫ਼ਿਰੋਜ਼ਪੁਰ, ਤਰਨ ਤਾਰਨ, ਫ਼ਾਜ਼ਿਲਕਾ, ਕਪੂਰਥਲਾ, ਅੰਮ੍ਰਿਤਸਰ ਤੇ ਹੁਸ਼ਿਆਰਪੁਰ ਦੇ ਹੜ੍ਹਾਂ ਹੇਠਲੇ ਰਕਬੇ ਵਿਚ ਲਗਾਤਾਰ ਵਾਧਾ ਹੋਈ ਜਾ ਰਿਹਾ ਹੈ। ਜਲੰਧਰ ਜ਼ਿਲ੍ਹੇ ਦੇ ਕੁਝ ਇਲਾਕਿਆਂ ਵਿਚ ਵੀ ਸਤਲੁਜ ਦੇ ਚੜ੍ਹਨ ਕਾਰਨ ਹੜ੍ਹ ਦਾ ਖ਼ਤਰਾ ਬਣਿਆ ਹੋਇਆ ਹੈ ਅਤੇ ਅਜਿਹੇ ਹੀ ਖ਼ਤਰੇ ਨਾਲ ਸਿੱਝਣ ਲਈ ਲੁਧਿਆਣਾ ਜ਼ਿਲ੍ਹੇ ਵਿਚ ਵੀ ਪਿੰਡਾਂ ਵਾਲਿਆਂ ਵਲੋਂ ਪੇਸ਼ਬੰਦੀਆਂ ਕੀਤੀਆਂ ਜਾ ਰਹੀਆਂ ਹਨ। ਪੰਜਾਬ ਸਰਕਾਰ ਦਾ ਦਾਅਵਾ ਹੈ ਕਿ ਉਸ ਨੇ 2022 ਵਿਚ ਆਏ ਹੜ੍ਹਾਂ ਤੋਂ ਸਬਕ ਸਿੱਖਦਿਆਂ ਇਸ ਵਾਰ ਹੜ੍ਹ-ਰੋਕੂ ਇੰਤਜ਼ਾਮਾਂ ਉੱਤੇ 230 ਕਰੋੜ ਰੁਪਏ ਖ਼ਰਚ ਕੀਤੇ। ਇਨ੍ਹਾਂ ਇੰਤਜ਼ਾਮਾਂ ਵਿਚ ਦਰਿਆਈ ਬੰਨ੍ਹਾਂ ਦੀ ਮਜ਼ਬੂਤੀ, ਚੈਨਲਾਂ ਦੀ ਸਫ਼ਾਈ, ਆਰਜ਼ੀ ਬੰਨ੍ਹਾਂ ਲਈ ਰੇਤੇ ਦੀਆਂ ਬੋਰੀਆਂ ਦਾ ਢੁਕਵਾਂ ਪ੍ਰਬੰਧ, ਕਿਸ਼ਤੀਆਂ ਦੀ ਉਪਲਬਧਤਾ ਆਦਿ ਕਦਮ ਸ਼ਾਮਲ ਸਨ। ਪਰ ਇਹ ਸਾਰੇ ਕਦਮ, ਆਮ ਤੌਰ 'ਤੇ, ਨਾਕਾਰਗਰ ਸਾਬਤ ਹੋਏ ਹਨ। ਇਹ ਦੋਸ਼ ਆਮ ਲੱਗ ਰਹੇ ਹਨ ਕਿ ਬਹੁਤਾ ਕੁਝ ਕਾਗ਼ਜ਼ਾਂ ਵਿਚ ਹੋਇਆ, ਅਮਲੀ ਤੌਰ 'ਤੇ ਨਹੀ। ਕੁਝ ਮੀਡੀਆ ਰਿਪੋਰਟਾਂ ਇਹ ਵੀ ਦਰਸਾਉਂਦੀਆਂ ਹਨ ਕਿ ਹੜ੍ਹਾਂ ਦੇ ਸੰਭਾਵੀ ਖ਼ਤਰੇ ਵਾਲੇ ਕਈ ਜ਼ਿਲ੍ਹਿਆਂ ਲਈ ਰਕਮਾਂ ਤਾਂ ਅਲਾਟ ਹੋਈਆਂ, ਪਰ ਸੂਬਾ ਸਰਕਾਰ ਨੂੰ ਦਰਪੇਸ਼ ਮਾਲੀ ਸੰਕਟ ਕਾਰਨ ਰਿਲੀਜ਼ ਨਹੀ ਹੋਈਆਂ। ਅਜਿਹਾ ਘਟਨਾਕ੍ਰਮ ਪੰਜਾਬ ਲਈ ਕੋਈ ਨਵਾਂ ਨਹੀ। ਦਹਾਕਿਆਂ ਤੋਂ ਸੂਬੇ ਦੇ ਲੋਕ, ਸਰਕਾਰਾਂ 'ਤੇ ਟੇਕ ਰੱਖਣ ਦੀ ਥਾਂ ਆਪ ਹਿੰਮਤ ਕਰਨ ਦੀ ਬਿਰਤੀ ਸ਼ਲਾਘਾਯੋਗ ਢੰਗ ਨਾਲ ਦਰਸਾਉਂਦੇ ਆ ਰਹੇ ਹਨ। ਹੁਣ ਵੀ ਦੂਰ-ਦੁਰੇਡੇ ਦੇ ਪਿੰਡਾਂ ਤੋਂ ਵਾਲੰਟੀਅਰਾਂ ਦੇ ਰਾਹਤ ਸਮੱਗਰੀ ਦੀਆਂ ਟਰਾਲੀਆਂ ਸਮੇਤ ਹੜ੍ਹ-ਪੀੜਤ ਖੇਤਰਾਂ ਵਲ ਚਾਲੇ, ਦੁਖਿਆਰਿਆਂ ਦੀ ਬਾਂਹ ਫੜਨ ਦੇ ਪੰਜਾਬੀ ਜਜ਼ਬੇ ਨੂੰ ਨਵੇਂ ਸਿਰਿਉਂ ਹੁਲਾਰਾ ਦੇਣ ਲੱਗੇ ਹਨ। ਰਾਵੀ, ਬਿਆਸ ਤੇ ਸਤਲੁਜ ਦਰਿਆਵਾਂ ਵਿਚ ਚੜ੍ਹੇ ਪਾਣੀਆਂ ਨੇ ਲਹਿੰਦੇ ਪੰਜਾਬ ਵਿਚ ਵੀ ਹੜ੍ਹ ਲਿਆਂਦੇ ਹੋਏ ਹਨ। ਇੱਕ ਰਿਪੋਰਟ ਮੁਤਾਬਿਕ ਭਾਰਤੀ ਅਧਿਕਾਰੀਆਂ ਨੇ ਨਾ ਸਿਰਫ਼ ਤਵੀ ਦਰਿਆ ਵਿਚ ਆਏ ਹੜ੍ਹ ਸਬੰਧੀ ਪਾਕਿਸਤਾਨ ਨੂੰ ਸਮੇਂ ਸਿਰ ਚੌਕਸ ਕੀਤਾ ਸਗੋਂ ਰਾਵੀ, ਸਤਲੁਜ ਤੇ ਬਿਆਸ ਦੇ ਹੜ੍ਹਾਂ ਬਾਰੇ ਵੀ ਪੇਸ਼ਗੀ ਸੂਚਨਾਵਾਂ, ਇਨਸਾਨੀਅਤ ਦੇ ਨਾਤੇ ਪਾਕਿਸਤਾਨੀ ਅਧਿਕਾਰੀਆਂ ਨਾਲ ਸਾਂਝੀਆਂ ਕੀਤੀਆਂ ਗਈਆਂ ਹਨ। ਅਜਿਹੀ ਪੇਸ਼ਗੀ ਜਾਣਕਾਰੀ ਭਾਵੇਂ ਕੁਝ ਕੁ ਪੇਸ਼ਬੰਦੀਆਂ ਕਰਨ ਪੱਖੋਂ ਤਾਂ ਸਾਜ਼ਗਾਰ ਹੋਈ, ਪਰ ਹੜ੍ਹਾਂ ਦਾ ਕਹਿਰ ਨਹੀ ਰੋਕ ਸਕੀ। ਨਾਰੋਵਾਲ ਜ਼ਿਲ੍ਹੇ ਵਿਚ ਦਰਬਾਰ ਸਾਹਿਬ, ਕਰਤਾਰਪੁਰ ਸਾਹਿਬ ਦੇ ਹੜ੍ਹ ਵਿਚ ਘਿਰੇ ਹੋਣ ਦੀਆਂ ਤਸਵੀਰਾਂ ਤੇ ਵੀਡੀਓਜ਼, ਮੀਡੀਆ ਵਿਚ ਆ ਹੀ ਚੁੱਕੀਆਂ ਹਨ। ਸਿਆਲਕੋਟ ਸ਼ਹਿਰ, ਲਾਹੌਰ ਸ਼ਹਿਰ ਦੀਆਂ ਉੱਤਰ ਪੂਰਬੀ ਬਸਤੀਆਂ, ਸ਼ੇਖ਼ੂਪੁਰਾ ਤੇ ਕਸੂਰ ਜ਼ਿਲ੍ਹਿਆਂ ਦੀਆਂ ਦੋ ਦੋ ਤਹਿਸੀਲਾਂ ਅਤੇ ਖ਼ਾਨੇਵਾਲ, ਸਾਹੀਵਾਲ ਤੇ ਪਾਕ ਪੱਤਣ ਜ਼ਿਲ੍ਹਿਆਂ ਵਿਚ ਹੜ੍ਹਾਂ ਕਾਰਨ ਹੋਈ ਤਬਾਹੀ, ਮੌਨਸੂਨ ਦੇ ਕਹਿਰ ਦਾ ਹੌਲਨਾਕ ਮੰਜ਼ਰ ਪੇਸ਼ ਕਰਦੀ ਹੈ। ਨਨਕਾਣਾ ਸਾਹਿਬ ਜ਼ਿਲ੍ਹੇ ਦੇ ਕੁਝ ਇਲਾਕੇ ਵੀ ਹੜ੍ਹਗ੍ਰਸਤ ਹੋਣ ਦੀਆਂ ਖ਼ਬਰਾਂ ਹਨ। ਲਹਿੰਦੇ ਪੰਜਾਬ ਦੇ ਨੌਂ ਮਗ਼ਰਬੀ (ਪੱਛਮੀ ਜ਼ਿਲ੍ਹੇ) ਪਹਿਲਾਂ ਹੀ ਜਿਹਲਮ ਦੇ ਹੜ੍ਹ ਕਾਰਨ ਚਾਰ-ਚਾਰ ਫੁੱਟ ਉੱਚੇ ਪਾਣੀ ਵਿਚ ਡੁੱਬੇ ਹੋਏ ਹਨ। ਮੌਸਮ ਵਿਗਿਆਨੀਆਂ ਦਾ ਕਹਿਣਾ ਹੈ ਕਿ ਭਾਰਤ ਦਾ ਉੱਤਰ-ਪੱਛਮੀ ਖੇਤਰ ਅਤੇ ਪੂਰਾ ਉੱਤਰੀ ਪਾਕਿਸਤਾਨ ਇਸ ਵੇਲੇ ਆਲਮੀ ਤਪਸ਼ ਵਿਚ ਵਾਧੇ ਕਾਰਨ ਵਜੂਦ ਵਿਚ ਆਈਆਂ ਮੌਸਮੀ ਤਬਦੀਲੀਆਂ ਦੀ ਸਿੱਧੀ ਮਾਰ ਹੇਠ ਹਨ। ਇਸ ਸਾਰੇ ਖੇਤਰ ਵਿਚ ਜਿੱਥੇ ਮੌਨਸੂਨ ਦਾ ਜ਼ੋਰ ਪਿਛਲੇ ਕਈ ਵਰ੍ਹਿਆਂ ਨਾਲੋਂ ਜ਼ਿਆਦਾ ਹੈ, ਉੱਥੇ ਅੰਧ ਮਹਾਂਸਾਗਰ ਤੇ ਮੱਧ ਸਾਗਰ ਦੇ ਪਾਣੀਆਂ ਦੇ ਵੱਧ ਗਰਮ ਹੋਣ ਕਾਰਨ ਭਾਫ਼ ਨਾਲ ਭਰੀਆਂ ਹਵਾਵਾਂ ਵੀ ਵੱਧ ਸੰਖਿਆ ਵਿਚ ਪੱਛਮੀ ਚੱਕਰਵਾਤਾਂ ਦੇ ਰੂਪ ਵਿਚ ਹਿਮਾਲੀਆ ਪਰਬਤਮਾਲਾ ਵਲ ਆ ਰਹੀਆਂ ਹਨ। ਇੱਥੇ ਆ ਕੇ ਇਨ੍ਹਾਂ ਦੀ ਸਿੱਧੀ ਟੱਕਰ ਜਦੋਂ ਹਿਮਾਲੀਆ ਦੀ ਪੱਛਮੀ ਭੁਜਾ ਨਾਲ ਹੁੰਦੀ ਹੈ ਤਾਂ ਇਨ੍ਹਾਂ ਦਾ ਸਾਰਾ ਪਾਣੀ ਇਸ ਇਲਾਕੇ 'ਤੇ ਹੀ ਆ ਡਿੱਗਦਾ ਹੈ। ਇਸੇ ਵਰਤਾਰੇ ਕਾਰਨ ਇਸ ਵਾਰ ਉੱਤਰ ਪੂਰਬੀ ਭਾਰਤ ਵਿਚ ਮੀਂਹ ਮੁਕਾਬਲਤਨ ਘੱਟ ਪਏ ਹਨ ਜਦੋਂਕਿ ਉੱਤਰ ਪੱਛਮੀ ਭਾਰਤ ਤੇ ਪਾਕਿਸਤਾਨ ਵਿਚ ਵੱਧ। ਉਂਜ ਵੀ, ਪਹਾੜਾਂ ਤੇ ਜੰਗਲਾਂ ਦੀ ਜਿੰਨੀ ਤੇਜ਼ੀ ਨਾਲ ਵੱਢ-ਟੁੱਕ ਪਿਛਲੇ ਦੋ ਦਸ਼ਕਾਂ ਦੌਰਾਨ ਇਨ੍ਹਾਂ ਇਲਾਕਿਆਂ ਵਿਚ ਹੋਈ ਹੈ, ਉਸ ਦਾ ਖ਼ਮਿਆਜ਼ਾ ਤਾਂ ਸਾਨੂੰ ਭੁਗਤਣਾ ਹੀ ਪੈਣਾ ਸੀ। ਅਫ਼ਸੋਸਨਾਕ ਤੱਥ ਇਹ ਹੈ ਕਿ ਅਜਿਹੇ ਖਮਿਆਜ਼ੇ ਲਈ ਨਾ ਤਾਂ ਸਰਕਾਰਾਂ ਤਿਆਰ ਸਨ ਅਤੇ ਨਾ ਹੀ ਆਮ ਲੋਕ। ਕੁਦਰਤ ਨੇ ਹੁਣ ਜੋ ਕਹਿਰ ਢਾਹਿਆ ਹੈ, ਉਸ ਤੋਂ ਇਕ ਸਬਕ ਤਾਂ ਜ਼ਰੂਰ ਸਿੱਖ ਲਿਆ ਜਾਣਾ ਚਾਹੀਦਾ ਹੈ : ਜੋ ਜੋ ਮੁਰੰਮਤ ਵੀ ਕਰਨੀ ਹੈ, ਉਹ ਵਾਤਾਵਰਨ ਵਿਗਿਆਨ ਦੇ ਨੇਮਾਂ ਅਨੁਸਾਰ ਕੀਤੀ ਜਾਵੇ। ਕੁਦਰਤ ਦੀ ਹੁਕਮ-ਅਦੂਲੀ ਜੇ ਹੁਣ ਵੀ ਜਾਰੀ ਰਹੀ ਤਾਂ ਇਹ ਭਲ੍ਹਕੇ ਜ਼ਰੂਰ ਕਹਿਰੀ ਜਵਾਬ ਲੈ ਕੇ ਆਏਗੀ। ...ਅਤੇ ਅਜਿਹੇ ਜਵਾਬ ਕਿੰਨੇ ਤਬਾਹਕੁੰਨ ਹੋਣਗੇ, ਉਸ ਦਾ ਅਨੁਮਾਨ ਹੁਣ ਵਾਲੇ ਕਹਿਰੀ ਰੂਪ ਤੋਂ ਸਹਿਜੇ ਹੀ ਲਾਇਆ ਜਾ ਸਕਦਾ ਹੈ।

# ਹੜ੍ਹਾਂ ਦੌਰਾਨ ਕਿਹੜੀਆਂ ਬਿਮਾਰੀਆਂ ਫੈਲਣ ਦਾ ਖ਼ਤਰਾ ?

**ਅਨੁਰੀਤ ਭਾਰਦਵਾਜ**



ਪੰਜਾਬ, ਹਿਮਾਚਲ ਪ੍ਰਦੇਸ਼, ਜੰਮੂ-ਕਸ਼ਮੀਰ ਅਤੇ ਹਰਿਆਣਾ ਦੇ ਕੁਝ ਇਲਾਕੇ ਇਸ ਵੇਲੇ ਹੜ੍ਹਾਂ ਨਾਲ ਬੁਰੀ ਤਰ੍ਹਾਂ ਪ੍ਰਭਾਵਿਤ ਹਨ। ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਗਏ ਅੰਕੜਿਆਂ ਮੁਤਾਬਕ ਹੁਣ ਤੱਕ ਸੂਬੇ ਵਿੱਚ 29 ਲੋਕਾਂ ਦੀ ਜਾਨ ਚਲੀ ਗਈ ਹੈ ਅਤੇ ਪਠਾਨਕੋਟ ਦੇ 3 ਲੋਕ ਲਾਪਤਾ ਵੀ ਹਨ। ਪੰਜਾਬ ਦੇ 12 ਜ਼ਿਲ੍ਹੇ ਹੜ੍ਹਾਂ ਦੀ ਮਾਰ ਹੇਠ ਹਨ ਅਤੇ ਇਨ੍ਹਾਂ ਜ਼ਿਲਿਆਂ ਚੋ 1044 ਪਿੰਡ ਹੜ੍ਹਾਂ ਨਾਲ ਪ੍ਰਭਾਵਿਤ ਹਨ। ਅੰਕੜਿਆਂ ਮੁਤਾਬਕ ਗੁਰਦਾਸਪੁਰ ਦੇ ਸਭ ਤੋਂ ਵੱਧ 321 ਪਿੰਡ ਹੜ੍ਹਾਂ ਦਾ ਮਾਰ ਹੇਠ ਆਏ ਹਨ। ਸਰਕਾਰੀ ਅੰਕੜਿਆਂ ਮੁਤਾਬਕ 2 ਲੱਖ 56 ਹਜ਼ਾਰ 107 ਲੋਕ ਹੜ੍ਹਾਂ ਨਾਲ ਪ੍ਰਭਾਵਿਤ ਹੋਏ ਹਨ। ਸਰਕਾਰ ਨੇ ਇਹ ਵੀ ਜਾਣਕਾਰੀ ਦਿੱਤੀ ਹੈ ਕਿ ਹੁਣ ਤੱਕ 15688 ਲੋਕਾਂ ਨੂੰ ਰੈਸਕਿਊ ਕੀਤਾ ਜਾ ਚੁੱਕਿਆ। ਸਰਕਾਰ ਨੇ ਕਿਸੇ ਵੀ ਮੁਸੀਬਤ ਸਮੇਂ ਮਦਦ ਲਈ 12 ਜ਼ਿਲ੍ਹਿਆਂ ਵਿੱਚ 129 ਰਾਹਤ ਕੈਂਪ ਵੀ ਸਥਾਪਿਤ ਕੀਤੇ ਹੋਏ ਹਨ। ਪੰਜਾਬ ਵਿੱਚ ਹੜ੍ਹਾਂ ਨਾਲ ਫਸਲਾਂ ਨੂੰ ਵੀ ਕਾਫੀ ਨੁਕਸਾਨ ਪੁੱਜਿਆ ਹੈ। ਸਰਕਾਰ ਦੇ ਅੰਕੜੇ ਮੁਤਾਬਕ ਹੁਣ ਤੱਕ ਕਰੀਬ 94,061 ਹੈਕਟੇਅਰ ਫ਼ਸਲਾਂ ਦੇ ਖੇਤਰ ਨੂੰ ਨੁਕਸਾਨ ਪੁੱਜਿਆ ਹੈ। ਪੰਜਾਬ ਵਿੱਚ 20 ਐਨ ਡੀ ਐਰ ਐਫ ਦੀਆਂ ਟੀਮਾਂ ਤੈਨਾਤ ਕੀਤੀਆਂ ਗਈਆਂ ਹਨ। ਇਸ ਤੋਂ ਬਿਨ੍ਹਾਂ ਏਅਰ ਫੋਰਸ, ਨੇਵੀ ਅਤੇ ਆਰਮੀ ਦੇ ਕਈ ਜਵਾਨ ਵੀ ਬਚਾਅ ਕਾਰਜ ਵਿੱਚ ਜੁਟੇ ਹੋਏ ਹਨ। ਪੰਜਾਬ ਦੇ 8 ਸੂਬਿਆਂ 'ਚ ਤਾਂ ਹਾਲਾਤ ਬਦ ਤੋਂ ਬਦਤਰ ਬਣੇ ਹੋਏ ਹਨ। ਲੋਕਾਂ ਦੇ ਖੇਤ ਡੁੱਬ ਗਏ ਹਨ, ਘਰ ਦਰਕ ਗਏ ਹਨ, ਪਸ਼ੂਆਂ ਨੂੰ ਨੁਕਸਾਨ ਹੋ ਰਿਹਾ ਹੈ ਅਤੇ ਜੀਵਨ ਪੂਰੀ ਤਰ੍ਹਾਂ ਅਸਤ-ਵਿਅਸਤ ਹੈ। ਹਾਲਾਤ ਇਹ ਹਨ ਕਿ ਸੂਬੇ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕੇਂਦਰ ਸਰਕਾਰ ਕੋਲੋਂ 60 ਹਜ਼ਾਰ ਕਰੋੜ ਰੁਪਏ ਦੀ ਸਹਾਇਤਾ ਰਾਸ਼ੀ ਦੀ ਮੰਗ ਕੀਤੀ ਹੈ। ਲੋਕਾਂ ਨੂੰ ਹੜ੍ਹਾਂ ਕਾਰਨ ਦਰਪੇਸ਼ ਆ ਰਹੀਆਂ ਅਣ-ਗਿਣਤ ਮੁਸ਼ਕਲਾਂ ਵਿਚਕਾਰ ਇੱਕ ਵੱਡੀ ਚਿੰਤਾ ਬਿਮਾਰੀਆਂ ਅਤੇ ਸਿਹਤ ਨੂੰ ਲੈ ਕੇ ਵੀ ਬਣੀ ਹੋਈ ਹੈ। ਬਰਸਾਤ ਦੇ ਮੌਸਮ 'ਚ ਬਿਮਾਰੀਆਂ ਦਾ ਖ਼ਤਰਾ ਤਾਂ ਹਮੇਸ਼ਾ ਹੀ ਰਹਿੰਦਾ ਹੈ ਪਰ ਹੜ੍ਹਾਂ ਦੀ ਸਥਿਤੀ ਵਿੱਚ ਇਹ ਖਤਰਾ ਹੋਰ ਵਧ ਜਾਂਦਾ ਹੈ। ਹੜ੍ਹਾਂ ਦੌਰਾਨ ਕਿਹੜੀਆਂ-ਕਿਹੜੀਆਂ ਬਿਮਾਰੀਆਂ ਦਾ ਜੋਖਮ ਹੁੰਦਾ ਹੈ, ਸਰਕਾਰ ਸਿਹਤ ਸਹੂਲਤਾਂ ਲਈ ਕੀ ਕਦਮ ਚੁੱਕ ਰਹੀ ਹੈ ਅਤੇ ਤੁਸੀ ਇਸ ਦੌਰਾਨ ਖ਼ੁਦ ਆਪਣਾ ਬਚਾਅ ਕਿਵੇਂ ਕਰ ਸਕਦੇ ਹੋ?

## ਸਰਕਾਰ ਕੀ ਕਰ ਰਹੀ?

ਇਸ ਵੇਲੇ ਸੂਬੇ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਲੋਕਾਂ ਲਈ ਐਂਬੂਲੈਂਸਾਂ ਅਤੇ ਮੈਡੀਕਲ ਟੀਮਾਂ ਤਾਇਨਾਤ ਹਨ, ਜੋ ਲੋੜ ਪੈਣ 'ਤੇ ਲੋਕਾਂ ਨੂੰ ਜ਼ਰੂਰੀ ਦਵਾਈਆਂ ਅਤੇ ਉਪਚਾਰ ਮੁਹੱਈਆ ਕਰਵਾ ਰਹੇ ਹਨ। ਨਾਲ ਹੀ ਜ਼ਰੂਰਤ ਪੈਣ 'ਤੇ ਲੋਕਾਂ ਨੂੰ ਹਸਪਤਾਲਾਂ ਵਿੱਚ ਵੀ ਦਾਖਲ ਕਰਵਾਇਆ ਜਾ ਰਿਹਾ ਹੈ। ਇਸ ਦੇ ਨਾਲ ਹੀ ਪੰਜਾਬ ਸਰਕਾਰ ਨੇ ਕੁਝ ਹਿਦਾਇਤਾਂ ਵੀ ਜਾਰੀ ਕੀਤੀਆਂ ਹਨ ਤਾਂ ਜੋ ਲੋਕ ਆਪਣੇ ਪੱਧਰ 'ਤੇ ਵੀ ਆਪਣੀ ਸਿਹਤ ਸਬੰਧੀ ਬਚਾਅ ਅਤੇ ਉਪਾਅ ਕਰ ਸਕਣ। ਇਨ੍ਹਾਂ ਵਿੱਚ ਲੋਕਾਂ ਨੂੰ ਸਾਫ-ਸਫਾਈ ਦਾ ਧਿਆਨ ਰੱਖਣ, ਸਾਫ ਪਾਣੀ ਪੀਣ, ਮੱਛਰਾਂ ਅਤੇ ਸੱਪ ਆਦਿ ਜਾਨਵਰਾਂ ਤੋਂ ਬਚਾਅ ਵਰਗੀਆਂ ਹਿਦਾਇਤਾਂ ਦਿੱਤੀਆਂ ਗਈਆਂ ਹਨ।

## ਹੜ੍ਹਾਂ ਦੌਰਾਨ ਕਿਹੜੀਆਂ ਬਿਮਾਰੀਆਂ ਦਾ ਖਤਰਾ?

ਹੜ੍ਹਾਂ ਦੌਰਾਨ ਸੰਭਾਵਤ ਤੌਰ 'ਤੇ ਛੂਤ ਦੀਆਂ ਬਿਮਾਰੀਆਂ ਦੇ ਫੈਲਣ ਦੀ ਸੰਭਾਵਨਾ ਵਧ ਜਾਂਦੀ ਹੈ। ਹੜ੍ਹ ਦੇ ਪਾਣੀ ਵਿੱਚ ਸੀਵਰੇਜ ਦਾ ਪਾਣੀ ਅਤੇ ਕਈ ਹੋਰ ਦੂਸ਼ਿਤ ਤੱਤਾਂ ਨਾਲ ਰਲ਼ ਜਾਣ ਕਾਰਨ ਬਿਮਾਰੀਆਂ ਵਿੱਚ ਵਾਧਾ ਹੁੰਦਾ ਹੈ। ਹੜ੍ਹਾਂ ਦੇ ਦੌਰਾਨ ਅਤੇ ਬਾਅਦ ਵਿੱਚ ਹੋਣ ਵਾਲੀਆਂ ਕੁਝ ਆਮ ਬਿਮਾਰੀਆਂ ਹਨ - ਟਾਈਫਾਈਡ, ਹੈਜ਼ਾ, ਹੈਪੇਟਾਈਟਸ ਏ, ਕੰਨਜਕਟਿਵਾਇਟਿਸ, ਲੈਪਟੋਸਪਾਇਰੋਸ,ਡੇਂਗੂ,ਪੀਲੀਆ ਆਦਿ। ਜੇਕਰ ਸਹੀ ਸਾਵਧਾਨੀਆਂ ਨਾ ਵਰਤੀਆਂ ਜਾਣ ਤਾਂ ਇਹ ਬਿਮਾਰੀਆਂ ਘਾਤਕ ਸਾਬਤ ਹੋ ਸਕਦੀਆਂ ਹਨ। ਭਾਰਤ ਸਰਕਾਰ ਦੇ ਮਾਈ ਗਵਰਨਮੈਂਟ ਬਲੌਗ 'ਤੇ ਪ੍ਰਕਾਸ਼ਿਤ ਇੱਕ ਲੇਖ ਮੁਤਾਬਕ, ਆਮ ਤੌਰ 'ਤੇ ਹੜ੍ਹ ਦਾ ਪਾਣੀ ਦੋ ਤਰ੍ਹਾਂ ਦੀਆਂ ਬਿਮਾਰੀਆਂ ਦੇ ਜੋਖਮ ਅਤੇ ਸੰਚਾਰ ਨੂੰ ਵਧਾਉਂਦਾ ਹੈ:
•ਵੈਕਟਰ-ਜਨਿਤ ਬਿਮਾਰੀਆਂ
•ਪਾਣੀ-ਜਨਿਤ ਬਿਮਾਰੀਆਂ

## ਵੈਕਟਰ-ਜਨਿਤ ਬਿਮਾਰੀਆਂ

ਇਹ ਉਹ ਬਿਮਾਰੀਆਂ ਹਨ ਜੋ ਮੱਛਰਾਂ ਅਤੇ ਹੋਰ ਕੀਟਾਂ ਦੁਆਰਾ ਫੈਲਦੀਆਂ ਹਨ। ਮਿਸਾਲ ਵਜੋਂ - ਡੇਂਗੂ, ਮਲੇਰੀਆ, ਚਿਕਨਗੁਨੀਆ, ਆਦਿ।
•**ਡੇਂਗੂ:** ਨੈਸ਼ਨਲ ਇੰਸਟੀਚਿਊਟ ਆਫ ਹੈਲਥ (ਅਮਰੀਕਾ) ਦੇ ਅਨੁਸਾਰ, ਇਹ ਬੁਖ਼ਾਰ ਡੇਂਗੂ ਵਾਇਰਸ ਕਾਰਨ ਹੁੰਦਾ ਹੈ, ਜੋ ਮੱਛਰਾਂ ਰਹਿਣ ਫੈਲਦਾ ਹੈ। ਗੰਭੀਰ ਸਿਰ ਦਰਦ, ਜੋੜਾਂ ਵਿੱਚ ਦਰਦ, ਸਰੀਰ 'ਤੇ ਧੱਫੜ ਆਦਿ ਇਸਦੇ ਮੁੱਖ ਲੱਛਣ ਹਨ। ਇਸ ਦੌਰਾਨ ਡਾਕਟਰ ਨੂੰ ਦਿਖਾਉਣ ਦੀ ਸਲਾਹ ਦਿੱਤੀ ਜਾਂਦੀ ਹੈ।
•**ਮਲੇਰੀਆ:** ਮਲੇਰੀਆ ਦੌਰਾਨ ਬੁਖ਼ਾਰ, ਠੰਢ ਲੱਗਣਾ, ਪਸੀਨਾ ਆਉਣਾ, ਅਨੀਮੀਆ (ਖ਼ੂਨ ਦੀ ਕਮੀ) ਵਰਗੀਆਂ ਦਿੱਕਤਾਂ ਪੇਸ਼ ਆਉਂਦੀਆਂ ਹਨ।
•**ਚਿਕਨਗੁਨੀਆ:** ਵਿਸ਼ਵ ਸਿਹਤ ਸੰਗਠਨ ਦੇ ਮੁਤਾਬਕ, ਇਹ ਚਿਕਨਗੁਨੀਆ ਵਾਇਰਸ ਕਾਰਨ ਹੁੰਦਾ ਹੈ ਜੋ ਕਿ ਸੰਕਰਮਿਤ ਮੱਛਰਾਂ ਦੁਆਰਾ ਮਨੁੱਖਾਂ ਵਿੱਚ ਫੈਲਦਾ ਹੈ। ਇਸ ਵਿੱਚ ਬੁਖ਼ਾਰ, ਗੰਭੀਰ ਜੋੜਾਂ ਦਾ ਦਰਦ, ਜੋੜਾਂ ਦੀ ਸੋਜ, ਮਾਸਪੇਸ਼ੀਆਂ ਵਿੱਚ ਦਰਦ, ਸਿਰ ਦਰਦ, ਮਤਲੀ, ਥਕਾਵਟ ਅਤੇ ਧੱਫੜ ਹੋ ਸਕਦੇ ਹਨ।

## ਪਾਣੀ-ਜਨਿਤ ਬਿਮਾਰੀਆਂ

ਉਹ ਬਿਮਾਰੀਆਂ ਜੋ ਦੂਸ਼ਿਤ ਪਾਣੀ ਕਾਰਨ ਹੁੰਦੀਆਂ ਹਨ, ਜਿਵੇਂ ਕਿ - ਹੈਜ਼ਾ, ਟਾਈਫਾਈਡ, ਪੀਲੀਆ, ਲੈਪਟੋਸਪਾਇਰੋਸਿਸ ਆਦਿ।
•**ਟਾਈਫਾਈਡ:** ਮੇਦਾਂਤਾ ਹਸਪਤਾਲ ਦੀ ਵੈਬਸਾਈਟ 'ਤੇ ਜਾਣਕਾਰੀ ਮੁਤਾਬਕ, ਦੂਸ਼ਿਤ ਪਾਣੀ ਅਤੇ ਭੋਜਨ ਕਾਰਨ ਟਾਈਫਾਈਡ ਬੁਖਾਰ ਹੋ ਸਕਦਾ ਹੈ। ਤੇਜ਼ ਬੁਖਾਰ, ਪੇਟ ਦਰਦ, ਕਮਜ਼ੋਰੀ ਅਤੇ ਸਿਰ ਦਰਦ ਇਸਦੇ ਮੁੱਖ ਲੱਛਣ ਹਨ ਅਤੇ ਇਸਦੇ ਇਲਾਜ ਲਈ ਟਾਈਫਾਈਡ ਦਾ ਟੀਕਾ ਲਗਵਾਉਣ ਦੀ ਸਲਾਹ ਦਿੱਤੀ ਜਾਂਦੀ ਹੈ।
•**ਹੈਜ਼ਾ:** ਇਹ ਵੀ ਦੂਸ਼ਿਤ ਪਾਣੀ ਨਾਲ ਹੁੰਦਾ ਹੈ। ਹੈਜ਼ਾ ਕਾਰਨ ਵਿਅਕਤੀ ਨੂੰ ਉਲਟੀਆਂ, ਡੀਹਾਈਡਰੇਸ਼ਨ (ਪਾਣੀ ਦੀ ਕਮੀ), ਜਾਂ ਗੰਭੀਰ ਦਸਤ ਲੱਗ ਸਕਦੇ ਹਨ।
•**ਦਸਤ:** ਦੂਸ਼ਿਤ ਪਾਣੀ ਦੇ ਸਰੋਤ ਦਸਤ ਰੋਗਾਂ ਦਾ ਪ੍ਰਮੁੱਖ ਕਾਰਨ ਹਨ।
•**ਹੈਪੇਟਾਈਟਸ ਏ:** ਇਹ ਇੱਕ ਵਾਇਰਲ ਇਨਫੈਕਸ਼ਨ ਹੈ ਜੋ ਤੁਹਾਡੇ ਲਿਵਰ ਨੂੰ ਪ੍ਰਭਾਵਿਤ ਕਰ ਸਕਦਾ ਹੈ ਅਤੇ ਮੀਂਹਾਂ ਦੌਰਾਨ ਗੰਦੇ ਪਾਣੀ ਜਾਂ ਭੋਜਨ ਰਾਹੀ ਫੈਲ ਸਕਦਾ ਹੈ। ਥਕਾਵਟ, ਪੀਲੀਆ ਅਤੇ ਪੇਟ ਦਰਦ ਇਸਦੇ ਆਮ ਲੱਛਣ ਹਨ।
•**ਲੈਪਟੋਸਪਾਇਰੋਸਿਸ:** ਨੈਸ਼ਨਲ ਇੰਟੀਚਿਊਟ ਆਫ ਹੈਲਥ (ਅਮਰੀਕਾ) ਦੇ ਅਨੁਸਾਰ, ਪਾਣੀ ਨਾਲ ਫੈਲਣ ਵਾਲੀ ਇਸ ਬਿਮਾਰੀ ਦੌਰਾਨ ਬੁਖਾਰ, ਸਰੀਰ ਦਰਦ, ਜੌਂਡਿਸ ਅਤੇ ਕਿਡਨੀ ਫੇਲ ਹੋਣ ਵਰਗੀਆਂ ਦਿੱਕਤਾਂ ਆ ਸਕਦੀਆਂ ਹਨ।

## ਚਮੜੀ ਸਬੰਧੀ ਦਿੱਕਤਾਂ

ਇਨ੍ਹਾਂ ਬਿਮਾਰੀਆਂ ਤੋਂ ਇਲਾਵਾ ਹੜ੍ਹਾਂ ਦੁਆਰਾਂ ਸਾਹ ਅਤੇ ਚਮੜੀ ਸਬੰਧੀ ਬਿਮਾਰੀਆਂ ਦਾ ਖਤਰਾ ਵੀ ਬਹੁਤ ਜ਼ਿਆਦਾ ਰਹਿੰਦਾ ਹੈ। ਨੈਸ਼ਨਲ ਇੰਟੀਚਿਊਟ ਆਫ ਹੈਲਥ (ਅਮਰੀਕਾ) ਅਨੁਸਾਰ, ਇਸ ਦੌਰਾਨ ਫੰਗਲ ਇੰਫੈਕਸ਼ਨ ਵਰਗੀਆਂ ਚਮੜੀ ਦੀਆਂ ਦਿੱਕਤਾਂ ਹੋ ਸਕਦੀਆਂ ਹਨ। ਜਿਸ ਕਾਰਨ ਸਰੀਰ 'ਤੇ ਧੱਫੜ ਪੈਣਾ, ਖੁਰਕ ਹੋਣਾ, ਚਮੜੀ ਲਾਲ ਹੋਣਾ ਜਾਂ ਬੁਖਾਰ ਵਰਗੀਆਂ ਦਿੱਕਤਾਂ ਹੋ ਸਕਦੀਆਂ ਹਨ। ਅਜਿਹੇ ਵਿੱਚ ਹੜ੍ਹਾਂ ਦੇ ਪਾਣੀ ਦੇ ਸੰਪਰਕ 'ਚ ਆਉਣ ਤੋਂ ਬਚਣਾ ਚਾਹੀਦਾ ਹੈ ਅਤੇ ਸਾਫ਼-ਸਫ਼ਾਈ ਦਾ ਵਿਸ਼ੇਸ਼ ਧਿਆਨ ਰੱਖਣਾ ਚਾਹੀਦਾ ਹੈ। ਨਾਲ ਹੀ ਡਾਕਟਰ ਨਾਲ ਸੰਪਰਕ ਕਰਕੇ ਉਪਚਾਰ ਕਵਾਉਣਾ ਚਾਹੀਦਾ ਹੈ।

## ਫਲੂ (ਇਨਫਲੂਏਂਜ਼ਾ)

ਇਸ ਸਮੇਂ ਜ਼ਿਆਦਾਤਰ ਫਲੂ ਹੁੰਦਾ ਹੈ, ਜਿਸ ਨੂੰ ਇਨਫਲੂਐਨਜ਼ਾ ਵੀ ਕਿਹਾ ਜਾਂਦਾ ਹੈ। ਸਾਲ 2019 ਵਿੱਚ ਮੈਕਸ ਸੁਪਰ ਸਪੈਸ਼ਲਿਟੀ ਹਸਪਤਾਲ ਦੇ ਐਂਡੋਕਰੀਨੋਲੋਜੀ ਅਤੇ ਇੰਟਰਨਲ ਦਵਾਈ ਦੇ ਡਾਕਟਰ ਵਿਨੀਤ ਅਰੋੜਾ ਨੇ ਦੱਸਿਆ ਕਿ ਇਸ ਦੌਰਾਨ ਸਵਾਈਨ ਫਲੂ ਵੀ ਫੈਲਣ ਦਾ ਡਰ ਰਹਿੰਦਾ ਹੈ। ਇਹ ਫਲੂ ਦੀ ਇੱਕ ਕਿਸਮ ਹੈ ਪਰ ਇਹ ਜ਼ਿਆਦਾ ਘਾਤਕ ਹੈ। ਇਸ ਨਾਲ ਜ਼ੁਕਾਮ, ਖੰਘ, ਤੇਜ਼ ਬੁਖਾਰ ਅਤੇ ਜੋੜਾਂ ਦਾ ਦਰਦ ਹੁੰਦਾ ਹੈ। ਇਸ ਵਿੱਚ ਸਾਹ ਲੈਣ ਵਾਲੀਆਂ ਮਸ਼ੀਨਾਂ ਦੀ ਵੀ ਲੋੜ ਵੀ ਪੈ ਸਕਦੀ ਹੈ। ਜ਼ਿਆਦਾਤਰ ਲੋਕ ਜ਼ੁਕਾਮ ਅਤੇ ਗਲੇ ਦੀਆਂ ਸਮੱਸਿਆਵਾਂ ਨਾਲ ਆਉਂਦੇ ਹਨ, ਜੋ ਕਿ ਆਮ ਫਲੂ ਦੇ ਵੀ ਲੱਛਣ ਹਨ। ਆਮ ਫਲੂ ਪੰਜ ਤੋਂ ਸੱਤ ਦਿਨਾਂ ਤੱਕ ਰਹਿੰਦਾ ਹੈ। ਦਵਾਈ ਲੈਣ ਤੋਂ ਬਾਅਦ ਵੀ ਠੀਕ ਹੋਣ ਵਿੱਚ ਇੰਨਾ ਸਮਾਂ ਲੱਗ ਜਾਂਦਾ ਹੈ। ਜ਼ੁਕਾਮ ਅਤੇ ਖਾਂਸੀ ਨੂੰ ਠੀਕ ਕਰਨ ਵਿੱਚ ਵੀ 10 ਤੋਂ 15 ਦਿਨ ਲੱਗ ਜਾਂਦੇ ਹਨ। ਸਵਾਈਨ ਫਲੂ ਦਾ ਬੁਖਾਰ ਵੀ ਕਈ ਦਿਨਾਂ ਤੱਕ ਰਹਿੰਦਾ ਹੈ ਪਰ ਇਸ ਦੇ ਨਿਮੋਨੀਆ ਹੋਣ ਦਾ ਖਤਰਾ ਬਣਿਆ ਰਹਿੰਦਾ ਹੈ। ਅਜਿਹੇ ਸਮੇਂ, ਫਲੂ ਤੋਂ ਬਚਾਅ ਲਈ ਵੈਕਸੀਨ ਲਗਵਾਉਣ, ਭੀੜ ਵਾਲੀਆਂ ਥਾਵਾਂ 'ਤੇ ਜਾਣ ਤੋਂ ਬਚਣ, ਮਾਸਕ ਪਹਿਨਣ ਦੀ ਸਲਾਹ ਦਿੱਤੀ ਜਾਂਦੀ ਹੈ।

## ਹੜ੍ਹਾਂ ਦੌਰਾਨ ਬਿਮਾਰੀਆਂ ਦੀ ਰੋਕਥਾਮ ਲਈ ਅਪਣਾਏ ਜਾ ਸਕਣ ਵਾਲੇ ਕੁਝ ਉਪਾਅ:

### ਕੀ ਕਰਨਾ ਚਾਹੀਦਾ ਹੈ ?

•ਖਾਣਾ ਖਾਂਦੇ ਸਮੇਂ ਪੂਰੀ ਸਫਾਈ ਦਾ ਧਿਆਨ ਰੱਖੋ
•ਸਿਰਫ਼ ਉਬਲਿਆ ਜਾਂ ਕਲੋਰਿਨ ਵਾਲਾ ਪਾਣੀ ਪੀਓ
•ਥੋੜ੍ਹੇ-ਥੋੜ੍ਹੇ ਸਮੇਂ 'ਚ ਕੋਸਾ ਪਾਣੀ ਪੀਦੇ ਰਹੋ
•ਨਿਯਮਿਤ ਤੌਰ 'ਤੇ ਓਆਰਐਸ ਪੀਓ
•ਖਾਣਾ ਖਾਣ ਤੋਂ ਪਹਿਲਾਂ ਹੱਥਾਂ ਨੂੰ ਚੰਗੀ ਤਰ੍ਹਾਂ ਧੋਵੋ
•ਖਾਣ-ਪੀਣ ਦੀਆਂ ਚੀਜ਼ਾਂ ਨੂੰ ਢੱਕ ਕੇ ਰੱਖੋ
•ਸੌਂਦੇ ਸਮੇਂ ਮੱਛਰਦਾਨੀ ਦੀ ਵਰਤੋਂ ਕਰੋ
•ਪੂਰੀਆਂ ਬਾਹਾਂ ਵਾਲੇ ਅਤੇ ਸੁੱਕੇ ਕੱਪੜੇ ਪਹਿਨੋ
•ਮੱਛਰ ਰੋਧੀ ਕ੍ਰੀਮ ਲਗਾਓ
•ਮੱਛਰਾਂ ਤੋਂ ਬਚਾਅ ਲਈ ਫੌਗਿੰਗ ਜਾਂ ਸਪਰੇਅ ਕਰੋ
•ਕਈ ਵਾਰ ਅਜਿਹੀ ਸਥਿਤੀ ਵਿੱਚ ਸੱਟ ਲੱਗ ਸਕਦੀ ਹੈ ਜਾਂ ਸੱਪ ਆਦਿ ਜਾਨਵਰ ਵੱਲੋਂ ਡੰਗ ਮਾਰਨ ਦੇ ਮਾਮਲੇ ਹੋ ਸਕਦੇ ਹਨ। ਕਿਸੇ ਵੀ ਐਮਰਜੈਂਸੀ ਦੀ ਸਥਿਤੀ ਵਿੱਚ ਤੁਰੰਤ ਡਾਕਟਰੀ ਸਹਾਇਤਾ ਲਓ

### ਕੀ ਨਹੀਂ ਕਰਨਾ ਚਾਹੀਦਾ?

•ਆਪਣੇ-ਨੇੜੇ ਤੇੜੇ ਪਾਣੀ ਨੂੰ ਖੜ੍ਹਾ ਨਾ ਹੋਣ ਦਿਓ
•ਜਿੰਨਾ ਹੋ ਸਕੇ ਹੜ੍ਹ ਦੇ ਪਾਣੀ ਨਾਲ ਸੰਪਰਕ 'ਚ ਆਉਣ ਤੋਂ ਬਚੋ, ਕਿਉਂਕਿ ਗੰਦਗੀ ਇਸ ਪਾਣੀ ਰਾਹੀ ਸਰੀਰ ਵਿੱਚ ਦਾਖਲ ਹੋ ਸਕਦੀ ਹੈ
•ਲਾਗ ਵਾਲੇ ਲੋਕਾਂ ਤੋਂ ਦੂਰ ਰਹੋ ਕਿਉਂਕਿ ਬਹੁਤ ਸਾਰੀਆਂ ਬਿਮਾਰੀਆਂ ਛੂਤਕਾਰੀ ਹੁੰਦੀਆਂ ਹਨ

# ਪੰਜਾਬ ਵਿੱਚ ਹੜ੍ਹਾਂ ਦੀ ਮਾਰ: ਸੂਬੇ ਵਿੱਚ ਵਧੀ ਬੇੜੀਆਂ ਦੀ ਮੰਗ, ਇਨ੍ਹਾਂ ਦੋਹਾਂ ਭਰਾਵਾਂ ਅੱਗੇ ਕੀ ਹੈ ਚੁਣੌਤੀ?



**ਹਰਮਨਦੀਪ ਸਿੰਘ**

ਸੁਲਤਾਨਪੁਰ ਲੋਧੀ ਦੇ ਨਜ਼ਦੀਕ ਸਥਿਤ ਆਲੀ ਕਲਾਂ ਪਿੰਡ ਦੇ ਵਸਨੀਕ ਰਣਜੀਤ ਸਿੰਘ ਉਨ੍ਹਾਂ ਲੋਕਾਂ ਵਿਚੋਂ ਹਨ, ਜਿਨ੍ਹਾਂ ਨੂੰ ਮੁਖਤਿਆਰ ਸਿੰਘ ਅਤੇ ਰਵਿੰਦਰ ਸਿੰਘ ਕੋਲੋਂ ਮਾਯੂਸ ਹੋਕੇ ਵਾਪਸ ਪਰਤਣਾ ਪੈ ਰਿਹਾ ਹੈ। ਰਣਜੀਤ ਸਿੰਘ ਹੜ੍ਹਾਂ ਵਿੱਚ ਫਸੇ ਆਪਣੇ ਪਿੰਡ ਵਾਸੀਆਂ ਦੀ ਮਦਦ ਵਾਸਤੇ ਲੱਕੜ ਦੀ ਬੇੜੀ ਖ਼ਰੀਦਣ ਲਈ ਤਰਨ ਤਾਰਨ ਜ਼ਿਲ੍ਹੇ ਦੇ ਛੋਟੇ ਜਿਹੇ ਸ਼ਹਿਰ ਹਰੀਕੇ ਆਏ ਸਨ। ਪਰ ਉਨ੍ਹਾਂ ਨੂੰ ਬੇੜੀ ਨਹੀ ਮਿਲੀ। ਹਰੀਕੇ ਵਿੱਚ ਰਹਿੰਦੇ ਦੋ ਭਰਾ ਮੁਖਤਿਆਰ ਸਿੰਘ ਅਤੇ ਰਵਿੰਦਰ ਸਿੰਘ ਦਾ ਦਾਅਵਾ ਹੈ ਕਿ ਉਹ ਲੱਕੜ ਦੀਆਂ ਬੇੜੀਆਂ ਬਣਾਉਣ ਵਾਲੇ ਪੰਜਾਬ ਦੇ ਇਕਲੌਤੇ ਕਾਰੀਗਰ ਹਨ। ਜਦੋਂ ਤੋਂ ਪੰਜਾਬ ਹੜ੍ਹਾਂ ਦੀ ਮਾਰ ਹੇਠਾਂ ਆਇਆ ਹੈ, ਲੱਕੜ ਦੀਆਂ ਬੇੜੀਆਂ ਦੀ ਮੰਗ ਇੱਕਦਮ ਵਧ ਗਈ ਹੈ। ਪਰ ਦੋਵੇਂ ਭਰਾਵਾਂ ਦਾ ਬੇੜੀਆਂ ਬਣਾਉਣ ਦਾ ਕੰਮ ਛੋਟੇ ਪੱਧਰ ਦਾ ਹੋਣ ਕਾਰਨ ਉਹ ਲੋਕਾਂ ਵੱਲੋਂ ਆਉਂਦੀ ਮੰਗ ਪੂਰੀ ਕਰਨ ਤੋਂ ਅਸਮਰੱਥ ਹਨ। ਦੋਵੇਂ ਭਰਾ ਦੱਸਦੇ ਹਨ ਕਿ ਦਰਿਆਵਾਂ ਕੰਢੇ ਵੱਸਦੇ ਲੋਕਾਂ ਹੜ੍ਹਾਂ ਨਾਲ ਨਜਿੱਠਣ ਦੀ ਤਿਆਰੀ ਕਰ ਰਹੇ ਹਨ ਅਤੇ ਇਸੇ ਕਾਰਨ ਬੇੜੀਆਂ ਦੀ ਖਰੀਦ ਵਿੱਚ ਵਾਧਾ ਹੋ ਰਿਹਾ ਹੈ।

**ਕਿਸ਼ਤੀਆਂ ਦੀ ਮੰਗ ਕਿੰਨੀ ਵਧੀ?**

ਕਾਰੀਗਰ ਮੁਖਤਿਆਰ ਸਿੰਘ ਨੇ ਦੱਸਿਆ ਕਿ ਪਹਿਲਾਂ ਉਨ੍ਹਾਂ ਨੂੰ ਹਫ਼ਤੇ 'ਚ ਵੱਧ ਤੋਂ ਵੱਧ ਦੋ ਹੀ ਆਰਡਰ ਮਿਲਦੇ ਸਨ, ਜਿਨ੍ਹਾਂ 'ਚੋ ਜ਼ਿਆਦਾਤਰ ਪੁਰਾਣੀਆਂ ਕਿਸ਼ਤੀਆਂ ਦੀ ਮੁਰੰਮਤ ਵਾਲੇ ਹੁੰਦੇ ਸਨ। ਪਰ ਹੁਣ ਰੋਜ਼ਾਨਾ ਚਾਰ ਤੋਂ ਪੰਜ ਨਵੀਆਂ ਕਿਸ਼ਤੀਆਂ ਬਣਾਉਣ ਦੇ ਆਰਡਰ ਮਿਲ ਰਹੇ ਹਨ। ਮੁਖਤਿਆਰ ਸਿੰਘ ਦੱਸਦੇ ਹਨ, "ਛੋਟੀ ਬੇੜੀ ਬਣਾਉਣ ਵਾਸਤੇ ਘੱਟ ਤੋਂ ਘੱਟ ਇੱਕ ਤੋਂ ਦੋ ਦਿਨ ਲੱਗਦੇ ਹਨ। ਮੀਂਹ ਦਾ ਮੌਸਮ ਹੋਣ ਕਰਕੇ ਸਮਾਂ ਵੱਧ ਵੀ ਲੱਗ ਜਾਂਦਾ ਹੈ। ਇਸ ਕਰਕੇ ਕਈ ਵਾਰੀ ਲੋਕਾਂ ਨੂੰ ਖਾਲੀ ਹੱਥ ਪਰਤਣਾ ਪੈਂਦਾ ਹੈ।" ਦੋਵੇਂ ਭਰਾ ਦੱਸਦੇ ਹਨ ਕਿ ਉਹ ਸਿਰਫ ਆਰਡਰ ਉੱਤੇ ਇਹ ਕਿਸ਼ਤੀਆਂ ਬਣਾਉਂਦੇ ਹਨ। ਬੇੜੀਆਂ ਦੀ ਮੰਗ ਵਧਣ ਦਾ ਕਾਰਨ ਲੋਕਾਂ ਵੱਲੋਂ ਆਪਣੀ ਸੁਰੱਖਿਆ ਦਾ ਪ੍ਰਬੰਧ ਖ਼ੁਦ ਕਰਨ ਦੀ ਇੱਛਾ ਹੈ। ਲੋਕ ਸਰਕਾਰੀ ਰਾਹਤ ਕਾਰਜਾਂ 'ਤੇ ਨਿਰਭਰ ਨਹੀ ਰਹਿਣਾ ਚਾਹੁੰਦੇ।

### ਬੇੜੀਆਂ ਦੀ ਲੋੜ ਕਿਉਂ ਪੈ ਰਹੀ?

ਪੰਜਾਬ ਦੇ ਲਗਭਗ ਅੱਠ ਜ਼ਿਲ੍ਹਿਆਂ ਪਠਾਨਕੋਟ, ਗੁਰਦਾਸਪੁਰ, ਫਾਜ਼ਿਲਕਾ, ਕਪੂਰਥਲਾ, ਤਰਨ ਤਾਰਨ, ਫਿਰੋਜ਼ਪੁਰ, ਹੁਸ਼ਿਆਰਪੁਰ ਅਤੇ ਅੰਮ੍ਰਿਤਸਰ ਵਿੱਚ ਹੜ੍ਹਾਂ ਦੀ ਸਥਿਤੀ ਗੰਭੀਰ ਬਣੀ ਹੋਈ ਹੈ। ਇਨ੍ਹਾਂ ਜ਼ਿਲ੍ਹਿਆਂ ਦਾ ਪ੍ਰਸ਼ਾਸਨ, ਫੌਜ, ਸਟੇਟ ਡਿਜ਼ਾਸਟਰ ਰਿਸਪਾਂਸ ਫੋਰਸ (ਐਸਡੀਆਰਐਫ) ਅਤੇ ਨੈਸ਼ਨਲ ਡਿਜ਼ਾਸਟਰ ਰਿਸਪਾਂਸ ਫੋਰਸ (ਐਨਡੀਆਰਐਫ) ਰਾਹਤਕਾਰਜਾਂ ਵਿੱਚ ਰੁੱਝਿਆ ਹੋਇਆ ਹੈ। ਇਹ ਸਾਰੇ ਰਾਹਤ ਕਾਰਜ ਸਰਕਾਰੀ ਕਿਸ਼ਤੀਆਂ ਰਾਹੀ ਹੋ ਰਹੇ ਹਨ, ਕਿਉਂਕਿ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਆਵਾਜਾਈ ਦਾ ਮੁੱਖ ਸਾਧਨ ਕਿਸ਼ਤੀਆਂ ਹੀ ਹਨ।

ਸਥਾਨਕ ਲੋਕਾਂ ਮੁਤਾਬਕ, ਉਹ ਸਰਕਾਰ, ਪ੍ਰਸ਼ਾਸਨ, ਫੌਜ, ਐਸਡੀਆਰਐਫ ਅਤੇ ਐਨਡੀਆਰਐਫ ਉੱਤੇ ਨਿਰਭਰ ਨਹੀ ਰਹਿਣਾ ਚਾਹੁੰਦੇ। ਇਸ ਲਈ ਲੋਕ ਆਪਣੇ ਬਚਾਅ ਕਾਰਜਾਂ ਅਤੇ ਆਵਾਜਾਈ ਦਾ ਪ੍ਰਬੰਧ ਖੁਦ ਕਰਨ ਵਾਸਤੇ ਬੇੜੀਆਂ ਖ਼ਰੀਦ ਰਹੇ ਹਨ। ਸੁਲਤਾਨਪੁਰ ਲੋਧੀ ਦੇ ਨਜ਼ਦੀਕ ਸਥਿਤ ਆਲੀ ਕਲਾਂ ਪਿੰਡ ਦੇ ਵਸਨੀਕ ਰਣਜੀਤ ਸਿੰਘ ਨੇ ਦੱਸਿਆ, "ਮੇਰੇ ਪਿੰਡ ਦੇ ਖੇਤਾਂ ਵਿੱਚ ਰਹਿੰਦੇ ਲੋਕ ਹੜ੍ਹਾਂ ਨਾਲ ਘਿਰੇ ਹੋਏ ਹਨ। ਉਨ੍ਹਾਂ ਲੋਕਾਂ ਦੀ ਮਦਦ ਵਾਸਤੇ ਪਿੰਡ ਵਾਸੀ ਕਿਸ਼ਤੀ ਖ਼ਰੀਦਣਾ ਚਾਹੁੰਦੇ ਹਨ ਤਾਂ ਜੋ ਪੀੜਤ ਪਰਿਵਾਰਾਂ ਦੀ ਰਾਸ਼ਣ ਜਾਂ ਪਸ਼ੂਆਂ ਦੇ ਚਾਰੇ ਸਬੰਧੀ ਮਦਦ ਹੋ ਸਕੇ।" ਮੁਖਤਿਆਰ ਵੀ ਕਹਿੰਦੇ ਹਨ, "ਹੜ੍ਹ ਪ੍ਰਭਾਵਿਤ ਇਲਾਕਿਆਂ ਅਤੇ ਹੜ੍ਹਾਂ ਦੀ ਸੰਭਾਵਨਾ ਵਾਲੇ ਇਲਾਕਿਆਂ ਵਿੱਚ ਰਹਿੰਦੇ ਲੋਕ ਕਿਸੇ ਵੀ ਮੁਸ਼ਕਲ ਹਾਲਾਤ ਨਾਲ ਨਜਿੱਠਣ ਲਈ ਆਪਣੇ ਇੰਤਜ਼ਾਮ ਖੁਦ ਕਰਨ ਵਾਸਤੇ ਬੇੜੀਆਂ ਖ਼ਰੀਦ ਰਹੇ ਹਨ। ਲੋਕਾਂ ਦਾ ਕਹਿਣਾ ਹੈ ਕਿ ਉਨ੍ਹਾਂ ਕੋਲ ਖੁਦ ਦੀ ਬੇੜੀ ਹੋਣ ਦੀ ਸੂਰਤ ਵਿੱਚ ਉਹ ਜ਼ਰੂਰਤ ਪੈਣ ਉੱਤੇ ਆਪਣੇ ਪਰਿਵਾਰ ਦੀ ਮਦਦ ਖੁਦ ਕਰ ਸਕਦੇ ਹਨ।"

### ਕਿਹੜੇ ਖੇਤਰਾਂ ਵਿੱਚ ਬੇੜੀਆਂ ਦੀ ਮੰਗ?

ਰਵਿੰਦਰ ਸਿੰਘ ਕਹਿੰਦੇ ਹਨ ਉਨ੍ਹਾਂ ਵੱਲੋ ਬਣਾਈਆਂ ਕਿਸ਼ਤੀਆਂ ਪੰਜਾਬ ਦੇ ਹਰ ਉਸ ਹਿੱਸੇ ਵਿੱਚ ਵਿਕੀਆਂ ਹਨ, ਜਿੱਥੋ-ਜਿੱਥੋ ਦਰਿਆ ਲੰਘਦਾ ਹੈ। ਇਸ ਤੋਂ ਇਲਾਵਾ ਉਨ੍ਹਾਂ ਦੀ ਬੇੜੀਆਂ ਹਰਿਆਣਾ ਅਤੇ ਹਿਮਾਚਲ ਪ੍ਰਦੇਸ਼ ਦੇ ਲੋਕਾਂ ਨੇ ਵੀ ਖਰੀਦੀਆਂ ਹਨ।


### ਬੇੜੀਆਂ ਦੀ ਕੀਮਤ ਕਿੰਨੀ ਹੈ?

ਮੁਖਤਿਆਰ ਦੱਸਦੇ ਹਨ ਕਿ ਬੇੜੀਆਂ ਦੀ ਘੱਟੋ-ਘੱਟ ਕੀਮਤ 15,000 ਅਤੇ ਵੱਧ ਤੋਂ ਵੱਧ 10 ਲੱਖ ਹੈ। "ਛੋਟੀਆਂ ਬੇੜੀਆਂ ਦੀ ਕੀਮਤ 15,000 ਤੋਂ ਸ਼ੁਰੂ ਹੋ ਜਾਂਦੀ ਹੈ। ਵੱਡੀ ਬੇੜੀ ਦੀ ਕੀਮਤ 10 ਲੱਖ ਤੱਕ ਹੈ। ਜ਼ਿਆਦਾਤਰ ਲੋਕ ਛੋਟੀਆਂ ਬੇੜੀਆਂ ਖ਼ਰੀਦਦੇ ਹਨ।" "ਛੋਟੀ ਬੇੜੀ ਨੂੰ ਤਿਆਰ ਕਰਨ ਵਿੱਚ ਇੱਕ ਤੋਂ ਦੋ ਦਿਨ ਲੱਗਦੇ ਹਨ ਅਤੇ ਵੱਡੀ ਬੇੜੀ ਨੂੰ ਤਿਆਰ ਕਰਨ ਵਿੱਚ ਵੱਧ ਸਮਾਂ ਲੱਗਦਾ ਹੈ।"

### ਹੜ੍ਹਾਂ ਤੋਂ ਬਗੈਰ ਬੇੜੀਆਂ ਦੀ ਵਰਤੋਂ ਕਿੱਥੇ ਹੁੰਦੀ?

ਮੁਖਤਿਆਰ ਸਿੰਘ ਅਤੇ ਰਵਿੰਦਰ ਸਿੰਘ ਦੱਸਦੇ ਹਨ ਕਿ ਆਮ ਦਿਨਾਂ ਵਿੱਚ ਬੇੜੀਆਂ ਦੀ ਵਰਤੋਂ ਸਿਰਫ ਉਨ੍ਹਾਂ ਕਿਸਾਨਾਂ ਵੱਲੋਂ ਕੀਤੀ ਜਾਂਦੀ ਹੈ ਜਿਹੜੇ ਦਰਿਆਵਾਂ ਦੇ ਕੰਢੇ ਰਹਿੰਦੇ ਹਨ। ਦਰਿਆਵਾਂ ਦੇ ਕੰਢੇ ਵਸੇ ਪਿੰਡਾਂ ਦੇ ਕਿਸਾਨਾਂ ਦੀਆਂ ਜਮੀਨਾਂ ਦਰਿਆਵਾਂ ਤੋਂ ਪਾਰ ਹਨ। ਇਸ ਲਈ ਆਪਣੀਆਂ ਜਮੀਨਾਂ ਤੱਕ ਪਹੁੰਚਣ ਲਈ ਇਹ ਕਿਸਾਨ ਕਿਸ਼ਤੀਆਂ ਦੀ ਵਰਤੋਂ ਕਰਦੇ ਹਨ। ਦਰਿਆਵਾਂ ਨੂੰ ਪਾਰ ਕਰਨ ਲਈ ਹਰ ਪਿੰਡ ਵਿੱਚ ਪੁਲ਼ ਨਹੀ ਹੈ। ਜਿਹੜੇ ਪੁਲ਼ ਬਣੇ ਹੋਏ ਹਨ, ਉਹ ਦੂਰੀ ਉੱਤੇ ਸਥਿਤ ਹੋਣ ਕਰਕੇ ਉਨ੍ਹਾਂ ਰਾਹੀ ਦਰਿਆ ਪਾਰ ਕਰਨ ਵਿੱਚ ਘੰਟਿਆਂ ਦਾ ਸਮਾਂ ਲੱਗ ਜਾਂਦਾ ਹੈ। ਇਸ ਲਈ ਕਿਸਾਨ ਆਪਣੇ ਖੇਤਾਂ ਵਿੱਚ ਪੁੱਜਣ ਲਈ ਬੇੜੀਆਂ ਦੀ ਵਰਤੋਂ ਕਰਦੇ ਹਨ ਅਤੇ ਕੁੱਝ ਮਿੰਟਾਂ ਵਿੱਚ ਹੀ ਆਪਣੇ ਖੇਤਾਂ ਵਿੱਚ ਪਹੁੰਚ ਜਾਂਦੇ ਹਨ। ਇਸ ਤੋਂ ਇਲਾਵਾ ਪਿੰਡ ਵਾਸੀਆਂ ਵੱਲੋਂ ਵੀ ਆਪਣੀਆਂ ਮੰਜ਼ਿਲਾਂ ਉੱਤੇ ਜਲਦੀ ਪਹੁੰਚਣ ਲਈ ਪੁਲਾਂ ਦੀ ਥਾਂ ਬੇੜੀਆਂ ਦੀ ਵਰਤੋਂ ਕੀਤੀ ਜਾਂਦੀ ਹੈ।

# ਪੰਜਾਬੀ ਭਾਸ਼ਾ ਆਪਣੀ ਹੀ ਧਰਤੀ 'ਤੇ ਪਰਾਏਪਣ ਦਾ ਸ਼ਿਕਾਰ



ਵਿੰਕਲਜੀਤ ਸਿੰਘ ਸਰਾ
95014-77889



ਪੰਜਾਬੀ ਭਾਸ਼ਾ, ਜੋ ਕਿ ਸਾਡੀ ਪਛਾਣ, ਵਿਰਾਸਤ ਅਤੇ ਸੱਭਿਆਚਾਰ ਦਾ ਪ੍ਰਤੀਕ ਹੈ, ਅੱਜ ਆਪਣੀ ਹੀ ਧਰਤੀ 'ਤੇ ਕਈ ਵੱਡੀਆਂ ਚੁਣੌਤੀਆਂ ਦਾ ਸਾਹਮਣਾ ਕਰ ਰਹੀ ਹੈ।ਭਾਵੇਂ ਇਹ ਵਿਸ਼ਵ ਵਿੱਚ 15 ਕਰੋੜ ਤੋਂ ਵੱਧ ਲੋਕਾਂ ਦੁਆਰਾ ਬੋਲੀ ਜਾਂਦੀ ਹੈ ਅਤੇ ਵਿਸ਼ਵ ਦੀਆਂ ਸਭ ਤੋਂ ਵੱਧ ਬੋਲੀਆਂ ਜਾਣ ਵਾਲੀਆਂ ਭਾਸ਼ਾਵਾਂ ਵਿੱਚੋਂ ਇੱਕ ਹੈ, ਪਰ ਪੰਜਾਬ ਵਿੱਚ ਇਸ ਦੀ ਵਰਤੋਂ ਲਗਾਤਾਰ ਘਟ ਰਹੀ ਹੈ। ਇਸ ਦੇ ਮੁੱਖ ਕਾਰਨ ਹਨ ਸਰਕਾਰੀ, ਅਕਾਦਮਿਕ ਅਤੇ ਸਮਾਜਿਕ ਪੱਧਰ 'ਤੇ ਇਸ ਦੀ ਅਣਗਹਿਲੀ।

ਹਾਲੀਆ 'ਚ ਆਈ ਇਕ ਖਬਰ ਕਿ ਪੰਜਾਬ ਸਪੋਰਟਸ ਵਿਭਾਗ ਵੱਲੋਂ ਨਿਯੁਕਤ ਕੀਤੇ 38 ਜੂਨੀਅਰ ਕੋਚਾਂ ਦੀ ਨੌਕਰੀ ਪੰਜਾਬੀ ਭਾਸ਼ਾ ਟੈਸਟ ਨਾ ਪਾਸ ਕਰਨ ਕਾਰਨ ਖ਼ਤਰੇ ਵਿੱਚ ਹੈ, ਪੰਜਾਬੀ ਭਾਸ਼ਾ ਦੀ ਮੌਜੂਦਾ ਦਸ਼ਾ ਉੱਤੇ ਵੱਡਾ ਪ੍ਰਸ਼ਨਚਿੰਨ੍ਹ ਹੈ। ਪੰਜਾਬ ਭਾਸ਼ਾ ਵਿਭਾਗ ਨੇ ਇਹਨਾਂ ਨਿਯੁਕਤੀਆਂ ਨੂੰ "ਗੈਰ-ਕਾਨੂੰਨੀ" ਕਰਾਰ ਦਿੱਤਾ ਹੈ, ਕਿਉਂਕਿ ਨਿਯਮਾਂ ਅਨੁਸਾਰ ਕਿਸੇ ਵੀ ਉਮੀਦਵਾਰ ਲਈ ਪੰਜਾਬੀ ਪ੍ਰੀਖਿਆ ਪਾਸ ਕਰਨੀ ਲਾਜ਼ਮੀ ਹੈ।ਇਸ ਮਾਮਲੇ ਨੇ ਸਿਰਫ਼ ਇੱਕ ਭਰਤੀ ਵਿਵਾਦ ਨਹੀਂ ਖੜ੍ਹਾ ਕੀਤਾ, ਸਗੋਂ ਇਹ ਦਰਸਾਇਆ ਹੈ ਕਿ ਪੰਜਾਬ ਵਿੱਚ ਹੀ ਪੰਜਾਬੀ ਭਾਸ਼ਾ ਨੂੰ ਕਿੰਨੀ ਗੰਭੀਰਤਾ ਨਾਲ ਲਿਆ ਜਾ ਰਿਹਾ ਹੈ।

**ਪੰਜਾਬੀ ਭਾਸ਼ਾ ਨੂੰ ਦਰਪੇਸ਼ ਮੁੱਖ ਚੁਣੌਤੀਆਂ** : 1. **ਸਿੱਖਿਆ ਖੇਤਰ ਵਿੱਚ ਅਣਦੇਖੀ**: ਪੰਜਾਬੀ ਦੀ ਮੌਜੂਦਾ ਹਾਲਤ ਦਾ ਸਭ ਤੋਂ ਵੱਡਾ ਕਾਰਨ ਸਿੱਖਿਆ ਪ੍ਰਣਾਲੀ ਵਿੱਚ ਇਸ ਦੀ ਅਣਦੇਖੀ ਹੈ। ਪ੍ਰਾਈਵੇਟ ਸਕੂਲਾਂ ਦਾ ਦਬਦਬਾ ਹੈ, ਜਿੱਥੇ ਅੰਗਰੇਜ਼ੀ ਨੂੰ ਸਿੱਖਿਆ ਦਾ ਮੁੱਖ ਮਾਧਿਅਮ ਬਣਾਇਆ ਗਿਆ ਹੈ। ਮਾਪਿਆਂ ਦੀ ਇਹ ਸੋਚ ਬਣ ਗਈ ਹੈ ਕਿ ਅੰਗਰੇਜ਼ੀ ਵਿੱਚ ਸਿੱਖਿਆ ਪ੍ਰਾਪਤ ਕਰਕੇ ਹੀ ਬੱਚੇ ਭਵਿੱਖ ਵਿੱਚ ਤਰੱਕੀ ਕਰ ਸਕਦੇ ਹਨ (**ਇਹ ਇਕ ਸੱਚ ਵੀ ਹੈ**) ਬਹੁਤ ਸਾਰੇ ਪ੍ਰਾਈਵੇਟ ਸਕੂਲਾਂ ਵਿੱਚ ਤਾਂ ਪੰਜਾਬੀ ਨੂੰ ਪੰਜਵੀਂ ਜਾਂ ਛੇਵੀਂ ਜਮਾਤ ਤੋਂ ਸ਼ੁਰੂ ਕੀਤਾ ਜਾਂਦਾ ਹੈ, ਜਦੋਂ ਕਿ ਕੇਂਦਰੀ ਬੋਰਡਾਂ (CBSE, ICSE) ਦੇ ਸਿਲੇਬਸ ਵਿੱਚ ਵੀ ਇਸ ਨੂੰ ਪੰਜਾਬ ਵਿੱਚ ਹੀ ਉਹ ਮਹੱਤਵ ਨਹੀਂ ਮਿਲਦਾ ਜਿਸ ਦੀ ਇਹ ਹੱਕਦਾਰ ਹੈ। ਇਸ ਕਾਰਨ ਨਵੀਂ ਪੀੜ੍ਹੀ ਨੂੰ ਆਪਣੇ ਹੀ ਸਾਹਿਤ ਅਤੇ ਸੱਭਿਆਚਾਰ ਤੋਂ ਕੱਟਿਆ ਜਾ ਰਿਹਾ ਹੈ।

2. **ਰੁਜ਼ਗਾਰ ਅਤੇ ਵਪਾਰ ਵਿੱਚ ਘੱਟ ਮਹੱਤਵ**: ਪੰਜਾਬੀ ਦਾ ਕਿੱਤਾਮੁਖੀ ਪੱਖ ਕਮਜ਼ੋਰ ਹੈ, ਜਿਸ ਕਾਰਨ ਨੌਜਵਾਨ ਇਸ ਭਾਸ਼ਾ ਨੂੰ ਸਿੱਖਣ ਜਾਂ ਵਰਤਣ ਵਿੱਚ ਘੱਟ ਦਿਲਚਸਪੀ ਲੈਂਦੇ ਹਨ। ਅੱਜ ਦੇ ਯੁੱਗ ਵਿੱਚ ਰੁਜ਼ਗਾਰ ਅਤੇ ਕਾਰੋਬਾਰ ਦੇ ਮੌਕੇ ਅਕਸਰ ਅੰਗਰੇਜ਼ੀ ਭਾਸ਼ਾ ਨਾਲ ਜੁੜੇ ਹੋਏ ਹਨ। ਬਹੁ-ਰਾਸ਼ਟਰੀ ਕਾਰਪੋਰੇਸ਼ਨਾਂ ਅਤੇ ਆਈ.ਟੀ. ਕੰਪਨੀਆਂ ਵਿੱਚ ਕੰਮ ਕਰਨ ਲਈ ਅੰਗਰੇਜ਼ੀ ਨੂੰ ਤਰਜੀਹ ਦਿੱਤੀ ਜਾਂਦੀ ਹੈ। ਸਰਕਾਰੀ ਦਫ਼ਤਰਾਂ ਅਤੇ ਅਦਾਲਤਾਂ ਵਿੱਚ ਵੀ ਪੰਜਾਬੀ ਭਾਸ਼ਾ ਨੂੰ ਪੂਰੀ ਤਰ੍ਹਾਂ ਲਾਗੂ ਨਹੀਂ ਕੀਤਾ ਗਿਆ, ਜੋ ਕਿ ਇੱਕ ਵੱਡਾ ਦੁਖਾਂਤ ਹੈ।

3. **ਸਮਾਜਿਕ ਅਤੇ ਘਰੇਲੂ ਪੱਧਰ 'ਤੇ ਚੁਣੌਤੀਆਂ**: ਪੰਜਾਬੀ ਭਾਸ਼ਾ ਦੀ ਸਭ ਤੋਂ ਵੱਡੀ ਕਮਜ਼ੋਰੀ ਇਸ ਦੇ ਬੁਲਾਰਿਆਂ ਦੀ ਮਾਨਸਿਕਤਾ ਹੈ। ਅੱਜ ਬਹੁਤ ਸਾਰੇ ਪੰਜਾਬੀ ਪਰਿਵਾਰਾਂ ਵਿੱਚ ਮਾਪੇ ਆਪਣੇ ਬੱਚਿਆਂ ਨਾਲ ਪੰਜਾਬੀ ਦੀ ਬਜਾਏ ਅੰਗਰੇਜ਼ੀ ਵਿੱਚ ਗੱਲ ਕਰਦੇ ਹਨ। ਇਸ ਤੋਂ ਇਲਾਵਾ, ਰਿਸ਼ਤਿਆਂ ਦੇ ਨਾਮ ਵੀ ਅੰਗਰੇਜ਼ੀ ਵਿੱਚ ਵਰਤਣ ਦਾ ਰੁਝਾਨ ਵੱਧ ਰਿਹਾ ਹੈ (ਜਿਵੇਂ ਕਿ ਮਾਂ-ਪਿਉ ਨੂੰ 'Mom' ਅਤੇ 'Dad' ਕਹਿਣਾ)। ਇਹ ਸਭ ਦਰਸਾਉਂਦਾ ਹੈ ਕਿ ਅਸੀਂ ਆਪਣੀ ਭਾਸ਼ਾ ਅਤੇ ਸੱਭਿਆਚਾਰ ਤੋਂ ਕਿੰਨੇ ਦੂਰ ਹੋ ਰਹੇ ਹਾਂ।

4. **ਸਰਕਾਰੀ ਪੱਧਰ 'ਤੇ ਅਣਗਹਿਲੀ ਅਤੇ ਰਾਜਨੀਤਿਕ ਇੱਛਾ ਸ਼ਕਤੀ ਦੀ ਘਾਟ**: ਭਾਵੇਂ ਪੰਜਾਬੀ ਭਾਸ਼ਾ ਨੂੰ ਰਾਜ ਭਾਸ਼ਾ ਐਕਟ ਤਹਿਤ ਕਈ ਵਿਵਸਥਾਵਾਂ ਮਿਲੀਆਂ ਹਨ, ਪਰ ਕਾਨੂੰਨ ਨੂੰ ਸਖ਼ਤੀ ਨਾਲ ਲਾਗੂ ਨਹੀਂ ਕੀਤਾ ਜਾ ਰਿਹਾ। ਤਾਜ਼ਾ ਉਦਾਹਰਣਾਂ ਇਹ ਦਰਸਾਉਂਦੀਆਂ ਹਨ ਕਿ ਕਾਨੂੰਨ ਮੌਜੂਦ ਹਨ, ਪਰ ਉਨ੍ਹਾਂ ਦੀ ਪਾਲਣਾ ਨਹੀਂ ਹੋ ਰਹੀ। ਰਾਜਨੀਤਿਕ ਆਗੂਆਂ ਨੇ ਵੀ ਭਾਸ਼ਾ ਦੇ ਭਲੇ ਨਾਲੋਂ ਆਪਣੇ ਸੌੜੇ ਰਾਜਨੀਤਿਕ ਹਿੱਤਾਂ ਨੂੰ ਤਰਜ਼ੀਹ ਦਿੱਤੀ ਹੈ।

5. **ਤਕਨਾਲੋਜੀ ਅਤੇ ਮੀਡੀਆ ਦਾ ਪ੍ਰਭਾਵ**: ਅੱਜ ਦੇ ਡਿਜੀਟਲ ਯੁੱਗ ਵਿੱਚ, ਪੰਜਾਬੀ ਨੂੰ ਤਕਨੀਕੀ ਤੌਰ 'ਤੇ ਵੀ ਕਈ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਸੋਸ਼ਲ ਮੀਡੀਆ, ਫਿਲਮਾਂ ਅਤੇ ਇੰਟਰਨੈੱਟ 'ਤੇ ਜ਼ਿਆਦਾਤਰ ਸਮੱਗਰੀ ਅੰਗਰੇਜ਼ੀ ਜਾਂ ਹਿੰਦੀ ਵਿੱਚ ਉਪਲੱਬਧ ਹੈ। ਇਸ ਤੋਂ ਇਲਾਵਾ, ਪੰਜਾਬੀ ਭਾਸ਼ਾ ਲਈ AI ਅਧਾਰਿਤ ਟੂਲ ਅਤੇ ਸਾਫਟਵੇਅਰ ਦੀ ਵੀ ਘਾਟ ਹੈ।

**ਪੰਜਾਬੀ ਭਾਸ਼ਾ ਦੀ ਸੁਰੱਖਿਆ ਲਈ ਜ਼ਰੂਰੀ ਕਦਮ** : ਇਸ ਭਾਸ਼ਾਈ ਸੰਕਟ ਨੂੰ ਹੱਲ ਕਰਨ ਲਈ ਕੇਵਲ ਚਿੰਤਾ ਪ੍ਰਗਟ ਕਰਨਾ ਹੀ ਕਾਫੀ ਨਹੀਂ, ਸਗੋਂ ਠੋਸ ਅਤੇ ਵਿਹਾਰਕ ਕਦਮ ਚੁੱਕਣ ਦੀ ਲੋੜ ਹੈ।

1. **ਸਰਕਾਰੀ ਪੱਧਰ 'ਤੇ ਕਾਨੂੰਨਾਂ ਦਾ ਸਖ਼ਤ ਪਾਲਣ**: ਰਾਜ ਭਾਸ਼ਾ ਐਕਟ ਨੂੰ ਸਖ਼ਤੀ ਨਾਲ ਲਾਗੂ ਕੀਤਾ ਜਾਵੇ। ਸਾਰੇ ਸਰਕਾਰੀ ਅਤੇ ਪ੍ਰਾਈਵੇਟ ਦਫ਼ਤਰਾਂ, ਸਾਈਨ ਬੋਰਡਾਂ ਅਤੇ ਹੋਰ ਜਨਤਕ ਥਾਵਾਂ 'ਤੇ ਪੰਜਾਬੀ ਦੀ ਵਰਤੋਂ ਲਾਜ਼ਮੀ ਕੀਤੀ ਜਾਵੇ।

2. **ਸਿੱਖਿਆ ਪ੍ਰਣਾਲੀ ਵਿੱਚ ਸੁਧਾਰ**: ਪੰਜਾਬੀ ਨੂੰ ਸਾਰੇ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਵਿੱਚ ਪ੍ਰਾਇਮਰੀ ਪੱਧਰ ਤੋਂ ਲਾਜ਼ਮੀ ਵਿਸ਼ਾ ਬਣਾਇਆ ਜਾਵੇ ਅਤੇ ਇਹ ਯਕੀਨੀ ਬਣਾਇਆ ਜਾਵੇ ਕਿ ਇਸ ਦੀ ਪੜ੍ਹਾਈ ਪਹਿਲੀ ਜਮਾਤ ਤੋਂ ਹੀ ਸ਼ੁਰੂ ਹੋਵੇ।

3. **ਰੁਜ਼ਗਾਰ ਅਤੇ ਵਪਾਰ ਨਾਲ ਜੋੜਨਾ**: ਸਰਕਾਰੀ ਨੌਕਰੀਆਂ ਅਤੇ ਹੋਰ ਖੇਤਰਾਂ ਵਿੱਚ ਪੰਜਾਬੀ ਭਾਸ਼ਾ ਦੇ ਗਿਆਨ ਨੂੰ ਜ਼ਰੂਰੀ ਬਣਾਇਆ ਜਾਵੇ। ਪੰਜਾਬੀ ਭਾਸ਼ਾ ਨੂੰ ਅਨੁਵਾਦ, ਪੱਤਰਕਾਰੀ ਅਤੇ ਸੰਪਾਦਨ ਵਰਗੇ ਕਿੱਤਾਮੁਖੀ ਖੇਤਰਾਂ ਵਿੱਚ ਰੁਜ਼ਗਾਰ ਦੇ ਮੌਕਿਆਂ ਨਾਲ ਜੋੜਿਆ ਜਾਵੇ।

4. **ਤਕਨਾਲੋਜੀ ਦਾ ਸਹਾਰਾ**: ਇੰਟਰਨੈੱਟ ਅਤੇ ਸੋਸ਼ਲ ਮੀਡੀਆ 'ਤੇ ਪੰਜਾਬੀ ਵਿੱਚ ਚੰਗੀ ਅਤੇ ਮਿਆਰੀ ਸਮੱਗਰੀ ਦਾ ਵਿਕਾਸ ਕੀਤਾ ਜਾਵੇ। AI ਅਧਾਰਿਤ ਟੂਲ ਅਤੇ ਸਾਫਟਵੇਅਰ ਬਣਾਉਣ 'ਤੇ ਜ਼ੋਰ ਦਿੱਤਾ ਜਾਵੇ।

5. **ਸਮਾਜਿਕ ਅਤੇ ਘਰੇਲੂ ਪੱਧਰ 'ਤੇ ਜਾਗਰੂਕਤਾ**: ਇਹ ਇੱਕ ਜਨ-ਅੰਦੋਲਨ ਬਣਨਾ ਚਾਹੀਦਾ ਹੈ, ਜਿੱਥੇ ਹਰ ਪੰਜਾਬੀ ਆਪਣੀ ਭਾਸ਼ਾ ਨੂੰ ਬਚਾਉਣ ਲਈ ਜ਼ਿੰਮੇਵਾਰੀ ਮਹਿਸੂਸ ਕਰੇ। ਮਾਪਿਆਂ ਨੂੰ ਆਪਣੇ ਬੱਚਿਆਂ ਨਾਲ ਘਰ ਵਿੱਚ ਪੰਜਾਬੀ ਵਿੱਚ ਗੱਲ ਕਰਨ ਲਈ ਪ੍ਰੇਰਿਤ ਕੀਤਾ ਜਾਵੇ।

**ਪੰਜਾਬੀ ਭਾਸ਼ਾ ਦਾ ਭਵਿੱਖ ਸਾਡੇ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ। ਸਹੀ ਨੀਤੀਆਂ ਅਤੇ ਨਿੱਜੀ ਕੋਸ਼ਿਸ਼ਾਂ ਨਾਲ ਹੀ ਅਸੀਂ ਆਪਣੀ ਭਾਸ਼ਾ ਨੂੰ ਸੁਰੱਖਿਅਤ ਰੱਖ ਸਕਦੇ ਹਾਂ ਅਤੇ ਇਸ ਨੂੰ ਅਗਲੀਆਂ ਪੀੜ੍ਹੀਆਂ ਤੱਕ ਪਹੁੰਚਾ ਸਕਦੇ ਹਾਂ। ਇਹ ਸਿਰਫ਼ ਭਾਸ਼ਾ ਦਾ ਮਸਲਾ ਨਹੀਂ, ਸਗੋਂ ਸਾਡੀ ਪਛਾਣ ਅਤੇ ਵਿਰਾਸਤ ਦੀ ਹੋਂਦ ਦਾ ਵੀ ਸਵਾਲ ਹੈ।**

# ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਜੇ ਮਹਾਨ ਨਗਰ ਮੌਕੇ ਸ਼ਹਿਰ ਤੇਰਾਚੀਨਾ ਨੂੰ ਸਿੱਖ ਸੰਗਤਾਂ ਨੇ ਕੇਸਰੀ ਰੰਗ ਵਿੱਚ ਰੰਗਿਆ



ਰੋਮ (ਇਟਲੀ), 1 ਸਤੰਬਰ (ਗੁਰਸ਼ਰਨ ਸਿੰਘ ਸੋਨੀ): ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਜੀ ਦੇ ਪਹਿਲੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਅੱਜ ਦੁਨੀਆਂ ਭਰ ਵਿੱਚ ਵਿਸ਼ਾਲ ਧਾਰਮਿਕ ਸਮਾਗਮ ਤੇ ਨਗਰ ਕੀਰਤਨ ਸਿੱਖ ਸੰਗਤਾਂ ਵੱਲੋਂ ਬਹੁਤ ਹੀ ਜੋਸ਼ੋ-ਖਰੋਸ਼ ਤੇ ਸ਼ਰਧਾ ਭਾਵਨਾ ਨਾਲ ਜਾ ਰਹੇ ਹਨ। ਜਿਹਨਾਂ ਵਿੱਚ ਸੰਗਤਾਂ ਦੇ ਵਿਸ਼ਾਲ ਇਕੱਠ ਹਾਜ਼ਰੀ ਭਰਦਿਆਂ ਗੁਰੂ ਦੀਆਂ ਖੁਸ਼ੀਆਂ ਪ੍ਰਾਪਤ ਨਤਮਸਤਕ ਹੋ ਰਹੀਆਂ ਹਨ।ਇਸ ਮਹਾਨ ਤੇ ਇਤਿਹਾਸ ਦਿਹਾੜੇ ਨੂੰ ਸਮਰਪਿਤ ਲਾਸੀਓ ਸੂਬੇ ਵਿੱਚ ਸਿੱਖੀ ਦੇ ਪ੍ਰਚਾਰ ਤੇ ਪ੍ਰਸਾਰ ਲਈ ਦਿਨ-ਰਾਤ ਸੇਵਾ ਵਿੱਚ ਜੁੜੇ ਗੁਰਦੁਆਰਾ ਸਾਹਿਬ ਸਿੰਘ ਸਭਾ ਬੋਰਗੋ ਹਰਮਾਦਾ ਤੇਰਾਚੀਨਾ(ਲਾਤੀਨਾ)ਵਿਖੇ ਵਿਸ਼ਾਲ ਚਾਰ ਰੋਜ਼ਾ ਗੁਰਮਤਿ ਸਮਾਗਮ ਕਰਵਾਏ ਗਏ।ਇਸ ਮੌਕੇ ਵਿਸ਼ਾਲ ਨਗਰ ਕੀਰਤਨ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਇਆ ਹੇਠ ਸ਼ਹਿਰ ਤੇਰਾਚੀਨਾ ਵਿਖੇ ਸਜਾਇਆ ਜਾ ਰਿਹਾ ਹੈ, ਜਿਸ ਦੀ ਅਗਵਾਈ ਪੰਜ ਪਿਆਰਿਆਂ ਅਤੇ ਪੰਜ ਨਿਸ਼ਾਨਚੀ ਸਿੰਘਾਂ ਨੇ ਕੀਤੀ। ਬੇਸ਼ੱਕ ਇਸ ਮੌਕੇ ਸਜੇ ਨਗਰ ਕੀਰਤਨ ਦੀ ਦੁਪਿਹਰ ਤਪੀ ਪਈ ਸੀ, ਪਰ ਅਕਾਲ ਪੁਰਖ ਦੀ ਮੌਜ ਅਨੁਸਾਰ ਸੰਗਤਾਂ ਦਾ ਗੁਰੂ ਪ੍ਰਤੀ ਉਤਸ਼ਾਹ ਤੇ ਸ਼ਰਧਾ ਜੈਕਾਰਿਆਂ ਦੇ ਰੂਪ ਪ੍ਰਤੱਖ ਹੋ ਰਹੀ ਸੀ । ਗੁਰੂ ਦੇ ਜੈਕਾਰੇ ਛੱਡਦਾ ਨਗਰ ਕੀਰਤਨ ਤੇਰਾਚੀਨਾ ਸ਼ਹਿਰ ਦੀ ਪ੍ਰਕਰਮਾ ਕਰਦਾ ਹੋਇਆ ਸਮਾਪਤ ਹੋਇਆ ਇਸ ਮੌਕੇ ਸੰਗਤਾਂ ਲਈ ਸੇਵਾਦਾਰਾਂ ਵੱਲੋਂ ਠੰਢੇ-ਮਿੱਠੇ ਜਲ ਦੀਆਂ ਛਬੀਲਾਂ,ਮਿਲਕ ਬਦਾਮ,ਛੋਲੇ,ਸਮੋਸੇ,ਆਇਸ ਕਰੀਮ ਤੇ ਫਲਾਂ ਦੀ ਚਾਟ ਦੇ ਅਤੁੱਟ ਭੰਡਾਰੇ ਵਰਤਾਏ ਗਏ।ਇਸ ਨਗਰ ਕੀਰਤਨ ਮੌਕੇ ਪ੍ਰਸਿੱਧ ਰਾਗੀ,ਢਾਡੀ,ਕੀਰਤਨੀਏ ਤੇ ਕਥਾਵਾਚਕਾਂ ਨੇ ਹਾਜ਼ਰੀ ਕਰਦਿਆਂ ਮਹਾਨ ਸਿੱਖ ਇਤਿਹਾਸ ਸੰਗਤਾਂ ਨੂੰ ਸਰਵਣ ਕਰਵਾਇਆ। ਇਸ ਗੁਰਪੁਰਬ ਮੌਕੇ ਹਜ਼ੂਰੀ ਜੱਥਾ ਭਾਈ ਸਾਹਿਬ ਭਾਈ ਤਰਸੇਮ ਸਿੰਘ ਪਾਤੜਾਂ ਤੇ ਇੰਗਲੈਂਡ ਤੋਂ ਜਾਗੋ ਵਾਲਾ ਕਵੀਸ਼ਰ ਜੱਥੇ ਨੇ ਵਿਸ਼ੇਸ਼ ਹਾਜ਼ਰੀ ਭਰਦਿਆਂ ਆਪਣੀ ਦਮਦਾਰ ਤੇ ਬੁਲੰਦ ਆਵਾਜ਼ ਵਿੱਚ ਗੁਰੂ ਨਾਨਕ ਦੇ ਘਰ ਦੀਆਂ ਸਿਫ਼ਤਾਂ ਕਰਦਿਆਂ ਸੰਗਤਾਂ ਦੀ ਸੁਰਤ ਨੂੰ ਗਗਨਮੰਡਲ ਦੀ ਸੈਰ ਕਰਵਾ ਦਿੱਤੀ। ਹੈੱਡ ਗ੍ਰੰਥੀ ਭਾਈ ਸਤਨਾਮ ਸਿੰਘ ਗੁਰਦੁਆਰਾ ਸਾਹਿਬ ਸਿੰਘ ਸਭਾ ਬੋਰਗੋ ਹਰਮਾਦਾ ਹੁਰਾਂ ਵੀ ਸੰਗਤਾਂ ਨੂੰ ਇਲਾਹੀ ਬਾਣੀ ਦਾ ਰਸ ਭਿੰਨਾ ਕੀਰਤਨ ਸਰਵਣ ਕਰਵਾਇਆ। ਇਸ ਮੌਕੇ 96 ਕਰੋੜੀ ਗੱਤਕਾ ਅਕੈਡਮੀ ਪੁਨਤੀਨੀਆ ਦੇ ਨੰਨੇ ਮੁੰਨੇ ਸਿੰਘਾਂ ਨੇ ਸਿੱਖ ਮਾਰਸ਼ਲ ਆਰਟ ਦੇ ਹੈਰਤਅੰਗੇਜ਼ ਕਰਤਬ ਵੀ ਦਿਖਾਏ ।ਗੁਰਦੁਆਰਾ ਸਾਹਿਬ ਪ੍ਰਬੰਧਕ ਕਮੇਟੀ ਨੇ ਸਾਂਝੇ ਤੌਰ 'ਤੇ ਸਭ ਸੰਗਤਾਂ ਨੂੰ ਗੁਰਪੁਰਬ ਦੀ ਵਧਾਈ ਦਿੰਦਿਆਂ ਕਿਹਾ ਕਿ ਵਿਦੇਸ਼ਾਂ ਵਿੱਚ ਗੁਰੂ ਨੂੰ ਯਾਦ ਕਰਦਿਆਂ ਗੁਰਪੁਰਬ ਮਨਾਉਣੇ ਸਿੱਖੀ ਦੇ ਬੂਟੇ ਨੂੰ ਵਿਦੇਸ਼ਾਂ ਵਿੱਚ ਪ੍ਰਫੁੱਲਤ ਕਰਨ ਲਈ ਅਹਿਮ ਯੋਗਦਾਨ ਹੈ। ਨਗਰ ਕੀਰਤਨ ਵਿੱਚ ਰੋਮ,ਲਾਸੀਓ, ਵਿਲੇਤਰੀ,ਚਿਸਤੇਰਨਾ ਦੀ ਲਾਤੀਨਾ,ਸਬਾਊਦੀਆ,ਸੰਨਵੀਤੋ,ਪੁਨਤੀਨੀਆ,ਫੋਂਦੀ ਆਦਿ ਇਲਾਕਿਆਂ ਤੋਂ ਗੁਰਦੁਆਰਾ ਸਿੰਘ ਸਭਾਵਾਂ ਤੇ ਮੰਦਿਰ ਕਮੇਟੀਆਂ ਤੋਂ ਸੰਗਤਾਂ ਕਾਫ਼ਲਿਆਂ ਦੇ ਰੂਪ ਵਿੱਚ ਸ਼ਮੂਲੀਅਤ ਕਰਨ ਲਈ ਪਹੁੰਚੀਆਂ।ਗੁਰਦੁਆਰਾ ਸਾਹਿਬ ਸਿੰਘ ਸਭਾ ਬੋਰਗੋ ਹਰਮਾਦਾ ਤੇਰਾਚੀਨਾ(ਲਾਤੀਨਾ) ਦੀ ਪ੍ਰਬੰਧਕ ਕਮੇਟੀ ਇਸ ਵਿਸ਼ਾਲ ਨਗਰ ਕੀਰਤਨ ਵਿੱਚ ਸੇਵਾ ਕਰਨ ਵਾਲੇ ਸਮੂਹ ਸੇਵਾਦਾਰਾਂ ਦਾ ,ਪ੍ਰਸ਼ਾਸਨ ਅਧਿਕਾਰੀਆਂ ਦੀ ਗੁਰੂ ਦੀ ਬਖ਼ਸ਼ਿਸ ਸਿਰੋਪਾਓ ਨਾਲ ਵਿਸ਼ੇਸ਼ ਸਨਮਾਨ ਕੀਤਾ ਗਿਆ ।

# ਯੂਕੋ ਬੈਂਕ ਵੱਲੋਂ ਸੁਖਨਾ ਝੀਲ ਵਿਖੇ ਸਾਈਬਰ ਸੁਰੱਖਿਆ ਜਾਗਰੂਕਤਾ ਮੁਹਿੰਮ



ਚੰਡੀਗੜ੍ਹ, 1 ਸਤੰਬਰ (ਅੰਮ੍ਰਿਤਪਾਲ ਸਿੰਘ): ਬੈਂਕਰਜ਼ ਕਲੱਬ, ਚੰਡੀਗੜ੍ਹ ਨੇ 31 ਅਗਸਤ ਦੀ ਸਵੇਰ ਨੂੰ ਸੁਖਨਾ ਝੀਲ ਵਿਖੇ ਇੱਕ ਸਾਈਬਰ ਸੁਰੱਖਿਆ ਜਾਗਰੂਕਤਾ ਵਾਕਾਥੌਨ ਦਾ ਆਯੋਜਨ ਕੀਤਾ। ਇਹ ਵਾਕਾਥੌਨ ਨਾਗਰਿਕਾਂ ਨੂੰ ਸਾਈਬਰ ਸੁਰੱਖਿਆ, ਡਿਜੀਟਲ ਅਨੁਸ਼ਾਸਨ ਅਤੇ ਸੁਰੱਖਿਅਤ ਔਨਲਾਈਨ ਵਿਵਹਾਰ ਦੀ ਮਹੱਤਤਾ ਤੋਂ ਜਾਣੂੰ ਕਰਵਾਉਣ ਲਈ ਆਯੋਜਿਤ ਕੀਤਾ ਗਿਆ ਸੀ।ਭਾਰਤੀ ਰਿਜ਼ਰਵ ਬੈਂਕ ਦੇ ਡਿਪਟੀ ਗਵਰਨਰ, ਸ਼੍ਰੀ ਐਮ. ਰਾਜੇਸ਼ਵਰ ਰਾਓ ਅਤੇ ਖੇਤਰੀ ਨਿਰਦੇਸ਼ਕ, ਦੇ ਨਾਲ-ਨਾਲ ਯੂਕੋ ਬੈਂਕ ਦੇ ਜ਼ੋਨਲ ਮੁਖੀ, ਸ਼੍ਰੀਮਤੀ ਮਿਲਾਨ ਦੂਬੇ ਅਤੇ ਹੋਰ ਸਟਾਫ ਮੈਂਬਰ ਇਸ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਮੌਜੂਦ ਸਨ। ਬੈਂਕਰਜ਼ ਕਲੱਬ ਦੇ ਸਕੱਤਰ, ਸ਼੍ਰੀ ਲਲਿਤ ਤਨੇਜਾ ਅਤੇ ਹੋਰ ਬੈਂਕਾਂ ਦੇ ਸੀਨੀਅਰ ਅਧਿਕਾਰੀ ਅਤੇ ਸਟਾਫ ਨੇ ਵੀ ਵਾਕਾਥੌਨ ਵਿੱਚ ਹਿੱਸਾ ਲਿਆ। ਇਸ ਮੌਕੇ 'ਤੇ ਬੋਲਦੇ ਹੋਏ, ਬੈਂਕਰਜ਼ ਕਲੱਬ ਦੇ ਪ੍ਰਧਾਨ ਅਤੇ ਭਾਰਤੀ ਰਿਜ਼ਰਵ ਬੈਂਕ ਦੇ ਖੇਤਰੀ ਨਿਰਦੇਸ਼ਕ, ਸ਼੍ਰੀ ਵਿਵੇਕ ਸ਼੍ਰੀਵਾਸਤਵ ਨੇ ਕਿਹਾ ਕਿ ਅੱਜ ਦੇ ਡਿਜੀਟਲ ਯੁੱਗ ਵਿੱਚ, ਸਾਈਬਰ ਸੁਰੱਖਿਆ ਜਾਗਰੂਕਤਾ ਸਿਹਤ ਜਿੰਨੀ ਹੀ ਮਹੱਤਵਪੂਰਨ ਹੈ। ਯੂਕੋ ਬੈਂਕ ਦੇ ਸਟਾਫ ਨੇ ਸੁਖਨਾ ਝੀਲ 'ਤੇ ਸਵੇਰ ਦੀ ਸੈਰ ਲਈ ਆਏ ਲੋਕਾਂ ਨੂੰ ਸਾਈਬਰ ਜਾਗਰੂਕਤਾ ਪੈਂਫਲੇਟ ਵੰਡੇ ਅਤੇ ਉਨ੍ਹਾਂ ਨੂੰ ਔਨਲਾਈਨ ਲੈਣ-ਦੇਣ ਕਰਦੇ ਸਮੇਂ ਵਰਤੀਆਂ ਜਾਣ ਵਾਲੀਆਂ ਸਾਵਧਾਨੀਆਂ ਬਾਰੇ ਦੱਸਿਆ। ਜ਼ੋਨਲ ਹੈੱਡ, ਯੂਕੋ ਬੈਂਕ ਮਿਲਾਨ ਦੂਬੇ ਨੇ ਕਿਹਾ ਕਿ ਅਸੀਂ ਸਾਰੇ ਸਾਈਬਰ ਜਾਗਰੂਕਤਾ ਲਈ ਬੈਂਕਰਜ਼ ਕਲੱਬ ਦੀ ਇਸ ਪਹਿਲਕਦਮੀ ਨੂੰ ਸਫਲ ਬਣਾਉਣ ਅਤੇ ਸੁਰੱਖਿਅਤ ਡਿਜੀਟਲ ਭਵਿੱਖ ਲਈ ਸਮੂਹਿਕ ਯਤਨਾਂ ਨੂੰ ਉਤਸ਼ਾਹਿਤ ਕਰਨ ਲਈ ਵਚਨਬੱਧ ਹਾਂ। ਰਾਸ਼ਟਰੀ ਖੇਡ ਦਿਵਸ ਦੇ ਮੌਕੇ 'ਤੇ ਸਾਈਕਲਿੰਗ, 100 ਮੀਟਰ ਦੌੜ ਅਤੇ ਹੋਰ ਮੁਕਾਬਲੇ ਵੀ ਕਰਵਾਏ ਗਏ।

# ਡੀਬੀਯੂ ਦੇ ਚਾਂਸਲਰ ਡਾ. ਜ਼ੋਰਾ ਸਿੰਘ ਅਤੇ ਪ੍ਰੈਜ਼ੀਡੈਂਟ ਡਾ. ਸੰਦੀਪ ਸਿੰਘ ਨੂੰ ਸਿੱਖਿਆ ਵਿੱਚ ਮਿਸਾਲੀ ਯੋਗਦਾਨ ਲਈ ਕੇਂਦਰੀ ਕੈਬਨਿਟ ਮੰਤਰੀ ਵੱਲੋਂ ਸਨਮਾਨਿਤ



ਮੰਡੀ ਗੋਬਿੰਦਗੜ੍ਹ, 1 ਸਤੰਬਰ (ਅੰਮ੍ਰਿਤਪਾਲ ਸਿੰਘ): ਦੇਸ਼ ਭਗਤ ਯੂਨੀਵਰਸਿਟੀ (ਡੀ.ਬੀ.ਯੂ.), ਵੱਲੋਂ ਹਰਿਆਣਾ ਸਰਕਾਰ ਦੇ ਸਹਿਯੋਗ ਨਾਲ, ਕਰਨਾਲ ਦੇ ਡਾ. ਮੰਗਲ ਸੈਨ ਆਡੀਟੋਰੀਅਮ ਵਿੱਚ 75ਵਾਂ ਮੈਗਾ ਨੌਕਰੀ ਮੇਲਾ ਸਫਲਤਾਪੂਰਵਕ ਲਗਾਇਆ ਗਿਆ। ਇਸ ਵਿੱਚ ਕੇਂਦਰੀ ਬਿਜਲੀ, ਰਿਹਾਇਸ਼ ਅਤੇ ਸ਼ਹਿਰੀ ਮਾਮਲਿਆਂ ਦੇ ਮੰਤਰੀ ਸ੍ਰੀ ਮਨੋਹਰ ਲਾਲ ਖੱਟਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨੇ ਦੇਸ਼ ਭਗਤ ਯੂਨੀਵਰਸਿਟੀ ਦੀ ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ ਅਤੇ ਨੌਜਵਾਨਾਂ ਲਈ ਅਰਥਪੂਰਨ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਅਤੇ ਇੱਕ ਮਜ਼ਬੂਤ ਉਦਯੋਗ-ਅਕਾਦਮਿਕ ਭਾਈਵਾਲੀ ਨੂੰ ਉਤਸ਼ਾਹਿਤ ਕਰਨ ਵਿੱਚ ਇਸਦੀ ਮਹੱਤਤਾ 'ਤੇ ਜ਼ੋਰ ਦਿੱਤਾ।ਇਸ ਮੌਕੇ ਡਾ. ਜ਼ੋਰਾ ਸਿੰਘ, ਚਾਂਸਲਰ, ਅਤੇ ਡਾ. ਸੰਦੀਪ ਸਿੰਘ, ਦੇਸ਼ ਭਗਤ ਯੂਨੀਵਰਸਿਟੀ ਦੇ ਪ੍ਰੈਜ਼ੀਡੈਂਟ, ਵਿਸ਼ੇਸ਼ ਮਹਿਮਾਨਾਂ ਵਜੋਂ ਮੌਜੂਦ ਸਨ। ਦੋਵਾਂ ਨੇ ਪ੍ਰਭਾਵਸ਼ਾਲੀ, ਕਰੀਅਰ-ਅਧਾਰਿਤ ਪਲੇਟਫਾਰਮ ਪ੍ਰਦਾਨ ਕਰਕੇ ਵਿਦਿਆਰਥੀਆਂ ਅਤੇ ਨੌਕਰੀ ਲੱਭਣ ਵਾਲਿਆਂ ਨੂੰ ਸਸ਼ਕਤ ਬਣਾਉਣ ਲਈ ਯੂਨੀਵਰਸਿਟੀ ਦੀ ਵਚਨਬੱਧਤਾ ਨੂੰ ਦੁਹਰਾਇਆ। ਸਮਾਰੋਹ ਦੌਰਾਨ ਹਰਿਆਣਾ ਦੇ ਕੇਂਦਰੀ ਮੰਤਰੀ ਨੇ ਡਾ. ਜ਼ੋਰਾ ਸਿੰਘ ਅਤੇ ਡਾ. ਸੰਦੀਪ ਸਿੰਘ ਨੂੰ ਸਿੱਖਿਆ ਦੇ ਖੇਤਰ ਵਿੱਚ ਉਨ੍ਹਾਂ ਦੇ ਮਹੱਤਵਪੂਰਨ ਯੋਗਦਾਨ ਲਈ ਸਨਮਾਨਿਤ ਕੀਤਾ।ਇਸ ਮੌਕੇ ਡਾ. ਜ਼ੋਰਾ ਸਿੰਘ ਨੇ ਕਿਹਾ ਕਿ ਇਹ ਹਰਿਆਣਾ ਸਰਕਾਰ ਦੇ ਸਹਿਯੋਗ ਨਾਲ ਹਰਿਆਣਾ ਵਿੱਚ ਲਗਾਇਆ ਗਿਆ ਇਹ ਪਹਿਲਾ ਨੌਕਰੀ ਮੇਲਾ ਹੈ। ਇਸ ਤੋਂ ਪਹਿਲਾਂ ਪੰਜਾਬ, ਜੰਮੂ-ਕਸ਼ਮੀਰ ਅਤੇ ਹਿਮਾਚਲ ਪ੍ਰਦੇਸ਼ ਵਿੱਚ 74 ਸਫਲ ਨੌਕਰੀ ਮੇਲੇ ਲਗਾਏ ਜਾ ਚੁੱਕੇ ਹਨ। ਉਨ੍ਹਾਂ ਨੇ ਨੌਜਵਾਨਾਂ ਨੂੰ ਨੌਕਰੀ ਲੱਭਣ ਵਾਲਿਆਂ ਦੀ ਬਜਾਏ ਨੌਕਰੀ ਪੈਦਾ ਕਰਨ ਵਾਲਿਆਂ ਵਿੱਚ ਬਦਲਣ ਦੇ ਮਿਸ਼ਨ 'ਤੇ ਜ਼ੋਰ ਦਿੱਤਾ। ਉਨ੍ਹਾਂ ਅੱਗੇ ਦੱਸਿਆ ਕਿ ਚਾਰ ਜ਼ਿਲ੍ਹਿਆਂ ਦੇ ਨੌਜਵਾਨਾਂ ਨੇ ਨੌਕਰੀ ਮੇਲੇ ਵਿੱਚ ਹਿੱਸਾ ਲਿਆ ਅਤੇ ਨੇੜਲੇ ਭਵਿੱਖ ਵਿੱਚ ਹਰਿਆਣਾ ਦੇ ਹੋਰ ਜ਼ਿਲ੍ਹਿਆਂ ਵਿੱਚ ਵੀ ਇਸੇ ਤਰ੍ਹਾਂ ਦੇ ਨੌਕਰੀ ਮੇਲੇ ਲਗਾਉਣ ਦਾ ਐਲਾਨ ਕੀਤਾ।

# ਚੰਡੀਗੜ੍ਹ ਦੇ ਡੀ.ਸੀ. ਵੱਲੋਂ ਸੁਖਨਾ ਝੀਲ ਦੇ ਗੇਟਾਂ ਦਾ ਮੁਆਇਨਾ

ਚੰਡੀਗੜ੍ਹ, 1 ਸਤੰਬਰ (ਅੰਮ੍ਰਿਤਪਾਲ ਸਿੰਘ): ਹਾਲ ਹੀ ਵਿੱਚ ਹੋਈ ਭਾਰੀ ਬਾਰਿਸ਼ ਦੇ ਮੱਦੇਨਜ਼ਰ, ਚੰਡੀਗੜ੍ਹ ਦੇ ਡਿਪਟੀ ਕਮਿਸ਼ਨਰ, ਸ਼੍ਰੀ ਨਿਸ਼ਾਂਤ ਕੁਮਾਰ ਯਾਦਵ, ਸੀਨੀਅਰ ਪੁਲਿਸ ਸੁਪਰਡੈਂਟ ਅਤੇ ਸਬ ਡਿਵੀਜ਼ਨਲ ਮੈਜਿਸਟ੍ਰੇਟ (ਪੂਰਬੀ) ਨੇ ਅੱਜ ਸੁਖਨਾ ਝੀਲ ਅਤੇ ਸ਼ਹਿਰ ਦੇ ਹੋਰ ਬਾਰਿਸ਼ ਪ੍ਰਭਾਵਿਤ ਖੇਤਰਾਂ ਦੇ ਰੈਗੂਲੇਟਰੀ ਹੈੱਡ ਦਾ ਵਿਆਪਕ ਨਿਰੀਖਣ ਕੀਤਾ। ਨਿਰੀਖਣ ਦਾ ਉਦੇਸ਼ ਝੀਲ ਦੇ ਗੇਟਾਂ ਤੋਂ ਮੀਂਹ ਦੇ ਪਾਣੀ ਦੇ ਨਿਕਾਸ ਦੀ ਸਥਿਤੀ ਦੀ ਸਮੀਖਿਆ ਕਰਨਾ, ਨੁਕਸਾਨ ਦਾ ਮੁਲਾਂਕਣ ਕਰਨਾ, ਨਾਗਰਿਕਾਂ ਨਾਲ ਗੱਲਬਾਤ ਕਰਨਾ ਅਤੇ ਵੱਖ-ਵੱਖ ਵਿਭਾਗਾਂ ਦੁਆਰਾ ਕੀਤੀ ਗਈ ਤਿਆਰੀ ਦਾ ਮੁਲਾਂਕਣ ਕਰਨਾ ਸੀ।ਨਿਰੀਖਣ ਦੌਰਾਨ, ਅਧਿਕਾਰੀਆਂ ਨੇ ਪਾਣੀ ਭਰਨ ਦੀ ਸਥਿਤੀ, ਜਨਤਕ ਬੁਨਿਆਦੀ ਢਾਂਚੇ ਨੂੰ ਹੋਏ ਨੁਕਸਾਨ ਅਤੇ ਕਮਜ਼ੋਰ ਥਾਵਾਂ ਦਾ ਜਾਇਜ਼ਾ ਲਿਆ ਜੋ ਹੋਰ ਭਾਰੀ ਬਾਰਿਸ਼ ਦੀ ਸਥਿਤੀ ਵਿੱਚ ਜੋਖਮ ਪੈਦਾ ਕਰ ਸਕਦੇ ਹਨ। ਸਬੰਧਤ ਵਿਭਾਗਾਂ ਨੂੰ ਡਰੇਨਾਂ ਦੀ ਤੁਰੰਤ ਸਫਾਈ, ਐਮਰਜੈਂਸੀ ਰਿਸਪਾਂਸ ਟੀਮਾਂ ਦੀ ਉਪਲਬਧਤਾ ਅਤੇ ਰਾਹਤ ਕਾਰਜਾਂ ਲਈ ਮਸ਼ੀਨਰੀ ਦੀ ਢੁੱਕਵੀਂ ਤਾਇਨਾਤੀ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ ਸਨ।ਡਿਪਟੀ ਕਮਿਸ਼ਨਰ ਨੇ ਇੰਜੀਨੀਅਰਿੰਗ ਵਿਭਾਗਾਂ, ਸਿਹਤ ਸੇਵਾਵਾਂ, ਪੁਲਿਸ ਅਤੇ ਆਫ਼ਤ ਪ੍ਰਬੰਧਨ ਅਧਿਕਾਰੀਆਂ ਵਿਚਕਾਰ ਤਾਲਮੇਲ 'ਤੇ ਵਿਸ਼ੇਸ਼ ਜ਼ੋਰ ਦਿੱਤਾ ਤਾਂ ਜੋ ਸਮੇਂ ਸਿਰ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਜਵਾਬ ਦਿੱਤਾ ਜਾ ਸਕੇ। ਉਨ੍ਹਾਂ ਨੇ ਭਾਈਚਾਰਕ ਭਾਗੀਦਾਰੀ ਦੀ ਮਹੱਤਤਾ 'ਤੇ ਵੀ ਜ਼ੋਰ ਦਿੱਤਾ ਅਤੇ ਨਾਗਰਿਕਾਂ ਨੂੰ ਚੌਕਸ ਰਹਿਣ ਅਤੇ ਕਿਸੇ ਵੀ ਐਮਰਜੈਂਸੀ ਦੀ ਤੁਰੰਤ ਰਿਪੋਰਟ ਕਰਨ ਦੀ ਅਪੀਲ ਕੀਤੀ। ਸੀਨੀਅਰ ਪੁਲਿਸ ਸੁਪਰਡੈਂਟ ਨੇ ਪਾਣੀ ਭਰੇ ਇਲਾਕਿਆਂ ਵਿੱਚ ਟ੍ਰੈਫਿਕ ਪ੍ਰਬੰਧਨ ਅਤੇ ਸੁਰੱਖਿਆ ਉਪਾਵਾਂ ਬਾਰੇ ਜਾਣਕਾਰੀ ਦਿੱਤੀ ਅਤੇ ਭਰੋਸਾ ਦਿੱਤਾ ਕਿ ਪੁਲਿਸ ਟੀਮਾਂ ਸੰਵੇਦਨਸ਼ੀਲ ਖੇਤਰਾਂ ਵਿੱਚ ਨਾਗਰਿਕਾਂ ਦੀ ਸਰਗਰਮੀ ਨਾਲ ਸਹਾਇਤਾ ਕਰ ਰਹੀਆਂ ਹਨ। ਇਸ ਦੇ ਨਾਲ ਹੀ, ਉਪ-ਮੰਡਲ ਮੈਜਿਸਟਰੇਟ (ਪੂਰਬੀ) ਨੇ ਉਪ-ਮੰਡਲ ਦੇ ਅੰਦਰ ਮਹੱਤਵਪੂਰਨ ਬਿੰਦੂਆਂ ਦੀ ਰਾਹਤ, ਬਹਾਲੀ ਅਤੇ ਨਿਗਰਾਨੀ ਨਾਲ ਸਬੰਧਤ ਪ੍ਰਬੰਧਾਂ ਦੀ ਸਮੀਖਿਆ ਕੀਤੀ।ਜੋਖਮ ਨੂੰ ਘਟਾਉਣ ਲਈ ਜ਼ਰੂਰੀ ਸਾਵਧਾਨੀ ਉਪਾਅ ਕੀਤੇ ਜਾ ਰਹੇ ਹਨ, ਨਾਲ ਹੀ ਚੰਡੀਗੜ੍ਹ ਦੀ ਆਫ਼ਤ ਪ੍ਰਬੰਧਨ ਸਮਰੱਥਾ ਨੂੰ ਹੋਰ ਮਜ਼ਬੂਤ ਕਰਨ ਲਈ ਲੰਬੇ ਸਮੇਂ ਦੀਆਂ ਰਣਨੀਤੀਆਂ ਤਿਆਰ ਕੀਤੀਆਂ ਜਾ ਰਹੀਆਂ ਹਨ।ਨਿਰੀਖਣ ਤੋਂ ਬਾਅਦ, ਡਿਪਟੀ ਕਮਿਸ਼ਨਰ ਸ਼੍ਰੀ ਨਿਸ਼ਾਂਤ ਕੁਮਾਰ ਯਾਦਵ ਨੇ ਕਿਹਾ, ਹਰੇਕ ਨਾਗਰਿਕ ਦੀ ਸੁਰੱਖਿਆ ਅਤੇ ਤੰਦਰੁਸਤੀ ਸਾਡੀ ਸਭ ਤੋਂ ਵੱਡੀ ਤਰਜੀਹ ਹੈ। ਪ੍ਰਸ਼ਾਸਨ ਸਮੇਂ ਸਿਰ ਸਹਾਇਤਾ, ਬਿਹਤਰ ਤਿਆਰੀ ਅਤੇ ਵਧੇਰੇ ਸ਼ਕਤੀਸ਼ਾਲੀ ਚੰਡੀਗੜ੍ਹ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

# ਭਾਰਤ ਨੂੰ ਅਮਰੀਕੀ ਟੈਰਿਫ਼ਾਂ ਅੱਗੇ ਝੁਕਣ ਦੀ ਲੋੜ ਨਹੀਂ: ਮਨੋਹਰ ਲਾਲ ਖੱਟਰ




ਮੋਹਾਲੀ, 1 ਸਤੰਬਰ (ਅੰਮ੍ਰਿਤਪਾਲ ਸਿੰਘ): ਕੇਂਦਰੀ ਬਿਜਲੀ, ਰਿਹਾਇਸ਼ ਅਤੇ ਸ਼ਹਿਰੀ ਮਾਮਲਿਆਂ ਦੇ ਮੰਤਰੀ, ਮਨੋਹਰ ਲਾਲ ਖੱਟਰ ਨੇ ਚੰਡੀਗੜ੍ਹ ਯੂਨੀਵਰਸਿਟੀ ਦੁਆਰਾ ਭਾਰਤ ਦੇ ਸਭ ਤੋਂ ਵੱਡੇ ਜੌਬ ਨੈੱਟਵਰਕਿੰਗ ਪਲੇਟਫਾਰਮ ਅਪਨਾ ਅਤੇ ਭਾਰਤੀ ਸ਼ੁਰੂਆਤੀ ਪੜਾਅ ਦੀ ਨਿਵੇਸ਼ ਫਰਮ ਵੈਂਚਰ ਕੈਟਾਲਿਸਟਸ (ਵੀਕੈਟਸ) ਦੇ ਸਹਿਯੋਗ ਨਾਲ ਆਯੋਜਿਤ 'ਕੈਂਪਸ ਟੈਂਕ ਪੰਜਾਬ' ਦੀ ਸ਼ੁਰੂਆਤ ਕੀਤੀ। ਇਸਦਾ ਉਦੇਸ਼ 30 ਸਾਲ ਤੋਂ ਘੱਟ ਉਮਰ ਦੇ ਨੌਜਵਾਨ ਨਵੀਨਤਾਕਾਰਾਂ ਨੂੰ ਉਨ੍ਹਾਂ ਦੇ ਸਟਾਰਟਅੱਪ ਲਈ ਬੀਜ ਫੰਡਿੰਗ ਅਤੇ ਨਿਵੇਸ਼ ਪ੍ਰਾਪਤ ਕਰਨ ਲਈ ਇੱਕ-ਸਟਾਪ ਹੱਲ ਪ੍ਰਦਾਨ ਕਰਕੇ ਭਾਰਤ ਦੇ ਸਟਾਰਟਅੱਪ ਈਕੋਸਿਸਟਮ ਨੂੰ ਮਜ਼ਬੂਤ ਕਰਨਾ ਹੈ, ਜਿਸ ਨਾਲ ਉਨ੍ਹਾਂ ਦੇ ਸਟਾਰਟਅੱਪ ਵਿਚਾਰਾਂ ਨੂੰ ਸਫਲ ਸਟਾਰਟਅੱਪ ਵਿੱਚ ਬਦਲਣ ਲਈ 6 ਮਿਲੀਅਨ ਅਮਰੀਕੀ ਡਾਲਰ ਦੀ ਫੰਡਿੰਗ ਪ੍ਰਾਪਤ ਕਰਨ ਦਾ ਮੌਕਾ ਮਿਲੇਗਾ।ਇਸ ਲਾਂਚ ਵਿੱਚ ਉਦਯੋਗ ਦੇ ਦਿੱਗਜ, ਪ੍ਰਸਿੱਧ ਉੱਦਮੀ, ਉੱਦਮੀ ਪੂੰਜੀਪਤੀ, ਪ੍ਰਸਿੱਧ ਸਿੱਖਿਆ ਸ਼ਾਸਤਰੀ, ਪ੍ਰਮੁੱਖ ਅਕਾਦਮਿਕ ਸੰਸਥਾਵਾਂ ਦੇ ਉੱਭਰ ਰਹੇ ਸਟਾਰਟਅੱਪ ਸੰਸਥਾਪਕਾਂ ਅਤੇ ਖੇਤਰੀ ਇਨਕਿਊਬੇਟਰਾਂ ਨੇ ਸ਼ਿਰਕਤ ਕੀਤੀ।ਉਦਘਾਟਨੀ ਸਮਾਰੋਹ ਵਿੱਚ ਬੋਲਦਿਆਂ, ਕੇਂਦਰੀ ਮੰਤਰੀ ਮਨੋਹਰ ਲਾਲ ਖੱਟਰ ਨੇ ਕਿਹਾ, ÷ਕੈਂਪਸ ਟੈਂਕ ਨਾ ਸਿਰਫ਼ ਭਾਰਤ ਵਿੱਚ ਸਗੋਂ ਦੁਨੀਆ ਵਿੱਚ ਵੀ ਇੱਕ ਵੱਡੀ ਪ੍ਰਾਪਤੀ ਹੈ ਕਿਉਂਕਿ ਨੌਜਵਾਨਾਂ ਨੂੰ ਸਹਾਇਤਾ ਦੀ ਘਾਟ ਕਾਰਨ ਆਪਣੇ ਕਾਰੋਬਾਰੀ ਉੱਦਮ ਸ਼ੁਰੂ ਕਰਨ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਕਿਉਂਕਿ ਸਾਡੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਇਸ ਸਮੱਸਿਆ ਨੂੰ ਸਮਝਿਆ ਅਤੇ ਆਪਣੀ ਪੜ੍ਹਾਈ ਪੂਰੀ ਕਰ ਚੁੱਕੇ ਨੌਜਵਾਨਾਂ ਲਈ ਮੁਦਰਾ ਯੋਜਨਾ ਵਰਗੀਆਂ ਯੋਜਨਾਵਾਂ ਸ਼ੁਰੂ ਕਰਕੇ ਉੱਦਮਤਾ ਨੂੰ ਉਤਸ਼ਾਹਿਤ ਕੀਤਾ। ਅੱਜ, ਨੌਜਵਾਨਾਂ ਨੂੰ ਆਪਣਾ ਉੱਦਮ ਸ਼ੁਰੂ ਕਰਨ ਲਈ ਬਹੁਤ ਸਾਰੀਆਂ ਸਹੂਲਤਾਂ ਉਪਲਬਧ ਹਨਉਨ੍ਹਾਂ ਕਿਹਾ, ਹਰ ਦੇਸ਼ ਨੂੰ ਹਮੇਸ਼ਾ ਕੁਝ ਚੁਣੌਤੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ, ਜਿਵੇਂ ਕਿ ਸਾਨੂੰ (ਅਮਰੀਕਾ ਦੁਆਰਾ) ਟੈਰਿਫ ਦੀ ਧਮਕੀ ਦਿੱਤੀ ਗਈ ਹੈ ਪਰ ਸਾਨੂੰ ਝੁਕਣਾ ਨਹੀਂ ਚਾਹੀਦਾ। ਪਿਛਲੇ 10 ਸਾਲਾਂ ਵਿੱਚ, ਅਜਿਹਾ ਮਾਹੌਲ ਬਣਾਇਆ ਗਿਆ ਹੈ ਕਿ ਭਾਰਤ ਨੂੰ ਅੱਗੇ ਵਧਣ ਤੋਂ ਕੋਈ ਨਹੀਂ ਰੋਕ ਸਕਦਾ।ਸਤਨਾਮ ਸਿੰਘ ਸੰਧੂ, ਸੰਸਦ ਮੈਂਬਰ (ਰਾਜ ਸਭਾ) ਅਤੇ ਚੰਡੀਗੜ੍ਹ ਯੂਨੀਵਰਸਿਟੀ ਦੇ ਚਾਂਸਲਰ ਨੇ ਆਪਣੇ ਸੰਬੋਧਨ ਵਿੱਚ ਕਿਹਾ, ਆਪਣੇ ਸੰਬੋਧਨ ਵਿੱਚ, ਸਤਨਾਮ ਸਿੰਘ ਸੰਧੂ, ਸੰਸਦ ਮੈਂਬਰ (ਰਾਜ ਸਭਾ) ਅਤੇ ਚੰਡੀਗੜ੍ਹ ਯੂਨੀਵਰਸਿਟੀ ਦੇ ਚਾਂਸਲਰ ਨੇ ਕਿਹਾ, ਪ੍ਰਧਾਨ ਮੰਤਰੀ ਮੋਦੀ ਜੀ ਦਾ ਦੇਸ਼ ਨੂੰ ਇੱਕ ਵਿਕਸਤ ਰਾਸ਼ਟਰ ਬਣਾਉਣ ਦਾ ਦ੍ਰਿਸ਼ਟੀਕੋਣ ਸੀ ਅਤੇ ਉਨ੍ਹਾਂ ਨੇ ਸਟਾਰਟਅੱਪ ਇੰਡੀਆ ਵਰਗੀਆਂ ਪਹਿਲਕਦਮੀਆਂ ਸ਼ੁਰੂ ਕੀਤੀਆਂ।

# ਸੁਖਬੀਰ ਸਿੰਘ ਬਾਦਲ ਨੇ 'ਲਹਿੰਦੇ' ਤੇ 'ਚੜ੍ਹਦੇ' ਪੰਜਾਬ ਦੇ ਲੋਕਾਂ ਦੀਆਂ ਮੁਸੀਬਤਾਂ ਦੇ ਖ਼ਾਤਮੇ ਲਈ ਸੰਗਤ ਨਾਲ ਰਲ ਕੇ ਕੀਤੀ ਅਰਦਾਸ



ਕਰਤਾਰਪੁਰ ਸਾਹਿਬ ਲਾਂਘਾ (ਗੁਰਦਾਸਪੁਰ), 1 ਸਤੰਬਰ (ਚ.ਨ.ਸ.) : ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਅੱਜ ਸੰਗਤਾਂ ਨਾਲ ਰਲ ਕੇ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਕਿ 'ਲਹਿੰਦੇ' ਅਤੇ 'ਚੜ੍ਹਦੇ' ਪੰਜਾਬ ਦੇ ਲੋਕ ਦੀਆਂ ਮੁਸ਼ਕਿਲਾਂ ਖ਼ਤਮ ਹੋਣ ਜੋ ਕਿ ਭਾਰੀ ਹੜ੍ਹਾਂ ਦੀ ਮਾਰ ਹੇਠ ਹਨ ਤੇ ਹੜ੍ਹਾਂ ਕਾਰਨ ਹਜ਼ਾਰਾਂ-ਲੱਖਾਂ ਲੋਕ ਪ੍ਰਭਾਵਤ ਹੋਏ ਹਨ। ਇਹ ਅਰਦਾਸ ਜੋ ਕਰਤਾਰਪੁਰ ਸਾਹਿਬ ਲਾਂਘੇ ਦੇ ਪ੍ਰਵੇਸ਼ ਦੁਆਰ 'ਤੇ ਕੀਤੀ ਗਈ, ਵਿਚ ਅਕਾਲ ਪੁਰਖ ਅੱਗੇ ਇਹ ਵੀ ਬੇਨਤੀ ਜੋਧੜੀ ਕੀਤੀ ਗਈ ਕਿ ਭਾਰੀ ਮੀਂਹ ਰੋਕ ਜਾਣ ਜਿਸ ਨਾਲ ਸਰਹੱਦ ਦੇ ਦੋਵੇਂ ਪਾਸੇ ਲੱਖਾਂ ਏਕੜ ਜ਼ਮੀਨ ਪਾਣੀ ਦੀ ਮਾਰ ਹੇਠ ਆਈ ਹੋਈ ਹੈ। ਉਹਨਾਂ ਨੇ ਅਕਾਲ ਪੁਰਖ ਅੱਗੇ ਇਹ ਵੀ ਅਰਦਾਸ ਕੀਤੀ ਕਿ ਉਹ ਪੰਜਾਬ ਦੇ ਲੋਕਾਂ ਦੇ ਜਾਨ ਮਾਲ ਦੀ ਰਾਖੀ ਦੀ ਵੀ ਬਖਸ਼ਿਸ਼ ਕਰਨ। ਇਸ 'ਅਰਦਾਸ' ਵਿਚ ਹੜ੍ਹ ਮਾਰੇ ਪਿੰਡਾਂ ਦੇ ਸੈਂਕੜੇ ਲੋਕ ਅਤੇ ਅਕਾਲੀ ਆਗੂ ਤੇ ਵਰਕਰ ਵੀ ਸ਼ਾਮਲ ਹੋਏ। ਸਰਦਾਰ ਬਾਦਲ ਨੇ ਪਾਕਿਸਤਾਨ ਸਰਕਾਰ ਦਾ ਧੰਨਵਾਦ ਵੀ ਕੀਤਾ, ਜਿਸਨੇ ਪਹਿਲ ਦੇ ਆਧਾਰ 'ਤੇ ਗੁਰਦੁਆਰਾ ਕਰਤਾਰਪੁਰ ਸਾਹਿਬ ਦੀ ਸਫਾਈ ਕਰਵਾਈ ਜੋ ਕਿ ਹੜ੍ਹਾਂ ਦੇ ਪਾਣੀ ਵਿਚ ਘਿਰ ਗਿਆ ਸੀ। ਉਹਨਾਂ ਨੇ ਇਹ ਵੀ ਅਪੀਲ ਕੀਤੀ ਕਿ ਕਰਤਾਰਪੁਰ ਸਾਹਿਬ ਲਾਂਘਾ ਖੋਲ੍ਹਿਆ ਜਾਵੇ ਤਾਂ ਜੋ ਪੰਜਾਬ ਤੇ ਹੋਰ ਭਾਗਾਂ ਤੋਂ ਸੰਗਤਾਂ ਇਤਿਹਾਸਕ ਗੁਰਦੁਆਰਾ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰ ਸਕਣ ਅਤੇ ਗੁਰੂ ਘਰ ਦੀ ਸਫਾਈ ਦੀ ਸੇਵਾ ਵਿਚ ਭਾਗ ਲੈ ਸਕਣ। ਅਕਾਲੀ ਦਲ ਦੇ ਪ੍ਰਧਾਨ ਜੋ ਗੁਰਦਾਸਪੁਰ, ਡੇਰਾ ਬਾਬਾ ਨਾਨਕ ਤੇ ਸ੍ਰੀ ਹਰਿਗੋਬਿੰਦਪੁਰ ਦੇ ਹੜ੍ਹ ਮਾਰੇ ਇਲਾਕਿਆਂ ਦੇ ਦੌਰੇ ਦੌਰਾਨ ਲਾਂਘੇ ਵਿਖੇ ਪਹੁੰਚੇ, ਨੇ ਕਿਹਾ ਕਿ ਹੜ੍ਹਾਂ ਕਾਰਨ ਲੋਕ ਵੱਡੀਆਂ ਮੁਸ਼ਕਿਲਾਂ ਵਿਚ ਹਨ ਕਿਉਂਕਿ ਆਮ ਆਦਮੀ ਪਾਰਟੀ (ਆਪ) ਸਰਕਾਰ ਸਮੇਂ ਸਿਰ ਹੜ੍ਹ ਰੋਕੂ ਕਦਮ ਚੁੱਕਣ ਵਿਚ ਨਾਕਾਮ ਰਹੀ ਹੈ ਅਤੇ ਇਸ ਕਾਰਨ ਲੱਖਾਂ ਲੋਕ ਹੜ੍ਹਾਂ ਦੇ ਪਾਣੀ ਵਿਚ ਘਿਰ ਗਏ ਹਨ। ਉਹਨਾਂ ਨੇ ਇਹ ਵੀ ਕਿਹਾ ਕਿ ਹਾਲਾਤ ਅਜਿਹੇ ਹਨ ਕਿ ਆਪ ਸਰਕਾਰ ਮਾਧੋਪੁਰ ਬੰਨ (ਬੈਰਜ) ਦੀ ਮਜ਼ਬੂਤੀ ਵਾਸਤੇ ਪੈਸੇ ਜਾਰੀ ਕਰਨ ਵਿਚ ਨਾਕਾਮ ਰਹੀ ਜਿਸ ਕਾਰਨ ਉਸਦੇ ਗੇਟ ਟੁੱਟ ਗਏ ਤੇ ਹੜ੍ਹਾਂ ਦੀ ਮਾਰ ਵੱਧ ਗਈ।

## ਕ੍ਰਿਤੀ ਸੈਨਨ ਯੂ. ਐਨ. ਐਫ. ਪੀ ਏ ਭਾਰਤ ਦੀ ਲਿੰਗ ਸਮਾਨਤਾ ਲਈ ਨਵੀਂ ਆਨਰੇਰੀ ਅੰਬੈਸਡਰ ਨਿਯੁਕਤ

ਮੁੰਬਈ, 1 ਸਤੰਬਰ (ਅੰਮ੍ਰਿਤਪਾਲ ਸਿੰਘ): ਸੰਯੁਕਤ ਰਾਸ਼ਟਰ ਆਬਾਦੀ ਫੰਡ (ਯੂ ਐਨ ਐਫ ਪੀ ਏ) ਭਾਰਤ ਨੇ ਅੱਜ ਪ੍ਰਸਿੱਧ ਅਦਾਕਾਰਾ, ਨਿਰਮਾਤਾ ਅਤੇ ਉੱਦਮੀ ਕ੍ਰਿਤੀ ਸੈਨਨ ਨੂੰ ਲਿੰਗ ਸਮਾਨਤਾ ਲਈ ਆਪਣੀ ਆਨਰੇਰੀ ਅੰਬੈਸਡਰ ਵਜੋਂ ਨਿਯੁਕਤ ਕਰਨ ਦਾ ਐਲਾਨ ਕੀਤਾ। ਇਹ ਐਲਾਨ ਮੁੰਬਈ ਵਿੱਚ ਇੱਕ ਸਮਾਗਮ ਵਿੱਚ ਕੀਤਾ ਗਿਆ, ਜਿਸ ਵਿੱਚ ਲਿੰਗ ਸਮਾਨਤਾ ਨੂੰ ਅੱਗੇ ਵਧਾਉਣ ਅਤੇ ਭਾਰਤ ਭਰ ਵਿੱਚ ਔਰਤਾਂ ਅਤੇ ਕੁੜੀਆਂ ਨੂੰ ਸਸ਼ਕਤ ਬਣਾਉਣ ਲਈ ਉਨ੍ਹਾਂ ਦੀ ਸਾਂਝੀ ਵਚਨਬੱਧਤਾ ਨੂੰ ਉਜਾਗਰ ਕੀਤਾ ਗਿਆ। ਆਪਣੀ ਨਵੀਂ ਭੂਮਿਕਾ ਵਿੱਚ, ਸ਼੍ਰੀਮਤੀ ਸੈਨਨ ਔਰਤਾਂ ਅਤੇ ਕੁੜੀਆਂ ਦੇ ਅਧਿਕਾਰਾਂ ਅਤੇ ਭਲਾਈ ਦੀ ਵਕਾਲਤ ਕਰੇਗੀ, ਸਸ਼ਕਤੀਕਰਨ, ਸਿੱਖਿਆ, ਲਿੰਗ-ਅਧਾਰਤ ਹਿੰਸਾ ਨੂੰ ਖਤਮ ਕਰਨ ਅਤੇ ਸਾਰਿਆਂ ਲਈ ਬਰਾਬਰ ਮੌਕੇ ਯਕੀਨੀ ਬਣਾਉਣ ਵਰਗੇ ਮਹੱਤਵਪੂਰਨ ਮੁੱਦਿਆਂ ਨੂੰ ਹੱਲ ਕਰਨ ਲਈ ਆਪਣਾ ਸਮਰਥਨ ਦੇਵੇਗੀ।ਸਮਾਗਮ ਤੋਂ ਪਹਿਲਾਂ, ਸ਼੍ਰੀਮਤੀ ਸੈਨਨ ਚਾਰ ਦਲੇਰ ਨੌਜਵਾਨ ਲਿੰਗ ਸਮਾਨਤਾ ਪਰਿਵਰਤਨਕਾਰਾਂ ਨਾਲ ਜੁੜ ਗਈ ਜੋ ਸਮਾਨਤਾ ਵਿੱਚ ਰੁਕਾਵਟਾਂ - ਜਿਵੇਂ ਕਿ ਬਾਲ ਵਿਆਹ, ਪੁੱਤਰ ਦੀ ਪਸੰਦ, ਅਤੇ ਔਰਤਾਂ ਅਤੇ ਕੁੜੀਆਂ ਵਿਰੁੱਧ ਹਿੰਸਾ ਨੂੰ ਦੂਰ ਕਰਨ ਲਈ ਆਪਣੀ ਆਵਾਜ਼ ਦੇਣ ਦਾ ਵਾਅਦਾ ਕਰਦੀ ਹੈ।

# ਬੈਂਕਰਜ਼ ਕਲੱਬ, ਚੰਡੀਗੜ੍ਹ ਨੇ ਸਾਈਬਰ ਸੁਰੱਖਿਆ ਜਾਗਰੂਕਤਾ 'ਤੇ ਵਾਕਥੌਨ ਦਾ ਸਫ਼ਲਤਾਪੂਰਵਕ ਕਰਵਾ ?




ਚੰਡੀਗੜ੍ਹ, 1 ਸਤੰਬਰ (ਅੰਮ੍ਰਿਤਪਾਲ ਸਿੰਘ): ਬੈਂਕਰਜ਼ ਕਲੱਬ, ਚੰਡੀਗੜ੍ਹ ਨੇ 31 ਅਗਸਤ, 2025 ਨੂੰ ਸੁਖਨਾ ਝੀਲ 'ਤੇ ਸਾਈਬਰ ਸੁਰੱਖਿਆ ਜਾਗਰੂਕਤਾ 'ਤੇ ਇੱਕ ਵਾਕਥੌਨ ਦਾ ਆਯੋਜਨ ਕੀਤਾ। ਵਾਕਥੌਨ ਨੂੰ ਭਾਰਤੀ ਰਿਜ਼ਰਵ ਬੈਂਕ ਦੇ ਡਿਪਟੀ ਗਵਰਨਰ ਸ਼੍ਰੀ ਐਮ. ਰਾਜੇਸ਼ਵਰ ਰਾਓ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਸ ਸਮਾਗਮ ਵਿੱਚ ਖੇਤਰ ਦੇ ਬੈਂਕਰਾਂ ਨੇ ਉਤਸ਼ਾਹ ਨਾਲ ਸ਼ਿਰਕਤ ਕੀਤੀ ਅਤੇ ਸੁਰੱਖਿਅਤ ਬੈਂਕਿੰਗ ਅਤੇ ਜ਼ਿੰਮੇਵਾਰ ਡਿਜੀਟਲ ਅਭਿਆਸਾਂ ਬਾਰੇ ਜਾਗਰੂਕਤਾ ਫੈਲਾਉਣ ਲਈ ਇਕੱਠੇ ਹੋਏ।

ਆਪਣੇ ਸੰਬੋਧਨ ਵਿੱਚ, ਡਿਪਟੀ ਗਵਰਨਰ ਰਾਜੇਸ਼ਵਰ ਰਾਓ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਡਿਜੀਟਲ ਪਲੇਟਫਾਰਮਾਂ ਸਮੇਤ ਬੈਂਕਿੰਗ ਸੇਵਾਵਾਂ ਜਨਤਾ ਦੀ ਸੁਵਿਧਾ ਲਈ ਤਿਆਰ ਕੀਤੀਆਂ ਗਈਆਂ ਹਨ ਅਤੇ ਇਨ੍ਹਾਂ ਦੀ ਵਰਤੋਂ ਜ਼ਿੰਮੇਵਾਰੀ ਅਤੇ ਸਾਵਧਾਨੀ ਨਾਲ ਕੀਤੀ ਜਾਣੀ ਚਾਹੀਦੀ ਹੈ। ਉਨ੍ਹਾਂ ਨੇ ਕਿਹਾ ਕਿ ਆਰਬੀਆਈ ਦੀਆਂ ਔਨਲਾਈਨ ਮੁਹਿੰਮਾਂ ਦੇ ਨਾਲ-ਨਾਲ ਇਸ ਤਰ੍ਹਾਂ ਦੀਆਂ ਭੌਤਿਕ ਪਹਿਲਕਦਮੀਆਂ ਜਾਗਰੂਕਤਾ ਫੈਲਾਉਣ ਵਿੱਚ ਬਹੁਤ ਪ੍ਰਭਾਵਸ਼ਾਲੀ ਹਨ। ਉਨ੍ਹਾਂ ਨੇ ਅੱਗੇ ਦੱਸਿਆ ਕਿ ਆਰਬੀਆਈ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਜੇਕਰ ਗ੍ਰਾਹਕ ਦੀ ਕੋਈ ਗਲਤੀ ਨਹੀਂ ਹੈ ਅਤੇ ਉਹ ਧੋਖਾਧੜੀ ਦੀ ਤੁਰੰਤ ਰਿਪੋਰਟ ਕਰਦਾ ਹੈ, ਤਾਂ ਉਸਦੇ ਪੈਸੇ ਤੁਰੰਤ ਵਾਪਸ ਕੀਤੇ ਜਾ ਸਕਦੇ ਹਨ-ਪਰ ਚੌਕਸੀ ਅਤੇ ਸਮੇਂ ਸਿਰ ਰਿਪੋਰਟਿੰਗ ਜ਼ਰੂਰੀ ਹੈ। ਸ਼੍ਰੀ ਰਾਓ ਨੇ ਅੱਗੇ ਕਿਹਾ ਕਿ ਭਾਵੇਂ ਨਕਲੀ ਕਰੰਸੀ ਦਾ ਪ੍ਰਚਲਨ ਘੱਟ ਹੈ, ਜਨਤਾ ਨੂੰ ਨੋਟਾਂ ਦੀ ਪੁਸ਼ਟੀ ਕਰਨ ਲਈ ਦੇਖੋ, ਛੂਹੋ ਅਤੇ ਮਹਿਸੂਸ ਕਰੋ ਵਿਧੀ ਦੀ ਵਰਤੋਂ ਕਰਦੇ ਰਹਿਣਾ ਚਾਹੀਦਾ ਹੈ। ਡਿਜੀਟਲ ਭੁਗਤਾਨਾਂ ਦੇ ਵਧ ਰਹੇ ਰੁਝਾਨ ਦੇ ਨਾਲ, ਨਕਦੀ 'ਤੇ ਨਿਰਭਰਤਾ ਘੱਟ ਰਹੀ ਹੈ, ਜਿਸ ਨਾਲ ਸੁਰੱਖਿਅਤ ਅਤੇ ਵਧੇਰੇ ਸੁਰੱਖਿਅਤ ਲੈਣ-ਦੇਣ ਯਕੀਨੀ ਹੋ ਰਿਹਾ ਹੈ। ਉਨ੍ਹਾਂ ਨੇ ਬੈਂਕਿੰਗ ਭਾਈਚਾਰੇ ਨੂੰ ਅਜਿਹੀਆਂ ਆਊਟਰੀਚ ਮੁਹਿੰਮਾਂ ਰਾਹੀਂ ਸਾਈਬਰ ਸੁਰੱਖਿਆ ਪ੍ਰਤੀ ਉਨ੍ਹਾਂ ਦੀ ਵਚਨਬੱਧਤਾ ਲਈ ਵਧਾਈ ਦਿੱਤੀ।

ਵਾਕਥੌਨ ਵਿੱਚ ਸ਼ਾਮਲ ਲੋਕਾਂ ਨੇ ਪਲੇਕਾਰਡ ਅਤੇ ਨਾਅਰਿਆਂ ਰਾਹੀਂ ਸਾਈਬਰ ਸੁਰੱਖਿਆ, ਡਿਜੀਟਲ ਸਵੱਛਤਾ ਅਤੇ ਜ਼ਿੰਮੇਵਾਰ ਡਿਜੀਟਲ ਅਭਿਆਸਾਂ 'ਤੇ ਜ਼ੋਰ ਦਿੱਤਾ। ਇਸ ਪਹਿਲ ਦਾ ਉਦੇਸ਼ ਅੱਜ ਦੇ ਡਿਜੀਟਲ ਯੁੱਗ ਵਿੱਚ ਸੁਰੱਖਿਅਤ ਬੈਂਕਿੰਗ ਅਭਿਆਸਾਂ ਬਾਰੇ ਜਨਤਕ ਜਾਗਰੂਕਤਾ ਨੂੰ ਮਜ਼ਬੂਤ ਕਰਨਾ ਸੀ। ਇਸ ਸਮਾਗਮ ਵਿੱਚ ਭਾਰਤੀ ਰਿਜ਼ਰਵ ਬੈਂਕ ਦੇ ਕਾਰਜਕਾਰੀ ਨਿਰਦੇਸ਼ਕਾਂ ਦੇ ਨਾਲ-ਨਾਲ ਨਿਵੇਦਿਤਾ ਤਿਵਾੜੀ, ਮੁੱਖ ਜਨਰਲ ਮੈਨੇਜਰ, ਨਾਬਾਰਡ (ਹਰਿਆਣਾ); ਸ਼੍ਰੀ ਵਿਨੋਦ ਕੁਮਾਰ ਆਰੀਆ, ਮੁੱਖ ਜਨਰਲ ਮੈਨੇਜਰ, ਨਾਬਾਰਡ (ਪੰਜਾਬ)ਕ੍ਰਿਸ਼ਨ ਸ਼ਰਮਾ, ਮੁੱਖ ਜਨਰਲ ਮੈਨੇਜਰ, ਸਟੇਟ ਬੈਂਕ ਆਫ਼ ਇੰਡੀਆ ਲਲਿਤ ਤਨੇਜਾ, ਜਨਰਲ ਮੈਨੇਜਰ, ਪੰਜਾਬ ਨੈਸ਼ਨਲ ਬੈਂਕ; ਅਤੇ ਕਈ ਹੋਰ ਸੰਸਥਾਵਾਂ ਦੇ ਖੇਤਰੀ ਪ੍ਰਬੰਧਕ ਸ਼ਾਮਲ ਹੋਏ। ਇਸ ਪਹਿਲਕਦਮੀ ਨਾਲ, ਬੈਂਕਰਜ਼ ਕਲੱਬ, ਚੰਡੀਗੜ੍ਹ ਨੇ ਪਹਿਲੀ ਵਾਰ ਇੱਕ ਜਨਤਕ ਸਮਾਗਮ ਵਜੋਂ ਆਪਣੀ ਸ਼ੁਰੂਆਤ ਕੀਤੀ ਹੈ। ਅਜਿਹੇ ਮਹੱਤਵਪੂਰਨ ਮੁੱਦੇ 'ਤੇ ਸੀਨੀਅਰ ਬੈਂਕਰਾਂ ਦੀ ਸਮੂਹਿਕ ਮੌਜੂਦਗੀ ਸਾਈਬਰ ਖਤਰਿਆਂ ਦਾ ਮੁਕਾਬਲਾ ਕਰਨ ਲਈ ਉਨ੍ਹਾਂ ਦੇ ਸਾਂਝੇ ਸੰਕਲਪ ਨੂੰ ਦਰਸਾਉਂਦੀ ਹੈ ਅਤੇ ਸੁਰੱਖਿਅਤ ਬੈਂਕਿੰਗ ਨੂੰ ਉਤਸ਼ਾਹਿਤ ਕਰਨ ਵਿੱਚ ਗ੍ਰਾਹਕਾਂ ਨਾਲ ਉਨ੍ਹਾਂ ਦੀ ਏਕਤਾ ਦੀ ਪੁਸ਼ਟੀ ਕਰਦੀ ਹੈ।

**ਬੈਂਕ ਆਫ ਬੜੌਦਾ**
**Bank of Baroda**

ਖੁਸਰੋਪੁਰ ਸ਼ਾਖਾ : ਪਿੰਡ ਖੁਸਰੋਪੁਰ, ਮੈਕਡੋਨਲਡ, ਜਮਸ਼ੇਰ ਰੋਡ, ਜਲੰਧਰ, ਪੰਜਾਬ-144024
E-MAIL: vjkhus@bankofbaroda.co.in

**ਸੰਕੇਤਕ ਕਬਜ਼ਾ ਸੂਚਨਾ (ਅਚੱਲ ਸੰਪੱਤੀ ਦੇ ਲਈ)**

ਜਿਥੇ ਕਿ, ਨਿਮਨ ਹਸਤਾਖ਼ਰੀ ਨੇ **ਬੈਂਕ ਆਫ ਬੜੌਦਾ, ਖੁਸਰੋਪੁਰ ਜਲੰਧਰ ਸ਼ਾਖਾ** ਦੇ ਅਧਿਕਾਰਤ ਅਧਿਕਾਰੀ ਵਜੋਂ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ (ਦੂਜਾ) ਕਾਨੂੰਨ, 2002 ਦੇ ਅਧੀਨ ਅਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 3 ਨਾਲ ਪੜ੍ਹੀ ਜਾਣ ਵਾਲੀ ਧਾਰਾ 13 (2) ਅਧੀਨ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਦਰਸਾਈ ਸੂਚਨਾ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਸੂਚਨਾ ਵਿਚ ਦਰਸਾਈ ਰਕਮ ਨੂੰ ਅਦਾ ਕਰਨ ਦੇ ਲਈ ਨਿਮਨਲਿਖਤ ਕਰਜ਼ਦਾਰ (ਾਂ) ਨੂੰ ਸੱਦਾ ਦਿੰਦੇ ਹੋਏ ਨਿਮਨ ਦਰਸਾਈ ਮਿਤੀਆਂ ਨੂੰ **ਮੰਗ ਸੂਚਨਾ** ਜਾਰੀ ਕੀਤੀਆਂ ਸਨ।

ਕਰਜ਼ਦਾਰ (ਾਂ) ਰਕਮ ਅਦਾ ਕਰਨ ਵਿਚ ਅਸਫ਼ਲ ਰਹੇ ਹਨ, ਇਸ ਲਈ ਇਥੇ ਕਰਜ਼ਦਾਰ (ਾਂ) ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਇਸ ਦੁਆਰਾ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨ ਹਸਤਾਖ਼ਰੀ ਨੇ ਹਰੇਕ ਖਾਤੇ ਅਧੀਨ ਦਰਸਾਈਆਂ ਮਿਤੀਆਂ ਨੂੰ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8 ਨਾਲ ਪੜ੍ਹੇ ਜਾਣ ਵਾਲੇ ਕਾਨੂੰਨ ਦੀ ਧਾਰਾ 13 ਦੀ ਉਪ-ਧਾਰਾ (4) ਅਧੀਨ ਉਨ੍ਹਾਂ ਨੂੰ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਨਿਮਨ ਦਰਸਾਈ ਸੰਪੱਤੀ ਦਾ **ਸੰਕੇਤਕ ਕਬਜ਼ਾ** ਲੈ ਲਿਆ ਹੈ।

ਕਰਜ਼ਦਾਰ (ਾਂ)/ਜ਼ਾਮਨ (ਾਂ)/ਗਿਰਵੀਕਾਰ (ਾਂ) ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਇਥੇ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਸੰਪੱਤੀ ਦੀ ਸੌਦੇਬਾਜ਼ੀ ਨਾ ਕੀਤੀ ਜਾਵੇ ਅਤੇ ਕੋਈ ਵੀ ਸੌਦੇਬਾਜ਼ੀ ਉਨ੍ਹਾਂ ਦੇ ਨਾਵਾਂ ਅਧੀਨ ਦਰਸਾਈ ਰਕਮ ਅਤੇ ਵਿਆਜ ਦੇ ਲਈ **ਬੈਂਕ ਆਫ ਬੜੌਦਾ** ਦੇ ਚਾਰਜ ਨਾਲ ਸੰਬੰਧਤ ਹੋਵੇਗੀ।

***ਕਰਜ਼ਦਾਰ ਦਾ ਧਿਆਨ ਸੁਰੱਖਿਅਤ ਸੰਪੱਤੀਆਂ ਦੀ ਪੁਨਰ ਪ੍ਰਾਪਤੀ ਲਈ ਉਪਲਬਧ ਸਮੇਂ ਦੇ ਸਬੰਧ ਵਿੱਚ ਕਾਨੂੰਨ ਦੀ ਧਾਰਾ 13 ਦੀ ਉਪ ਧਾਰਾ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।***

| ਖਾਤਾ ਅਤੇ ਕਰਜ਼ਦਾਰ /ਗਿਰਵੀਕਾਰ ਦਾ ਨਾਮ | ਚੱਲ ਸੰਪੱਤੀ/ਆਂ ਦੇ ਵੇਰਵੇ | ਮੰਗ ਸੂਚਨਾ ਦੀ ਮਿਤੀ | ਕਬਜ਼ੇ ਦੀ ਮਿਤੀ | ਮੰਗ ਸੂਚਨਾ ਅਨੁਸਾਰ ਰਕਮ |
|---|---|---|---|---|
| **ਕਰਜ਼ਦਾਰ (ਾਂ) :- ਸ੍ਰੀਮਤੀ ਇੰਦਰਪ੍ਰੀਤ ਕੌਰ** ਸੁਪਤਨੀ ਲਵਦੀਪ ਖੰਨਾ ਅਤੇ **ਸ੍ਰੀ ਲਵਦੀਪ ਖੰਨਾ** ਸਪੁੱਤਰ ਦਲੀਪ ਕੁਮਾਰ ਖੰਨਾ। | ਸਬ ਰਜਿਸਟਰ ਜਲੰਧਰ ਕੋਲ ਵਿਕਰੀ ਡੀਡ ਨੰਬਰ 4736 ਮਿਤੀ 26.09.2017 ਦੇ ਅਧੀਨ ਸ੍ਰੀਮਤੀ ਇੰਦਰਪ੍ਰੀਤ ਕੌਰ ਸੁਪਤਨੀ ਲਵਦੀਪ ਖੰਨਾ ਦੇ ਨਾਮ 'ਤੇ ਸਾਲ 2013-14 ਦੇ ਲਈ ਫਰਦ ਜਮ੍ਹਾਂਬੰਦੀ ਅਨੁਸਾਰ ਖੇਵਟ/ਖਤੌਨੀ ਨੰਬਰ 22/24 ਖਸਰਾ ਨੰ. 12//5, 12//6, 13//1 ਮਿਨ, 13//9 ਮਿਨ, 13//10 ਮਿਨ, 27//3; ਖੇਵਟ/ਖਤੌਨੀ ਨੰਬਰ 23/25 ਖਸਰਾ ਨੰ. 13//1 ਮਿਨ; ਖੇਵਟ/ਖਤੌਨੀ ਨੰਬਰ 23/26 ਖਸਰਾ ਨੰ. 13//1 ਮਿਨ; ਖੇਵਟ/ਖਤੌਨੀ ਨੰਬਰ 23/27 ਖਸਰਾ ਨੰ. 13//9 ਮਿਨ; ਖੇਵਟ/ਖਤੌਨੀ ਨੰਬਰ 23/28 ਖਸਰਾ ਨੰ. 13//1 ਮਿਨ, ਖੇਵਟ/ਖਤੌਨੀ ਨੰ. 23/29 ਖਸਰਾ ਨੰ. 13//10 ਮਿਨ, ਹੱਦਬਸਤ ਨੰ. 433 ਵਿਚ ਸ਼ਾਮਲ ਕਾਸ਼ੀ ਨਗਰ, ਨੇੜੇ ਗੀਤਾ ਕਲੋਨੀ, ਪਿੰਡ ਕੋਟ ਸਾਦਿਕ, ਤਹਿਸੀਲ ਅਤੇ ਜ਼ਿਲ੍ਹਾ ਜਲੰਧਰ ਵਿਖੇ ਸਥਿਤ 01 ਮਰਲਾ 155.5 ਵਰਗ ਫੁੱਟ ਮਾਪ ਵਾਲੀ ਰਿਹਾਇਸ਼ੀ ਸੰਪੱਤੀ ਮਕਾਨ ਨੰਬਰ 11 ਦੀ ਨਿਆਂਸੰਗਤ ਗਿਰਵੀ ਅਤੇ ਹੱਦਬੰਦੀ :- ਪੂਰਬ : ਕੋਠੀ ਨੰ. 12, ਪੱਛਮ : ਗਲੀ 20', ਉਤਰ : ਹੋਰਨਾਂ ਦੀ ਸੰਪੱਤੀ ਅਤੇ ਦੱਖਣ : ਸੜਕ। | 28.03.2025 | 28.08.2025 | **Rs. 9,48,757.98** ਜਮ੍ਹਾਂ ਠੇਕਾ ਦਰ 'ਤੇ ਅਗਲੇਰਾ ਵਿਆਜ ਜਮ੍ਹਾਂ ਭੁਗਤਾਨ ਦੀ ਮਿਤੀ ਤੱਕ ਲਾਗਤਾਂ, ਫੀਸਾਂ ਅਤੇ ਕਾਨੂੰਨੀ ਖਰਚੇ। |

ਮਿਤੀ : 01.09.2025 ਸਥਾਨ : ਜਲੰਧਰ ਅਧਿਕਾਰਤ ਅਧਿਕਾਰੀ

## ਸੰਤ ਬਾਬਾ ਬਲਜਿੰਦਰ ਸਿੰਘ ਜੀ ਰਾੜਾ ਸਾਹਿਬ ਵਾਲਿਆਂ ਦੇ ਸ਼ਰਧਾਂਜਲੀ ਸਮਾਗਮ 'ਤੇ ਵਿਸ਼ੇਸ਼

# ਸ੍ਰੀਮਾਨ ਸੰਤ ਬਾਬਾ ਬਲਜਿੰਦਰ ਸਿੰਘ ਜੀ

## ਰਾੜਾ ਸਾਹਿਬ ਵਾਲੇ

## ਮਿਤੀ 25 ਅਗਸਤ, 2025 ਨੂੰ

**ਅਕਾਲ ਪੁਰਖ ਵਾਹਿਗੁਰੂ ਦੇ ਹੁਕਮ ਅਨੁਸਾਰ ਸੱਚਖੰਡ ਪਿਆਨਾ ਕਰ ਗਏ ਸਨ।**

**ਉਨ੍ਹਾਂ ਨਮਿਤ ਰੱਖੇ ਸ੍ਰੀ ਸਹਿਜ ਪਾਠ ਦੇ ਭੋਗ**

## ਮਿਤੀ 3 ਸਤੰਬਰ, 2025 ਨੂੰ

## ਸਵੇਰੇ 11:30 ਵਜੇ

## ਗੁਰਦੁਆਰਾ ਕਰਮਸਰ ਰਾੜਾ ਸਾਹਿਬ ਵਿਖੇ ਪਾਏ ਜਾਣਗੇ

**ਉਪਰੰਤ ਬਾਅਦ ਦੁਪਹਿਰ 3 ਵਜੇ ਤੱਕ ਸ਼ਰਧਾਂਜਲੀ ਸਮਾਗਮ ਹੋਵੇਗਾ।**
**ਆਪ ਸਭ ਸੰਗਤ ਨੇ ਸਮੇਂ ਸਿਰ ਪਹੁੰਚਣ ਦੀ ਕਿਰਪਾਲਤਾ ਕਰਨੀ ਜੀ।**



ਸੰਤ ਬਾਬਾ ਬਲਜਿੰਦਰ ਸਿੰਘ ਜੀ ਰਾੜਾ ਸਾਹਿਬ

ਸਾਰਾ ਜੀਵਨ ਸਿੱਖ ਧਰਮ ਦੇ ਪ੍ਰਚਾਰ ਪ੍ਰਸਾਰ ਵਿੱਚ ਲਾਉਣ ਵਾਲੇ ਸੰਤ ਬਾਬਾ ਬਲਜਿੰਦਰ ਸਿੰਘ ਜੀ ਦਾ ਜਨਮ ਪਿੰਡ ਮਕਸੂਦੜਾ ਜ਼ਿਲ੍ਹਾ ਲੁਧਿਆਣਾ ਵਿਖੇ ਪਿਤਾ ਸ. ਉਜਾਗਰ ਸਿੰਘ ਦੇ ਘਰ ਮਾਤਾ ਗੁਰਦੇਵ ਕੌਰ ਦੀ ਕੁੱਖੋਂ 15 ਜੁਲਾਈ 1962 ਈ. ਨੂੰ ਹੋਇਆ।

ਮਹਾਂਪੁਰਖਾਂ ਦੇ ਪਰਿਵਾਰ ਵਿੱਚ ਉਹਨਾਂ ਦੇ ਦੋ ਭਰਾ ਭਾਈ ਗੁਰਦੀਪ ਸਿੰਘ (ਅਮਰੀਕਾ) ਅਤੇ ਭਾਈ ਗੋਬਿੰਦਰ ਸਿੰਘ, ਭੈਣ ਬੀਬੀ ਜਸਵਿੰਦਰ ਕੌਰ (ਅਮਰੀਕਾ), ਬੀਬੀ ਸਤਵਿੰਦਰ ਕੌਰ ਅਤੇ ਹਰਵਿੰਦਰ ਕੌਰ (ਅਮਰੀਕਾ) ਹਨ।

ਸੰਤ ਬਾਬਾ ਬਲਜਿੰਦਰ ਸਿੰਘ ਜੀ ਨੇ ਬਚਪਨ ਦਾ ਸਮਾਂ ਆਪਣੇ ਪਿੰਡ ਮਕਸੂਦੜਾ ਵਿਖੇ ਬਿਤਾਇਆ। ਫਿਰ ਸਕੂਲ ਪੜ੍ਹਨੇ ਪਾ ਦਿੱਤੇ। ਅੱਠਵੀ ਤੱਕ ਦੀ ਪੜ੍ਹਾਈ ਆਪਣੇ ਪਿੰਡ ਦੇ ਸਕੂਲ ਵਿੱਚ ਕੀਤੀ ਅਤੇ ਦਸਵੀਂ ਜਮਾਤ ਘੁਡਾਣੀ ਕਲਾਂ ਦੇ ਸਰਕਾਰੀ ਸਕੂਲ ਵਿੱਚੋਂ ਪਾਸ ਕੀਤੀ। ਇਸ ਦੌਰਾਨ ਗੁਰਦੁਆਰਾ ਰਾੜਾ ਸਾਹਿਬ ਵਿਖੇ ਆ ਕੇ ਉਹ ਆਪਣੇ ਮਾਤਾ ਪਿਤਾ ਸਮੇਤ ਛੋਟੇ ਤੇ ਵੱਡੇ ਦੋਵੇਂ ਮਹਾਰਾਜ ਜੀ ਦੇ ਦਰਸ਼ਨ ਕਰਦੇ, ਸਤ-ਪੁਰਖਾਂ ਦੇ ਮੁਖਾਰਬਿੰਦ ਤੋਂ ਅਮੋਲਕ ਬਚਨ ਸੁਣਦੇ, ਦੀਵਾਨ ਸ੍ਰਵਣ ਕਰਦੇ ਅਤੇ ਹੱਥੀਂ ਸੰਗਤ ਦੀ ਸੇਵਾ ਵੀ ਕਰਦੇ।

ਬਚਪਨ ਤੋਂ ਹੀ ਪੂਰਨ-ਸੰਤਾਂ ਦੀ ਸੰਗਤ ਹੋ ਜਾਣ ਕਰ ਕੇ ਮਨ ਵਿਚ ਬੈਰਾਗ ਪੈਦਾ ਹੁੰਦਾ ਰਿਹਾ। ਜਦੋਂ ਦਸਵੀਂ ਜਮਾਤ ਪਾਸ ਕਰ ਲਈ ਤਾਂ ਛੋਟੇ ਸੰਤ ਮਹਾਰਾਜ ਜੀ ਨੂੰ ਚਰਨਾਂ 'ਚ ਰਹਿ ਕੇ ਸੇਵਾ ਕਰਨ ਲਈ ਬੇਨਤੀ ਕੀਤੀ। ਸੰਤ ਮਹਾਂਪੁਰਸ਼ਾਂ ਨੇ ਅੱਗੋਂ ਜਵਾਬ ਦਿੱਤਾ, "ਪਹਿਲਾਂ ਬੀ. ਏ. ਪਾਸ ਕਰ ਲੈ। ਬਾਅਦ ਵਿੱਚ ਤੇਰੀ ਮਰਜ਼ੀ, ਜਿਵੇਂ ਠੀਕ ਲੱਗੇ ਕਰ ਲਵੀਂ", ਆਪ ਜੀ ਨੇ ਸਰਕਾਰੀ ਕਾਲਜ ਕਰਮਸਰ ਰਾੜਾ ਸਾਹਿਬ ਤੋਂ ਬੀ. ਏ. ਪਾਸ ਕਰ ਕੇ ਸਰਕਾਰੀ ਕਾਲਜ ਲੁਧਿਆਣਾ ਵਿੱਚ ਇਕਨਾਮਿਕਸ ਦੀ ਐਮ. ਏ. ਸ਼ੁਰੂ ਕੀਤੀ ਪਰ ਇੱਕ ਸਾਲ ਪਿੱਛੋਂ ਹੀ 1984 ਈ. ਵਿਚ ਰਾੜਾ ਸਾਹਿਬ ਸੰਤ ਮਹਾਰਾਜ ਜੀ ਦੇ ਚਰਨਾਂ ਵਿੱਚ ਆ ਹਾਜ਼ਰ ਹੋਏ।

ਮਹਾਂਪੁਰਖਾਂ ਦੇ ਬਚਨ ਮੰਨ ਕੇ ਹਜ਼ੂਰੀ ਕੀਰਤਨੀ ਜੱਥੇ 'ਚ ਸ਼ਾਮਲ ਹੋ ਗਏ। ਨਾਲ ਹੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੰਥਿਆ, ਗੁਰੂ ਪ੍ਰਤਾਪ ਸੂਰਜ ਗ੍ਰੰਥ, ਨਾਨਕ ਪ੍ਰਕਾਸ਼ ਦੀ ਧਾਰਮਿਕ ਵਿੱਦਿਆ ਗਿਆਨੀ ਮੋਹਨ ਸਿੰਘ ਜੀ ਆਜ਼ਾਦ ਤੋਂ ਪ੍ਰਾਪਤ ਕੀਤੀ। 1986 ਨੂੰ ਜੱਥੇਦਾਰ ਸੰਤ ਬਾਬਾ ਮਹਿੰਦਰ ਸਿੰਘ ਜੀ ਨਾਲ ਲੰਡਨ ਵੀ ਹੋ ਆਏ ਸਨ।

ਜਦੋਂ ਜੱਥੇਦਾਰ ਬਾਬਾ ਮਹਿੰਦਰ ਸਿੰਘ ਜੀ ਸਿਹਤ ਢਿੱਲੀ ਹੋ ਜਾਣ ਕਰਕੇ ਕੀਰਤਨ ਦੀ ਸੇਵਾ ਕਰਨ ਤੋਂ ਅਸਮਰਥ ਹੋ ਗਏ ਤਾਂ ਦੀਵਾਨ ਸਜਾਉਣ ਅਤੇ ਅੰਮ੍ਰਿਤ ਸੰਚਾਰ ਦੀ ਸੇਵਾ 1987 ਤੋਂ ਆਪ ਨੂੰ ਸੰਭਾਲ ਦਿੱਤੀ ਗਈ। ਆਪ ਪਿੰਡਾਂ ਸ਼ਹਿਰਾਂ, ਦੇਸ਼ਾਂ ਵਿਦੇਸ਼ਾਂ ਵਿੱਚ ਜਾ ਕੇ ਗੁਰਬਾਣੀ ਦੇ ਇਲਾਹੀ ਕੀਰਤਨ ਵਖਿਆਨ ਦੁਆਰਾ ਸੰਗਤਾਂ ਨੂੰ ਸ਼ਬਦ ਗੁਰੂ ਨਾਲ ਜੋੜਦੇ ਰਹੇ।

ਆਪ ਨੇ ਕਈ ਸਾਲਾਂ ਦੀ ਮਿਹਨਤ ਦੇ ਸਦਕਾ ਗੁਰਬਾਣੀ, ਗੁਰਮਤਿ ਅਤੇ ਸਿੱਖ-ਇਤਿਹਾਸ ਨਾਲ ਸੰਬੰਧਿਤ ਸਮੱਗਰੀ ਇੰਟਰਨੈੱਟ ਤੇ ਸੰਗਤਾਂ ਲਈ ਉਪਲੱਬਧ ਕਰਵਾਉਣ ਵਿੱਚ ਭਰਪੂਰ ਯੋਗਦਾਨ ਪਾਇਆ। ਉਨ੍ਹਾਂ ਦੇ ਇਸ ਕਾਰਜ ਨੂੰ ਪੰਜਾਬ ਦੀਆਂ ਕਈ ਯੂਨੀਵਰਸਿਟੀਆਂ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਵੱਲੋਂ ਮਾਣ ਬਖਸ਼ਿਆ ਗਿਆ ਹੈ। ਸੰਤ ਬਾਬਾ ਤੇਜਾ ਸਿੰਘ ਜੀ ਭੋਰਾ ਸਾਹਿਬ ਵਾਲਿਆਂ ਦੇ ਸੱਚਖੰਡ ਜਾਣ ਤੋਂ ਬਾਅਦ 18 ਦਸੰਬਰ 2014 ਨੂੰ ਵੱਖ ਵੱਖ ਸੰਪ੍ਰਦਾਵਾਂ ਦੇ ਸੰਤ ਮਹਾਂਪੁਰਸ਼ਾਂ ਅਤੇ ਸਿੱਖ ਪੰਥ ਦੀਆਂ ਧਾਰਮਿਕ ਸ਼ਖ਼ਸੀਅਤਾਂ ਵੱਲੋਂ ਅਸਥਾਨ ਦੀ ਸੇਵਾ ਸੰਭਾਲ ਅਤੇ ਸੰਪ੍ਰਦਾਇ ਦੇ ਸੰਚਾਲਨ ਦੀ ਸੇਵਾ ਆਪ ਨੂੰ ਸੌਂਪ ਦਿੱਤੀ ਗਈ।

ਮਹਾਂਪੁਰਖਾਂ ਨੇ ਜਿਥੇ ਗੁਰਮਤਿ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਵੱਖ ਵੱਖ ਪ੍ਰਾਂਤਾਂ ਦੇ ਪਿੰਡਾਂ ਸ਼ਹਿਰਾਂ ਤੋਂ ਇਲਾਵਾ ਵਿਦੇਸ਼ਾਂ ਵਿਚ ਜਾ ਗੁਰਬਾਣੀ ਦੇ ਇਲਾਹੀ ਕੀਰਤਨ ਵਖਿਆਨ ਦੁਆਰਾ ਸੰਗਤਾਂ ਨੂੰ ਸ਼ਬਦ ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਜੋੜਿਆ ਉੱਥੇ ਮਹਾਂਪੁਰਸ਼ਾਂ ਵਲੋਂ ਈਸ਼ਰ ਮਾਈਕਰੋ ਮੀਡੀਆ ਐਪ ਤਿਆਰ ਕੀਤੀ ਗਈ। ਜਿਸ ਵਿਚ ਬਦਲਦੇ ਯੁੱਗ ਦੀਆਂ ਬਦਲਦੀਆਂ ਅਧਿਐਨ ਤਕਨੀਕਾਂ ਅਨੁਸਾਰ ਆਪ ਜੀ ਨੇ ਕਈ ਸਾਲਾਂ ਦੀ ਮਿਹਨਤ ਅਤੇ ਅਕਾਲ ਪੁਰਖ ਦੀ ਕ੍ਰਿਪਾ ਸਦਕਾ ਗੁਰਬਾਣੀ, ਸਿੱਖ ਪੋਥੀਆਂ ਅਤੇ ਸਿੱਖ ਇਤਿਹਾਸ ਨਾਲ ਸਬੰਧਤ ਵੱਡਮੁੱਲੀ ਸਮੱਗਰੀ ਇੰਟਰਨੈਟ ਰਾਹੀਂ ਦੁਨੀਆਂ ਭਰ ਦੇ ਗੁਰਮਤਿ ਜਗਿਆਸੂਆਂ ਲਈ ਉਪਲੱਬਧ ਕਰਵਾਈ ਜੋ ਕਿ www.rarasahib.com ਤੇ ਦੇਖੀ ਜਾ ਸਕਦੀ ਹੈ। ਇਸ ਸਮੱਗਰੀ ਵਿੱਚ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ, ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਸ਼ਾਹਮੁਖੀ ਲਿਪੀਅਾਂਤਰ, ਸ੍ਰੀ ਦਸਮ ਗ੍ਰੰਥ, ਵਾਰਾਂ ਅਤੇ ਕਬਿੱਤ ਭਾਈ ਗੁਰਦਾਸ ਜੀ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸੱਤ ਟੀਕੇ, ਸ੍ਰੀ ਦਸਮ ਗ੍ਰੰਥ ਸਾਹਿਬ ਜੀ ਦੇ ਦੋ ਟੀਕੇ, ਵਾਰਾਂ ਭਾਈ ਗੁਰਦਾਸ ਜੀ ਦਾ ਇਕ ਟੀਕਾ, ਕਬਿੱਤ ਭਾਈ ਗੁਰਦਾਸ ਜੀ ਦੇ ਦੋ ਟੀਕੇ, ਮਹਾਨ ਕੋਸ਼ (ਭਾਈ ਕਾਹਨ ਸਿੰਘ ਨਾਭਾ), ਡਾ. ਗੁਰਚਰਨ ਸਿੰਘ ਜੀ ਦੇ ਗੁਰੂ ਗ੍ਰੰਥ ਕੋਸ਼ ਅਤੇ ਭਾਈ ਵੀਰ ਸਿੰਘ ਦੇ ਗੁਰੂ ਗ੍ਰੰਥ ਕੋਸ਼, ਫਰੀਦਕੋਟ ਵਾਲਾ ਟੀਕਾ, ਸ੍ਰੀ ਨਾਨਕ ਪ੍ਰਕਾਸ਼, ਸ੍ਰੀ ਗੁਰਪ੍ਰਤਾਪ ਸੂਰਜ ਗ੍ਰੰਥ (ਸੰਪੂਰਨ ਗ੍ਰੰਥਾਵਲੀ), ਤਵਾਰੀਖ਼ ਗੁਰੂ ਖ਼ਾਲਸਾ (ਸੰਪੂਰਨ ਸੰਸਕਰਣ ਸ਼ਮਸ਼ੇਰ ਖਾਲਸਾ ਅਤੇ ਰਾਜ ਖਾਲਸਾ ਸਹਿਤ), ਸ੍ਰੀ ਗੁਰੂ ਪੰਥ ਪ੍ਰਕਾਸ਼ ਤੇ ਹੋਰ ਗੁਰਮਤਿ ਸਾਹਿਤ ਸ਼ਾਮਿਲ ਹੈ ਜੋ ਵੱਡਮੁੱਲਾ ਖ਼ਜ਼ਾਨਾ ਬਾਬਾ ਜੀ ਨੇ ਸ਼ੁੱਧ ਰੂਪ ਵਿੱਚ ਆਟੋ ਸਕਰੋਲਿੰਗ ਵਰਗੀਆਂ ਆਧੁਨਿਕ ਤਕਨੀਕੀ ਸਹੂਲਤਾਂ ਸਹਿਤ ਸਿੱਖ ਜਨ ਸਮੂਹ ਵਾਸਤੇ ਵਿਸ਼ੇਸ਼ ਕਰਕੇ ਸਿੱਖ ਵਿਦਵਾਨਾਂ, ਖੋਜੀਆਂ ਅਤੇ ਇਤਿਹਾਸਕਾਰਾਂ ਲਈ ਅਤਿ ਅਧੁਨਿਕ ਅਤੇ ਕੀਮਤੀ ਖਜ਼ਾਨਾ ਸਿੱਖ ਪੰਥ ਨੂੰ ਸੌਂਪਿਆ । ਮਹਾਂਪੁਰਖਾਂ ਵਲੋਂ ਤਿਆਰ ਕੀਤੇ ਪਲੇ-ਸਟੋਰ ਅਤੇ ਐਪ-ਸਟੋਰ ਦੀ ਇਸ ਐਪ ਨਾਲ਼ ਦੇਸ਼ ਵਿਦੇਸ਼ ਦੀਆਂ ਲੱਖਾਂ ਸੰਗਤਾਂ ਲਾਭ ਪ੍ਰਾਪਤ ਕਰ ਰਹੀਆਂ ਹਨ। ਇਸ ਤੋਂ ਇਲਾਵਾ ਮਹਾਂਪੁਰਖਾਂ ਨੇ ਰਾੜਾ ਸਾਹਿਬ ਦੇ ਲੰਗਰ ਦੀ ਇਮਾਰਤ ਨੂੰ ਨਵੇਂ ਢਾਂਚੇ ਵਿੱਚ ਆਧੁਨਿਕ ਢੰਗਾਂ ਨਾਲ ਲੰਗਰ ਤਿਆਰ ਕਰਵਾਇਆ ਅਤੇ ਪਹਿਲਾਂ ਮੌਜੂਦ ਲੰਗਰ ਘਰ ਨਾਲੋਂ ਕਈ ਗੁਣਾ ਵੱਡੀ ਇਮਾਰਤ ਉਸਾਰੀ। ਇਸ ਦੇ ਨਾਲ ਨਾਲ ਆਪ ਜੀ ਨੇ ਗੁਰਦੁਆਰਾ ਸਾਹਿਬ ਦੇ ਕੈਂਪਸ ਅੰਦਰ ਕਈ ਆਧੁਨਿਕ ਪਾਰਕਾਂ ਬਣਾ ਕੇ ਅਤੇ ਉਹਨਾਂ ਨੂੰ ਸਜਾਵਟੀ ਬੂਟਿਆਂ ਨਾਲ ਸਜਾ ਕੇ ਪੂਰੇ ਚੌਗਿਰਦੇ ਨੂੰ ਹਰ-ਭਰਾ ਬਣਾ ਦਿੱਤਾ। ਜਿਸ ਵਿੱਚੋਂ ਉਹਨਾਂ ਦਾ ਕੁਦਰਤ ਨਾਲ ਜੁੜਿਆ ਅਥਾਹ ਪ੍ਰੇਮ ਸਪੱਸ਼ਟ ਝਲਕਦਾ ਹੈ।

ਹਸਪਤਾਲ ਦੀ ਪੁਰਾਣੀ ਇਮਾਰਤ ਦੀ ਜਗ੍ਹਾ ਨਵੀਂ ਇਮਾਰਤ ਉਸਾਰਨਾ ਅਤੇ ਹਸਪਤਾਲ ਵਿੱਚ ਅਨੇਕਾਂ ਨਾਮੀ ਡਾਕਟਰਾਂ ਦੀਆਂ ਸੇਵਾਵਾਂ ਉਪਲੱਬਧ ਕਰਾ ਕੇ ਇਸ ਖ਼ੇਤਰ ਨੂੰ ਬਿਹਤਰ ਮੈਡੀਕਲ ਸੇਵਾਵਾਂ ਪ੍ਰਦਾਨ ਕਰਨਾ ਵੀ ਆਪ ਜੀ ਦੇ ਕਾਰਜਾਂ ਦੀ ਇੱਕ ਉੱਤਮ ਮਿਸਾਲ ਹੈ।

ਮਹਾਂਪੁਰਖਾਂ ਵਲੋਂ ਗੁਰੂ ਘਰ ਵਿੱਚ ਰਹਿੰਦੇ ਪਾਠੀ ਸਿੰਘਾਂ ਅਤੇ ਸੰਗਤਾਂ ਲਈ 72 ਕਮਰਿਆਂ ਵਾਲੀ ਆਲੀਸ਼ਾਨ ਬਿਲਡਿੰਗ ਤਿਆਰ ਕਰਵਾਕੇ ਸੰਗਤਾਂ ਦੇ ਸਪੁਰਦ ਕੀਤਾ। ਇਸ ਦੇ ਨਾਲ ਨਾਲ ਇੱਕ ਬਹੁਤ ਸ਼ਲਾਘਾਯੋਗ ਕਾਰਜ ਜੋ ਸੰਤ ਬਾਬਾ ਬਲਜਿੰਦਰ ਸਿੰਘ ਜੀ ਨੇ ਕੀਤਾ, ਉਹ ਇਹ ਸੀ ਕਿ ਹਲਕਾ ਪਾਇਲ ਅਧੀਨ ਆਉਂਦੇ ਲੋੜਵੰਦ ਪ੍ਰਾਇਮਰੀ ਸਕੂਲਾਂ ਦੀਆਂ ਸਹੂਲਤਾਂ ਅਤੇ ਵਿਦਿਆਰਥੀਆਂ ਦੀਆਂ ਲੋੜਾਂ ਪੂਰੀਆਂ ਕਰਨ ਵਿੱਚ ਪਹਿਲਕਦਮੀ ਆਪ ਜੀ ਦੀ ਅਗਵਾਈ ਵਿੱਚ ਕੀਤੀ ਗਈ ਉਸਦੀ ਮਿਸਾਲ ਪੂਰੀ ਦੁਨੀਆਂ ਵਿੱਚ ਕਿਧਰੇ ਨਹੀਂ ਮਿਲਦੀ। ਸਰਕਾਰੀ ਕਾਲਜ ਕਰਮਸਰ ਰਾੜਾ ਸਾਹਿਬ ਦੇ ਵਿਕਾਸ ਕਾਰਜਾਂ ਵਿੱਚ ਹਰ ਪੱਖੋਂ ਅਗਵਾਈ ਸਹਿਯੋਗ ਅਤੇ ਮਦਦ ਕਰਨਾ ਵੀ ਮਹਾਂਪੁਰਖਾਂ ਦੇ ਹੋਰਨਾਂ ਕਾਰਜਾਂ ਵਿੱਚ ਸ਼ਾਮਿਲ ਹੋ ਜਾਂਦਾ ਹੈ। ਬੀਤੇ ਸਮੇਂ ਵਿੱਚ ਕਰੋਨਾ ਕਾਲ ਅਤੇ ਹੜਾਂ ਦੌਰਾਨ ਮਹਾਂਪੁਰਸ਼ਾਂ ਵਲੋਂ ਰੋਜ਼ਾਨਾ ਵੱਖ ਵੱਖ ਹਸਪਤਾਲਾਂ, ਰੇਲਵੇ ਸਟੇਸ਼ਨਾਂ ਅਤੇ ਲੋੜਵੰਦ ਸੰਗਤਾਂ ਦੇ ਘਰਾਂ ਵਿਚ ਰਾਸ਼ਨ ਅਤੇ ਗੁਰੂ ਕਾ ਲੰਗਰ ਤਿਆਰ ਕਰਕੇ ਪਹੁੰਚਾਇਆ ਗਿਆ। ਜਿੱਥੇ ਆਪ ਜੀ ਨੇ ਇਹ ਸਾਰੇ ਮਹੱਤਵਪੂਰਨ ਕਾਰਜ ਕੀਤੇ, ਓੱਥੇ ਆਧੁਨਿਕ ਤਕਨੀਕੀ ਖ਼ੇਤਰ ਦੀ ਵਰਤੋਂ ਕਰਦਿਆਂ ਸਿੱਖ ਪੰਥ ਦੀ ਚੜ੍ਹਦੀਕਲਾ ਅਤੇ ਪ੍ਰਚਾਰ ਲਈ ਗੁਰਬਾਣੀ ਵਿਆਖਿਆ ਦੇ ਕੰਪਿਊਟਰੀਕਰਨ ਸਬੰਧੀ ਜੋ ਕਾਰਜ ਆਪ ਜੀ ਵੱਲੋਂ ਕੀਤੇ ਗਏ ਉਹਨਾਂ ਲਈ ਆਪ ਜੀ ਨੂੰ ਰਹਿੰਦੀ ਦੁਨੀਆਂ ਤੱਕ ਯਾਦ ਕੀਤਾ ਜਾਏਗਾ।

**ਜਾਰੀ ਕਰਤਾ :- ਗੁਰਦੁਆਰਾ ਕਰਮਸਰ ਰਾੜਾ ਸਾਹਿਬ (ਟਰੱਸਟ)**

# ਡੀ.ਸੀ ਨੇ ਵਰ੍ਹਦੇ ਮੀਂਹ ਵਿੱਚ ਬੰਦ ਕਰਵਾਏ ਦੋ ਪਾੜ



ਫਤਿਹਗੜ੍ਹ ਸਾਹਿਬ, 1 ਸਤੰਬਰ: (ਹਰਪ੍ਰੀਤ ਕੌਰ ਟਿਵਾਣਾ)ਭਾਖੜਾ ਮੇਨ ਲਾਈਨ ਦੀ ਨਰਵਾਣਾ ਬ੍ਰਾਂਚ ਦੀ ਬੁਰਜੀ ਨੰਬਰ 13443 ਵਿੱਚ ਦੋ ਛੋਟੇ ਪਾੜ ਪੈ ਗਏ ਸਨ ਜਿਸ ਬਾਰੇ ਜਾਣਕਾਰੀ ਮਿਲਦਿਆਂ ਹੀ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਵਰ੍ਹਦੇ ਮੀਂਹ ਵਿੱਚ ਮੌਕੇ ਉਤੇ ਪੁੱਜੇ ਅਤੇ ਆਪਣੀ ਨਿਗਰਾਨੀ ਹੇਠ ਇਨ੍ਹਾਂ ਪੈਚਾਂ ਨੂੰ ਬੰਦ ਕਰਵਾਇਆ।ਇਸ ਮੌਕੇ ਗੱਲਬਾਤ ਕਰਦਿਆਂ ਡਿਪਟੀ ਕਮਿਸ਼ਨਰ ਡਾ.ਸੋਨਾ ਥਿੰਦ ਨੇ ਦੱਸਿਆ ਕਿ ਹਾਲਾਂਕਿ ਇਹ ਪਾੜ ਛੋਟੇ ਹੀ ਸਨ ਪਰ ਫਿਰ ਵੀ ਅਹਿਤਿਆਤ ਦੇ ਤੌਰ ਤੇ ਇਨ੍ਹਾਂ ਛੋਟੇ ਪਾੜਾਂ ਨੂੰ ਤਰਜੀਹ ਦੇ ਆਧਾਰ ਤੇ ਬੰਦ ਕਰਵਾਇਆ ਜਾਣਾ ਜ਼ਰੂਰੀ ਸੀ ਕਿਉਂਕਿ ਹਾਲੇ ਵੀ ਤੇਜ਼ ਮੀਂਹ ਦੀਆਂ ਸੰਭਾਵਨਾਵਾਂ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ।ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਕਿਹਾ ਕਿ ਹਾਲ ਦੀ ਘੜੀ ਜਿਲ੍ਹਾ ਫਤਹਿਗੜ੍ਹ ਸਾਹਿਬ ਵਿਖੇ ਹੜ੍ਹਾਂ ਜਿਹੀ ਕਿਸੇ ਵੀ ਸਥਿਤੀ ਦੇ ਪੈਦਾ ਹੋਣ ਤੋਂ ਪੂਰੀ ਤਰ੍ਹਾਂ ਬਚਾਅ ਹੈ ਪਰ ਫਿਰ ਵੀ ਪੂਰੀ ਚੌਕਸੀ ਵਰਤੀ ਜਾ ਰਹੀ ਹੈ ਅਤੇ ਸਾਰੇ ਹੀ ਅਧਿਕਾਰੀ ਫੀਲਡ ਵਿੱਚ ਦੌਰੇ ਕਰ ਰਹੇ ਹਨ ਅਤੇ ਹਰ ਸਥਿਤੀ *ਤੇ ਤਿੱਖੀ ਨਜ਼ਰ ਰੱਖੀ ਜਾ ਰਹੀ ਹੈ। ਉਨ੍ਹਾਂ ਨੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਅਫਵਾਹਾਂ ਤੋਂ ਸੁਚੇਤ ਰਹਿਣ।ਉਨ੍ਹਾਂ ਦੱਸਿਆ ਕਿ ਸਰਹਿੰਦ ਚੋਅ ਤੇ ਪਟਿਆਲਾ ਕੀ ਰਾਓ ਵਿਖੇ ਵੀ ਪਾਣੀ ਦਾ ਪੱਧਰ ਖਤਰੇ ਦੇ ਨਿਸ਼ਾਨ ਤੋਂ ਕਾਫ਼ੀ ਹੇਠਾਂ ਹੈ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਅੱਜ ਹੋਈ ਭਾਰੀ ਬਰਸਾਤ ਕਾਰਨ ਜਿਹੜੇ ਸ਼ਹਿਰੀ ਜਾਂ ਦਿਹਾਤੀ ਖੇਤਰਾਂ ਵਿੱਚ ਬਰਸਾਤੀ ਪਾਣੀ ਦੇ ਇਕੱਤਰ ਹੋਣ ਦੀਆਂ ਸੂਚਨਾਵਾਂ ਮਿਲਣ ਦੀ ਸੂਰਤ ਵਿੱਚ ਫੌਰੀ ਸਬੰਧਤ ਵਿਭਾਗਾਂ ਰਾਹੀਂ ਪਾਣੀ ਦੀ ਨਿਕਾਸੀ ਦਾ ਪ੍ਰਬੰਧ ਕਰਵਾਇਆ ਜਾ ਰਿਹਾ ਹੈ।ਇਸ ਮੌਕੇ ਉਨ੍ਹਾਂ ਨਾਲ ਤਹਿਸੀਲਦਾਰ ਪਰਮਪ੍ਰੀਤ ਸਿੰਘ ਗੁਰਾਇਆ, ਐਸ.ਡੀ.ਓ ਬੀਐਮਐਲ ਰਾਜੇਸ਼ ਕੁਮਾਰ, ਜੇ.ਈ ਗੁਰਵਿੰਦਰ ਸਿੰਘ, ਗਗਨ ਕੁਮਾਰ ਤੇ ਮਾਨਵ ਜਿੰਦਲ ਵੀ ਮੌਜੂਦ ਸਨ।

# ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਨੇ 18ਵਾਂ ਸਥਾਪਨਾ ਦਿਵਸ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ



ਫਤਿਹਗੜ੍ਹ ਸਾਹਿਬ, 1 ਸਤੰਬਰ (ਹਰਪ੍ਰੀਤ ਕੌਰ ਟਿਵਾਣਾ)ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਿਹਗੜ੍ਹ ਸਾਹਿਬ ਨੇ ਆਪਣਾ 18ਵਾਂ ਸਥਾਪਨਾ ਦਿਵਸ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ। ਸਮਾਗਮ ਦੀ ਸ਼ੁਰੂਆਤ ਸ੍ਰੀ ਸਹਿਜ ਪਾਠ ਦੇ ਭੋਗ ਨਾਲ ਹੋਈ।ਇਸ ਮੌਕੇ ਉੱਤੇ ਵਾਇਸ-ਚਾਂਸਲਰ ਪ੍ਰੋ. ਪਰਿਤ ਪਾਲ ਸਿੰਘ ਨੇ ਵਿਦਿਆਰਥੀਆਂ, ਅਧਿਆਪਕਾਂ ਅਤੇ ਸਟਾਫ ਨੂੰ ਯੂਨੀਵਰਸਿਟੀ ਦੇ ਸਤਾਰਾਂ ਸਾਲਾਂ ਦੀ ਸਫਲ ਯਾਤਰਾ ਪੂਰੀ ਕਰਨ ਲਈ ਵਧਾਈ ਦਿੱਤੀ। ਉਨ੍ਹਾਂ ਨੇ 2024-25 ਅਕਾਦਮਿਕ ਸਾਲ ਦੀਆਂ ਪ੍ਰਾਪਤੀਆਂ ਸਾਂਝੀਆਂ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਅਤੇ ਸਟਾਫ ਨੇ ਕੇਵਲ ਅਕਾਦਮਿਕ ਖੇਤਰ ਵਿੱਚ ਹੀ ਨਹੀਂ ਸਗੋਂ ਖੇਡਾਂ ਅਤੇ ਸੱਭਿਆਚਾਰਕ ਗਤੀਵਿਧੀਆਂ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਕਰਕੇ ਯੂਨੀਵਰਸਿਟੀ ਦਾ ਨਾਮ ਰੌਸ਼ਨ ਕੀਤਾ ਹੈ। ਐਡਵੋਕੇਟ ਅਮਰਦੀਪ ਸਿੰਘ ਧਾਰਨੀ, ਮੈਂਬਰ ਸ੍ਰੀ ਗੁਰੂ ਗ੍ਰੰਥ ਸਾਹਿਬ ਫੋਰਥ ਸੈਂਟੇਨਰੀ ਮੈਮੋਰੀਅਲ ਟਰੱਸਟ ਨੇ ਅਧਿਆਪਕਾਂ ਅਤੇ ਗੈਰ-ਅਧਿਆਪਕ ਸਟਾਫ ਦੀ ਮਿਹਨਤ ਦੀ ਪ੍ਰਸ਼ੰਸਾ ਕੀਤੀ ਅਤੇ ਇਸ ਗੱਲ ਤੇ ਖੁਸ਼ੀ ਪ੍ਰਗਟ ਕੀਤੀ ਕਿ ਇਸ ਸਾਲ ਦਾਖਲਿਆਂ ਵਿੱਚ ਮਹੱਤਵਪੂਰਨ ਵਾਧਾ ਹੋਇਆ ਹੈ। ਉਨ੍ਹਾਂ ਸੰਗਤ ਨੂੰ ਵਾਤਾਵਰਣ ਦੀ ਸੰਭਾਲ ਅਤੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਸੇਵਾ ਲਈ ਡਟ ਕੇ ਖੜ੍ਹੇ ਹੋਣ ਦੀ ਅਪੀਲ ਕੀਤੀ।ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਦੇ ਹਜ਼ੂਰੀ ਰਾਗੀ ਭਾਈ ਕਰਜ ਸਿੰਘ ਜੀ ਦੇ ਕੀਰਤਨ ਨੇ ਹਾਜ਼ਰੀਨ ਨੂੰ ਰੂਹਾਨੀ ਅਨੁਭਵ ਨਾਲ ਭਰ ਦਿੱਤਾ। ਉਪਰੰਤ ਵਿਦਿਆਰਥੀਆਂ ਨੇ ਵਾਰ ਗਾਇਨ ਤੇ ਸ਼ਬਦ ਕੀਰਤਨ ਨਾਲ ਸੰਗਤ ਨੂੰ ਨਿਹਾਲ ਕੀਤਾ। ਸ. ਅਜਮੇਰ ਸਿੰਘ ਖੈਹਰਾ, ਮੈਂਬਰ ਸੈਨੇਟ, ਨੇ ਜ਼ੋਰ ਦਿੱਤਾ ਕਿ ਯੂਨੀਵਰਸਿਟੀ ਆਪਣੀ ਦ੍ਰਿਸ਼ਟੀਕੋਣ ਅਨੁਸਾਰ ਦੁਨੀਆ ਵਿੱਚ ਸ਼ਾਂਤੀ ਅਤੇ ਖੁਸ਼ਹਾਲੀ ਲਈ ਯੋਗਦਾਨ ਪਾ ਰਹੀ ਹੈ ਅਤੇ ਸਾਂਝ, ਸ਼ਾਂਤੀ ਤੇ ਸੇਵਾ ਦੇ ਮੁੱਲਾਂ ਨੂੰ ਕਾਇਮ ਰੱਖ ਰਹੀ ਹੈ।ਸੰਗੀਤ ਵਿਭਾਗ ਦੇ ਮੁਖੀ ਹਰਪ੍ਰੀਤ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਹ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਅਪਣਾਉਣ। ਉਨ੍ਹਾਂ ਗੁਰਬਾਣੀ ਅੰਦਰ ਸੰਗੀਤ ਦੇ ਮਹਾਤਮ ਨੂੰ ਉਜਾਗਰ ਕਰਦਿਆਂ ਸ਼ਬਦ ਕੀਰਤਨ ਨਾਲ ਜੁੜਨ ਦੀ ਪ੍ਰੇਰਨਾ ਕੀਤੀ।ਡੀਨ ਅਕਾਦਮਿਕ ਮਾਮਲੇ ਪ੍ਰੋ. ਸੁਖਵਿੰਦਰ ਸਿੰਘ ਬਿਲਿੰਗ ਨੇ ਯੂਨੀਵਰਸਿਟੀ ਪ੍ਰਸ਼ਾਸਨ ਅਤੇ ਹਾਜ਼ਰ ਸਾਰੇ ਮਾਣਯੋਗ ਮਹਿਮਾਨਾਂ ਦਾ ਤਹਿ-ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਨੇ ਯੂਨੀਵਰਸਿਟੀ ਦੇ ਮਿਸ਼ਨ ਨੂੰ ਦੁਹਰਾਉਂਦਿਆਂ ਕਿਹਾ ਕਿ ਇਹ ਯੂਨੀਵਰਸਿਟੀ ਮੁੱਲਾਂ ਤੇ ਅਧਾਰਿਤ ਗਿਆਨ-ਅਧਾਰਤ ਸਮਾਜ ਬਣਾਉਣ ਲਈ ਵਚਨਬੱਧ ਹੈ। ਉਨ੍ਹਾਂ ਨੇ ਆਸ ਜਤਾਈ ਕਿ ਆਉਣ ਵਾਲੇ ਸਾਲਾਂ ਵਿੱਚ ਇਹ ਯੂਨੀਵਰਸਿਟੀ ਸਿੱਖਿਆ ਦੇ ਖੇਤਰ ਵਿੱਚ ਹੀ ਨਹੀਂ ਸਗੋਂ ਨਵੀਂ ਪੀੜ੍ਹੀ ਵਿੱਚ ਸਿੱਖੀ ਦੇ ਸਿਧਾਂਤ ਰਚਾਉਣ ਵਿੱਚ ਵੀ ਅੱਗੇ ਰਹੇਗੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਮਾਰੋਹ ਵਿੱਚ ਸੀਨੀਅਰ ਅਕਾਲੀ ਲੀਡਰ ਜਗਦੀਪ ਸਿੰਘ ਚੀਮਾ, ਅਵਤਾਰ ਸਿੰਘ ਰਿਆ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ. ਜੋਗਾ ਸਿੰਘ ਸੁਪਰਵਾਈਜ਼ਰ ਸਮੇਤ ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ ਦੇ ਮੁਖੀ ਅਤੇ ਹੋਰ ਮਹਿਮਾਨ ਵੀ ਸ਼ਾਮਲ ਹੋਏ। ਸਮਾਗਮ ਦੀ ਅਗਵਾਈ ਡਾ. ਪਲਵਿੰਦਰ ਕੌਰ ਨੇ ਕੀਤੀ। ਸਮਾਰੋਹ ਦਾ ਸਮਾਪਨ ਯੂਨੀਵਰਸਿਟੀ ਦੀ ਗਤਕਾ ਟੀਮ ਦੇ ਜਜ਼ਬੇ ਨਾਲ ਭਰੇ ਪ੍ਰਦਰਸ਼ਨ ਨਾਲ ਹੋਇਆ, ਜਿਸ ਨੇ ਦਰਸ਼ਕਾਂ ਨੂੰ ਪ੍ਰੇਰਿਤ ਅਤੇ ਉਤਸ਼ਾਹਿਤ ਕੀਤਾ।

# ਐਡਵੋਕੇਟ ਸੇਖਵਾਂ ਵੱਲੋ ਹੜ੍ਹ ਪ੍ਰਭਾਵਿਤ ਵੱਖ-ਵੱਖ ਪਿੰਡ ਦਾ ਦੌਰਾ



ਗੁਰਦਾਸਪੁਰ 1 ਸਤੰਬਰ ( ਜਸਵਿੰਦਰ ਸਿੰਘ ) ਅੱਜ ਗੁਰਦੁਆਰਾ ਬੁਰਜ ਸਾਹਿਬ ਵਿਖੇ ਅਰਦਾਸ ਕਰਕੇ ਰਾਸ਼ਨ ਦੀ ਸੇਵਾ ਨਾਲ ਸ਼ੁਰੂਆਤ ਕੀਤੀ ਆਮ ਆਦਮੀ ਪਾਰਟੀ ਹਲਕਾ ਕਾਦੀਆਂ ਵੱਲੋਂ ਲੋਕਾਂ ਦੀ ਭਲਾਈ ਲਈ ਇਹ ਮੁਹਿੰਮ ਅੱਗੇ ਵਧਾਈ ਜਾ ਰਹੀ ਹੈ ਇਸ ਸੇਵਾ ਵਿਚ ਮੈਡੀਕਲ ਟੀਮਾਂ ਵੱਲੋਂ ਜਾਂਚ ਤੇ ਸਿਹਤ ਸਹੂਲਤਾਂ ਵੀ ਦਿੱਤੀਆਂ ਗਈਆਂ, ਤਾਂ ਜੋ ਲੋਕਾਂ ਨੂੰ ਹਰੇਕ ਪੱਖੋਂ ਸਹਾਰਾ ਮਿਲ ਸਕੇ ਆਮ ਆਦਮੀ ਪਾਰਟੀ ਸੈਨਿਅਰ ਆਗੂ ਹਲਕਾ ਕਾਦੀਆਂ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਅੱਜ ਹੜ੍ਹ ਪ੍ਰਭਾਵਿਤ ਹਲਕੇ ਦੇ ਵੱਖ-ਵੱਖ ਪਿੰਡ ਦਾ ਦੌਰਾ ਕੀਤਾ ਗਿਆ ਇਸ ਮੌਕੇ ਉਨ੍ਹਾਂ ਨੇ ਹੜ੍ਹ ਕਾਰਨ ਇਨ੍ਹਾਂ ਪਿੰਡਾਂ ਵਿੱਚ ਲੋਕਾਂ ਦੇ ਮਕਾਨਾਂ ਤੇ ਹੋਰ ਹੋਏ ਨੁਕਸਾਨ ਦਾ ਜਾਇਜ਼ਾ ਲਿਆ ਹੜ੍ਹ ਪੀੜ੍ਹਤ ਵਿਅਕਤੀਆਂ ਨਾਲ ਗੱਲ ਕਰਦਿਆਂ ਸੇਖਵਾਂ ਨੇ ਕਿਹਾ ਕਿ ਇਸ ਸੰਕਟ ਦੀ ਘੜ੍ਹੀ ਵਿੱਚ ਪੰਜਾਬ ਸਰਕਾਰ ਉਨ੍ਹਾਂ ਦੇ ਨਾਲ ਖੜ੍ਹੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਇਹ ਭਰੋਸਾ ਦਿੱਤਾ ਗਿਆ ਹੈ ਕਿ ਸੂਬਾ ਸਰਕਾਰ ਹੜ੍ਹਾਂ ਨਾਲ ਹੋਏ ਨੁਕਸਾਨ ਦੀ ਭਰਪਾਈ ਕਰੇਗੀ ਤੇ ਉਹਨਾ ਨੇ ਕਿਹਾ ਕਿ ਉਹ ਪੰਜਾਬ ਸਰਕਾਰ ਤੱਕ ਪਹੁੰਚ ਕਰਕੇ ਜਿਨ੍ਹਾਂ ਲੋਕਾਂ ਦਾ ਨੁਕਸਾਨ ਹੋਇਆ ਹੈ ਉਸਦਾ ਮੁਆਵਜ਼ਾ ਦਿਵਾਉਣ ਦੀ ਚਾਰਾਜੋਈ ਕਰਨਗੇ

# ਖੇਤੀਬਾੜੀ ਮੰਤਰੀ ਵੱਲੋਂ ਲਗਾਤਾਰ ਤੀਜੇ ਦਿਨ ਫਾਜ਼ਿਲਕਾ ਜ਼ਿਲੇ ਦਾ ਦੌਰਾ



ਫਾਜ਼ਿਲਕਾ 1 ਸਤੰਬਰ :ਪੰਜਾਬ ਦੇ ਖੇਤੀਬਾੜੀ ਮੰਤਰੀ ਸ ਗੁਰਮੀਤ ਸਿੰਘ ਖੁੱਡੀਆਂ ਅੱਜ ਲਗਾਤਾਰ ਤੀਜੇ ਦਿਨ ਫਾਜ਼ਿਲਕਾ ਜ਼ਿਲੇ ਦੇ ਦੌਰੇ ਤੇ ਰਹੇ। ਇਸ ਦੌਰਾਨ ਉਨਾਂ ਪਿੰਡ ਸਾਬੂਆਣਾ ਅਤੇ ਬਾਂਡੀਵਾਲਾ ਵਿੱਚ ਜਾ ਕੇ ਲੋਕਾਂ ਨਾਲ ਮੁਲਾਕਾਤ ਕੀਤੀ ਅਤੇ ਇੱਥੇ ਸੇਮ ਨਾਲੇ ਵਿੱਚ ਪਏ ਪਾੜ ਵਾਲੇ ਥਾਂ ਦਾ ਨਿਰੀਖਣ ਕੀਤਾ ।ਇਸ ਮੌਕੇ ਖੇਤੀਬਾੜੀ ਮੰਤਰੀ ਸ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਲੋਕਾਂ ਨੂੰ ਹੋਏ ਨੁਕਸਾਨ ਦਾ ਮੁਆਵਜ਼ਾ ਦਿੱਤਾ ਜਾਵੇਗਾ। ਉਹਨਾਂ ਨੇ ਡਰੇਨੇਜ ਵਿਭਾਗ ਦੇ ਅਧਿਕਾਰੀਆਂ ਨੂੰ ਸਖਤ ਤਾੜਨਾ ਕੀਤੀ ਕਿ ਅਸਪਾਲ ਡਰੇਨ ਅਤੇ ਅਬੁਲ ਖੁਰਾਣਾ ਡਰੇਨ ਵਿੱਚ ਆਏ ਪਾੜ ਨੂੰ ਜਲਦ ਤੋਂ ਜਲਦ ਪੂਰਾ ਕੀਤਾ ਜਾਵੇ ਤਾਂ ਜੋ ਪਾਣੀ ਦੇ ਨਵੇਂ ਖੇਤਰ ਵਿੱਚ ਪਸਾਰ ਨੂੰ ਤੁਰੰਤ ਰੋਕਿਆ ਜਾ ਸਕੇ। ਖੇਤੀਬਾੜੀ ਮੰਤਰੀ ਨੇ ਇਸ ਮੌਕੇ ਆਖਿਆ ਕਿ ਇਸ ਇਲਾਕੇ ਵਿੱਚ ਸਤਲੁਜ ਨਦੀ ਦਾ ਪਾਣੀ ਨਹੀਂ ਆਇਆ ਸਗੋਂ ਇੱਥੇ ਸੇਮ ਨਾਲੇ ਵਿੱਚ ਪਾੜ ਪੈਣ ਕਾਰਨ ਨੁਕਸਾਨ ਹੋਇਆ ਹੈ ਪਰ ਸਰਕਾਰ ਹਰ ਥਾਂ ਤੇ ਹੋਏ ਨੁਕਸਾਨ ਦੀ ਗਰਦਾਵਰੀ ਕਰਵਾਏਗੀ।ਖੇਤੀਬਾੜੀ ਮੰਤਰੀ ਨੇ ਇਸ ਮੌਕੇ ਇਹ ਵੀ ਕਿਹਾ ਕਿ ਹੜ ਪ੍ਰਭਾਵਿਤ ਖੇਤਰਾਂ ਵਿੱਚ ਸਰਕਾਰ ਵੱਲੋਂ ਲਗਾਤਾਰ ਰਾਹਤ ਸਮੱਗਰੀ ਦੀ ਵੰਡ ਕੀਤੀ ਜਾ ਰਹੀ ਹੈ। ਉਹਨਾਂ ਨੇ ਕਿਹਾ ਕਿ ਸਾਰੇ ਜ਼ਿਲ੍ਹਿਆਂ ਵਿੱਚ ਪ੍ਰਸ਼ਾਸਨ ਨੂੰ ਹਦਾਇਤ ਕੀਤੀ ਗਈ ਹੈ ਕਿ ਹੜ ਪ੍ਰਭਾਵਿਤ ਲੋਕਾਂ ਨੂੰ ਰਾਹਤ ਦੇਣ ਵਿੱਚ ਕੋਈ ਕੁਤਾਹੀ ਨਾ ਹੋਵੇ। ਇਸ ਮੌਕੇ ਐਸਡੀਐਮ ਵੀਰਪਾਲ ਕੌਰ, ਮੁੱਖ ਖੇਤੀਬਾੜੀ ਅਫਸਰ ਰਜਿੰਦਰ ਕੁਮਾਰ , ਡਿਪਟੀ ਡਾਇਰੈਕਟਰ ਪਸ਼ੂ ਪਾਲਣ ਡਾ ਮਨਦੀਪ ਸਿੰਘ, ਕਰਮਜੀਤ ਸਿੰਘ ਬਾਂਡੀਵਾਲਾ ਵੀ ਹਾਜ਼ਰ ਸਨ।

# ਕੇਂਦਰੀ ਅਬਜ਼ਰਬਰਾਂ ਵੱਲੋਂ ਰੱਖੀ ਕਾਂਗਰਸ ਦੀ ਮੀਟਿੰਗ ਰੈਲੀ 'ਚ ਬਦਲੀ



ਜ਼ੀਰਾ 1 ਸਤੰਬਰ (ਦੀਪਕ ਭਾਰਗੋ )ਪੰਜਾਬ ਚ ਹੜ੍ਹਾਂ ਦੀ ਮਾਰ ਝੱਲ ਰਹੇ ਲੋਕਾਂ ਨੂੰ ਸਰਕਾਰੀ ਰਾਹਤ ਦੀ ਥਾਂ ਸਮਾਜਸੇਵੀ ਸੰਸਥਾਵਾਂ ਦੀ ਸਹਾਇਤਾ ਤੇ ਨਿਰਭਰ ਰਹਿਣਾ ਪੈ ਰਿਹਾ ਹੈ।ਜ਼ੀਰਾ ਚ ਕਾਂਗਰਸ ਪਾਰਟੀ ਦੀ ਮੀਟਿੰਗ ਦੌਰਾਨ ਕੇਂਦਰੀ ਅਬਜ਼ਰਵਰ ਵਿਵੇਕ ਬਾਂਸਲ ਨੇ ਕਿਹਾ ਕਿ ਜ਼ਿਲ੍ਹਾ ਫਿਰੋਜ਼ਪੁਰ ਚ ਹੜ੍ਹਾਂ ਨੇ ਵੱਡੀ ਤਬਾਹੀ ਮਚਾਈ ਹੈ ਪਰ ਸਰਕਾਰ ਦੀ ਭੂਮਿਕਾ ਨਾਮਾਤਰ ਹੈ।ਮੀਟਿੰਗ ਦਾ ਮੁੱਖ ਮਕਸਦ ਜ਼ਿਲ੍ਹਾ ਪ੍ਰਧਾਨ ਦੀ ਚੋਣ ਲਈ ਵਿਚਾਰ-ਵਟਾਂਦਰਾ ਸੀ, ਇਸ ਚੋਣ ਨੂੰ ਲੈ ਕੇ ਪੰਜਾਬ ਕਾਂਗਰਸ ਦੇ ਅਬਜ਼ਰਵਰ ਸ਼ੇਰ ਸਿੰਘ ਘੁਬਾਇਆ, ਰਾਜ ਬਖਸ਼ ਕੰਬੋਜ, ਧਨਜੀਤ ਧਨੀ ਸਮੇਤ ਹੋਰ ਆਗੂ ਵੀ ਅਬਜ਼ਰਵਰ ਲਾਏ ਗਏ ਹਨ। ਬੇਸ਼ੱਕ ਐਸ ਕਿੱਕੇ ਜਿਸੇ ਦੇ ਸੱਦੇ ਤੇ ਕੁਲਬੀਰ ਸਿੰਘ ਜ਼ੀਰਾ ਵੱਲੋਂ ਮੀਟਿੰਗ ਰੱਖੀ ਹੋਈ ਸੀ ਪਰ ਵਰਕਰਾਂ ਦਾ ਵਿਸ਼ਾਲ ਇਕੱਠ ਇਕ ਰੈਲੀ ਦੇ ਰੂਪ ਚ ਬਦਲ ਗਿਆ। ਇਸ ਤੋਂ ਸਪਸ਼ਟ ਹੈ ਕਿ ਕੁਲਬੀਰ ਜ਼ੀਰਾ ਦੇ ਲੋਕ ਅੱਜ ਵੀ ਕਾਇਲ ਹਨ।ਮੀਟਿੰਗ ਚ ਬਲਾਕ ਸੰਮਤੀ ਦੇ ਚੇਅਰਮੈਨ ਮਹਿਤਾਬਜੀਤ ਸਿੰਘ ਜ਼ੀਰਾ, ਡਾ. ਰਸ਼ਪਾਲ ਸਿੰਘ ਗਿੱਲ (ਸਾਬਕਾ ਪ੍ਰਧਾਨ ਨਗਰ ਕੌਂਸਲ), ਹਰੀਸ਼ ਜੈਨ (ਸਾਬਕਾ ਚੇਅਰਮੈਨ ਖੇਤੀਬਾੜੀ ਵਿਕਾਸ ਬੈਂਕ), ਗੁਰਭੇਜ ਸਿੰਘ ਟਿੱਬੀ (ਸਾਬਕਾ ਚੇਅਰਮੈਨ), ਰਜਿੰਦਰ ਛਾਬੜਾ (ਸਾਬਕਾ ਚੇਅਰਮੈਨ ਅਬਜ਼ਰਵਰ ਤਰਨਤਾਰਨ), ਸਤਨਾਮ ਸਿੰਘ ਚਿੱਲੀ ਫਰੀਦੇਵਾਲਾ (ਸਾਬਕਾ ਜ਼ਿਲ੍ਹਾ ਮੀਤ ਪ੍ਰਧਾਨ),ਹਰੀਸ਼ ਤਾਂਗੜਾ (ਸ਼ਹਿਰੀ ਪ੍ਰਧਾਨ), ਸਾਬਕਾ ਸਰਪੰਚ ਗੁਰਮੇਲ ਸਿੰਘ ਮਨਸੂਰਵਾਲ, ਜੁਸ ਦੇ ਮੀਤ ਪ੍ਰਧਾਨ ਮਹਿਕਦੀਪ ਸਿੰਘ ਜ਼ੀਰਾ ਅਤੇ ਅਨਵਰ ਹੁਸੈਨ ਮੰਚ ਤੇ ਮੌਜੂਦ ਸਨ। ਵਿਵੇਕ ਬਾਂਸਲ ਨੇ ਕਿਹਾ ਕਿ ਜ਼ਿਲਾ ਪ੍ਰਧਾਨ ਦੀ ਚੋਣ ਲਈ ਹਰ ਵਿਅਕਤੀਮੀਟਿੰਗ ਦੌਰਾਨ ਅਬਜ਼ਰਵਰ ਵਿਵੇਕ ਬਾਂਸਲ, ਕੁਲਬੀਰ ਸਿੰਘ ਜ਼ੀਰਾ, ਹਰੀਸ਼ ਜੈਨ, ਮੰਚ ਤੇ ਬਿਰਾਜਮਾਨ ਆਗੂ ਤੇ ਹੇਠਾਂ ਵਰਕਰਾਂ ਦਾ ਭਰਵਾਂ ਇਕੱਠ ਆਪਣੇ ਵਿਚਾਰ ਪ੍ਰਗਟ ਕਰ ਸਕਦਾ ਹੈ ਪਰ ਪੈਨਲ ਚ ਸਿਰਫ ਛੇ ਨਾਮ ਸ਼ਾਮਲ ਹੋਣਗੇ। ਉਨ੍ਹਾਂ ਨੇ ਕੁਲਬੀਰ ਸਿੰਘ ਜ਼ੀਰਾ ਵੱਲੋਂ ਜ਼ੀਰਾ ਹਲਕੇ ਚ ਕਾਂਗਰਸ ਪਾਰਟੀ ਦੀ ਸਰਕਾਰ ਮੌਕੇ ਕਰਵਾਏ ਗਏ ਵਿਕਾਸ ਕਾਰਜਾਂ ਦੀ ਪ੍ਰਸ਼ੰਸਾ ਵੀ ਕੀਤੀ ਅਤੇ ਕਿਹਾ ਕਿ ਕੁਲਬੀਰ ਸਿੰਘ ਜ਼ੀਰਾ ਦੇ ਵਿਕਾਸ ਕਰ ਅੱਜ ਵੀ ਇਕ ਮਿਸਾਲ ਕਾਇਮ ਕੀਤੇ ਹਨ। ਉਨ੍ਹਾਂ ਨੇ ਕਿਹਾ ਕਿ ਅੱਜ ਦੀ ਮੀਟਿੰਗ ਬੇਸ਼ੱਕ ਜ਼ਿਲ੍ਹਾ ਪ੍ਰਧਾਨ ਦੀ ਚੋਣ ਨੂੰ ਹੈ ਪਰ ਹਾਲਾਤ ਹੜ੍ਹਾਂ ਵਾਲੇ ਹੋਣ ਕਰ ਕੇ ਇਸ ਨੂੰ ਹੜ੍ਹਾਂ ਪੀੜਤਾਂ ਦੀ ਸਹਾਇਤਾ ਦੇ ਲਈ ਵੀ ਜੋੜਿਆ ਗਿਆ ਹੈ।ਕੁਲਬੀਰ ਸਿੰਘ ਜ਼ੀਰਾ ਨੇ ਸੰਬੋਧਨ ਕਰਦਿਆਂ ਪੰਜਾਬ ਸਰਕਾਰ ਤੇ ਨਿਸ਼ਾਨਾ ਸਾਧਿਆ। ਉਨ੍ਹਾਂ ਕਿਹਾ ਕਿ ਸੂਬਾ ਹੜ੍ਹਾਂ ਦੀ ਮਾਰ ਹੇਠ ਹੈ ਪਰ ਮੁੱਖ ਮੰਤਰੀ ਅਤੇ ਸਥਾਨਕ ਵਿਧਾਇਕ ਰਾਹਤ ਮੁਹੱਈਆ ਕਰਨ ਚ ਪੂਰੀ ਤਰ੍ਹਾਂ ਅਸਫਲ ਸਾਬਤ ਹੋਏ ਹਨ। ਉਨ੍ਹਾਂ ਕਿਹਾ ਕਿ ਹਲਕਾ ਵਿਧਾਇਕ ਨਰੇਸ਼ ਕਟਾਰੀਆ ਖੁਦ ਮੰਨ ਚੁੱਕੇ ਹਨ ਕਿ ਉਨ੍ਹਾਂ ਦੀ ਕਿਤੇ ਸੁਣਵਾਈ ਨਹੀਂ ਹੋ ਰਹੀ ਜਦੋਂ ਸਰਕਾਰ ਆਪਣੇ ਵਿਧਾਇਕਾਂ ਦੀ ਨਹੀਂ ਸੁਣਦੀ ਤਾਂ ਫਿਰ ਉਸ ਸਰਕਾਰ ਤੋਂ ਕੀ ਆਸ ਰੱਖੀ ਜਾ ਸਕਦੀ ਹੈ। ਕੁਲਬੀਰ ਸਿੰਘ ਜ਼ੀਰਾ ਨੇ ਹਰ ਪਿੰਡ ਚੋਂ ਹਰ ਵਰਕਰ ਨੂੰ ਥੋੜੀ ਬਹੁਤੀ ਸਹਾਇਤਾ ਹੜ੍ਹ ਪੀੜਤਾਂ ਲਈ ਭੇਜਣ ਦੀ ਲਈ ਇਕ ਕਮੇਟੀ ਬਣਾਉਣ ਦੀ ਤਜਵੀਜ਼ ਵੀ ਰੱਖੀ। ਇਸ ਤੋਂ ਪਹਿਲਾਂ ਹਰੀਸ਼ ਜੈਨ ਨੇ ਵੀ ਹੜ੍ਹਾਂ ਸਬੰਧੀ ਮਦਦ ਕਰਨ ਲਈ ਆਪਣੀ ਆਪਣੀ ਦਲੀਲ ਦਲੀਲ ਦਿੱਤੀ। ਜਦੋਂ ਕਿ ਪ੍ਰਧਾਨ ਦਲਵਿੰਦਰ ਸਿੰਘ ਗੋਸ਼ਾ ਮਰੂੜ ਸਾਬਕਾ ਸਰਪੰਚ, ਪਰਮਿੰਦਰ ਸਿੰਘ ਲਾਡਾ ਜਨਰਲ ਸਕੱਤਰ ਯੂਥ ਕਾਂਗਰਸ ਪੰਜਾਬ, ਸੁਮਿਤ ਨਰੂਲਾ ਸੰਯੁਕਤ ਸਕੱਤਰ ਰਾਇਸ ਮਿੱਲਰਜ਼ ਐਸੋਸੀਏਸ਼ਨ, ਸਰਪੰਚ ਬਲਜੀਤ ਸਿੰਘ ਬੱਬਾ ਬੋੜਾਂਵਾਲੀ, ਸੁਖਦੀਪ ਸਿੰਘ ਸ਼ੀਪਾ ਬਰਾੜ ਮਹੀਆਂ ਵਾਲਾ, ਗੁਰਨੈਬ ਸਿੰਘ ਸੰਧੂ ਪਿੰਡ ਵਾੜਾ ਪੋਹਵਿੰਡ, ਜਗਸੀਰ ਸਿੰਘ ਬੱਬੂ ਮਨੋਸ ਕਮਾਲਗੜ੍ਹ, ਸੁਖਪਾਲ ਸਿੰਘ ਵਰਪਾਲ ਸਾਬਕਾ ਸਰਪੰਚ, ਲਲਿਤਰਾਜ ਬਖਸ਼ੀਸ਼ ਸਿੰਘ ਨੂਰਪੁਰ, ਚੇਅਰਮੈਨ ਕੁਲਬੀਰ ਸਿੰਘ ਟਿੰਮੀ, ਸੁਖਬੀਰ ਸਿੰਘ ਹੁੰਦਲ ਸਰਪੰਚ ਚੂਚਕਵਿੰਡ, ਕੁਲਭੂਸ਼ਣ ਜੈਨ ਜ਼ਿਲਾ ਮੀਤ ਪ੍ਰਧਾਨ, ਗੁਰ ਸਾਹਿਬ ਸਿੰਘ ਸੰਧੂ ਬੂਲੇ, ਨੰਬਰਦਾਰ ਬਲਜੀਤ ਸਿੰਘ ਮਸਤੇਵਾਲਾ, ਸਰਪੰਚ ਗੁਰਪ੍ਰੇਮ ਸਿੰਘ ਬੱਬੂ ਸੇਖਵਾਂ, ਗੁਰਨਾਮ ਸਿੰਘ ਸੰਧੂ ਵਾੜਾ ਤੋਂ ਇਲਾਵਾ ਇਲਾਕੇ ਦੇ ਪੰਚ, ਸਰਪੰਚ ਵੱਡੀ ਗਿਣਤੀ ਚ ਹਾਜ਼ਰ ਸਨ।

# ਜ਼ਿਲਾ ਫਰੀਦਕੋਟ ਤੋਂ ਨੌਜਵਾਨ ਹੜ ਪੀੜਤ ਭਰਾਵਾਂ ਲਈ ਸੇਵਾ ਲੈ ਕੇ ਪਹੁੰਚੇ



ਮੱਲਾਂਵਾਲਾ ( ਹਰਪਾਲ ਸਿੰਘ ਖਾਲਸਾ ਇੰਦਰਜੀਤ ਸਿੰਘ ਸੰਧੂ: ਸਥਾਨਕ ਕਸਬੇ ਤੋਂ ਥੋੜੀ ਦੂਰ ਸਤਲੁਜ ਦਰਿਆ ਦੇ ਕੰਢੀ ਏਰੀਏ ਵਿੱਚ ਲਗਭਗ 17 -18 ਦਿਨਾਂ ਤੋਂ ਹੜ ਦਾ ਪਾਣੀ ਵਗ ਰਿਹਾ ਹੈ। ਸੜਕੀ ਆਵਾਜਾਈ ਬੰਦ ਹੋਣ ਕਰਕੇ ਕੋਈ ਵੀ ਰਾਹਤ ਸਮੱਗਰੀ ਬੇੜੀ ਤੋਂ ਬਿਨਾਂ ਨਹੀਂ ਪਹੁੰਚ ਰਹੀ। ਫੀਲਡ ਵਿੱਚ ਜਿੱਥੇ 80% ਤੋਂ ਵੱਧ ਪਰਿਵਾਰਾਂ ਦੇ ਮੈਂਬਰ ਅਜੇ ਵੀ ਘਰਾਂ ਵਿੱਚ ਬੈਠੇ ਹਨ। ਉਥੇ ਹੜ ਪੀੜਤਾਂ ਦੇ ਪਸ਼ੂ ਵੀ ਪਾਣੀ ਅੰਦਰ ਘਿਰੇ ਹੋਏ ਹਨ। ਦੂਰ ਦੁਰਾਡੇ ਤੋਂ ਦਾਨੀ ਸੱਜਣਾਂ ਵੱਲੋਂ ਪਰਿਵਾਰਕ ਮੈਂਬਰਾਂ ਲਈ ਰਸੋਈ ਦਾ ਰਾਸ਼ਨ ਅਤੇ ਪਸ਼ੂਆਂ ਲਈ ਫੀਡ ਅਤੇ ਅਚਾਰ ਵਗੈਰਾ ਮੁਹੱਈਆ ਕਰਾਇਆ ਜਾ ਰਿਹਾ ਹੈ। ਇਸੇ ਤਹਿਤ ਅੱਜ ਜ਼ਿਲ੍ਹਾ$ ਫਰੀਦਕੋਟ ਤੋਂ ਨੌਜਵਾਨ ਦੀਪ ਸਿੱਧੂ ਤੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਬੈਨਰ ਹੇਠ ਰਾਹਤ ਸਮੱਗਰੀ ਦੀਆਂ ਟਰਾਲੀਆਂ ਜਿਨਾਂ ਵਿੱਚ ਤੂੜੀ, ਫਰਨੈਲ ਪਸ਼ੂਆਂ ਦੀਆਂ ਦਵਾਈਆਂ, ਮੱਛਰਦਾਨੀਆਂ ਅਤੇ ਪਾਣੀ ਦੀਆਂ ਬੋਤਲਾਂ ਲੈ ਕੇ ਪਿੰਡ ਰੁਕਣੇ ਵਾਲਾ ਘਾਟ ਤੇ ਪਹੁੰਚੇ। ਫਰੀਦਕੋਟ ਤੋਂ ਆਏ ਨੌਜਵਾਨਾਂ ਨੇ ਕਿਹਾ ਕਿ ਅਸੀਂ ਆਪਣੇ ਹੜ ਪੀੜਤ ਭਰਾਵਾਂ ਦੀ ਮਦਦ ਕਰਨ ਪੱਖੋਂ ਕੋਈ ਕਸਰ ਬਾਕੀ ਨਹੀਂ ਛੱਡਾਂਗੇ। ਇਸ ਮੌਕੇ ਰਾਹਤ ਸਮੱਗਰੀ ਲੈ ਕੇ ਆਉਣ ਵਾਲਿਆਂ ਵਿੱਚ ਦਵਿੰਦਰ ਸਿੰਘ, ਕਸ਼ਮੀਰ ਸਿੰਘ, ਗੁਰਸੇਵਕ ਸਿੰਘ, ਹਰਮਨਦੀਪ ਸਿੰਘ, ਖੁਸ਼ਵਿੰਦਰ ਭੱਟੂ, ਗੁਰਪ੍ਰੀਤ ਸਿੰਘ ਜਗਜੀਤ ਸਿੰਘ ਜੱਗਾ, ਕੁਲਵੰਤ ਸਿੰਘ, ਅਮਰਜੀਤ ਸਿੰਘ, ਇਕਬਾਲ ਸਿੰਘ ਬਾਬਲਾ ਬਾਹੜ ਵਾਲਿਆਂ ਲੱਕੀ, ਬੂਟਾ ਸਿੰਘ, ਬਲਵਿੰਦਰ ਸਿੰਘ, ਕੀਰਤ ਸਿੰਘ ਬਾਹੜ ਵਾਲਿਆ ਲਖਵੀਰ ਸਿੰਘ, ਗੁਰਚਰਨ ਸਿੰਘ, ਜੱਗਾ ਡੌਨੀ, ਗੁਰਵਿੰਦਾ ਸਿੰਘ,ਧਰਮ ਪਾਲ, ਆਦਿ ਹਾਜਰ ਸਨ।

# ਬਾਬਾ ਸ੍ਰੀ ਚੰਦ ਜੀ ਦਾ ਪ੍ਰਕਾਸ਼ ਦਿਹਾੜਾ ਧੂਮਧਾਮ ਨਾਲ ਮਨਾਇਆ



ਸ੍ਰੀ ਕੀਰਤਪੁਰ ਸਾਹਿਬ 1 ਸਤੰਬਰ (ਬੀ ਐਸ ਰਾਣਾ) ਉਦਾਸੀ ਸੰਪਰਦਾ ਦੇ ਮੋਢੀ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵੱਡੇ ਸਪੁੱਤਰ ਬਾਬਾ ਸ੍ਰੀ ਚੰਦ ਜੀ ਦਾ ਜਨਮ ਦਿਹਾੜਾ ਕਾਰ ਸੇਵਾ ਕਿਲਾ ਅਨੰਦਗੜ੍ਹ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੇ ਇਤਿਹਾਸਕ ਅਸਥਾਨ ਡੇਰਾ ਬਾਬਾ ਸ੍ਰੀ ਚੰਦ ਜੀ, ਗੁਰਦੁਆਰਾ ਥੜਾ ਸਾਹਿਬ ਸ੍ਰੀ ਕੀਰਤਪੁਰ ਸਾਹਿਬ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਬੜੀ ਸ਼ਰਧਾ ਅਤੇ ਧੂਮ ਧਾਮ ਨਾਲ ਮਨਾਇਆ ਗਿਆ।ਇਸ ਮੌਕੇ ਸਭ ਤੋਂ ਪਹਿਲਾਂ ਪਿਛਲੇ ਦਿਨ ਤੋਂ ਆਰੰਭ ਹੋਏ 25 ਸ੍ਰੀ ਅਖੰਡ ਪਾਠ ਸਾਹਿਬ ਦੀ ਤੀਸਰੀ ਲੜੀ ਦੇ ਭੋਗ ਪਾਏ ਗਏ।ਉਪਰੰਤ ਧਾਰਮਿਕ ਦੀਵਾਨ ਸਜਾਇਆ ਗਿਆ ਜਿਸ ਵਿੱਚ ਵੱਖ ਵੱਖ ਰਾਗੀ, ਢਾਡੀ, ਕਵੀਸਰੀ, ਕਥਾ ਵਾਚਕਾਂ ਆਦਿ ਵੱਲੋਂ ਕੀਰਤਨ, ਵਾਰਾਂ, ਕਥਾ ਰਾਹੀਂ ਸੰਗਤ ਨੂੰ ਨਿਹਾਲ ਕੀਤਾ ਗਿਆ।ਇਸ ਮੌਕੇ ਸਥਾਨਕ ਸੰਗਤ ਤੋਂ ਇਲਾਵਾ ਪੰਜਾਬ ਦੇ ਕੋਨੇ ਕੋਨੇ ਤੋਂ ਹਜ਼ਾਰਾਂ ਦੀ ਤਾਦਾਦ ਵਿੱਚ ਸੰਗਤਾਂ ਡੇਰਾ ਬਾਬਾ ਸ੍ਰੀ ਚੰਦ ਜੀ ਸ੍ਰੀ ਕੀਰਤਪੁਰ ਸਾਹਿਬ ਵਿਖੇ ਪੁੱਜੀਆਂ ਹੋਈਆਂ ਸਨ। ਇਸ ਮੌਕੇ ਸੰਗਤਾਂ ਨੇ ਬਾਬਾ ਸ੍ਰੀ ਚੰਦ ਜੀ ਦੇ ਪਵਿੱਤਰ ਧੂਣੇ ਤੇ ਮੱਥਾ ਟੇਕਿਆ ਅਤੇ ਪ੍ਰਸ਼ਾਦ ਪ੍ਰਾਪਤ ਕੀਤਾ। ਸੰਗਤ ਦੀ ਸਹੂਲਤ ਲਈ ਪਿਛਲੇ ਦਿਨ ਤੋਂ ਹੀ ਗੁਰੂ ਦਾ ਲੰਗਰ ਅਤੁੱਟ ਵਰਤ ਰਿਹਾ ਸੀ ਅੱਜ ਸਮਾਗਮ ਦੌਰਾਨ ਸੰਗਤ ਨੂੰ ਦੇਸੀ ਘੀ ਦੀਆਂ ਜਲੇਬੀਆਂ, ਖੀਰ ਆਦਿ ਪਕਵਾਨ ਲੰਗਰ ਵਿੱਚ ਪਰੋਸੇ ਗਏ। ਇਸ ਮੌਕੇ ਕਾਰ ਸੇਵਾ ਕਿਲਾ ਅਨੰਦਗੜ੍ਹ ਸਾਹਿਬ ਦੇ ਮੁੱਖ ਪ੍ਰਬੰਧਕ ਸੰਤ ਬਾਬਾ ਸੁੱਚਾ ਸਿੰਘ ਜੀ ਵੱਲੋਂ ਇਸ ਧਾਰਮਿਕ ਸਮਾਗਮ ਲਈ ਸਹਿਯੋਗ ਦੇਣ ਵਾਲੀਆਂ ਸ਼ਖਸੀਅਤਾਂ ਨੂੰ ਕਾਲੀਆਂ ਲੋਈਆਂ ਅਤੇ ਭਗਵੇਂ ਰੰਗ ਦੇ ਸਿਰੋਪਾ ਸਾਹਿਬ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਹਾਜ਼ਰ ਸੰਗਤ ਵਿੱਚ ਕਾਰ ਸੇਵਾ ਕਿਲਾ ਅਨੰਦਗੜ ਸਾਹਿਬ ਦੇ ਮੁੱਖ ਪ੍ਰਬੰਧਕ ਸੰਤ ਬਾਬਾ ਸੁੱਚਾ ਸਿੰਘ ਜੀ ਤੋਂ ਇਲਾਵਾ ਬਾਬਾ ਪ੍ਰੇਮ ਸਿੰਘ ਭਲੜੀ, ਬਾਬਾ ਹੀਰਾ ਸਿੰਘ,ਬਾਬਾ ਹਰਦੀਪ ਸਿੰਘ ਫੌਜੀ, ਵਿਜੇ ਬਜਾਜ, ਗੁਰਮੀਤ ਸਿੰਘ ਨੱਥੇਵਾਲ,ਬੀਬੀ ਪਰਮਜੀਤ ਕੌਰ ਨੱਥੇਵਾਲ, ਬਾਬਾ ਅਵਤਾਰ ਸਿੰਘ ਹਰਖੋਵਾਲ ਟਿੱਬੀ ਸਾਹਿਬ , ਰਜਿੰਦਰ ਸਿੰਘ ਬੇਦੀ ਕੀਰਤਪੁਰ ਸਾਹਿਬ,ਬਾਬਾ ਗੁਰਚਰਨ ਸਿੰਘ ,ਬਾਬਾ ਬਖਤਿਆਰ ਸਿੰਘ ਮੁੱਖਾ, ਬਾਬਾ ਦਰਸ਼ਨ ਸਿੰਘ, ਬਲਬੀਰ ਸਿੰਘ ਆਦਿ ਸਮੇਤ ਭਾਰੀ ਤਦਾਦ ਵਿੱਚ ਸੰਗਤਾਂ ਹਾਜ਼ਰ ਸਨ।

# ਹੜ ਪੀੜਤਾਂ ਦੀ ਮਦਦ ਦੇ ਲਈ ਅੱਗੇ ਵਧ ਕੇ ਸੇਵਾ ਨਿਭਾ ਰਹੇ ਕਾਰ ਸੇਵਾ ਸਰਹਾਲੀ ਸਾਹਿਬ ਦੇ ਸੇਵਾਦਾਰ



ਬਾਬਾ ਬਕਾਲਾ ਸਾਹਿਬ):1 ਸਤੰਬਰ-(ਬਲਰਾਜ ਸਿੰਘ)ਪੰਜਾਬ ਦਾ ਖਾਸ ਕਰ ਮਾਝਾ ਖੇਤਰ ਇਸ ਸਮੇਂ ਰਾਵੀ ਦਰਿਆ ਵਿੱਚ ਆਏ ਬੇਹਦ ਪਾਣੀ ਦੀ ਮਾਰ ਕਾਰਨ ਹੜਾਂ ਦੀ ਮਾਰ ਝੱਲ ਰਿਹਾ ਹੈ।ਅਜਿਹੇ ਹਾਲਾਤਾਂ ਦੇ ਵਿੱਚ ਜਿੱਥੇ ਕਈ ਦਰਜਨਾਂ ਪਿੰਡ ਇਹਨਾਂ ਹੜਾਂ ਦੇ ਕਾਰਨ ਪ੍ਰਭਾਵਿਤ ਹੋਏ ਹਨ ਅਤੇ ਹੁਣ ਹਾਲਾਤ ਅਜਿਹੇ ਹਨ ਕਿ ਬੇਹੱਦ ਨੁਕਸਾਨ ਝੱਲ ਰਹੇ ਇਹਨਾਂ ਪਰਿਵਾਰਾਂ ਦੇ ਨਾਲ ਆਪਣੇ ਪਰਿਵਾਰ ਵਾਂਗ ਖੜਨ ਦੀ ਲੋੜ ਹੈ।।ਇਸੇ ਦੇ ਚਲਦੇ ਹੋਏ ਜਿੱਥੇ ਪ੍ਰਸ਼ਾਸਨ ਵੱਲੋਂ ਅੰਮ੍ਰਿਤਸਰ ਗੁਰਦਾਸਪੁਰ ਪਠਾਨਕੋਟ ਦੇ ਅਧੀਨ ਆਉਂਦੇ ਵੱਖ-ਵੱਖ ਹੜ ਪ੍ਰਭਾਵਿਤ ਖੇਤਰਾਂ ਦੇ ਵਿੱਚ ਮਦਦ ਕੀਤੀ ਜਾ ਰਹੀ ਹੈ। ਉੱਥੇ ਹੀ ਸਮਾਜ ਸੇਵੀ ਸੰਸਥਾਵਾਂ ਸਿਆਸੀ ਪਾਰਟੀਆਂ ਦੇ ਵਲੰਟੀਅਰਾਂ ਤੋਂ ਇਲਾਵਾ ਕਾਰ ਸੇਵਾ ਸਰਹਾਲੀ ਸਾਹਿਬ ਤੋਂ ਸ਼੍ਰੀਮਾਨ ਸੰਤ ਬਾਬਾ ਤਾਰਾ ਸਿੰਘ ਜੀ, ਚਰਨ ਸੇਵਕ ਸੰਤ ਬਾਬਾ ਘੋਲਾ ਸਿੰਘ ਅਤੇ ਮੁੱਖ ਸੇਵਾਦਾਰ ਜਥੇਦਾਰ ਬਾਬਾ ਗੁਰਨਾਮ ਸਿੰਘ ਜੀ ਦੀ ਅਗਵਾਈ ਹੇਠ ਸੇਵਾਦਾਰਾਂ ਦੇ ਵੱਖ-ਵੱਖ ਜਥਿਆਂ ਵੱਲੋਂ ਡੇਰਾ ਬਾਬਾ ਨਾਨਕ ਤੋਂ ਇਲਾਵਾ ਨਜ਼ਦੀਕੀ ਪਿੰਡਾਂ ਦੇ ਵਿੱਚ ਪੀਣ ਯੋਗ ਪਾਣੀ ਦੀ ਸੇਵਾ ਕੀਤੀ ਜਾ ਰਹੀ ਹੈ।।ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦੇ ਹੋਏ ਸੇਵਾਦਾਰ ਰੇਸ਼ਮ ਸਿੰਘ ਨੇ ਦੱਸਿਆ ਕਿ ਕਾਰ ਸੇਵਾ ਸਰਹਾਲੀ ਸਾਹਿਬ ਵੱਲੋਂ ਸੇਵਾ ਦੇ ਤੌਰ ਉੱਤੇ ਪੀਣ ਯੋਗ ਪਾਣੀ ਦੀਆਂ ਭਰੀਆਂ ਤਿੰਨ ਗੱਡੀਆਂ ਡੇਰਾ ਬਾਬਾ ਨਾਨਕ ਵਿੱਚ ਵਰਤਾਈਆਂ ਗਈਆਂ ਹਨ। ਉਹਨਾਂ ਦੱਸਿਆ ਕਿ ਹੜਾਂ ਦੀ ਮਾਰ ਕਾਰਨ ਦਰਜਨਾਂ ਪਿੰਡਾਂ ਦੇ ਲੋਕ ਲੋੜੀਂਦੀਆਂ ਕਈ ਸਹੂਲਤਾਂ ਤੋਂ ਵਾਂਝੇ ਹੋ ਜਾਣ ਕਾਰਨ ਬੇਹੱਦ ਪਰੇਸ਼ਾਨ ਨਜ਼ਰ ਆ ਰਹੇ ਹਨਗੱਲਬਾਤ ਦੌਰਾਨ ਉਨਾਂ ਦੇਸ਼ ਵਿਦੇਸ਼ ਦੇ ਵਿੱਚ ਵੱਸਦੀਆਂ ਸੰਗਤਾਂ ਨੂੰ ਅਪੀਲ ਕੀਤੀ ਹੈ ਕਿ ਦੁੱਖ ਦੀ ਇਸ ਘੜੀ ਦੇ ਵਿੱਚ ਸਾਨੂੰ ਆਪਣੇ ਇਸ ਹੜ ਪ੍ਰਭਾਵਿਤ ਖੇਤਰਾਂ ਵਿੱਚ ਰਹਿੰਦੇ ਪਰਿਵਾਰਾਂ ਨਾਲ ਮੋਢੇ ਨਾਲ ਮੋਢਾ ਲਾ ਕੇ ਖੜਨ ਦੀ ਲੋੜ ਹੈ। ਉਹਨਾਂ ਕਿਹਾ ਕੀ ਜਦ ਤੱਕ ਪਾਣੀ ਉਤਰਦਾ ਨਹੀਂ ਉਦੋਂ ਤੱਕ ਖਾਣ ਪੀਣ ਦੀ ਸਮਗਰੀ ਅਤੇ ਉਸ ਤੋਂ ਬਾਅਦ ਇਹਨਾਂ ਪਰਿਵਾਰਾਂ ਦੇ ਮੁੜ ਵਸੇਬੇ ਲਈ ਜਮੀਨਾਂ ਨੂੰ ਪੱਧਰਾ ਕਰਨ, ਰੇਤਾ ਨੂੰ ਹਟਾਉਣ ਅਤੇ ਫਸਲਾਂ ਨਾ ਹੋਣ ਤੱਕ ਇਹਨਾਂ ਦੇ ਦੁੱਖ ਵਿੱਚ ਖੜਨ ਦੀ ਲੋੜ ਹੈ। ਜਿਸ ਲਈ ਲੋਕ ਖੁਦ ਇਹਨਾਂ ਪਿੰਡਾਂ ਦਾ ਦੌਰਾ ਕਰਨ ਅਤੇ ਪ੍ਰਭਾਵਿਤ ਪਿੰਡਾਂ ਦੇ ਲੋਕਾਂ ਦੀ ਮਦਦ ਕਰਨ ਦੇ ਲਈ ਜਮੀਨੀ ਪੱਧਰ ਤੇ ਆਣ ਕੇ ਇਹ ਸੱਚੀ ਸੇਵਾ ਕਰਨ।।ਇਸ ਮੌਕੇ ਬਾਬਾ ਰੇਸ਼ਮ ਸਿੰਘ ਅਤੇ ਬਾਬਾ ਅਵਤਾਰ ਸਿੰਘ ਨੇ ਆਪਣੇ ਮੋਬਾਈਲ ਨੰਬਰ ਵੀ ਦਿੱਤੇ ਤਾਂ ਜੋਂ ਪਰਿਵਾਰ ਓਹਨਾਂ ਨਾਲ਼ ਸੰਪਰਕ ਕਰ ਸਕਣ ਪਸ਼ੂਆਂ ਵਾਸਤੇ ਚਾਰਾ, ਤੂੜੀ, ਅਤੇ ਚੋਕਰ ਆਦਿ ਲਈ ਮੋਬਾਈਲ ਨੰਬਰ 6284545871,9815130153ਇਸ ਮੌਕੇ ਸੇਵਾਦਾਰ ਸਾਬਕਾ ਸਰਪੰਚ ਜਗਤਾਰ ਸਿੰਘ ਗਗਨਭਾਣਾ, ਰਣਜੀਤ ਸਿੰਘ ਕੰਮੋਕੇ, ਹੈਪੀ ਸ਼ਾਹ ਭਲੋਜਲਾ, ਪਪਾ ਸ਼ਾਹ ਸਠਿਆਲਾ ਆਦਿ ਹਾਜ਼ਰ ਸਨ

# ਪ੍ਰਾਚੀਨ ਸ਼ਿਵ ਮੰਦਿਰ 'ਚ ਸ਼੍ਰੀ ਰਾਧਾ ਅਸ਼ਟਮੀ ਦਾ ਉਤਸਵ ਮਨਾਇਆ



ਲੋਹੀਆਂ ਖਾਸ, 1 ਸਤੰਬਰ (ਸਬਪ੍ਰੀਤ ਸਿੰਘ) : ਬ੍ਰਹਮਲੀਨ ਮਹੰਤ ਸ਼੍ਰੀ ਸ਼ਾਂਤੀ ਗਿਰੀ ਜੀ ਮਹਾਰਾਜ ਜੀ, ਬ੍ਰਹਮਲੀਨ ਮਹੰਤ ਸ਼੍ਰੀ ਰਵਿੰਦਰਾ ਗਿਰੀ ਜੀ ਮਹਾਰਾਜ ਜੀ ਦੀ ਅਪਾਰ ਕਿਰਪਾ ਨਾਲ ਅਤੇ ਪ੍ਰਾਚੀਨ ਸ਼ਿਵ ਮੰਦਿਰ ਲੋਹੀਆਂ ਖਾਸ ਦੇ ਗੱਦੀਨਸ਼ੀਨ ਸ਼੍ਰੀ 1008 ਮਹਾਂ ਮੰਡਲੇਸ਼ਵਰ ਮਹੰਤ ਸ਼੍ਰੀ ਸ਼ਿਪਰਾ ਗਿਰੀ ਜੀ ਮਹਾਰਾਜ ਜੀ ਦੇ ਆਸ਼ੀਰਵਾਦ ਤੇ ਅਗਵਾਈ ਹੇਠ ਸ਼੍ਰੀ ਰਾਧਾ ਅਸ਼ਟਮੀ ਦਾ ਉਤਸਵ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਪ੍ਰਾਚੀਨ ਸ਼ਿਵ ਮੰਦਿਰ ਵਿੱਚ ਸ਼੍ਰੀ ਰਾਧਾ ਰਾਣੀ ਜੀ ਦਾ ਗੁਣਗਾਨ ਜਲੰਧਰ ਤੋਂ ਆਏ ਭਜਨ ਗਾਇਕ ਸ਼੍ਰੀ ਅੰਗਦ ਜੀ ਵੱਲੋਂ ਕੀਤਾ ਗਿਆ। ਇਸ ਮੌਕੇ ਭਾਰੀ ਬਾਰਿਸ਼ ਪੈਣ ਬਾਵਜੂਦ ਵੀ ਮੰਦਿਰ ਵਿੱਚ ਸ਼੍ਰੀ ਰਾਧਾ ਅਸ਼ਟਮੀ ਮਨਾਏ ਜਾਣ ਤੇ ਸੰਗਤਾਂ ਵਿੱਚ ਬੜਾ ਉਤਸਾਹ ਸੀ ਅਤੇ ਸੰਗਤਾਂ ਵੱਡੀ ਗਿਣਤੀ ਚ ਮੰਦਿਰ ਵਿੱਚ ਪਹੁੰਚੀਆਂ।ਇਸ ਮੌਕੇ ਤੇ ਸ਼੍ਰੀ 1008 ਮਹਾਂ ਮੰਡਲੇਸ਼ਵਰ ਮਹੰਤ ਸ਼੍ਰੀ ਸ਼ਿਪਰਾ ਗਿਰੀ ਜੀ ਮਹਾਰਾਜ ਵੱਲੋਂ ਸ਼੍ਰੀ ਰਾਧਾ ਅਸ਼ਟਮੀ ਮੌਕੇ ਸੰਗਤਾਂ ਨੂੰ ਵਧਾਈ ਦਿੱਤੀ। ਇਸ ਮੌਕੇ ਮਹੰਤ ਸ਼੍ਰੀ ਗੋਪਾਲ ਗਿਰੀ ਜੀ, ਮਹੰਤ ਅਨੁਰਧ ਗਿਰੀ ਜੀ , ਪੰਡਿਤ ਪਾਰਸ , ਧਰਮ ਰਾਜ,ਦਿਨੇਸ਼ ਗੁਪਤਾ , ਸੰਜੀਵ ਕੁਮਾਰ ਕੰਡਾ, ਬੋਬੀ ਕੰਡਾ, ਕਮਲ ਸ਼ਰਮਾ, ਪ੍ਰੇਮ ਕੁਮਾਰ ਸੱਦੀ, ਖਜਾਨਚੀ ਦਾਸ, ਪ੍ਰਸ਼ੋਤਮ ਲਾਲ ਗੁਪਤਾ, ਸੰਤੋਖ ਸਿੰਘ, ਰਕੇਸ਼ ਟਾਰਗਟ, ਰਵੀ ਸ਼ੰਕਰ, ਗੌਰਵ ਗੁਪਤਾ, ਲੱਕੀ ਮਤਗੀ, ਕਪਿਲ ਕਵੀ, ਪ੍ਰਦੀਪ ਮਹਿਤਾ, ਯੋਗੇਸ਼ਵਰ, ਨਰਿੰਦਰ ਕਾਲੀਆ, ਹਨੀ ਸ਼ਰਮਾ, ਵਿਪਨ, ਅਨਿਲ ਕੌਸ਼ਲ , ਰਾਜੇਸ਼ ਗੁਪਤਾ ਰਾਜੂ, ਵਿੱਕੀ ਗੁਪਤਾ, ਅਮਿਤ ਰੱਤਾਂ, ਸਾਹਿਲ ਸ਼ਰਮਾ, ਰਿਤੀਸ਼ ਗੁਪਤਾ ਸਮੇਤ ਆਦਿ ਸੇਵਾਦਾਰ ਤੇ ਵੱਡੀ ਗਿਣਤੀ ਵਿੱਚ ਸੰਗਤ ਹਾਜ਼ਰ ਸੀ।

# ਹੜ੍ਹਾਂ ਨਾਲ ਨਜਿੱਠਣ ਲਈ ਹਰਜੋਤ ਬੈਂਸ ਨੇ ਹਲਕੇ ਦਾ ਖੁਦ ਸੰਭਾਲਿਆ ਮੋਰਚਾ



ਸ੍ਰੀ ਅਨੰਦਪੁਰ ਸਾਹਿਬ 1 ਸਤੰਬਰ (ਤਰਲੋਚਨ ਸਿੰਘ)ਆਪਣੇ ਵਿਧਾਨ ਸਭਾ ਹਲਕੇ ਵਿੱਚ ਹੜ੍ਹਾਂ ਵਰਗੇ ਹਾਲਾਤ ਨਾਲ ਨਜਿੱਠਣ ਲਈ ਕੈਬਨਿਟ ਮੰਤਰੀ ਹਰਜੋਤ ਬੈਂਸ ਨੇ ਖੁੱਦ ਮੋਰਚਾ ਸੰਭਾਲ ਲਿਆ ਹੈ। ਉਨ੍ਹਾਂ ਵੱਲੋਂ ਨਹਿਰਾਂ, ਦਰਿਆਵਾ ਦੇ ਕਿਨਾਰਿਆਂ ਦੇ ਬੰਨਾਂ ਵਿਚ ਆਈਆਂ ਦਰਾਰਾ ਤੇ ਕਟਾਣ ਭਰਨ ਦਾ ਕੰਮ ਪ੍ਰਸ਼ਾਸ਼ਨ ਆਪ ਵਲੰਟੀਅਰਾਂ, ਸਥਾਨਕ ਵਾਸੀਆਂ ਤੇ ਕਾਰ ਸੇਵਾ ਵਾਲਿਆਂ ਦੇ ਸਹਿਯੋਗ ਨਾਲ ਜੋਰਾ ਸ਼ੋਰਾ ਨਾਲ ਕੀਤਾ ਜਾ ਰਿਹਾ ਹੈ। ਸ.ਬੈਂਸ ਵੱਲੋਂ ਖੁੱਦ ਕਮਾਂਡ ਸੰਭਾਲੀ ਹੋਈ ਹੈ ਅਤੇ ਉਹ ਖੁੱਦ ਇਨ੍ਹਾਂ ਰਾਹਤ ਤੇ ਬਚਾਅ ਕਾਰਜਾਂ ਵਿੱਚ ਲੱਗੇ ਨਜ਼ਰ ਆ ਰਹੇ ਹਨ। ਅੱਜ ਤੜਕੇ ਝਿੰਜੜੀ/ ਮੀਢਵਾ ਵਿਖੇ ਨੰਗਲ ਹਾਈਡਲ ਚੈਨਲ ਨਹਿਰ ਵਿੱਚ ਆਈ ਦਰਾੜ ਦੀ ਸੂਚਨਾ ਮਿਲਦੇ ਹੀ, ਸ.ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਆਪਣੇ ਸਾਥੀਆਂ ਸਮੇਤ ਮੌਕੇ ਤੇ ਪਹੁੰਚੇ। ਪ੍ਰਸਾਸ਼ਨ ਅਤੇ ਪੁਲਿਸ ਅਧਿਕਾਰੀ, ਡਿਪਟੀ ਕਮਿਸ਼ਨਰ ਸ੍ਰੀ ਵਰਜੀਤ ਵਾਲੀਆ, ਐਸ.ਐਸ.ਪੀ ਗੁਲਨੀਤ ਸਿੰਘ ਖੁਰਾਨਾ, ਵਧੀਕ ਡਿਪਟੀ ਕਮਿਸ਼ਨਰ ਚੰਦਰਜਯੋਤੀ ਸਿੰਘ, ਐਸ.ਡੀ.ਐਮ ਜਸਪ੍ਰੀਤ ਸਿੰਘ, ਡੀ.ਐਸ.ਪੀ ਅਜੇ ਸਿੰਘ ਸਮੇਤ ਵੱਖ ਵੱਖ ਵਿਭਾਗਾ ਦੇ ਅਧਿਕਾਰੀ ਤੁਰੰਤ ਮੌਕੇ ਤੇ ਪਹੁੰਚੇ। ਸੋਸ਼ਲ ਮੀਡੀਆ ਤੇ ਇਹ ਜਾਣਕਾਰੀ ਲੋਕਾਂ ਤੱਕ ਤੇਜ਼ੀ ਨਾਲ ਪਹੁੰਚੀ ਅਤੇ ਆਪ ਵਲੰਟੀਅਰ, ਇਲਾਕਾ ਵਾਸੀ ਅਤੇ ਕਿਲ੍ਹਾ ਅਨੰਦਗੜ੍ਹ ਸਾਹਿਬ ਕਾਰ ਸੇਵਾ ਵਾਲੇ ਬਾਬਾ ਸਤਨਾਮ ਸਿੰਘ ਆਪਣੇ ਸੇਵਾਦਾਰਾਂ ਸਮੇਤ ਇਸ ਸਥਾਨ ਤੇ ਪਹੁੰਚੇ ਅਤੇ ਜੇ.ਸੀ.ਵੀ ਮਸ਼ੀਨਾਂ, ਟਰੈਕਟਰ, ਟਰਾਲੀਆਂ ਦੇ ਨਾਲ ਪਏ ਪਾੜ ਨੂੰ ਪੂਰਨਾ ਸ਼ੁਰੂ ਕਰ ਦਿੱਤਾ, ਜਿਸ ਵਿਚ ਸ.ਹਰਜੋਤ ਸਿੰਘ ਬੈਂਸ ਟਰੈਕਟਰ, ਟਰਾਲੀਆਂ ਤੋਂ ਲਿਆਦੀ ਜਾ ਰਹੀ ਮਿੱਟੀ, ਤਰਪਾਲਾ ਅਤੇ ਬੋਰੇ ਭਰ ਕੇ ਇਸ ਕਟਾਨ ਨੂੰ ਬੰਦ ਕਰਨ ਵਿੱਚ ਲੱਗੇ ਨਜ਼ਰ ਆਏ। ਸ.ਬੈਂਸ ਦਾ ਜੋਸ਼ ਅਤੇ ਉਨ੍ਹਾਂ ਦੀ ਸੇਵਾ ਦੀ ਭਾਵਨਾ ਦੇਖ ਕੇ ਸੈਂਕੜੇ ਲੋਕ ਇਕੱਠੇ ਹੋ ਗਏ, ਜਿਸ ਨਾਲ ਲੋੜੀਦਾ ਸਮਾਨ ਵੀ ਲਿਆਦਾ ਗਿਆ। ਤਰਪਾਲਾ ਅਤੇ ਬੋਰੀਆਂ ਨਾਲ ਕੰਮ ਸ਼ੁਰੂ ਕਰਵਾਇਆ ਅਤੇ ਘੰਟਿਆ ਬੱਧੀ ਸ.ਹਰਜੋਤ ਸਿੰਘ ਬੈਂਸ ਇਸ ਸਥਾਨ ਤੇ ਮੌਜੂਦ ਨਜ਼ਰ ਆਏ। ਉਨ੍ਹਾਂ ਵੱਲੋਂ ਆਪਣੇ ਹਲਕੇ ਦੇ ਵੱਖ ਵੱਖ ਖੇਤਰਾਂ ਜਿਲ੍ਹਾ ਰੂਪਨਗਰ ਅਤੇ ਪੰਜਾਬ ਦੇ ਖੇਤਰਾਂ ਵਿੱਚ ਅੱਜ ਹੋਈ ਮੁਸਲਾਧਾਰ ਬਾਰਿਸ਼ ਨਾਲ ਹੋਏ ਪ੍ਰਭਾਵਿਤ ਇਲਾਕਿਆਂ ਦੀ ਪਲ ਪਲ ਦੀ ਜਾਣਕਾਰੀ ਲਈ ਜਾ ਰਹੀ ਸੀ। ਇਸ ਮੌਕੇ ਸ.ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਨੇ ਕਿਹਾ ਕਿ ਅਸੀ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਹੈ ਕਿ ਉਹ ਸਾਡੇ ਤੇ ਮਿਹਰ ਕਰਨ ਅਗਲੇ ਦੋ ਦਿਨ ਬਹੁਤ ਹੀ ਭਾਰੀ ਬਰਸਾਤ ਵਾਲੇ ਹਨ, ਭਾਖੜਾ ਡੈਮ ਦਾ ਪੱਧਰ ਵੀ ਤੇਜ਼ੀ ਨਾਲ ਵੱਧ ਰਿਹਾ ਹੈ। ਡੈਮ ਅਤੇ ਪਹਾੜੀ ਖੇਤਰਾਂ ਵਿਚ ਤੋ ਬਾਰਿਸ਼ ਦਾ ਪਾਣੀ ਵਧਣ ਨਾਲ ਸਾਡਾ ਇਲਾਕਾ ਖਤਰੇ ਦੇ ਜੋਨ ਵਿੱਚ ਹੈ, ਭਾਵੇ ਹਾਲੇ ਤੱਕ ਕੋਈ ਜਾਨੀ ਮਾਲੀ ਤੇ ਪਸ਼ੂ ਧੰਨ ਦਾ ਨੁਕਸਾਨ ਨਹੀ ਹੋਇਆ ਹੈ, ਪ੍ਰੰਤੂ ਹੁਣ ਹਾਲਾਤ ਅਜਿਹੇ ਹਨ ਕਿ ਜੇਕਰ ਅਗਲੇ ਦੋ ਤਿੰਨ ਦਿਨ ਭਾਰੀ ਬਰਸਾਤ ਪੈਂਦੀ ਹੈ ਜਾਂ ਡੈਮ ਤੋ ਵਾਧੂ ਮਾਤਰਾ ਵਿਚ ਪਾਣੀ ਛੱਡਿਆ ਜਾਦਾ ਹੈ ਤਾਂ ਇਸ ਇਲਾਕੇ ਦਾ ਨੁਕਸਾਨ ਹੋਣ ਦਾ ਅੰਦੇਸ਼ਾ ਹੈ, ਇਸ ਲਈ ਪ੍ਰਸ਼ਾਸ਼ਨ ਦੀਆਂ ਹਦਾਇਤਾਂ ਦੀ ਪਾਲਣਾ ਕੀਤੀ ਜਾਵੇ। ਉਨ੍ਹਾਂ ਨੇ ਕਿਹਾ ਕਿ ਲੋਕ ਅਫਵਾਹਾ ਤੇ ਭਰੋਸਾ ਨਾ ਕਰਨ ,ਕਿਸੇ ਵੀ ਤਰਾਂ ਦੀ ਜਰੂਰਤ ਰਸਦ, ਡਾਕਟਰੀ ਸਹਾਇਤਾ ਜਾਂ ਕੋਈ ਹੋਰ ਸਮੱਗਰੀ ਭਾਵੇ ਪਸ਼ੂ ਚਾਰਾਂ ਜਾ ਕੋਈ ਨਿੱਜੀ ਜਰੂਰਤ ਹੋਵੇ ਅਸੀ ਆਪਣਾ ਹੈਲਪ ਲਾਈਨ ਨੰਬਰ 87279-62441 ਜਾਰੀ ਕਰ ਦਿੱਤਾ ਹੈ। ਉਨ੍ਹਾਂ ਨੇ ਕਿਹਾ ਕਿ ਮੈਂ ਖੁੱਦ ਇਸ ਇਲਾਕੇ ਵਿੱਚ ਮੋਜੂਦ ਹਾਂ ਅਤੇ ਲਗਾਤਾਰ ਹਰ ਖੇਤਰ ਦੀ ਨਿਗਰਾਨੀ ਕਰ ਰਿਹਾਂ ਹਾਂ, ਪ੍ਰਸ਼ਾਸ਼ਨ ਵੀ ਪੂਰੀ ਤਰਾਂ ਚੌਕਸ ਹੈ, ਸਾਰੇ ਅਧਿਕਾਰੀ/ਕਰਮਚਾਰੀ ਡਿਊਟੀਆ ਤੇ ਮੋਜੂਦ ਹਨ, ਸਾਡੇ ਪਾਰਟੀ ਵਲੰਟੀਅਰ, ਆਗੂ, ਸਮਾਜ ਸੇਵੀ ਸੰਗਠਨ, ਪੰਚ, ਸਰਪੰਚ, ਸਥਾਨਕ ਲੋਕ ਅਤੇ ਕਾਰ ਸੇਵਾ ਵਾਲੇ ਬਾਬਾ ਸਤਨਾਮ ਸਿੰਘ ਜੀ ਸੇਵਾ ਦੀ ਭਾਵਨਾ ਨਾਲ ਕੰਮ ਕਰ ਰਹੇ ਹਨ, ਕੁਦਰਤੀ ਆਫਦਾ ਦੀ ਸਥਿਤੀ ਹੈ ਲੋਕ ਸਹਿਯੋਗ ਦੇਣ। ਇਸ ਮੌਕੇ ਦੀਪਕ ਸੋਨੀ ਮੀਡੀਆ ਕੋਆਰਡੀਨੇਟਰ, ਕਮਿੱਕਰ ਸਿੰਘ ਹਲਕਾ ਕੋਆਰਡੀਨੇਟਰ, ਜਸਪ੍ਰੀਤ ਜੇ.ਪੀ,ਬਲਵਿੰਦਰ ਸਿੰਘ ਸਰਪੰਚ,ਜਰਮਨ, ਗੁਰਨਾਮ, ਜਰਨੈਲ ਸਿੰਘ ਸਰਪੰਚ, ਦਲੀਪ ਹੰਸ ਮੈਂਬਰ ਦਲਿਤ ਵਿਕਾਸ ਬੋਰਡ, ਰਾਕੇਸ਼ ਕੁਮਾਰ, ਕਾਕੂ ਢੇਰ, ਦਲਜੀਤ ਸਿੰਘ, ਅਮਨਦੀਪ ਸਿੰਘ, ਲਵਦੀਪ ਸਿੰਘ, ਨਰਿੰਦਰ ਸਿੰਘ, ਅਨੁਰਤ ਸ਼ਰਮਾ,ਰਾਮਪਾਲ ਕਾਹੀਵਾਲ ਤੇ ਪਿੰਡ ਵਾਸੀ ਹਾਜ਼ਰ ਸਨ।

# ਹੜ ਪ੍ਰਭਾਵਿਤ ਖੇਤਰਾਂ ਦੇ ਵਿੱਚ ਰਾਹਤ ਕਾਰਜ ਜਾਰੀ : ਡਿਪਟੀ ਕਮਿਸ਼ਨਰ

## 3400 ਤੋਂ ਵੱਧ ਹੜ ਪੀੜਤਾਂ ਨੂੰ ਕੀਤਾ ਗਿਆ ਰੈਸਕਿਊ

ਫ਼ਿਰੋਜ਼ਪੁਰ, 1 ਸਤੰਬਰ (ਤਿਵਾੜੀ) : ਸਤਲੁਜ ਦਰਿਆ ਦੇ ਪਾਣੀ ਦੀ ਮਾਰ ਹੇਠ ਆਏ ਲੋਕਾਂ ਨੂੰ ਰਾਹਤ ਮੁਹੱਈਆ ਕਰਵਾਉਣ ਦੇ ਮੱਦੇਨਜ਼ਰ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਵੱਲੋਂ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਦਿਨ ਰਾਤ ਰਾਹਤ ਕਾਰਜ ਕੀਤੇ ਜਾ ਰਹੇ ਹਨ ਅਤੇ ਲੋਕਾਂ ਨੂੰ ਰਾਹਤ ਸਮੱਗਰੀ ਨਿਰਵਿਘਨ ਮੁਹਈਆ ਕਰਵਾਈ ਜਾ ਰਹੀ ਹੈ। ਡਿਪਟੀ ਕਮਿਸ਼ਨਰ ਦੀਪਸ਼ਿਖ਼ਾ ਸ਼ਰਮਾ ਨੇ ਦੱਸਿਆ ਕਿ ਹੁਣ ਤੱਕ ਜ਼ਿਲ੍ਹੇ ਦੇ ਕਰੀਬ 112 ਪਿੰਡਾਂ ਦੇ 28,240 ਲੋਕ ਹੜ ਨਾਲ ਪ੍ਰਭਾਵਿਤ ਹੋਏ ਹਨ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਆਰਮੀ, ਐਨਡੀਆਰਐਫ, ਬੀਐਸਐਫ ਅਤੇ ਪੰਜਾਬ ਪੁਲਿਸ ਦੇ ਸਹਿਯੋਗ ਦੇ ਨਾਲ 3410 ਹੜ ਪੀੜਤਾਂ ਨੂੰ ਰੈਸਕਿਊ ਕਰਕੇ ਪਾਣੀ ਵਿੱਚੋਂ ਬਾਹਰ ਕੱਢਿਆ ਗਿਆ ਹੈ । ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਬਣਾਏ ਗਏ ਵੱਖ-ਵੱਖ ਰਾਹਤ ਕੈਂਪਾਂ ਵਿੱਚ ਰਹਿ ਰਹੇ ਲੋਕਾਂ ਨੂੰ ਹਰ ਲੋੜੀਂਦੀ ਸੁਵਿਧਾ ਮੁਹਈਆ ਕਰਵਾਈ ਜਾ ਰਹੀ ਹੈ। ਇਸ ਤੋਂ ਇਲਾਵਾ ਹੜ ਪ੍ਰਭਾਵਿਤਾਂ ਨੂੰ ਸੁੱਕਾ ਰਾਸ਼ਨ ਅਤੇ ਪਸ਼ੂਆਂ ਲਈ ਚਾਰਾ ਵੀ ਮੁਹੱਈਆ ਕਰਵਾਇਆ ਗਿਆ ਹੈ। ਡਿਪਟੀ ਕਮਿਸ਼ਨਰ ਦੀਪਸ਼ਿਖ਼ਾ ਸ਼ਰਮਾ ਨੇ ਦੱਸਿਆ ਕਿ ਪਿੰਡ ਹਬੀਬ ਕੇ ਵਿਖੇ 10 ਲਾਈਫ ਜੈਕਟਾਂ ਸਮੇਤ 01 ਬੋਟ ਦੀ ਜ਼ਰੂਰਤ ਸੀ, ਜੋ ਮੌਕੇ ਤੇ ਮੁਹੱਈਆ ਕਰਵਾਈ ਗਈ ਹੈ।ਸਰਕਾਰੀ ਸਕੂਲ ਬਾਰੇ ਕੇ ਵਿਖੇ ਬਣਾਏ ਗਏ ਰਾਹਤ ਕੈਂਪ ਵਿੱਚ ਰੱਖੇ ਗਏ 250 ਤੋਂ ਵੱਧ ਹੜ੍ਹ ਪੀੜਤਾਂ ਨੂੰ ਨਾਸ਼ਤਾ, ਦੁਪਹਿਰ ਤੇ ਰਾਤ ਦਾ ਖਾਣਾ ਮੁਹੱਈਆ ਕਰਵਾਇਆ ਜਾ ਰਿਹਾ ਹੈ ਅਤੇ ਇਸੇ ਜਗ੍ਹਾਂ ਤੇ ਸਿਹਤ ਵਿਭਾਗ ਵੱਲੋਂ ਇੱਕ ਮੈਡੀਕਲ ਕੈਂਪ ਵੀ ਲਗਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਜੇਕਰ ਹੋਰ ਬਾਰਿਸ਼ ਹੁੰਦੀ ਹੈ ਤਾਂ ਇਸ ਸਬੰਧੀ ਅਧਿਕਾਰੀਆਂ ਨੂੰ ਸੁਚੇਤ ਰਹਿਣ ਲਈ ਕਿਹਾ ਗਿਆ ਹੈ ਅਤੇ ਪਿੰਡ ਵਾਸੀਆਂ ਦੀ ਜ਼ਰੂਰਤ ਅਨੁਸਾਰ ਹਰ ਸਹਾਇਤਾ ਮੁਹੱਈਆ ਕਰਵਾਉਣ ਦੇ ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਦੱਸਿਆ ਕਿ ਹੜ੍ਹ ਪ੍ਰਭਾਵਿਤ ਖੇਤਰਾਂ ਵਿਚ ਕੰਮ ਕਰ ਰਹੇ ਅਧਿਕਾਰੀਆਂ/ ਕਰਮਚਾਰੀਆਂ ਨੂੰ ਕੱਪੜੇ, ਚਾਦਰਾਂ, ਸੈਨੇਟਰੀ ਨੈਪਕਿਨ ਸਮੇਤ ਹਰ ਤਰ੍ਹਾਂ ਦਾ ਜ਼ਰੂਰੀ ਸਮਾਨ ਮੁਹੱਈਆ ਕਰਵਾਉਣ ਲਈ ਕਿਹਾ ਗਿਆ ਹੈ। ਪਿੰਡ ਰੁਕਣੇ ਵਾਲਾ ਅਤੇ ਮਹਿਮੂਦ ਵਾਲਾ ਵਿਖੇ ਬੰਨ ਤੇ 50-50 ਕੁਅੰਟਲ ਮੱਕੀ ਦਾ ਆਚਾਰ ਮੁਹੱਈਆ ਕਰਵਾਇਆ ਗਿਆ ਹੈ। ਪਿੰਡ ਬੱਗੇ ਵਾਲਾ, ਫੱਤੇ ਵਾਲਾ, ਨਿਹਾਲਾ ਲਵੇਰਾ, ਜੱਲੋ ਕੇ ਅਤੇ ਫਤਿਹਗੜ੍ਹ ਸਭਰਾਵਾ ਵਿਖੇ ਰਾਹਤ ਮੈਡੀਕਲ ਕੈਂਪ ਲਗਾਏ ਗਏ ਹਨ। ਰੁਕਨੇ ਵਾਲਾ ਵਿਖੇ ਗੱਟੇ ਲਗਾ ਕੇ ਬੰਨ ਨੂੰ ਹੋਰ ਮਜ਼ਬੂਤ ਕੀਤਾ ਗਿਆ ਤਾਂ ਜੋ ਪਾਣੀ ਪਿੰਡ ਵਿੱਚ ਦਾਖਲ ਨਾ ਹੋ ਸਕੇ।ਮੱਖੂ ਨਹਿਰ ਤੋਂ ਪਾਣੀ ਕੱਢਿਆ ਗਿਆ ਹੈ ਤਾਂ ਜੋ ਸਿਲਟ ਤੋਂ ਬਚਾ ਹੋ ਸਕੇ। ਪਿੰਡ ਧੀਰਾ-ਘਾਰਾ ਵਿਖੇ ਬੋਟਾਂ ਰਾਹੀਂ ਪਾਣੀ ਦੀ ਚਪੇਟ ਵਿਚ ਫਸੇ ਵੱਖ ਵੱਖ ਪਿੰਡਾਂ ਦੇ ਨਿਵਾਸੀਆਂ ਨੂੰ ਰਾਸ਼ਨ ਅਤੇ ਹੋਰ ਜ਼ਰੂਰੀ ਸਮਾਨ ਮੁਹੱਈਆ ਕਰਵਾਇਆ ਗਿਆ ਹੈ। ਪਿੰਡ ਰੁਕਨੇ ਵਾਲਾ ਕਲਾਂ ਵਿਖੇ ਬੰਨ ਨੂੰ ਹੋਰ ਵੀ ਮਜ਼ਬੂਤ ਕੀਤਾ ਗਿਆ ਹੈ। ਪਾਣੀ ਦੀ ਚਪੇਟ ਵਿਚ ਆਏ ਪਿੰਡਾਂ ਦੇ ਲੋਕਾਂ ਨੂੰ ਪਾਣੀ ਚੋ ਬਾਹਰ ਕੱਢਣ ਲਈ ਐਨਡੀਆਰਐਫ, ਬੀਐਸਐਫ ਦੀਆਂ ਟੀਮਾਂ ਜੁਟੀਆਂ ਹੋਈਆਂ ਹਨ। ਪਸ਼ੂ ਪਾਲਣ ਵਿਭਾਗ ਦੀਆਂ ਟੀਮਾਂ ਪਸ਼ੂਆਂ ਦੀ ਸੰਭਾਲ ਲਈ ਵੱਖ ਵੱਖ ਟੀਮਾਂ ਲਗਾਈਆਂ ਗਈਆਂ ਹਨ।ਪ੍ਰਭਾਵਿਤ ਪਿੰਡਾਂ ਵਿੱਚ ਪਸ਼ੂ ਪਾਲਣ ਵਿਭਾਗ ਵੱਲੋਂ ਪਸ਼ੂਆਂ ਦਾ ਇਲਾਜ ਕੀਤਾ ਗਿਆ ਅਤੇ ਫੀਡ ਅਤੇ ਹੋਰ ਮੁੱਢਲੀ ਸਹਾਇਤਾ ਮੁਹਈਆ ਕਰਵਾਈ ਗਈ।

# ਹੜ੍ਹ ਪ੍ਰਭਾਵਿਤ ਇਲਾਕਿਆਂ ਲਈ ਰਾਹਤ ਸਮੱਗਰੀ ਭੇਜੀ



ਰਾਮਪੁਰਾ ਫੂਲ,1 ਸਤੰਬਰ (ਮਨਪ੍ਰੀਤ ਮਿੱਟੂ): ਹਲਕਾ ਵਿਧਾਇਕ ਬਲਕਾਰ ਸਿੰਘ ਸਿੱਧੂ ਦੇ ਨਿਰਦੇਸ਼ਾਂ ਤਹਿਤ ਇੱਥੋਂ ਦੀ ਆਮ ਆਦਮੀ ਪਾਰਟੀ ਦੀ ਟੀਮ ਵੱਲੋਂ ਫਾਜ਼ਿਲਕਾ ਇਲਾਕੇ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਅੰਦਰ ਰਾਹਤ ਸਮੱਗਰੀ ਉਹਨਾਂ ਦੀ ਰਾਮਪੁਰਾ ਫੂਲ ਰਿਹਾਇਸ਼ ਤੋਂ ਰਵਾਨਾ ਕੀਤੀ ਗਈ। ਦੋ ਪਿਕ- ਅਪਾਂ ਅਤੇ ਇੱਕ ਟਰਾਲੀ ਚ ਪਿਆਜ਼, ਸਬਜ਼ੀਆਂ ਪਸ਼ੂ ਚਾਰਾ, ਪਸ਼ੂ ਫੀਡ ,ਮੱਕੀ ਦਾ ਅਚਾਰ ਆਦਿ ਸ਼ਾਮਲ ਸਨ। ਰਾਹਤ ਸਮੱਗਰੀ ਰਵਾਨਾ ਕਰਨ ਮੌਕੇ ਵਿਧਾਇਕ ਦੇ ਨਿਜੀ ਸਹਾਇਕ ਸੁੱਖੀ ਮੱਲੂਆਣਾ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਪਾਰਟੀ ਦੀ ਹਦਾਇਤ ਤੇ ਉਕਤ ਰਾਹਤ ਸਮੱਗਰੀ ਫਾਜ਼ਿਲਕਾ ਇਲਾਕੇ ਨੂੰ ਰਵਾਨਾ ਕਰ ਦਿੱਤੀ ਗਈ ਹੈ, ਜਿੱਥੇ ਇਸਦੀ ਘਾਟ ਮਹਿਸੂਸ ਕੀਤੀ ਜਾ ਰਹੀ ਸੀ। ਉਹਨਾਂ ਕਿਹਾ ਕਿ ਜਦੋਂ ਪੰਜਾਬ ਕੁਦਰਤੀ ਕਰੋਪੀ ਕਾਰਨ ਬੁਰੀ ਤਰ੍ਹਾਂ ਝੰਬਿਆ ਗਿਆ ਹੈ ਤਾਂ ਇਸ ਮੌਕੇ ਸਾਡਾ ਸਾਰਿਆਂ ਦਾ ਫਰਜ਼ ਬਣਦਾ ਹੈ ਕਿ ਪੀੜਤ ਇਲਾਕਿਆਂ ਦੀ ਵੱਧ ਤੋਂ ਵੱਧ ਮਦਦ ਕੀਤੀ ਜਾਵੇ।ਇਸ ਮੌਕੇ ਯੁੱਧ ਨਸ਼ਿਆਂ ਵਿਰੁੱਧ ਦੇ ਹਲਕਾ ਕੋਆਰਡੀਨੇਟਰ ਰਾਜਵਿੰਦਰ ਸਿੰਘ ਗਿੱਲ ਨੇ ਕਿਹਾ ਕਿ ਜਦੋਂ ਵੀ ਪਾਰਟੀ ਵਲੋਂ ਹੁਕਮ ਹੋਇਆ,ਉਸੇ ਵਕਤ ਲੋੜਵੰਦ ਇਲਾਕਿਆਂ 'ਚ ਰਾਹਤ ਸਮੱਗਰੀ ਭੇਜਣ ਚ ਦੇਰੀ ਨਹੀਂ ਕੀਤੀ ਜਾਵੇਗੀ। ਉਹਨਾਂ ਰਾਹਤ ਸਮੱਗਰੀ 'ਚ ਯੋਗਦਾਨ ਪਾਉਣ ਵਾਲਿਆਂ ਦਾ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਪਾਰਟੀ ਵਰਕਰ ਅਤੇ ਆਗੂ ਮੌਜੂਦ ਸਨ।

# ਹੜ੍ਹਾਂ ਨਾਲ ਪੰਜਾਬ 'ਚ ਬਣੇ ਹਾਲਾਤਾਂ 'ਤੇ ਕੇਂਦਰ ਗੰਭੀਰ: ਖੰਨਾ

## ਅਰਵਿੰਦ ਖੰਨਾ ਨੇ ਖਨੌਰੀ ਵਿਖੇ ਘੱਗਰ ਦੇ ਬੰਨ੍ਹਾਂ ਦਾ ਲਿਆ ਜਾਇਜ਼ਾ



ਸੰਗਰੂਰ, 1 ਸਤੰਬਰ (ਹਰਕੰਵਲ ਸਿੰਘ ਹੈਪੀ): ਹੜ੍ਹਾਂ ਨਾਲ ਸੂਬੇ 'ਚ ਬਣੇ ਮੌਜੂਦਾ ਹਾਲਾਤਾਂ ਉੱਤੇ ਕੇਂਦਰ ਗੰਭੀਰ ਹੈ ਅਤੇ ਬਹੁਤ ਨੇੜਿਓਂ ਨਜ਼ਰ ਰੱਖ ਰਿਹਾ ਹੈ ਅਤੇ ਜਲਦ ਹੀ ਕੇਂਦਰ ਦੀ ਟੀਮ ਨੁਕਸਾਨ ਦਾ ਜਾਇਜ਼ਾ ਲੈਣ ਲਈ ਪ੍ਰਭਾਵਿਤ ਖੇਤਰਾਂ ਦਾ ਦੌਰਾ ਕਰੇਗੀ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਭਾਜਪਾ ਦੇ ਸੂਬਾ ਮੀਤ ਪ੍ਰਧਾਨ ਅਤੇ ਸਾਬਕਾ ਵਿਧਾਇਕ ਅਰਵਿੰਦ ਖੰਨਾ ਵੱਲੋਂ ਅੱਜ ਖਨੌਰੀ ਵਿਖੇ ਘੱਗਰ ਦੇ ਬੰਨ੍ਹਾਂ ਦਾ ਜਾਇਜ਼ਾ ਲੈਣ ਉਪਰੰਤ ਮੀਡੀਆ ਨਾਲ ਸਾਂਝਾ ਕੀਤਾ। ਖੰਨਾ ਨੇ ਕਿਹਾ ਕਿ ਹੜ੍ਹਾਂ ਨਾਲ ਪੰਜਾਬ ਅੰਦਰ ਤਬਾਹੀ ਮੱਚੀ ਹੋਈ ਹੈ ਅਤੇ ਪੰਜਾਬ ਦਾ ਵੱਡਾ ਹਿੱਸਾ ਅੱਜ ਪਾਣੀ ਦੀ ਚਪੇਟ 'ਚ ਹੈ। ਉਨ੍ਹਾਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਪੰਜਾਬ ਦੇ ਹਾਲਾਤਾਂ ਉੱਤੇ ਬਾਰੀਕੀ ਨਾਲ ਨਜ਼ਰ ਰੱਖ ਰਹੀ ਹੈ ਅਤੇ ਕੇਂਦਰੀ ਏਜੰਸੀਆਂ ਐੱਨ ਡੀ ਆਰ ਐੱਫ ਅਤੇ ਐਨਡੀਆਰਐਫ ਹੜ੍ਹਾਂ 'ਚ ਫਸੇ ਲੋਕਾਂ ਨੂੰ ਸੁਰੱਖਿਅਤ ਸਥਾਨਾਂ 'ਤੇ ਪਹੁੰਚਾ ਰਹੀਆਂ ਹਨ। ਖੰਨਾ ਨੇ ਕਿਹਾ ਕਿ ਵੈਸੇ ਤਾਂ ਕੁਦਰਤ ਅੱਗੇ ਕਿਸੇ ਦੀ ਵਾਹ ਨਹੀਂ ਚੱਲਦੀ ਪਰ ਪੰਜਾਬ 'ਚ ਮੱਚੀ ਇਸ ਤਬਾਹੀ ਲਈ 'ਆਪ' ਸਰਕਾਰ ਵੀ ਬਹੁਤ ਹੱਦ ਤੱਕ ਜ਼ੁੰਮੇਵਾਰ ਹੈ। ਡਰੇਨਾਂ 'ਤੇ ਨਾਂਅ ਉੱਤੇ ਕਰੋੜਾਂ ਰੁਪਏ ਦੀ ਘਪਲੇਬਾਜ਼ੀ ਹੋਈ ਅਤੇ ਹੁਣ ਜਦੋਂ ਹਾਲਾਤ ਐਨੇ ਵਿਗੜ ਚੁੱਕੇ ਹਨ ਤਾਂ ਸਰਕਾਰ ਵੱਲੋਂ ਡਰੇਨਾਂ ਦੀ ਸਫ਼ਾਈ ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਇਹਨਾਂ ਹਾਲਾਤਾਂ ਲਈ ਪਿਛਲੇ ਲੰਮੇ ਸਮੇਂ ਬੀਬੀਐੱਮਬੀ ਨੂੰ ਲੈ ਕੇ ਆਪ ਪਾਰਟੀ ਵੱਲੋਂ ਕੀਤੀ ਜਾ ਰਹੀ ਰਾਜਨੀਤੀ ਵੀ ਮੁੱਖ ਕਾਰਨ ਹੈ, ਆਪਣੇ ਸਿਆਸੀ ਹਿੱਤਾਂ ਲਈ ਆਪ ਪਾਰਟੀ ਦੀ ਸਰਕਾਰ ਵੱਲੋਂ ਸਾਰੀਆਂ ਗਾਈਡਲਾਈਨਜ਼ ਨੂੰ ਅੱਖੋ ਪਰੋਖੇ ਕੀਤਾ ਗਿਆ ਅਤੇ ਹੁਣ ਆਪ ਪਾਰਟੀ ਦੀ ਲੀਡਰਸ਼ਿਪ ਕੇਂਦਰ ਖਿਲਾਫ਼ ਬੇਤੁਕੀ ਬਿਆਨਬਾਜ਼ੀ ਕਰ ਰਹੀ ਹੈ। ਆਪ ਸਰਕਾਰ ਪੰਜਾਬ ਦੇ ਹਾਲਾਤਾਂ ਨੂੰ ਲੈਕੇ ਹੁਣ ਵੀ ਗੰਭੀਰ ਨਹੀਂ ਹੈ ਤੇ ਮੁੱਖ ਮੰਤਰੀ ਆਪਣੇ ਹੈਲੀਕਾਪਟਰ ਦੀ ਡਰਾਮੇਬਾਜ਼ੀ ਨਾਲ ਆਪਣੀ ਸਿਆਸਤ ਚਮਕਾਉਣ ਉੱਤੇ ਲੱਗੇ ਹੋਏ ਹਨ, ਮੁੱਖ ਮੰਤਰੀ ਦੇ ਹੈਲੀਕਾਪਟਰ ਨਾਲ ਕਿੰਨੇ ਪੀੜਤਾਂ ਨੂੰ ਰਾਹਤ ਮਿਲ ਜਾਵੇਗੀ। ਖੰਨਾ ਨੇ ਕਿਹਾ ਕਿ ਪੰਜਾਬ ਨੂੰ ਮੌਜੂਦਾ ਹਾਲਾਤਾਂ 'ਚੋਂ ਬਾਹਰ ਕੱਢਣ ਲਈ ਰਲ ਕੇ ਕੰਮ ਕਰ ਰਹੀ ਹੈ ਤੇ ਹੜ੍ਹ ਪੀੜਤਾਂ ਦੀ ਮਦਦ ਲਈ ਪ੍ਰਬੰਧ ਕੀਤੇ ਜਾ ਰਹੇ ਹਨ। ਇਸ ਤੋਂ ਇਲਾਵਾ ਜਲਦ ਹੀ ਪੰਜਾਬ ਭਾਜਪਾ ਦਾ ਵਫ਼ਦ ਸੁਨੀਲ ਜਾਖੜ ਦੀ ਅਗਵਾਈ ਹੇਠ ਕੇਂਦਰੀ ਮੰਤਰੀ ਮੰਡਲ ਨੂੰ ਵੀ ਮਿਲੇਗਾ। ਖੰਨਾ ਨੇ ਕਿਹਾ ਕਿ ਪੰਜਾਬ ਨੂੰ ਮੌਜੂਦਾ ਸੰਕਟ ਤੋਂ ਉਭਾਰਨ ਲਈ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਆਪਣੀ ਨੌਟੰਕੀ ਛੱਡਕੇ ਗੰਭੀਰ ਹੋਕੇ ਕੇਂਦਰ ਨਾਲ ਤਾਲਮੇਲ ਕਰਨਾ ਪਵੇਗਾ।ਖੰਨਾ ਨੇ ਕਿਹਾ ਕਿ ਹਰੇਕ ਮਸਲੇ 'ਤੇ ਰਾਜਨੀਤੀ ਕਰਨਾ ਠੀਕ ਨਹੀਂ ਇਸ ਸਮੇਂ ਹੜ੍ਹਾਂ ਪੀੜਤਾਂ ਦੀ ਮੱਦਦ ਕਰਨਾ ਦਾ ਹੈ ਨਾ ਕਿ ਕੋਈ ਨੌਟੰਕੀਬਾਜ਼ੀ ਜਾਂ ਰਾਜਨੀਤੀ ਦਾ, ਖੰਨਾ ਵੱਲੋਂ ਪੰਜਾਬ ਤੇ ਦੇਸ਼ ਦੀਆਂ ਸਮਾਜ ਸੇਵੀ ਤੇ ਧਾਰਮਿਕ ਸੰਸਥਾਵਾਂ ਨੂੰ ਵੀ ਹੜ੍ਹ ਪੀੜਤਾਂ ਦੀ ਮੱਦਦ ਲਈ ਅੱਗੇ ਆਉਣ ਦੀ ਅਪੀਲ ਕੀਤੀ ਗਈ ਤੇ ਜੋ ਸੰਯੁਕਤ ਯਤਨਾਂ ਨਾਲ ਹੜ੍ਹ ਪੀੜਤਾਂ ਨੂੰ ਇਸ ਸੰਕਟ ਵਿੱਚੋਂ ਬਾਹਰ ਕੱਢਿਆ ਜਾ ਸਕੇ। ਇਸ ਮੌਕੇ ਉਹਨਾਂ ਨਾਲ ਅੰਮ੍ਰਿਤ ਰਾਜਦੀਪ ਸਿੰਘ ਚੱਠਾ ਸਾਬਕਾ ਜਿਲਾ ਪ੍ਰਧਾਨ, ਸਤਪਾਲ ਲਹਿਰਾ, ਮੇਘਰਾਜ ਚੱਠਾ, ਸੁਰੇਸ਼ ਰਾਠੀ ਬਲਾਕ ਪ੍ਰਧਾਨ, ਮੋਹਨ ਮਕੋਰੜ ਸਾਹਿਬ, ਜੈਪਾਲ ਸੈਣੀ, ਸੁਲੱਖਣ ਸਿੰਘ, ਗਿਆਨ ਚੰਦ ਸੈਣੀ, ਮਹੀਪਾਲ ਗੁਲਾੜੀ, ਹਰਪਾਲ ਸ਼ੇਰਗੜ੍ਹ, ਲਖਵਿੰਦਰ ਸਿੰਘ ਮਹਾ ਸਿੰਘ ਵਾਲਾ ਆਦਿ ਹਾਜ਼ਰ ਸਨ।

# ਅਕਾਲੀ ਦਲ ਬਣ ਰਿਹੈ ਹੜ੍ਹ ਪੀੜਤਾਂ ਦਾ ਸਹਾਰਾ : ਖੰਡੇਬਾਦ



ਲਹਿਰਾਗਾਗਾ, 1 ਸਤੰਬਰ (ਰਾਮੇਸ਼ਵਰ ਸ਼ਰਮਾ / ਖੁਸ਼ਵਿੰਦਰ ਸ਼ਰਮਾ/ਗੁਰਦੀਪ ਸਿੰਘ):ਪਿਛਲੇ ਦਿਨੀਂ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਅੰਦਰ ਆਏ ਹੜ੍ਹਾਂ ਦੌਰਾਨ ਅਕਾਲੀ ਦਲ (ਬਾਦਲ) ਦੇ ਪ੍ਰਧਾਨ ਸ.ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿੱਚ ਹੜ੍ਹ ਪੀੜਤਾਂ ਦੀ ਕੀਤੀ ਜਾ ਰਹੀ ਮਦਦ ਨੇ ਅਕਾਲੀ ਦਲ ਦੇ ਨਾਅਰੇ ਰਾਜ ਨਹੀਂ ਸੇਵਾ ਨੂੰ ਸੱਚ ਕਰ ਵਿਖਾਇਆ। ਇਸ ਗੱਲ ਦਾ ਪ੍ਰਗਟਾਵਾ ਕਰਦਿਆਂ ਵਿਧਾਨ ਸਭਾ ਹਲਕਾ ਲਹਿਰਾ ਦੇ ਹਲਕਾ ਇੰਚਾਰਜ ਗਗਨਦੀਪ ਸਿੰਘ ਖੰਡੇਬਾਦ ਨੇ ਕਿਹਾ ਕਿ ਸਰਕਾਰ ਦੀਆਂ ਗਲਤ ਨੀਤੀਆਂ ਤੇ ਅਗਾਊਂ ਪ੍ਰਬੰਧ ਨਾ ਹੋਣ ਦੇ ਕਾਰਨ ਸੂਬੇ ਅੰਦਰ ਹੜ੍ਹ ਆ ਰਹੇ ਹਨ, 1988 ਤੋਂ ਬਾਅਦ ਇੰਨੀ ਵੱਡੀ ਪੱਧਰ 'ਤੇ ਸੂਬੇ ਅੰਦਰ ਤਬਾਹੀ ਹੋਈ ਹੈ ,ਜਿਸ ਦੀ ਭਰਪਾਈ ਲਈ ਲੰਬਾ ਸਮਾਂ ਲੱਗੇਗਾ ,ਪਰ ਹੈਰਾਨੀ ਹੈ ਕਿ ਜਿੱਥੇ ਸ. ਸੁਖਬੀਰ ਸਿੰਘ ਬਾਦਲ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਖੁਦ ਪਹੁੰਚ ਕੇ ਪੀੜਤਾਂ ਦੀ ਮਦਦ ਕਰ ਰਹੇ ਹਨ, ਉਥੇ ਹੀ 'ਆਪ' ਸਰਕਾਰ ਦੇ ਮੰਤਰੀ ਅਤੇ ਆਗੂ ਹੜ੍ਹ ਵਾਲੇ ਇਲਾਕਿਆਂ ਵਿੱਚ ਜਾ ਕੇ ਫੋਟੋਆਂ ਖਿਚਵਾਉਣ ਵਿੱਚ ਮਸਤ ਹਨ ਅਤੇ ਹੜ੍ਹ ਪੀੜਤ ਦੇ ਜ਼ਖਮਾਂ 'ਤੇ ਲੂਣ ਛਿੜਕਣ ਦਾ ਕੰਮ ਕਰ ਰਹੇ ਹਨ। ਹਰ ਪੀੜਤ ਨੂੰ ਕਿਸੇ ਤਰ੍ਹਾਂ ਦੀ ਕੋਈ ਸਰਕਾਰੀ ਮਦਦ ਨਹੀਂ ਪਹੁੰਚ ਰਹੀ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹੈਲੀਕਾਪਟਰ ਲੋਕਾਂ ਦੀ ਮਦਦ ਲਈ ਦੇਣ ਸਬੰਧੀ ਡਰਾਮੇਬਾਜ਼ੀ ਕਰ ਰਹੇ ਹਨ, ਉਹਨਾਂ ਕਿਹਾ ਕਿ ਅਕਾਲੀ ਦਲ ਬਾਦਲ ਦਾ ਹਰ ਛੋਟਾ ਵੱਡਾ ਆਗੂ ਅਤੇ ਵਰਕਰ ਸ.ਸੁਖਬੀਰ ਸਿੰਘ ਬਾਦਲ ਦੀ ਯੋਗ ਅਗਵਾਈ ਵਿੱਚ 24 ਘੰਟੇ ਹੜ੍ਹ ਪੀੜਤਾਂ ਦੀ ਮਦਦ ਕਰਨ ਲਈ ਤਿਆਰ ਬਰ ਤਿਆਰ ਹੈ, ਉਹਨਾਂ ਕੇਂਦਰ ਸਰਕਾਰ ਤੋਂ ਵੀ ਮੰਗ ਕੀਤੀ ਕਿ ਬਿਨ੍ਹਾਂ ਕਿਸੇ ਦੇਰੀ ਦੇ ਇਨਸਾਨੀਅਤ ਨਾਤੇ ਕੇਂਦਰ ਸਰਕਾਰ ਪੰਜਾਬ ਨੂੰ ਤੁਰੰਤ ਆਰਥਿਕ ਪੈਕੇਜ ਦਾ ਐਲਾਨ ਕਰੇ।

# ਪੰਚਾਇਤੀ ਨਹਿਰੀ ਜ਼ਮੀਨ ਦੀ ਨਿਸ਼ਾਨਦੇਹੀ ਕਰਵਾਉਣ ਦੀ ਮੰਗ



ਬਾਜਾਖਾਨਾ 1 ਸਤੰਬਰ (ਅਵਤਾਰ ਸਿੰਘ ਮੱਲਾ) ਨੇੜਲੇ ਪਿੰਡ ਮੱਲਾ ਵਿਖੇ ਸਬੰਧਿਤ ਵਿਭਾਗ ਤੋਂ ਨਹਿਰੀ ਪੰਚਾਇਤੀ ਜ਼ਮੀਨ ਦੀ ਨਿਸ਼ਾਨਦੇਹੀ ਕਰਵਾਉਣ ਦੀ ਮੰਗ ਦਾ ਮਾਮਲਾ ਸਾਹਮਣੇ ਆਇਆ ਹੈ।ਇਸ ਸਬੰਧੀ ਬਲਦੇਵ ਸਿੰਘ ਨੰਬਰਦਾਰ ਅਤੇ ਹਰਮੇਲ ਸਿੰਘ ਨੇ ਪ੍ਰੈੱਸ ਨੋਟ ਜਾਰੀ ਕਰਦਿਆ ਦੱਸਿਆ ਕਿ ਪਿਛਲੇ ਲੰਮੇ ਸਮੇ ਤੋਂ ਪਿੰਡ ਦੀਆਂ ਪੰਚਾਇਤਾਂ ਵੱਲੋ ਮਤੇ ਪਾਸ ਕੇ ਨਹਿਰੀ ਪੰਚਾਇਤੀ ਜ਼ਮੀਨਾਂ ਦੀਆਂ ਨਿਸ਼ਾਨਦੇਹੀ ਕਰਵਾਉਣ ਦੀ ਮੰਗ ਕੀਤੀ ਗਈ ਸੀ ਅਤੇ ਪੂਰਾ ਮਾਮਲਾ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਂਦਾ ਗਿਆ ਸੀ ।ਇਹਨਾਂ ਦੱਸਣ ਮੁਤਾਬਕ ਸਾਬਕਾ ਸਰਪੰਚ ਅਤੇ ਮੈਬਰਾਂ ਵੱਲੋ ਬਕਾਇਦਾ ਮਤੇ ਤੇ ਹਸਤਾਖਰ ਕਰਵਾ ਕੇ ਸਬੰਧਤ ਵਿਭਾਗ ਨੂੰ ਅਰਜੀ ਦਿੱਤੀ ਗਈ ਸੀ ।ਬੀ.ਡੀ.ਡੀ.ਪੀ.ਓ ਵਲੋ ਮਾਮਲੇ ਨੂੰ ਵੇਖਦੇ ਹੋਏ ਸਾਬਕਾ ਪੰਚਾਇਤ ਨੂੰ ਜਮੀਨ ਦੀ ਨਿਸ਼ਾਨਦੇਹੀ ਕਰਨ ਦੇ ਹੁਕਮ ਦਿੱਤੇ ਗਏ ਸਨ ਪਰ ਕੁੱਝ ਵਿਅਕਤੀਆਂ ਦੀ ਜਮੀਨ ਦੀ ਨਿਸ਼ਾਨਦੇਹੀ ਕਰਵਾਈ ਗਈ ਪ੍ਰੰਤੂ ਕੁਝ ਵਿਅਕਤੀਆਂ ਦੀ ਪੰਚਾਇਤੀ ਨਹਿਰੀ ਜ਼ਮੀਨ ਦੀ ਨਿਸ਼ਾਨਦੇਹੀ ਬਾਕੀ ਹੈ।ਉਨ੍ਹਾ ਅੱਗੇ ਦੱਸਿਆ ਕਿ ਇਹ ਮਾਮਲਾ ਮੁੱਖ ਮੰਤਰੀ ਕਮਿਸ਼ਨਰ ਫੀਲਡ ਅਫਸਰ ਫਰੀਦਕੋਟ ਦੇ ਧਿਆਨ ਵਿੱਚ ਵੀ ਲਿਆਦਾ ਗਿਆ ਹੈ ਜਿਸ ਤੇ ਕਾਰਵਾਈ ਕਰਦਿਆਂ ਉਹਨਾਂ ਵੱਲੋ ਰਿਕਾਰਡ ਅਨੁਸਾਰ ਸਬੰਧਿਤ ਵਿਭਾਗ ਨੂੰ ਨਿਸ਼ਾਨਦੇਹੀ ਕਰਨ ਦੇ ਹੁਕਮ ਦਿੱਤੇ ਹਨ ਪ੍ਰੰਤੂ ਪੰਚਾਇਤੀ ਜ਼ਮੀਨ ਦੀ ਨਿਸ਼ਾਨਦੇਹੀ ਨਹੀ ਹੋ ਸਕੀ। ਇਨ੍ਹਾਂ ਮਾਨਯੋਗ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪੰਜਾਬ ਅਤੇ ਸਬੰਧਿਤ ਵਿਭਾਗ ਤੋਂ ਮੰਗ ਕਰਦੇ ਹਾਂ ਕਿ ਪੰਚਾਇਤੀ ਜ਼ਮੀਨ ਦੀ ਨਿਸ਼ਾਨਦੇਹੀ ਕਰਵਾਈ ਜਾਵੇ ਤਾਂ ਜੋ ਸਰਕਾਰ ਨੂੰ ਪੰਚਾਇਤੀ ਜ਼ਮੀਨ ਦੀ ਅਮਦਨ ਹੋ ਸਕੇ ।

# ਜ਼ਿਲ੍ਹੇ ਦੀਆਂ ਤਿੰਨੋ ਸਬ ਡਵੀਜ਼ਨਾਂ 'ਚ 19 ਰਿਲੀਫ ਕੈਂਪ ਸਥਾਪਿਤ: ਡੀ.ਸੀ.



ਮਾਨਸਾ, 1 ਸਤੰਬਰ: ਵਿਰੋਂਦਰਪਾਲ ਮੰਤਰੋ : ਡਿਪਟੀ ਕਮਿਸ਼ਨਰ ਮਾਨਸਾ ਸ਼੍ਰੀਮਤੀ ਨਵਜੋਤ ਕੌਰ, ਆਈ.ਏ.ਐਸ. ਨੇ ਦੱਸਿਆ ਕਿ ਜ਼ਿਲ੍ਹਾ ਮਾਨਸਾ ਵਿਚ ਹਾਲੇ ਤੱਕ ਸਥਿਤੀ ਖ਼ਤਰੇ ਤੋਂ ਬਾਹਰ ਹੈ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲਗਾਤਾਰ ਘੱਗਰ ਦਰਿਆ ਦੀ ਨਜ਼ਰਸ਼ਾਨੀ ਕੀਤੀ ਜਾ ਰਹੀ ਹੈ। ਡਿਪਟੀ ਕਮਿਸ਼ਨਰ ਨੇ ਤਿਨੋਂ ਸਬ-ਡਵੀਜ਼ਨਾਂ ਦੇ ਐਸ.ਡੀ.ਐਮਜ਼ ਨੂੰ ਹਦਾਇਤ ਕੀਤੀ ਕਿ ਭਾਰੀ ਬਰਸਾਤ, ਸੰਭਾਵੀ ਹੜ੍ਹ ਕਾਰਨ ਜੇਕਰ ਕੋਈ ਜਾਨੀ-ਮਾਲੀ ਨੁਕਸਾਨ ਹੁੰਦਾ ਹੈ, ਤਾਂ ਉਸਦੀ ਤੁਰੰਤ ਹਲਕਾ ਪਟਵਾਰੀਆਂ ਪਾਸੋਂ ਰੋਜ਼ਨਾਮਚਾ ਰਿਪੋਟਰ ਦਰਜ ਕਰਵਾਉਣੀ ਯਕੀਨੀ ਬਣਾਈ ਜਾਵੇ। ਉਨ੍ਹਾਂ ਦੱਸਿਆ ਕਿ ਕੁਦਰਤੀ ਆਫ਼ਤ ਵਿਚ ਕਿਸੇ ਵੀ ਤਰ੍ਹਾਂ ਦੀ ਸਹਾਇਤਾ ਲਈ ਤਿਨੋਂ ਸਬ-ਡਵੀਜ਼ਨਾਂ ਮਾਨਸਾ, ਸਰਦੂਲਗੜ੍ਹ ਅਤੇ ਬੁਢਲਾਡਾ ਵਿਖੇ ਸਥਾਪਿਤ 19 ਰਿਲੀਫ ਕੈਂਪਾਂ ਦੀ ਮਦਦ ਲਈ ਜਾ ਸਕਦੀ ਹੈ। ਇਸ ਤੋਂ ਇਲਾਵਾ ਹੜ੍ਹਾਂ ਜਾਂ ਬਰਸਾਤਾਂ ਨਾਲ ਸਬੰਧਤ ਕਿਸੇ ਵੀ ਜਾਣਕਾਰੀ ਜਾਂ ਸੂਚਨਾ ਲਈ ਜ਼ਿਲ੍ਹਾ ਪੱਧਰੀ ਕੰਟਰੋਲ ਰੂਮ ਨੰਬਰ 01652-229082 ਤੇ ਸੰਪਰਕ ਕੀਤਾ ਜਾ ਸਕਦਾ ਹੈ। ਉਨ੍ਹਾਂ ਰਿਲੀਫ ਕੈਂਪਾਂ ਦੇ ਵੇਰਵੇ ਸਾਂਝੇ ਕਰਦਿਆਂ ਦੱਸਿਆ ਕਿ ਸਬ-ਡਵੀਜ਼ਨ ਮਾਨਸਾ ਵਿਖੇ ਪਿੰਡ ਰੱਲਾ ਲਈ ਸਰਕਾਰੀ ਮਿਡਲ ਸਕੂਲ, ਰੱਲਾ, ਪਿੰਡ ਫਫੜੇ ਭਾਈ ਕੇ ਅਤੇ ਬੱਪੀਆਣਾ ਲਈ ਸਰਕਾਰੀ ਮਿਡਲ ਸਕੂਲ, ਫਫੜੇ ਭਾਈ ਕੇ ਵਿਖੇ ਰਿਲੀਫ ਕੈਂਪ ਸਥਾਪਿਤ ਕੀਤਾ ਗਿਆ ਹੈ। ਇਸੇ ਤਰ੍ਹਾਂ ਸਬ ਡਵੀਜ਼ਨ ਬੁਢਲਾਡਾ ਵਿਖੇ ਗੋਰਖ਼ਨਾਥ ਅਤੇ ਕੁਲਰੀਆਂ ਲਈ ਸਰਕਾਰੀ ਸੈਕੰਡਰੀ ਸਕੂਲ, ਨਾਮ ਚਰਚਾ ਘਰ ਅਤੇ ਗੁਰਦੁਆਰਾ ਸਾਹਿਬ ਪਿੰਡ ਕੁਲਰੀਆਂ, ਪਿੰਡ ਬੀਰੇਵਾਲਾ ਡੋਗਰਾ ਲਈ ਸਰਕਾਰੀ ਮਿਡਲ ਸਕੂਲ ਭਾਵਾ, ਰਿਉਂਦ ਕਲਾਂ ਅਤੇ ਰਿਉਂਦ ਖੁਰਦ ਲਈ ਸਰਕਾਰੀ ਪ੍ਰਾਇਮਰੀ ਸਕੂਲ ਦਸਮੇਸ਼ ਨਗਰ ਪਿੰਡ ਰਿਉਂਦ ਕਲਾਂ, ਪਿੰਡ ਦਲੇਲ ਵਾਲਾ ਲਈ ਸਰਕਾਰੀ ਹਾਈ ਸਕੂਲ, ਮਲਕੋਂ, ਅੱਕਾਂਵਾਲੀ ਲਈ ਸਰਕਾਰੀ ਹਾਈ ਸਕੂਲ ਮੰਢਾਲੀ, ਆਲਮਪੁਰ ਮੰਦਰਾਂ ਲਈ ਨਹਿਰ ਦੇ ਬੰਨ੍ਹ ਤੇ ਟੈਂਟ ਲਗਾ ਕੇ ਰਿਲੀਫ ਕੈਂਪ ਬਣਾਇਆ ਗਿਆ ਹੈ। ਚੱਕ ਅਲੀਸ਼ੇਰ ਲਈ ਸਰਕਾਰੀ ਹਾਈ ਸਕੂਲ ਧਰਮਪੁਰਾ, ਕਾਹਨਗੜ੍ਹ ਲਈ ਸਰਕਾਰੀ ਮਿਡਲ ਸਕੂਲ ਸੇਖਪੁਰਾ ਖੁਡਾਲ, ਗੰਢੂ ਖੁਰਦ ਲਈ ਸਰਕਾਰੀ ਪ੍ਰਾਇਮਰੀ ਸਕੂਲ ਸ਼ੇਰਖਾਂ ਵਾਲਾ ਵਿਖੇ ਰਾਹਤ ਕੈਂਪ ਸਥਾਪਿਤ ਕੀਤਾ ਗਿਆ ਹੈ।ਇਸੇ ਤਰ੍ਹਾਂ ਹੀ ਸਰਦੂਲਗੜ੍ਹ ਸਬ-ਡਵੀਜ਼ਨ ਲਈ ਸਰਦੂਲਗੜ੍ਹ ਵਿਖੇ ਸੀਨਅਰ ਸੈਕੰਡਰੀ ਸਕੂਲ, (ਲੜਕੀਆਂ) ਸਰਦੂਲਗੜ੍ਹ, ਰੋੜਕੀ ਤੇ ਝੰਡਾ ਖੁਰਦ ਲਈ ਡੇਰਾ ਰਾਧਾ ਸਵਾਮੀ ਸਤਸੰਗ ਘਰ, ਸਰਦੂਲਗੜ੍ਹ ਵਿਖੇ, ਪਿੰਡ ਮੀਰਪੁਰ ਕਲਾਂ, ਮੀਰਪੁਰ ਖੁਰਦ, ਸਰਦੂਲੇਵਾਲਾ, ਰਣਜੀਤਗੜ੍ਹ ਬਾਂਦਰਾਂ ਤੇ ਭਗਵਾਨਪੁਰ ਹੀਂਗਣਾ ਲਈ ਐਲੀਮੈਂਟਰੀ ਸਕੂਲ, ਟਿੱਬੀ ਹਰੀ ਸਿੰਘ ਵਾਲਾ, ਤਹਿਸੀਲ ਸਰਦੂਲਗੜ੍ਹ, ਪਿੰਡ ਭੂੰਦੜ ਤੇ ਕਾਹਨੇਵਾਲ ਲਈ ਲਈ ਬਾਲ ਵਾਟਿਕਾ ਪਬਲਿਕ ਸਕੂਲ, ਟਿੱਬੀ ਹਰੀ ਸਿੰਘ ਵਾਲਾ, ਪਿੰਡ ਆਹਲੂਪੁਰ ਤੇ ਧਿੰਗਾਣਾ ਲਈ ਸ੍ਰ ਬਲਰਾਜ ਸਿੰਘ ਭੂੰਦੜ ਯਾਦਗਾਰੀ ਯੂਨੀਵਰਸਿਟੀ ਕਾਲਜ,ਸਰਦੂਲਗੜ੍ਹ, ਪਿੰਡ ਸਾਧੂਵਾਲਾ ਤੇ ਫੂਸਮੰਡੀ ਲਈ ਸਹਨਾਈ ਪੈਲੇਸ, ਸਾਧੂਵਾਲਾ ਰੋਡ ਸਰਦੂਲਗੜ੍ਹ, ਪਿੰਡ ਹੀਰਕੇ, ਕਰੀਪੁਰ ਡੁੰਮ ਤੇ ਬਰਨ ਲਈ ਐਲਮੈਂਟਰੀ ਸਕੂਲ ਬਰਨ, ਤਹਿਸੀਲ ਸਰਦੂਲਗੜ੍ਹ ਅਤੇ ਪਿੰਡ ਕੋੜੀਵਾਲਾ ਤੇ ਭੱਲਣਵਾਲਾ ਲਈ ਅਕਾਲ ਅਕੈਡਮੀ, ਪਿੰਡ ਕੋੜੀਵਾਲਾ, ਤਹਿਸੀਲ ਸਰਦੂਲਗੜ੍ਹ ਵਿਖੇ ਰਾਹਤ ਕੈਂਪ ਸਥਾਪਿਤ ਕੀਤੇ ਗਏ ਹਨ।

# 40 ਕਿਲੋ ਹੈਰੋਇਨ ਸਣੇ ਫੜੇ ਤਸਕਰ ਦੀ ਢਾਈ ਕਰੋੜ ਦੀ ਜਾਇਦਾਦ ਫ੍ਰੀਜ਼

ਬਠਿੰਡਾ, 1 ਸਤੰਬਰ (ਦੀਪਕ ਸ਼ਰਮਾ):ਸੋਮਵਾਰ ਨੂੰ ਪੁਲਿਸ ਵੱਲੋਂ ਕੀਤੀ ਗਈ ਕਾਰਵਾਈ ਦੌਰਾਨ 40 ਕਿੱਲੋ ਹੈਰੋਇਨ ਸਮੇਤ ਫੜੇ ਗਏ ਨਸ਼ਾ ਤਸਕਰ ਦੀ 2 ਕਰੋੜ 49 ਲੱਖ ਰੁਪਏ ਦੀ ਜਾਇਦਾਦ ਨੂੰ ਫਰੀਜ਼ ਕੀਤਾ ਗਿਆ ਹੈ। ਜ਼ਿਕਰਯੋਗ ਹੈ ਕਿ ਮਲੋਟ ਦੇ ਰਹਿਣ ਵਾਲੇ ਤਸਕਰ ਲੱਖੇ ਨੂੰ ਬਠਿੰਡਾ ਪੁਲਿਸ ਨੇ ਲੰਘੀ 8 ਜੁਲਾਈ ਨੂੰ 40 ਕਿੱਲੋ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਸੀ। ਜਿਸ ਕਾਰਨ ਇਹ ਕਾਰਵਾਈ ਕੀਤੀ ਗਈ ਹੈ।ਪੁਲਿਸ ਅਧਿਕਾਰੀਆਂ ਅਨੁਸਾਰ ਨਸ਼ਾ ਤਸਕਰੀ ਕਰਨ ਵਾਲਿਆਂ ਖਿਲਾਫ ਕਾਰਵਾਈ ਕਰਦੇ ਹੋਏ, ਉਨ੍ਹਾਂ ਦੀ ਕਰੀਬ 12.83 ਕਰੋੜ ਰੁਪਏ ਦੀ ਜਾਇਦਾਦ ਨੂੰ ਜ਼ਬਤ ਕੀਤਾ ਗਿਆ ਹੈ। ਪੁਲਿਸ ਨੇ ਇਹ ਕਾਰਵਾਈ ਐਨਡੀਪੀਐਸ ਐਕਟ ਤਹਿਤ ਕੀਤੀ ਹੈ, ਜਿਸ ਵਿੱਚ ਨਸ਼ਾ ਤਸਕਰਾਂ ਦੀ ਕਮਾਈ ਨੂੰ ਫ੍ਰੀਜ਼ ਕੀਤਾ ਜਾਂਦਾ ਹੈ। ਪੁਲਿਸ ਅਧਿਕਾਰੀਆਂ ਨੇ ਦੱਸਿਆ ਹੈ ਕਿ ਸਾਲ 2023 ਤੋਂ ਹੁਣ ਤੱਕ, ਪੁਲਿਸ ਨੇ ਕੁੱਲ 80 ਅਜਿਹੇ ਕੇਸ ਕੰਪੀਟੈਂਟ ਅਥਾਰਟੀ, ਦਿੱਲੀ ਨੂੰ ਭੇਜੇ ਸਨ, ਜਿਨ੍ਹਾਂ ਵਿੱਚੋਂ 74 ਕੇਸਾਂ ਦੀ ਜਾਇਦਾਦ ਜ਼ਬਤ ਕਰਨ ਦੀ ਪ੍ਰਵਾਨਗੀ ਮਿਲ ਚੁੱਕੀ ਹੈ। ਪੰਜਾਬ ਵਿੱਚ ਨਸ਼ਿਆਂ ਦਾ ਕਾਰੋਬਾਰ ਜੜ੍ਹੋਂ ਖਤਮ ਕਰਨ ਲਈ ਪੰਜਾਬ ਪੁਲਿਸ ਵੱਲੋਂ ਸ਼ੁਰੂ ਕੀਤੀ ਗਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਹੁਣ ਨਸ਼ਾ ਤਸਕਰਾਂ ਨੂੰ ਫੜਨ ਦੇ ਨਾਲ ਉਨਾਂ ਦੀ ਆਰਥਿਕ ਕਮਰ ਤੋੜਨ 'ਤੇ ਧਿਆਨ ਦਿੱਤਾ ਜਾ ਰਿਹਾ ਹੈ।

# ਸੁਖਬੀਰ ਸਿੰਘ ਬਾਦਲ ਨੇ ਲੌਂਗੋਵਾਲ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ



ਲੌਂਗੋਵਾਲ, 1 ਸਤੰਬਰ (ਭਗਵੰਤ ਸ਼ਰਮਾ) - ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਸਪੁੱਤਰੀ ਬੀਬਾ ਗੁਰਮਨ ਕੌਰ ਦੇ ਅਕਾਲ ਚਲਾਣੇ ਤੇ ਅੱਜ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਲੌਂਗੋਵਾਲ ਨਿਵਾਸ ਪੁੱਜ ਕੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਹੈ। ਉਹਨਾਂ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਕਾਕਾ ਨਵਿੰਦਰਪ੍ਰੀਤ ਸਿੰਘ ਲੌਂਗੋਵਾਲ ਨਾਲ ਸੰਵੇਦਨਾ ਪ੍ਰਗਟ ਕੀਤੀ ਅਤੇ ਪਰਿਵਾਰ ਦਾ ਢਾਰਸ ਬੰਨ੍ਹਾਇਆ।ਉਹਨਾਂ ਕਿਹਾ ਕਿ ਨੌਜਵਾਨ ਬੱਚੇ ਦਾ ਇਸ ਤਰ੍ਹਾਂ ਚਲੇ ਜਾਣਾ ਪਰਿਵਾਰ ਲਈ ਅਸਹਿ ਸਦਮਾ ਹੈ। ਉਹਨਾਂ ਬੇਟੀ ਦੀ ਬਿਮਾਰੀ ਸਬੰਧੀ ਜਾਣਕਾਰੀ ਪ੍ਰਾਪਤ ਕੀਤੀ ਅਤੇ ਗੁਰੂ ਦਾ ਭਾਣਾ ਮੰਨਣ ਲਈ ਕਿਹਾ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਤੇਜਿੰਦਰ ਸਿੰਘ ਸੰਘਰੇੜੀ, ਰਵਿੰਦਰ ਸਿੰਘ ਚੀਮਾ, ਸੂਬਾ ਡੈਲੀਗੇਟ ਗੁਰਮੀਤ ਸਿੰਘ ਲੱਲੀ, ਸੁਖਵਿੰਦਰ ਸਿੰਘ ਚਹਿਲ, ਜਤਿੰਦਰ ਸਿੰਘ ਵਿੱਕੀ ਕੋਚ, ਠੇਕੇਦਾਰ ਬਿੰਦਰ ਸਿੰਘ ਲੌਂਗੋਵਾਲ, ਰਣਜੀਤ ਸਿੰਘ ਕੂਕਾ ਸਾਬਕਾ ਮੀਤ ਪ੍ਰਧਾਨ, ਜਸਵਿੰਦਰ ਸਿੰਘ ਦੁੱਲਟ, ਨਰਿੰਦਰ ਸਿੰਘ ਨੰਦੂ, ਕੁਲਦੀਪ ਸਿੰਘ ਦੂਲੋ, ਕੁਲਵੰਤ ਸਿੰਘ ਕਾਂਤੀ, ਪ੍ਰਿੰ. ਜਸਪ੍ਰੀਤ ਸਿੰਘ ਧਾਲੀਵਾਲ, ਸੁਖਬੀਰ ਸਿੰਘ ਉਭਾਵਾਲ, ਬਿੰਦਰ ਸਿੰਘ ਬਿੰਦੀ, ਅਵਤਾਰ ਸਿੰਘ ਦੁੱਲਟ, ਇਕਬਾਲਜੀਤ ਸਿੰਘ ਪੂਨੀਆ, ਹਰਪਾਲ ਸਿੰਘ ਖੜਿਆਲ ਅਤੇ ਹਰਬੰਸ ਸਿੰਘ ਮੌੜ ਹਾਜ਼ਰ ਸਨ।

# ਸਮੱਸਿਆਵਾਂ ਨੂੰ ਲੈ ਕੇ ਕਾਰਜ ਸਾਧਕ ਨੂੰ ਮਿਲਿਆ ਵ਼ਫਦ

ਲਹਿਰਾਗਾਗਾ, 1 ਸਤੰਬਰ (ਗੁਰਦੀਪ ਸਿੰਘ): ਲਹਿਰਾਗਾਗਾ ਦੇ ਵਾਰਡ ਨੰਬਰ ਇੱਕ ਦੀਆਂ ਵੱਖ- ਵੱਖ ਸਮੱਸਿਆਵਾਂ ਨੂੰ ਲੈ ਕੇ ਵਾਰਡ ਦੇ ਵਸਨੀਕਾਂ ਦਾ ਇੱਕ ਵਫ਼ਦ ਜਮਹੂਰੀ ਅਧਿਕਾਰ ਸਭਾ ਪੰਜਾਬ ਜ਼ਿਲ੍ਹਾ ਸੰਗਰੂਰ ਦੇ ਪ੍ਰਧਾਨ ਜਗਜੀਤ ਸਿੰਘ ਭੁਟਾਲ ਅਤੇ ਡਾ: ਦੇਵਰਾਜ ਡੀ.ਏ .ਵੀ .ਪਬਲਿਕ ਸਕੂਲ ਲਹਿਰਾਗਾਗਾ ਦੇ ਮੈਨੇਜਿੰਗ ਡਾਇਰੈਕਟਰ ਪ੍ਰਵੀਨ ਖੋਖਰ ਦੀ ਅਗਵਾਈ ਵਿੱਚ ਕਾਰਜ ਸਾਧਕ ਅਫਸਰ ਸ੍ਰੀ ਰਮਨਦੀਪ ਸ਼ਰਮਾ ਨੂੰ ਮਿਲਿਆ। ਵਫ਼ਦ ਨੇ ਲਿਖਤੀ ਪੱਤਰ ਦਿੰਦੇ ਹੋਏ ਕਾਰਜ ਸਾਧਕ ਅਫਸਰ ਨੂੰ ਦੱਸਿਆ ਕਿ ਇਸ ਵਾਰਡ ਦੇ ਬਸ਼ਿੰਦੇ ਪਿਛਲੇ ਸਮੇਂ ਤੋਂ ਨਰਕਾਂ ਭਰੀ ਜ਼ਿੰਦਗੀ ਜਿਉਂ ਰਹੇ ਹਨ, ਉਹਨਾਂ ਦੱਸਿਆ ਕਿ ਇਸ ਮੁਹੱਲੇ ਦੀ ਸਟਰੀਟ ਲਾਈਟ ਪਿਛਲੇ ਲੰਮੇ ਸਮੇਂ ਤੋਂ ਖਰਾਬ ਪਈ ਹੈ, ਜਿਹੜੀ ਕਿ ਵਾਰ-ਵਾਰ ਠੀਕ ਕਰਨ ਦੇ ਬਾਵਜੂਦ ਵੀ ਫਿਰ ਖਰਾਬ ਹੋ ਜਾਂਦੀ ਹੈ, ਜਿਸ ਕਰਕੇ ਇਸ ਮੁਹੱਲੇ ਵਿੱਚ ਹਨੇਰਾ ਪਸਰਿਆ ਰਹਿੰਦਾ ਹੈ। ਉਨ੍ਹਾਂ ਦੱਸਿਆ ਕਿ ਇਸ ਮੁਹੱਲੇ ਦੇ ਸੀਵਰੇਜ ਵੀ ਪਿਛਲੇ ਸਮੇਂ ਤੋਂ ਬੰਦ ਹੋਣ ਕਰਕੇ ਬਰਸਾਤੀ ਤੇ ਗੰਦਾ ਪਾਣੀ ਗਲੀ ਵਿੱਚ ਹੀ ਖੜਾ ਰਹਿੰਦਾ ਹੈ, ਜਿਸ ਕਰਕੇ ਜਿੱਥੇ ਪਿਛਲੇ ਇੱਕ-ਦੋ ਦਿਨਾਂ ਵਿੱਚ ਹੀ ਦੋ ਤਿੰਨ ਘਰਾਂ ਦੀਆਂ ਕੰਧਾਂ ਡਿੱਗ ਪਈਆਂ ਹਨ ਉਥੇ ਕਈ ਘਰਾਂ ਦੀਆ ਕੰਧਾਂ ਵਿੱਚ ਤਰੇੜਾ ਵੀ ਆਂ ਚੁੱਕੀਆਂ ਹਨ, ਇੱਥੇ ਹੀ ਬਸ ਨਹੀਂ ਗੰਦੇ ਪਾਣੀ ਦੇ ਖੜਨ ਕਰਕੇ ਮੁਹੱਲੇ ਵਿੱਚ ਮੱਖੀਆਂ-ਮੱਛਰ ਉਤਪੰਨ ਹੋ ਰਹੇ ਹਨ, ਜਿਸ ਤੋਂ ਅਨੇਕਾਂ ਨਾ ਮੁਰਾਦ ਬਿਮਾਰੀਆਂ ਜਨਮ ਲੈ ਰਹੀਆਂ ਹਨ।ਵਫ਼ਦ ਨੇ ਇਹ ਵੀ ਦੱਸਿਆ ਕਿ ਮੁਹੱਲੇ ਦੀਆਂ ਪੁਲੀਆਂ ਵੀ ਟੁੱਟੀਆਂ ਪਈਆਂ ਹਨ, ਜਿਸ ਕਰਕੇ ਅਨੇਕਾਂ ਵਾਹਨ ਵਿੱਚ ਹੀ ਖੁੱਭ ਜਾਂਦੇ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਮੁਹੱਲੇ ਵਿੱਚ ਲੱਗੀਆ ਇੰਟਰ ਲਾਕ ਟਾਇਲਾਂ ਦੇ ਦੱਬਣ ਕਰਕੇ ਡੂੰਘੇ-ਡੂੰਘੇ ਖੱਡੇ ਪੈ ਚੁੱਕੇ ਹਨ, ਜਿਸ ਕਰਕੇ ਦੋ ਪਹੀਆ ਵਾਹਨ ਤੇ ਪੈਦਲ ਆਉਣ ਜਾਣ ਵਾਲੇ ਰਾਹਗਿਰਾਂ ਨੂੰ ਅਨੇਕਾਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ, ਇੱਥੋਂ ਤੱਕ ਕਿ ਕਈ ਵਾਰ ਤਾਂ ਦੋ ਪਹੀਆ ਵਾਹਨ ਸਵਾਰ ਇਹਨਾ ਖੱਡਿਆ ਵਿੱਚ ਡਿੱਗ ਕੇ ਸੱਟਾਂ ਵੀ ਖਾ ਬੈਠੇ ਹਨ । ਉਹਨਾਂ ਮੰਗ ਕੀਤੀ ਕਿ ਇਸ ਮੁਹੱਲੇ ਦੀਆਂ ਇਹਨਾਂ ਮੁਸ਼ਕਲਾਂ ਦੇ ਨਾਲ-ਨਾਲ ਪੀਣ ਯੋਗ ਪਾਣੀ ਦੀ ਸਪਲਾਈ ਵੀ ਨਿਰਵਿਘਨ ਬਣਾਈ ਜਾਵੇ।ਵਫ਼ਦ ਨੂੰ ਕਾਰਜ ਸਾਧਕ ਅਫਸਰ ਨੇ ਯਕੀਨ ਦਿਵਾਇਆ ਕਿ ਉਹ ਛੇਤੀ ਹੀ ਇਹਨਾਂ ਸਮੱਸਿਆਵਾਂ ਨੂੰ ਹੱਲ ਕਰਨਗੇ, ਇਸ ਸਮੇਂ ਸਮਾਜ ਸੇਵਕ ਤਰਸੇਮ ਭੋਲੂ, ਹਰਪਾਲ ਸਿੰਘ ਪਾਲਾ,ਬਲਵਿੰਦਰ ਸਿੰਘ ਭੁਟਾਲ, ਸੁਰਿੰਦਰ ਕੁਮਾਰ, ਸੇਵਾ ਰਾਮ, ਪਾਲ ਸਿੰਘ ਮਿਸਤਰੀ, ਮਲੂਕ ਸਿੰਘ, ਤਜਿੰਦਰ ਕੁਮਾਰ, ਚਰਨਜੀਤ ਸਿੰਘ, ਤਿਜੰਦਰ ਕੁਮਾਰ ਰਿੰਕੂ ਆਦਿ ਵੀ ਹਾਜ਼ਰ ਸਨੇ ਹੋਏ।ਇਸ ਸਮੇਂ ਸਮਾਜ ਸੇਵਕ ਤਰਸੇਮ ਭੋਲੂ, ਹਰਪਾਲ ਸਿੰਘ ਪਾਲਾ,ਬਲਵਿੰਦਰ ਸਿੰਘ ਭੁਟਾਲ, ਸੁਰਿੰਦਰ ਕੁਮਾਰ, ਸੇਵਾ ਰਾਮ, ਪਾਲ ਸਿੰਘ ਮਿਸਤਰੀ, ਮਲੂਕ ਸਿੰਘ, ਤਜਿੰਦਰ ਕੁਮਾਰ, ਚਰਨਜੀਤ ਸਿੰਘ, ਤਿਜੰਦਰ ਕੁਮਾਰ ਰਿੰਕੂ ਆਦਿ ਵੀ ਹਾਜ਼ਰ ਹੋਏ।

# ਸ਼ਿਵਮ ਕਾਲਜ ਦੇ ਚੇਅਰਮੈਨ ਚੈਰੀ ਗੋਇਲ ਨੂੰ ਸਦਮਾ, ਤਾਏ ਦਾ ਦੇਹਾਂਤ



ਲਹਿਰਾਗਾਗਾ, 1 ਸਤੰਬਰ (ਰਾਮੇਸ਼ਵਰ ਸ਼ਰਮਾ/ ਖੁਸ਼ਵਿੰਦਰ ਸ਼ਰਮਾ):ਵਿੱਦਿਆ ਰਤਨ ਕਾਲਜ ਆਫ ਐਜੂਕੇਸ਼ਨ ਦੇ ਚੇਅਰਮੈਨ ਚੈਰੀ ਗੋਇਲ ਅਤੇ ਗੋਇਲ ਪਰਿਵਾਰ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਿਆ, ਜਦੋਂ ਜਨਕ ਰਾਜ (ਚੋਟੀਆਂ ਵਾਲੇ) ਆਪਣੀ ਸੰਸਾਰਕ ਯਾਤਰਾ ਪੂਰੀ ਕਰਕੇ ਪ੍ਰਭੂ ਚਰਨਾਂ ਵਿੱਚ ਜਾ ਬਿਰਾਜੇ, ਸਾਬਕਾ ਮੁੱਖ ਮੰਤਰੀ ਬੀਬੀ ਰਜਿੰਦਰ ਕੌਰ ਭੱਠਲ, ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ , ਨਗਰ ਕੌਂਸਲ ਪ੍ਰਧਾਨ ਸ਼੍ਰੀਮਤੀ ਕਾਂਤਾ ਗੋਇਲ,ਸਾਬਕਾ ਵਿੱਤ ਮੰਤਰੀ ਪਰਮਿੰਦਰ ਸਿੰਘ ਢੀਂਡਸਾ, ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਮੈਂਬਰ ਰਾਹੁਲ ਇੰਦਰ ਸਿੰਘ ਸਿੱਧੂ, ਸਨਮੀਕ ਸਿੰਘ ਹੈਨਰੀ, ਕੌਂਸਲਰ ਬਲਵਿੰਦਰ ਕੌਰ ਉਰਫ ਡਾ.ਸੰਦੀਪ, ਅਕਾਲੀ ਆਗੂ ਆਸ਼ੂ ਜਿੰਦਲ,ਸਾਬਕਾ ਕੌਂਸਲਰ ਦਵਿੰਦਰ ਨੀਟੂ,ਟਰੱਕ ਯੂਨੀਅਨ ਦੇ ਸਾਬਕਾ ਪ੍ਰਧਾਨ ਗੁਰੀ ਚਹਿਲ,ਗੁਰੂ ਗੋਬਿੰਦ ਸਿੰਘ ਕਾਲਜ ਦੇ ਰਕੇਸ਼ ਸ਼ਰਮਾ, ਕੇਸੀਟੀ ਕਾਲਜ ਦੇ ਮੌਂਟੀ ਗਰਗ, ਸ਼ਿਵਮ ਕਾਲਜ ਆਫ ਐਜੂਕੇਸ਼ਨ ਦੇ ਅਨਿਲ ਗਰਗ ਅਤੇ ਰਾਹੁਲ ਗਰਗ,ਸਾਬਕਾ ਕੌਂਸਲਰ ਨੀਟੂ ਸ਼ਰਮਾ, ਕਾਂਗਰਸੀ ਆਗੂ ਸੰਜੀਵ ਕੁਮਾਰ ਹਨੀ, ਭਾਜਪਾ ਆਗੂ ਜਨਕ ਰਾਜ ਤਾਇਲ, ਜਗਦੀਸ਼ ਰਾਏ ਠੇਕੇਦਾਰ, ਆੜਤੀ ਐਸੋਸੀਏਸ਼ਨ ਜ਼ਿਲ੍ਹਾ ਪ੍ਰਧਾਨ ਸੰਜੀਵ ਕੁਮਾਰ ਸਿੰਗਲਾ ਇਲਾਵਾ ਸ਼ਹਿਰ ਦੀਆਂ ਵੱਖ-ਵੱਖ ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਨੇ ਗੋਇਲ ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਹਮਦਰਦੀ ਪ੍ਰਗਟ ਕੀਤੀ ਹੈ।

# .ਕੇ.ਯੂ. ਵੱਲੋਂ ਓਰੀਐਨਟੇਸ਼ਨ ਪ੍ਰੋਗਰਾਮ ਦੀਕਸ਼ਾਰੰਭ-2025 ਦਾ ਸ਼ਾਨਦਾਰ ਆਗਾਜ਼

## ਹੜ੍ਹ ਪੀੜਤਾਂ ਲਈ ਹਰ ਸੰਭਵ ਸਹਾਇਤਾ ਕਰੇਗੀ ਗੁਰੂ ਕਾਸ਼ੀ ਯੂਨੀਵਰਸਿਟੀ :ਸਿੱਧੂ

ਬਠਿੰਡਾ, 1 ਸਤੰਬਰ (ਜਗਸੀਰ ਭੁੱਲਰ) : ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਪ੍ਰਬੰਧਨ, ਅਕਾਦਮਿਕ ਨਿਯਮਾਂ, ਸਹੂਲਤਾਂ ਅਤੇ ਪ੍ਰਕਿਰਿਆਵਾਂ ਨਾਲ ਵਿਦਿਆਰਥੀਆਂ ਦਾ ਰਾਬਤਾ ਕਰਾਉਣ ਦੇ ਮੰਤਵ ਨਾਲ ਉਪ-ਕੁਲਪਤੀ ਪ੍ਰੋ.(ਡਾ.) ਰਾਮੇਸ਼ਵਰ ਸਿੰਘ ਦੀ ਰਹਿ-ਨੁਮਾਈ ਹੇਠ ਓਰੀਐਨਟੇਸ਼ਨ ਪ੍ਰੋਗਰਾਮ ਦੀਕਸ਼ਾਰੰਭ-2025 ਦਾ ਆਗਾਜ਼ ਮੁੱਖ ਮਹਿਮਾਨ ਸ. ਗੁਰਲਾਭ ਸਿੰਘ ਸਿੱਧੂ, ਚਾਂਸਲਰ ਵੱਲੋਂ ਕੀਤਾ ਗਿਆ। ਇਸ ਮੌਕੇ ਡਾਇਰੈਕਟਰ ਸਪੋਰਟਸ, ਡਾਇਰੈਕਟਰ ਆਈ.ਟੀ., ਇੰਚਾਰਜ ਲਾਇਬ੍ਰੇਰੀ, ਫੈਕਲਟੀ ਆਫ਼ ਐਗਰੀਕਲਚਰ, ਫੈਕਲਟੀ ਆਫ਼ ਪਿਊਟਿੰਗ, ਫੈਕਲਟੀ ਆਫ਼ ਇੰਜੀਨਿਅਰਿੰਗ ਐਂਡ ਟੈਕਨਾਲੋਜੀ, ਫੈਕਲਟੀ ਆਫ਼ ਵਿਜ਼ੂਅਲ ਐਂਡ ਪਰਫਾਰਮਿੰਗ ਆਰਟਸ, ਫੈਕਲਟੀ ਆਫ਼ ਮੈਨੇਜ਼ਮੈਂਟ ਐਂਡ ਕਾਮਰਸ, ਫੈਕਲਟੀ ਆਫ਼ ਹੈਲਥ ਐਂਡ ਅਲਾਈਡ ਸਾਇੰਸਜ਼ ਦੇ ਡੀਨ ਸਾਹਿਬਾਨ ਅਤੇ ਕੰਟਰੋਲਰ ਪ੍ਰੀਖਿਆਵਾਂ ਵੱਲੋਂ ਪੀ.ਪੀ.ਟੀ. ਰਾਹੀਂ ਪ੍ਰੈਜ਼ੈਨਟੇਸ਼ਨਜ਼ ਦਿੱਤੀਆਂ ਗਈਆਂ।ਮੁੱਖ ਮਹਿਮਾਨ ਸਿੱਧੂ ਨੇ ਵਿਦਿਆਰਥੀਆਂ ਨੂੰ ਸੰਬੋਧਨ ਹੁੰਦੇ ਹੋਏ ਕਿਹਾ ਕਿ ਇਨਸਾਨਾਂ ਅਤੇ ਲੋੜਵੰਦਾਂ ਦੀ ਸੇਵਾ ਸਿੱਖਿਆ ਦਾ ਪਹਿਲਾ ਪਾਠ ਹੈ। ਜੀ.ਕੇ.ਯੂ. ਪਰਿਵਾਰ ਹੜ੍ਹ ਪੀੜਤਾਂ ਦੇ ਦੁੱਖ ਵਿੱਚ ਪੂਰੀ ਤਰ੍ਹਾਂ ਸ਼ਾਮਿਲ ਹੈ। ਉਨ੍ਹਾਂ ਵਰਸਿਟੀ ਵੱਲੋਂ ਪੰਜਾਬ ਹੜ੍ਹ ਪੀੜਤਾਂ ਲਈ ਹਰ ਤਰ੍ਹਾਂ ਦੇ ਸਹਿਯੋਗ ਦੀ ਗੱਲ ਆਖੀ, ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਨੂੰ ਇਸ ਕਾਰਜ ਲਈ ਹਰ ਸੰਭਵ ਪੱਧਰ ਤੇ ਸਹਿਯੋਗ ਅਤੇ ਲੋੜੀਂਦੀਆਂ ਵਸਤਾਂ ਹੜ੍ਹ ਪੀੜਤਾਂ ਨੂੰ ਭੇਜਣ ਦੀ ਅਪੀਲ ਕੀਤੀ। ਉਨ੍ਹਾਂ ਇਹ ਵੀ ਕਿਹਾ ਕਿ ਯੂਨੀਵਰਸਿਟੀ ਦਾ ਮੁੱਖ ਮੰਤਵ ਵਿਦਿਆਰਥੀਆਂ ਦਾ ਸਰਵ-ਪੱਖੀ ਵਿਕਾਸ ਅਤੇ ਕਿੱਤਾ ਮੁੱਖੀ ਵਿੱਦਿਆ ਪ੍ਰਦਾਨ ਕਰਨਾ ਹੈ, ਜਿਸ ਰਾਹੀਂ ਉਹ ਚੰਗੇਰੇ ਇਨਸਾਨ ਬਣ ਕੇ ਸਮਾਜ ਵਿੱਚ ਉੱਚਾ ਰੁਤਬਾ ਹਾਸਿਲ ਕਰ ਸਕਣ।ਡਾ. ਪੀਯੂਸ਼ ਵਰਮਾ ਰਜਿਸਟਰਾਰ ਨੇ ਵਿਦਿਆਰਥੀਆਂ ਨੂੰ 'ਵਰਸਿਟੀ ਦੇ ਨਿਯਮਾਂ, ਨੀਤੀਆਂ, ਪ੍ਰਸ਼ਾਸਨਿਕ ਢਾਂਚੇ ਅਤੇ ਵਰਸਿਟੀ ਨਾਲ ਸੰਬੰਧਿਤ ਪ੍ਰਕਿਰਿਆਵਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ 'ਵਰਸਿਟੀ ਸਿੱਖਿਆ ਦੇ ਖੇਤਰ ਵਿੱਚ ਆ ਰਹੇ ਬਦਲਾਵਾਂ, ਬਾਜ਼ਾਰ, ਸਮੇਂ ਅਤੇ ਉਦਯੋਗਾਂ ਦੀ ਲੋੜ ਅਨੁਸਾਰ ਸ਼ੁਰੂ ਕੀਤੇ ਗਏ ਨਵੇ ਪ੍ਰੋਗਰਾਮਾਂ ਆਦਿ ਬਾਰੇ ਜਾਣਕਾਰੀ ਦਿੱਤੀ।ਡਾ. ਆਰ.ਪੀ.ਸਹਾਰਨ, ਡੀਨ ਅਕਾਦਮਿਕ ਨੇ 'ਵਰਸਿਟੀ ਵੱਲੋਂ ਚਲਾਏ ਜਾ ਰਹੇ ਵੱਖ-ਵੱਖ ਅਕਾਦਮਿਕ ਕੋਰਸਾਂ, ਉਨ੍ਹਾਂ ਸੰਬੰਧਿਤ ਯੋਗਤਾਵਾਂ, 'ਵਰਸਿਟੀ ਦੇ ਵੱਖ-ਵੱਖ ਵਿਭਾਗਾਂ ਅਤੇ ਦਾਖਲੇ ਸੰਬੰਧੀ ਪ੍ਰਕਿਰਿਆਵਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ 'ਵਰਸਿਟੀ ਵੱਲੋਂ ਨਵੀਂ ਸਿੱਖਿਆ ਨੀਤੀ-2020 ਅਨੁਸਾਰ ਜੀ.ਕੇ.ਯੂ. ਵੱਲੋਂ ਤਿਆਰ ਕੀਤੇ ਸਿਲੇਬਸ ਅਤੇ ਕੋਰਸਾਂ ਸੰਬੰਧੀ ਵੀ ਵਿਚਾਰ ਸਾਂਝੇ ਕੀਤੇ। ਉਨ੍ਹਾਂ ਵਿਦਿਆਰਥੀਆਂ ਨੂੰ ਸਖ਼ਤ ਮਿਹਨਤ ਕਰਕੇ ਆਪਣੀ ਪ੍ਰਤਿਭਾ ਸਮਾਜ ਦੇ ਵਿਕਾਸ ਵਿੱਚ ਲਗਾਉਣ ਦੀ ਅਪੀਲ ਕੀਤੀ। ਉਨ੍ਹਾਂ ਵਿਦਿਆਰਥੀਆਂ ਵੱਲੋਂ 'ਵਰਸਿਟੀ ਦੇ ਪਲੇਸਮੈਂਟ ਸੈੱਲ ਦੇ ਸਹਿਯੋਗ ਨਾਲ ਵੱਖ-ਵੱਖ ਸਰਕਾਰੀ ਅਤੇ ਗੈਰ-ਸਰਕਾਰੀ ਅਦਾਰਿਆਂ ਵਿੱਚ ਪ੍ਰਾਪਤ ਕੀਤੀਆਂ ਗਈਆਂ ਉੱਚ ਪਦਵੀਆਂ ਬਾਰੇ ਵੀ ਚਾਨਣਾ ਪਾਇਆ। ਕੰਟਰੋਲਰ ਪ੍ਰੀਖਿਆਵਾਂ ਤੇ ਡਾਇਰੈਕਟਰ ਆਈ.ਟੀ. ਨੇ ਨਵੇਂ ਸੈਸ਼ਨ ਲਈ ਵਿਦਿਆਰਥੀਆਂ ਨੂੰ ਉਜੱਵਲ ਭਵਿੱਖ ਦੀਆਂ ਸ਼ੁੱਭ ਕਾਮਨਾਵਾਂ ਭੇਂਟ ਕਰਦੇ ਹੋਏ ਕੰਪਿਊਟਰ ਅਤੇ ਨਵੀਂ ਤਕਨੀਕ ਵਿੱਚ ਮਹਾਰਤ ਹਾਸਿਲ ਕਰਨ ਦੀ ਪ੍ਰੇਰਨਾ ਦਿੱਤੀ।ਸਰਬੱਤ ਦੇ ਭਲੇ ਅਤੇ ਵਿਦਿਆਰਥੀਆਂ ਦੇ ਉਜੱਵਲ ਭਵਿੱਖ ਲਈ ਫੈਕਲਟੀ ਆਫ਼ ਵਿਜ਼ੂਅਲ ਐਂਡ ਪਰਫਾਰਮਿੰਗ ਆਰਟਸ ਵੱਲੋਂ ਡਾ. ਗੁਰਪ੍ਰੀਤ ਕੌਰ ਡੀਨ ਦੀ ਰਹਿਨੁਮਾਈ ਹੇਠ ਪੇਸ਼ ਕੀਤੇ ਸੂਫੀਆਨਾ ਪ੍ਰੋਗਰਾਮ ਇਬਾਦਤ ਨੇ ਦਰਸ਼ਕਾਂ ਨੂੰ ਕੀਲ ਕੇ ਰੱਖ ਦਿੱਤਾ।ਨਿਰਦੇਸ਼ਕ ਵਿਦਿਆਰਥੀ ਭਲਾਈ ਨੇ 'ਵਰਸਿਟੀ ਵੱਲੋਂ ਕਰਵਾਏ ਜਾਂਦੇ ਸੱਭਿਆਚਾਰਕ ਪ੍ਰੋਗਰਾਮਾਂ, ਐਨ.ਐਸ.ਐਸ. , ਐਨ.ਸੀ.ਸੀ. ਦੀਆਂ ਗਤੀਵਿਧੀਆਂ , ਯੁਵਕ ਭਲਾਈ ਮੇਲੇ ਅਤੇ ਵਰਸਿਟੀ ਵੱਲੋਂ ਦਿੱਤੀਆਂ ਜਾਂਦੀਆਂ ਸਹੂਲਤਾਂ ਬਾਰੇ ਚਾਨਣਾ ਪਾਇਆ।

# ਮਾਈ ਭਾਗੋ ਡਿਗਰੀ ਕਾਲਜ ਰੱਲਾ ਦਾ ਨਤੀਜਾ ਰਿਹਾ ਸ਼ਾਨਦਾਰ



ਜੋਗਾ, 1ਸੰਤਬਰ ( ਵਿਰੋਂਦਰਪਾਲ ਮੰਤਰੋ): ਮਾਈ ਭਾਗੋ ਡਿਗਰੀ ਰੱਲਾ ਸੰਸਥਾ ਨੂੰ ਅਕਾਦਮਿਕ ਖੇਤਰ ਵਿੱਚ ਇਲਾਕੇ ਦੀ ਨਾਮਵਰ ਸੰਸਥਾ ਵਜੋਂ ਜਾਣਿਆ ਜਾਂਦਾ ਹੈ ਸੰਸਥਾ ਦੇ ਵਿਦਿਆਰਥੀਆਂ ਨੇ ਅਕਾਦਮਿਕ ਖੇਤਰ ਹਮੇਸ਼ਾ ਚੰਗੇ ਨਤੀਜੇ ਹਾਸਿਲ ਕੀਤੇ ਹਨ। ਇਸੇ ਲੜੀ ਵਿੱਚ ਬੀਤੇ ਦਿਨੀਂ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਐਲਾਨੇ ਐਮ. ਏ. ਪੰਜਾਬੀ ਸਮੈਸਟਰ ਪਹਿਲਾ ਦੇ ਨਤੀਜੇ ਵਿੱਚੋਂ ਸੰਸਥਾ ਦੀਆਂ ਵਿਦਿਆਰਥਣਾਂ ਨੇ ਚੰਗੀਆਂ ਪੁਜ਼ੀਸ਼ਨਾਂ ਹਾਸਿਲ ਕੀਤੀਆਂ ਹਨ। ਇਸ ਮੌਕੇ 'ਤੇ ਡਿਗਰੀ ਕਾਲਜ ਦੇ ਪੰਜਾਬੀ ਵਿਭਾਗ ਦੇ ਸਹਾਇਕ ਪ੍ਰੋਫੈਸਰ ਧੀਰਾ ਸਿੰਘ, ਬੇਅੰਤ ਕੌਰ ਅਤੇ ਪ੍ਰਗਟ ਸਿੰਘ ਨੇ ਖੁਸ਼ੀ ਜ਼ਾਹਿਰ ਕਰਦਿਆਂ ਦੱਸਿਆ ਕਿ ਵਿਦਿਆਰਥਣਾਂ ਰੁਪਿੰਦਰ ਕੌਰ ਪੁੱਤਰੀ ਜਗਤਾਰ ਸਿੰਘ ਅਤੇ ਹਰਮਨਜੋਤ ਕੌਰ ਪੁੱਤਰੀ ਕੁਲਤਾਰ ਸਿੰਘ ਨੇ ਪਹਿਲਾ, ਗੁਰਪ੍ਰੀਤ ਕੌਰ ਪੁੱਤਰੀ ਕਕਨ ਸਿੰਘ ਅਤੇ ਡੌਲੀ ਕੌਰ ਪੁੱਤਰੀ ਗੁਰਤੇਜ ਸਿੰਘ ਨੇ ਦੂਸਰਾ, ਲਖਵਿੰਦਰ ਕੌਰ ਪੁੱਤਰੀ ਸੁਖਦੇਵ ਸਿੰਘ ਨੇ ਤੀਸਰਾ ਸਥਾਨ ਹਾਸਲ ਕੀਤਾ। ਵਿਦਿਆਰਥੀਆਂ ਦੀ ਇਸ ਸ਼ਾਨਦਾਰ ਪ੍ਰਾਪਤੀ ਤੇ ਸੰਸਥਾ ਦੇ ਪ੍ਰਿੰਸੀਪਲ ਡਾ. ਪਰਮਿੰਦਰ ਕੁਮਾਰੀ ਨੇ ਇਨ੍ਹਾਂ ਵਿਦਿਆਰਥਣਾਂ ਨੂੰ ਵਧਾਈ ਦਿੰਦਿਆਂ ਇਸ ਸ਼ਾਨਦਾਰ ਨਤੀਜੇ ਲਈ ਅਧਿਆਪਕਾਂ ਅਤੇ ਵਿਦਿਆਰਥੀਆਂ ਦੀ ਅਣਥੱਕ ਮਿਹਨਤ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੇ ਚੰਗੇ ਨੰਬਰ ਲੈ ਕੇ ਆਪਣੇ ਮਾਪਿਆਂ ਤੇ ਸੰਸਥਾ ਦਾ ਵੀ ਨਾਮ ਰੌਸ਼ਨ ਕੀਤਾ ਹੈ। ਇਸ ਮੌਕੇ ਸੰਸਥਾ ਦੇ ਚੇਅਰਮੈਨ ਡਾ. ਬਲਵਿੰਦਰ ਸਿੰਘ ਬਰਾੜ, ਮੈਨੇਜਿੰਗ ਡਾਇਰੈਕਟਰ ਸ੍ਰ. ਕੁਲਦੀਪ ਸਿੰਘ ਖਿਆਲਾ, ਸਕੱਤਰ ਮਨਜੀਤ ਸਿੰਘ ਖਿਆਲਾ ਅਤੇ ਆਫਿਸ ਐਡਮਨਿਸਟ੍ਰੇਟਰ ਮੈਡਮ ਲਵਪ੍ਰੀਤ ਕੌਰ ਨੇ ਵਿਦਿਆਰਥਣਾਂ ਅਤੇ ਸਟਾਫ ਨੂੰ ਵਧਾਈ ਦਿੰਦਿਆਂ ਕਿਹਾ ਕਿ ਵਿਦਿਆਰਥੀਆਂ ਨੇ ਆਪਣੀ ਕਾਬਲੀਅਤ ਤੇ ਲਗਨ ਸਦਕਾ ਸੰਸਥਾ ਅਤੇ ਅਧਿਆਪਕਾਂ ਦਾ ਮਾਣ ਵਧਾਇਆ ਹੈ ਉਨ੍ਹਾਂ ਕਿਹਾ ਅਜੋਕੇ ਸਮੇਂ ਵਿੱਚ ਮਾਂ ਬੋਲੀ ਪੰਜਾਬੀ ਨੂੰ ਪ੍ਰਫੁੱਲਿਤ ਕਰਨ ਲਈ ਵਿਦਿਆਰਥੀਆਂ ਨੂੰ ਇਹਨਾਂ ਕੋਰਸਾਂ ਦਾ ਵੱਧ ਤੋਂ ਵੱਧ ਲਾਭ ਪ੍ਰਾਪਤ ਕਰਨਾ ਚਾਹੀਦਾ ਹੈ। ਇਸ ਮੌਕੇ ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।ਉਨ੍ਹਾਂ ਕਿਹਾ ਅਜੋਕੇ ਸਮੇਂ ਵਿੱਚ ਮਾਂ ਬੋਲੀ ਪੰਜਾਬੀ ਨੂੰ ਪ੍ਰਫੁੱਲਿਤ ਕਰਨ ਲਈ ਵਿਦਿਆਰਥੀਆਂ ਨੂੰ ਇਹਨਾਂ ਕੋਰਸਾਂ ਦਾ ਵੱਧ ਤੋਂ ਵੱਧ ਲਾਭ ਪ੍ਰਾਪਤ ਕਰਨਾ ਚਾਹੀਦਾ ਹੈ। ਇਸ ਮੌਕੇ ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# ਬਾਰ ਐਸੋਸੀਏਸ਼ਨ ਦੇ ਜਰਨਲ ਹਾਊਸ ਦੀ ਮੀਟਿੰਗ ਹੋਈ

ਸਰਦੂਲਗੜ੍ਹ, 1 ਸਤੰਬਰ ( ਲਛਮਣ ਸਿੱਧੂ ):ਬਾਰ ਐਸੋਸੀਏਸ਼ਨ ਸਰਦੂਲਗੜ੍ਹ ਦੇ ਜਰਨਲ ਹਾਊਸ ਦੀ ਮੀਟਿੰਗ ਪ੍ਰਧਾਨ ਰਾਮ ਸਿੰਘ ਧਾਲੀਵਾਲ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਬਾਰ ਦੇ ਮੈਂਬਰ ਪੁਸ਼ਪਿੰਦਰ ਕੌਰ ਅਤੇ ਬਲਜੀਤ ਸਿੰਘ ਬੜਵਾਲ ਵਕੀਲ ਸਾਹਿਬ ਵੱਲੋਂ ਉਠਾਏ ਗਏ ਮਸਲੇ ਜਿਸ ਵਿੱਚ ਉਹਨਾਂ ਦੱਸਿਆ ਕਿ ਪਿਛਲੇ ਦਿਨੀਂ ਉਹਨਾਂ ਨੂੰ ਉਹਨਾਂ ਦੇ ਹੀ ਘਰ ਪਾਰਕ ਐਵਨਿਊ (ਪੁੱਡਾ ਕਲੋਨੀ )ਸਰਦੂਲਗੜ੍ਹ ਵਿਖੇ ਉਨ੍ਹਾਂ ਦੇ ਘਰ ਅੰਦਰ ਦਾਖਲ ਹੋ ਕੇ ਕੁਝ ਗੁੰਡਿਆਂ ਨੇ ਉਹਨਾਂ ਦੀ ਖਿੱਚ ਧੂਹ ਕਰਨ ਉਪਰੰਤ ਜਬਰਨ ਘਰ ਉੱਪਰ ਕਬਜ਼ਾ ਕਰ ਲਿਆ ਅਤੇ ਸਮਾਨ ਦੀ ਭੰਨ ਤੋੜ ਕੀਤੀ, ਜਿਸ ਸਬੰਧੀ ਪੀੜਤ ਮੈਂਬਰ ਅਤੇ ਬਾਰ ਐਸੋਸੀਏਸ਼ਨ ਦੇ ਅਹੁਦੇਦਾਰ ਸੀਨੀਅਰ ਮੈਂਬਰ ਵੱਲੋਂ ਇਹ ਮਾਮਲਾ ਸਬੰਧਤ ਥਾਣਾ ਐਸ ਐਚ ਓ ਤੇ ਡੀ ਐਸ ਪੀ ਸਰਦੂਲਗੜ੍ਹ ਦੇ ਧਿਆਨ ਵਿੱਚ ਲਿਆਂਦਾ ਗਿਆ ਪਰ ਉਹਨਾਂ ਵੱਲੋਂ ਅਜੇ ਤੱਕ ਕਥਿਤ ਦੋਸ਼ੀਆਂ ਦੇ ਖਿਲਾਫ ਕੋਈ ਕਾਰਵਾਈ ਨਹੀਂ ਕੀਤੀ ਗਈ, ਜਿਸ ਕਾਰਨ ਅੱਜ ਬਾਰ ਐਸੋਸੀਏਸ਼ਨ ਵੱਲੋਂ ਅਦਾਲਤੀ ਕੰਮ ਨਾ ਕਰਨ ਦਾ ਫੈਸਲਾ ਕੀਤਾ ਗਿਆ ਹੈ। ਪ੍ਰਧਾਨ ਰਾਮ ਸਿੰਘ ਨੇ ਕਿਹਾ ਕਿ ਜੇਕਰ ਸਰਦੂਲਗੜ੍ਹ ਪੁਲਿਸ ਵੱਲੋਂ ਬਣਦੀ ਕਾਰਵਾਈ ਦੋਸ਼ੀਆਂ ਦੇ ਖਿਲਾਫ ਨਾ ਕੀਤੀ ਗਈ ਤਾਂ ਉਹ ਆਉਂਦੇ ਦਿਨਾਂ ਵਿੱਚ ਜ਼ਿਲ੍ਹਾ ਲੈਵਲ ਅਤੇ ਪੰਜਾਬ ਲੈਵਲ 'ਤੇ ਸੰਘਰਸ਼ ਕਰਨ ਲਈ ਮਜਬੂਰ ਹੋਣਗੇ। ਉਨ੍ਹਾਂ ਮਾਨਯੋਗ ਜੁਡੀਸ਼ਲ ਅਦਾਲਤ ਦੇ ਪ੍ਰਜਾਈਡਿੰਗ ਅਫਸਰ ਸਾਹਿਬਾਨ ਅਤੇ ਰੈਵਨਿਊ ਅਦਾਲਤ ਦੇ ਅਧਿਕਾਰੀਆਂ ਨੂੰ ਸਹਿਯੋਗ ਕਰਨ ਲਈ ਵੀ ਅਪੀਲ ਕੀਤੀ। ਇਸ ਮੌਕੇ ਬਾਰ ਵਿਸ਼ੇਸ਼ ਸੈਸ਼ਨ ਦੇ ਸਮੂਹ ਮੈਂਬਰ ਹਾਜ਼ਰ ਸਨ।

# ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਤਹਿਤ ਜ਼ਿਲ੍ਹਾ ਸੰਗਰੂਰ ਵਿੱਚ 110 ਮੁਕੱਦਮੇ ਦਰਜ, 153 ਦੋਸ਼ੀ ਗ੍ਰਿਫ਼ਤਾਰ

ਸੰਗਰੂਰ, 1 ਸਤੰਬਰ (ਹਰਕੰਵਲ ਸਿੰਘ ਹੈਪੀ): ਸ੍ਰੀ ਸਰਤਾਜ ਸਿੰਘ ਚਾਹਲ, ਐਸ.ਐਸ.ਪੀ. ਸੰਗਰੂਰ ਵੱਲੋਂ ਦੱਸਿਆ ਗਿਆ ਕਿ ਜ਼ਿਲ੍ਹਾ ਪੁਲਿਸ ਸੰਗਰੂਰ ਵੱਲੋਂ "ਯੁੱਧ ਨਸ਼ਿਆਂ ਵਿਰੁੱਧ"ਚਲਾਈ ਗਈ ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ ਮਿਤੀ 01.08.2025 ਤੋਂ 30.08.2025 ਤੱਕ ਡਰੱਗ ਦੇ 86 ਮੁਕੱਦਮੇ ਦਰਜ ਕਰਕੇ 128 ਦੋਸੀ ਕਾਬੂ ਕਰਕੇ 727 ਗ੍ਰਾਮ ਹੈਰੋਇਨ, 553 ਕਿੱਲੋ 600 ਗ੍ਰਾਮ ਭੁੱਕੀ ਚੂਰਾ ਪੋਸਤ, 1975 ਨਸੀਲੀਆਂ ਗੋਲੀਆਂ ਅਤੇ 1,59,000/- ਰੁਪਏ ਡਰੱਗ ਮਨੀ ਬ੍ਰਾਮਦ ਕਰਵਾਈ ਗਈ। ਸ਼ਰਾਬ ਦਾ ਧੰਦਾ ਕਰਨ ਵਾਲਿਆਂ ਖਿਲਾਫ 24 ਮੁਕੱਦਮੇ ਦਰਜ ਕਰਕੇ 25 ਦੋਸ਼ੀਆਂ ਨੂੰ ਕਾਬੂ ਕਰਕੇ 660 ਲੀਟਰ ਸ਼ਰਾਬ ਠੇਕਾ ਦੇਸੀ, 01 ਚਾਲੂ ਭੱਠੀ, 80.250 ਲੀਟਰ ਸ਼ਰਾਬ ਨਜਾਇਜ਼ ਅਤੇ 460 ਲੀਟਰ ਲਾਹਣ ਬ੍ਰਾਮਦ ਕਰਵਾਈ ਗਈ। ਇਸ ਤੋਂ ਇਲਾਵਾ ਅਸਲਾ ਐਕਟ ਦੇ 01 ਮੁਕੱਦਮਾ ਦਰਜ ਕਰਕੇ 02 ਦੋਸੀ ਗ੍ਰਿਫਤਾਰ ਕੀਤੇ ਗਏ, 01 ਪਿਸਟਲ/ਰਿਵਾਲਵਰ ਅਤੇ 05 ਕਾਰਤੂਸ ਬ੍ਰਾਮਦ ਕਰਾਏ ਗਏ। ਜੂਆ ਐਕਟ ਤਹਿਤ 01 ਮੁਕੱਦਮਾ ਦਰਜ ਕਰਕੇ 01 ਦੋਸ਼ੀ ਗ੍ਰਿਫਤਾਰ ਕੀਤਾ ਅਤੇ ਉਨ੍ਹਾਂ ਪਾਸੋਂ 970/- ਰੁਪਏ ਬ੍ਰਾਮਦ ਕਰਾਏ ਗਏ। ਥਾਣਾ ਸਦਰ ਧੂਰੀ ਦੇ ਏਰੀਆ ਵਿੱਚ ਪੈਂਦੇ ਪਿੰਡ ਹਸਨਪੁਰ ਵਿਖੇ ਅੱਧੀ ਰਾਤ ਨੂੰ ਰਿਹਾਇਸ਼ੀ ਮਕਾਨ ਦੇ ਬਾਹਰ ਫਾਇਰਿੰਗ ਕਰਨ ਵਾਲੇ ਗਿਰੋਹ ਦਾ 24 ਘੰਟਿਆਂ ਅੰਦਰ ਪਰਦਾਫਾਸ਼ ਕਰਕੇ 07 ਦੋਸ਼ੀਆਂ ਨੂੰ ਕਾਬੂ ਕੀਤਾ ਗਿਆ ਅਤੇ ਵਾਰਦਾਤ ਸਮੇਂ ਵਰਤੇ 03 ਦੇਸੀ ਪਿਸਟਲ ਸਮੇਤ ਮੈਗਜੀਨ, 01 ਬਲੈਰੋ ਗੱਡੀ ਅਤੇ 01 ਮੋਟਰ ਸਾਇਕਲ ਬ੍ਰਾਮਦ ਕੀਤੇ ਗਏ। ਇਸੇ ਤਰ੍ਹਾਂ ਥਾਣਾ ਮੂਨਕ ਅਤੇ ਭਵਾਨੀਗੜ੍ਹ ਵੱਲੋਂ 02 ਨਸ਼ਾ ਤਸਕਰਾਂ ਦੀ 39,53,358/- ਰੁਪਏ ਦੇ ਮੁੱਲ ਦੀ ਪ੍ਰਾਪਰਟੀ ਫਰੀਜ ਕਰਵਾਈ ਗਈ। ਸੰਗਰੂਰ ਪ੍ਰਸ਼ਾਸਨ ਵੱਲੋਂ 02 ਨਸ਼ਾ ਤਸਕਰਾਂ ਵੱਲੋਂ ਨਸ਼ਿਆਂ ਦੀ ਤਸਕਰੀ ਕਰਕੇ ਮਿਊਂਸਪਲ ਕਮੇਟੀ ਸੰਗਰੂਰ ਦੀ ਜ਼ਮੀਨ ਉਪਰ ਬਣਾਈ ਗੈਰ ਕਾਨੂੰਨੀ ਪ੍ਰਾਪਰਟੀ, ਬੁਲਡੋਜਰ ਚਲਾ ਕੇ ਢਾਹ ਦਿੱਤੀ ਗਈ। ਉਹਨਾਂ ਕਿਹਾ ਕਿ ਆਮ ਲੋਕਾਂ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਗਈ। ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ/ਸਪੋਰਟਸ ਕਲੱਬਾਂ/ਮੋਹਤਬਰ ਪੁਰਸ਼ਾਂ ਨਾਲ ਮੀਟਿੰਗਾਂ ਕਰਕੇ ਆਮ ਪਬਲਿਕ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਅਰਸੇ ਦੌਰਾਨ ਵੱਖ-ਵੱਖ ਗਜਟਿਡ ਅਫਸਰਾਂ ਵੱਲੋਂ 799 ਪਿੰਡਾਂ/ਸ਼ਹਿਰਾਂ ਵਿੱਚ ਆਮ ਪਬਲਿਕ ਨਾਲ ਮੀਟਿੰਗਾਂ ਕਰਕੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ ਤੇ ਆਮ ਪਬਲਿਕ ਨੂੰ ਸ਼ੇ ਦਾ ਧੰਦਾ ਕਰਨ ਵਾਲੇ ਸਮੱਗਲਰਾਂ ਸਬੰਧੀ ਪੁਲਿਸ ਨੂੰ ਇਤਲਾਹਾਂ ਦੇਣ ਲਈ ਪ੍ਰੇਰਿਤ ਕੀਤਾ ਗਿਆ ਤਾਂ ਜੋ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ। ਨਸ਼ੇ ਦਾ ਧੰਦਾ ਕਰਨ ਵਾਲੇ ਅਤੇ ਮਾੜੇ ਅਨਸਰਾਂ ਖਿਲਾਫ ਕਾਰਵਾਈ ਕਰਦੇ ਹੋਏ ਨਸ਼ਿਆਂ ਦੀ ਰੋਕਥਾਮ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ। ਨਸ਼ਿਆਂ ਖਿਲਾਫ ਜੰਗ ਜਾਰੀ ਹੈ।

# ਜ਼ਰੂਰੀ ਸਮਾਨ ਮਹਿੰਗੇ ਭਾਅ ਵੇਚਣ ਵਾਲਿਆਂ ਖ਼ਿਲਾਫ਼ ਹੋਵੇਗੀ ਸਖ਼ਤ ਕਾਰਵਾਈ : ਐਸ.ਡੀ.ਐਮ.

ਸੁਨਾਮ ਊਧਮ ਸਿੰਘ ਵਾਲਾ, 1 ਸਤੰਬਰ (ਰਾਊਵਰਿੰਦਰ ਸਿੰਘ ਮਠਾੜੂ /ਮੋਹਣ ਸ਼ਰਮਾ ):ਉਪ-ਮੰਡਲ ਮੈਜਿਸਟਰੇਟ, ਸੁਨਾਮ ਊਧਮ ਸਿੰਘ ਵਾਲਾ, ਸ਼੍ਰੀ ਪ੍ਰਮੋਦ ਸਿੰਗਲਾ ਵੱਲੋਂ ਕਾਲਾ ਬਾਜ਼ਾਰੀ ਅਤੇ ਗੈਰ-ਕਾਨੂੰਨੀ ਲਾਭਖੋਰੀ ਸਬੰਧੀ ਹੁਕਮ ਜਾਰੀ ਕਰਦਿਆਂ ਕਿਹਾ ਗਿਆ ਹੈ ਕਿ ਉਹਨਾਂ ਦੇ ਧਿਆਨ ਵਿੱਚ ਆਇਆ ਹੈ ਕਿ ਕੁਝ ਦੁਕਾਨਦਾਰ ਬਰਸਾਤ ਦੇ ਮੌਸਮ ਕਾਰਨ ਬਣੇ ਹਾਲਾਤ ਦੌਰਾਨ ਜਨਤਾ ਦੀ ਲੋੜ ਦਾ ਗਲਤ ਫਾਇਦਾ ਚੁੱਕਦੇ ਹੋਏ ਤਿਰਪਾਲ ਅਤੇ ਹੋਰ ਜ਼ਰੂਰੀ ਸਮਾਨ ਉੱਚੇ ਭਾਅ 'ਤੇ ਵੇਚ ਰਹੇ ਹਨ। ਇਹ ਕੰਮ ਕਾਲਾ ਬਾਜ਼ਾਰੀ ਅਤੇ ਗੈਰ-ਕਾਨੂੰਨੀ ਲਾਭ ਖੋਰੀ ਦੀ ਸ਼੍ਰੇਣੀ ਵਿੱਚ ਆਉਂਦਾ ਹੈ। ਇਸ ਲਈ ਸਾਰੇ ਦੁਕਾਨਦਾਰਾਂ ਨੂੰ ਚੇਤਾਵਨੀ ਦਿੱਤੀ ਗਈ ਹੈ ਕਿ ਮਹਿੰਗੇ ਭਾਅ ਲਾਉਣਾ ਅਤੇ ਕਾਲਾ ਬਾਜ਼ਾਰੀ ਕਰਨਾ ਜ਼ਰੂਰੀ ਵਸਤਾਂ ਐਕਟ, 1955 (ਧਾਰਾ 3 ਅਤੇ 7), ਆਫ਼ਤ ਪ੍ਰਬੰਧਨ ਐਕਟ, 2005 (ਧਾਰਾ 34 ਅਤੇ 65), ਖਪਤਕਾਰ ਪ੍ਰੋਟੈਕਸ਼ਨ ਐਕਟ 2019 (ਧਾਰਾ 2(9) ਅਤੇ 2(47)) ਅਧੀਨ ਸਜ਼ਾਯੋਗ ਅਪਰਾਧ ਹਨ। ਜੋ ਵੀ ਦੁਕਾਨਦਾਰ/ਵਿਕਰੇਤਾ ਦੋਸ਼ੀ ਪਾਇਆ ਗਿਆ, ਉਸ ਦੇ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ, ਜਿਸ ਵਿੱਚ ਦੁਕਾਨ ਸੀਲ ਕਰਨਾ, ਲਾਇਸੈਂਸ ਰੱਦ ਕਰਨਾ, ਜੁਰਮਾਨਾ ਤੇ ਮੁਕੱਦਮਾ ਦਰਜ ਕਰਨਾ ਸ਼ਾਮਲ ਹੋਵੇਗਾ। ਸ਼੍ਰੀ ਸਿੰਗਲਾ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕਿਤੇ ਵੀ ਮਹਿੰਗੇ ਭਾਅ ਲਾਏ ਜਾਣ ਜਾਂ ਕਾਲਾ ਬਾਜ਼ਾਰੀ ਦੀ ਘਟਨਾ ਸਾਹਮਣੇ ਆਵੇ ਤਾਂ ਉਸਦੀ ਸੂਚਨਾ ਤੁਰੰਤ ਐੱਸ.ਡੀ.ਐਮ. ਦਫਤਰ ਵਿਖੇ ਦਿੱਤੀ ਜਾਵੇ। ਇਹ ਕਦਮ ਇਸ ਲਈ ਚੁੱਕਿਆ ਗਿਆ ਹੈ ਤਾਂ ਜੋ ਮੌਜੂਦਾ ਹਾਲਾਤ ਦੌਰਾਨ ਲੋਕਾਂ ਨੂੰ ਜ਼ਰੂਰੀ ਸਮਾਨ ਠੀਕ ਠਾਕ ਅਤੇ ਵਾਜ਼ਬ ਭਾਅ 'ਤੇ ਉਪਲੱਬਧ ਰਹੇ।

# ਐਸ਼ਪ੍ਰਸਤੀ ਲਈ ਦਵਾਈਆਂ ਵੇਚਣ ਵਾਲਾ ਬਣ ਗਿਆ ਲੁਟੇਰਾ

## ਦੁਕਾਨ ਦੇ ਕਰਿੰਦਿਆਂ ਨਾਲ ਮਿਲ ਕੇ ਬਣਾਇਆ ਗੈਂਗ



ਬਠਿੰਡਾ, 1 ਸਤੰਬਰ (ਦੀਪਕ ਸ਼ਰਮਾ): ਬਠਿੰਡਾ ਪੁਲਿਸ ਨੇ ਲੁੱਟਾਂ-ਖੋਹਾਂ ਦੀਆਂ ਵਾਰਦਾਤਾਂ ਨੂੰ ਅੰਜਾਮ ਦੇਣ ਵਾਲੇ ਇੱਕ ਪਜੇਰੋ ਗੱਡੀ ਵਾਲੇ ਗਿਰੋਹ ਦਾ ਪਰਦਾਫਾਸ਼ ਕਰਦਿਆਂ ਤਿੰਨ ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਹੈ। ਗਿਰੋਹ ਦਾ ਇੱਕ ਸਾਥੀ ਆਪਣੇ ਹੀ ਸਾਥੀ ਵੱਲੋਂ ਚਲਾਈ ਗਈ ਗੋਲੀ ਨਾਲ ਜ਼ਖਮੀ ਹੋਣ ਤੋਂ ਬਾਅਦ ਹਸਪਤਾਲ ਵਿੱਚ ਜੇਰੇ ਇਲਾਜ ਹੈ। ਇਸ ਘਟਨਾ ਵਿੱਚ ਜ਼ਖਮੀ ਹੋਏ ਮੁਲਜ਼ਮ ਨੂੰ ਜਦੋਂ ਉਸਦੇ ਸਾਥੀ ਹਸਪਤਾਲ ਦਾਖਲ ਕਰਵਾਉਣ ਗਏ, ਤਾਂ ਇਸ ਗਿਰੋਹ ਦਾ ਪਤਾ ਲੱਗਿਆ। ਪੁਲਿਸ ਨੇ ਤੁਰੰਤ ਕਾਰਵਾਈ ਕਰਦੇ ਹੋਏ ਤਿੰਨ ਦੋਸ਼ੀਆਂ ਨੂੰ ਗ੍ਰਿਫਤਾਰ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਡੀਐਸਪੀ ਸਿਟੀ 1 ਸੰਦੀਪ ਸਿੰਘ ਭਾਟੀ ਨੇ ਦੱਸਿਆ ਕਿ ਇਹ ਘਟਨਾ 30 ਅਗਸਤ, 2025 ਨੂੰ ਸਵੇਰੇ ਕਰੀਬ 3 ਵਜੇ ਵਾਪਰੀ। ਨਰੂਆਣਾ ਪਿੰਡ ਦਾ ਰਹਿਣ ਵਾਲਾ ਸਬਜ਼ੀ ਵਿਕਰੇਤਾ ਲਾਲ ਸਿੰਘ ਆਪਣੀ ਮੋਟਰਸਾਈਕਲ 'ਤੇ ਸਬਜ਼ੀ ਮੰਡੀ ਜਾ ਰਿਹਾ ਸੀ, ਜਦੋਂ ਉਸਨੂੰ ਬਾਦਲ ਪੁਲ 'ਤੇ ਇੱਕ ਚਿੱਟੇ ਰੰਗ ਦੀ ਪਜੇਰੋ ਗੱਡੀ (ਨੰਬਰ PB-0B-CP-6007) ਵਿੱਚ ਆਏ ਚਾਰ ਹਥਿਆਰਬੰਦ ਵਿਅਕਤੀਆਂ ਨੇ ਘੇਰ ਲਿਆ। ਉਨ੍ਹਾਂ ਵਿੱਚੋਂ ਇੱਕ ਮੋਟੇ ਲੜਕੇ ਨੇ ਲਾਲ ਸਿੰਘ ਨੂੰ ਡਰਾ-ਧਮਕਾ ਕੇ ਸਭ ਕੁਝ ਕੱਢਣ ਲਈ ਕਿਹਾ।

ਪੁਲਿਸ ਅਧਿਕਾਰੀ ਅਨੁਸਾਰ, ਇਸ ਦੌਰਾਨ ਲਾਲ ਸਿੰਘ ਨੇ ਇੱਕ ਮੁਲਜ਼ਮ, ਕਾਰਤਿਕ ਸਿੰਗਲਾ ਨੂੰ ਪਛਾਣ ਲਿਆ, ਜੋ ਗਾਂਧੀ ਮਾਰਕੀਟ ਵਿੱਚ ਸਿੰਗਲਾ ਮੈਡੀਕਲ ਦੀ ਦੁਕਾਨ ਚਲਾਉਂਦਾ ਸੀ। ਕਾਰਤਿਕ ਦੇ ਨਾਲ ਮੋਹਿਤ ਕੁਮਾਰ, ਮਾਨਵ ਮੈਡੀ, ਅਤੇ ਦਿਨੇਸ਼ ਕੁਮਾਰ ਵੀ ਸਨ। ਜਦੋਂ ਲਾਲ ਸਿੰਘ ਨੇ ਕਾਰਤਿਕ ਨੂੰ ਪਛਾਣ ਕੇ ਪੁੱਛਿਆ, ਤਾਂ ਉਹ ਘਬਰਾ ਗਏ ਅਤੇ ਪਿੱਛੇ ਹਟਣ ਲੱਗੇ। ਇਸ ਦੌਰਾਨ, ਮਾਨਵ ਮੈਡੀ ਦੇ ਹੱਥ ਵਿੱਚ ਫੜੀ ਇੱਕ ਬਾਰਾਂ ਬੋਰ ਦੀ ਪਿਸਤੌਲ ਚੱਲ ਗਈ ਅਤੇ ਗੋਲੀ ਦਿਨੇਸ਼ ਕੁਮਾਰ ਦੀ ਲੱਤ ਵਿੱਚ ਲੱਗੀ। ਦਰਦ ਨਾਲ ਤੜਫਦੇ ਦਿਨੇਸ਼ ਨੂੰ ਉਸਦੇ ਸਾਥੀਆਂ ਨੇ ਗੱਡੀ ਵਿੱਚ ਪਾਇਆ। ਉਹ ਗੱਡੀ ਭਜਾ ਕੇ ਰਿੰਗ ਰੋਡ ਵੱਲ ਮੁੜੇ, ਪਰ ਇੱਕ ਪੱਥਰ ਨਾਲ ਟਕਰਾਉਣ ਕਾਰਨ ਗੱਡੀ ਦਾ ਟਾਇਰ ਫਟ ਗਿਆ।

ਮਜਬੂਰਨ, ਉਹ ਗੱਡੀ ਮੌਕੇ 'ਤੇ ਹੀ ਛੱਡ ਕੇ ਹਥਿਆਰਾਂ ਸਮੇਤ ਬਾਬਾ ਜੀਵਨ ਸਿੰਘ ਚੌਕ ਵੱਲ ਭੱਜ ਗਏ। ਇਸ ਦੌਰਾਨ, ਦਿਨੇਸ਼ ਨੂੰ ਹਸਪਤਾਲ ਵਿੱਚ ਦਾਖਲ ਕਰਵਾ ਦਿੱਤਾ ਗਿਆ। ਇਸਦੀ ਸੂਚਨਾ ਮਿਲਣ 'ਤੇ ਥਾਣਾ ਕੈਨਾਲ ਕਲੋਨੀ ਦੇ ਐਸਐਚਓ ਨੇ ਦਿਨੇਸ਼ ਦੇ ਬਿਆਨ ਦਰਜ ਕੀਤੇ, ਜਿਸ ਨਾਲ ਇਸ ਗੋਰਖਧੰਦੇ ਦਾ ਪਰਦਾਫਾਸ਼ ਹੋਇਆ। ਪੁਲਿਸ ਨੇ ਤੁਰੰਤ ਕਾਰਵਾਈ ਕਰਦਿਆਂ ਬਾਕੀ ਸਾਥੀਆਂ ਦੀ ਭਾਲ ਸ਼ੁਰੂ ਕਰ ਦਿੱਤੀ।

ਪੁਲਿਸ ਨੇ ਦੱਸਿਆ ਕਿ 31 ਅਗਸਤ ਨੂੰ ਕਾਰਤਿਕ ਸਿੰਗਲਾ, ਮੋਹਿਤ ਕੁਮਾਰ, ਅਤੇ ਮਾਨਵ ਮੈਡੀ ਬਠਿੰਡਾ ਦੇ ਨਰੂਆਣਾ ਰੋਡ 'ਤੇ ਸ਼ੱਕੀ ਹਾਲਾਤਾਂ ਵਿੱਚ ਘੁੰਮਦੇ ਦਿਖਾਈ ਦਿੱਤੇ, ਜਿਨ੍ਹਾਂ ਨੂੰ ਪੁਲਿਸ ਨੇ ਕਾਬੂ ਕਰ ਲਿਆ। ਤਲਾਸ਼ੀ ਦੌਰਾਨ ਉਨ੍ਹਾਂ ਕੋਲੋਂ ਖੋਹੇ ਗਏ 3 ਮੋਬਾਈਲ ਫੋਨ ਬਰਾਮਦ ਹੋਏ। ਪੁੱਛਗਿੱਛ ਤੋਂ ਬਾਅਦ ਵਾਰਦਾਤ ਵਿੱਚ ਵਰਤੇ ਗਏ ਹਥਿਆਰ ਜਿਵੇਂ ਕਿ ਇੱਕ ਦੇਸੀ 12 ਬੋਰ ਕੱਟਾ, ਇੱਕ ਖਾਲੀ ਖੋਲ, ਦੋ ਕਾਪੇ, ਇੱਕ ਕਿਰਪਾਨ, ਇੱਕ ਤਲਵਾਰ, ਅਤੇ 5 ਹੋਰ ਮੋਬਾਈਲ ਫੋਨ ਵੀ ਬਰਾਮਦ ਕੀਤੇ ਗਏ।

ਕਾਰਤਿਕ ਨੇ ਦੱਸਿਆ ਕਿ ਗੋਲੀ ਲੱਗਣ ਤੋਂ ਬਾਅਦ ਉਨ੍ਹਾਂ ਨੇ ਦਿਨੇਸ਼ ਨੂੰ ਪਹਿਲਾਂ ਸਿਵਲ ਹਸਪਤਾਲ ਵਿੱਚ ਦਾਖਲ ਕਰਵਾਇਆ ਸੀ, ਪਰ ਬਾਅਦ ਵਿੱਚ ਉਸਨੂੰ ਕੌਸਮੋ ਹਸਪਤਾਲ ਰੈਫਰ ਕਰ ਦਿੱਤਾ ਗਿਆ। ਪੁਲਿਸ ਨੇ ਚਾਰੇ ਦੋਸ਼ੀਆਂ ਖਿਲਾਫ ਮਾਮਲਾ ਦਰਜ ਕਰ ਲਿਆ ਹੈ। ਇਸ ਕੇਸ ਦੀ ਜਾਂਚ ਸਹਾਇਕ ਥਾਣੇਦਾਰ ਕਸ਼ਮੀਰ ਸਿੰਘ ਵੱਲੋਂ ਕੀਤੀ ਜਾ ਰਹੀ ਹੈ। ਗ੍ਰਿਫਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਕਾਰਤਿਕ ਸਿੰਗਲਾ, ਮੋਹਿਤ ਕੁਮਾਰ, ਅਤੇ ਮਾਨਵ ਡਮੋਲੀਆ ਉਰਫ ਮੈਡੀ ਵਜੋਂ ਹੋਈ ਹੈ, ਜਦੋਂਕਿ ਦਿਨੇਸ਼ ਕੁਮਾਰ ਹਸਪਤਾਲ ਵਿੱਚ ਦਾਖਲ ਹੈ। ਪੁਲਿਸ ਨੇ ਦੱਸਿਆ ਕਿ ਇਨ੍ਹਾਂ ਦੋਸ਼ੀਆਂ ਖਿਲਾਫ ਪਹਿਲਾਂ ਵੀ ਕਈ ਮਾਮਲੇ ਦਰਜ ਹਨ। ਪੁਲਿਸ ਨੂੰ ਉਮੀਦ ਹੈ ਕਿ ਇਸ ਗਿਰੋਹ ਦੇ ਫੜੇ ਜਾਣ ਨਾਲ ਲੁੱਟ ਦੀਆਂ ਕਈ ਹੋਰ ਵਾਰਦਾਤਾਂ ਦੇ ਖੁਲਾਸੇ ਹੋਣਗੇ।

# ਹੜ੍ਹ ਪੀੜਤਾਂ ਦੀ ਦਰਿਆਦਿਲੀ ਨਾਲ ਮੱਦਦ ਕਰਨ ਦੀ ਲੋੜ : ਹਰਦੀਪ ਦੌਲਤਪੁਰ



ਧੂਰੀ, 1 ਸਤੰਬਰ (ਰਾਜੇਸ਼ਵਰ ਪਿੰਟੂ, ਅਮਨ ਗਰਗ): ਪੰਜਾਬ ਪ੍ਰਦੇਸ਼ ਕਾਂਗਰਸ ਕਿਸਾਨ ਵਿੰਗ ਦੇ ਸੂਬਾ ਜਨਰਲ ਸਕੱਤਰ ਹਰਦੀਪ ਸਿੰਘ ਦੌਲਤਪੁਰ ਨੇ ਪੰਜਾਬ ਵਿੱਚ ਆਈ ਹੜ੍ਹਾਂ ਦੀ ਕੁਦਰਤੀ ਆਫ਼ਤ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਪੰਜਾਬ ਦੇ ਲੋਕਾਂ, ਸਮਾਜ ਸੇਵੀਆਂ ਅਤੇ ਵਿਦੇਸ਼ਾਂ ਵਿੱਚ ਵੱਸਦੇ ਐਨ.ਆਰ.ਆਈ ਭਰਾਵਾਂ ਨੂੰ ਦਰਿਆਦਿਲੀ ਨਾਲ ਹੜ੍ਹ ਪੀੜਤਾਂ ਦੀ ਮਦਦ ਲਈ ਅੱਗੇ ਆਉਣ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਇਸ ਵੱਡੀ ਤਬਾਹੀ ਨੇ ਨਾ ਸਿਰਫ਼ ਲੋਕਾਂ ਦੇ ਘਰ-ਦੁਆਰ ਤਬਾਹ ਕੀਤੇ ਹਨ, ਬਲਕਿ ਖੇਤੀਬਾੜੀ, ਪਸ਼ੂ-ਧਨ ਅਤੇ ਰੋਜ਼ਗਾਰ ਦੇ ਸਰੋਤਾਂ ਨੂੰ ਵੀ ਭਾਰੀ ਨੁਕਸਾਨ ਪਹੁੰਚਾਇਆ ਹੈ। ਅਜਿਹੇ ਸਮੇਂ ਵਿੱਚ ਸਿਰਫ਼ ਸਰਕਾਰਾਂ 'ਤੇ ਭਰੋਸਾ ਕਰਨਾ ਕਾਫ਼ੀ ਨਹੀਂ, ਸਗੋਂ ਸਮਾਜ ਦੇ ਹਰ ਵਰਗ ਨੂੰ ਇਕੱਠੇ ਹੋ ਕੇ ਆਪਣੇ ਭਰਾਵਾਂ ਦੀ ਸਹਾਇਤਾ ਲਈ ਖੜ੍ਹਾ ਹੋਣਾ ਪਵੇਗਾ।

ਹਰਦੀਪ ਸਿੰਘ ਦੌਲਤਪੁਰ ਨੇ ਦੋਸ਼ ਲਗਾਇਆ ਕਿ ਪੰਜਾਬ ਸਰਕਾਰ ਨੇ ਹੜ੍ਹਾਂ ਦੀ ਅਗਾਊ ਰੋਕਥਾਮ ਲਈ ਕੋਈ ਵਾਜਬ ਯੋਜਨਾ ਨਹੀਂ ਬਣਾਈ। ਡਰੇਨਾਂ ਅਤੇ ਚੈਨਲਾਂ ਦੀ ਸਫ਼ਾਈ ਸਿਰਫ਼ ਕਾਗਜ਼ਾਂ ਵਿੱਚ ਹੀ ਕੀਤੀ ਗਈ, ਜਿਸ ਨਾਲ ਬਾਰਿਸ਼ ਨੇ ਹੀ ਵੱਡੇ ਖੇਤਰਾਂ ਨੂੰ ਡੁੱਬੋ ਦਿੱਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਬੇਪਰਵਾਹੀ ਕਾਰਨ ਆਮ ਕਿਸਾਨ, ਮਜ਼ਦੂਰ ਅਤੇ ਗਰੀਬ ਲੋਕ ਸਭ ਤੋਂ ਵੱਧ ਪੀੜਤ ਹੋਏ ਹਨ। ਇਸਦੇ ਨਾਲ ਹੀ ਉਨ੍ਹਾਂ ਕੇਂਦਰ ਸਰਕਾਰ 'ਤੇ ਵੀ ਚੋਟ ਕੀਤੀ ਕਿ ਹੜ੍ਹਾਂ ਨਾਲ ਹੋਈ ਤਬਾਹੀ ਲਈ ਹੁਣ ਤੱਕ ਪੰਜਾਬ ਨੂੰ ਕੋਈ ਵੱਡਾ ਰਾਹਤ ਪੈਕੇਜ ਨਹੀਂ ਦਿੱਤਾ ਗਿਆ, ਜੋ ਕਿ ਕੇਂਦਰ ਦੀ ਪੱਖਪਾਤੀ ਨੀਤੀ ਨੂੰ ਦਰਸਾਉਂਦਾ ਹੈ।

ਦੌਲਤਪੁਰ ਨੇ ਕਿਹਾ ਕਿ ਹੜ੍ਹ ਪੀੜਤਾਂ ਦੇ ਜੀਵਨ ਨੂੰ ਮੁੜ ਪਟੜੀ 'ਤੇ ਲਿਆਉਣ ਲਈ ਪੱਕੀ ਯੋਜਨਾ ਬਣਾਉਣ ਦੀ ਲੋੜ ਹੈ। ਘਰਾਂ ਦੀ ਦੁਬਾਰਾ ਤਾਮੀਰ, ਖੇਤੀ ਲਈ ਬੀਜ ਅਤੇ ਖਾਦ ਦੀ ਵੰਡ, ਪਸ਼ੂ-ਧਨ ਦੀ ਸਹਾਇਤਾ ਅਤੇ ਪਿੰਡਾਂ ਦੇ ਟੁੱਟੇ ਹੋਏ ਬੁਨਿਆਦੀ ਢਾਂਚੇ ਦੀ ਮੁਰੰਮਤ ਸਰਕਾਰ ਦੀ ਪਹਿਲੀ ਜ਼ਿੰਮੇਵਾਰੀ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਜੇ ਸਰਕਾਰ ਆਪਣਾ ਫਰਜ ਢੰਗ ਨਾਲ ਨਹੀਂ ਨਿਭਾ ਰਹੀ ਤਾਂ ਪੰਜਾਬ ਦੇ ਲੋਕਾਂ ਅਤੇ ਐਨ.ਆਰ.ਆਈ ਭਰਾਵਾਂ ਨੂੰ ਖੁੱਲ੍ਹੇ ਦਿਲ ਨਾਲ ਅੱਗੇ ਆ ਕੇ ਪੀੜਤਾਂ ਦਾ ਸਹਾਰਾ ਬਣਨਾ ਚਾਹੀਦਾ ਹੈ।

ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਆਪਣੇ ਹਿੱਸੇ ਦਾ ਯੋਗਦਾਨ ਪਾ ਕੇ ਹੜ੍ਹ ਪੀੜਤਾਂ ਦੇ ਦੁੱਖ-ਦਰਦ ਘਟਾਉਣ ਵਿੱਚ ਭਾਗੀਦਾਰ ਬਣਨ। ਉਨ੍ਹਾਂ ਕਿਹਾ ਕਿ ਪੰਜਾਬੀ ਕੌਮ ਹਮੇਸ਼ਾਂ ਹੀ ਇਕ-ਦੂਜੇ ਦੇ ਸੁਖ-ਦੁੱਖ ਵਿੱਚ ਖੜ੍ਹੀ ਰਹੀ ਹੈ ਅਤੇ ਅੱਜ ਵੀ ਜੇ ਸਾਰੇ ਇਕੱਠੇ ਹੋਣ ਤਾਂ ਇਸ ਵੱਡੀ ਆਫ਼ਤ ਦਾ ਮੁਕਾਬਲਾ ਕਰਨਾ ਕੋਈ ਮੁਸ਼ਕਲ ਨਹੀਂ।

# ਜੌਗਰ ਪਾਰਕਬਣਿਆ ਜ਼ਹਿਰੀਲੇ ਜੀਵ, ਜੰਤੂਆਂ ਦਾ ਅੱਡਾ, ਲੋਕਾਂ ਨੇ ਨਿਗਮ ਖ਼ਿਲਾਫ਼ ਕੀਤਾ ਪ੍ਰਦਰਸ਼ਨ



ਬਠਿੰਡਾ, 1 ਸਤੰਬਰ (ਦੀਪਕ ਸ਼ਰਮਾ): ਨਿਗਮ ਦੀ ਅਣਗਹਿਲੀ ਦਾ ਖਮਿਆਜ਼ਾ ਭੁਗਤ ਰਹੇ ਨੇ ਸ਼ਹਿਰ ਵਾਸੀ, ਸਵੇਰ ਸ਼ਾਮ ਦੀ ਸੈਰ ਕਰਨ ਵਾਲੇ ਲੋਕਾਂ ਦਾ ਹਰਮਨ ਪਿਆਰਾ ਜੌਗਰ ਪਾਰਕ ਹੁਣ ਜ਼ਹਿਰੀਲੇ ਕੀੜਿਆਂ ਦਾ ਘਰ ਬਣ ਚੁੱਕਾ ਹੈ। ਜੌਗਰ ਪਾਰਕ ਵਿੱਚ ਸਫ਼ਾਈ ਨਾ ਹੋਣ ਕਾਰਨ ਹਾਲਾਤ ਇਸ ਕਦਰ ਖ਼ਰਾਬ ਹੋ ਗਏ ਹਨ ਕਿ ਸੈਰ ਕਰਨ ਆਉਣ ਵਾਲੇ ਸੈਂਕੜੇ ਲੋਕਾਂ ਦੀ ਜਾਨ ਖ਼ਤਰੇ ਵਿੱਚ ਪੈ ਗਈ ਹੈ। ਪਾਰਕ ਵਿੱਚ ਫੈਲੀ ਗੰਦਗੀ, ਸੁੱਕੇ ਪੱਤਿਆਂ ਦੇ ਢੇਰ ਅਤੇ ਸੰਘਣੀ ਜੰਗਲੀ ਘਾਹ ਨੇ ਇਸ ਜਗ੍ਹਾ ਨੂੰ ਸੱਪਾਂ ਅਤੇ ਹੋਰ ਜ਼ਹਿਰੀਲੇ ਕੀੜਿਆਂ ਦਾ ਘਰ ਬਣਾ ਦਿੱਤਾ ਹੈ। ਇਸ ਸਮੱਸਿਆ ਤੋਂ ਪ੍ਰੇਸ਼ਾਨ ਹੋ ਕੇ ਗੁਰੂ ਗੋਬਿੰਦ ਸਿੰਘ ਨਗਰ ਦੇ ਲੋਕਾਂ ਨੇ ਐਤਵਾਰ ਨੂੰ ਨਗਰ ਨਿਗਮ ਖ਼ਿਲਾਫ਼ ਰੋਸ ਪ੍ਰਦਰਸ਼ਨ ਕੀਤਾ ਅਤੇ ਤੁਰੰਤ ਸਫ਼ਾਈ ਦੀ ਮੰਗ ਕੀਤੀ।

ਇਲਾਕਾ ਨਿਵਾਸੀਆਂ ਹਰਦੇਵ ਸਿੰਘ, ਦਵਿੰਦਰ ਪਾਲ ਸਿੰਘ, ਹੈਪੀ ਸ਼ਰਮਾ, ਰਾਜੇਸ਼ ਕੁਮਾਰ, ਬਾਬੂ ਰਾਮ, ਇਕਬਾਲ ਸਿੰਘ ਅਤੇ ਦਵਿੰਦਰ ਸ਼ੁਕਲਾ ਨੇ ਦੱਸਿਆ ਕਿ ਉਹ ਹਰ ਰੋਜ਼ ਸਵੇਰੇ ਅਤੇ ਸ਼ਾਮ ਸੈਰ ਲਈ ਜੌਗਰ ਪਾਰਕ ਆਉਂਦੇ ਹਨ। ਖ਼ਾਸ ਕਰਕੇ ਮੀਂਹ ਦੇ ਮੌਸਮ ਵਿੱਚ ਪਾਰਕ ਵਿੱਚ ਘਾਹ ਇੰਨਾ ਜ਼ਿਆਦਾ ਵਧ ਗਿਆ ਹੈ ਕਿ ਪੈਰ ਰੱਖਣ ਦੀ ਥਾਂ ਨਹੀਂ ਬਚੀ। ਜੰਗਲੀ ਬੂਟੀ ਅਤੇ ਗੰਦਗੀ ਦੇ ਕਾਰਨ ਹਰ ਪਾਸੇ ਸੱਪ ਅਤੇ ਹੋਰ ਜ਼ਹਿਰੀਲੇ ਜੀਵ-ਜੰਤੂ ਘੁੰਮ ਰਹੇ ਹਨ, ਜੋ ਕਿਸੇ ਵੀ ਸਮੇਂ ਲੋਕਾਂ 'ਤੇ ਹਮਲਾ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਨਿਗਮ ਦੀ ਇਸ ਲਾਪਰਵਾਹੀ ਕਾਰਨ ਲੋਕਾਂ ਦੀ ਸਿਹਤ ਨੂੰ ਗੰਭੀਰ ਖ਼ਤਰਾ ਪੈਦਾ ਹੋ ਗਿਆ ਹੈ। ਲੋਕਾਂ ਨੇ ਦੱਸਿਆ ਕਿ ਪਾਰਕ ਵਿੱਚ ਸਵੇਰ ਸਾਰ 5 ਵਜੇ ਤੋਂ ਲੋਕਾਂ ਦੀ ਆਵਾਜਾਈ ਸ਼ੁਰੂ ਹੋ ਜਾਂਦੀ ਹੈ, ਪਰ ਉੱਥੇ ਰੋਸ਼ਨੀ ਦਾ ਵੀ ਕੋਈ ਉਚਿਤ ਪ੍ਰਬੰਧ ਨਹੀਂ ਹੈ। ਜਗ੍ਹਾ-ਜਗ੍ਹਾ ਸੁੱਕੇ ਪੱਤਿਆਂ ਅਤੇ ਦਰੱਖਤਾਂ ਦੇ ਕੂੜੇ ਦੇ ਢੇਰ ਲੱਗੇ ਹੋਏ ਹਨ, ਜਿਨ੍ਹਾਂ ਦੀ ਕਈ ਦਿਨਾਂ ਤੋਂ ਸਫ਼ਾਈ ਨਹੀਂ ਕੀਤੀ ਗਈ। ਇਸ ਤੋਂ ਇਲਾਵਾ, ਪਾਣੀ ਦੇ ਕਈ ਸੋਰਸ ਵੀ ਖ਼ਰਾਬ ਪਏ ਹਨ ਜਾਂ ਸੁੱਕ ਚੁੱਕੇ ਹਨ, ਜਿਸ ਨਾਲ ਪਾਰਕ ਦੀ ਹਾਲਤ ਹੋਰ ਵੀ ਬਦਤਰ ਹੋ ਗਈ ਹੈ।

ਪ੍ਰਦਰਸ਼ਨ ਕਰ ਰਹੇ ਲੋਕਾਂ ਨੇ ਨਗਰ ਨਿਗਮ ਕਮਿਸ਼ਨਰ ਅਤੇ ਮੇਅਰ ਤੋਂ ਮੰਗ ਕੀਤੀ ਹੈ ਕਿ ਇਸ ਮਾਮਲੇ ਦਾ ਤੁਰੰਤ ਨੋਟਿਸ ਲਿਆ ਜਾਵੇ ਅਤੇ ਪਾਰਕ ਵਿੱਚ ਸਫ਼ਾਈ ਕਰਵਾ ਕੇ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇ ਜਲਦੀ ਹੀ ਕੋਈ ਕਾਰਵਾਈ ਨਾ ਹੋਈ ਤਾਂ ਉਹ ਸੰਘਰਸ਼ ਤੇਜ਼ ਕਰਨ ਲਈ ਮਜਬੂਰ ਹੋਣਗੇ। ਉਨ੍ਹਾਂ ਦਾ ਕਹਿਣਾ ਹੈ ਕਿ ਜਿੱਥੇ ਇੱਕ ਪਾਸੇ ਸਰਕਾਰ ਲੋਕਾਂ ਨੂੰ ਸਿਹਤ ਸਹੂਲਤਾਂ ਲਈ ਕਲੀਨਿਕ ਖੋਲ੍ਹ ਰਹੀ ਹੈ, ਉੱਥੇ ਹੀ ਸੈਰ ਕਰਨ ਵਾਲੇ ਲੋਕਾਂ ਦੀ ਜਾਨ ਖ਼ਤਰੇ ਵਿੱਚ ਪਾ ਰਹੀ ਹੈ।

# ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋਂ ਲਈ ਨੈਤਿਕ ਪ੍ਰੀਖਿਆ ਦੇ ਮੁਲਾਂਕਣ ਦਾ ਕੰਮ ਜ਼ੋਰਾਂ 'ਤੇ



ਬਰਨਾਲਾ, 1 ਸਤੰਬਰ ( ਸੁਖਵਿੰਦਰ ਸਿੰਘ ਭੰਡਾਰੀ): ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਜ਼ਿਲ੍ਹਾ ਬਰਨਾਲਾ ਵੱਲੋਂ ਜ਼ਿਲ੍ਹੇ ਦੇ ਵੱਖ ਵੱਖ ਸਕੂਲਾਂ 'ਚ ਹੋਈ ਨੈਤਿਕ ਸਿੱਖਿਆ ਦੀ ਪ੍ਰੀਖਿਆ ਦੀਆਂ ਉੱਤਰ ਪੱਤਰੀਆਂ ਦੇ ਮੁਲਾਂਕਣ ਦਾ ਕੰਮ ਜ਼ੋਰਾਂ 'ਤੇ ਚੱਲ ਰਿਹਾ ਹੈ। ਮੁਲਾਂਕਣ ਇੰਚਾਰਜ ਗੋਬਿੰਦਰ ਕੌਰ ਮੀਮਸਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਲਦੀ ਹੀ ਮੁਲਾਂਕਣ ਦਾ ਕੰਮ ਪੂਰਾ ਹੋ ਜਾਵੇਗਾ ਅਤੇ ਨਤੀਜੇ ਦਾ ਐਲਾਨ ਦਿੱਤਾ ਕਰ ਦਿੱਤਾ ਜਾਵੇਗਾ। ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਜ਼ਿਲ੍ਹਾ ਬਰਨਾਲਾ ਦੇ ਪ੍ਰਧਾਨ ਗੁਰਮੀਤ ਸਿੰਘ ਮੀਮਸਾ ਅਤੇ ਜਨਰਲ ਸਕੱਤਰ ਅਵਤਾਰ ਸਿੰਘ ਲੀਲਾ ਨੇ ਦੱਸਿਆ ਕਿ ਇਸ ਪ੍ਰੀਖਿਆ ਚ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਦੇ ਲਗਭਗ 1300 ਤੋਂ ਵੱਧ ਵਿਦਿਆਰਥੀਆਂ ਪ੍ਰੀਖਿਆ ਚ ਬੈਠੇ ਸਨ। ਨੈਤਿਕ ਸਿੱਖਿਆ ਦੀ ਪ੍ਰੀਖਿਆ ਦੇ ਸੁਚਾਰੂ ਸੰਚਾਲਨ ਲਈ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ, ਪ੍ਰਾਇਮਰੀ ਬਰਨਾਲਾ ਅਤੇ ਪ੍ਰੋਗਰੈਸਿਵ ਸੀਨੀਅਰ ਸਿਟੀਜ਼ਨ ਸੋਸਾਇਟੀ ਰਜਿ. ਬਰਨਾਲਾ ਵੱਲੋਂ ਪੂਰਾ ਸਹਿਯੋਗ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਇਹ ਨੈਤਿਕ ਪ੍ਰੀਖਿਆ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਤਾਬਦੀ ਵਰ੍ਹੇ ਨੂੰ ਸਮਰਪਿਤ ਹੈ।

ਇਸ ਪ੍ਰੀਖਿਆ 'ਚੋਂ ਆਪਣੇ ਸਕੂਲ ਚੋਂ ਪਹਿਲੀਆਂ ਤਿੰਨ ਪੁਜੀਸ਼ਨਾਂ ਲੈਣ ਵਾਲੇ ਅਤੇ ਜ਼ਿਲ੍ਹੇ 'ਚੋਂ ਪਹਿਲੀਆਂ ਤਿੰਨ ਪੁਜੀਸ਼ਨਾਂ ਲੈਣ ਵਾਲੇ ਵਿਦਿਆਰਥੀਆਂ ਨੂੰ ਗੁਰਦੁਆਰਾ ਸਾਹਿਬ ਤਪ ਅਸਥਾਨ ਬੀਬੀ ਪ੍ਰਧਾਨ ਕੌਰ ਜੀ ਨੇੜੇ ਬਸ ਸਟੈਂਡ ਬਰਨਾਲਾ ਵਿਖੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਸਨਮਾਨਿਤ ਕੀਤਾ ਜਾਵੇਗਾ। ਨਤੀਜੇ ਦੀ ਘੋਸ਼ਣਾ ਪ੍ਰਾਇਮਰੀ, ਮਿਡਲ ਅਤੇ ਸੈਕੰਡਰੀ ਕਲਾਸਾਂ ਦੇ ਅਨੁਸਾਰ ਹੋਵੇਗੀ। ਨਤੀਜੇ ਦੀ ਸੂਚਨਾਂ ਸੰਬੰਧਿਤ ਸਕੂਲਾਂ 'ਚ ਭੇਜ ਦਿੱਤੀ ਜਾਵੇਗੀ। ਜੇਤੂ ਵਿਦਿਆਰਥੀਆਂ ਦੇ ਅਧਿਆਪਕਾਂ ਨੂੰ ਵੀ ਸਨਮਾਨਿਤ ਕੀਤਾ ਜਾਵੇਗਾ। ਇਸ ਮੌਕੇ ਮਹਿੰਦਰ ਪਾਲ ਗਰਗ, ਪ੍ਰਿੰਸੀਪਲ ਰਾਕੇਸ਼ ਗਰਗ, ਸੁਖਵਿੰਦਰ ਭੰਡਾਰੀ, ਕੇਵਲ ਕ੍ਰਿਸ਼ਨ ਗਰਗ , ਅਸ਼ਵਨੀ ਸ਼ਰਮਾ, ਰਾਜੇਸ਼ ਭੁਟਾਨੀ, ਹਰਮਨਜੀਤ ਸਿੰਘ ਲੈਕਚਰਰ, ਰਾਜਿੰਦਰ ਕੁਮਾਰ, ਮੋਨਿਕਾ ਗਰਗ, ਅਮਰਜੀਤ ਸਿੰਘ ਖਾਲਸਾ ਆਦਿ ਹਾਜ਼ਰ ਸਨ।

# ਭਾਕਿਯੂ ਕ੍ਰਾਂਤੀਕਾਰੀ ਪੰਜਾਬ ਦੇ ਵ.ਫਦ ਨੇ ਕਿਸਾਨਾਂ ਦੀਆਂ ਮੰਗਾਂ ਨੂੰ ਲੈਕੇ ਡੀ.ਸੀ. ਨੂੰ ਮੰਗ ਪੱਤਰ ਸੌਂਪਿਆ



ਭਗਤਾ ਭਾਈ ਕਾ, 1 ਸਤੰਬਰ (ਸਵਰਨ ਸਿੰਘ ਭਗਤਾ): ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਪੰਜਾਬ ਵੱਲੋਂ ਕਿਸਾਨੀ ਨਾਲ ਸੰਬੰਧਿਤ ਮੰਗਾਂ ਨੂੰ ਲੈਕੇ ਅੱਜ ਜ਼ਿਲ੍ਹਾ ਬਠਿੰਡਾ ਕਮੇਟੀ ਦਾ ਵਫ਼ਦ ਸੂਬਾ ਜਨਰਲ ਸਕੱਤਰ ਬੀਬੀ ਸੁਖਵਿੰਦਰ ਕੌਰ ਰਾਮਪੁਰਾ ਦੀ ਅਗਵਾਈ ਹੇਠ ਬਠਿੰਡਾ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਨੂੰ ਮਿਲਿਆ। ਇਸ ਮੌਕੇ ਜਾਣਕਾਰੀ ਦਿੰਦੇ ਹੋਏ ਬੀਬੀ ਸੁਖਵਿੰਦਰ ਕੌਰ ਨੇ ਦੱਸਿਆ ਕਿ ਅੱਜ ਬਠਿੰਡਾ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਨੂੰ ਕਿਸਾਨੀ ਮਸਲਿਆਂ ਨੂੰ ਲੈਕੇ ਮੰਗ ਪੱਤਰ ਸੌਂਪਣ ਉਪਰੰਤ ਸਹਿਕਾਰੀ ਸਭਾਵਾਂ ਦੇ ਡੀਆਰ ਤੇ ਬਿਜਲੀ ਵਿਭਾਗ ਦੇ ਐਸਸੀ ਨਾਲ ਸੰਬੰਧਿਤ ਮੰਗਾਂ ਸੰਬੰਧੀ ਜਾਣੂ ਕਰਾਇਆ ਗਿਆ। ਇਸ ਮੌਕੇ ਇਹਨਾਂ ਪ੍ਰਮੁੱਖ ਮੰਗਾਂ ਜਿਵੇਂ ਜਿਸ ਵਿੱਚ ਪਰਾਲੀ ਵਾਲੇ ਮਸਲੇ ਨੂੰ ਲੈਕੇ ਸਰਕਾਰ ਨੇ ਕੇਸ ਪਾਏ ਸਨ ਉਹ ਰੱਦ ਕੀਤੇ ਜਾਣ, ਕਿਉਂਕਿ ਪਰਾਲੀ ਨੂੰ ਸਾੜਨ ਪਿੱਛੇ ਸਰਕਾਰ ਵੱਲੋਂ ਸਮੇਂ ਸਿਰ ਲੋੜੀਂਦੀ ਮਸ਼ੀਨਰੀ ਉਪਲੱਬਧ ਨਾ ਕਰਾਉਣਾ ਹੈ ਨਾ ਕਿ ਇਸ ਲਈ ਕਿਸਾਨ ਜਿੰਮੇਵਾਰ ਹਨ। ਉਹਨਾਂ ਕਿਹਾ ਕਿ ਸਮੂਹ ਜਥੇਬੰਦੀਆਂ ਵੱਲੋਂ ਫੈਸਲਾ ਕੀਤਾ ਹੋਇਆ ਹੈ ਕਿ ਸਰਕਾਰ ਵੱਲੋਂ ਜੋ ਪ੍ਰੀਪੇਡ ਬਿਜਲੀ ਵਾਲੇ ਮੀਟਰ ਜਬਰੀ ਲਗਾਏ ਜਾ ਰਹੇ ਹਨ ਉਹਨਾਂ ਨੂੰ ਬੰਦ ਕੀਤਾ ਜਾਵੇ, ਕਿਉਂਕਿ ਜਥੇਬੰਦੀਆਂ ਦੇ ਫੈਸਲੇ ਮੁਤਾਬਕ ਇਹ ਮੀਟਰ ਘਰਾਂ ਅੰਦਰ ਨਹੀਂ ਲੱਗਣ ਦਿੱਤੇ ਜਾਣਗੇ ਤਾਂ ਜੋ ਲੋਕਾਂ ਦੀ ਅੰਨ੍ਹੀ ਲੁੱਟ ਹੋਣ ਤੋਂ ਬਚਾਇਆ ਜਾ ਸਕੇ। ਉਹਨਾਂ ਦੱਸਿਆ ਕਿ ਝੋਨੇ ਦੀ ਬਿਜਾਈ ਵੇਲੇ ਵੱਖ-ਵੱਖ ਥਾਵਾਂ ਤੋਂ ਜਿੰਕ ਖਾਦ ਦੇ ਸੈਂਪਲ ਭਰੇ ਗਏ ਸਨ, ਜੋ ਫੇਲ ਹੋਣ ਮਗਰੋਂ ਉਸਦਾ ਨੁਕਸਾਨ ਕਿਸਾਨਾਂ ਨੂੰ ਝੱਲਣਾ ਪਿਆ ਸੀ ਤੇ ਇਸ ਸਭ ਪਿੱਛੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ। ਉਹਨਾਂ ਦੱਸਿਆ ਕਿ ਇਕ ਅਹਿਮ ਮੁੱਦਾ, ਜੋ ਕਿ ਸਹਿਕਾਰੀ ਸਭਾਵਾਂ ਰਾਹੀਂ ਜੋ ਖਾਦ ਕਿਸਾਨ ਵੱਲੋਂ ਲਈ ਜਾਂਦੀ ਹੈ ਉਸ ਨਾਲ ਜ਼ਬਰਦਸਤੀ ਵਾਧੂ ਸਮਾਨ ਦਿੱਤਾ ਜਾਂਦਾ ਹੈ ਉਸਨੂੰ ਬੰਦ ਕੀਤਾ ਜਾਵੇ ਤੇ ਇਸਦੇ ਨਾਲ ਹੀ ਸੁਸਾਇਟੀਆਂ ਦੁਆਰਾ ਹਿੱਸੇਦਾਰੀ ਹੱਦ ਕਰਜੇ ਨਹੀਂ ਬਣਾ ਰਹੀਆਂ ਹਨ ਉਹਨਾਂ ਨੂੰ ਕਰਜੇ ਜਾਰੀ ਕੀਤੇ ਜਾਣ। ਇਸ ਮੌਕੇ ਓਹਨਾ ਦੱਸਿਆ ਕਿ ਨਗਰ ਪੰਚਾਇਤਾਂ ਰਾਹੀਂ ਜੋ ਪੇਂਡੂ ਲੋਕਾਂ ਉੱਪਰ ਭਾਰੀ ਟੈਕਸ ਲਗਾਏ ਜਾ ਰਹੇ ਹਨ ਉਹਨਾਂ ਨੂੰ ਬੰਦ ਕੀਤਾ ਜਾਣਾ ਚਾਹੀਦਾ ਹੈ। ਇਸਦੇ ਨਾਲ ਹੀ ਪਿਛਲੇ ਦਿਨੀਂ ਭਗਤਾ ਬਲਾਕ ਨੂੰ ਖਤਮ ਕਰਕੇ ਫੂਲ ਬਲਾਕ ਚ ਮਰਜ ਕਰਨ ਦਾ ਜੋ ਫੈਸਲਾ ਲਿਆ ਗਿਆ ਹੈ ਉਸਨੂੰ ਰੱਦ ਕਰਕੇ ਭਗਤਾ ਬਲਾਕ ਨੂੰ ਮੁੜ ਬਹਾਲ ਕੀਤਾ ਜਾਵੇ ਤਾਂ ਜੋ ਲੋਕਾਂ ਨੂੰ ਸੁਵਿਧਾਵਾਂ ਲੈਣ ਲਈ ਦਿੱਕਤ ਨਾ ਪੇਸ਼ ਹੋਵੇ। ਉਥੇ ਹੀ ਬੀਬੀ ਸੁਖਵਿੰਦਰ ਕੌਰ ਨੇ ਦੱਸਿਆ ਕਿ ਅੱਜ ਦੀ ਇਹ ਮੀਟਿੰਗ ਚੰਗੇ ਮਾਹੌਲ ਚ ਹੋਈ ਹੈ ਤੇ ਸੰਬੰਧਿਤ ਅਧਿਕਾਰੀਆਂ ਨੇ ਵੀ ਸਹਿਮਤੀ ਪ੍ਰਗਟਾਈ ਹੈ। ਇਸ ਮੌਕੇ ਓਹਨਾਂ ਨੇ ਬੀਤੇ ਦਿਨਾਂ ਤੋਂ ਜੋ ਪੰਜਾਬ ਅੰਦਰ ਆਏ ਹੜ੍ਹਾਂ ਨੂੰ ਲੈਕੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਨੂੰ ਜਿੰਮੇਵਾਰ ਠਹਿਰਾਇਆ ਹੈ। ਓਹਨਾ ਕਿਹਾ ਕਿ ਸਰਕਾਰ ਵੱਲੋਂ ਪ੍ਰਬੰਧਾਂ ਨੂੰ ਲੈਕੇ ਜੋ ਵੱਡੇ ਵੱਡੇ ਦਾਅਵੇ ਕੀਤੇ ਜਾ ਰਹੇ ਸਨ ਓਹ ਸਭ ਹੜ੍ਹਾਂ ਚ ਹਵਾ ਹਵਾਈ ਹੋ ਗਏ ਤੇ ਪੰਜਾਬ ਦੇ ਲੋਕਾਂ ਦਾ ਵੱਡਾ ਨੁਕਸਾਨ ਹੋ ਚੁੱਕਿਆ ਹੈ।

# ਸੇਵਾ ਕੇਂਦਰਾਂ 'ਚ ਕੰਪਿਊਟਰ ਅਪ੍ਰੇਟਰਾਂ ਦੀਆਂ ਅਸਾਮੀਆਂ ਲਈ ਪਲੇਸਮੈਂਟ ਕੈਂਪ 4 ਨੂੰ

ਬਰਨਾਲਾ, 1 ਸਤੰਬਰ (ਕਪਿਲ): ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਟੀ ਬੈਨਿਥ ਦੇ ਦਿਸ਼ਾ - ਨਿਰਦੇਸ਼ਾਂ ਹੇਠ ਜ਼ਿਲ੍ਹਾ ਬਰਨਾਲਾ ਦੇ ਬੇਰੋਜ਼ਗਾਰ ਪ੍ਰਾਰਥੀਆਂ ਨੂੰ ਵੱਧ ਤੋਂ ਵੱਧ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਹਿਤ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਬਰਨਾਲਾ ਵੱਲੋਂ ਟੈਰਿਸ ਟੈਕਨੋਲੋਜੀ ਲਿਮਟਿਡ ਕੰਪਨੀ ਨਾਲ ਤਾਲਮੇਲ ਕਰਕੇ ਬਰਨਾਲਾ ਜ਼ਿਲ੍ਹੇ ਦੇ ਸੇਵਾ ਕੇਂਦਰਾਂ ਵਿਚ ਕੰਪਿਊਟਰ ਅਪ੍ਰੇਟਰਾਂ ਦੀਆਂ ਅਸਾਮੀਆਂ ਲਈ ਮਿਤੀ 04.09.2025 (ਦਿਨ ਵੀਰਵਾਰ ) ਨੂੰ ਸਵੇਰੇ 10:00 ਵਜੇ ਤੋਂ 02.00 ਵਜੇ ਤੱਕ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਬਰਨਾਲਾ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਦੂਸਰੀ ਮੰਜ਼ਿਲ ਬਰਨਾਲਾ ਵਿੱਚ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ, ਜਿਸ ਵਿਚ ਉਕਤ ਕੰਪਨੀ ਵੱਲੋਂ ਕੰਪਿਊਟਰ ਅਪ੍ਰੇਟਰਾਂ ਦੀਆਂ ਅਸਾਮੀਆਂ ਲਈ (ਲੜਕੇ ਲੜਕੀਆਂ ਦੋਵਾਂ ਲਈ) ਇੰਟਰਵਿਊ ਲਈ ਜਾਵੇਗੀ। ਕੰਪਿਊਟਰ ਅਪ੍ਰੇਟਰਾਂ ਅਸਾਮੀਆਂ ਲਈ ਉਮਰ ਹੱਦ ਵੱਧ ਤੋਂ ਵੱਧ (ਲੜਕੇ-35 ਸਾਲ, ਲੜਕੀਆਂ-32 ਸਾਲ), ਵਿੱਦਿਅਕ ਯੋਗਤਾ ਘੱਟੋ ਘੱਟ ਗ੍ਰੈਜੂਏਸ਼ਨ ਪਾਸ ਹੋਣੀ ਚਾਹੀਦੀ ਹੈ। ਕੰਪਿਊਟ ਅਪ੍ਰੇਟਰ ਦੀ ਅਸਾਮੀ ਲਈ ਅੰਗਰੇਜ਼ੀ ਟਾਇਪਿੰਗ ਵਿਚ ਰਫ਼ਤਾਰ 30 ਸ਼ਬਦ ਪ੍ਰਤੀ ਮਿੰਟ ਅਤੇ 120 ਘੰਟਿਆਂ ਦਾ ਕੰਪਿਊਟਰ ਡਿਪਲੋਮਾ/ ਕੋਰਸ ਹੋਣਾ ਲਾਜ਼ਮੀ ਹੈ। ਉਕਤ ਅਸਾਮੀਆਂ ਲਈ ਇੰਟਰਵਿਊ ਦੌਰਾਨ ਪ੍ਰਾਰਥੀ ਕੋਲ ਰਜਿਊਮ, ਅਧਾਰ ਕਾਰਡ, ਅਤੇ ਵਿਦਿਅਕ ਯੋਗਤਾ ਦੇ ਸਰਟੀਫਿਕੇਟ ਹੋਣਾ ਲਾਜ਼ਮੀ ਹੈ। ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਰੋਜਗਾਰ ਅਤੇ ਕਾਰੋਬਾਰ ਬਿਊਰੋ, ਬਰਨਾਲਾ ਦੇ ਹੈਲਪਲਾਈਨ ਨੰਬਰ 94170-39072 'ਤੇ ਸੰਪਰਕ ਕਰੋ।

# ਪਿੰਡ ਨੈਣੇਵਾਲ ਵਿਖੇ ਲੋਕਾਂ ਦੇ ਘਰਾਂ ਵਿੱਚ ਵੜਿਆ ਪਾਣੀ, ਪ੍ਰਸ਼ਾਸਨ ਕੁੰਭਕਰਨੀ ਨੀਂਦ ਸੁੱਤਾ



ਸ਼ਹਿਣਾ/ਭਦੌੜ, 1 ਸਤੰਬਰ (ਸੁਖਵਿੰਦਰ ਪਲਾਹਾ): ਲਗਾਤਾਰ ਹੋ ਰਹੀ ਬਾਰਿਸ਼ ਨੇ ਜਿੱਥੇ ਅੱਧ ਤੋਂ ਵੱਧ ਪੰਜਾਬ ਦੇ ਲੋਕਾਂ ਨੂੰ ਘਰੋਂ ਬੇਘਰ ਕਰ ਦਿੱਤਾ ਉੱਥੇ ਹੀ ਸਿਆਸੀ ਪਾਰਟੀ ਦੇ ਆਗੂਆਂ ਆਪਣੀ ਸਿਆਸੀ ਸ਼ਹਿ 'ਤੇ ਸੜਕਾਂ ਉਪਰ ਨਾਜਾਇਜ਼ ਮਿੱਟੀ ਪਾ ਕੇ ਮੀਹ ਦਾ ਪਾਣੀ ਲੋਕਾਂ ਦੇ ਘਰਾਂ ਵਿੱਚ ਵਾੜਨ ਲੱਗੇ ਹੋਏ ਹਨ। ਇੱਥੇ ਤੱਕ ਕਿ ਦਫ਼ਤਰਾਂ ਵਿੱਚ ਬੈਠੇ ਸਿਵਲ ਅਤੇ ਪੁਲਸ ਪ੍ਰਸ਼ਾਸਨ ਦੇ ਅਧਿਕਾਰੀ ਵੀ ਗਰੀਬ ਲੋਕਾਂ ਦੀ ਫਰਿਆਦ ਨਹੀਂ ਸੁਣ ਰਹੇ। ਪਿੰਡ ਨੈਣੇਵਾਲ ਦੇ ਅਤਿ ਗਰੀਬ ਰੇਸ਼ਮ ਸਿੰਘ ਪੁੱਤਰ ਬਿੱਕਰ ਸਿੰਘ ਦੇ ਘਰ ਦਾ ਪਾਣੀ ਗਲੀ ਵਿੱਚ ਮਿੱਟੀ ਪਾ ਕੇ ਬੰਦ ਕਰ ਦਿੱਤਾ, ਜਿਸ ਕਾਰਨ ਗਰੀਬ ਰੇਸ਼ਮ ਸਿੰਘ ਦੇ ਘਰ ਦੇ ਕਮਰਿਆਂ ਵਿੱਚ ਪਾਣੀ ਵੜ ਗਿਆ ਕਮਰੇ ਵਿੱਚ ਇਨਵੇਟਰ ਅਤੇ ਹੋਰ ਸਮਾਨ ਪਿਆ ਹੋਣ ਕਾਰਨ ਕਮਰੇ ਵਿੱਚ ਲਗਾਤਾਰ ਕਰੰਟ ਆ ਰਿਹਾ ਹੈ, ਜਿਸ ਕਾਰਨ ਕੋਈ ਵੀ ਘਟਨਾ ਵਾਪਰ ਸਕਦੀ ਹੈ।ਗਰੀਬ ਰੇਸ਼ਮ ਸਿੰਘ ਨੇ ਦੱਸਿਆ ਕਿ ਮੈਂ ਪਿੰਡ ਦੇ ਸਰਪੰਚ , ਬਲਾਕ ਵਿਕਾਸ ਅਫ਼ਸਰ ਸਹਿਣਾ, ਥਾਣਾ ਭਦੌੜ ਦੇ ਅਧਿਕਾਰੀਆਂ ਦੇ ਧਿਆਨ ਵਿੱਚ ਲਿਆ ਚੁੱਕਿਆ ਹਾਂ ਪ੍ਰੰਤੂ ਮੇਰੀ ਸੁਣਵਾਈ ਨਹੀਂ ਹੋਈ। ਪਿੰਡ ਨੈਣੇਵਾਲ ਦੀ ਲਿੰਕ ਸੜਕ ਉਪਰ ਵੀ ਇੱਕ ਵਿਅਕਤੀ ਨੇ ਮਿੱਟੀ ਸੁੱਟ ਕੇ ਨਿਕਾਸੀ ਨਾਲੀਆਂ ਵੀ ਬੰਦ ਕਰ ਦਿੱਤੀਆਂ ਹਨ, ਉਸ ਸਬੰਧੀ ਵੀ ਲੋਕ ਦੁਖੀ ਹਨ ਕਿਸੇ ਨੇ ਵੀ ਸੜਕ ਉਪਰ ਨਾਜਾਇਜ਼ ਪਾਈ ਮਿੱਟੀ ਚੁਕਵਾਉਣ ਦੀ ਜ਼ਰੂਰਤ ਨਹੀਂ ਸਮਝੀ, ਜਿਸ ਕਾਰਨ ਰਾਹਗੀਰ ਅਤੇ ਪਿੰਡ ਦੇ ਲੋਕਾਂ ਨੂੰ ਮੁਸ਼ਕਲ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

# ਡੀ.ਸੀ. ਵਲੋਂ ਧਨੌਲਾ, ਤਾਜੋਕੇ, ਘੁੰਨਸ, ਅਤਰਗੜ੍ਹ ਦਾ ਦੌਰਾ, ਲੋਕਾਂ ਨੂੰ ਅਣਸੁਰੱਖਿਅਤ ਇਮਾਰਤਾਂ 'ਚ ਨਾ ਰਹਿਣ ਦੀ ਅਪੀਲ



ਤਪਾ ਮੰਡੀ, 1 ਸਤੰਬਰ (ਰਾਜੂ ਮਹਿਰਾਂ): ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਟੀ ਬੈਨਿਥ ਆਈ ਏ ਐੱਸ ਵੱਲੋਂ ਅੱਜ ਮੀਂਹ ਦੇ ਮੱਦੇਨਜ਼ਰ ਜਿੱਥੇ ਵੱਖ ਵੱਖ ਡਰੇਨਾਂ ਵਿਚ ਪਾਣੀ ਦੀ ਨਿਕਾਸੀ ਦਾ ਜਾਇਜ਼ਾ ਲਿਆ ਗਿਆ, ਓਥੇ ਪਿੰਡਾਂ ਦਾ ਦੌਰਾ ਕਰਕੇ ਪਿੰਡ ਵਾਸੀਆਂ ਨਾਲ ਮੁਲਾਕਾਤ ਕੀਤੀ ਗਈ।

ਡਿਪਟੀ ਕਮਿਸ਼ਨਰ ਵੱਲੋਂ ਅੱਜ ਧਨੌਲਾ ਡਰੇਨ ਅਤੇ ਘੁੰਨਸ ਡਰੇਨ ਵਿੱਚ ਪਾਣੀ ਦੇ ਪੱਧਰ ਅਤੇ ਪਾਣੀ ਦੀ ਨਿਕਾਸੀ ਦਾ ਜਾਇਜ਼ਾ ਲਿਆ ਗਿਆ। ਘੁੰਨਸ ਡਰੇਨ ਵਿੱਚ ਸਫ਼ਾਈ ਜਾਰੀ ਹੈ ਤਾਂ ਜੋ ਪਾਣੀ ਦੇ ਵਹਾਅ ਵਿਚ ਰੁਕਾਵਟ ਨਾ ਆਵੇ।

ਡਿਪਟੀ ਕਮਿਸ਼ਨਰ ਵੱਲੋਂ ਪਿੰਡ ਅਤਰਗੜ੍ਹ, ਤਾਜੋਕੇ, ਘੁੰਨਸ, ਧੌਲਾ ਆਦਿ ਦਾ ਦੌਰਾ ਕਰਕੇ ਵਸਨੀਕਾਂ ਨਾਲ ਮੁਲਾਕਾਤ ਕੀਤੀ ਗਈ, ਖਾਸ ਕਰਕੇ ਜਿਹੜੇ ਪਰਿਵਾਰ ਅਣਸੁਰੱਖਿਅਤ ਮਕਾਨਾਂ ਵਿੱਚ ਰਹਿ ਰਹੇ ਹਨ, ਓਨ੍ਹਾਂ ਨੂੰ ਅਪੀਲ ਕੀਤੀ ਗਈ ਕਿ ਪ੍ਰਸ਼ਾਸਨ ਵਲੋਂ ਨੇੜਲੀਆਂ ਧਰਮਸ਼ਾਲਾਵਾਂ ਅਤੇ ਹੋਰ ਢੁਕਵੇ ਸਥਾਨਾਂ 'ਤੇ ਪ੍ਰਬੰਧ ਕੀਤੇ ਗਏ ਹਨ, ਉਹ ਓਥੇ ਆਰਜ਼ੀ ਤੌਰ 'ਤੇ ਬਸੇਰਾ ਕਰ ਲੈਣ ਤਾਂ ਜੋ ਜ਼ਿਆਦਾ ਮੀਂਹ ਦੀ ਸਥਿਤੀ ਵਿਚ ਕੋਈ ਜਾਨੀ-ਮਾਲੀ ਨੁਕਸਾਨ ਨਾ ਹੋਵੇ।

ਇਸ ਮੌਕੇ ਡਿਪਟੀ ਕਮਿਸ਼ਨਰ ਵੱਲੋਂ ਓਨ੍ਹਾਂ ਪਰਿਵਾਰਾਂ ਨਾਲ ਵੀ ਮੁਲਾਕਾਤ ਕੀਤੀ ਗਈ, ਜਿਨ੍ਹਾਂ ਦੇ ਮਕਾਨ ਨੁਕਸਾਨੇ ਜਾਣ ਕਾਰਨ ਘਟਨਾਵਾਂ ਵਾਪਰੀਆਂ ਹਨ ਓਨ੍ਹਾਂ ਨੂੰ ਮੁਆਇਨਾ (ਅਸੈਸਮੈਂਟ) ਕਰਨ ਮਗਰੋਂ ਮੁਆਵਜ਼ਾ ਜਾਰੀ ਕੀਤਾ ਜਾਵੇਗਾ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਨਹਿਰਾਂ ਵਿਚ ਪਾਣੀ ਦਾ ਵਹਾਅ ਕੰਟਰੋਲ 'ਚ ਹੈ। ਓਨ੍ਹਾਂ ਕਿਹਾ ਕਿ ਜ਼ਿਲ੍ਹਾ ਵਾਸੀ ਅਫ਼ਵਾਹਾਂ ਤੋਂ ਬਚਣ ਅਤੇ ਕਿਸੇ ਵੀ ਤਰ੍ਹਾਂ ਦੀ ਲੋੜ ਪੈਣ 'ਤੇ ਕੰਟਰੋਲ ਰੂਮ ਨੰਬਰ 01679-233031 (ਬਰਨਾਲਾ), 01679-273201 (ਤਪਾ), 82641-93466 (ਮਹਿਲ ਕਲਾਂ) 'ਤੇ ਸੰਪਰਕ ਕਰ ਸਕਦੇ ਹਨ।

# ਬਾਬਾ ਬੰਸੀ ਵਾਲੇ ਰੋਗ ਨਿਵਾਰਨ ਕੇਂਦਰ ਦਾ ਨੀਂਹ ਪੱਥਰ 4 ਨੂੰ



ਬਰਨਾਲਾ, 1 ਸਤੰਬਰ (ਸੁਖਵਿੰਦਰ ਸਿੰਘ ਭੰਡਾਰੀ): ਗਊਲੋਕ ਧਾਮ ਵਾਸੀ ਸਤਿਕਾਰਯੋਗ ਸੰਤ ਸ਼੍ਰੋਮਣੀ ਸਤਿਗੁਰੂ ਦੇਵ ਬਾਬਾ ਬੰਸੀ ਵਾਲੇ ਜੀ ਦੀ ਪਵਿੱਤਰ ਪ੍ਰੇਰਨਾ ਅਤੇ ਆਸ਼ੀਰਵਾਦ ਨਾਲ ਬਾਬਾ ਜੀ ਦੀ ਨਿੱਘੀ ਯਾਦ 'ਚ ਬਾਬਾ ਬੰਸੀ ਵਾਲੇ ਰੋਗ ਨਿਵਾਰਨ ਕੇਂਦਰ ਦਾ ਨੀਹ ਪੱਥਰ 4 ਸਤੰਬਰ ਦਿਨ ਵੀਰਵਾਰ ਨੂੰ ਸਵੇਰੇ 10:30 ਵਜੇ ਇੰਦਰ ਲੋਕ ਕਲੋਨੀ ਨੇੜੇ ਆਈ ਟੀ ਆਈ ਚੌਂਕ ਬਰਨਾਲਾ ਵਿਖੇ ਰੱਖਿਆ ਜਾ ਰਿਹਾ ਹੈ। ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਭਾਗਵਤ ਆਚਾਰੀਆ ਪੰਡਤ ਡਾ: ਸੂਰਿਆਕਾਂਤ ਸ਼ਾਸਤਰੀ ਅਤੇ ਬਾਬਾ ਬੰਸੀ ਵਾਲੇ ਦੇ ਅਨਿਨ ਭਗਤ ਦੀਪਕ ਸੋਨੀ ਬਾਂਸਲ ਆਸਥਾ ਵਾਲੇ ਅਤੇ ਰਾਕੇਸ਼ ਜਿੰਦਲ ਐਮ ਡੀ ਜਿੰਦਲ ਸਟੀਲ ਇੰਡਸਟਰੀਜ਼ ਬਰਨਾਲਾ ਨੇ ਦੱਸਿਆ ਕਿ ਬਾਬਾ ਜੀ ਦੀ ਇੱਛਾ ਅਨੁਸਾਰ ਇੰਦਰਲੋਕ ਕਲੋਨੀ ਬਰਨਾਲਾ ਵਿਖੇ ਮੁਫ਼ਤ ਡਿਸਪੈਂਸਰੀ ਖੋਲ੍ਹੀ ਜਾ ਰਹੀ ਹੈ, ਜਿੱਥੇ ਮੁਫ਼ਤ ਦਵਾਈਆਂ ਦਿੱਤੀਆਂ ਜਾਣਗੀਆਂ ਅਤੇ ਟੈਸਟ ਵੀ ਮੁਫ਼ਤ ਕੀਤੇ ਜਾਣਗੇ। ਇਸ ਮੌਕੇ ਬਾਬਾ ਬੰਸੀ ਵਾਲੇ ਪਰਿਵਾਰ ਦੇ ਸਮੂਹ ਮੈਂਬਰ ਅਤੇ ਸ਼ਹਿਰ ਨਿਵਾਸੀ ਹਾਜ਼ਰ ਹੋਣਗੇ। ਇਸ ਮੌਕੇ ਪੰਡਤ ਸੂਰਿਆਕਾਂਤ ਸ਼ਾਸਤਰੀ ਜੀ ਧਾਰਮਿਕ ਮਰਿਆਦਾ ਅਨੁਸਾਰ ਨੀਂਹ ਪੱਥਰ ਰਖਵਾਉਣਗੇ ਅਤੇ ਪ੍ਰਭੂ ਦਾ ਗੁਣਗਾਨ ਕਰਨਗੇ। ਇਸ ਰੋਗ ਕੇਂਦਰ ਦੇ ਮਾਧਿਅਮ ਨਾਲ ਸਮਾਜ 'ਚ ਸਿਹਤ ਸੇਵਾ ਅਤੇ ਸਦਭਾਵ ਦੀ ਜੋਤੀ ਪ੍ਰਚੰਡ ਹੋਵੇਗੀ। ਇਸ ਉਪਰੰਤ ਬਾਬਾ ਜੀ ਦਾ ਭੰਡਾਰਾ ਅਤੁੱਟ ਵਰਤੇਗਾ। ਬਾਬਾ ਬੰਸੀ ਵਾਲੇ ਜੀ ਦੀ ਅਨਿਨ ਭਗਤ ਬਬੀਤਾ ਜਿੰਦਲ ਨੇ ਸਮੂਹ ਸ਼ਹਿਰ ਨਿਵਾਸੀਆਂ ਨੂੰ ਇਸ ਮੌਕੇ ਪਹੁੰਚਣ ਦਾ ਖੁੱਲ੍ਹਾ ਸੱਦਾ ਦਿੱਤਾ ਹੈ।

# ਝੋਨਾ ਲਾਉਣ ਆਏ ਪ੍ਰਵਾਸੀ ਮਜ਼ਦੂਰਾਂ ਨੇ ਆਪਣੇ ਸਾਥੀ ਦਾ ਕਤਲ ਕਰਕੇ ਲਾਸ਼ ਨੂੰ ਟੋਆ ਪੁੱਟ ਕੇ ਦੱਬਿਆ, ਪੁਲਿਸ ਜਾਂਚ 'ਚ ਜੁੱਟੀ



ਤਪਾ ਮੰਡੀ,1 ਸਤੰਬਰ(ਭੂਸ਼ਨ ਘੜੈਲਾ): ਪਿਛਲੀ ਮਹੀਨੇ ਦੌਰਾਨ ਝੋਨਾ ਲਗਾਉਣ ਆਏ ਪ੍ਰਵਾਸੀ ਮਜ਼ਦੂਰਾਂ ਨੇ ਆਪਣੇ ਇੱਕ ਸਾਥੀ ਦਾ 23 ਜੁਲਾਈ 2025 ਨੂੰ ਕਤਲ ਕਰਕੇ ਡਰੇਨ ਕਿਨਾਰੇ ਟੋਇਆ ਪੁੱਟਕੇ ਦੱਬ ਦਿੱਤੇ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਘਟਨਾ ਸਥਾਨ 'ਤੇ ਜਾ ਕੇ ਮ੍ਰਿਤਕ ਦੀ ਪਤਨੀ ਸੰਗੀਤਾ ਦੇਵੀ ਨੇ ਆਪਣੇ ਦੇਵਰ ਸਤਨਾਮ ਸਿੰਘ ਅਤੇ ਸਹੁਰੇ ਨਾਲ ਪਹੁੰਚਕੇ ਦੱਸਿਆ ਕਿ ਮ੍ਰਿਤਕ ਅਕਸ਼ੈ ਕੁਮਾਰ ਉਰਫ ਸ਼ੰਕਰ ਪੁੱਤਰ ਦੇਵਾਨੰਦ ਰਾਏ ਪਿੰਡ ਰਪੋਲੀ ਜ਼ਿਲ੍ਹਾ ਪੂਰਨੀਆ(ਬਿਹਾਰ) ਅਪਣੇ ਸਾਥੀਆਂ ਨਾਲ ਪਹਿਲੀ ਵਾਰ ਪੰਜਾਬ 'ਚ ਝੋਨਾ ਲਾਉਣ ਲਈ ਆਇਆ ਸੀ ਤਾਂ ਉਸ ਨੂੰ ਕੁਝ ਰੁਪਏ ਦੀ ਜ਼ਰੂਰਤ ਪੈਣ 'ਤੇ ਜਦ ਉਸ ਨੇ ਠੇਕੇਦਾਰ ਤੋਂ ਰੁਪਏ ਮੰਗੇ ਤਾਂ ਉਨ੍ਹਾਂ ਰੁਪਏ ਦੇਣ ਦੀ ਬਜਾਏ ਸ਼ਰਾਬ ਪੀਕੇ ਮੋਟਰ ਵਾਲੇ ਕਮਰੇ 'ਚ ਉਸ ਨਾਲ ਹਿੰਦੇ ਹੋਰ ਸਾਥੀਆਂ ਨੇ ਅਕਸ਼ੈ ਕੁਮਾਰ ਦੀ ਕੁੱਟਮਾਰ ਕਰਕੇ ਉਸ ਦੇ ਹੱਥ ਬੰਨ੍ਹਕੇ ਇੱਕ ਦਰਖਤ ਨਾਲ ਬੰਨ੍ਹਕੇ ਉਸ ਦੇ ਗਲ਼ 'ਚ ਪਰਨੇ ਨਾਲ ਫਾਹਾ ਪਾਕੇ ਤਸੀਹੇ ਦੇਕੇ ਕਤਲ ਕਰਨ ਉਪਰੰਤ ਉਸ ਦੀ ਲਾਸ਼ ਨੂੰ ਖੁਰਦ ਬੁਰਦ ਕਰਨ ਲਈ ਢਿਲਵਾਂ ਲਸਾੜਾ ਡਰੇਨ ਦੇ ਕਿਨਾਰੇ ਡੂੰਘਾ ਟੋਆ ਪੁੱਟਕੇ ਦੱਬ ਦਿੱਤਾ।ਮ੍ਰਿਤਕ ਦੀ ਪਤਨੀ ਉਸ ਨੂੰ ਜਦ ਫੋਨ ਕਰਦੀ ਤਾਂ ਬੰਦ ਆਉਣ ਲੱਗ ਪਿਆ ਤਾਂ ਮੁੜ ਕਿਸਾਨ ਨਾਲ ਗੱਲ ਕੀਤੀ ਤਾਂ ਕਿਹਾ ਕਿ ਮੈਂ ਖੇਤ ਜਾਕੇ ਗੱਲ ਕਰਵਾਉਂਦਾ ਹਾਂ,ਜਦ ਉਹ ਖੇਤ ਗਿਆ ਪਰ ਉਸ ਦੇ ਸਾਥੀਆਂ ਨੇ ਕਿਹਾ ਕਿ ਉਹ ਰੁਪਏ ਲੈਕੇ ਭੱਜ ਗਿਆ ਹੈ। ਜਦ ਮੇਰਾ ਪਤੀ 1 ਅਗਸਤ ਤੱਕ ਨਾ ਪਹੁੰਚਾ ਤਾਂ 2 ਅਗਸਤ ਨੂੰ ਉਸ ਦੇ ਸਾਥੀ ਬਿਹਾਰ ਪਹੁੰਚ ਗਏ।ਅਕਸ਼ੈ ਕੁਮਾਰ ਬਾਰੇ ਪੁੱਛਣ 'ਤੇ ਉਹ ਆਨਾਕਾਨੀ ਕਰਨ ਲੱਗ ਪਏ,ਜਿਸ 'ਤੇ ਉਨ੍ਹਾਂ ਬਿਹਾਰ 'ਚ ਸੰਬੰਧਤ ਥਾਣੇ 'ਚ ਜੀਰੋ ਐਫ.ਆਈ ਆਰ ਦਰਜ ਕਰਵਾ ਦਿੱਤੀ ਤਾਂ ਅੱਜ ਸਵੇਰੇ ਬਿਹਾਰ ਤੋਂ ਪੁੱਜੇ ਵਾਰਿਸਾਂ ਨੇ ਪੁਲਸ ਚੌਂਕੀ ਪਹੁੰਚਕੇ ਸਾਰੀ ਘਟਨਾ ਬਾਰੇ ਦੱਸਿਆ। ਉਨ੍ਹਾਂ ਦੇ ਨਾਲ ਉਸ ਦੇ ਦੋ ਸਾਥੀ ਖੁਸ਼ੀ ਲਾਲ ਅਤੇ ਭੂਮੀ ਰਿਸ਼ੀ ਦੇਵ ਵੀ ਨਾਲ ਆਏ ਜਿਨ੍ਹਾਂ ਨੂੰ ਤਪਾ ਪੁਲਿਸ ਨੇ ਗ੍ਰਿਫਤਾਰ ਕਰਕੇ ਕਤਲ ਦੀ ਗੁੱਥੀ ਸੁਲਝਾਉਣ ਲਈ ਪੁੱਛਗਿੱਛ ਕੀਤੀ ਗਈ ਤਾਂ ਉਨ੍ਹਾਂ ਮੰਨਿਆ ਕਿ ਅਕਸ਼ੈ ਕੁਮਾਰ ਦਾ ਕਤਲ ਉਸ ਦੇ ਸਾਥੀਆਂ ਨਾਲ ਮਿਲਕੇ ਕੀਤਾ ਹੈ। ਡੀ.ਐਸ.ਪੀ ਤਪਾ ਗੁਰਬਿੰਦਰ ਸਿੰਘ, ਥਾਣਾ ਮੁਖੀ ਸ਼ਰੀਫ ਖਾਂ,ਚੌਂਕੀ ਇੰਚਾਰਜ ਬਲਜੀਤ ਸਿੰਘ ਢਿਲੋਂ ਦੀ ਅਗਵਾਈ 'ਚ ਪੁਲਿਸ ਪਾਰਟੀ ਨੇ ਕਤਲ ਕਰਨ ਵਾਲੇ ਦੋਵਾਂ ਸਾਥੀਆਂ ਨੂੰ ਉਸ ਦੀ ਨਿਸ਼ਾਨਦੇਹੀ 'ਤੇ ਲੈਕੇ ਗਏ ਜਿੱਥੇ ਉਨ੍ਹਾਂ ਅਕਸ਼ੈ ਕੁਮਾਰ ਦਾ ਕਤਲ ਕਰਕੇ ਲਾਸ਼ ਨੂੰ ਖੁਰਦ ਬੁਰਦ ਕੀਤਾ ਸੀ। ਇਸ ਮੌਕੇ ਨਿਸ਼ਾਨਦੇਹੀ 'ਤੇ ਤਹਿਸੀਲਦਾਰ ਓਂਕਾਰਸਿੰਘ,ਡਾਕਟਰਾਂ ਦੀ ਟੀਮ ਗੁਰਪ੍ਰੀਤ ਸਿੰਘ ਮਾਹਲ,ਫਰੋਸਿੰਕ ਟੀਮ ਦੇ ਜਸ਼ਨਜੋਤ ਕੌਰ ਅਤੇ ਪਰਮਜੀਤ ਕੌਰ ਦੀ ਅਗਵਾਈ 'ਚ ਪੁੱਜੀ ਟੀਮ ਨੇ ਨਿਸ਼ਾਨਦੇਹੀ ਤੋਂ ਕਹੀਆਂ ਨਾਲ ਪੁੱਟਣਾ ਸ਼ੁਰੂ ਕੀਤਾ ਗਿਆ ਪਰ ਖਬਰ ਲਿਖੇ ਜਾਣ ਤੱਕ ਲਾਸ਼ ਬਰਾਮਦ ਨਹੀਂ ਸੀ ਹੋਈ। ਪੁਲਸ ਨੇ ਲਾਸ਼ ਬਰਾਮਦ ਕਰਵਾਉਣ ਲਈ ਜੇ.ਬੀ.ਸੀ ਮੰਗਵਾ ਲਈ ਤਾਂ ਕਿ ਲਾਸ਼ ਨੂੰ ਕੱਢਿਆਂ ਜਾ ਸਕੇ। ਇਸ ਦੇ ਦੂਸਰੇ ਸਾਥੀ ਬਿਹਾਰ 'ਚ ਹੀ ਹਨ, ਜਿਨ੍ਹਾਂ ਨੂੰ ਪੁਲਸ ਸਾਰੀ ਕਾਰਵਾਈ ਕਰਨ ਉਪਰੰਤ ਬਾਕੀ ਦੋਸ਼ੀਆਂ ਨੂੰ ਜਲਦੀ ਤੋਂ ਜਲਦੀ ਉਨ੍ਹਾਂ ਦੇ ਠਿਕਾਨਿਆਂ ਤੋਂ ਫੜਨ ਲਈ ਜਾ ਰਹੀ ਹੈ।

# ਸੀਵਰੇਜ਼ ਦੇ ਪਾਣੀ ਦੀ ਹੋ ਰਹੀ ਲੀਕੇਜ ਅਤੇ ਬਾਰਿਸ਼ ਕਾਰਨ ਕਿਸਾਨ ਦੀ 100 ਫੁੱਟ ਲੰਬੀ ਕੰਧ ਡਿੱਗੀ



ਧਨੌਲਾ, 1 ਸਤੰਬਰ (ਚਮਕੌਰ ਸਿੰਘ ਗੱਗੀ): ਸਥਾਨਕ ਨਗਰ ਦੀ ਨਿਰਮਲ ਕੁਟੀਆ ਵਾਲੀ ਗਲੀ ਦੇ ਸੀਵਰੇਜ਼ ਦੀ ਹੋ ਰਹੀ ਲੀਕੇਜ਼ ਅਤੇ ਮੀਂਹ ਕਾਰਨ ਪਿੰਡਾਂ ਅਤੇ ਸ਼ਹਿਰਾਂ ਵਿੱਚ ਘਰਾਂ ਦੀਆਂ ਛੱਤਾਂ ਡਿੱਗ ਰਹੀਆਂ ਅਤੇ ਭਾਰੀ ਨੁਕਸਾਨ ਹੋ ਰਿਹਾ ਹੈ। ਉੱਥੇ ਹੀ ਅੱਜ ਮੰਡੀ ਧਨੌਲਾ ਦੇ ਕਿਸਾਨ ਮੇਜਰ ਸਿੰਘ,ਵਿਸਾਖਾ ਸਿੰਘ ਪੁੱਤਰ ਬੰਤ ਸਿੰਘ ਵਾਸੀ ਭੈਣੀ ਸਾਹਿਬ ਅਗਵਾੜ ਨੇੜੇ ਨਿਰਮਲ ਕੁਟੀਆ ਦੀ 100 ਫੁੱਟ ਲੰਬੀ ਕੰਧ ਡਿੱਗ ਗਈ,ਜਿਸ ਨਾਲ ਕਿਸਾਨ ਦਾ ਕਾਫੀ ਨੁਕਸਾਨ ਹੋਇਆ, ਉਥੇ ਸਾਰੇ ਸਾਲ ਲਈ ਰੱਖੀ ਕਣਕ ਵੀ ਬਰਬਾਦ ਹੋ ਗਈ, ਭਰੇ ਮਨ ਨਾਲ ਮੇਜਰ ਸਿੰਘ ਨੇ ਦੱਸਿਆ ਕਿ ਕੁਟੀਆ ਵਾਲੀ ਗਲੀ ਵਿੱਚ ਪਏ ਸੀਵਰੇਜ਼ ਦੀ ਹੋਦੀ ਟੁੱਟਣ ਕਾਰਨ ਸਾਰਾ ਪਾਣੀ ਸਾਡੇ ਪਲਾਟ ਵਿੱਚ ਆ ਰਿਹਾ ਸੀ, ਜਿਸ ਬਾਰੇ ਕਈ ਵਾਰ ਨਗਰ ਕੌਂਸਲ ਧਨੌਲਾ ਨੂੰ ਜਾਣੂ ਕਰਵਾਇਆ ਸੀ ਕਿ ਇਸ ਨੂੰ ਬੰਦ ਕੀਤਾ ਜਾਵੇ, ਪਰ ਕਿਸੇ ਨੇ ਧਿਆਨ ਨਹੀਂ ਦਿੱਤਾ, ਜਿਸ ਤੋਂ ਬਾਅਦ ਲਗਾਤਾਰ ਪੈਂਦੇ ਮੀਂਹ ਦੌਰਾਨ ਸਾਰੀ ਦੀ ਸਾਰੀ ਕੰਧ ਡਿੱਗ ਪਈ ਕੰਧ ਡਿੱਗਣ ਦੇ ਨਾਲ ਸਾਡੀ ਕਣਕ ਵਾਲੇ ਪਏ ਢੋਲ ਟੁੱਟਣ ਦੇ ਨਾਲ ਕੁਝ ਹੋਰ ਸਮਾਨ ਟੁੱਟਣ ਦੇ ਨਾਲ ਨੁਕਸਾਨ ਹੋਇਆ ਹੈ ਪਰ ਜਾਨੀ ਨੁਕਸਾਨ ਤੋਂ ਬਚਤ ਰਹਿ ਗਈ ਇਸੇ ਤਰ੍ਹਾਂ ਲੰਬੀ ਗਲੀ ਦੇ ਵਸਨੀਕ ਪ੍ਰਵੀਨ ਕੁਮਾਰ ਪੁੱਤਰ ਕ੍ਰਿਸ਼ਨ ਲਾਲ ਦੇ ਬਣੇ ਮਕਾਨ ਦੇ ਵਿੱਚ ਸਟੋਰ ਦੀ ਛੱਤ ਡਿੱਗ ਗਈ, ਜਿਸ ਵਿੱਚ ਜਾਨੀ ਨੁਕਸਾਨ ਤੋਂ ਬਚਤ ਰਹਿ ਗਈ ਪਰ ਅੰਦਰ ਪਈ ਪੇਟੀ ਅਲਮਾਰੀ ਟੁੱਟਣ ਦੇ ਨਾਲ ਵਿੱਚ ਪਿਆ ਸਮਾਨ ਖਰਾਬ ਹੋ ਗਿਆ ਦੋਵੇਂ ਘਰਾ ਨੇ ਪੰਜਾਬ ਸਰਕਾਰ ਤੋਂ ਮੰਗ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਸਾਡੀ ਵੀ ਵੱਧ ਤੋਂ ਵੱਧ ਮਦਦ ਕੀਤੀ ਜਾਵੇ।

# ਡੇਰਾ ਬਾਬਾ ਧੂਨੀ ਦਾਸ ਬਜਰੰਗਪੁਰ ਵਿਖੇ ਦੋ ਰੋਜ਼ਾ ਧਾਰਮਿਕ ਸਮਾਗਮ

ਤਪਾ ਮੰਡੀ, 1 ਸਤੰਬਰ (ਰਾਜੂ ਮਹਿਰਾ): ਤਪਾ -ਢਿਲਵਾਂ ਰੋਡ 'ਤੇ ਸਥਿਤ ਡੇਰਾ ਬਾਬਾ ਧੂਨੀ ਦਾਸ ਬਜਰੰਗਪੁਰ ਵਿਖੇ ਡੇਰਾ ਸੰਚਾਲਕ ਬਾਬਾ ਵਿਵੇਕ ਮੁਨੀ ਦੀ ਦੇਖ-ਰੇਖ ਹੇਠ ਉਦਾਸੀਨ ਸੰਪਰਦਾਇ ਆਚਾਰੀਆ ਭਗਵਾਨ ਸ੍ਰੀ ਚੰਦ ਜੀ ਦੇ 531ਵੇਂ ਜਨਮ ਦਿਹਾੜੇ ਨੂੰ ਸਮਰਪਿਤ ਦੋ ਰੋਜ਼ਾ ਧਾਰਮਿਕ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਰਮਾਇਣ ਪਾਠਾਂ ਦੇ ਭੋਗ ਪਾਏ ਗਏ। ਉਪਰੰਤ ਪੰਡਤ ਅਨਿਲ ਸ਼ਰਮਾ ਨੇ ਰਸਭਿੰਨਾ ਕੀਰਤਨ ਕਰਕੇ ਸੰਗਤ ਨੂੰ ਨਿਹਾਲ ਕੀਤਾ। ਇਸ ਮੌਕੇ ਸੰਤ ਬਾਬਾ ਵਿਵੇਕ ਮੁਨੀ ਜੀ ਅਤੇ ਸੰਤ ਬਾਬਾ ਜੈ ਮੁਨੀ ਜੀ ਨੇ ਸਮੁੱਚੀ ਸੰਗਤ ਨੂੰ ਬਾਬਾ ਜੀ ਵੱਲੋਂ ਦਿਖਾਏ ਗਏ ਰਸਤੇ ਤੇ ਚੱਲਣ ਦੀ ਪ੍ਰੇਰਨਾ ਦਿੱਤੀ। ਇਸ ਧਾਰਮਿਕ ਸਮਾਗਮ ਮੌਕੇ ਸਮੂਹ ਸ਼ਹਿਰ ਵਾਸੀਆਂ ਨੇ ਵੱਡੀ ਗਿਣਤੀ 'ਚ ਸ਼ਿਰਕਤ ਕਰਕੇ ਬਾਬਾ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਭੋਗ ਉਪਰੰਤ ਲੰਗਰ ਅਤੁੱਟ ਵਰਤਿਆ। ਇਸ ਮੌਕੇ ਪੰਡਿਤ ਪ੍ਰਹਿਲਾਦ ਸ਼ਰਮਾ,ਜਤਿੰਦਰ ਘੁੰਨਸ,ਟੇਕ ਚੰਦ ਕਾਲਾ,ਮਾਹਿਤ ਗਰਗ,ਰਤਿਸ਼ ਗਰਗ,ਨਨਦੀਪ ਗਰਗ,ਨੀਰਜ ਘੁੰਨਸ,ਕਾਲਾ ਰਾਮ,ਵਿਨੋਦ ਬਦਰਾ, ਨਵਿਸ਼ ਗਰਗ, ਜੁਪੇਸ਼ ਘੁੰਨਸ ਆਦਿ ਵੱਡੀ ਗਿਣਤੀ 'ਚ ਸ਼ਰਧਾਲੂ ਮੌਜੂਦ ਸਨ।

# ਰਾਸ਼ਟਰੀ ਖੇਡ ਦਿਵਸ ਸਬੰਧੀ ਸਾਈਕਲ ਰੈਲੀ ਕਰਵਾਈ

ਬਰਨਾਲਾ, 1 ਸਤੰਬਰ (ਅਮਨਦੀਪ ਸਿੰਘ): ਰਾਸ਼ਟਰੀ ਖੇਡ ਦਿਵਸ ਦੇ ਸਬੰਧ ਵਿੱਚ ਖੇਡ ਵਿਭਾਗ ਬਰਨਾਲਾ ਵੱਲੋਂ ਗੁਰੂ ਤੇਗ ਬਹਾਦਰ ਸਟੇਡੀਅਮ ਹੰਡਿਆਇਆ ਵਿਚ ਸਾਈਕਲ ਰੈਲੀ ਕਰਵਾਈ ਗਈ। ਇਹ ਸਾਈਕਲ ਰੈਲੀ ਡਾਇਰੈਕਟਰ ਸਪੋਰਟਸ ਪੰਜਾਬ ਦੇ ਹੁਕਮਾਂ ਅਨੁਸਾਰ ਸਲੋਗਨ ਹਰ ਗਲੀ ਹਰ ਮੈਦਾਨ, ਖੇਡੇ ਸਾਰਾ ਹਿੰਦੁਸਤਾਨ ਤਹਿਤ ਕਰਵਾਈ ਗਈ। ਇਸ ਵਿੱਚ 100 ਦੇ ਕਰੀਬ ਖਿਡਾਰੀਆਂ ਨੇ ਭਾਗ ਲਿਆ। ਜ਼ਿਲ੍ਹਾ ਖੇਡ ਅਫ਼ਸਰ ਉਮੇਸ਼ਵਰੀ ਸ਼ਰਮਾ ਨੇ ਦੱਸਿਆ ਕਿ ਰਾਸ਼ਟਰੀ ਖੇਡ ਦਿਵਸ ਦੇ ਸਬੰਧ ਵਿੱਚ ਲਗਾਤਾਰ 3 ਦਿਨ ਖੇਡ ਗਤੀਵਿਧੀਆਂ ਕਰਵਾਈਆਂ ਗਈਆਂ। ਭਾਗ ਲੈਣ ਵਾਲਿਆਂ ਨੂੰ ਰਿਫਰੈਸ਼ਮੈਂਟ ਦਿੱਤੀ ਗਈ। ਓਨ੍ਹਾਂ ਖਿਡਾਰੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਤੇ ਖੇਡਾਂ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ।



# ਪਟਿਆਲਾ-ਆਸ/ਪਾਸ



## ਮੇਅਰ ਕੁੰਦਨ ਗੋਗੀਆ ਵੱਲੋਂ ਨਿਗਮ ਟੀਮ ਸਮੇਤ ਵੱਡੀ ਤੇ ਛੋਟੀ ਨਦੀ ਦਾ ਦੌਰਾ

### ☛ਨਿਗਮ ਕਿਸੇ ਵੀ ਮੁਸ਼ਕਲ ਲਈ ਤਿਆਰ-ਬਰ-ਤਿਆਰ



ਪਟਿਆਲਾ, 1 ਸਤੰਬਰ (ਰੁਪਾਣਾ) : ਪਟਿਆਲਾ ਵਿੱਚ ਮੀਂਹ ਦੇ ਮੌਸਮ ਨੂੰ ਦੇਖਦਿਆਂ ਨਗਰ ਨਿਗਮ ਨੇ ਆਪਣੀਆਂ ਤਿਆਰੀਆਂ ਹੋਰ ਮਜ਼ਬੂਤ ਕਰ ਲਈਆਂ ਹਨ। ਅੱਜ ਮੇਅਰ ਕੁੰਦਨ ਗੋਗੀਆ ਨੇ ਕਮਿਸ਼ਨਰ ਪਰਮਵੀਰ ਸਿੰਘ, ਸਹਾਇਕ ਕਮਿਸ਼ਨਰ, ਇੰਜੀਨੀਅਰਿੰਗ ਸ਼ਾਖਾ ਦੇ ਅਧਿਕਾਰੀਆਂ ਅਤੇ ਨਿਗਮ ਟੀਮ ਸਮੇਤ ਵੱਡੀ ਤੇ ਛੋਟੀ ਨਦੀ ਦਾ ਦੌਰਾ ਕੀਤਾ। ਇਸ ਦੌਰਾਨ ਉਨ੍ਹਾਂ ਨੇ ਨਦੀਆਂ ਦੇ ਪੱਧਰ ਦਾ ਜਾਇਜ਼ਾ ਲਿਆ ਅਤੇ ਰੋਕਥਾਮੀ ਉਪਰਾਲਿਆਂ ਨੂੰ ਹੋਰ ਤੇਜ਼ ਕਰਨ ਦੇ ਨਿਰਦੇਸ਼ ਦਿੱਤੇ।ਮੇਅਰ ਨੇ ਦੌਰੇ ਤੋਂ ਬਾਅਦ ਪ੍ਰੈਸ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪਟਿਆਲਾ ਨਗਰ ਨਿਗਮ ਹਰ ਤਰ੍ਹਾਂ ਦੀ ਮੁਸ਼ਕਲ ਦਾ ਮੁਕਾਬਲਾ ਕਰਨ ਲਈ ਤਿਆਰ-ਬਰ-ਤਿਆਰ ਹੈ। ਜੇਕਰ ਕਦੇ ਹੜ੍ਹ ਜਾਂ ਮੀਂਹ ਕਾਰਨ ਸੰਕਟ ਦੀ ਸਥਿਤੀ ਬਣਦੀ ਹੈ ਤਾਂ ਅਸੀਂ ਲੋਕਾਂ ਤੇ ਆਉਣ ਵਾਲੀ ਮੁਸ਼ਕਲ ਨੂੰ ਪਹਿਲਾਂ ਆਪਣੇ ਤੇ ਹੰਢਾਵਾਂਗੇ। ਸ਼ਹਿਰ ਵਾਸੀਆਂ ਦੀ ਸੁਰੱਖਿਆ ਸਾਡੀ ਪਹਿਲੀ ਜ਼ਿੰਮੇਵਾਰੀ ਹੈ।ਉਨ੍ਹਾਂ ਦੱਸਿਆ ਕਿ ਇਸ ਸਮੇਂ ਪਟਿਆਲਾ ਹੜ੍ਹ ਦੀ ਸਥਿਤੀ ਤੋਂ ਬਾਹਰ ਹੈ, ਪਰ ਨਿਗਮ ਦੀਆਂ ਐਮਰਜੈਂਸੀ ਟੀਮਾਂ ਤਿਆਰ ਬਰ ਤਿਆਰ ਹਨ। ਉਨ੍ਹਾਂ ਲੋਕਾਂ ਨੂੰ ਕਿਸੇ ਵੀ ਅਫ਼ਵਾਹ ਜਾਂ ਝੂਠੀ ਬਿਆਨਬਾਜ਼ੀ ਤੋਂ ਗੁਰੇਜ਼ ਕਰਨ ਦੀ ਅਪੀਲ ਵੀ ਕੀਤੀ।ਵੱਡੀ ਤੇ ਛੋਟੀ ਨਦੀ ਦੇ ਕਿਨਾਰਿਆਂ ਉੱਤੇ ਨਿਗਰਾਨੀ ਟੀਮਾਂ ਤੈਨਾਤ ਕੀਤੀਆਂ ਗਈਆਂ ਹਨ। ਸੀਵਰੇਜ ਤੇ ਡਰੇਨੇਜ ਸਿਸਟਮ ਦੀ ਸਫ਼ਾਈ 'ਤੇ ਧਿਆਨ ਦਿੱਤਾ ਜਾ ਰਿਹਾ ਹੈ, ਤਾਂ ਜੋ ਪਾਣੀ ਰੁਕਣ ਦੀ ਸਮੱਸਿਆ ਨਾ ਆਵੇ। ਜਿੱਥੇ ਜਿੱਥੇ ਨੀਵੀਆਂ ਕਾਲੋਨੀਆਂ ਹਨ, ਉੱਥੇ ਪੰਪ ਲਗਾ ਕੇ ਪਾਣੀ ਕੱਢਣ ਦੇ ਇੰਤਜ਼ਾਮ ਹੋ ਰਹੇ ਹਨ। ਹੜ੍ਹ ਸਮੇਂ ਵਰਤੇ ਜਾਣ ਵਾਲੇ ਸਾਮਾਨ ਜਿਵੇਂ ਕਿ ਰੇਤ ਦੇ ਬੋਰੇ, ਜੈਟਿੰਗ ਮਸ਼ੀਨ ਅਤੇ ਐਮਰਜੈਂਸੀ ਵਾਹਨ ਤਿਆਰ ਰੱਖੇ ਗਏ ਹਨ।ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਪਟਿਆਲਾ ਦੇ ਲੋਕਾਂ ਨੂੰ ਫ਼ਿਕਰ ਕਰਨ ਦੀ ਲੋੜ ਨਹੀਂ ਹੈ, ਕਿਉਂਕਿ ਨਗਰ ਨਿਗਮ ਨੇ ਪਹਿਲਾਂ ਹੀ ਯੋਜਨਾ ਤਿਆਰ ਕਰ ਰੱਖੀ ਹੈ। ਸਾਡੇ ਅਧਿਕਾਰੀ ਅਤੇ ਮੁਲਾਜ਼ਮ ਡਿਊਟੀ 'ਤੇ ਹਨ ਅਤੇ ਜਿੱਥੇ ਵੀ ਸਮੱਸਿਆ ਆਵੇਗੀ ਉਸਦਾ ਤੁਰੰਤ ਹੱਲ ਕੀਤਾ ਜਾਵੇਗਾ।ਕਮਿਸ਼ਨਰ ਪਰਮਵੀਰ ਸਿੰਘ ਨੇ ਵੀ ਕਿਹਾ ਕਿ ਨਿਗਮ ਦੀ ਕੋਸ਼ਿਸ਼ ਹੈ ਕਿ ਹੜ੍ਹ ਜਿਹੀ ਸਥਿਤੀ ਪੈਦਾ ਹੀ ਨਾ ਹੋਵੇ। ਉਨ੍ਹਾਂ ਦੱਸਿਆ ਕਿ ਸੜਕਾਂ 'ਤੇ ਨਿਕਾਸੀ ਚੈਨਲ ਦੀ ਸਫਾਈ, ਟਿਊਬਵੈੱਲ ਅਤੇ ਡਰੇਨਜ਼ ਦੀ ਜਾਂਚ ਮੁਕੰਮਲ ਕੀਤੀ ਜਾ ਰਹੀ ਹੈ।

**ਨਗਰ ਨਿਗਮ ਵੱਲੋਂ ਲੋਕਾਂ ਨੂੰ ਅਪੀਲ**

–ਨਗਰ ਨਿਗਮ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਮੀਂਹ ਦੇ ਦਿਨਾਂ ਵਿੱਚ ਗਲੀ-ਮੁਹੱਲਿਆਂ ਵਿੱਚ ਕੂੜਾ-ਕਰਕਟ ਨਾ ਸੁੱਟਣ, ਕਿਉਂਕਿ ਇਸ ਨਾਲ ਚੈਂਬਰ ਜਾਮ ਹੋ ਸਕਦੇ ਹਨ। ਲੋਕ ਜੇਕਰ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਵੇਖਦੇ ਹਨ ਤਾਂ ਤੁਰੰਤ ਨਿਗਮ ਨੂੰ ਜਾਣਕਾਰੀ ਦੇਣ।ਅਖੀਰ ਵਿੱਚ, ਮੇਅਰ ਨੇ ਕਿਹਾ ਕਿ ਪਟਿਆਲਾ ਦੀਆਂ ਨਦੀਆਂ ਅਤੇ ਨਾਲਿਆਂ ਦੀ ਸਥਿਤੀ 'ਤੇ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ ਹੈ ਅਤੇ ਕਿਸੇ ਵੀ ਐਮਰਜੈਂਸੀ ਹਾਲਤ ਲਈ ਪੂਰੀ ਤਿਆਰੀ ਹੈ।

## ਸੰਤ ਬਾਬਾ ਈਸ਼ਰ ਸਿੰਘ ਤੇ ਸੰਤ ਬਾਬਾ ਕਿਸ਼ਨ ਸਿੰਘ ਜੀ ਰਾੜਾ ਸਾਹਿਬ ਵਾਲਿਆਂ ਦੀ 50ਵੀਂ ਤੇ 35ਵੀਂ ਸਾਲਾਨਾ ਬਰਸੀ ਮਨਾਈ



ਨਾਭਾ, 1 ਸਤੰਬਰ (ਗੁਰਚਰਨ ਸਿੰਘ ਚੌਧਰੀਮਾਜਰਾ) : ਨਾਭਾ ਦੇ ਨਜ਼ਦੀਕ ਗੁਰਦੁਆਰਾ ਸਿੱਧਸਰ ਅਲੌਹਰਾਂ ਸਾਹਿਬ ਵਿਖੇ ਸਿੱਖ ਪ੍ਰਚਾਰਕ ਜਥੇਦਾਰ ਬਾਬਾ ਕਸ਼ਮੀਰਾ ਸਿੰਘ ਜੀ ਦੀ ਅਗਵਾਈ ਹੇਠ ਪਰਮ ਸੰਤ ਬਾਬਾ ਈਸ਼ਰ ਸਿੰਘ ਜੀ ਮਹਾਰਾਜ ਤੇ ਪਰਮ ਸੰਤ ਬਾਬਾ ਕਿਸ਼ਨ ਸਿੰਘ ਜੀ ਮਹਾਰਾਜ ਰਾੜਾ ਸਾਹਿਬ ਵਾਲਿਆਂ ਦੀ ਸਾਲਾਨਾ ਬਰਸੀ ਤੇ ਵਿਸ਼ਾਲ ਧਾਰਮਿਕ ਸਮਾਗਮ ਕਰਵਾਇਆ ਗਿਆ। ਇਸ ਮੌਕੇ 'ਤੇ ਸੰਗਤਾਂ ਦੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਮੁਖੀ ਸੰਤ ਬਾਬਾ ਕਸ਼ਮੀਰਾ ਸਿੰਘ ਜੀ ਨੇ ਸੰਗਤਾਂ ਨੂੰ ਗੁਰੂ ਵਾਲੇ ਬਣਨ ਦੀ ਅਪੀਲ ਕੀਤੀ। ਉਨ੍ਹਾਂ ਸੰਗਤਾਂ ਨੂੰ ਗੁਰਬਾਣੀ ਕਥਾ ਕੀਰਤਨ ਰਾਹੀਂ ਨਿਹਾਲ ਵੀ ਕੀਤਾ। ਦੂਰੋਂ ਨੇੜਿਓਂ ਆਈਆਂ ਸਮੂੱਚੀਆਂ ਸੰਗਤਾਂ, ਮਹਾਂਪੁਰਖਾਂ ਤੇ ਸਿਆਸੀ ਆਗੂਆਂ ਦਾ ਧੰਨਵਾਦ ਕੀਤਾ। ਇਸ ਮੌਕੇ 'ਤੇ ਭਾਈ ਜਗਜੀਤ ਸਿੰਘ ਜੀ ਕਥਾਵਾਚਕ ਅੰਬਾਲਾ, ਬਾਬਾ ਅਮਰੀਕ ਸਿੰਘ ਜੀ ਕਾਰ ਸੇਵਾ ਪਟਿਆਲਾ, ਬਾਬਾ ਅਵਤਾਰ ਸਿੰਘ ਧੂਲਕੋਟ ਵਾਲੇ, ਬੀਬੀ ਕੁਲਵੰਤ ਕੌਰ ਰਾਏਪੁਰ ਵਾਲੇ, ਭਾਈ ਜਸਵੀਰ ਸਿੰਘ ਜੀ, ਭਾਈ ਹਰਪਾਲ ਸਿੰਘ ਫਤਿਹਗੜ੍ਹ ਸਾਹਿਬ, ਬੀਬਾ ਸੁਖਪਾਲ ਕੌਰ ਢਾਡੀ ਜੱਥਾ, ਭਾਈ ਇੰਦਰਜੀਤ ਸਿੰਘ ਪਟਿਆਲਾ ਵਾਲੇ ਰਾਗੀ ਜੱਥਾ, ਬਾਬਾ ਹਰਦੇਵ ਸਿੰਘ ਇਟਲੀ , ਅਜੈਬ ਸਿੰਘ ਗਲਵੱਟੀ, ਭਾਈ ਅਮਰੀਕ ਸਿੰਘ ਯੂਕੇ ਵਾਲੇ, ਬੀਬੀ ਪਵਨਦੀਪ ਕੌਰ, ਭਾਈ ਸੁਖਵਿੰਦਰ ਸਿੰਘ ਰਤਵਾੜਾ ਸਾਹਿਬ, ਗਿਆਨੀ ਕੁਲਵੰਤ ਸਿੰਘ ਲੁਧਿਆਣਾ ਵਾਲੇ, ਭਾਈ ਮਨਜੋਤ ਸਿੰਘ, ਬਾਬਾ ਅਮਰੀਕ ਸਿੰਘ, ਭਾਈ ਜਸਕਰਨ ਸਿੰਘ, ਭਾਈ ਕੁਲਦੀਪ ਸਿੰਘ ਯੂ ਐਸ ਏ , ਬਾਬਾ ਹਿੰਮਤ ਸਿੰਘ ਰਾਮਪੁਰ ਛੰਨਾ ਵਾਲੇ, ਭਾਈ ਰਣਜੀਤ ਸਿੰਘ ਢੀਂਗੀ ਵਾਲੇ, ਸੁਆਮੀ ਰਾਜੇਸ਼ਵਰਨੰਦ ਜੀ, ਬਾਬਾ ਜਸਪਾਲ ਸਿੰਘ ਪਾਲੀਆਂ ਵਾਲੇ, ਜਥੇਦਾਰ ਬਾਬਾ ਜਸਵੀਰ ਸਿੰਘ, ਬਾਬਾ ਜਤਿੰਦਰ ਸਿੰਘ ਯੂਕੇ ਇੰਗਲੈਂਡ ਵਾਲੇ, ਭਾਈ ਬਰਖੁਰਦਾਰ ਗੋਸਲਾ ਵਾਲੇ, ਭਾਈ ਪਲਵਿੰਦਰ ਸਿੰਘ ਗਲਵੱਟੀ ਵਾਲੇ, ਭਾਈ ਕਰਨੈਲ ਸਿੰਘ ਕਵਿਸ਼ਰੀ ਜੱਥਾ, ਭਾਈ ਗੁਰਦੇਵ ਸਿੰਘ ਜੋਗੀ, ਬੀਬੀ ਸਹਿਜ ਪ੍ਰੀਤ ਕੌਰ, ਭਾਈ ਕਮਲਜੀਤ ਸਿੰਘ ਰਾਗੀ ਜੱਥਾ ਗੁਰਮਤਿ ਕਾਲਜ ਪਟਿਆਲਾ, ਭਾਈ ਜਸਵਿੰਦਰ ਸਿੰਘ ਰਾਗੀ ਜੱਥਾ ਪਟਿਆਲਾ ਨੇ ਕਥਾ ਗੁਰਬਾਣੀ ਕੀਰਤਨ ਰਾਹੀਂ ਗੁਰੂ ਦਾ ਜੱਸ ਗਾਇਨ ਕੀਤਾ।ਇਸ ਮੌਕੇ 'ਤੇ ਸਾਬਕਾ ਮੰਤਰੀ ਸੁਰਜੀਤ ਸਿੰਘ ਰੱਖੜਾ, ਸਾਬਕਾ ਮੰਤਰੀ ਸਾਧੂ ਸਿੰਘ ਧਰਮਸੋਤ, ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ, ਸਾਬਕਾ ਡੀ ਆਈ ਜੀ ਮਨਦੀਪ ਸਿੰਘ ਸਿੱਧੂ, ਇੰਮਪਰੂਵਮੈਂਟ ਟਰੱਸਟ ਨਾਭਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ, ਮਲਕੀਤ ਕੰਬਾਇਨ ਦੇ ਐਮ ਡੀ ਚਰਨ ਸਿੰਘ, ਪਾਖਰ ਸਿੰਘ ਐਮ ਡੀ ਹਰਦੇਵ ਕੰਬਾਈਨ,ਸਾਬਕਾ ਚੇਅਰਮੈਨ ਪਰਮਜੀਤ ਸਿੰਘ ਖੱਟੜਾ, ਸਾਬਕਾ ਚੇਅਰਮੈਨ ਜਗਜੀਤ ਸਿੰਘ ਦੁਲੱਦੀ, ਬਾਬਾ ਹਰਦੇਵ ਸਿੰਘ ਜੀ,ਹੈਡ ਗ੍ਰੰਥੀ ਬਾਬਾ ਤਰਲੋਚਨ ਪਾਲ ਸਿੰਘ ਲਾਡੀ, ਬਾਬਾ ਬਲਦੇਵ ਸਿੰਘ, ਬਾਬਾ ਗੁਰਬੰਤ ਸਿੰਘ, ਬਾਬਾ ਜਤਿੰਦਰ ਸਿੰਘ ਜੋਤੀ , ਬਾਬਾ ਗੁਰਪ੍ਰੀਤ ਸਿੰਘ ਗੋਪੀ, ਬਾਬਾ ਗੁਰਸੇਵਕ ਸਿੰਘ, ਬਾਬਾ ਜਤਿੰਦਰ ਸਿੰਘ ਜੋਤੀ,ਪ੍ਰਧਾਨ ਸੁਰਜੀਤ ਸਿੰਘ, ਡਾਕਟਰ ਹਰਪਾਲ ਸਿੰਘ, ਪ੍ਰੋਫੈਸਰ ਸੁਖਵਿੰਦਰਜੀਤ ਸਿੰਘ, ਬਲਵੰਤ ਸਿੰਘ, ਦਰਸ਼ਨ ਸਿੰਘ, ਇੱਛਿਆਮਾਨ ਸਿੰਘ ਭੋਜੋ ਮਾਜਰੀ, ਭੁਪਿੰਦਰ ਸਿੰਘ ਖੋਖ, ਮੁਸ਼ਤਾਕ ਅਲੀ ਕਿੰਗ,ਬੱਗਾ ਸਿੰਘ ਮਸਿੰਘਣ, ਹਰਵਿੰਦਰ ਸਿੰਘ, ਲੱਖਾ ਸਿੰਘ ਨੂਰਪੁਰਾ, ਨਿਸ਼ਾਵਰ ਸਿੰਘ ਕੂਕੇ, ਸੱਜੂ ਸਿੰਘ, ਗੁਰਵਿੰਦਰ ਸਿੰਘ ਢਿੱਲੋਂ,ਰਘਵੀਰ ਸਿੰਘ, ਰਣਧੀਰ ਸਿੰਘ ਅਲੋਹਰਾ, ਸਰਬਜੀਤ ਸਿੰਘ ਬੇਨੜਾ, ਹਰਦੀਪ ਸਿੰਘ,ਪਾਲ ਸਿੰਘ ਅਲੋਹਰਾ ਤੋਂ ਇਲਾਵਾ ਆਦਿ ਸੰਗਤ ਹਾਜ਼ਰ ਸੀ।

## ਕਾਰ ਦੀ ਟੱਕਰ ਨਾਲ ਸਕੂਟਰੀ ਸਵਾਰ ਔਰਤ ਗੰਭੀਰ ਜ਼ਖ਼ਮੀ

ਸਮਾਣਾ, 1 ਸਤੰਬਰ (ਵਿਜੇ ਕੁਮਾਰ) : ਸਮਾਣਾ-ਪਾਤੜਾਂ ਸੜਕ 'ਤੇ ਕੋਰਟ ਕੰਪਲੈਕਸ ਨੇੜੇ ਜਾ ਰਹੀ ਸਕੂਟਰੀ ਸਵਾਰ ਔਰਤ ਨੂੰ ਲਾਪਰਵਾਹੀ ਨਾਲ ਟੱਕਰ ਮਾਰਨ ਦੇ ਦੋਸ਼ ਵਿੱਚ ਕਾਰ ਚਾਲਕ ਗੁਰਮੇਲ ਸਿੰਘ ਪੁੱਤਰ ਬਲਬੀਰ ਸਿੰਘ ਵਾਸੀ ਪਿੰਡ ਡੂਡੀਆਂ (ਜ਼ਿਲ੍ਹਾ ਸੰਗਰੂਰ) ਖ਼ਿਲਾਫ਼ ਸਿਟੀ ਪੁਲਿਸ ਨੇ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਹਾਦਸੇ ਵਿੱਚ ਸਕੂਟਰੀ ਸਵਾਰ ਔਰਤ ਦੀਆਂ ਦੋਵੇਂ ਲੱਤਾਂ ਟੁੱਟ ਗਈਆਂ, ਜਿਸ ਕਾਰਨ ਉਸ ਨੂੰ ਇਲਾਜ ਲਈ ਪਟਿਆਲਾ ਅਤੇ ਬਾਅਦ ਵਿੱਚ ਪੀ.ਜੀ.ਆਈ. ਚੰਡੀਗੜ੍ਹ ਲਿਜਾਇਆ ਗਿਆ, ਜਦੋਂਕਿ ਉਸ ਦੇ ਨਾਲ ਸਵਾਰ ਉਸ ਦੀ ਧੀ ਨਵਨੀਤ ਕੌਰ ਵਾਲ-ਵਾਲ ਬਚ ਗਈ।ਮਾਮਲੇ ਦੇ ਜਾਂਚ ਅਧਿਕਾਰੀ ਸਿਟੀ ਪੁਲਿਸ ਦੇ ਏ.ਐਸ.ਆਈ. ਸਿੰਦਰ ਸਿੰਘ ਬਾਠ ਨੇ ਦੱਸਿਆ ਕਿ ਪੀ.ਜੀ.ਆਈ. ਚੰਡੀਗੜ੍ਹ ਵਿੱਚ ਜ਼ੇਰੇ ਇਲਾਜ ਪਰਮਜੀਤ ਕੌਰ (ਪਤਨੀ ਸੁਖਵਿੰਦਰ ਸਿੰਘ ਵਾਸੀ ਪੁਰਾਣੀ ਸਰਾਫ਼ੀ, ਸਮਾਣਾ) ਵੱਲੋਂ ਦਰਜ ਕਰਵਾਈ ਸ਼ਿਕਾਇਤ ਅਨੁਸਾਰ 28 ਅਗਸਤ ਨੂੰ ਉਹ ਆਪਣੀ ਲੜਕੀ ਨਵਨੀਤ ਕੌਰ ਨਾਲ ਸਕੂਟਰੀ 'ਤੇ ਸਵਾਰ ਹੋ ਕੇ ਕੋਰਟ ਕੰਪਲੈਕਸ ਸਮਾਣਾ ਕੋਲ ਜਾ ਰਹੀ ਸੀ ਕਿ ਦੋਸ਼ੀ ਕਾਰ ਚਾਲਕ ਨੇ ਤੇਜ਼ ਰਫ਼ਤਾਰ ਨਾਲ ਆਪਣੀ ਕਾਰ ਉਸ ਦੀ ਸਕੂਟਰੀ ਵਿੱਚ ਮਾਰ ਦਿੱਤੀ। ਹਾਦਸੇ ਵਿੱਚ ਗੰਭੀਰ ਜ਼ਖ਼ਮੀ ਹੋਣ 'ਤੇ ਉਸ ਨੂੰ ਇਲਾਜ ਲਈ ਪਟਿਆਲਾ ਲਿਜਾਇਆ ਗਿਆ, ਜਿੱਥੇ ਉਸ ਦੀ ਹਾਲਤ ਦੇਖ ਕੇ ਡਾਕਟਰਾਂ ਨੇ ਪੀ.ਜੀ.ਆਈ. ਚੰਡੀਗੜ੍ਹ ਰੈਫ਼ਰ ਕਰ ਦਿੱਤਾ। ਅਧਿਕਾਰੀ ਅਨੁਸਾਰ ਪੁਲਿਸ ਵੱਲੋਂ ਦੋਸ਼ੀ ਕਾਰ ਚਾਲਕ ਖ਼ਿਲਾਫ਼ ਮਾਮਲਾ ਦਰਜ ਕਰਕੇ ਉਸ ਦੀ ਭਾਲ ਕੀਤੀ ਜਾ ਰਹੀ ਹੈ।

## ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਵੱਲੋਂ ਘੱਗਰ ਨੇੜਲੇ ਪਿੰਡਾਂ ਦਾ ਦੌਰਾ

### ☛ਘੱਗਰ 'ਚ ਵਗਦੇ ਪਾਣੀ ਦਾ ਲਿਆ ਜਾਇਜ਼ਾ



ਬਾਦਸ਼ਾਹਪੁਰ/ਸ਼ੁਤਰਾਣਾ/ਪਾਤੜਾਂ, 1 ਸਤੰਬਰ (ਹਰਮਿੰਦਰ ਕਰਤਾਰਪੁਰ/ਰਿਸ਼ੀਪਾਲ ਗੁਪਤਾ) : ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਨੇ ਅੱਜ ਸ਼ੁਤਰਾਣਾ 'ਚ ਘੱਗਰ ਦਰਿਆ ਦੇ ਵਹਾਅ ਨੇੜਲੇ ਪਿੰਡਾਂ ਬਾਦਸ਼ਾਹਪੁਰ, ਰਸੌਲੀ, ਰਾਮਪੁਰ ਪੜਤਾ, ਹਰਚੰਦਪੁਰਾ, ਅਰਨੇਟੂ, ਤੇਈਪੁਰ, ਸਾਗਰਾ, ਸ਼ੁਤਰਾਣਾ, ਨਾਈਵਾਲ, ਗੁਲਾੜ, ਜੋਗੀਵਾਲ ਤੇ ਮਤੌਲੀ ਵਿਖੇ ਘੱਗਰ ਨਾਲ ਲੱਗਦੇ ਬੰਨ੍ਹ ਵਾਲੀਆਂ ਥਾਵਾਂ ਦਾ ਦੌਰਾ ਕੀਤਾ ਅਤੇ ਸਥਿਤੀ ਦਾ ਜਾਇਜ਼ਾ ਲਿਆ। ਇਸ ਮੌਕੇ ਐਸ.ਡੀ.ਐਮ ਪਾਤੜਾਂ ਅਸ਼ੋਕ ਕੁਮਾਰ ਤੇ ਡਰੇਨੇਜ ਵਿਭਾਗ ਦੇ ਐਕਸੀਅਨ ਪ੍ਰਥਮ ਗੰਭੀਰ ਸਮੇਤ ਬੀ.ਡੀ.ਪੀ.ਓ ਦੇ ਹੋਰ ਅਧਿਕਾਰੀ ਵੀ ਮੌਜੂਦ ਸਨ। ਇਸ ਮੌਕੇ ਹਲਕਾ ਵਿਧਾਇਕ ਨੇ ਜਲ ਨਿਕਾਸ ਅਤੇ ਮਾਲ ਵਿਭਾਗ ਦੇ ਅਧਿਕਾਰੀਆਂ ਨੂੰ ਪੂਰੀ ਤਰ੍ਹਾਂ ਚੌਕਸ ਰਹਿਣ ਦੀਆਂ ਹਦਾਇਤਾਂ ਜਾਰੀ ਕੀਤੀਆਂ। ਉਨ੍ਹਾਂ ਕਿਹਾ ਕਿ ਘੱਗਰ ਦੇ ਕਮਜ਼ੋਰ ਕਿਨਾਰਿਆਂ ਵਾਲੇ ਥਾਵਾਂ ਨੂੰ ਮਿੱਟੀ ਨਾਲ ਭਰੇ ਥੈਲਿਆਂ ਨਾਲ ਮਜ਼ਬੂਤ ਕੀਤਾ ਗਿਆ ਹੈ, ਤਾਂ ਜੋ ਪਾਣੀ ਉਛਲਣ ਤੋਂ ਬਚਾਇਆ ਜਾਵੇ। ਇਸ ਤੋਂ ਇਲਾਵਾ ਮਿੱਟੀ ਦੇ ਭਰੇ ਥੈਲੇ, ਮਸ਼ੀਨਰੀ ਅਤੇ ਲੋੜੀਂਦਾ ਸਟਾਫ਼ ਵੀ ਇੱਥੇ ਤਾਇਨਾਤ ਕੀਤਾ ਗਿਆ ਹੈ, ਤਾਂ ਜੋ ਕਿਸੇ ਵੀ ਹੰਗਾਮੀ ਸਥਿਤੀ ਨਾਲ ਨਜਿੱਠਿਆ ਜਾ ਸਕੇ। ਉਨ੍ਹਾਂ ਸਥਾਨਕ ਵਸਨੀਕਾਂ ਨਾਲ ਗੱਲਬਾਤ ਕਰਦਿਆਂ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਕੀਤੇ ਜਾ ਰਹੇ ਯਤਨਾਂ ਤੋਂ ਲੋਕਾਂ ਨੂੰ ਜਾਣੂੰ ਕਰਵਾਇਆ। ਵਿਧਾਇਕ ਕੁਲਵੰਤ ਸਿੰਘ ਨੇ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਪੂਰੀ ਸਥਿਤੀ 'ਤੇ ਨੇੜਿਓਂ ਨਜ਼ਰ ਰੱਖ ਰਹੇ ਹਨ, ਜਦੋਂਕਿ ਜ਼ਿਲ੍ਹਾ ਪ੍ਰਸ਼ਾਸਨ ਪਟਿਆਲਾ ਵੀ ਹਰੇਕ ਤਰ੍ਹਾਂ ਦੀ ਸਥਿਤੀ ਨਾਲ ਨਿਪਟਣ ਲਈ ਪੂਰੀ ਤਰ੍ਹਾਂ ਤਿਆਰ ਹੈ ਪਰੰਤੂ ਹਾਲ ਦੀ ਘੜੀ ਅਜਿਹੀ ਕੋਈ ਸਥਿਤੀ ਨਹੀਂ ਹੈ। ਉਨ੍ਹਾਂ ਲੋਕਾਂ ਨੂੰ ਅਫ਼ਵਾਹਾਂ ਤੋਂ ਸੁਚੇਤ ਰਹਿਣ ਦੀ ਅਪੀਲ ਵੀ ਕੀਤੀ।ਇਸ ਮੌਕੇ ਵੱਡੀ ਗਿਣਤੀ ਪਿੰਡ ਵਾਸੀ ਮੌਜੂਦ ਸਨ।

## ਵਿਧਾਇਕ ਦੇਵ ਮਾਨ ਵੱਲੋਂ ਝੰਬਾਲੀ ਖਾਸ ਭਾਦਸੋਂ, ਸੁਧੇਵਾਲ, ਭੋੜੇ ਸਾਇਫਨ ਅਤੇ ਸਰਹੰਦ ਚੋਅ ਦਾ ਦੌਰਾ



ਨਾਭਾ, 1 ਸਤੰਬਰ (ਬਲਜਿੰਦਰ ਮਾਨ/ਚੌਧਰੀਮਾਜਰਾ) : ਪੰਜਾਬ ਦੇ ਨਾਲ ਲੱਗਦੇ ਪਹਾੜੀ ਇਲਾਕਿਆਂ ਵਿੱਚ ਹੋ ਰਹੀ ਲਗਾਤਾਰ ਬਾਰਿਸ਼ ਤੋਂ ਬਾਅਦ ਪੰਜਾਬ ਦੇ ਕਈ ਜਿਲ੍ਹੇ ਹੜ੍ਹਾਂ ਤੋਂ ਪ੍ਰਭਾਵਿਤ ਹੋਏ ਹਨ, ਜਿਸ ਨਾਲ ਭਾਰੀ ਨੁਕਸਾਨ ਹੋਇਆ ਹੈ ।ਅੱਜ ਨਾਭਾ ਹਲਕੇ ਵਿੱਚ ਵੀ ਬਹੁਤ ਬਾਰਿਸ਼ ਹੋਈ ਹੈ, ਜਿਸ ਤੋਂ ਬਾਅਦ ਹਲਕਾ ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਵੱਲੋਂ ਨਾਭਾ ਹਲਕੇ ਦੇ ਨਾਲ ਲੱਗਦੀ ਸਰਹਿੰਦ ਚੋਅ ਦਾ ਦੌਰਾ ਕਰਕੇ ਹੜ੍ਹ ਦੀ ਸਥਿਤੀ ਦਾ ਜਾਇਜ਼ਾ ਲਿਆ ਗਿਆ ਅਤੇ ਜਿੱਥੇ ਵੀ ਕੋਈ ਬੂਟੀ ਦੀ ਸਮੱਸਿਆ ਹੈ, ਉਸ ਨੂੰ ਹੱਲ ਕਰਨ ਦੇ ਲਈ ਡਰੇਨ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਹਨ। ਵਿਧਾਇਕ ਦੇਵ ਮਾਨ ਵੱਲੋਂ ਝੰਬਾਲੀ ਖਾਸ ਭਾਦਸੋ, ਸੁਧੇਵਾਲ, ਭੋੜੇ ਸਾਇਫਨ ਦਾ ਦੌਰਾ ਕੀਤਾ ਗਿਆ। ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਦੇਵ ਮਾਨ ਨੇ ਦੱਸਿਆ ਕੀ ਹਲਕਾ ਨਾਭਾ ਅੰਦਰ ਸਥਿਤੀ ਪੂਰੀ ਤਰ੍ਹਾਂ ਕੰਟਰੋਲ ਵਿੱਚ ਹੈ ਕਿਸੇ ਵੀ ਤਰ੍ਹਾਂ ਦੀ ਅਫਵਾਹ ਵਿੱਚ ਯਕੀਨ ਨਾ ਕੀਤਾ ਜਾਵੇ ਜਿੱਥੇ ਵੀ ਕਿਸੇ ਹਲਕਾ ਨਿਵਾਸੀ ਨੂੰ ਕੋਈ ਸਮੱਸਿਆ ਲੱਗਦੀ ਹੈ, ਤਾਂ ਉਹ ਤੁਰੰਤ ਉਹਨਾਂ ਨਾਲ ਫੋਨ 'ਤੇ ਸੰਪਰਕ ਕਰ ਸਕਦਾ ਹੈ। ਇਸ ਮੌਕੇ ਉਨ੍ਹਾਂ ਦੇ ਨਾਲ ਤੇਜਿੰਦਰ ਸਿੰਘ ਖਹਿਰਾ, ਗੁਰਦੀਪ ਸਿੰਘ ਦੀਪਾ ਰਾਮਗੜ੍ਹ ਚੇਅਰਮੈਨ, ਸ਼ੈਂਕੀ ਸਿੰਗਲਾ, ਸੋਨੂ ਸੂਦ, ਕਮਲ ਭਾਦਸੋਂ, ਲਾਡੀ ਖਟੱੜਾ ਭਾਦਸੋਂ, ਅਰਸਦ ਖਾਨ, ਕਾਲਾ ਕਿਤਾਬਾਂ ਵਾਲਾ, ਭੁਪਿੰਦਰ ਸਿੰਘ ਕੱਲਰ ਮਾਜਰੀ, ਜਸਵੀਰ ਸਿੰਘ ਵਜੀਦਪੁਰ ਅਤੇ ਹੋਰ ਅਹੁਦੇਦਾਰਾਂ ਮੌਜੂਦ ਸਨ। ਦੱਸਣ ਯੋਗ ਹੈ ਕਿ ਜਿਆਦਾ ਬਾਰਿਸ਼ ਹੋਣ ਕਾਰਨ ਰਸਤੇ ਵਿੱਚ ਦਰਖਤ ਡਿੱਗ ਪਏ ਸਨ, ਜਿਸ ਨੂੰ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਅਤੇ ਉਹਨਾਂ ਦੀ ਟੀਮ ਵੱਲੋਂ ਰਸਤੇ ਤੋਂ ਹਟਾ ਕੇ ਸੜਕ ਨੂੰ ਸਾਫ ਕੀਤਾ ਗਿਆ।

## ਬੱਸ ਅੱਡੇ 'ਚੋਂ ਟੈਕਸੀ ਸਟੈਂਡ ਤੇ ਪ੍ਰਾਈਵੇਟ ਬੱਸਾਂ ਬਾਹਰ ਕੱਢਣ ਦੀ ਮੰਗ

### ☛ਬੱਸ ਸਟੈਂਡ 'ਚ ਬੱਸਾਂ ਨਾ ਜਾਣ ਕਰਕੇ ਸਵਾਰੀਆਂ ਹੋਈਆਂ ਖੱਜਲ ਖੁਆਰ



ਸਮਾਣਾ, 1 ਸਤੰਬਰ (ਵਿਜੇ ਕੁਮਾਰ) : ਸੋਮਵਾਰ ਸਵੇਰ ਤੋਂ ਟੈਕਸੀ ਸਟੈਂਡ ਤੇ ਪ੍ਰਾਈਵੇਟ ਬੱਸਾਂ ਬੱਸ ਸਟੈਂਡ ਅੰਦਰ ਨਜਾਇਜ਼ ਤੌਰ ਤੇ ਖੜਨ ਦੇ ਰੋਸ ਵਜੋਂ ਪੀ ਆਰ ਟੀ ਸੀ ਦੇ ਮੁਲਾਜ਼ਮਾਂ ਨੇ ਆਪਣੀਆਂ ਬੱਸਾਂ ਬੱਸ ਸਟੈਂਡ ਅੰਦਰੋਂ ਚਲਾਉਣ ਦੀ ਬਜਾਏ ਟੀ ਪੁਆਇੰਟ ਤੋਂ ਹੀ ਬਾਹਰ ਬਾਹਰ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ । ਜਿਸ ਕਾਰਨ ਸਾਰਾ ਦਿਨ ਸਵਾਰੀਆਂ ਨੂੰ ਖੱਜਲ ਖੁਆਰ ਹੋਣਾ ਪਿਆ। ਜਾਣਕਾਰੀ ਦਿੰਦਿਆਂ ਬੱਸ ਅੱਡਾ ਇੰਚਾਰਜ ਲਛਮਣ ਵਰਮਾ ਨੇ ਦੱਸਿਆ ਕਿ ਕਾਰਜਸਾਧਕ ਅਫਸਰ ਨਾਲ ਸਾਲ ਭਰ ਤੋਂ ਪ੍ਰਾਈਵੇਟ ਬੱਸਾਂ ਤੇ ਟੈਕਸੀ ਸਟੈਂਡ ਦੀਆਂ ਕਾਰਾਂ ਨੂੰ ਬੱਸ ਅੱਡੇ ਤੋਂ ਬਾਹਰ ਭੇਜਣ ਲਈ ਗੱਲਬਾਤ ਕੀਤੀ ਜਾ ਰਹੀ ਹੈ, ਪਰ ਲਾਰਿਆਂ ਤੋਂ ਸਿਵਾਏ ਮਸਲੇ ਦਾ ਕੋਈ ਹੱਲ ਉਕਤ ਅਫਸਰ ਵੱਲੋਂ ਨਹੀਂ ਕੀਤਾ ਜਾ ਰਿਹਾ । ਉਨਾਂ ਇਹ ਵੀ ਦੱਸਿਆ ਕਿ ਸਾਰੀਆਂ ਰੂਟ ਵਾਲੀਆਂ ਬੱਸਾਂ ਅੱਡਾ ਫੀਸ ਤੇ ਰਾਤ ਨੂੰ ਪਾਰਕਿੰਗ ਫੀਸ ਅਦਾ ਕਰਦੀਆਂ ਹਨ। ਪਰ ਸਹੂਲਤ ਕੋਈ ਨਹੀਂ ਮਿਲ ਰਹੀ । ਉਹਨਾਂ ਇਹ ਵੀ ਦੱਸਿਆ ਕਿ ਪ੍ਰਾਈਵੇਟ ਵਾਹਨਾਂ ਦੀ ਨਜਾਇਜ਼ ਪਾਰਕਿੰਗ ਨਾਲ ਬੱਸ ਚਾਲਕਾਂ ਨੂੰ ਵਾਹਨ ਅੱਗੇ ਪਿੱਛੇ ਖੜੇ ਹੋਣ ਕਰਕੇ ਬੱਸਾਂ ਮੋੜਨ 'ਚ ਦਿੱਕਤ ਆਉਂਦੀ ਹੈ ਕਈ ਵਾਰ ਵਾਹਨਾਂ ਨਾਲ ਟੱਕਰ ਵੀ ਹੋ ਜਾਂਦੀ ਹੈ ਜੋ ਫਿਰ ਲੜਾਈ ਝਗੜੇ ਦਾ ਕਾਰਨ ਬਣਦੀ ਹੈ। ਉਹਨਾਂ ਕਿਹਾ ਕਿ ਬੱਸਾਂ ਉਨੀ ਦੇਰ ਬਸ ਸਟੈਂਡ ਤੋਂ ਨਹੀਂ ਚੱਲਣਗੀਆਂ ਜਦੋਂ ਤੱਕ ਇਸ ਮਸਲੇ ਦਾ ਸੰਪੂਰਨ ਹੱਲ ਨਹੀਂ ਹੋ ਜਾਂਦਾ।ਇਸ ਸਬੰਧੀ ਨਗਰ ਕੌਂਸਲ ਦੇ ਸੈਨੇਟਰੀ ਇੰਸਪੈਕਟਰ ਦੀਪਕ ਕੁਮਾਰ ਨੇ ਟੈਕਸੀ ਸਟੈਂਡ ਤੇ ਪ੍ਰਾਈਵੇਟ ਬੱਸ ਮਾਲਕਾਂ ਨੂੰ ਦੋ ਦਿਨਾਂ ਦੇ ਅੰਦਰ ਅੰਦਰ ਆਪਣੇ ਵਾਹਨ ਬੱਸ ਅੱਡੇ ਤੋਂ ਬਾਹਰ ਲੈ ਜਾਣ ਦੀ ਚੇਤਾਵਨੀ ਦਿੰਦਿਆਂ ਕਿਹਾ ਕਿ ਨਹੀਂ ਤਾਂ ਉਨ੍ਹਾਂ ਖਿਲਾਫ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ ।

## ਦੇਸ਼ ਪਲਾਸਟਿਕ ਮੁਕਤ ਕਰਨ ਲਈ ਜਾਗਰੂਕਤਾ ਰੈਲੀ




ਸਮਾਣਾ, 1 ਸਤੰਬਰ, (ਵਿਜੇ ਕੁਮਾਰ) ਪਬਲਿਕ ਕਾਲਜ, ਸਮਾਣਾ ਦੇ ਐਨ.ਐਸ.ਐਸ ਵਿਭਾਗ ਵੱਲੋਂ ਪ੍ਰਿੰਸੀਪਲ ਡਾ.ਹਰਕੀਰਤ ਸਿੰਘ ਦੀ ਅਗਵਾਈ ਹੇਠ ਪਲਾਸਟਿਕ ਮੁਕਤ ਦੇਸ਼ ਬਣਾਉਣ ਲਈ ਜਾਗਰੂਕਤਾ ਰੈਲੀ ਕੱਢੀ ਗਈ। ਕਾਲਜ ਪ੍ਰਿੰਸੀਪਲ ਡਾ.ਹਰਕੀਰਤ ਸਿੰਘ ਨੇ ਇਸ ਰੈਲੀ ਦਾ ਆਗਾਜ਼ ਹਰੀ ਝੰਡੀ ਦੇ ਕੇ ਕੀਤਾ। ਵਿਦਿਆਰਥੀਆਂ ਨੇ ਐਨ.ਐੱਸ.ਐੱਸ ਦਾ ਬੈਨਰ ਫੜ੍ਹ ਕੇ ਪੂਰੇ ਕਾਲਜ ਵਿੱਚ ਪਲਾਸਟਿਕ ਦੀ ਵਰਤੋਂ ਨਾਂ ਕਰਨ ਦਾ ਹੋਕਾ ਦਿੱਤਾ। ਪਲਾਸਟਿਕ ਹਟਾਓ ਦੇਸ਼ ਬਚਾਓ ਦੇ ਨਾਅਰੇ ਨਾਲ ਪੂਰਾ ਕਾਲਜ ਗੂੰਜਿਆ। ਉਸ ਉਪਰੰਤ ਐਨ.ਐਸ.ਐਸ ਵਲੰਟੀਅਰਜ਼ ਕਾਲਜ ਵਿੱਚ ਖਿਲਰੇ ਪਲਾਸਟਿਕ ਨੂੰ ਚੁੱਕ ਸਾਰੇ ਕਾਲਜ ਦੀ ਸਫਾਈ ਕਰ ਇੱਕ ਸੁਨੇਹਾ ਦਿੱਤਾ। ਐਨ.ਐਸ.ਐਸ ਵਲੰਟੀਅਰਜ਼ ਨੇ ਪ੍ਰਣ ਕੀਤਾ-ਪਲਾਸਟਿਕ ਹਟਾਵਾਂਗੇ ਬਿਮਾਰੀ ਦੂਰ ਭਜਾਵਾਂਗੇ। ਕਾਮਰਸ ਵਿਭਾਗ ਦੇ ਮੁਖੀ ਡਾ: ਹਰਕੀਰਤਨ ਕੌਰ ਤੇ ਰਾਜਨੀਤੀ ਸ਼ਾਸਤਰ ਦੇ ਮੁਖੀ ਪ੍ਰੋ: ਹਰਪ੍ਰੀਤ ਕੌਰ ਨੇ ਵੀ ਇਸ ਰੈਲੀ ਵਿੱਚ ਹਾਜ਼ਰੀ ਲਗਵਾਈ। ਐਨ,ਐਸ.ਐਸ ਪ੍ਰੋਗਰਾਮ ਅਫ਼ਸਰਾਂ ਨੇ ਵਿਦਿਆਰਥੀਆਂ ਨੂੰ ਵਿਭਾਗ ਦੀਆਂ ਅਜਿਹੀਆਂ ਜਾਗਰੂਕਤਾ ਵੰਡਣ ਵਾਲੀਆਂ ਰੈਲੀਆਂ ਵਿੱਚ ਵੱਧ ਤੋਂ ਵੱਧ ਭਾਗ ਲੈਣ ਲਈ ਪ੍ਰੇਰਿਆ।ਇਸ ਰੈਲੀ ਵਿੱਚ ਸ਼ਾਮਲ ਪ੍ਰੋਗਰਾਮ ਅਫਸਰ ਪ੍ਰੋ. ਜੈਨੂੰ ਜੈਨ, ਪ੍ਰੋ. ਕੁਲਜੀਤ ਕੌਰ, ਪ੍ਰੋ. ਅਰਵਿੰਦਰ ਕੌਰ ਕਾਕੜਾ, ਪ੍ਰੋ. ਹਮਿਤ ਕੁਮਾਰ, ਪ੍ਰੋ. ਸ਼ੇਰ ਸਿੰਘ, ਪ੍ਰੋ. ਸ਼ੰਟੀ ਕੁਮਾਰ, ਕਾਲਜ ਸੁਪਰੀਡੈਂਟ ਸੁਭਾਸ਼ ਚੰਦ ਅਤੇ ਜਸਵੀਰ ਸਿੰਘ ਨੇ ਵੀ ਵਲੰਟੀਅਰਜ਼ ਦੇ ਇਸ ਚੇਤਨਾ ਪੂਰਵਕ ਉਪਰਾਲੇ ਦੀ ਸ਼ਲਾਘਾ ਕੀਤੀ।

## ਕੀਟਨਾਸ਼ਕ ਦਵਾਈ ਦਾ ਛਿੜਕਾਅ ਕਰਦੇ ਸਮੇਂ ਬੇਹੋਸ਼ ਹੋਏ ਨੌਜਵਾਨ ਦੀ ਇਲਾਜ ਦੌਰਾਨ ਮੌਤ

ਸਮਾਣਾ, 1 ਸਤੰਬਰ (ਵਿਜੇ ਕੁਮਾਰ) : ਖੇਤ ਵਿੱਚ ਝੋਨੇ ਦੀ ਫਸਲ 'ਤੇ ਕੀਟਨਾਸ਼ਕ ਦਵਾਈ ਦਾ ਛਿੜਕਾਅ ਕਰਦੇ ਸਮੇਂ ਦਵਾਈ ਚੜ੍ਹ ਜਾਣ ਨਾਲ ਬੇਹੋਸ਼ ਹੋਏ ਨੌਜਵਾਨ ਦੀ ਇਲਾਜ ਦੌਰਾਨ ਮੌਤ ਹੋ ਗਈ, ਜਿਸ ਦੀ ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਸਮਾਣਾ ਲਿਆਂਦਾ ਗਿਆ। ਮਾਮਲੇ ਦੀ ਜਾਂਚ ਕਰ ਰਹੇ ਪਾਤੜਾਂ ਪੁਲਿਸ ਦੇ ਏ.ਐਸ.ਆਈ ਜਗਦੀਸ਼ ਨੈਨ ਨੇ ਦੱਸਿਆ ਕਿ ਮ੍ਰਿਤਕ ਯਾਦਵਿੰਦਰ ਸਿੰਘ (27) ਪੁੱਤਰ ਬਲਦੇਵ ਸਿੰਘ, ਵਾਸੀ ਪਿੰਡ ਹਮਝੜੀ (ਜ਼ਿਲ੍ਹਾ ਪਟਿਆਲਾ) ਦੀ ਮਾਤਾ ਬਲਵਿੰਦਰ ਕੌਰ ਵੱਲੋਂ ਦਰਜ ਕਰਵਾਏ ਬਿਆਨ ਅਨੁਸਾਰ, 30 ਅਗਸਤ ਦੀ ਦੁਪਹਿਰ ਨੂੰ ਉਸਦਾ ਬੇਟਾ ਖੇਤਾਂ ਵਿੱਚ ਕੀਟਨਾਸ਼ਕ ਦਵਾਈ ਦਾ ਛਿੜਕਾਅ ਕਰ ਰਿਹਾ ਸੀ ਕਿ ਦਵਾਈ ਚੜ੍ਹਨ ਕਾਰਨ ਉਹ ਬੇਹੋਸ਼ ਹੋ ਕੇ ਜ਼ਮੀਨ 'ਤੇ ਡਿੱਗ ਪਿਆ। ਗੰਭੀਰ ਹਾਲਤ ਵਿੱਚ ਉਸਨੂੰ ਟੋਹਾਣਾ ਹਸਪਤਾਲ ਲਿਜਾਇਆ ਗਿਆ, ਜਿੱਥੇ ਐਤਵਾਰ ਨੂੰ ਇਲਾਜ ਦੌਰਾਨ ਉਸਦੀ ਮੌਤ ਹੋ ਗਈ। ਅਧਿਕਾਰੀ ਅਨੁਸਾਰ, ਮ੍ਰਿਤਕ ਦਾ ਵਿਸਰਾ ਜਾਂਚ ਲਈ ਲੈਬ ਵਿੱਚ ਭੇਜ ਦਿੱਤਾ ਗਿਆ ਹੈ, ਜਦੋਂਕਿ ਦਰਜ ਕਰਵਾਏ ਬਿਆਨ ਦੇ ਆਧਾਰ 'ਤੇ ਪੁਲਿਸ ਨੇ ਭਾਰਤੀ ਨਿਆਇਕ ਸੰਹਿਤਾ ਦੀ ਧਾਰਾ 194 ਤਹਿਤ ਪੋਸਟਮਾਰਟਮ ਤੋਂ ਬਾਅਦ ਲਾਸ਼ ਵਾਰਸਾਂ ਨੂੰ ਸੌਂਪ ਦਿੱਤੀ। ਮ੍ਰਿਤਕ ਦਾ ਭਰਾ ਕੈਨੇਡਾ ਵਿੱਚ ਰਹਿੰਦਾ ਹੈ, ਜਦੋਂ ਕਿ ਉਸਦੇ ਪਿਤਾ ਦੀ ਪਹਿਲਾਂ ਹੀ ਮੌਤ ਹੋ ਚੁੱਕੀ ਹੈ।

## ਦੌਲਤਪੁਰ ਵਿਖੇ ਵੱਡੀ ਨਦੀ 'ਤੇ ਅਸਥਾਈ ਡਾਇਵਰਜ਼ਨ ਕੁਝ ਦਿਨਾਂ ਲਈ ਬੰਦ

### ➢ਬਦਲਵੇਂ ਰਸਤੇ ਅਰਬਨ ਅਸਟੇਟ ਫੇਜ਼-2 ਸਾਧੂ ਬੇਲਾ ਰੋਡ-ਮਹਿਮੂਦਪੁਰ ਅਰਾਈਆਂ-ਦੌਲਤਪੁਰ ਦੀ ਵਰਤੋਂ ਕਰਨ ਲੋਕ

ਪਟਿਆਲਾ, 1 ਸਤੰਬਰ (ਚ.ਨ.ਸ,) : ਜ਼ਿਲ੍ਹਾ ਪ੍ਰਸ਼ਾਸਨ, ਪਟਿਆਲਾ ਨੇ ਸੂਚਿਤ ਕੀਤਾ ਹੈ ਕਿ ਲਗਾਤਾਰ ਬਾਰਿਸ਼ ਕਾਰਨ, ਦੌਲਤਪੁਰ ਵਿਖੇ ਵੱਡੀ ਨਦੀ 'ਤੇ ਬਣੇ ਅਸਥਾਈ ਡਾਇਵਰਜ਼ਨ 'ਤੇ ਪਾਣੀ ਦੇ ਵਹਿਣ ਕਰਕੇ ਸਥਿਤੀ ਨੂੰ ਦੇਖਦੇ ਹੋਏ, ਇਸ ਡਾਇਵਰਜ਼ਨ ਨੂੰ ਅਗਲੇ ਕੁਝ ਦਿਨਾਂ ਲਈ ਬੰਦ ਕਰ ਦਿੱਤਾ ਗਿਆ ਹੈ। ਕਾਰਜਕਾਰੀ ਇੰਜੀਨੀਅਰ (ਸਿਵਲ), ਪੰਜਾਬ ਮੰਡੀ ਬੋਰਡ, ਅੰਮ੍ਰਿਤਪਾਲ ਸਿੰਘ ਨੇ ਕਿਹਾ ਕਿ ਡਾਇਵਰਜ਼ਨ ਦੀ ਮਿੱਟੀ ਨਰਮ ਅਤੇ ਅਸਥਿਰ ਹੋ ਗਈ ਹੈ, ਜਿਸ ਨਾਲ ਯਾਤਰੀਆਂ ਲਈ ਸੁਰੱਖਿਆ ਜੋਖਮ ਪੈਦਾ ਹੋ ਗਿਆ ਹੈ। ਇਸ ਲਈ, ਜਨਤਕ ਸੁਰੱਖਿਆ ਦੇ ਹਿੱਤ ਵਿੱਚ, ਡਾਇਵਰਜ਼ਨ ਨੂੰ ਤੁਰੰਤ ਪ੍ਰਭਾਵ ਨਾਲ ਬੰਦ ਕਰ ਦਿੱਤਾ ਗਿਆ ਹੈ, ਜਦੋਂ ਤੱਕ ਬਾਰਿਸ਼ ਘੱਟ ਨਹੀਂ ਜਾਂਦੀ ਅਤੇ ਹਾਲਾਤ ਸਥਿਰ ਨਹੀਂ ਹੋ ਜਾਂਦੇ, ਜਿਸ ਵਿੱਚ ਲਗਭਗ 4-5 ਦਿਨ ਲੱਗਣ ਦੀ ਉਮੀਦ ਹੈ।ਉਨ੍ਹਾਂ ਨੇ ਇਸ ਰਸਤੇ ਵਿੱਚੋਂ ਲੰਘਣ ਵਾਲੇ ਰਾਹਗੀਰਾਂ ਨੂੰ ਸਲਾਹ ਦਿੱਤੀ ਹੈ ਕਿ ਉਹ ਬਦਲਵੇਂ ਰਸਤੇ ਅਰਬਨ ਅਸਟੇਟ ਫੇਜ਼-2 - ਸਾਧੂ ਬੇਲਾ ਰੋਡ - ਮਹਿਮੂਦਪੁਰ ਅਰਾਈਆਂ - ਦੌਲਤਪੁਰ ਰਾਹੀਂ ਦੌਲਤਪੁਰ ਜਾਣ ਵਾਲੇ ਰਸਤੇ ਦੀ ਵਰਤੋਂ ਕਰਨ। ਉਨ੍ਹਾਂ ਲੋਕਾਂ ਦੀ ਸੁਰੱਖਿਆ ਲਈ ਸਹਿਯੋਗ ਦੀ ਮੰਗ ਕੀਤੀ ਹੈ।

## ਚੇਅਰਮੈਨ ਸੰਧੂ ਨੇ ਘੱਗਰ ਤੇ ਮੀਰਾਪੁਰ ਚੋਅ ਨਾਲ ਲੱਗਦੇ ਪਿੰਡਾਂ ਦਾ ਕੀਤਾ ਦੌਰਾ



ਦੇਵੀਗੜ੍ਹ, 1 ਸਤੰਬਰ (ਗੁਰਜੀਤ ਸਿੰਘ ਢੌਟ) : ਲੋਕ ਅਫਵਾਵਾਂ ਤੋਂ ਸੁਚੇਤ ਰਹਿਣ ਹੜ੍ਹਾਂ ਦੀ ਸਥਿਤੀ ਕੰਟਰੋਲ ਵਿੱਚ ਹੈ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਸਟੇਟ ਕੰਟੇਨਰ ਤੇ ਵੇਅਰ ਹਾਊਸਿੰਗ ਦੇ ਉਪ ਚੇਅਰਮੈਨ ਇੰਦਰਜੀਤ ਸਿੰਘ ਸੰਧੂ ਵੱਲੋਂ ਦੇਵੀਗੜ੍ਹ ਘੱਗਰ ਦਰਿਆ ਅਤੇ ਮੀਰਾਪੁਰ ਚੋਅ ਦੇ ਨਾਲ ਲੱਗਦੇ ਉਲਟਪੁਰ, ਮਹਿਮੂਦਪੁਰ, ਦੂੜਦ, ਜਲਾਹਖੇੜੀ ਆਦਿ ਪਿੰਡਾਂ ਦਾ ਦੌਰਾ ਕਰਨ ਦੌਰਾਨ ਕੀਤਾ। ਸੰਧੂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪ੍ਰਸ਼ਾਸਨ ਨੂੰ ਪੂਰੀ ਤਰ੍ਹਾਂ ਸਖਤ ਹਦਾਇਤਾਂ ਦਿੱਤੀਆਂ ਜਾ ਚੁੱਕੀਆਂ ਹਨ ਅਤੇ ਪ੍ਰਸ਼ਾਸਨ ਵੀ ਪੂਰੀ ਮੁਸਤੈਦੀ ਨਾਲ ਕੰਮ ਕਰ ਰਿਹਾ ਹੈ ਉਨਾਂ ਚੜ੍ਹਦੀ ਕਲਾ ਦੇ ਪ੍ਰਤੀਨਿਧੀ ਵੱਲੋਂ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ ਕਿਹਾ ਕਿ ਮੀਰਾਪੁਰ ਚੋਅ ਦੀ ਸਫਾਈ ਲਈ ਐਸਡੀਐਮ ਦੂਧਨਸਾਧਾਂ ਕਿਰਪਾਲਵੀਰ ਸਿੰਘ ਅਤੇ ਨਹਿਰੀ ਵਿਭਾਗ ਦੇ ਐਕਸੀਅਨ ਪ੍ਰਥਮ ਗੰਭੀਰ ਨਾਲ ਗੱਲਬਾਤ ਕਰਕੇ ਸਾਰੀ ਸਥਿਤੀ ਤੋਂ ਜਾਣੂ ਕਰਵਾ ਦਿੱਤਾ ਗਿਆ ਹੈ ਅਧਿਕਾਰੀਆਂ ਨਾਲ ਗੱਲਬਾਤ ਹੋ ਚੁੱਕੀ ਹੈ ਅਤੇ ਜਲਦੀ ਹੀ ਮੀਰਾਂਪੁਰ ਚੋਂ ਵਿੱਚ ਫਸੀ ਹੋਈ ਬੂਟੀ ਨੂੰ ਕੱਢ ਦਿੱਤਾ ਜਾਵੇਗਾ। ਹਲਕਾ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਵੱਲੋਂ ਦਿੱਤੇ ਗਏ ਬਿਆਨ ਸਬੰਧੀ ਪੁੱਛੇ ਗਏ ਸਵਾਲ ਤੇ ਸੰਧੂ ਨੇ ਕਿਹਾ ਕਿ ਇਹ ਐਮ ਐਲ ਏ ਹਰਮੀਤ ਸਿੰਘ ਪਠਾਨਣਮਾਜਰਾ ਅਤੇ ਕ੍ਰਿਸ਼ਨ ਕੁਮਾਰ ਦਾ ਕੋਈ ਨਿੱਜੀ ਮਾਮਲਾ ਹੋ ਸਕਦਾ ਹੈ। ਇਸ ਨਾਲ ਪਾਰਟੀ ਦਾ ਕੋਈ ਲੈਣਾ ਦੇਣਾ ਨਹੀਂ ਹੈ ਅਤੇ ਕ੍ਰਿਸ਼ਨ ਕੁਮਾਰ ਇੱਕ ਇਮਾਨਦਾਰ ਅਫਸਰ ਹੈ ਜਿਸਨੇ ਪੂਰੀ ਇਮਾਨਦਾਰੀ ਨਾਲ ਹਰ ਵਿਭਾਗ ਵਿੱਚ ਕੰਮ ਕੀਤਾ ਹੈ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਅਤੇ ਹਰ ਲੋੜਵੰਦਾਂ ਦੇ ਨਾਲ ਪੂਰੀ ਤਰ੍ਹਾਂ ਨਾਲ ਖੜੀ ਹੈ। ਉਨਾਂ ਕੇਂਦਰ ਸਰਕਾਰ 'ਤੇ ਇਹ ਵੀ ਤੰਜ ਕਸਦਿਆਂ ਕਿਹਾ ਕਿ ਅੱਜ ਪੰਜਾਬ ਹੜ੍ਹਾਂ ਦੀ ਸਥਿਤੀ ਨਾਲ ਗੰਭੀਰ ਮਾਰ ਚੱਲ ਰਿਹਾ ਹੈ ਪਰ ਕੇਂਦਰ ਸਰਕਾਰ ਵੱਲੋਂ ਪੰਜਾਬ ਦਾ ਸਾਰੇ ਫੰਡ ਰੋਕੇ ਗਏ ਹਨ ਜਿਨਾਂ ਨੂੰ ਤੁਰੰਤ ਜਾਰੀ ਕੀਤਾ ਜਾਵੇ ਅਤੇ ਰਾਹਤ ਪੈਕਜ ਵੀ ਐਲਾਨਿਆ ਜਾਵੇ ਜਿਸ ਨਾਲ ਪੰਜਾਬ ਦੇ ਲੋਕਾਂ ਨੂੰ ਰਾਹਤ ਮਿਲ ਸਕੇ। ਇਸ ਮੌਕੇ ਉਨਾਂ ਦੇ ਨਾਲ ਹਰਪ੍ਰੀਤ ਸਿੰਘ ਘੁੰਮਣ, ਭਿੰਦਰ ਸਿੰਘ ਆਲਮਪੁਰ ਬਲਾਕ ਪ੍ਰਧਾਨ, ਮਨਪ੍ਰੀਤ ਸਿੰਘ ਮਹਿਮੂਦਪੁਰ, ਧਰਮਪਾਲ ਸਿੰਘ ਸ਼ੇਖੂਪੁਰ, ਕੁਕੂ ਸਰਪੰਚ ਠਾਕੁਰਗੜ੍ਹ, ਗੋਪੀ ਸਰਪੰਚ ਰਾਜਗੜ੍ਹ, ਪਿੱਪਲ ਸਿੰਘ ਸ਼ਾਦੀਪੁਰ, ਅਮਰਜੀਤ ਸਿੰਘ ਉਲਟਪੁਰ, ਸਵਰਨ ਸਿੰਘ ਉਲਟਪੁਰ, ਕਾਲਾ ਜਲਾਖੇੜੀ, ਕਰਨੈਲ ਸਿੰਘ ਸੰਧੂ, ਮਨਜੀਤ ਸਿੰਘ ਸੰਧੂ ਅਤੇ ਇਲਾਕੇ ਦੇ ਹੋਰ ਵੀ ਬਹੁਤ ਸਾਰੇ ਵਿਅਕਤੀ ਹਾਜ਼ਰ ਸਨ।


## ਕੇਦਾਰ ਨਾਥ ਮੰਦਰ 'ਚ ਗਣਪਤੀ ਮਹਾਂਉਤਸਵ ਮਨਾਇਆ



ਪਟਿਆਲਾ, 1 ਸਤੰਬਰ (ਚ.ਨ.ਸ.) : ਸੁਧਾਰ ਸਭਾ ਸ੍ਰੀ ਕੇਦਾਰ ਨਾਥ ਵੱਲੋਂ ਅੱਜ ਸਵੇਰੇ ਸੇਵਾ ਮੁਕਤ ਪੁਜਾਰੀ ਸ੍ਰੀ ਅਸ਼ਵਨੀ ਸ਼ਰਮਾ ਅਤੇ ਮੌਜੂਦਾ ਪੁਜਾਰੀ ਸ੍ਰੀ ਨਰਿੰਦਰ ਸ਼ਰਮਾ ਪੰਡਿਤ ਅਤੇ ਸੁਧਾਰ ਸਭਾ ਦੇ ਸਾਰੇ ਮੈਂਬਰਾਂ ਨੇ ਮੰਦਿਰ ਅੰਦਰ ਗਣਪਤੀ ਬਾਬਾ ਨੂੰ ਲੱਡੂਆਂ ਦਾ ਪ੍ਰਸ਼ਾਦ ਲਗਾ ਕੇ ਭਾਰੀ ਬਰਸਾਤ ਵਿੱਚ ਪੰਡਾਲ ਵਿੱਚ ਗਣਪਤੀ ਦੀ ਸਥਾਪਨਾ ਕਰਵਾਈ। ਪੰਡਾਲ ਖਚਾ ਖਚ ਭਰਿਆ ਹੋਇਆ ਸੀ। ਸੁਧਾਰ ਸਭਾ ਦੇ ਸਾਰੇ ਮੈਂਬਰ ਅਤੇ ਮੁਹੱਲਾ ਨਿਵਾਸੀਆਂ ਨੇ ਹਾਜ਼ਰੀ ਲਗਵਾਈ। ਗਣਪਤੀ ਬਾਬਾ ਦੀ ਮੂਰਤੀ ਜਿਹੜੀ ਵਿਸ਼ਾਲ ਮੂਰਤੀ ਸ਼ਿਵ ਜੀ ਦੀ ਜਿਸ ਕਾਰੀਗਰ ਨੇ ਬਣਾਈ ਸੀ ਉਸ ਤੋਂ ਲੁਧਿਆਣਾ ਤੋਂ ਕਮਲ ਦੇ ਫੁੱਲ ਦੇ ਵਿੱਚ ਬਿਰਾਜਮਾਨ ਬਹੁਤ ਹੀ ਅਕਰਸ਼ਿਤ ਮੂਰਤੀ ਦਰਸ਼ਨ ਕਰਨ ਨੂੰ ਮਿਲੀ। ਸਰਪ੍ਰਸਤ ਸਤਨਾਮ ਹਸੀਜਾ ਨੇ ਇਸ ਦਾ ਤਹਿ ਦਿਲੋ ਧੰਨਵਾਦ ਕੀਤਾ। ਸ਼ਾਮ ਨੂੰ 7 ਵਜੇ ਰਾਧਾ ਅਸ਼ਟਮੀ ਮਨਾਉਣ ਵਾਸਤੇ ਮਹਿਲਾ ਸ਼ਿਵ ਮੰਡਲੀ ਨੇ ਬਹੁਤ ਅੱਛੇ ਰਾਧਾ ਜੀ ਦੇ ਅਤੇ ਗਣਪਤੀ ਦੇ ਭਜਨ ਗਾਏ।

## ਬੇਲਰ ਮਾਲਕਾਂ ਨੇ ਬਲਾਕ ਨਾਭਾ ਦੀ ਕੀਤੀ ਚੋਣ

### ਤਲਵਿੰਦਰ ਸਿੰਘ ਬੂਹੀ ਨੂੰ ਪ੍ਰਧਾਨ ਚੁਣਿਆ



ਨਾਭਾ, 1 ਸਤੰਬਰ (ਬਲਜਿੰਦਰ ਮਾਨ) : ਪਿਛਲੇ ਲੰਮੇ ਸਮੇਂ ਤੋਂ ਬੇਲਰ ਮਾਲਕਾਂ ਨੂੰ ਆ ਰਹੀਆਂ ਭਾਰੀ ਮੁਸ਼ਕਲਾਂ ਅਤੇ ਹੋਰ ਹੀ ਲੁੱਟ ਖਸੁੱਟ ਤੋਂ ਦੁਖੀ ਹੋ ਕੇ ਬੇਲਰ ਮਾਲਕਾਂ ਨੇ ਯੂਨੀਅਨ ਦੀ ਚੋਣ ਕੀਤੀ ਅਤੇ ਇਸ ਨੂੰ ਅੱਗੇ ਬਲਾਕਾਂ ਤੱਕ ਦੀ ਚੋਣ ਵੀ ਵੱਡੀ ਪੱਧਰ 'ਤੇ ਕੀਤੀ ਜਾ ਰਹੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਰਮਿੰਦਰ ਸਿੰਘ ਜੋਗੀਪੁਰ ਅਤੇ ਜ਼ਿਲ੍ਹਾ ਪਟਿਆਲਾ ਦੇ ਪ੍ਰਧਾਨ ਹਰਜੀਤ ਸਿੰਘ ਲੱਖੋ ਮਾਜਰਾ ਨੇ ਗੱਲਬਾਤ ਕਰਦੇ ਹੋਏ ਕਿਹਾ ਤੇ ਅੱਜ ਅਸੀਂ ਨਾਭਾ ਬਲਾਕ ਦੀ ਚੋਣ ਕੀਤੀ ਗਈ ਹੈ। ਇਹ ਚੋਣ ਸਰਬਸੰਮਤੀ ਨਾਲ ਹੋਈ ਹੈ। ਇਸ ਚੋਣ ਮੌਕੇ ਵਿਸ਼ੇਸ਼ ਤੌਰ 'ਤੇ ਜ਼ਿਲ੍ਹਾ ਪ੍ਰਧਾਨ ਪ੍ਰਧਾਨ ਹਰਜੀਤ ਸਿੰਘ ਲੱਖੋ ਮਾਜਰਾ ਹਰਮਿੰਦਰ ਸਿੰਘ ਜੋਗੀਪੁਰ ਗੁਰਭੇਜ ਸਿੰਘ ਜੋਗੀਪੁਰ ਜਤਿੰਦਰ ਸਿੰਘ ਖਜ਼ਾਨਚੀ ਜ਼ਿਲ੍ਹਾ ਪਟਿਆਲਾ ਦਰਸ਼ਨ ਸਿੰਘ ਕਾਦਰਾਬਾਦ ਮੈਂਬਰ ਜ਼ਿਲ੍ਹਾ ਕਮੇਟੀ ਤਰਨਜੀਤ ਸਿੰਘ ਜੋਗੀਪੁਰ ਮੈਂਬਰ ਜ਼ਿਲ੍ਹਾ ਕਮੇਟੀ ਜਗਬੀਰ ਸਿੰਘ ਜੋਗੀਪੁਰ ਮੈਂਬਰ ਜ਼ਿਲ੍ਹਾ ਕਮੇਟੀ ਪਾਲਾ ਸਿੰਘ ਕਲਾਰਾ ਬਲਾਕ ਪ੍ਰਧਾਨ ਸਮਾਣਾ ਮਨਜੀਤ ਸਿੰਘ ਜੋਗੀਪੁਰ ਕਰਨਵੀਰ ਸਿੰਘ ਜੋਗੀਪੁਰ ਪਹੁੰਚੇ। ਇਸ ਮੌਕੇ ਬਲਾਕ ਪ੍ਰਧਾਨ ਤਲਵਿੰਦਰ ਸਿੰਘ ਬੂਹੀ ਨੂੰ ਚੁਣਿਆ ਗਿਆ ਸੀਨੀਅਰ ਮੀਤ ਪ੍ਰਧਾਨ ਜਗਤਾਰ ਸਿੰਘ ਮੱਲੇਵਾਲ, ਮੀਤ ਪ੍ਰਧਾਨ ਸੁਖਵਿੰਦਰ ਸਿੰਘ ਕੱਲਰ ਮਾਜਰੀ, ਜਨਰਲ ਸਕੱਤਰ ਜਸਵਿੰਦਰ ਸਿੰਘ ਮੱਲੇਵਾਲ, ਖਜਾਨਚੀ ਬਲਵਿੰਦਰ ਸਿੰਘ ਬੋੜਾ, ਮੈਂਬਰ ਗੁਰਤੇਜ ਸਿੰਘ ਰਾਮਗੜ੍ਹ, ਕੁਲਵਿੰਦਰ ਸਿੰਘ ਕੋਟ ਖੁਰਦ, ਜਸਵੰਤ ਸਿੰਘ ਬੂਹੀ, ਹਰਵਿੰਦਰ ਸਿੰਘ ਰੋਹਟੀ ਮੌੜਾ, ਅੰਮ੍ਰਿਤ ਸਿੰਘ ਘਨੂੜਕੀ, ਬਲਕਾਰ ਸਿੰਘ ਰਾਮਗੜ੍ਹ, ਜਗਤਾਰ ਸਿੰਘ ਮੱਲੇਵਾਲ ਚੁਣੇ ਗਏ ਅਤੇ ਵੱਡੀ ਗਿਣਤੀ ਵਿੱਚ ਬੇਲਰ ਮਾਲਕ ਹਾਜ਼ਰ ਸਨ।

## ਪੀ.ਐਲ.ਡਬਲਿਊ. ਨੇ ਸਫਾਈ ਪੰਦਰਵਾੜਾ ਮਨਾਇਆ



ਪਟਿਆਲਾ, 1 ਸਤੰਬਰ (ਰੁਪਾਣਾ) : ਪਟਿਆਲਾ ਲੋਕੋਮੋਟਿਵ ਵਰਕਸ (ਪੀ.ਐਲ.ਡਬਲਿਊ.)ਪਟਿਆਲਾ ਵੱਲੋਂ ਸਫਾਈ ਪਖਵਾੜਾ-2025 ਅਤੇ ਵਿਸ਼ੇਸ਼ ਅਭਿਆਨ 5.0 (ਕਾਰਜਾਨਵੈਨ ਚਰਨ) ਰੇਲਵੇ ਬੋਰਡ ਦੇ ਹੁਕਮਾਂ ਅਨੁਸਾਰ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ। ਇਹ ਅਭਿਆਨ 1 ਅਗਸਤ 2025 ਤੋਂ ਸ਼ੁਰੂ ਹੋ ਕੇ ਪੀ.ਐਲ.ਡਬਲਿਊ. ਦੀਆਂ ਸਾਰੀਆਂ ਵਰਕਸ਼ਾਪਾਂ, ਦਫਤਰਾਂ ਅਤੇ ਕਾਲੋਨੀਆਂ ਵਿੱਚ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਸਰਗਰਮ ਭਾਗੀਦਾਰੀ ਨਾਲ ਸ਼੍ਰੀ ਰਾਜੇਸ਼ ਮੋਹਨ, ਪ੍ਰਿੰਸਿਪਲ ਚੀਫ ਐਡਮਿਨਿਸਟ੍ਰੇਟਿਵ ਅਫਸਰ (ਪੀਸੀਏਓ), ਪੀ.ਐਲ.ਡਬਲਿਊ. ਦੀ ਅਗਵਾਈ ਵਿੱਚ ਮਨਾਇਆ ਜਾ ਰਿਹਾ ਹੈ।31 ਅਗਸਤ 2025 ਤੱਕ ਇਸ ਅਭਿਆਨ ਹੇਠ ਵੱਖ-ਵੱਖ ਸਫਾਈ ਮੁਹਿੰਮਾਂ, ਜਾਗਰੂਕਤਾ ਗਤੀਵਿਧੀਆਂ ਅਤੇ ਰੁੱਖ ਲਗਾਉਣ ਦੇ ਪ੍ਰੋਗਰਾਮ ਕੀਤੇ ਗਏ। ਜਾਗਰੂਕਤਾ ਪ੍ਰੋਗਰਾਮਾਂ ਹੇਠ ਸਫਾਈ ਵਿਸ਼ੇ 'ਤੇ ਨੁੱਕੜ ਨਾਟਕ ਪੀ.ਐਲ.ਡਬਲਿਊ. ਦੇ ਕਰਮਚਾਰੀਆਂ ਵੱਲੋਂ ਵਰਕਸ਼ਾਪ ਪਰਿਸਰ ਵਿੱਚ ਪੇਸ਼ ਕੀਤਾ ਗਿਆ। ਰਾਜੇਸ਼ ਮੋਹਨ, ਪੀਸੀਏਓ ਨੇ ਕਰਮਚਾਰੀਆਂ ਦੀ ਸਰਗਰਮ ਭਾਗੀਦਾਰੀ ਦੀ ਪ੍ਰਸ਼ੰਸਾ ਕੀਤੀ।

## ਵੋਟ ਚੋਰੀ ਤੋਂ ਬਾਅਦ ਭਾਜਪਾ ਹੁਣ ਰਾਸ਼ਨ ਚੋਰੀ ਕਰਨ ਵੱਲ ਤੁਰੀ : ਸੰਦੀਪ ਸ਼ਰਮਾ

### ਵਾਰਡ ਨੰਬਰ 15 ਦੀ ਜਸਪਾਲ ਕਲੋਨੀ ਵਿਖੇ ਲੋਕਾਂ ਨੂੰ ਕੀਤਾ ਜਾਗਰੂਕ



ਨਾਭਾ, 1 ਸਤੰਬਰ (ਗੁਰਚਰਨ ਸਿੰਘ ਚੌਧਰੀਮਾਜਰਾ) : ਆਮ ਆਦਮੀ ਪਾਰਟੀ ਵੱਲੋਂ ਪਿੰਡਾਂ ਅਤੇ ਸ਼ਹਿਰਾਂ ਵਿੱਚ ਜਾਗਰੂਕਤਾ ਕੈਂਪ ਲਾਏ ਜਾ ਰਹੇ ਹਨ। ਪਾਰਟੀ ਦੇ ਆਗੂ ਭਾਜਪਾ 'ਤੇ 52 ਲੱਖ ਪੰਜਾਬੀਆਂ ਨੂੰ ਸਰਕਾਰੀ ਰਾਸ਼ਨ ਡਿੱਪੂਆਂ ਤੋਂ ਮਿਲਦੀ ਕਣਕ ਬੰਦ ਕਰਨ ਦਾ ਦੋਸ਼ ਲਾਉਂਦੇ ਹੋਏ 'ਵੋਟ ਚੋਰੀ ਤੋਂ ਬਾਅਦ ਹੁਣ ਰਾਸ਼ਨ ਚੋਰੀ' ਦਾ ਨਾਅਰਾ ਦੇ ਰਹੇ ਹਨ। ਆਮ ਆਦਮੀ ਪਾਰਟੀ ਦੇ ਸ਼ਹਿਰੀ ਬਲਾਕ ਪ੍ਰਧਾਨ ਸੰਦੀਪ ਸ਼ਰਮਾ ਵੱਲੋਂ ਹਲਕਾ ਨਾਭਾ ਦੇ ਵਾਰਡ ਨੰਬਰ 15, ਜਸਪਾਲ ਕਲੋਨੀ ਵਿਖੇ ਵਾਰਡ ਵਾਸੀਆਂ ਨੂੰ ਸੁਚੇਤ ਕਰਨ ਲਈ ਮੀਟਿੰਗ ਕੀਤੀ ਗਈ ਹੈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੰਦੀਪ ਸ਼ਰਮਾ ਨੇ ਮਹਿਲਾਵਾਂ ਨੂੰ ਦੱਸਿਆ ਕਿ ਭਾਜਪਾ ਪਾਰਟੀ ਪਿੰਡਾਂ 'ਚ ਲੋਕ ਭਲਾਈ ਸਕੀਮਾਂ ਬਾਰੇ ਕੈਂਪ ਲਾਉਣ ਦੀ ਆੜ ਵਿੱਚ ਭੋਲੇ-ਭਾਲੇ ਲੋਕਾਂ ਦਾ ਹੁਣ ਡੇਟਾ ਵੀ ਚੋਰੀ ਕਰਨ ਲੱਗ ਪਈ ਹੈ। ਸੰਦੀਪ ਸ਼ਰਮਾ ਨੇ ਲੋਕਾਂ ਨੂੰ ਜਾਗਰੂਕ ਲਈ ਪ੍ਰੇਰਦੇ ਹੋਏ, ਕਿਸੇ ਵੀ ਭਾਜਪਾਈ ਨੂੰ ਆਪਣਾ ਡੇਟਾ ਨਾ ਦੇਣ ਦੀ ਅਪੀਲ ਕਰਦੇ ਹੋਏ ਦੱਸਿਆ ਕਿ ਉਨ੍ਹਾਂ ਵੱਲੋਂ ਦਿੱਤਾ ਗਿਆ ਡਾਟਾ ਭਾਜਪਾ ਦੁਰਵਰਤੋਂ ਕਰ ਸਕਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਗਰੀਬਾਂ ਦੇ ਹੱਕਾਂ 'ਤੇ ਡਾਕਾ ਮਾਨ ਸਰਕਾਰ ਕਦੇ ਵੀ ਮਾਰਨ ਨਹੀਂ ਦੇਵੇਗੀ। ਉਨ੍ਹਾਂ ਕਿਹਾ ਕਿ ਕੇਂਦਰ ਦੀ ਸਰਕਾਰ ਪੰਜਾਬ ਦੇ ਗਰੀਬਾਂ ਦੇ ਹੱਕਾਂ 'ਤੇ ਡਾਕਾ ਮਾਰ ਕੇ ਗਰੀਬਾਂ ਦੇ ਰਾਸ਼ਨ ਕਾਰਡ ਕੱਟਣ ਜਾ ਰਹੀ ਹੈ ਅਤੇ ਲੋਕ ਭਾਰਤੀ ਜਨਤਾ ਪਾਰਟੀ ਦੇ ਲੀਡਰਾਂ ਦੀਆਂ ਗੱਲਾਂ ਵਿੱਚ ਨਾ ਆਉਣ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਵਾਸੀਆਂ ਲਈ ਲੋਕ ਭਲਾਈ ਦੀਆਂ ਸਕੀਮਾਂ ਵੱਡੇ ਪੱਧਰ 'ਤੇ ਚਲਾਈਆਂ ਜਾ ਰਹੀਆਂ ਹਨ।



# ਪਟਿਆਲਾ-ਆਸ/ਪਾਸ



## ਵੱਡੀ ਨਦੀ 'ਚ ਪਾਣੀ ਦਾ ਪੱਧਰ ਘੱਟ, ਸ਼ਹਿਰ ਵਾਸੀ ਅਫ਼ਵਾਹਾਂ ਤੋਂ ਸੁਚੇਤ ਰਹਿਣ: ਏ.ਡੀ.ਸੀ.

### ਵੱਡੀ ਨਦੀ 'ਚ ਆ ਰਹੀ ਬੂਟੀ ਦੀ ਕੀਤੀ ਜਾ ਰਹੀ ਹੈ ਨਾਲੋਂ-ਨਾਲ ਸਫ਼ਾਈ : ਨਵਰੀਤ ਕੌਰ ਸੇਖੋਂ



ਪਟਿਆਲਾ, 1 ਸਤੰਬਰ (ਚ.ਨ.ਸ.): ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਨਵਰੀਤ ਕੌਰ ਸੇਖੋਂ ਨੇ ਅੱਜ ਵਰ੍ਹਦੇ ਮੀਂਹ 'ਚ ਵੱਡੀ ਨਦੀ ਦਾ ਦੌਰਾ ਕਰਕੇ ਚੱਲ ਰਹੇ ਸਫ਼ਾਈ ਕਾਰਜਾਂ ਸਮੇਤ ਨਦੀ 'ਚ ਪਾਣੀ ਦੇ ਪੱਧਰ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਕਿਹਾ ਕਿ ਵੱਡੀ ਨਦੀ ਵਿੱਚ ਪਾਣੀ ਦਾ ਪੱਧਰ ਕਾਫ਼ੀ ਘੱਟ ਹੈ ਅਤੇ ਜੋ ਬਰਸਾਤੀ ਪਾਣੀ ਆ ਰਿਹਾ ਹੈ ਉਸਨੂੰ ਅੱਗੇ ਜਾਣ ਵਿੱਚ ਕੋਈ ਰੁਕਾਵਟ ਨਹੀਂ ਤੇ ਪਾਣੀ ਆਰਾਮ ਨਾਲ ਅੱਗੇ ਲੰਘ ਰਿਹਾ ਹੈ ਅਤੇ ਇਸ ਦੇ ਇਕਦਮ ਵੱਧਣ ਦਾ ਕੋਈ ਖਦਸ਼ਾ ਨਹੀਂ ਹੈ, ਇਸ ਲਈ ਸ਼ਹਿਰ ਵਾਸੀ ਅਫ਼ਵਾਹਾਂ ਤੋਂ ਸੁਚੇਤ ਰਹਿੰਦੇ ਹੋਏ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਾਰੀ ਕੀਤੀ ਜਾਂਦੀ ਅਧਿਕਾਰਤ ਜਾਣਕਾਰੀ 'ਤੇ ਹੀ ਵਿਸ਼ਵਾਸ ਕਰਨ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 24 ਘੰਟੇ ਜ਼ਿਲ੍ਹੇ ਦੇ ਨਦੀਆਂ/ਨਾਲਿਆਂ ਦੀ ਨਿਗਰਾਨੀ ਰੱਖੀ ਜਾ ਰਹੀ ਹੈ। ਇਸ ਮੌਕੇ ਨਗਰ ਨਿਗਮ ਤੇ ਡਰੇਨੇਜ ਵਿਭਾਗ ਦੇ ਅਧਿਕਾਰੀ ਤੇ ਇਲਾਕੇ ਦੇ ਕੌਂਸਲਰ ਮੌਜੂਦ ਸਨ। ਨਵਰੀਤ ਕੌਰ ਸੇਖੋਂ ਨੇ ਕਿਹਾ ਕਿ ਵੱਡੀ ਨਦੀ ਵਿੱਚ ਪਾਣੀ ਦਾ ਪੱਧਰ ਨਦੀ ਦੇ ਕੈਚਮੈਂਟ ਖੇਤਰ ਵਿੱਚ ਪਈ ਬਰਸਾਤ ਕਾਰਨ ਵਧਦਾ ਹੈ, ਪਰ ਹਾਲ ਦੀ ਘੜੀ ਅਜਿਹੀ ਕੋਈ ਸਥਿਤੀ ਨਹੀਂ ਹੈ ਕਿ ਵੱਡੀ ਨਦੀ ਵਿੱਚ ਪਾਣੀ ਇਕਦਮ ਵਧੇ, ਇਸ ਲਈ ਘਬਰਾਹਟ ਵਿੱਚ ਆਉਣ ਵਾਲੀ ਕੋਈ ਸਥਿਤੀ ਨਹੀਂ ਹੈ। ਉਨ੍ਹਾਂ ਕਿਹਾ ਕਿ ਵੱਡੀ ਨਦੀ ਵਿੱਚ ਆ ਰਹੀ ਬੂਟੀ ਦੀ ਸਫ਼ਾਈ ਦਾ ਕੰਮ ਵੀ ਜੰਗੀ ਪੱਧਰ 'ਤੇ ਜਾਰੀ ਹੈ ਅਤੇ ਮਸ਼ੀਨਰੀ ਅਤੇ ਲੇਬਰ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਡਰੇਨੇਜ ਵਿਭਾਗ ਦੇ ਨਾਲ ਨਾਲ ਨਗਰ ਨਿਗਮ ਪਟਿਆਲਾ ਦੀਆਂ ਟੀਮਾਂ ਵੀ ਪੂਰੀ ਤਰ੍ਹਾਂ ਚੌਕਸ ਹਨ। ਇਸ ਮੌਕੇ ਉਨ੍ਹਾਂ ਦੇ ਨਾਲ ਮੌਜੂਦ ਨਗਰ ਨਿਗਮ ਤੇ ਡਰੇਨੇਜ ਵਿਭਾਗ ਦੇ ਅਧਿਕਾਰੀਆਂ ਨੂੰ ਲੋੜੀਂਦੇ ਨਿਰਦੇਸ਼ ਦਿੱਤੇ ਤਾਂ ਜੋ ਪਾਣੀ ਦੇ ਵਹਾਅ ਵਿੱਚ ਕੋਈ ਰੁਕਾਵਟ ਨਾ ਆਵੇ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਮੇਂ ਸਿਰ ਅਲਰਟ ਅਤੇ ਅਪਡੇਟ ਜਾਰੀ ਕੀਤੇ ਜਾ ਰਹੇ ਹਨ।

## ਡੀ.ਸੀ. ਵੱਲੋਂ ਮੀਂਹ ਅਤੇ ਮੌਸਮ ਵਿਭਾਗ ਦੀ ਭਵਿੱਖਬਾਣੀ ਦੇ ਮੱਦੇਨਜ਼ਰ ਸਲਾਹਕਾਰੀ ਜਾਰੀ

ਪਟਿਆਲਾ, 1 ਸਤੰਬਰ (ਅਮਰਜੀਤ/ਦੀਪਕ ਜੈਦਕਾ) : ਮੌਜੂਦਾ ਬਾਰਿਸ਼ ਅਤੇ ਮੌਸਮ ਵਿਭਾਗ ਦੀ ਭਵਿੱਖਬਾਣੀ ਦੇ ਮੱਦੇਨਜ਼ਰ, ਡਿਪਟੀ ਕਮਿਸ਼ਨਰ ਪਟਿਆਲਾ, ਡਾ. ਪ੍ਰੀਤੀ ਯਾਦਵ ਨੇ ਜ਼ਿਲ੍ਹੇ ਦੇ ਵਸਨੀਕਾਂ ਲਈ ਇੱਕ ਸਲਾਹਕਾਰੀ ਜਾਰੀ ਕੀਤੀ ਹੈ। ਉਨ੍ਹਾਂ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਨਦੀਆਂ, ਖ਼ਾਸ ਕਰਕੇ ਘੱਗਰ, ਟਾਂਗਰੀ ਤੇ ਮਾਰਕੰਡਾ ਸਮੇਤ ਕੁਝ ਬਰਸਾਤੀ ਨਾਲੇ ਵਾਧੂ ਪਾਣੀ ਆਉਣ ਕਾਰਨ ਉਛਲ ਰਹੇ ਹਨ, ਜਿਸ ਕਾਰਨ ਲੋਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਕੱਚੇ ਰਸਤੇ ਜਾਂ ਅਸਥਾਈ ਸੜਕਾਂ, ਖਾਸ ਕਰਕੇ ਨਦੀਆਂ ਤੇ ਹੋਰ ਜਲ ਸਰੋਤਾਂ ਦੇ ਨੇੜੇ, ਜਾਣ ਤੇ ਇਨ੍ਹਾਂ ਨੇੜਲੇ ਰਸਤਿਆਂ ਦੀ ਵਰਤੋਂ ਕਰਨ ਤੋਂ ਬਚਣ ਅਤੇ ਬੇਲੋੜੀ ਆਵਾਜਾਈ ਤੋਂ ਪਰਹੇਜ਼ ਕਰਨ। ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਫੋਟੋਆਂ ਤੇ ਸੈਲਫੀ ਲੈਣ ਜਾਂ ਮਨੋਰੰਜਨ ਲਈ ਸੈਰ ਕਰਨ ਲਈ ਪੁਲਾਂ ਅਤੇ ਵੱਧ ਪਾਣੀ ਵਾਲੇ ਜਲ ਸਰੋਤਾਂ 'ਤੇ ਜਾਂ ਨੇੜੇ ਨਾ ਖੜ੍ਹੇ ਹੋਣ ਦੀ ਅਪੀਲ ਵੀ ਕੀਤੀ, ਅਤੇ ਨਦੀ ਦੇ ਕਿਨਾਰਿਆਂ ਦੇ ਨੇੜੇ ਪਸ਼ੂਆਂ ਤੇ ਮਵੇਸ਼ੀਆਂ ਨੂੰ ਲੈ ਕੇ ਜਾਣ ਤੋਂ ਵੀ ਬਚਣ ਦੀ ਸਲਾਹ ਦਿੱਤੀ ਹੈ।ਡਾ. ਪ੍ਰੀਤੀ ਯਾਦਵ ਨੇ ਕਿਹਾ ਕਿ ਅਗਲੇ ਤਿੰਨ ਦਿਨਾਂ ਲਈ ਇੱਕ ਚੇਤਾਵਨੀ ਜਾਰੀ ਕੀਤੀ ਗਈ ਹੈ, ਜਿਸ ਦੌਰਾਨ ਜ਼ਿਲ੍ਹਾ ਪ੍ਰਸ਼ਾਸਨ 24 ਘੰਟੇ ਨਿਰੰਤਰ ਸਥਿਤੀ ਉਪਰ ਨਿਗਰਾਨੀ ਕਰ ਰਿਹਾ ਹੈ ਅਤੇ ਜਿੱਥੇ ਵੀ ਲੋੜ ਹੋਵੇ ਸਮੇਂ ਸਿਰ ਚੇਤਾਵਨੀ ਤੇ ਸਲਾਹਕਾਰੀ ਵੀ ਜਾਰੀ ਕੀਤੀ ਜਾ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ "ਸਾਡੀਆਂ ਟੀਮਾਂ ਜ਼ਿਲ੍ਹੇ ਭਰ ਦੇ ਨਦੀਆਂ ਤੇ ਨਾਲਿਆਂ ਦੀ ਨਿਗਰਾਨੀ ਸਮੇਤ ਇਨ੍ਹਾਂ ਦੇ ਕਮਜ਼ੋਰ ਕੰਢਿਆਂ ਤੇ ਬੰਨ੍ਹਾਂ 'ਤੇ ਤਾਇਨਾਤ ਹਨ। ਲੋਕਾਂ ਨੂੰ ਘਬਰਾਉਣ ਦੀ ਕੋਈ ਲੋੜ ਨਹੀਂ ਹੈ, ਪਰ ਸਾਵਧਾਨੀ ਦੇ ਉਪਾਅ ਜ਼ਰੂਰੀ ਹਨ।" ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਮੇਂ ਸਿਰ ਅਲਰਟ ਅਤੇ ਅਪਡੇਟ ਜਾਰੀ ਕੀਤੇ ਜਾਂਦੇ ਰਹਿਣਗੇ। ਐਮਰਜੈਂਸੀ ਲਈ ਜਾਂ ਜਾਣਕਾਰੀ ਸਾਂਝੀ ਕਰਨ ਲਈ, ਜ਼ਿਲ੍ਹਾ ਨਿਵਾਸੀ ਕੰਟਰੋਲ ਰੂਮ ਨੰਬਰਾਂ: 0175-2350550 ਅਤੇ 2358550 'ਤੇ ਸੰਪਰਕ ਕਰ ਸਕਦੇ ਹਨ।

## ਗੁਰਦੁਆਰਾ ਘੱਲੂਘਾਰਾ ਸ਼ਹੀਦਾਂ ਢੈਂਠਲ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪਹਿਲਾ ਪ੍ਰਕਾਸ਼ ਦਿਹਾੜਾ ਮਨਾਇਆ



ਸਮਾਣਾ, 1 ਸਤੰਬਰ (ਵਿਜੇ ਕੁਮਾਰ) : ਸਾਬਕਾ ਲੋਕ ਸਭਾ ਮੈਂਬਰ ਅਤੇ ਖ਼ਾਲਿਸਤਾਨੀ ਭਾਈ ਅਤਿੰਦਰਪਾਲ ਸਿੰਘ ਦੀ ਅਗਵਾਈ ਵਿਚ ਗੁਰਦੁਆਰਾ ਘੱਲੂਘਾਰਾ ਸ਼ਹੀਦਾਂ ਢੈਂਠਲ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪਹਿਲਾ ਪ੍ਰਕਾਸ਼ ਦਿਹਾੜਾ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ। ਭਾਈ ਹਰਗੀਤ ਸਿੰਘ ਅਤੇ ਬੀਬੀ ਬੇਅੰਤ ਕੌਰ ਪਟਿਆਲਾ ਨੇ ਗੁਰਬਾਣੀ ਦਾ ਕੀਰਤਨ ਕੀਤਾ। ਭਾਈ ਅਤਿੰਦਰਪਾਲ ਸਿੰਘ ਨੇ ਆਪਣੇ ਸੰਬੋਧਨ ਵਿਚ ਆਖਿਆ ਕਿ ਆਓ ਸ਼ਹੀਦਾਂ ਦੀ ਇਸ ਮਹਾਨ ਵਿਰਾਸਤ ਦੀ ਸੇਵਾ ਸੰਭਾਲ ਅਤੇ ਸੰਗਤ ਕਰੀਏ। ਗੁਰੂ ਨਾਨਕ ਪਾਤਸ਼ਾਹੀ ਸਮੇਂ ਦੇ ਸਿੱਖੀ ਦੇ ਮੁੱਢਲੇ ਸ਼ਹੀਦ ਕਾਜੀ ਨੂਰ ਉਦ ਦੀਨ ਜੀ ਅਤੇ ਸ਼ਹੀਦ ਭਾਈ ਤਾਰੂ ਪੋਪਟ ਜੀ ਤੋਂ ਲੈ ਕੇ ਰਹਿੰਦੀ ਬ੍ਰਹਿਮੰਡੀ ਜੀਵਨ ਕਾਲ ਵਿਚ ਹੋਣ ਵਾਲੇ ਅਨਾਮ ਸਿੱਖ ਸ਼ਹੀਦਾਂ ਨੂੰ ਸਮਰਪਿਤ ਇਹ ਸਥਾਨ ਜਿੱਥੇ ਤੁਸੀਂ ਖੜ੍ਹੇ ਹੋ, ਇੱਥੇ ਕੇਵਲ ਨਾਨਕਸ਼ਾਹੀ ਪ੍ਰਣਾਲੀ ਦੇ ਪਾਤਸ਼ਾਹੀ ਦਾਅਵੇ ਅਨੁਸਾਰ ਖਾਲਸਾ ਜੀ ਦੀ ਵੱਖਰੀ, ਅੱਡਰੀ, ਵਿਲੱਖਣ ਹੋਂਦ ਦੇ ਅਮਲੀ ਵਿਹਾਰ ਰਾਹੀਂ ਕੇਵਲ ਤੇ ਕੇਵਲ ਮੂਲ ਨਾਨਕਸ਼ਾਹੀ ਕੈਲੰਡਰ ਅਨੁਸਾਰ ਹੀ ਸਾਰੇ ਦਿਨ ਦਿਹਾੜੇ ਸਿੱਖ ਰਹਿਤ ਮਰਿਆਦਾ ਅਨੁਸਾਰ ਮਨਾਏ ਜਾਂਦੇ ਹਨ। ਇਸ ਨਿਮਿਤ ਨਿਰੋਲ ਗੁਰਮਤਿ ਪ੍ਰਚਾਰ ਆਰੰਭ ਹੋ ਚੁੱਕਾ ਹੈ। ਉਨ੍ਹਾਂ ਗੁਰਦੁਆਰਾ ਸਾਹਿਬ ਵਿਚ ਗੁਰਮਤਿ ਕਲਾਸਾਂ ਲਗਾਉਣ ਅਤੇ ਸਿੱਖ ਰਹਿਤ ਮਰਿਆਦਾ ਅਨੁਸਾਰ ਸਾਰੇ ਸੰਸਕਾਰ ਗੁਰਮਤਿ ਸਿੱਖਿਆ ਅਨੁਸਾਰ ਗੁਰਦੁਆਰਾ ਸਾਹਿਬ ਵਿਖੇ ਮੁਫ਼ਤ ਕੀਤੇ ਜਾਣਗੇ, ਜਿਵੇਂ ਅਨੰਦ ਕਾਰਜ, ਮ੍ਰਿਤਕ ਭੋਗ, ਜਨਮ ਸੰਸਕਾਰ, ਨਾਮ ਸੰਸਕਾਰ, ਦਸਤਾਰ ਬੰਦੀ (ਦਸਤਾਰ ਬੱਚੇ ਨੂੰ ਗੁਰਦੁਆਰਾ ਸਾਹਿਬ ਵੱਲੋਂ ਦਿੱਤੀ ਜਾਵੇਗੀ ਅਤੇ ਹੋਰ ਕੋਈ ਵੀ ਖੁਸ਼ੀ ਗਮੀ ਦੇ ਵਿਹਾਰ। ਗੁਰਦੁਆਰਾ ਸਾਹਿਬ ਦਾ ਹਾਲ ਵੀ ਮੁਫ਼ਤ ਦਿੱਤਾ ਜਾਵੇਗਾ। ਇਸ ਮੌਕੇ ਭਾਈ ਸੁਰਿੰਦਰ ਸਿੰਘ ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਓਂਕਾਰ ਸਿੰਘ, ਬੀਬੀ ਮਨਦੀਪ ਕੌਰ, ਭਾਈ ਜੁਝਾਰ ਸਿੰਘ ਜਗਰਾਓਂ, ਭਾਈ ਸੁਖਵਿੰਦਰ ਸਿੰਘ ਅਤੇ ਭਾਈ ਜਸਵੰਤ ਸਿੰਘ ਆਦਿ ਆਗੂ ਹਾਜ਼ਰ ਸਨ।

## ਅਵਾਰਾ ਪਸ਼ੂਆਂ ਨੂੰ ਬਚਾਉਣ ਦੀ ਕੋਸ਼ਿਸ਼ 'ਚ ਸੜਕ 'ਤੇ ਡਿੱਗੇ ਮੋਟਰਸਾਈਕਲ ਸਵਾਰ ਦੀ ਮੌਤ




ਸਮਾਣਾ, 1 ਸਤੰਬਰ (ਵਿਜੇ ਕੁਮਾਰ): ਸਮਾਣਾ-ਪਾਤੜਾਂ ਸੜਕ 'ਤੇ ਪਿੰਡ ਘੱਗਾ ਨੇੜੇ ਅਵਾਰਾ ਪਸ਼ੂਆਂ ਨੂੰ ਬਚਾਉਣ ਦੀ ਕੋਸ਼ਿਸ਼ ਵਿੱਚ ਸੜਕ 'ਤੇ ਡਿੱਗੇ ਮੋਟਰਸਾਈਕਲ ਸਵਾਰ ਨੌਜਵਾਨ ਦੀ ਮੌਤ ਹੋ ਗਈ, ਜਿਸ ਦੀ ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਸਮਾਣਾ ਲਿਆਂਦਾ ਗਿਆ।ਮਾਮਲੇ ਦੇ ਜਾਂਚ ਅਧਿਕਾਰੀ ਘੱਗਾ ਪੁਲਿਸ ਦੇ ਏ.ਐਸ.ਆਈ. ਬੂਟਾ ਸਿੰਘ ਨੇ ਦੱਸਿਆ ਕਿ ਮ੍ਰਿਤਕ ਧਰਮਿੰਦਰ ਕੁਮਾਰ (17) ਦੇ ਪਿਤਾ ਬਲਦੇਵ ਸਿੰਘ ਵਾਸੀ ਘੱਗਾ ਵੱਲੋਂ ਦਰਜ ਕਰਵਾਏ ਬਿਆਨ ਅਨੁਸਾਰ 30 ਅਗਸਤ ਦੀ ਸ਼ਾਮ ਨੂੰ ਰੋਟੀ ਖਾਣ ਤੋਂ ਬਾਅਦ ਉਹ ਆਪਣੇ ਦੋਸਤ ਲਵਪ੍ਰੀਤ ਦਾਸ ਨਾਲ ਉਸ ਦੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਬਾਜ਼ਾਰ ਗਿਆ ਸੀ ਕਿ ਪੈਟਰੋਲ ਪੰਪ ਨੇੜੇ ਖੇਤਾਂ 'ਚੋਂ ਨਿਕਲ ਕੇ ਸੜਕ 'ਤੇ ਆਏ ਅਵਾਰਾ ਪਸ਼ੂਆਂ ਦੇ ਝੁੰਡ ਨੂੰ ਬਚਾਉਣ ਦੀ ਕੋਸ਼ਿਸ਼ 'ਚ ਮੋਟਰਸਾਈਕਲ ਤਿਲਕ ਗਿਆ ਅਤੇ ਦੋਵੇਂ ਸਵਾਰ ਸੜਕ 'ਤੇ ਡਿੱਗ ਗਏ। ਧਰਮਿੰਦਰ ਦੀ ਹਾਲਤ ਗੰਭੀਰ ਹੋਣ 'ਤੇ ਉਸ ਨੂੰ ਸਿਵਲ ਹਸਪਤਾਲ ਸਮਾਣਾ ਲਿਆਂਦਾ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਅਧਿਕਾਰੀ ਅਨੁਸਾਰ ਦਰਜ ਬਿਆਨ ਦੇ ਆਧਾਰ 'ਤੇ ਪੁਲਿਸ ਨੇ ਭਾਰਤੀ ਨਿਆਂ ਸੰਹਿਤਾ ਦੀ ਧਾਰਾ 194 ਤਹਿਤ ਪੋਸਟਮਾਰਟਮ ਮਗਰੋਂ ਲਾਸ਼ ਵਾਰਸਾਂ ਨੂੰ ਸੌਂਪ ਦਿੱਤੀ।

## ਪਿੰਡ ਕਾਠਗੜ੍ਹ ਵਿਖੇ ਬਾਬਾ ਸ੍ਰੀ ਚੰਦ ਜੀ ਦਾ 531ਵਾਂ ਜਨਮ ਦਿਹਾੜਾ ਸ਼ਰਧਾ ਨਾਲ ਮਨਾਇਆ



ਸਨੌਰ, 1 ਸਤੰਬਰ (ਗੁਰਜੀਤ ਸਿੰਘ ਢੋਟ) : ਸਿੱਖ ਧਰਮ ਦੇ ਬਾਨੀ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਸਪੁੱਤਰ ਬਾਬਾ ਸ੍ਰੀ ਚੰਦ ਜੀ ਦੇ ਜਨਮ ਦਿਹਾੜੇ ਨੂੰ ਲੈ ਕੇ ਉਹਨਾਂ ਦੇ ਇਤਿਹਾਸਿਕ ਸਥਾਨ ਡੇਰਾ ਬਾਬਾ ਦੁੱਧਾਧਾਰੀ ਟਿੱਲਾ ਡੇਰਾ ਪਿੰਡ ਕਾਠਗੜ੍ਹ (ਨੇੜੇ ਭੁਨਰਹੇੜੀ) ਬਾਬਾ ਸ੍ਰੀ ਚੰਦ ਜੀ ਦਾ 531ਵਾਂ ਜਨਮ ਦਿਹਾੜਾ ਬੜੀ ਸ਼ਰਧਾ ਭਾਵਨਾ ਦੇ ਨਾਲ ਮਨਾਇਆ ਗਿਆ। ਇਸ ਦੌਰਾਨ ਗੱਦੀ ਨਸੀਬ ਬਾਬਾ ਸੀਤਲ ਦਾਸ ਜੀ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਬਾਬਾ ਸ੍ਰੀ ਚੰਦ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ ਭਾਵਨਾ ਦੇ ਨਾਲ ਮਨਾਇਆ ਗਿਆ ਹੈ। ਉਨ੍ਹਾਂ ਨੇ ਦੱਸਿਆ ਕਿ 12 ਸਤੰਬਰ ਨੂੰ ਉਹਨਾਂ ਦਾ ਜਨਮ ਦਿਹਾੜਾ ਕਿਲਾ ਸ੍ਰੀ ਅਨੰਦਗੜ੍ਹ ਸਾਹਿਬ ਦੀ ਛਤਰ ਛਾਇਆ ਹੇਠ ਸੰਤਾਂ ਮਹਾਂਪੁਰਸ਼ਾਂ ਦੇ ਅਸ਼ੀਰਵਾਦ ਦੇ ਨਾਲ ਸਮੁੱਚੇ ਪੰਜਾਬ ਅਤੇ ਦੇਸ਼ ਵਿਦੇਸ਼ ਦੀ ਸੰਗਤ ਵੱਲੋਂ ਧੂਮ-ਧਾਮ ਨਾਲ ਮਨਾਇਆ ਜਾਂਦਾ ਹੈ, ਅੱਜ ਇਸ ਇਤਿਹਾਸਿਕ ਅਸਥਾਨ ਡੇਰਾ ਟਿੱਲਾ ਦੁੱਧਾਧਾਰੀ ਪਿੰਡ ਕਾਠਗੜ੍ਹ ਵਿਖੇ ਸੰਗਤਾਂ ਦੀਆਂ ਸਵੇਰ ਤੋਂ ਹੀ ਰੌਣਕਾਂ ਸ਼ੁਰੂ ਹੋ ਜਾਂਦੀਆਂ ਹਨ। ਅੱਜ ਬੜੀ ਹੀ ਸ਼ਰਧਾ ਦੇ ਨਾਲ ਇਲਾਕੇ ਦੀ ਸੁੱਖ ਸ਼ਾਂਤੀ ਲਈ ਹਰ ਸਾਲ ਦੀ ਤਰ੍ਹਾਂ ਹਵਨ ਪੂਜਾ ਪਾਠ ਕੀਤੇ ਗਏ , ਪੂਜਾ ਪਾਠ ਤੋਂ ਬਾਅਦ ਬਾਬਾ ਜੀ ਦੇ ਜਨਮ ਦਿਹਾੜੇ ਮੌਕੇ ਇਲਾਹੀ ਬਾਣੀ ਅਤੇ ਸ਼ਬਦ ਕੀਰਤਨ ਕੀਤਾ ਗਿਆ ਤੇ ਵੱਡੀ ਗਿਣਤੀ ਦੇ ਵਿੱਚ ਪੰਜਾਬ ਦੇ ਕੋਨੇ ਕੋਨੇ ਅਤੇ ਦੇਸ਼ ਵਿਦੇਸ਼ ਤੋਂ ਜਿੱਥੇ ਗੱਦੀ ਨਸੀਬ ਬਾਬਾ ਸੀਤਲ ਦਾਸ ਜੀ ਦੀ ਸੁਭਾਗੀ ਘੜੀ ਦੇ ਵਿੱਚ ਆ ਕੇ ਇਸ ਇਤਿਹਾਸਿਕ ਸਥਾਨ 'ਤੇ ਨਤਮਸਤਕ ਹੋ ਕੇ ਬਾਬਾ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ ।ਬਾਬਾ ਸੀਤਲ ਦਾਸ ਜੀ ਨੇ ਦੱਸਿਆ ਇਸ ਤੋਂ ਪਹਿਲਾਂ ਬਾਬਾ ਸੰਭੂ ਮੁਨੀ ਤੇ , ਬਾਬਾ ਮਸਤ ਦਾਸ ਗੱਦੀ ਨਸੀਬ ਸਨ ਜਿਨ੍ਹਾਂ ਨੇ ਇੱਥੇ ਲੰਮੇ ਸਮੇਂ ਤੱਪਸਿਆ ਕੀਤੀ।ਇਸ ਮੌਕੇ ਸੇਵਾਦਾਰ ਸਵਰਨਦਾਸ, ਬਾਬਾ ਠਾਕੁਰ ਦਾਸ, ਕਮਲਦੀਪ ਸਿੰਘ ਪੰਜੇਟਾ, ਗੁਰਜੀਤ ਸਿੰਘ ਪੰਜੇਟਾ, ਸਾਬਕਾ ਸਰਪੰਚ ਹਰਲਾਲ ਸਿੰਘ, ਰਾਣਾ ਕਾਠਗੜ੍ਹ, ਸੁਖਦੇਵ ਸਿੰਘ ਕਾਠਗੜ੍ਹ, ਚੰਦ ਸਿੰਘ ਸ਼ੇਰਗਿੱਲ,ਆਦਿ ਹਾਜ਼ਰ ਸਨ।

## ਚੇਅਰਮੇਨ ਬਲਜਿੰਦਰ ਸਿੰਘ ਢਿੱਲੋਂ ਤੇ ਉਨ੍ਹਾਂ ਦੀ ਟੀਮ ਨੇ ਪਠਾਨਕੋਟ ਵਿਖੇ ਹੜ੍ਹ ਪੀੜਤ ਪਿੰਡਾਂ 'ਚ ਰਾਸ਼ਨ ਵੰਡਿਆ



ਪਟਿਆਲਾ, 1 ਸਤੰਬਰ (ਰੁਪਾਣਾ) : ਆਮ ਆਦਮੀ ਪਾਰਟੀ ਪਟਿਆਲਾ ਦੇ ਲੋਕ ਸਭਾ ਇੰਚਾਰਜ ਅਤੇ ਪੰਜਾਬ ਐਗਰੋ ਫੂਡ ਗ੍ਰੇਨਜ ਕਾਰਪੋਰੇਸ਼ਨ ਲਿਮ: ਦੇ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਵੱਲੋਂ ਹੜ੍ਹ ਪੀੜਤਾਂ ਦੀ ਮਦਦ ਕਰਨ ਲਈ ਰਾਸ਼ਨ ਸਮਗਰੀ ਲੈ ਕੇ ਆਪਣੇ ਸਾਥਿਆ ਸਮੇਤ ਪਠਾਨਕੋਟ ਪਹੁੰਚ ਕੇ ਪੀੜਤ ਪਰਿਵਾਰਾਂ ਨਾਲ ਸੰਪਰਕ ਕੀਤਾ ਅਤੇ ਹਮਦਰਦੀ ਪ੍ਰਗਟ ਕਰਦੇ ਹੋਏ ਉਹਨਾਂ ਨੂੰ ਲੋੜੀਂਦਾ ਰਾਸ਼ਨ ਮੁਹੱਈਆ ਕਰਵਾਇਆ। ਬਲਜਿੰਦਰ ਢਿੱਲੋਂ ਨੇ ਰਾਸ਼ਨ ਵੰਡਣ ਸਮੇਂ ਹੜ੍ਹ ਪੀੜਤਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਭਗਵੰਤ ਮਾਨ ਸਰਕਾਰ ਅਤੇ ਆਮ ਆਦਮੀ ਪਾਰਟੀ ਉਹਨਾਂ ਨਾਲ ਹਰ ਸਮੇਂ ਮੋਢੇ ਨਾਲ ਮੋਢਾ ਜੋੜ ਕੇ ਖੜੀ ਹੈ ਅਤੇ ਇਸ ਸਮੇਂ ਉਹਨਾਂ ਨੇ ਲੋਕਲ ਪ੍ਰਸ਼ਾਸਨ ਅਫਸਰਾਂ ਨਾਲ ਵੀ ਤਾਲਮੇਲ ਕੀਤਾ ਤਾਂ ਕਿ ਹੜ੍ਹ ਪੀੜਿਤ ਪਿੰਡਾਂ ਵਿੱਚ ਜਾ ਕੇ ਵੱਧ ਤੋਂ ਵੱਧ ਹੜ੍ਹ ਪ੍ਰਭਾਵਿਤ ਲੋਕਾਂ ਦੀ ਹਰ ਤਰ੍ਹਾਂ ਦੀ ਸੰਭਵ ਮਦਦ ਕੀਤੀ ਜਾ ਸਕੇ। ਬਲਜਿੰਦਰ ਢਿੱਲੋਂ ਨੇ ਪਟਿਆਲਾ ਦਿਹਾਤੀ ਦੇ ਵਿਧਾਇਕ ਅਤੇ ਸਿਹਤ ਮੰਤਰੀ ਪੰਜਾਬ ਡਾ ਬਲਬੀਰ ਸਿੰਘ ਜੋ ਕੇ ਹੜ੍ਹ ਪੀੜਤ ਇਲਾਕਿਆਂ ਨਾਲ ਹਰ ਸਮੇਂ ਜੁੜੇ ਹੋਏ ਹਨ। ਇਸ ਮੌਕੇ ਬਲਜਿੰਦਰ ਸਿੰਘ ਢਿੱਲੋਂ ਨੇ ਜ਼ਿਲ੍ਹਾ ਪ੍ਰਧਾਨ ਅਤੇ ਪਟਿਆਲਾ ਨਗਰ ਸੁਧਾਰ ਟਰਸਟ ਦੇ ਚੇਅਰਮੇਨ ਮੇਘ ਚੰਦ ਸ਼ੇਰਮਾਜਰਾ, ਪਟਿਆਲਾ ਸ਼ਹਿਰੀ ਜ਼ਿਲ੍ਹਾ ਪ੍ਰਧਾਨ ਅਤੇ ਜਿਲਾ ਪਲਾਨਿੰਗ ਬੋਰਡ ਦੇ ਨਵਨਿਯੁਕਤ ਚੇਅਰਮੇਨ ਤੇਜਿੰਦਰ ਮਹਿਤਾ ਅਤੇ ਪ੍ਰਦੀਪ ਜੋਸਨ ਪ੍ਰਧਾਨ ਨਗਰ ਪਾਲਿਕਾ ਹਲਕਾ ਸਨੌਰ ਵੱਲੋਂ ਕੀਤੇ ਗਏ ਪ੍ਰਬੰਧ ਦੀ ਸ਼ਲਾਘਾ ਕੀਤੀ ।ਇਸ ਮੌਕੇ ਲਖਵਿੰਦਰ ਸਿੰਘ ਢਿੱਲੋਂ ,ਜਸਵੰਤ ਰਾਏ ਸੂਬਾ ਜੋਆਇੰਟ ਸਕੱਤਰ ਐਸ ਸੀ ਵਿੰਗ ਪੰਜਾਬ , ਰਾਜ ਕੁਮਾਰ ਮਿਠਾਰੀਆ ਆਫਿਸ ਇੰਚਾਰਜ ਪਟਿਆਲਾ, ਗੱਜਣ ਸਿੰਘ ਜ਼ਿਲ੍ਹਾ ਮੀਡੀਆ ਸਕੱਤਰ ਪਟਿਆਲਾ, ਅੰਗਰੇਜ ਸਿੰਘ ਰਾਮਗੜ ਜ਼ਿਲ੍ਹਾ ਇਵੈਂਟ ਇੰਚਾਰਜ ਪਟਿਆਲਾ ,ਮਨਦੀਪ ਜੋਲਾ ਜ਼ਿਲ੍ਹਾ ਜੋਆਇੰਟ ਸਕੱਤਰ ਐਸ ਸੀ ਵਿੰਗ ਪਟਿਆਲਾ, ਸ਼ਰਨਜੀਤ ਸਿੰਘ ਢਿੱਲੋਂ ਤੋ ਇਲਾਵਾ ਹੋਰ ਸਾਥੀ ਮੌਜੂਦ ਰਹੇ।

## ਪਿੰਡ ਦੌਲਤਪੁਰ ਵਾਲੇ ਪੁਲ ਦਾ ਕੰਮ ਕਈ ਮਹੀਨਿਆਂ ਤੋਂ ਬੰਦ, ਇਲਾਕਾ ਵਾਸੀਆਂ 'ਚ ਰੋਸ



ਪਟਿਆਲਾ, 1 ਸਤੰਬਰ (ਚ.ਨ.ਸ.) : ਪਿੰਡ ਦੌਲਤਪੁਰ ਦੇ ਪੁਰਾਣੇ ਪੁਲ ਦੀ ਮੁਨਿਆਦ ਖਤਮ ਹੋਣ ਕਾਰਨ ਪੁਰਾਣਾ ਪੁਲ ਪ੍ਰਸ਼ਾਸਨ ਵੱਲੋਂ ਤੋੜ ਦਿੱਤਾ ਗਿਆ ਸੀ ਜਦੋਂ ਕਿ ਨਵਾਂ ਪੁਲ ਦੀ ਤਿਆਰੀ ਚੱਲ ਰਹੀ ਹੈ । ਇਕ ਸਾਲ ਤੋਂ ਉੱਪਰ ਹੋ ਚੁੱਕਿਆ ਹੈ, ਪਰ ਠੇਕੇਦਾਰ ਵੱਲੋਂ ਦੋ-ਤਿੰਨ ਮਹੀਨਿਆਂ ਤੋਂ ਕੰਮ ਬੰਦ ਕਰ ਰੱਖਿਆ ਹੈ । ਇਸ ਮੌਕੇ ਤੇ ਸਾਬਕਾ ਚੇਅਰਮੈਨ ਮਨਮੋਹਨ ਸਿੰਘ ਨੇ ਦੱਸਿਆ ਨਵੇਂ ਪੁਲ ਨਵਾਂ ਪੁਲ ਬਣਵਾਉਣ ਲਈ ਠੇਕੇਦਾਰ ਨਾਲ ਜਦੋਂ ਅਸੀਂ ਗੱਲ ਕਰਦੇ ਹਾਂ ਤਾਂ ਉਹ ਕਹਿੰਦਾ ਹੈ ਡਰਾਇੰਗ ਨਹੀਂ ਪਿੰਡ ਦੇ ਪੁਲ ਕਾਰਨ ਲੋਕਾਂ ਵਿੱਚ ਭਾਰੀ ਰੋਸ ਦੇਖਣ ਨੂੰ ਮਿਲ ਰਿਹਾ ਹੈ ਪਿੰਡ ਵਾਲਿਆਂ ਨੇ ਪ੍ਰਸ਼ਾਸਨ ਨੂੰ ਵੀ ਕਿੰਨੀ ਵਾਰੀ ਮੰਗ ਕੀਤੀ ਕਿ ਪਟਿਆਲੇ ਦੀ ਵੱਡੀ ਨਦੀ ਵਿੱਚ ਪਾਣੀ ਆ ਗਿਆ ਤਾਂ ਪਿੰਡ ਵਾਲਿਆਂ ਲਈ ਦਿੱਕਤ ਦਾ ਸਾਹਮਣਾ ਕਰਨਾ ਪੈ ਜਿਸ ਗੱਲ ਦਾ ਪਿੰਡ ਵਾਲਿਆਂ ਨੂੰ ਡਰ ਸੀ ਉਹੀ ਹੋ ਗਿਆ ਪ੍ਰਸ਼ਾਸਨ ਵੱਲੋਂ ਇੱਕ ਕੱਚਾ ਰਾਸਤਾ ਹੈ ਬਣਾਇਆ ਗਿਆ ਸੀ ਪੈਪ ਰੱਖ ਕੇ ਨਦੀ ਵਿੱਚ ਦੀ ਪਰ ਉਹ ਵੀ ਨਦੀਂ ਦਾ ਪਾਣੀ ਵਧਣ ਕਾਰਨ ਬਿਲਕੁਲ ਰਸਤਾ ਬੰਦ ਹੋ ਚੁੱਕਿਆ ਹੈ।ਪਿੰਡ ਦੌਲਤਪੁਰ ਵਾਲਿਆਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਜੋ ਪਿੰਡ ਵਾਲੇ ਪੰਜਾਬੀ ਯੂਨੀਵਰਸਿਟੀ ਵੱਲ ਨੂੰ ਆਉਂਦੇ ਹਨ ਤਾਂ ਰੇਲਵੇ ਕਰੋਸਿੰਗ ਦੀ ਨੀਚੇ ਪਾਣੀ ਭਰ ਜਾਂਦਾ ਹੈ ਪਿੰਡ ਵਾਲਿਆਂ ਨੂੰ ਲੰਘਣ ਨੂੰ ਕੋਈ ਰਾਹ ਵੀ ਨਹੀਂ ਬਚਿਆ ਜਿਸ ਕਰਕੇ ਪਿੰਡ ਵਾਲਿਆਂ ਵਿੱਚ ਰੋਸ ਦੇਖਣ ਨੂੰ ਮਿਲ ਰਿਹਾ ਹੈ ਪਿੰਡਾਂ ਵਾਲਿਆਂ ਲਈ 10-12 ਪਿੰਡ ਲੰਘਦੇ ਹਨ ਜਿੱਥੇ ਦੀ ਉਹ ਰਾਸਤਾ ਬਿਲਕੁਲ ਬੰਦ ਹੋ ਚੁੱਕਿਆ ਹੈ ਪਿੰਡ ਵਾਲਿਆਂ ਨੂੰ ਪਟਿਆਲੇ ਸ਼ਹਿਰ ਆਉਣਾ ਜਾਣਾ ਕੰਮ ਕਾਰ ਤੋਂ ਬਹੁਤ ਦਿੱਕਤ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪ੍ਰਸ਼ਾਸਨ ਵੱਲੋਂ ਨਵੇਂ ਪੁਲ ਬਣਾਉਣ ਦੀ ਦੇਰੀ ਕਾਰਨ ਪਿੰਡ ਵਾਲਿਆਂ ਪ੍ਰੇਸ਼ਾਨ ਹੋਣਾ ਪੈ ਰਿਹਾ ਹੈ।ਰਸਤਾ ਬੰਦ ਹੋ ਚੁੱਕਿਆ ਹੈ ਪਟਿਆਲਾ ਆਉਣ-ਜਾਣ ਲਈ ਰਾਸਤਾ ਕੋਈ ਵੀ ਨਹੀਂ ਹੈ।

## ਚੋਰੀ ਦਾ ਮੋਟਰਸਾਈਕਲ ਬ੍ਰਾਮਦ

ਪਟਿਆਲਾ, 1 ਸਤੰਬਰ (ਵਿਨੋਦ ਸ਼ਰਮਾ) : ਥਾਣਾ ਸਦਰ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਰਾਜ ਕੁਮਾਰ ਵਾਸੀ ਬੱਦਰੀ ਨਾਥ ਕਲੋਨੀ ਬਹਾਦਰਗੜ੍ਹ ਵਿਰੁੱਧ ਮਾਮਲਾ ਦਰਜ ਕੀਤਾ ਹੈ। ਏ.ਐਸ.ਆਈ. ਗਵਿੰਦਰ ਸਿੰਘ ਸਮੇਤ ਪੁਲਿਸ ਅੰਡਰ ਬ੍ਰਿਜ ਬਹਾਦਰਗੜ੍ਹ ਮੌਜੂਦ ਸੀ, ਜੋ ਇਤਲਾਹ ਮਿਲੀ ਕਿ ਦੋਸ਼ੀ ਨੇ ਕੁੱਝ ਸਮਾਂ ਪਹਿਲਾ ਬੱਦਰੀ ਨਾਥ ਮੰਦਰ ਵਿਖੇ ਸਾਊਂਡ ਦੀ ਚੋਰੀ ਕੀਤੀ ਹੈ, ਜੋ ਚੋਰੀ ਕੀਤੇ ਸਮਾਨ ਨੂੰ ਵੇਚਣ ਲਈ ਬਹਾਦਰਗੜ੍ਹ ਜਾ ਰਿਹਾ ਹੈ, ਜੋ ਦੌਰਾਨੇ ਨਾਕਾਬੰਦੀ ਦੋਸ਼ੀ ਨੂੰ ਕਾਬੂ ਕਰਕੇ ਸਾਊਂਡ ਅਤੇ ਬਿਨ੍ਹਾਂ ਨੰਬਰੀ ਮੋਟਰਸਾਈਕਲ ਬ੍ਰਾਮਦ ਹੋਇਆ।

## ਹਰਿੰਦਰਪਾਲ ਸਿੰਘ ਚੰਦੂਮਾਜਰਾ ਵੱਲੋਂ ਹੜ੍ਹ ਪ੍ਰਭਾਵਿਤ ਪਿੰਡਾਂ ਦਾ ਦੌਰਾ



ਦੇਵੀਗੜ੍ਹ , 1 ਸਤੰਬਰ (ਗੁਰਜੀਤ ਸਿੰਘ ਢੋਟ) : ਸਾਬਕਾ ਵਿਧਾਇਕ ਹਰਿੰਦਰਪਾਲ ਸਿੰਘ ਚੰਦੂਮਾਜਰਾ ਨੇ ਅੱਜ ਹਲਕਾ ਸਨੌਰ ਦੇ ਹੜ੍ਹ ਪ੍ਰਭਾਵਿਤ ਪਿੰਡਾਂ ਦਾ ਦੌਰਾ ਕੀਤਾ ਅਤੇ ਸਰਕਾਰ ਲੋਕਾਂ ਦੀਆਂ ਦੁਖ ਤਕਲੀਫਾਂ ਸੁਣੀਆਂ ਅਤੇ ਮੌਕੇ 'ਤੇ ਅਧਿਕਾਰੀਆਂ ਨੂੰ ਫੋਨ ਵੀ ਕੀਤੇ। ਸਾਬਕਾ ਵਿਧਾਇਕ ਪਿੰਡ ਮਹਿਮੂਦਪੁਰ, ਉਲਟਪੁਰ, ਜਲਾਹਖੇੜੀ ਆਦਿ ਪਿੰਡਾਂ ਵਿਚ ਪਹੁੰਚੇ। ਇਸ ਮੌਕੇ ਉਨ੍ਹਾਂ ਕਿਹਾ ਕਿ ਸਰਕਾਰ ਫਸਲੀ ਬੀਮਾ ਯੋਜਨਾ ਤੁਰੰਤ ਲਾਗੂ ਕਰਨੀ ਚਾਹੀਦੀ ਹੈ, ਤਾਂ ਕਿ ਕਿਸਾਨਾਂ ਦੇ ਹੋਏ ਨੁਕਸਾਨ ਦੀ ਭਰਪਾਈ ਹੋ ਸਕੇ। ਉਨ੍ਹਾਂ ਕਿਹਾ ਕਿ ਸਰਕਾਰ ਹੁਣ ਤੱਕ ਕਿਸੇ ਵੀ ਖਰਾਬੇ ਦਾ ਮੁਆਵਜਾ ਦੇਣ ਵਿਚ ਅਸਫਲ ਰਹੀ ਹੈ। ਇੱਕ ਪਾਸੇ ਕਿਸਾਨ ਝੋਨੇ ਦੇ ਬੌਨੇਪਨ ਦੀ ਬਿਮਾਰੀ ਤੋਂ ਪੀੜ੍ਹਤ ਹਨ, ਪਰ ਸਰਕਾਰ ਵੱਲੋਂ ਕੋਈ ਸੁਣਵਾਈ ਨਹੀਂ ਕੀਤੀ ਗਈ ਅਤੇ ਹੁਣ ਹੜ੍ਹਾਂ ਨਾਲ ਫੇਰ ਕਿਸਾਨਾਂ ਦਾ ਵੱਡਾ ਨੁਕਸਾਨ ਹੋਇਆ ਹੈ ਅਤੇ ਸਰਕਾਰ ਅਤੇ ਪ੍ਰਸ਼ਾਸਨ ਦੇ ਅਫਸਰ ਸਿਰਫ ਖਾਨਾਪੂਰਤੀ ਤੋਂ ਇਲਾਵਾ ਕੁਝ ਨਹੀਂ ਕਰ ਰਹੀ। ਉਨ੍ਹਾਂ ਕਿਹਾ ਕਿ ਨਦੀਆਂ ਦੀ ਸਫਾਈ ਲਈ ਜਿਹੜਾ ਫੰਡ ਆਇਆ ਉਸ ਨਾਲ ਸਫਾਈ ਹੀ ਨਹੀਂ ਕੀਤੀ ਗਈ, ਜਿਸ ਦੇ ਕਾਰਨ ਪਾਣੀ ਦੀ ਨਿਕਾਸੀ ਨਹੀਂ ਹੋ ਪਾ ਰਹੀ ਅਤੇ ਪਾਣੀ ਫਸਲਾਂ ਦਾ ਨੁਕਸਾਨ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਪਹਿਲਾਂ ਵੀ ਕੋਈ ਤਿਆਰੀ ਨਹੀਂ ਕੀਤੀ ਗਈ ਅਤੇ ਨਾ ਹੀ ਹੁਣ ਕੋਈ ਰਾਹਤ ਪਹੁੰਚਾਈ ਜਾ ਰਹੀ ਹੈ। ਪ੍ਰਸਾਸਨ ਅਲਰਟ ਪਾਉਣ 'ਤੇ ਲੱਗਿਆ ਹੋਇਆ ਨਾ ਕੋਈ ਪ੍ਰਬੰਧ ਕਰਨ ਵਿਚ। ਸਰਕਾਰ ਦੇ ਵਿਧਾਇਕਾਂ ਦੀ ਕੋਈ ਸੁਣਵਾਈ ਨਹੀਂ ਹੋ ਰਹੀ ਅਤੇ ਉਹ ਖੁਦ ਅਫਸਰਾਂ ਦੇ ਨੁਕਸ ਕੱਢ ਰਹੇ ਹੋਣ ਤਾਂ ਸਾਰੀ ਸਥਿਤੀ ਦਾ ਆਪ ਹੀ ਅੰਦਾਜਾ ਲਗਾਇਆ ਜਾ ਸਕਦਾ ਹੈ। ਹਰਿੰਦਰਪਾਲ ਸਿੰਘ ਚੰਦੂਮਾਜਰਾ ਨੇ ਕਿਹਾ ਕਿ ਸੰਕਟ ਦੀ ਇਸ ਘੜੀ ਵਿਚ ਸ਼੍ਰੋਮਣੀ ਅਕਾਲੀ ਦਲ ਲੋਕਾਂ ਦੇ ਨਾਲ ਖੜਾ ਹੈ। ਇਸ ਮੌਕੇ ਜਗਜੀਤ ਸਿੰਘ ਕੋਹਲੀ,ਹਰਚੰਦ ਸਿੰਘ,ਸੁਖਪਾਲ ਸਿੰਘ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਸ੍ਰੀ ਮੰਗਲ ਮੂਰਤੀ ਗਣੇਸ਼ ਮੰਡਲ ਵੱਲੋਂ ਖੂਨਦਾਨ ਕੈਂਪ



ਸਮਾਣਾ, 1 ਸਤੰਬਰ (ਵਿਜੇ ਕੁਮਾਰ): ਸ੍ਰੀ ਮੰਗਲ ਮੂਰਤੀ ਗਣੇਸ਼ ਮੰਡਲ ਵੱਲੋਂ ਗਣੇਸ਼ ਉਤਸਵ ਮੌਕੇ ਕ੍ਰਿਸ਼ਨਾ ਬਸਤੀ ਸ਼ਿਵ ਮੰਦਿਰ ਵਿਖੇ ਖੂਨਦਾਨ ਕੈਂਪ ਲਗਾਇਆ ਗਿਆ। ਜਿਸ ਵਿੱਚ ਹਲਕਾ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਦੇ ਪੀ.ਏ ਗੁਰਦੇਵ ਸਿੰਘ ਟਿਵਾਣਾ ਨੇ ਮੁੱਖ ਮਹਿਮਾਨ ਦੇ ਤੌਰ ਤੇ ਸਿਰਕਤ ਕਰਕੇ ਸ੍ਰੀ ਗਣੇਸ਼ ਜੀ ਦੀ ਪੂਜਾ ਅਰਚਨਾ ਕਰਕੇ ਆਸ਼ੀਰਵਾਦ ਲਿਆ। ਇਸ ਮੌਕੇ ਪਹੁੰਚੀ ਡਾਕਟਰਾਂ ਦੀ ਟੀਮ ਨੇ 51 ਯੂਨਿਟ ਖੂਨ ਇਕੱਤਰ ਕੀਤਾ। ਕੈਂਪ ਦੌਰਾਨ ਪਹੁੰਚੇ ਮੁੱਖ ਮਹਿਮਾਨ ਗੁਰਦੇਵ ਸਿੰਘ ਟਿਵਾਣਾ ਨੇ ਜਿੱਥੇ ਖੁਦ ਖੂਨਦਾਨ ਕੀਤਾ ਉੱਥੇ ਹੀ ਉਨਾਂ ਪਹੁੰਚੀ ਸੰਗਤ ਨੂੰ ਸੰਬੋਧਨ ਕਰਦਿਆ ਕਿਹਾ ਕਿ ਖੂਨ ਦੇਣ ਨਾਲ ਸਰੀਰ ਵਿੱਚ ਕਿਸੇ ਕਿਸਮ ਦੀ ਕਮਜੋਰੀ ਨਹੀ ਆਉਦੀ ਤੇ ਹਰੇਕ ਇਨਸਾਨ ਤਿੰਨ ਮਹੀਨੇ ਬਾਅਦ ਖੂਨ ਦੇ ਸਕਦਾ ਹੈ, ਤੇ ਤੁਹਾਡੇ ਵੱਲੋਂ ਦਿੱਤੇ ਖੂਨ ਨਾਲ ਕਿਸੇ ਜਰੂਰਤਮੰਦ ਵਿਅਕਤੀ ਦੀ ਕੀਮਤੀ ਜਾਣ ਬਚਾਈ ਜਾ ਸਕਦੀ ਹੈ। ਮੰਡਲ ਵੱਲੋਂ ਖੂਨਦਾਨੀਆਂ ਨੂੰ ਮੈਂਡਲ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਮੰਡਲ ਦੇ ਸਮੂਹ ਮੈਂਬਰ ਵੀ ਹਾਜ਼ਰ ਸਨ।


## ਹੜ੍ਹਾਂ ਦੀ ਆਫਤ ਮੌਕੇ ਪੰਜਾਬ ਸਰਕਾਰ ਕਿਸਾਨਾਂ ਤੇ ਆਮ ਲੋਕਾਂ ਨਾਲ ਡਟ ਕੇ ਖੜੀ : ਅਬਲੋਵਾਲ



ਪਟਿਆਲਾ, 1 ਸਤੰਬਰ (ਰੁਪਾਣਾ/ਗੁਰਦੀਪ ਢਿੱਲੋਂ) : ਪੰਜਾਬ ਦੇ ਸਾਬਕਾ ਚੇਅਰਮੈਨ ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਨੇਤਾ ਸੁਰਜੀਤ ਸਿੰਘ ਅਬਲੋਵਾਲ ਨੇ ਅੱਜ ਗੱਲਬਾਤ ਕਰਦਿਆਂ ਆਖਿਆ ਕਿ ਸੂਬੇ ਉਪਰ ਆਈ ਹੜ੍ਹਾਂ ਦੀ ਆਫਤ ਮੌਕੇ ਪੰਜਾਬ ਸਰਕਾਰ ਕਿਸਾਨਾਂ ਅਤੇ ਲੋਕਾਂ ਦੇ ਨਾਲ ਡਟਕੇ ਖੜੀ ਹੈ। ਉਨਾ ਇਨਾ ਵਿਚਾਰਾਂ ਦਾ ਪ੍ਰਗਟਾਵਾ ਅੱਜ ਵੱਖ ਵੱਖ ਪਿੰਡਾਂ ਵਿਚ ਜਾਇਜਾ ਲੈਣ ਦੌਰਾਨ ਕੀਤਾ। ਸੁਰਜੀਤ ਅਬਲੋਵਾਲ ਨੇ ਆਖਿਆ ਕਿ ਜਿਨਾਂ ਲੋਕਾਂ ਅਤੇ ਕਿਸਾਨਾਂ ਦਾ ਹੜ੍ਹਾਂ ਕਾਰਨ ਨੁਕਸਾਨ ਹੋ ਰਿਹਾ ਹੈ ਸਮਾਂ ਆਉਣ ਤੇ ਪੰਜਾਬ ਸਰਕਾਰ ਵਲੋ ਉਸਦੀ ਭਰਪਾਈ ਵੀ ਕੀਤੀ ਜਾਵੇਗੀ। ਉਨਾ ਕਿਹਾ ਕਿ ਇਸ ਸਮੇ ਪੰਜਾਬ ਸਰਕਾਰ ਲੋਕਾਂ ਅਤੇ ਕਿਸਾਨਾਂ ਦੇ ਦੁੱਖ ਦਰਦ 'ਚ ਸਾਂਝੀਦਾਰ ਬਣੀ ਹੋਈ ਹੈ। ਇਸ ਲਈ ਸਰਕਾਰ ਹਰੇਕ ਪੀੜਤ ਪਰਿਵਾਰ ਦੀ ਮਦਦ ਕਰਨ ਲਈ ਵੀ ਵਚਨਬੱਧ ਹੈ। ਇਸ ਲਈ ਪੰਜਾਬ ਸਰਕਾਰ ਕਿਸਾਨਾਂ ਨਾਲ ਮੋਢੇ ਨਾਲ ਮੋਢਾ ਜੋੜਕੇ ਖੜੀ ਹੈ। ਉਨ੍ਹਾਂ ਨੇ ਇਹ ਵੀ ਕਿਹਾ ਕਿ ਹੜ੍ਹਾਂ ਸਮੇਂ ਰਾਹਤ ਕਾਰਜਾਂ ਨੂੰ ਤੇਜੀ ਨਾਲ ਅਮਲ ਵਿਚ ਲਿਆਂਦਾ ਜਾ ਰਿਹਾ ਹੈ। ਉਨਾ ਨੇ ਲੋਕਾਂ ਨੂੰ ਇਹ ਭਰੋਸਾ ਵੀ ਦਵਾਇਆ ਕਿ ਸਰਕਾਰ ਕਿਸੇ ਵੀ ਹਾਲਤ ਵਿੱਚ ਉਨਾਂ ਨੂੰ ਇਕੱਲਾ ਨਹੀਂ ਛੱਡੇਗੀ।

## ਸਰਕਾਰ ਵੱਲੋਂ ਨਦੀਆਂ ਦੀ ਸਫਾਈ 'ਚ ਲਾਪਰਵਾਹੀ ਹੜ੍ਹ ਦਾ ਮੁੱਖ ਕਾਰਨ : ਵਿਰਕ

### ➢ਲੋਕਾਂ ਨੂੰ ਸਾਵਧਾਨ ਰਹਿਣ ਦੀ ਅਪੀਲ



ਦੇਵੀਗੜ੍ਹ, 1 ਸਤੰਬਰ (ਗੁਰਜੀਤ ਸਿੰਘ ਢੋਟ) : ਅਕਾਲੀ ਦਲ ਹਲਕਾ ਸਨੌਰ ਦੇ ਸੇਵਾਦਾਰ ਅਤੇ ਕੌਮੀ ਜਨਰਲ ਸਕੱਤਰ ਰਜਿੰਦਰ ਸਿੰਘ ਵਿਰਕ ਨੇ ਅੱਜ ਦੇਵੀਗੜ੍ਹ ਇਲਾਕੇ ਦੇ ਹੜ੍ਹ ਪ੍ਰਭਾਵਿਤ ਪਿੰਡਾਂ ਦਾ ਦੌਰਾ ਕਰਕੇ ਲੋਕਾਂ ਨਾਲ ਗੱਲਬਾਤ ਕੀਤੀ। ਉਨ੍ਹਾਂ ਨੇ ਹੜ੍ਹ ਦੀ ਸਥਿਤੀ 'ਤੇ ਚਿੰਤਾ ਜਤਾਉਂਦੇ ਹੋਏ ਕਿਹਾ ਕਿ ਜੇਕਰ ਸਰਕਾਰ ਵੱਲੋਂ ਨਦੀਆਂ ਅਤੇ ਨਾਲਿਆਂ ਦੀ ਸਫਾਈ ਸਮੇਂ ਸਿਰ ਕਰਵਾਈ ਜਾਂਦੀ, ਤਾਂ ਇਨ੍ਹਾਂ ਪਿੰਡਾਂ ਨੂੰ ਹੜ੍ਹ ਦੀ ਮਾਰ ਨਹੀਂ ਸਹਿਣੀ ਪੈਂਦੀ।ਵਿਰਕ ਨੇ ਕਿਹਾ ਕਿ ਹੜ੍ਹ ਆਉਣ ਦੀ ਵਜ੍ਹਾ ਸਰਕਾਰੀ ਲਾਪਰਵਾਹੀ ਹੈ। ਹਰੇਕ ਸਾਲ ਹੜ੍ਹ ਤੋਂ ਪਹਿਲਾਂ ਸਫਾਈ ਦੀ ਗੱਲ ਕੀਤੀ ਜਾਂਦੀ ਹੈ, ਪਰ ਜਦ ਤੱਕ ਹੜ੍ਹ ਆ ਜਾਂਦਾ ਹੈ, ਤਦ ਤੱਕ ਕੋਈ ਕਾਰਵਾਈ ਨਹੀਂ ਹੁੰਦੀ। ਉਨ੍ਹਾਂ ਨੇ ਇਲਾਕੇ ਦੇ ਲੋਕਾਂ ਨੂੰ ਚੌਕਸ ਰਹਿਣ ਦੀ ਅਪੀਲ ਕਰਦਿਆਂ ਕਿਹਾ ਕਿ ਹਾਲੇ ਹੜ੍ਹ ਦਾ ਕੋਈ ਖਤਰਾ ਨਹੀਂ, ਪਰ ਮੌਸਮ ਦੀ ਤਬਦੀਲੀ ਨੂੰ ਦੇਖਦਿਆਂ ਸਾਵਧਾਨ ਰਹਿਣਾ ਬੇਹੱਦ ਜ਼ਰੂਰੀ ਹੈ।ਉਨ੍ਹਾਂ ਨੇ ਪਿੰਡਾਂ ਦੇ ਨਿਵਾਸੀਆਂ ਨਾਲ ਰਲ ਮਿਲ ਕੇ ਹੜ੍ਹ ਦੀ ਸਥਿਤੀ ਦਾ ਜਾਇਜ਼ਾ ਲਿਆ ਅਤੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ। ਵਿਰਕ ਨੇ ਕਿਹਾ ਕਿ ਅਕਾਲੀ ਦਲ ਹਮੇਸ਼ਾ ਲੋਕਾਂ ਦੇ ਦੁੱਖ-ਸੁੱਖ 'ਚ ਨਾਲ ਖੜੀ ਰਹੀ ਹੈ ਅਤੇ ਜੇਕਰ ਹੜ੍ਹ ਵਧਦਾ ਹੈ ਤਾਂ ਪਾਰਟੀ ਵੱਲੋਂ ਹਰ ਸੰਭਵ ਮਦਦ ਕੀਤੀ ਜਾਵੇਗੀ।ਉਨ੍ਹਾਂ ਨੇ ਸਰਕਾਰ ਨੂੰ ਨਸੀਹਤ ਦਿੱਤੀ ਕਿ ਹੜ੍ਹ ਤੋਂ ਬਚਾਅ ਲਈ ਸਿਰਫ਼ ਐਲਾਨ ਨਹੀਂ, ਜਮੀਨੀ ਪੱਧਰ 'ਤੇ ਕੰਮ ਕਰਨ ਦੀ ਲੋੜ ਹੈ। ਇਸ ਮੌਕੇ ਸੁਖਵਿੰਦਰ ਸਿੰਘ, ਜਸਕਰਨ ਸਿੰਘ, ਬਲਿਹਾਰ ਸਿੰਘ, ਦਵਿੰਦਰ ਸਿੰਘ ਸੰਧੂ ਪਿੰਡ ਬ੍ਰਹਮਪੁਰ, ਦਵਿੰਦਰ ਸਿੰਘ ਸਵਾਈ ਸਿੰਘ ਵਾਲਾ, ਕਾਬਲ ਸਿੰਘ ਪਿੰਡ ਚੁੰਹਟ , ਅਮਰਜੀਤ ਸਿੰਘ ਦੇਵੀਨਗਰ ਅਤੇ ਪਵਨ ਹਾਜ਼ਰ ਸੁਨ।

## ਬਰਸਾਤੀ ਪਾਣੀ ਦੀ ਨਿਕਾਸੀ ਨੂੰ ਲੈ ਕੇ ਹੋਏ ਝਗੜੇ ਦੌਰਾਨ ਔਰਤ ਦੀ ਮੌਤ

ਸਮਾਣਾ , 1 ਸਤੰਬਰ (ਵਿਜੇ ਕੁਮਾਰ) : ਬਰਸਾਤੀ ਪਾਣੀ ਦੇ ਨਿਕਾਸ ਨੂੰ ਲੈ ਕੇ ਹੋਏ ਝਗੜੇ ਦੌਰਾਨ ਇੱਕ ਬਜ਼ੁਰਗ ਔਰਤ ਦੀ ਮੌਤ ਹੋ ਗਈ, ਜਿਸ ਦੀ ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਸਮਾਣਾ ਲਿਆਂਦਾ ਗਿਆ। ਮਾਮਲੇ ਦੇ ਜਾਂਚ ਅਧਿਕਾਰੀ, ਸਿਟੀ ਪੁਲਿਸ ਦੇ ਸਬ-ਇੰਸਪੈਕਟਰ ਕੁਲਦੀਪ ਸਿੰਘ ਨੇ ਦੱਸਿਆ ਕਿ ਮ੍ਰਿਤਕਾ ਬੰਤ ਕੌਰ ਦੇ ਪੁੱਤਰ ਜਸਵੀਰ ਸਿੰਘ ਉਰਫ ਜੱਸੀ ਵਾਸੀ ਭਵਾਨੀਗੜ੍ਹ ਰੋਡ ਸਮਾਣਾ ਵੱਲੋਂ ਦਰਜ ਕਰਵਾਈ ਸ਼ਿਕਾਇਤ ਅਨੁਸਾਰ 31 ਅਗਸਤ ਨੂੰ ਭਾਰੀ ਬਰਸਾਤ ਕਾਰਨ ਉਨ੍ਹਾਂ ਦੇ ਘਰ ਦੇ ਨੇੜੇ ਰਹਿੰਦੇ ਚਾਚਾ ਛੋਟਾ ਸਿੰਘ, ਉਸਦੇ ਪੁੱਤਰ ਗੋਗੀ ਅਤੇ ਬਿੱਕਰ ਨੇ ਸੀਵਰੇਜ ਦੀ ਹੌਦੀ ਨੂੰ ਮਿੱਟੀ ਨਾਲ ਬੰਦ ਕਰ ਦਿੱਤਾ। ਇਹ ਦੇਖ ਕੇ ਉਨ੍ਹਾਂ ਨੇ ਵੀ ਆਪਣੇ ਘਰ ਨੂੰ ਪਾਣੀ ਤੋਂ ਬਚਾਉਣ ਲਈ ਕੰਧ ਨਾਲ ਮਿੱਟੀ ਲਗਾ ਦਿੱਤੀ। ਇਸ 'ਤੇ ਭੜਕੇ ਉਸ ਦੇ ਚਾਚੇ ਅਤੇ ਚਚੇਰੇ ਭਰਾਵਾਂ ਨਾਲ ਉਸ ਦੀ ਤਕਰਾਰ ਹੋ ਗਈ ਅਤੇ ਉਸ ਦੀ ਮਾਤਾ ਬੰਤ ਕੌਰ ਉਨ੍ਹਾਂ ਨੂੰ ਰੋਕਣ ਅਤੇ ਛੁਡਾਉਣ ਲਈ ਜਦੋਂ ਘਰੋਂ ਬਾਹਰ ਆਈ ਤਾਂ ਉਹ ਗਲੀ ਵਿੱਚ ਡਿੱਗ ਕੇ ਬੇਸੁੱਧ ਹੋ ਗਈ। ਹਸਪਤਾਲ ਲਿਜਾਣ 'ਤੇ ਡਾਕਟਰਾਂ ਨੇ ਉਸਨੂੰ ਮ੍ਰਿਤਕ ਐਲਾਨ ਦਿੱਤਾ।ਅਧਿਕਾਰੀ ਅਨੁਸਾਰ ਡਾਕਟਰਾਂ ਦਾ ਤਿੰਨ ਮੈਂਬਰੀ ਪੈਨਲ ਬਣਾ ਕੇ ਮ੍ਰਿਤਕਾ ਬੰਤ ਕੌਰ ਦਾ ਪੋਸਟਮਾਰਟਮ ਕਰਵਾ ਕੀ ਲਾਸ਼ ਵਾਰਸਾਂ ਹਵਾਲੇ ਕਰ ਦਿੱਤੀ। ਵਿਸਰਾ ਜਾਂਚ ਲਈ ਲੈਬ ਵਿੱਚ ਭੇਜ ਦਿੱਤਾ ਗਿਆ ਹੈ।ਮਾਮਲਾ ਦਰਜ ਕਰਨ ਦੀ ਜ਼ਿੱਦ 'ਤੇ ਅੜੇ ਮ੍ਰਿਤਕਾ ਦੇ ਪਰਿਵਾਰ ਵਾਲਿਆਂ ਨੂੰ ਪੁਲਿਸ ਅਧਿਕਾਰੀ ਨੇ ਸਮਝਾਇਆ ਕਿ ਰਿਪੋਰਟ ਮਿਲਣ 'ਤੇ ਦੋਸ਼ੀਆਂ ਖਿਲਾਫ ਬਣਦੀ ਕਾਰਵਾਈ ਕੀਤੀ ਜਾਵੇਗੀ। ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ।

## ਪੰਜਾਬ ਦੇ ਸਰਕਾਰੀ ਸਹਾਇਤਾ ਪ੍ਰਾਪਤ ਸਕੂਲਾਂ ਦੇ ਹਜ਼ਾਰਾਂ ਅਧਿਆਪਕਾਂ ਨੂੰ ਪਿਛਲੇ ਪੰਜ ਮਹੀਨਿਆਂ ਤੋਂ ਤਨਖਾਹ ਨਹੀਂ ਮਿਲੀ

ਪਟਿਆਲਾ, 1 ਸਤੰਬਰ (ਚ.ਨ.ਸ.) : ਪੰਜਾਬ ਸਰਕਾਰ ਦੁਆਰਾ ਸਹਾਇਤਾ ਪ੍ਰਾਪਤ ਸਕੂਲ ਅਧਿਆਪਕਾਂ ਅਤੇ ਸਹਾਇਤਾ ਪ੍ਰਾਪਤ ਅਸਾਮੀਆਂ 'ਤੇ ਕੰਮ ਕਰਨ ਵਾਲੇ ਹੋਰ ਕਰਮਚਾਰੀ ਆਪਣੀ ਜ਼ਿੰਦਗੀ ਦੇ ਸਭ ਤੋਂ ਔਖੇ ਦੌਰ ਵਿੱਚੋਂ ਗੁਜ਼ਰ ਰਹੇ ਹਨ। ਪੂਰੀ ਇਮਾਨਦਾਰੀ ਨਾਲ ਆਪਣੀਆਂ ਸਾਰੀਆਂ ਅਧਿਆਪਨ ਅਤੇ ਗੈਰ-ਅਧਿਆਪਨ ਡਿਊਟੀਆਂ ਨਿਭਾਉਣ ਦੇ ਬਾਵਜੂਦ, ਉਨ੍ਹਾਂ ਨੂੰ ਪਿਛਲੇ ਪੰਜ ਮਹੀਨਿਆਂ ਤੋਂ ਤਨਖਾਹ ਨਹੀਂ ਮਿਲੀ ਹੈ। ਯੂਨੀਅਨ ਦੇ ਸੂਬਾ ਪ੍ਰਧਾਨ ਗੁਰਮੀਤ ਸਿੰਘ ਮਦਨੀਪੁਰ, ਸੂਬਾ ਪੱਧਰੀ ਆਗੂਆਂ ਅਸ਼ਵਨੀ ਮਦਨ ਅਤੇ ਹਰਵਿੰਦਰ ਪਾਲ ਨੇ ਕਿਹਾ ਕਿ ਹਾਲਾਤ ਇੰਨੇ ਭਿਆਨਕ ਹੋ ਗਏ ਹਨ ਕਿ 15 ਅਗਸਤ ਨੂੰ ਦੇਸ਼ ਦਾ ਆਜ਼ਾਦੀ ਦਿਵਸ ਪੂਰੇ ਉਤਸ਼ਾਹ ਅਤੇ ਦੇਸ਼ ਭਗਤੀ ਨਾਲ ਮਨਾਉਣ ਵਾਲੇ ਇਨ੍ਹਾਂ ਅਧਿਆਪਕਾਂ ਕੋਲ ਆਪਣੇ ਘਰਾਂ ਵਿੱਚ ਰਾਸ਼ਨ ਲਿਆਉਣ ਲਈ ਪੈਸੇ ਵੀ ਨਹੀਂ ਹਨ। ਇੰਨੇ ਸਾਰੇ ਘਰਾਂ ਦੇ ਚੁੱਲ੍ਹੇ ਦੀ ਅੱਗ ਬੁਝ ਗਈ ਹੈ ਅਤੇ ਕਿੰਨੇ ਹੀ ਸਹਾਇਤਾ ਪ੍ਰਾਪਤ ਸਕੂਲਾਂ ਦੇ ਕਰਮਚਾਰੀਆਂ ਨੂੰ ਆਪਣੀਆਂ ਪਤਨੀਆਂ ਦੇ ਗਹਿਣੇ ਵੇਚ ਕੇ ਜਾਂ ਗਿਰਵੀ ਰੱਖ ਕੇ ਆਪਣੇ ਘਰਾਂ ਵਿੱਚ ਰਾਸ਼ਨ ਲਿਆਉਣ ਲਈ ਮਜਬੂਰ ਹੋਣਾ ਪਿਆ ਹੈ। ਹੁਣ, 5 ਸਤੰਬਰ ਨੂੰ ਦੇਸ਼ ਭਰ ਵਿੱਚ ਅਧਿਆਪਕ ਦਿਵਸ ਮਨਾਇਆ ਜਾਣਾ ਹੈ, ਪਰ ਪੰਜਾਬ ਦੇ ਸਰਕਾਰੀ ਸਹਾਇਤਾ ਪ੍ਰਾਪਤ ਸਕੂਲਾਂ ਦੇ ਅਧਿਆਪਕ ਇੱਕ ਦਰਦਨਾਕ ਸਥਿਤੀ ਵਿੱਚ ਹਨ - ਇੱਕ ਪਾਸੇ ਉਨ੍ਹਾਂ ਨੂੰ 'ਰਾਸ਼ਟਰ ਨਿਰਮਾਤਾ' ਵਜੋਂ ਸਨਮਾਨਿਤ ਕੀਤਾ ਜਾਵੇਗਾ ਜਦੋਂ ਕਿ ਦੂਜੇ ਪਾਸੇ ਉਹ ਆਪਣੀਆਂ ਸੇਵਾਵਾਂ ਦੇਣ ਦੇ ਬਾਵਜੂਦ ਪੰਜ ਮਹੀਨਿਆਂ ਤੋਂ ਆਪਣੀਆਂ ਤਨਖਾਹਾਂ ਤੋਂ ਵਾਂਝੇ ਹਨ। ਪਿਛਲੇ ਪੰਜ ਮਹੀਨਿਆਂ ਤੋਂ, ਸਿੱਖਿਆ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਸਮਰਪਿਤ, ਸਰਕਾਰੀ ਸਹਾਇਤਾ ਪ੍ਰਾਪਤ ਸਕੂਲਾਂ ਦੇ ਇਹ ਅਧਿਆਪਕ ਸਰਕਾਰ ਦੁਆਰਾ ਉਨ੍ਹਾਂ ਨੂੰ ਸੌਂਪੀ ਗਈ ਹਰ ਜ਼ਿੰਮੇਵਾਰੀ ਨੂੰ ਲਗਾਤਾਰ ਨਿਭਾ ਰਹੇ ਹਨ, ਭਾਵੇਂ ਉਹ ਕਲਾਸ ਰੂਮਾਂ ਵਿੱਚ ਪੜ੍ਹਾਉਣਾ ਹੋਵੇ ਜਾਂ ਚੋਣ ਡਿਊਟੀ ਨਿਭਾਉਣਾ, ਬੋਰਡ ਪ੍ਰੀਖਿਆਵਾਂ ਦੀ ਨਿਗਰਾਨੀ ਕਰਨਾ ਹੋਵੇ ਜਾਂ ਸੈਮੀਨਾਰਾਂ ਦਾ ਆਯੋਜਨ ਕਰਨਾ ਹੋਵੇ ਜਾਂ ਕਈ ਹੋਰ ਵਾਧੂ ਗੈਰ-ਅਧਿਆਪਨ ਕਾਰਜਾਂ ਨੂੰ ਸੰਭਾਲਣਾ ਹੋਵੇ। ਫਿਰ ਵੀ, ਬਦਲੇ ਵਿੱਚ, ਉਨ੍ਹਾਂ ਨੂੰ ਇੰਨੇ ਲੰਬੇ ਸਮੇਂ ਤੋਂ ਉਨ੍ਹਾਂ ਦੀਆਂ ਤਨਖਾਹਾਂ ਨਹੀਂ ਮਿਲੀਆਂ, ਜੋ ਉਨ੍ਹਾਂ ਦੀ ਰੋਜ਼ੀ-ਰੋਟੀ ਦਾ ਇੱਕੋ ਇੱਕ ਸਰੋਤ ਹੈ।ਇਹ ਸਥਿਤੀ ਨਾ ਸਿਰਫ਼ ਮਨੋਬਲ ਨੂੰ ਢਾਹ ਲਾਉਣ ਵਾਲੀ ਹੈ, ਸਗੋਂ ਬਹੁਤ ਹੀ ਬੇਇਨਸਾਫ਼ੀ ਵੀ ਹੈ, ਕਿਉਂਕਿ ਇਸ ਸੰਕਟ ਦਾ ਕਾਰਨ ਬਣੀ ਪ੍ਰਸ਼ਾਸਕੀ ਦੇਰੀ 'ਤੇ ਉਨ੍ਹਾਂ ਦਾ ਕੋਈ ਕੰਟਰੋਲ ਨਹੀਂ ਹੈ।ਪੰਜਾਬ ਸਰਕਾਰ ਸਹਾਇਤਾ ਪ੍ਰਾਪਤ ਸਕੂਲ ਅਧਿਆਪਕ ਅਤੇ ਹੋਰ ਕਰਮਚਾਰੀ ਯੂਨੀਅਨ, ਪੰਜਾਬ ਸਰਕਾਰ ਨੂੰ ਜ਼ੋਰਦਾਰ ਅਪੀਲ ਕਰਦੀ ਹੈ ਕਿ ਉਹ ਕਈ ਮਹੀਨਿਆਂ ਤੋਂ ਲਟਕ ਰਹੀਆਂ ਸਾਰੇ ਕਰਮਚਾਰੀਆਂ ਦੀਆਂ ਤਨਖਾਹਾਂ ਜਾਰੀ ਕਰਨ ਲਈ ਤੁਰੰਤ ਅਤੇ ਠੋਸ ਕਦਮ ਚੁੱਕੇ ਅਤੇ ਇੱਕ ਅਜਿਹਾ ਸਿਸਟਮ ਬਣਾਇਆ ਜਾਵੇ ਜਿੱਥੇ ਭੁਗਤਾਨ ਅਤੇ ਹੋਰ ਬਕਾਏ ਨਿਯਮਤ ਤੌਰ 'ਤੇ ਅਤੇ ਸਮੇਂ ਸਿਰ ਜਾਰੀ ਕੀਤੇ ਜਾਣ। ਜੇਕਰ ਸਹਾਇਤਾ ਪ੍ਰਾਪਤ ਸਕੂਲਾਂ ਵਿੱਚ ਮਿਆਰੀ ਸਿੱਖਿਆ ਬਣਾਈ ਰੱਖਣੀ ਹੈ, ਤਾਂ ਅਧਿਆਪਕਾਂ ਦੇ ਮਾਣ ਅਤੇ ਮਨੋਬਲ ਦੀ ਰੱਖਿਆ ਹਰ ਹਾਲਤ ਵਿੱਚ ਕਰਨੀ ਹੀ ਚਾਹੀਦੀ ਹੈ।

## ਘਰ 'ਚ ਦਾਖਲ ਹੋ ਕੇ ਪਰਿਵਾਰ ਦੀ ਕੀਤੀ ਕੁੱਟਮਾਰ

ਪਟਿਆਲਾ, 1 ਸਤੰਬਰ (ਵਿਨੋਦ ਸ਼ਰਮਾ) : ਥਾਣਾ ਅਨਾਜ ਮੰਡੀ ਪਟਿਆਲਾ ਪੁਲਿਸ ਕੋਲ ਸੁਰਿੰਦਰ ਕੁਮਾਰ ਵਾਸੀ ਨਵੀ ਅਨਾਜ ਮੰਡੀ ਸਰਹਿੰਦ ਰੋਡ ਪਟਿਆਲਾ ਨੇ ਕਥਿਤ ਦੋਸ਼ੀਆਂ ਕਰਮਜੀਤ ਸਿੰਘ, ਰਾਜਵੰਤ ਕੋਰ, ਪ੍ਰੇਮ ਜੋਤ ਸਟੂਡੀਓ ਵਾਲਾ, ਨੌਕਰ ਮੰਗਾ ਅਤੇ ਇੱਕ ਹੋਰ ਅਣਪਛਾਤੇ ਨੌਕਰ ਖਿਲਾਫ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਕਥਿਤ ਦੋਸ਼ੀਆਂ ਨੇ ਉਸ ਦੇ ਘਰ ਅੰਦਰ ਦਾਖਲ ਹੋ ਕੇ ਉਸ ਅਤੇ ਉਸਦੇ ਪਰਿਵਾਰ ਦੀ ਕੁੱਟਮਾਰ ਕੀਤੀ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਵੀ ਦਿੱਤੀਆਂ ਤੇ ਕਥਿਤ ਦੋਸ਼ੀ ਪ੍ਰੇਮ ਜੋਤ ਸਟੂਡੀਓ ਵਾਲੇ ਨੇ ਉਸ ਦੀ ਲੜਕੀ ਨਾਲ ਛੇੜ-ਛਾੜ ਕੀਤੀ। ਪੁਲਿਸ ਨੇ ਧਾਰਾ 333,74, 115(2),351(2,3),190, 191(3) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਜਾਗਦੇ ਰਹੋ ਕਲੱਬ ਨੇ ਲਗਾਇਆ ਖੂਨਦਾਨ ਕੈਂਪ




ਦੇਵੀਗੜ੍ਹ, 1 ਸਤੰਬਰ (ਗੁਰਜੀਤ ਸਿੰਘ ਢੋਟ): ਜਾਗਦੇ ਰਹੋ ਯੂਥ ਕਲੱਬ ਪਿੰਡ ਬਿਸ਼ਨਗੜ੍ਹ ਸੰਬੰਧਿਤ ਨਹਿਰੂ ਯੁਵਾ ਕੇਂਦਰ ਪਟਿਆਲਾ ਨੇ ਖੰਨਾ ਹਸਪਤਾਲ ਦੇਵੀਗੜ੍ਹ ਵਿਖੇ,ਖੂਨਦਾਨ ਕੈਂਪ ਲਾਇਆ।ਖੂਨਦਾਨ ਕੈਂਪ ਦਾ ਰਸਮੀਂ ਉਦਘਾਟਨ ਪੱਤਰਕਾਰ ਮੁਖਤਿਆਰ ਸਿੰਘ ਨੌਗਾਵਾਂ ਨੇ 10ਵੀਂ ਵਾਰ ਖੂਨਦਾਨ ਕਰਕੇ ਕੀਤਾ।ਖੂਨਦਾਨ ਕੈਂਪ ਵਿੱਚ ਸਰਪੰਚ ਜਸਵੀਰ ਸਰਮਾਂ ਕਿਸਨਪੁਰ,ਤਰਸੇਮ ਸਿੰਘ,ਗੁਰਜੀਤ ਸਿੰਘ, ਰਜਿੰਦਰ ਸਿੰਘ,ਫੌਜੀ ਗੁਰਦੀਪ ਗਿਰ ਸਵਾਈ ਸਿੰਘ ਵਾਲਾ, ਸੈਂਟੀ ਦੇਵੀਗੜ੍ਹ,ਅਤੇ ਗੋਪਾਲ ਗਿਰ ਸਮੇਤ 17 ਖੂਨਦਾਨੀਆਂ ਨੇ ਖੂਨਦਾਨ ਕੀਤਾ। ਇਸ ਮੌਕੇ ਡਾ.ਯਸਪਾਲ ਖੰਨਾ ਅਤੇ ਪੱਤਰਕਾਰ ਮੁਖਤਿਆਰ ਸਿੰਘ ਨੌਗਾਵਾਂ ਨੇ ਸਾਂਝੇ ਤੌਰ ਤੇ ਕਿਹਾ ਕਿ ਹਰ ਇੱਕ ਤੰਦਰੁਸਤ ਇਨਸਾਨ ਨੂੰ ਖੂਨਦਾਨ ਕਰਨਾ ਚਾਹੀਦਾ ਹੈ।ਖੂਨਦਾਨ ਮਹਾਂਦਾਨ ਹੈ। ਕੋਈ ਵੀ ਖੂਨਦਾਨੀ ਹਰ ਤਿੰਨ ਮਹੀਨੇ ਬਾਅਦ ਖੂਨਦਾਨ ਕਰ ਸਕਦਾ ਹੈ।ਇਸ ਸਮੇਂ ਬਲੱਡ ਬੈਂਕਾਂ ਵਿੱਚ ਖੂਨ ਦੀ ਭਾਰੀ ਘਾਟ ਚੱਲ ਰਹੀ ਹੈ।ਜਿਸ ਕਰਕੇ ਲੋੜਵੰਦ ਮਰੀਜਾਂ ਨੂੰ ਖੂਨ ਲੈਣ ਸਮੇਂ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਕਲੱਬ ਪ੍ਰਧਾਨ ਅਮਰਜੀਤ ਸਿੰਘ ਜਾਗਦੇ ਰਹੋ ਵੱਲੋਂ ਸਮੂਹ ਖੂਨਦਾਨੀਆਂ ਨੂੰ ਸਰਟੀਫਿਕੇਟ ਦੇ ਸਨਮਾਨਿਤ ਕੀਤਾ ਗਿਆ।ਜਾਗਦੇ ਰਹੋ ਨੇ ਦੱਸਿਆ ਕਿ 13 ਸਤੰਬਰ ਨੂੰ ਕਾਰਗਿਲ ਦੇ ਅਮਰ ਸ਼ਹੀਦ ਨਾਇਕ ਮਲਕੀਤ ਸਿੰਘ ਹਡਾਨਾ ਦੀ 25ਵੀਂ ਸਾਲਾਨਾ ਬਰਸੀ ਪਿੰਡ ਹਡਾਨਾ ਪਟਿਆਲਾ ਵਿਖੇ,ਵੱਡੇ ਪੱਧਰ ਤੇ ਮਨਾਈ ਜਾ ਰਹੀ ਹੈ।ਇਸ ਮੌਕੇ ਡਾ.ਯਸਪਾਲ ਖੰਨਾ,ਡਾ.ਲਵਲੀ ਖੰਨਾ, ਕਲੱਬ ਪ੍ਰਧਾਨ ਅਮਰਜੀਤ ਸਿੰਘ ਜਾਗਦੇ ਰਹੋ, ਲਖਮੀਰ ਸਿੰਘ ਸਲੋਟ, ਗੁਰਮੀਤ ਸਿੰਘ ਹਡਾਨਾ, ਪੰਚ ਅਵਤਾਰ ਸਿੰਘ ਬਿਸਨਗੜ੍ਹ,ਮੈਡਮ ਗੁਰਨੀਤ ਕੌਰ, ਸਾਹਿਲ,ਅਤੇ ਨਿਰਮਲ ਸਿੰਘ ਹਾਜ਼ਰ ਸੀ।